ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 57
ਅੰਕ ਨੰਬਰ (Volume No.) 231
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Friday, 22 August, 2025) ਸ਼ੁੱਕਰਵਾਰ, 22 ਅਗਸਤ, 2025, 7 ਭਾਦੋਂ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਮਜੀਠੀਆ ਵੱਲੋਂ ਬੈਰਕ ਬਦਲਣ ਸੰਬੰਧੀ ਲਗਾਈ ਅਰਜ਼ੀ 'ਤੇ ਹੋਈ ਸੁਣਵਾਈ

ਮੋਹਾਲੀ, 21 ਅਗਸਤ (ਚੜ੍ਹਦੀਕਲਾ ਬਿਊਰੋ) : ਮੋਹਾਲੀ ਅਦਾਲਤ ਵਿਚ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ ਅਰਜ਼ੀ 'ਤੇ ਸੁਣਵਾਈ ਹੋਈ ਹੈ। ਅਦਾਲਤ ਵਿਚ ਹੁਣ ਇਸ ਉਤੇ ਅਗਲੀ ਸੁਣਵਾਈ 28 ਅਗਸਤ ਨੂੰ ਹੋਵੇਗੀ। ਮਜੀਠੀਆ ਦਾ ਨਿਆਂਇਕ ਰਿਮਾਂਡ ਵੀ ਉਸੇ ਦਿਨ ਖ਼ਤਮ ਹੋ ਰਿਹਾ ਹੈ, ਯਾਨੀ ਦੋਵਾਂ ਮਾਮਲਿਆਂ ਦੀ ਸੁਣਵਾਈ 28 ਅਗਸਤ ਨੂੰ ਹੋਵੇਗੀ। ਬੈਰਕ ਬਦਲਣ ਦੇ ਮਾਮਲੇ 'ਤੇ ਲਗਾਈ ਗਈ ਅਰਜ਼ੀ 'ਤੇ ਹੁਣ ਸੁਣਵਾਈ 28 ਅਗਸਤ ਨੂੰ ਹੋਵੇਗੀ।

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ

## ਗੁ. ਧੋਬੜੀ ਸਾਹਿਬ ਤੋਂ ਖ਼ਾਲਸਾਈ ਜਾਹੋ-ਜਲਾਲ ਨਾਲ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ

ਗੁਰਦਿਆਲ ਸਿੰਘ

================

ਅੰਮ੍ਰਿਤਸਰ, 21 ਅਗਸਤ: ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਦੇ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਧੋਬੜੀ ਸਾਹਿਬ ਤੋਂ ਇਤਿਹਾਸਕ ਸ਼ਹੀਦੀ ਨਗਰ ਕੀਰਤਨ ਖ਼ਾਲਸਾਈ ਪ੍ਰੰਪਰਾਵਾਂ ਅਨੁਸਾਰ ਆਰੰਭ ਹੋਇਆ। ਨੌਵੇਂ ਪਾਤਸ਼ਾਹ ਆਪਣੀ ਆਸਾਮ ਫੇਰੀ ਦੌਰਾਨ ਇਸ ਪਾਵਨ ਅਸਥਾਨ 'ਤੇ ਪੁੱਜੇ ਸਨ ਜਿਥੇ ਉਨ੍ਹਾਂ ਨੇ ਦੋ ਰਾਜਿਆਂ ਦੀ ਲੜਾਈ ਖ਼ਤਮ ਕਰਵਾਈ ਅਤੇ ਸੰਗਤਾਂ ਨੂੰ ਭਰਮਾਂ ਤੋਂ ਦੂਰ ਰਹਿਣ ਦਾ ਉਪਦੇਸ਼ ਦਿੱਤਾ।



ਨਗਰ ਕੀਰਤਨ ਦੀ ਆਰੰਭਤਾ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਾਲਕੀ ਸਾਹਿਬ ਵਿੱਚ ਸ਼ੁਸ਼ੋਭਿਤ ਕੀਤਾ ਅਤੇ ਚੌਰ ਸਾਹਿਬ ਦੀ ਸੇਵਾ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਿਭਾਈ।

ਇਸ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਦਮਦਮੀ ਟਕਸਾਲ ਦੇ ਮੁੱਖੀ ਗਿਆਨੀ ਹਰਨਾਮ ਸਿੰਘ ਖਾਲਸਾ, ਬੁੱਢਾ ਦਲ ਦੇ ਮੁੱਖੀ ਜਥੇਦਾਰ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਪਦਮਸ਼੍ਰੀ ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਬਾਬਾ ਕਸ਼ਮੀਰ ਸਿੰਘ ਭੂਰੀ (ਬਾਕੀ ਸਫਾ 2 'ਤੇ)

ਜੀ.ਐਸ.ਟੀ. 'ਚ ਹੋਵੇਗਾ ਵੱਡਾ ਬਦਲਾਅ

# 12 ਤੇ 28 ਫ਼ੀਸਦੀ ਸਲੈਬ ਖ਼ਤਮ ਕਰਨ ਦੇ ਪ੍ਰਸਤਾਵ ਨੂੰ ਮੰਤਰੀ ਸਮੂਹ ਵੱਲੋਂ ਮਨਜ਼ੂਰੀ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 21 ਅਗਸਤ:ਸਰਕਾਰ ਨੇ ਟੈਕਸ ਪ੍ਰਣਾਲੀ ਨੂੰ ਸੌਖਾ ਬਣਾਉਣ ਵੱਲ ਇੱਕ ਵੱਡਾ ਕਦਮ ਚੁੱਕਿਆ ਹੈ। ਕੇਂਦਰ ਸਰਕਾਰ ਦੇ 12 ਫੀਸਦੀ ਅਤੇ 28 ਫੀਸਦੀ ਦੇ ਜੀ.ਐਸ.ਟੀ. ਸਲੈਬਾਂ ਨੂੰ ਖਤਮ ਕਰਨ ਦੇ ਪ੍ਰਸਤਾਵ ਨੂੰ ਹੁਣ ਮੰਤਰੀ ਸਮੂਹ (ਜੀ.ਓ.ਐਮ. ਗਰੁੱਪ ਆਫ਼ ਮਨਿਸਟਰਜ਼) ਨੇ ਮਨਜ਼ੂਰੀ ਦੇ ਦਿੱਤੀ ਹੈ। ਇਸ ਦਾ ਮਤਲਬ ਹੈ ਕਿ ਹੁਣ ਇਹ ਦੋਵੇਂ ਸਲੈਬਾਂ ਖਤਮ ਕਰ ਦਿੱਤੀਆਂ ਜਾਣਗੀਆਂ ਅਤੇ ਸਿਰਫ਼ 5 ਫੀਸਦੀ ਅਤੇ 18 ਫੀਸਦੀ ਸਲੈਬ ਹੀ ਰਹਿਣਗੀਆਂ। ਸਰਕਾਰ ਜੀ.ਐਸ.ਟੀ. (ਵਸਤਾਂ ਅਤੇ ਸੇਵਾਵਾਂ ਟੈਕਸ) ਪ੍ਰਣਾਲੀ ਨੂੰ ਹੋਰ ਸਰਲ ਬਣਾਉਣ ਦੀ ਤਿਆਰੀ ਕਰ ਰਹੀ ਹੈ। ਹਾਲ ਹੀ ਵਿੱਚ ਇੱਕ ਜੀ.ਓ.ਐਮ. ਦੀ ਮੀਟਿੰਗ ਹੋਈ, ਜਿਸ ਵਿੱਚ ਕੇਂਦਰ ਵੱਲੋਂ ਪ੍ਰਸਤਾਵਿਤ ਜੀ.ਐਸ.ਟੀ. ਸਲੈਬਾਂ ਨੂੰ ਵਾਜਬ ਬਣਾਉਣ ਲਈ ਸਹਿਮਤੀ ਬਣੀ। ਇਸ ਮੀਟਿੰਗ ਵਿੱਚ ਸੂਬਿਆਂ ਦੇ ਵਿੱਤ ਮੰਤਰੀਆਂ ਨੇ ਮੌਜੂਦਾ ਚਾਰ ਸਲੈਬਾਂ ਨੂੰ ਘਟਾ ਕੇ ਸਿਰਫ਼ ਦੋ ਸਲੈਬਾਂ ਕਰਨ ਦਾ ਸਮਰਥਨ ਕੀਤਾ ਹੈ। ਇਸ ਦਾ ਮਤਲਬ ਹੈ ਕਿ ਹੁਣ 12 ਫੀਸਦੀ ਅਤੇ 28 ਫੀਸਦੀ ਦੇ ਸਲੈਬ ਖਤਮ ਕਰ ਦਿੱਤੇ ਜਾਣਗੇ ਅਤੇ ਸਿਰਫ਼ 5 ਫੀਸਦੀ ਅਤੇ 18 ਫੀਸਦੀ ਦੇ ਸਲੈਬ ਹੀ ਰਹਿਣਗੇ। ਬਿਹਾਰ ਦੇ ਉਪ ਮੁੱਖ ਮੰਤਰੀ ਸਮਰਾਟ ਚੌਧਰੀ ਦੀ (ਬਾਕੀ ਸਫਾ 2 'ਤੇ)




## ਪੰਜਾਬ ਨੂੰ ਕੇਂਦਰ ਜੀ.ਐਸ.ਟੀ ਕਾਰਨ ਹੋਏ 50 ਹਜ਼ਾਰ ਕਰੋੜ ਦੇ ਨੁਕਸਾਨ ਦੀ ਭਰਪਾਈ ਕਰੇ: ਚੀਮਾ

ਚੜ੍ਹਦੀਕਲਾ ਬਿਊਰੋ

================



ਨਵੀਂ ਦਿੱਲੀ, 21 ਅਗਸਤ:ਪੰਜਾਬ ਦੇ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਕੇਂਦਰ ਸਰਕਾਰ ਪਾਸੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਉਹ ਕੇਂਦਰ ਵੱਲ ਪੰਜਾਬ ਦੇ ਜੀ.ਐਸ.ਟੀ ਕਾਰਨ ਹੋਏ 50 ਹਜ਼ਾਰ ਕਰੋੜ ਦੇ ਵਿੱਤੀ ਨੁਕਸਾਨ ਦੀ ਤੁਰੰਤ ਭਰਪਾਈ ਕਰੇ। ਸਿਹਤ ਅਤੇ ਬੀਮਾ, ਰੇਟ ਤਰਕਸੰਗਤ ਬਣਾਉਣ, ਮੁਆਵਜ਼ਾ ਸੈਸ ਵਿਸ਼ਿਆਂ ਨੂੰ ਲੈ ਕੇ ਹੋਈਆਂ ਜੀ.ਐਸ.ਟੀ ਮੰਤਰੀ ਸਮੂਹ ਦੀਆਂ ਦੋ ਦਿਨਾਂ ਮੀਟਿੰਗਾਂ ਵਿਚ ਭਾਗ ਲੈਣ ਬਾਅਦ ਅੱਜ ਮੀਡੀਆ ਨਾਲ ਗੱਲਬਾਤ ਕਰਦਿਆਂ ਸ. ਚੀਮਾ ਨੇ ਕਿਹਾ 2017 ਵਿਚ ਮੁਲਕ ਵਿਚ ਭਾਜਪਾ ਦੀ (ਬਾਕੀ ਸਫਾ 2 'ਤੇ)

## ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੂੰ ਮਿਲੀ 'ਜ਼ੈੱਡ' ਸੁਰੱਖਿਆ

ਨਵੀਂ ਦਿੱਲੀ, 21 ਅਗਸਤ (ਅੰਮ੍ਰਿਤਪਾਲ ਸਿੰਘ) :ਕੇਂਦਰੀ ਗ੍ਰਹਿ ਮੰਤਰਾਲੇ ਨੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੂੰ ਉਨ੍ਹਾਂ 'ਤੇ ਹੋਏ ਹਮਲੇ ਤੋਂ ਇਕ ਦਿਨ ਮਗਰੋਂ ਸੀ.ਆਰ.ਪੀ.ਐਫ. ਜਵਾਨਾਂ ਵਾਲੀ 'ਜ਼ੈੱਡ' ਸ਼੍ਰੇਣੀ ਦੀ ਸੁਰੱਖਿਆ ਪ੍ਰਦਾਨ ਕੀਤੀ ਹੈ। ਮੰਤਰਾਲੇ ਦੇ ਸੂਤਰਾਂ ਅਨੁਸਾਰ ਨਵੇਂ ਸੁਰੱਖਿਆ ਪ੍ਰਬੰਧ 19 ਅਗਸਤ ਦੀ ਸ਼ਾਮ ਨੂੰ ਲਾਗੂ ਕੀਤੇ ਗਏ ਸਨ। ਹੁਣ ਤੱਕ, ਗੁਪਤਾ ਦਿੱਲੀ ਪੁਲਿਸ ਦੇ ਸੁਰੱਖਿਆ ਕਵਰ ਅਧੀਨ ਸਨ। ਉਨ੍ਹਾਂ ਨੂੰ 'ਜ਼ੈੱਡ' ਸ਼੍ਰੇਣੀ ਦਾ ਸੁਰੱਖਿਆ ਕਵਰ ਪ੍ਰਦਾਨ ਕਰਨ ਦਾ ਫੈਸਲਾ ਦਿੱਲੀ ਦੀ ਮੁੱਖ ਮੰਤਰੀ ਨੂੰ ਪ੍ਰਦਾਨ ਕੀਤੇ ਗਏ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਤੋਂ ਬਾਅਦ ਲਿਆ ਗਿਆ ਸੀ।ਗੁਪਤਾ 'ਤੇ ਬੁੱਧਵਾਰ ਨੂੰ ਉਨ੍ਹਾਂ ਦੀ ਰਿਹਾਇਸ਼ ਉੱਤੇ 'ਜਨ ਸੁਣਵਾਈ' ਦੌਰਾਨ ਗੁਜਰਾਤ ਦੇ ਇੱਕ ਵਿਅਕਤੀ ਨੇ ਹਮਲਾ ਕੀਤਾ, ਜੋ ਸ਼ਿਕਾਇਤਕਰਤਾ ਵਜੋਂ ਪੇਸ਼ ਹੋ ਕੇ ਜਨਤਕ (ਬਾਕੀ ਸਫਾ 2 'ਤੇ)

# ਸੰਸਦ ਦੀ ਕਾਰਵਾਈ ਅਣਮਿਥੇ ਸਮੇਂ ਲਈ ਮੁਲਤਵੀ

## ਲੋਕ ਸਭਾ 'ਚ 12 ਅਤੇ ਰਾਜ ਸਭਾ 'ਚ 14 ਬਿੱਲ ਹੋਏ ਪਾਸ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 21 ਅਗਸਤ::ਵੀਰਵਾਰ ਨੂੰ ਸੰਸਦ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਗਈ,ਦੇਸ਼ ਦੀ ਸੰਸਦ ਦੇ ਦੋਵਾਂ ਸਦਨਾਂ ਵਿੱਚ ਮਹੀਨਾ ਭਰ ਚੱਲੇ ਮਾਨਸੂਨ ਸੈਸ਼ਨ ਦੌਰਾਨ, ਲੋਕ ਸਭਾ ਦੁਆਰਾ 12 ਬਿੱਲ ਅਤੇ ਰਾਜ ਸਭਾ ਦੁਆਰਾ 14 ਬਿੱਲ ਪਾਸ ਕੀਤੇ ਗਏ। ਵਿਰੋਧੀ ਧਿਰ ਨੇ ਦੋਵਾਂ ਸਦਨਾਂ ਅਤੇ ਸੰਸਦ ਕੰਪਲੈਕਸ ਵਿੱਚ ਕਈ ਇਤਰਾਜ਼ ਦਰਜ ਕਰਵਾਏ।ਭਾਰਤ ਅਤੇ ਪਾਕਿਸਤਾਨ ਵਿਚਕਾਰ ਪਹਿਲਗਾਮ ਅੱਤਵਾਦੀ ਘਟਨਾ ਤੋਂ ਬਾਅਦ ਭਾਰਤੀ ਹਵਾਈ ਸੈਨਾ ਦੁਆਰਾ ਦਰਜਨਾਂ ਵਾਰ ਸ਼ੁਰੂ ਕੀਤੇ ਗਏ ਆਪ੍ਰੇਸ਼ਨ ਸਿੰਦੂਰ ਨੂੰ ਰੋਕਣ ਦਾ ਸਿਹਰਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੁਆਰਾ ਲਏ ਜਾਣ 'ਤੇ ਵਿਰੋਧੀ ਧਿਰ ਨੇ ਬਹੁਤ ਹੰਗਾਮਾ ਕੀਤਾ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਮਲਿਕਾਰੁਜਨ ਖੜਗੇ, ਸਮਾਜਵਾਦੀ ਪਾਰਟੀ ਦੇ ਨੇਤਾ ਅਖਿਲੇਸ਼ ਯਾਦਵ ਅਤੇ ਟੀਐਮਸੀ ਸੰਸਦ ਮੈਂਬਰ ਸਯੋਨੀ ਘੋਸ਼ ਨੇ ਇਸ ਮੁੱਦੇ 'ਤੇ ਮੋਦੀ ਸਰਕਾਰ ਨੂੰ ਘੇਰਨ ਦੀ ਕੋਸ਼ਿਸ਼ ਕੀਤੀ। ਸੰਸਦ ਦੇ ਦੋਵਾਂ ਸਦਨਾਂ 'ਚ ਵਾਰ-ਵਾਰ ਮੁਲਤਵੀ ਕਰਨ ਅਤੇ ਵਾਕਆਊਟ ਕਰਨ ਦੇ ਬਾਵਜੂਦ, ਬਹੁਤ ਸਾਰੇ ਬਿੱਲ ਪਾਸ ਹੋ ਗਏ। ਸੈਸ਼ਨ 21 ਜੁਲਾਈ ਨੂੰ ਸ਼ੁਰੂ ਹੋਇਆ ਸੀ, ਜਿਸ ਵਿੱਚ ਸਮੁੱਚੀ ਵਿਰੋਧੀ ਧਿਰ ਨੇ ਬਿਹਾਰ ਵਿੱਚ ਵੋਟਰ ਸੂਚੀਆਂ ਦੇ ਵਿਸ਼ੇਸ਼ ਵਿਆਪਕ ਸੋਧ (ਐਸ.ਆਈ.ਆਰ.) 'ਤੇ ਚਰਚਾ ਦੀ (ਬਾਕੀ ਸਫਾ 2 'ਤੇ)



## ਕੇਂਦਰ ਵੱਲੋਂ ਟੀਮ ਇੰਡੀਆ ਨੂੰ ਏਸ਼ੀਆ ਕੱਪ 'ਚ ਪਾਕਿ ਨਾਲ ਖੇਡਣ ਦੀ ਇਜਾਜ਼ਤ

ਨਵੀਂ ਦਿੱਲੀ, 21 ਅਗਸਤ (ਚੜ੍ਹਦੀਕਲਾ ਬਿਊਰੋ) : ਕੇਂਦਰ ਸਰਕਾਰ ਨੇ ਭਾਰਤ ਦੀ ਕ੍ਰਿਕਟ ਟੀਮ ਨੂੰ ਏਸ਼ੀਆ ਕੱਪ ਵਿਚ ਪਾਕਿਸਤਾਨ ਨਾਲ ਖੇਡਣ ਦੀ ਇਜਾਜ਼ਤ ਦੇ ਦਿੱਤੀ ਹੈ। ਸਰਕਾਰ ਨੇ ਕਿਹਾ ਕਿ ਪਹਿਲਗਾਮ ਦਹਿਸ਼ਤੀ ਹਮਲੇ ਤੋਂ ਬਾਅਦ ਭਵਿੱਖ ਵਿਚ ਦੋਵਾਂ ਦੇਸ਼ਾਂ ਦਰਮਿਆਨ ਕੋਈ ਲੜੀ ਖੇਡੀ ਨਹੀਂ ਜਾਵੇਗੀ ਪਰ ਉਹ ਏਸ਼ੀਆ ਕੱਪ ਵਿਚ ਪਾਕਿਸਤਾਨ ਨਾਲ ਮੈਚ ਖੇਡਣ ਤੋਂ ਨਹੀਂ ਰੋਕਣਗੇ ਕਿਉਂਕਿ ਇਸ ਵਿਚ ਦੋਵਾਂ ਦੇਸ਼ਾਂ ਤੋਂ (ਬਾਕੀ ਸਫਾ 2 'ਤੇ)

# ਪੰਜਾਬ 'ਚ ਅੱਜ ਮੀਂਹ ਦੀ ਸੰਭਾਵਨਾ

ਚੜ੍ਹਦੀਕਲਾ ਬਿਊਰੋ

================

ਚੰਡੀਗੜ੍ਹ, 21 ਅਗਸਤ :ਮੌਸਮ ਵਿਭਾਗ ਅਨੁਸਾਰ ਪੰਜਾਬ ਵਿੱਚ ਅੱਜ ਤੋਂ ਮੀਂਹ ਦਾ ਨਵਾਂ ਦੌਰ ਸ਼ੁਰੂ ਹੋਣ ਦੀ ਸੰਭਾਵਨਾ ਹੈ। ਇਸ ਮੀਂਹ ਤੋਂ ਬਾਅਦ ਸੂਬੇ ਦੇ ਤਾਪਮਾਨ ਵਿੱਚ ਵੀ ਗਿਰਾਵਟ ਦਰਜ ਕੀਤੀ ਜਾ ਸਕਦੀ ਹੈ। ਹਾਲਾਂਕਿ, ਹੁਣ ਤੱਕ ਸੂਬੇ ਵਿੱਚ ਆਮ ਨਾਲੋਂ ਘੱਟ ਮੀਂਹ ਪਿਆ ਹੈ, ਪਰ ਉਮੀਦ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਚੰਗੀ ਬਾਰਿਸ਼ ਹੋਵੇਗੀ। ਦੂਜੇ ਪਾਸੇ, ਸਾਡੇ ਗੁਆਂਢੀ ਦੇਸ਼ ਪਾਕਿਸਤਾਨ ਕਾਰਨ, ਪੰਜਾਬ ਦੇ ਫਿਰੋਜ਼ਪੁਰ ਅਤੇ ਫਾਜ਼ਿਲਕਾ ਵਿੱਚ ਵੀ ਹੜ੍ਹ ਆ ਰਹੇ ਹਨ। ਸਰਹੱਦ 'ਤੇ ਸਥਿਤ ਪਿੰਡ ਗੱਟੀ ਰਾਜੋ ਕੇ, ਨਿਹਾਲਾ ਲਵੇਰਾ, ਧੀਰਾ ਘੜਾ, ਕਿਤਾਬਦੀਨ ਵਾਲਾ, ਰੁਕਨੇਵਾਲਾ ਅਤੇ ਕਮਲਾ ਬੋਦਲਾ ਪੂਰੀ ਤਰ੍ਹਾਂ ਪਾਣੀ ਨਾਲ ਘਿਰ ਗਏ ਹਨ।ਬੀ.ਐਸ.ਐਫ. ਦੀ ਸਤਪਾਲ ਸਰਹੱਦੀ ਚੌਕੀ ਵੀ ਹੜ੍ਹ ਵਿੱਚ ਫਸ ਗਈ। ਜਵਾਨਾਂ ਨੇ ਰੇਤ ਦੀਆਂ ਬੋਰੀਆਂ ਨਾਲ ਪਾਣੀ ਨੂੰ ਰੋਕਣ ਦੀ ਕੋਸ਼ਿਸ਼ ਕੀਤੀ।(ਬਾਕੀ ਸਫਾ 2 'ਤੇ)

**ਪੌਂਗ ਡੈਮ ਵਿੱਚ ਪਾਣੀ ਦੇ ਵਧਦੇ ਪੱਧਰ ਨੂੰ ਦੇਖਦਿਆਂ ਹੁਸ਼ਿਆਰਪੁਰ 'ਚ ਅਲਰਟ**

## ਹੁਣ ਪੰਜਾਬ 'ਚ 112 ਡਾਇਲ ਕਰਕੇ ਕੀਤੀ ਜਾ ਸਕਦੀ ਹੈ ਆਨਲਾਈਨ ਧੋਖਾਧੜੀ ਦੀ ਰਿਪੋਰਟ

ਚੰਡੀਗੜ੍ਹ,21 ਅਗਸਤ (ਚੜ੍ਹਦੀਕਲਾ ਬਿਊਰੋ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਸੋਚ ਅਨੁਸਾਰ ਐਮਰਜੈਂਸੀ ਸੇਵਾਵਾਂ ਨੂੰ ਵਧੇਰੇ ਪਹੁੰਚਯੋਗ ਅਤੇ ਕੁਸ਼ਲ ਬਣਾਉਣ ਦੇ ਮੱਦੇਨਜ਼ਰ ਇੱਕ ਮਹੱਤਵਪੂਰਨ ਕਦਮ ਤਹਿਤ ਪੰਜਾਬ ਪੁਲਿਸ ਨੇ ਭਾਰਤੀ ਰਾਸ਼ਟਰੀ ਰਾਜਮਾਰਗ ਅਥਾਰਟੀ (ਐਨ.ਐਚ.ਏ.ਆਈ.) ਹੈਲਪਲਾਈਨ 1033 ਅਤੇ ਸਾਈਬਰ ਕ੍ਰਾਈਮ ਹੈਲਪਲਾਈਨ 1930 ਨੂੰ (ਬਾਕੀ ਸਫਾ 2 'ਤੇ)

## ਯੂ.ਪੀ.ਐਸ. ਆਈ.ਐਫ.ਐਸ., ਲਖਨਊ ਵੱਲੋਂ ਤਿੰਨ ਦਿਨਾਂ ਅੰਤਰਰਾਸ਼ਟਰੀ ਵਰਕਸ਼ਾਪ

ਅੰਮ੍ਰਿਤਪਾਲ ਸਿੰਘ

================

ਲਖਨਊ, 21 ਅਗਸਤ: ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਆਦਿਤਯਨਾਥ ਯੋਗੀ ਦੇ ਦਿਸ਼ਾ-ਨਿਰਦੇਸ਼ਾਂ ਨੂੰ ਯੂਪੀ ਸਟੇਟ ਇੰਸਟੀਚਿਊਟ ਆਫ਼ ਫੋਰੈਂਸਿਕ ਸਾਇੰਸ, ਲਖਨਊ ਅਤੇ ਯੂਪੀ ਪੁਲਿਸ ਵੱਲੋਂ ਸਾਰਥਕ ਢੰਗ ਨਾਲ ਲਾਗੂ ਕੀਤਾ ਜਾਂਦਾ ਹੈ। ਹਾਲ ਹੀ ਵਿੱਚ, ਯੂ.ਪੀ.ਐਸ. ਆਈ.ਐਫ.ਐਸ., ਲਖਨਊ ਨੇ 18 ਤੋਂ 20 ਅਗਸਤ 2025 ਤੱਕ ਤਿੰਨ ਦਿਨਾਂ ਅੰਤਰਰਾਸ਼ਟਰੀ ਵਰਕਸ਼ਾਪ ਦਾ ਆਯੋਜਨ ਕੀਤਾ, ਜਿਸ ਵਿੱਚ ਭਾਰਤ ਅਤੇ ਵਿਦੇਸ਼ਾਂ ਦੇ ਮਾਹਿਰਾਂ ਨੇ ਸਾਈਬਰ ਅਪਰਾਧ ਅਤੇ ਸਾਈਬਰ ਸੁਰੱਖਿਆ, ਡਿਜੀਟਲ ਡੇਟਾ ਸੁਰੱਖਿਆ ਅਤੇ ਕਾਨੂੰਨੀ ਪਹਿਲੂਆਂ ਦੇ ਵੱਖ-ਵੱਖ ਗੁੰਝਲਦਾਰ ਵਿਸ਼ਿਆਂ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਅੰਤਰਰਾਸ਼ਟਰੀ ਵਰਕਸ਼ਾਪ ਦਾ ਉਦਘਾਟਨ 18.08.2025 ਨੂੰ ਮੁੱਖ ਮੰਤਰੀ ਵੱਲੋਂ ਕੀਤਾ ਗਿਆ ਸੀ।

ਉਪਰੋਕਤ ਦੀ ਨਿਰੰਤਰਤਾ ਵਿੱਚ, ਉੱਤਰ ਪ੍ਰਦੇਸ਼ ਸਟੇਟ ਇੰਸਟੀਚਿਊਟ ਆਫ਼ ਫੋਰੈਂਸਿਕ ਸਾਇੰਸ, ਲਖਨਊ ਅਤੇ ਨੋਇਡਾ ਪੁਲਿਸ ਦੁਆਰਾ ਸਾਂਝੇ ਤੌਰ 'ਤੇ 22.08.2025 ਨੂੰ ਸਵੇਰੇ 11.00 ਵਜੇ ਆਡੀਟੋਰੀਅਮ ਪੁਲਿਸ ਕਮਿਸ਼ਨਰੇਟ ਦਫ਼ਤਰ, ਸੈਕਟਰ 108, ਗੌਤਮ ਬੁੱਧ ਨਗਰ ਵਿੱਚ 'ਸਾਈਬਰ ਅਪਰਾਧ ਅਤੇ ਡੇਟਾ ਸੁਰੱਖਿਆ: ਚੁਣੌਤੀਆਂ ਅਤੇ ਹੱਲ' ਵਿਸ਼ੇ 'ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਵਰਕਸ਼ਾਪ ਵਿੱਚ ਉੱਦਮੀ, ਵਪਾਰਕ ਸੰਗਠਨ, ਪੁਲਿਸ (ਬਾਕੀ ਸਫਾ 2 'ਤੇ)

**'ਸਾਈਬਰ ਅਪਰਾਧ ਅਤੇ ਡੇਟਾ ਸੁਰੱਖਿਆ: ਚੁਣੌਤੀਆਂ ਅਤੇ ਹੱਲ' ਵਿਸ਼ੇ 'ਤੇ ਵਰਕਸ਼ਾਪ ਅੱਜ**

## ਸਰਕਾਰਾਂ ਅਤੇ ਏਜੰਸੀਆਂ ਸਿੱਖ ਪੰਥ ਨੂੰ ਲੜਾ ਕੇ ਪੰਥਕ ਮੁੱਦਿਆਂ ਤੋਂ ਭਟਕਾਉਂਦੀਆਂ ਆ ਰਹੀਆਂ ਨੇ: ਝੀਂਡਾ



ਬਬਲੂ ਮਹਾਜਨ

================

ਅੰਮ੍ਰਿਤਸਰ, 21 ਅਗਸਤ: ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਦੇ ਨਾਮ ਪੱਤਰ ਲਿਖ ਕੇ ਪੰਜ ਤਖਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਇਕ ਅਕਾਲੀ ਦਲ ਨੂੰ ਮਾਨਤਾ ਦੇਣ ਦੀ ਮੰਗ ਕੀਤੀ ਹੈ। ਜਗਦੀਸ਼ ਸਿੰਘ ਝੀਂਡਾ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੰਜ ਤਖਤ ਸਾਹਿਬਾਨ ਦੇ ਜਥੇਦਾਰ ਪੰਥ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਅਗਵਾਈ ਵਾਲੀ ਟੀਮ ਦੇਣ ਇਨ੍ਹਾਂ ਵਿਚ ਨੌਜਵਾਨਾਂ ਨੂੰ ਅਗਾਂਹ ਕਰਕੇ ਮੌਕਾ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲ ਦਲ ਦੇ ਨਾਮ 'ਤੇ (ਬਾਕੀ ਸਫਾ 2 'ਤੇ)

ਉਪ ਰਾਸ਼ਟਰਪਤੀ ਚੋਣ

# ਵਿਰੋਧੀ ਧਿਰ ਦੇ ਉਮੀਦਵਾਰ ਬੀ.ਸੁਦਰਸ਼ਨ ਰੈਡੀ ਨੇ ਨਾਮਜ਼ਦਗੀ ਪੱਤਰ ਕੀਤੇ ਦਾਖ਼ਲ



ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 21 ਅਗਸਤ: ਉਪ-ਰਾਸ਼ਟਰਪਤੀ ਅਹੁਦੇ ਲਈ ਵਿਰੋਧੀ ਧਿਰ 'ਇੰਡੀਆ' ਗੱਠਜੋੜ ਦੇ ਉਮੀਦਵਾਰ ਬੀ. ਸੁਦਰਸ਼ਨ ਰੈਡੀ ਨੇ ਵੀਰਵਾਰ ਨੂੰ ਆਪਣਾ ਨਾਮਜ਼ਦਗੀ ਪੱਤਰ ਦਾਖਲ ਕੀਤਾ। ਰੈਡੀ ਦੇ ਨਾਮਜ਼ਦਗੀ ਪੱਤਰਾਂ ਦੇ ਚਾਰ ਸੈੱਟ ਦਾਖਲ ਕੀਤੇ ਗਏ ਹਨ, ਜਿਨ੍ਹਾਂ 'ਤੇ ਤਜਵੀਜ਼ਕਾਰ ਅਤੇ ਤਾਈਦਕਾਰ ਵਜੋਂ ਕਰੀਬ 160 ਸੰਸਦ ਮੈਂਬਰਾਂ ਨੇ ਦਸਤਖਤ ਕੀਤੇ ਹਨ, ਜਿਨ੍ਹਾਂ ਵਿੱਚ ਕਾਂਗਰਸ ਸੰਸਦੀ ਪਾਰਟੀ ਦੀ ਮੁਖੀ ਸੋਨੀਆ ਗਾਂਧੀ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਮਲਿਕਾਰਜੁਨ (ਬਾਕੀ ਸਫਾ 2 'ਤੇ)

## ਉਪ-ਰਾਸ਼ਟਰਪਤੀ ਚੋਣਾਂ ਲਈ ਨਿਗਰਾਨ ਅਧਿਕਾਰੀਆਂ ਦੀ ਚੋਣ

ਨਵੀਂ ਦਿੱਲੀ, 21 ਅਗਸਤ (ਚੜ੍ਹਦੀਕਲਾ ਬਿਊਰੋ) : : ਭਾਰਤੀ ਚੋਣ ਕਮਿਸ਼ਨ (ਈ.ਸੀ.ਆਈ.) ਨੇ ਆਉਣ ਵਾਲੀਆਂ ਉਪ-ਰਾਸ਼ਟਰਪਤੀ ਚੋਣਾਂ ਲਈ ਦੋ ਨਿਗਰਾਨ ਨਿਯੁਕਤ ਕੀਤੇ ਹਨ।

ਚੋਣ ਪੈਨਲ ਨੇ 9 ਸਤੰਬਰ ਨੂੰ ਹੋਣ ਵਾਲੀ ਦੇਸ਼ ਦੇ ਦੂਜੇ ਸਭ ਤੋਂ ਉੱਚੇ ਅਹੁਦੇ ਲਈ ਚੋਣ ਲਈ ਆਈ.ਏ.ਐਸ. ਅਧਿਕਾਰੀਆਂ ਸੁਸ਼ੀਲ ਕੁਮਾਰ ਲੋਹਾਨੀ ਅਤੇ ਡੀ ਆਨੰਦਨ ਨੂੰ ਨਿਗਰਾਨ ਨਿਯੁਕਤ ਕੀਤਾ ਹੈ। ਇੱਕ ਬਿਆਨ ਵਿੱਚ, ਈ.ਸੀ.ਆਈ. ਨੇ ਕਿਹਾ,'ਭਾਰਤ (ਬਾਕੀ ਸਫਾ 2 'ਤੇ)

## ਪਟਿਆਲਾ ਦੇ ਡੀ.ਸੀ. ਵੱਲੋਂ ਤਹਿਸੀਲਦਾਰ ਦਫ਼ਤਰ ਦੀ ਰਿਪੋਰਟ ਤਲਬ

ਪਟਿਆਲਾ, 21 ਅਗਸਤ (ਚੜ੍ਹਦੀਕਲਾ ਬਿਊਰੋ) : ਪਟਿਆਲਾ ਮਾਲ ਵਿਭਾਗ ਦੀ ਇੱਕ ਫੋਟੋ ਵਾਇਰਲ ਹੋਈ ਹੈ। ਦੋਸ਼ ਹੈ ਕਿ ਨਿੱਜੀ ਵਿਅਕਤੀ (ਏਜੰਟ) ਤਹਿਸੀਲਦਾਰ ਦੀ ਕੁਰਸੀ 'ਤੇ ਬੈਠ ਕੇ ਖੁੱਲ੍ਹੇਆਮ ਰਜਿਸਟਰੀ ਦਾ ਕੰਮ ਸੰਭਾਲ ਰਹੇ ਹਨ। ਜਦੋਂ ਕਿ ਆਮ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਵਧੀਕ ਮੁੱਖ ਸਕੱਤਰ ਕਮ ਵਿੱਤ ਕਮਿਸ਼ਨਰ ਮਾਲ (ਐਫ.ਸੀ.ਆਰ.) ਅਨੁਰਾਗ ਵਰਮਾ ਨੇ ਇਸ ਮਾਮਲੇ ਦਾ ਨੋਟਿਸ ਲਿਆ ਹੈ। ਇਸ ਸਬੰਧ ਵਿੱਚ, ਉਨ੍ਹਾਂ ਨੇ ਡੀ.ਸੀ. ਤੋਂ ਰਿਪੋਰਟ ਤਲਬ ਕੀਤੀ ਹੈ। ਜੇਕਰ ਕਿਸੇ ਕਿਸਮ ਦੀ ਕਮੀ ਪਾਈ ਗਈ ਤਾਂ ਕਾਰਵਾਈ ਵੀ ਕੀਤੀ ਜਾਵੇਗੀ। ਜਾਣਕਾਰੀ ਅਨੁਸਾਰ, ਪੰਜਾਬ ਸਰਕਾਰ ਖੁਦ ਤਹਿਸੀਲਾਂ ਦੇ ਸਿਸਟਮ ਨੂੰ ਬਿਹਤਰ ਬਣਾਉਣ ਲਈ ਐਕਸ਼ਨ ਮੋਡ ਵਿੱਚ ਹੈ। (ਬਾਕੀ ਸਫਾ 2 'ਤੇ)



# ਫ਼ਿਰੋਜ਼ਪੁਰ ਅਤੇ ਤਰਨ ਤਾਰਨ ਜ਼ਿਲ੍ਹਿਆਂ 'ਚ ਰਾਹਤ ਕਾਰਜਾਂ ਦਾ ਜਾਇਜ਼ਾ ਲੈਣ ਲਈ ਬਰਿੰਦਰ ਕੁਮਾਰ ਗੋਇਲ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ

## ਪ੍ਰਭਾਵਿਤ ਲੋਕਾਂ ਤੱਕ ਸਿੱਧੀ ਪਹੁੰਚ ਅਤੇ ਰਾਹਤ ਕਾਰਜਾਂ ਦੀ ਨਿਗਰਾਨੀ ਲਈ ਮੁੱਖ ਮੰਤਰੀ ਨੇ 8 ਕੈਬਨਿਟ ਮੰਤਰੀਆਂ ਦੀ ਲਗਾਈ ਡਿਊਟੀ

ਚੰਡੀਗੜ੍ਹ/ਫਿਰੋਜ਼ਪੁਰ/ਤਰਨ ਤਾਰਨ, 21 ਅਗਸਤ (ਚ.ਨ.ਸ.) : ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਫਿਰੋਜ਼ਪੁਰ ਅਤੇ ਤਰਨ ਤਾਰਨ ਜ਼ਿਲ੍ਹਿਆਂ ਵਿੱਚ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਜਾਇਜ਼ਾ ਲੈਣ ਅਤੇ ਚੱਲ ਰਹੇ ਰਾਹਤ ਕਾਰਜਾਂ ਦੀ ਨਿਗਰਾਨੀ ਕਰਨ ਲਈ ਵਿਆਪਕ ਖੇਤਰੀ ਦੌਰੇ ਕੀਤੇ।

ਸ੍ਰੀ ਗੋਇਲ ਨੇ ਦਰਿਆਈ ਪਾਣੀ ਨਾਲ ਪ੍ਰਭਾਵਿਤ ਫਿਰੋਜ਼ਪੁਰ ਜ਼ਿਲ੍ਹੇ ਦੇ ਪਿੰਡ ਟੈਂਡੀ ਵਾਲਾ, ਗਜ਼ਨੀ ਵਾਲਾ ਅਤੇ ਧੀਰਾ ਘਾਰਾ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਪ੍ਰਭਾਵਿਤ ਪਿੰਡਾਂ ਦੇ ਪੀੜਤ ਪਰਿਵਾਰਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ। ਇਸ ਮੌਕੇ ਕੈਬਨਿਟ ਮੰਤਰੀ ਨਾਲ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਯਾ, ਵਿਧਾਇਕ ਗੁਰੂਹਰਸਹਾਏ ਸ੍ਰੀ ਫੌਜਾ ਸਿੰਘ ਸਰਾਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਤਰਨ ਤਾਰਨ ਦੇ ਦੌਰੇ ਦੌਰਾਨ ਬਰਿੰਦਰ ਕੁਮਾਰ ਗੋਇਲ ਨਾਲ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਹਾਜ਼ਰ ਰਹੇ, ਜਿੱਥੇ ਉਨ੍ਹਾਂ ਨੇ ਹਰੀਕੇ ਹੈੱਡਵਰਕਸ ਤੋਂ ਨਿਵਾਣ ਵੱਲ ਦਰਿਆ ਸਤਲੁਜ 'ਤੇ ਬਣੇ ਧੁੱਸੀ ਬੰਨ੍ਹ ਦਾ ਦੌਰਾ ਕੀਤਾ। ਦੋਵੇਂ ਕੈਬਨਿਟ ਮੰਤਰੀਆਂ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਜਾਇਜ਼ਾ ਲਿਆ ਅਤੇ ਕੁੱਤੀਵਾਲ, ਘੜੁੰਮ, ਬਸਤੀ ਲਾਲ ਸਿੰਘ, ਸਭਰਾ, ਗਦਾਈਕੇ, ਗੱਟੀ ਹਰੀਕੇ ਆਦਿ ਪਿੰਡਾਂ ਦੇ ਪ੍ਰਭਾਵਿਤ ਲੋਕਾਂ ਤੇ ਕਿਸਾਨਾਂ ਦੀਆਂ ਮੁਸ਼ਕਿਲਾਂ ਸੁਣੀਆਂ।



ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਿੱਜੀ ਤੌਰ 'ਤੇ ਰਾਹਤ ਕਾਰਜਾਂ ਦੀ ਨਿਗਰਾਨੀ ਕਰ ਰਹੇ ਹਨ। ਮੁੱਖ ਮੰਤਰੀ ਨੇ ਰਾਹਤ ਕਾਰਜਾਂ ਦੀ ਨਿਗਰਾਨੀ ਲਈ 8 ਕੈਬਨਿਟ ਮੰਤਰੀਆਂ ਦੀ ਡਿਊਟੀ ਲਗਾਈ ਗਈ ਹੈ, ਜੋ ਵੱਖ-ਵੱਖ ਜ਼ਿਲ੍ਹਿਆਂ ਦਾ ਦੌਰਾ ਕਰ ਰਹੇ ਹਨ ਅਤੇ ਪ੍ਰਭਾਵਿਤ ਪਿੰਡ ਵਾਸੀਆਂ ਤੱਕ ਸਿੱਧੀ ਪਹੁੰਚ ਕਰ ਰਹੇ ਹਨ।

ਕੈਬਨਿਟ ਮੰਤਰੀ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਡੀ.ਸੀਜ਼, ਐਸ.ਐਸ.ਪੀਜ਼ ਤੋਂ ਲੈ ਕੇ ਸਮੂਹ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹੜ੍ਹ ਪੀੜਤਾਂ ਨੂੰ ਪਹਿਲ ਦੇ ਆਧਾਰ 'ਤੇ ਮੁਢਲੀ ਸਹਾਇਤਾ ਦੇਣ ਲਈ ਪਾਬੰਦ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਦੀ ਸਭ ਤੋਂ ਅਹਿਮ ਪਹਿਲ ਹੜ੍ਹ ਪ੍ਰਭਾਵਿਤਾਂ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਸਿਹਤ ਸਹੂਲਤਾਂ ਤੇ ਰਾਸ਼ਨ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਆਦੇਸ਼ ਦਿੱਤਾ ਕਿ ਇਸ ਦੇ ਨਾਲ ਨਾਲ ਪਸ਼ੂ ਧਨ ਦੀ ਸੰਭਾਲ ਯਕੀਨੀ ਬਣਾਉਣ ਅਤੇ ਬਦਲਦੀ ਸਥਿਤੀ ਦੀ ਦਿਨ-ਰਾਤ ਨਜ਼ਰ ਰੱਖਣ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾਵੇ।

ਸ੍ਰੀ ਗੋਇਲ ਨੇ ਦੱਸਿਆ ਕਿ ਹੜ੍ਹ ਰੋਕੂ ਕਾਰਜਾਂ ਉੱਪਰ ਪੰਜਾਬ ਸਰਕਾਰ ਵੱਲੋਂ 276 ਕਰੋੜ ਰੁਪਏ ਖਰਚ ਕੀਤੇ ਗਏ ਹਨ। ਇਸ ਤੋਂ ਇਲਾਵਾ ਬੰਨ੍ਹਾਂ ਉੱਪਰ ਮਿੱਟੀ ਦੇ ਬੋਰੇ ਭਰ ਕੇ ਰੱਖੇ ਗਏ ਹਨ ਤਾਂ ਜੋ ਕਿਸੇ ਵੀ ਅਣਸੁਖਾਵੇਂ ਹਾਲਤ ਵਿੱਚ ਤੁਰੰਤ ਵਰਤੋਂ ਕੀਤੀ ਜਾ ਸਕੇ।

ਹਰੀਕੇ ਹੈੱਡਵਰਕਸ ਦੇ ਨਿਰੀਖਣ ਦੌਰਾਨ ਦੋਵੇਂ ਕੈਬਨਿਟ ਮੰਤਰੀਆਂ ਨੇ ਦੱਸਿਆ ਕਿ ਇਸ ਸਮੇਂ ਹਰੀਕੇ ਹੈੱਡਵਰਕਸ ਵਿਖੇ 11600 ਕਿਊਸਿਕ ਪਾਣੀ ਚੱਲ ਰਿਹਾ ਹੈ, 20 ਹਜ਼ਾਰ ਕਿਊਸਿਕ ਪਾਣੀ ਨਹਿਰਾਂ ਵਿੱਚ ਛੱਡਿਆ ਜਾ ਰਿਹਾ ਹੈ ਅਤੇ 96000 ਕਿਊਸਿਕ ਪਾਣੀ ਡਾਊਨ ਸਟਰੀਮ ਚੱਲ ਰਿਹਾ ਹੈ।

ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਫਸਲਾਂ ਅਤੇ ਜਾਇਦਾਦ ਦੇ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ।

ਇਸ ਤੋਂ ਪਹਿਲਾਂ ਕੈਬਿਨਟ ਮੰਤਰੀ ਗੋਇਲ ਵੱਲੋਂ ਹੁਸੈਨੀਵਾਲਾ ਹੈੱਡ ਵਿਖੇ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ, ਐਸ.ਐਸ.ਪੀ. ਭੁਪਿੰਦਰ ਸਿੰਘ ਸਿੱਧੂ, ਮੁੱਖ ਇੰਜੀਨੀਅਰ (ਡਰੇਨੇਜ) ਹਰਦੀਪ ਸਿੰਘ ਮੈਂਦੀਰੱਤਾ ਤੇ ਹੋਰ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਰਾਹਤ ਕਾਰਜਾਂ ਦੀ ਸਮੀਖਿਆ ਕੀਤੀ ਅਤੇ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।

ਤਰਨ ਤਾਰਨ ਦੇ ਦੌਰੇ ਲਈ ਗਏ ਵਫ਼ਦ ਵਿੱਚ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ, ਐਸ.ਐਸ.ਪੀ. ਦੀਪਕ ਪਾਰਿਕ ਅਤੇ ਚੀਫ਼ ਇੰਜੀਨੀਅਰ ਡਰੇਨੇਜ਼ ਹਰਦੀਪ ਸਿੰਘ ਮੈਂਦੀਰੱਤਾ ਸਮੇਤ ਵੱਖ-ਵੱਖ ਵਿਭਾਗੀ ਅਧਿਕਾਰੀ ਅਤੇ ਸਥਾਨਕ ਨੁਮਾਇੰਦੇ ਸ਼ਾਮਲ ਸਨ।

# ਧਮਕਾਉਣ ਦੇ ਦੋਸ਼ ਵਾਲੀ ਪਟੀਸ਼ਨ 'ਤੇ ਐਕਸ ਕਾਰਪੋਰੇਸ਼ਨ, ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਨੂੰ ਨੋਟਿਸ

## ਹਾਈ ਕੋਰਟ ਨੇ ਵਕੀਲ ਦੀ ਪਟੀਸ਼ਨ 'ਤੇ ਕੀਤੀ ਕਾਰਵਾਈ

ਚੰਡੀਗੜ੍ਹ, 21 ਅਗਸਤ (ਚ.ਨ.ਸ.) : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਪੁਲਿਸ ਵੱਲੋਂ ਧਮਕਾਉਣ ਦੇ ਦੋਸ਼ ਵਾਲੀ ਪਟੀਸ਼ਨ 'ਤੇ ਐਕਸ ਨੂੰ ਨੋਟਿਸ ਜਾਰੀ ਕੀਤਾ ਹੈ। ਹਾਈ ਕੋਰਟ ਨੇ ਪਹਿਲਾਂ ਹੀ ਇਕ ਪਟੀਸ਼ਨ ਦਾ ਵੀ ਨੋਟਿਸ ਲਿਆ, ਜੋ ਪੰਜਾਬ ਦੇ ਵੱਖ-ਵੱਖ ਪੁਲਿਸ ਜ਼ਿਲ੍ਹਿਆਂ ਅਤੇ ਕਮਿਸ਼ਨਰੇਟਾਂ ਵੱਲੋਂ ਐਕਸ ਦੇ ਪੁਲਿਸ ਕਰਮਚਨ ਇੰਡੀਆ ਖਾਤੇ ਨੂੰ ਬਲਾਕ ਕਰਨ ਤੋਂ ਬਾਅਦ ਦਾਇਰ ਕੀਤੀ ਗਈ ਸੀ। ਅਦਾਲਤ ਨੇ ਹਾਈ ਕੋਰਟ ਦੇ ਇੱਕ ਵਕੀਲ ਨਿਖਿਲ ਸਰਾਫ ਦੁਆਰਾ ਦਾਇਰ ਪਟੀਸ਼ਨ 'ਤੇ ਐਕਸ ਕਾਰਪੋਰੇਸ਼ਨ, ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਨੂੰ ਨੋਟਿਸ ਜਾਰੀ ਕੀਤਾ, ਜਿਸ ਵਿੱਚ ਉਸਨੇ ਪੰਜਾਬ ਵਿੱਚ ਗੈਰ-ਨਿਆਇਕ ਹੱਤਿਆਵਾਂ ਬਾਰੇ ਚਿੰਤਾਵਾਂ ਉਠਾਉਣ ਤੋਂ ਬਾਅਦ ਰਾਜ ਦੇ ਅਧਿਕਾਰੀਆਂ ਦੁਆਰਾ ਧਮਕਾਉਣ ਅਤੇ ਇੰਟਰਨੈੱਟ ਇੰਟਰਨੈੱਟ ਪਲੇਟਫਾਰਮਾਂ ਦੁਆਰਾ ਕਾਰਵਾਈ ਦਾ ਦੋਸ਼ ਲਗਾਇਆ ਸੀ। ਜਸਟਿਸ ਸੁਵੀਰ ਸਹਿਗਲ ਦੇ ਸਿੰਗਲ ਬੈਂਚ ਨੇ ਨਿਖਿਲ ਸਰਾਫ ਦੀ ਪਟੀਸ਼ਨ 'ਤੇ ਨਿੱਜੀ ਤੌਰ 'ਤੇ ਸੁਣਵਾਈ ਕਰਦੇ ਹੋਏ ਇਹ ਹੁਕਮ ਦਿੱਤਾ। ਪਟੀਸ਼ਨ ਦੇ ਅਨੁਸਾਰ, ਸਰਾਫ ਨੂੰ 2 ਜੂਨ, 2025 ਨੂੰ ਪੰਜਾਬ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਦੁਆਰਾ ਕਥਿਤ ਤੌਰ 'ਤੇ ਵਰਤੇ ਗਏ ਇੱਕ ਵਟਸਐਪ ਗਰੁੱਪ ਦਾ ਇੱਕ ਕਥਿਤ ਸਕ੍ਰੀਨਸ਼ਾਟ ਮਿਲਿਆ। ਸਕ੍ਰੀਨਸ਼ਾਟਾਂ ਵਿੱਚ ਡੀਜੀਪੀ ਬਠਨਾਲ ਦੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ, ਨੂੰ ਕਥਿਤ ਮੁਕਾਬਲੇ ਲਈ ਵਧਾਈ ਦਿੰਦੇ ਹੋਏ ਅਤੇ ਢੁਕਵੇਂ ਮੁਕਾਬਲਿਆਂ ਵਿੱਚ ਪਹਿਲਾਂ ਦੇ ਆਦੇਸ਼ਾਂ ਦੀ ਪਾਲਣਾ ਨਾ ਕਰਨ ਲਈ ਹੋਰ ਅਧਿਕਾਰੀਆਂ 'ਤੇ ਅਸੰਤੁਸ਼ਟੀ ਜ਼ਾਹਰ ਕਰਦੇ ਹੋਏ ਦਿਖਾਇਆ ਗਿਆ ਸੀ। ਸਰਾਫ ਨੇ ਕਿਹਾ ਕਿ ਉਸਨੇ 12 ਜੁਲਾਈ, 2025 ਨੂੰ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਕੋਲ ਸ਼ਿਕਾਇਤ ਦਰਜ ਕਰਵਾਈ ਸੀ, ਜੋ ਕਿ 14 ਜੁਲਾਈ, 2025 ਨੂੰ ਦਰਜ ਕੀਤੀ ਗਈ ਸੀ, ਪਰ ਅਜੇ ਤੱਕ ਇਸ 'ਤੇ ਕੋਈ ਸੁਣਵਾਈ ਨਹੀਂ ਹੋਈ। ਉਸਨੇ ਇਹ ਵੀ ਦੋਸ਼ ਲਗਾਇਆ ਕਿ 31 ਜੁਲਾਈ ਨੂੰ ਸਕ੍ਰੀਨਸ਼ਾਟ ਪ੍ਰਕਾਸ਼ਤ ਕਰਨ ਅਤੇ ਐਕਸ ਕਾਰਪੋਰੇਸ਼ਨ ਤੋਂ




ਪੁੱਛਗਿੱਛ ਕਰਨ ਤੋਂ ਬਾਅਦ, ਸੋਸ਼ਲ ਮੀਡੀਆ ਪਲੇਟਫਾਰਮ 'ਤੇ ਉਸਦਾ ਖਾਤਾ ਕਥਿਤ ਤੌਰ 'ਤੇ ਉਸਨੂੰ ਸ਼ਿਕਾਇਤ ਬਾਰੇ ਦੱਸੇ ਜਾਂ ਉਸਨੂੰ ਜਵਾਬ ਦੇਣ ਦਾ ਮੌਕਾ ਦਿੱਤੇ ਬਿਨਾਂ ਮੁਅੱਤਲ ਕਰ ਦਿੱਤਾ ਗਿਆ। ਆਪਣੀ ਪਟੀਸ਼ਨ ਵਿੱਚ, ਸਰਾਫ ਨੇ ਅਦਾਲਤ ਨੂੰ ਬੇਨਤੀ ਕੀਤੀ ਕਿ ਉਹ ਐਕਸ ਕਾਰਪੋਰੇਸ਼ਨ ਨੂੰ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਤੋਂ ਕਥਿਤ ਤੌਰ 'ਤੇ ਪ੍ਰਾਪਤ ਸ਼ਿਕਾਇਤ ਦੀ ਇੱਕ ਕਾਪੀ ਪ੍ਰਦਾਨ ਕਰਨ ਲਈ ਨਿਰਦੇਸ਼ ਦੇਵੇ। ਉਸਨੇ ਪ੍ਰਤੀਵਾਦੀਆਂ 'ਤੇ ਦੋਸ਼ ਲਗਾਇਆ ਕਿ ਉਹ ਉਸਦੇ ਪ੍ਰਗਟਾਵੇ ਦੀ ਆਜ਼ਾਦੀ ਦੇ ਸੰਵਿਧਾਨਕ ਅਧਿਕਾਰ ਨੂੰ ਪਰੇਸ਼ਾਨ ਕਰਨ, ਡਰਾਉਣ ਅਤੇ ਦਬਾਉਣ ਲਈ ਉਸਦੇ ਵਿਰੁੱਧ ਵਾਰ-ਵਾਰ ਬੇਬੁਨਿਆਦ ਅਤੇ ਬੇਤੁਕੀ ਸ਼ਿਕਾਇਤਾਂ ਦਰਜ ਕਰਕੇ ਆਪਣੀ ਸ਼ਕਤੀ ਅਤੇ ਅਧਿਕਾਰ ਦੀ ਦੁਰਵਰਤੋਂ ਕਰ ਰਹੇ ਹਨ। ਮਾਮਲੇ ਦੀ ਅਗਲੀ ਸੁਣਵਾਈ 16 ਅਕਤੂਬਰ ਨੂੰ ਹੋਣੀ ਹੈ।

# ਪਹਿਲੇ ਸਫ਼ੇ ਦੀ ਬਾਕੀ

## ਗੁ. ਧੋਬੜੀ ਸਾਹਿਬ ਤੋਂ ਖ਼ਾਲਸਾਈ ਜਾਹੋ-ਜਲਾਲ

ਵਾਲੇ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸੁਰਜੀਤ ਸਿੰਘ ਭਿੱਟੇਵਡ, ਭਾਈ ਅਜੈਬ ਸਿੰਘ ਅਭਿਆਸੀ, ਜਗਸੀਰ ਸਿੰਘ ਮਾਂਗੇਆਣਾ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਬਾਬਾ ਮੇਜਰ ਸਿੰਘ ਸੋਢੀ ਸਮੇਤ ਪ੍ਰਮੁੱਖ ਸਖ਼ਸ਼ੀਅਤਾਂ ਹਾਜ਼ਰ ਸਨ।

ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਅਰਦਾਸ ਉਪਰੰਤ ਪਾਵਨ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ ਨੇ ਕਥਾ ਵਿਚਾਰਾਂ ਕੀਤੀਆਂ। ਉਨ੍ਹਾਂ ਨੇ ਪਾਤਸ਼ਾਹ ਜੀ ਦੇ ਧੋਬੜੀ ਸਾਹਿਬ ਆਉਣ ਦੇ ਇਤਿਹਾਸ ਦੀ ਸੰਗਤਾਂ ਨਾਲ ਸਾਂਝ ਪਾਈ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਸ ਅਸਥਾਨ 'ਤੇ ਨੌਵੇਂ ਪਾਤਸ਼ਾਹ ਨੇ ਦੋ ਰਾਜਿਆਂ ਦੀ ਆਪਸੀ ਸੁਲਾਹ ਕਰਵਾ ਕੇ ਸ਼ਾਂਤੀ ਤੇ ਸਦਭਾਵਨਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਇਹ ਸੰਦੇਸ਼ ਸਾਡੇ ਲਈ ਅੱਜ ਵੀ ਵੱਡੀ ਪ੍ਰੇਰਨਾ ਹੈ, ਜਿਸ ਨੂੰ ਸੇਧ ਲੈ ਕੇ ਪੰਥਕ ਮਾਮਲਿਆਂ ਦੇ ਹੱਲ ਅਤੇ ਕੌਮੀ ਏਕਤਾ ਲਈ ਇਕਜੁੱਟ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਧਰਮ ਨੂੰ ਬਚਾਉਣ ਲਈ ਆਪਣੀ ਸ਼ਹਾਦਤ ਦਿੱਤੀ ਅਤੇ ਇਸੇ ਸ਼ਹਾਦਤ ਕਰਕੇ ਹੀ ਅੱਜ ਹਿੰਦੋਸਤਾਨ ਦੇ ਲੋਕ ਧਾਰਮਿਕ ਅਜ਼ਾਦੀ ਮਾਣ ਰਹੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਰਕਾਰਾਂ ਨੂੰ ਵੀ ਅਪੀਲ ਕੀਤੀ ਕਿ ਇਸ ਇਤਿਹਾਸਕ ਮੌਕੇ 'ਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰਨ। ਉਨ੍ਹਾਂ ਸਹਿਯੋਗ ਦੇਣ ਲਈ ਸਿੱਖ ਜਥੇਬੰਦੀਆਂ ਦੇ ਆਗੂਆਂ ਦਾ ਧੰਨਵਾਦ ਵੀ ਕੀਤਾ।

ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਦੋਂ ਔਰੰਗਜ਼ੇਬ ਦੀ ਤਲਵਾਰ ਹਿੰਦੂਆਂ ਦੇ ਜ਼ਬਰੀ ਜਨੇਊ ਲਾਹ ਰਹੀ ਸੀ ਤਾਂ ਉਸ ਵੇਲੇ ਨੌਵੇਂ ਪਾਤਸ਼ਾਹ ਜੀ ਨੇ ਸ਼ਹਾਦਤ ਦੇ ਕੇ ਇਸ ਜ਼ੁਲਮ ਨੂੰ ਠੱਲ੍ਹ ਪਾਈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਆਪਸੀ ਵਖਰੇਵੇਂ ਭੁਲਾ ਕੇ ਏਕੇ ਦਾ ਸੰਦੇਸ਼ ਦਈਏ। ਉਨ੍ਹਾਂ ਸੰਗਤਾਂ ਨੂੰ ਸ਼ਤਾਬਦੀ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਸ਼ਮੂਲੀਅਤ ਦੀ ਪ੍ਰੇਰਨਾ ਵੀ ਕੀਤੀ।

ਇਸ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਨੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਹ ਇਤਿਹਾਸਕ ਨਗਰ ਕੀਰਤਨ ਪੂਰੇ ਦੇਸ਼ ਅੰਦਰ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਪ੍ਰਚਾਰਨ ਦਾ ਕੰਮ ਕਰੇਗਾ। ਉਨ੍ਹਾਂ ਨਿਹੰਗ ਜਥੇਬੰਦੀਆਂ ਵੱਲੋਂ ਸ਼ਤਾਬਦੀ ਸਮਾਗਮਾਂ ਸਮੇਂ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਵੀ ਦਿੱਤਾ।

ਨਗਰ ਕੀਰਤਨ ਦੌਰਾਨ ਵਿਸ਼ੇਸ਼ ਬੱਸ ਰਾਹੀਂ ਗੁਰੂ ਸਾਹਿਬਾਨ ਦੇ ਇਤਿਹਾਸਕ ਸ਼ਸਤਰਾਂ ਦੇ ਦਰਸ਼ਨ ਵੀ ਕਰਵਾਏ ਗਏ। ਇਸ ਦੇ ਨਾਲ ਹੀ ਵੱਡ ਅਕਾਰੀ ਸਕਰੀਨਾਂ 'ਤੇ ਗੁਰੂ ਸਾਹਿਬ ਨਾਲ ਸੰਬੰਧਿਤ ਪਾਵਨ ਅਸਥਾਨਾਂ ਅਤੇ ਇਤਿਹਾਸ ਬਾਰੇ ਦਸਤਾਵੇਜ਼ੀ ਵੀਡੀਓ ਵੀ ਦਿਖਾਈਆਂ ਜਾ ਰਹੀਆਂ ਹਨ, ਜਿਸ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਹੈ। ਅੱਜ ਇਹ ਨਗਰ ਕੀਰਤਨ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਸਿੰਘ ਸਭਾ ਸਿਲੀਗੁੜੀ ਪਹੁੰਚ ਕੇ ਰਾਤ ਦਾ ਵਿਸ਼ਰਾਮ ਕਰੇਗਾ, ਜਿਥੋਂ ਕਲਕੱਤੇ ਲਈ ਰਵਾਨਾ ਹੋਵੇਗਾ।

ਨਗਰ ਕੀਰਤਨ ਦੀ ਆਰੰਭਤਾ ਮੌਕੇ ਅਸਾਮ ਦੇ ਮੰਤਰੀ ਸੁਖਵਿੰਦਰ ਸਿੰਘ ਭੂਈ ਵਾਲੇ, ਜ਼ਿਲ੍ਹਾ ਧੋਬੜੀ ਦੇ ਡਿਪਟੀ ਕਮਿਸ਼ਨਰ ਸ੍ਰੀ ਦੀਵਾਕਰ ਨਾਥ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਬਿਜੈ ਸਿੰਘ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਰਾਮ ਸਿੰਘ ਰਾਠੌਰ ਮੁੰਬਈ, ਸਥਾਨਕ ਸਿੱਖ ਆਗੂ ਸ. ਹਰਚਰਨ ਸਿੰਘ ਬਾਵਾ, ਸ. ਚਰਨਜੀਤ ਸਿੰਘ ਗਾਂਧੀ, ਸ. ਰਵਿੰਦਰ ਸਿੰਘ ਓਬਰਾਏ, ਸ. ਤੇਜਪਾਲ ਸਿੰਘ, ਪ੍ਰਬੰਧਕ ਕਮੇਟੀ ਗੁਰਦੁਆਰਾ ਧੋਬੜੀ ਸਾਹਿਬ ਦੇ ਪ੍ਰਧਾਨ ਸ. ਦਲਜੀਤ ਸਿੰਘ ਸੇਠੀ, ਸਕੱਤਰ ਸ. ਭੁਪਿੰਦਰ ਸਿੰਘ, ਸ. ਰਵਿੰਦਰਪਾਲ ਸਿੰਘ, ਸ. ਭੁਪਿੰਦਰਪਾਲ ਸਿੰਘ, ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਮੈਨੇਜਰ ਸ. ਸਤਿੰਦਰ ਸਿੰਘ, ਬਾਬਾ ਸੁਖਜੀਤ ਸਿੰਘ ਘਨੋਲਾ, ਸ. ਜਸਕਰਨ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਆਦਿ ਹਾਜ਼ਰ ਸਨ।

## 12 ਤੇ 28 ਫ਼ੀਸਦੀ ਸਲੈਬ ਖ਼ਤਮ

ਅਗਵਾਈ ਵਾਲੇ ਮੰਤਰੀਆਂ ਦੇ ਇਸ ਛੇ ਮੈਂਬਰੀ ਸਮੂਹ ਨੇ ਫੈਸਲਾ ਕੀਤਾ ਹੈ ਕਿ ਜੀ.ਐਸ.ਟੀ. ਦਰਾਂ ਨੂੰ ਸਿਰਫ ਦੋ ਸਲੈਬਾਂ ਵਿੱਚ ਵੰਡਿਆ ਜਾਵੇਗਾ। ਇਸ ਵਿੱਚ, ਚੰਗੀਆਂ ਅਤੇ ਜ਼ਰੂਰੀ ਵਸਤੂਆਂ 'ਤੇ 5 ਫੀਸਦੀ ਦੀ ਦਰ ਲਾਗੂ ਹੋਵੇਗੀ, ਜਦੋਂ ਕਿ ਜ਼ਿਆਦਾਤਰ ਮਿਆਰੀ ਵਸਤੂਆਂ ਅਤੇ ਸੇਵਾਵਾਂ 'ਤੇ 18 ਫੀਸਦੀ ਟੈਕਸ ਲਗਾਇਆ ਜਾਵੇਗਾ। ਇਸ ਤੋਂ ਇਲਾਵਾ ਲਗਜ਼ਰੀ ਵਸਤੂਆਂ 40 ਫੀਸਦੀ ਸਲੈਬ ਵਿੱਚ ਹੋਣਗੀਆਂ। ਇਸ ਫੈਸਲੇ ਤੋਂ ਬਾਅਦ ਲਗਭਗ 99 ਫੀਸਦੀ ਵਸਤੂਆਂ ਜੋ ਪਹਿਲਾਂ 12 ਫੀਸਦੀ ਦੀ ਦਰ ਨਾਲ ਸਨ, ਹੁਣ 5 ਫੀਸਦੀ ਦੇ ਸਲੈਬ ਵਿੱਚ ਆਉਣਗੀਆਂ। ਇਸ ਦੇ ਨਾਲ ਹੀ ਲਗਭਗ 90 ਫੀਸਦੀ ਵਸਤੂਆਂ ਜੋ ਪਹਿਲਾਂ 28 ਫੀਸਦੀ ਸਲੈਬ ਵਿੱਚ ਸਨ, ਨੂੰ 18 ਫੀਸਦੀ ਦੀ ਦਰ ਨਾਲ ਰੱਖਿਆ ਜਾਵੇਗਾ। ਇਸ ਨਾਲ ਟੈਕਸ ਪ੍ਰਣਾਲੀ ਹੋਰ ਸਰਲ ਅਤੇ ਸਪੱਸ਼ਟ ਹੋ ਜਾਵੇਗੀ, ਜਿਸ ਨਾਲ ਆਮ ਲੋਕਾਂ ਦੇ ਨਾਲ-ਨਾਲ ਵਪਾਰੀਆਂ ਨੂੰ ਵੀ ਫਾਇਦਾ ਹੋਵੇਗਾ। ਮੰਤਰੀ ਸਮੂਹ ਨੇ ਇਹ ਵੀ ਸੁਝਾਅ ਦਿੱਤਾ ਹੈ ਕਿ ਲਗਜ਼ਰੀ ਕਾਰਾਂ 'ਤੇ 40 ਫੀਸਦੀ ਦੀ ਦਰ ਨਾਲ ਟੈਕਸ ਲਗਾਇਆ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ ਕੁਝ ਨੁਕਸਾਨਦੇਹ ਵਸਤੂਆਂ ਨੂੰ ਵੀ ਇਸ ਸਲੈਬ ਵਿੱਚ ਰੱਖਿਆ ਜਾਵੇਗਾ। ਮੰਤਰੀ ਸਮੂਹ ਵਿੱਚ ਸ਼ਾਮਲ ਉੱਤਰ ਪ੍ਰਦੇਸ਼, ਰਾਜਸਥਾਨ, ਪੱਛਮੀ ਬੰਗਾਲ, ਕਰਨਾਟਕ ਅਤੇ ਕੇਰਲ ਦੇ ਵਿੱਤ ਮੰਤਰੀਆਂ ਨੇ ਵੀ ਇਸ ਪ੍ਰਸਤਾਵ ਦਾ ਸਮਰਥਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਟੈਕਸ ਪ੍ਰਣਾਲੀ ਵਿੱਚ ਪਾਰਦਰਸ਼ਿਤਾ ਆਵੇਗੀ ਅਤੇ ਟੈਕਸਦਾਤਾਵਾਂ ਦੀ ਗਿਣਤੀ ਵਧੇਗੀ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਇਸ ਮੀਟਿੰਗ ਵਿੱਚ ਕਿਹਾ ਕਿ ਟੈਕਸ ਦਰਾਂ ਵਿੱਚ ਕਟੌਤੀ ਦਾ ਲਾਭ ਆਮ ਜਨਤਾ ਨੂੰ ਮਿਲਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਇਹ ਨਵੀਂ ਪ੍ਰਣਾਲੀ ਟੈਕਸ ਪ੍ਰਣਾਲੀ ਨੂੰ ਸਰਲ ਅਤੇ ਪਾਰਦਰਸ਼ੀ ਬਣਾਏਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਨਾਲ ਕਈ ਵਸਤੂਆਂ 'ਤੇ ਟੈਕਸ ਦਰ ਘਟੇਗੀ, ਜਿਸ ਨਾਲ ਵਸਤੂਆਂ ਦੀਆਂ ਕੀਮਤਾਂ ਘਟਣਗੀਆਂ ਅਤੇ ਖਪਤਕਾਰਾਂ ਨੂੰ ਰਾਹਤ ਮਿਲੇਗੀ।

## ਪੰਜਾਬ ਨੂੰ ਕੇਂਦਰ ਜੀ.ਐਸ.ਟੀ ਕਾਰਨ ਹੋਏ

ਅਗਵਾਈ ਵਾਲੀ ਸਰਕਾਰ ਵੱਲੋਂ ਇੱਕ ਰਾਸ਼ਟਰ-ਇਕ ਕਰ ਫਾਰਮੂਲੇ ਤਹਿਤ ਵਸਤੂ ਤੇ ਸੇਵਾਵਾਂ ਕਰ (ਜੀ.ਐਸ.ਟੀ) ਲਾਗੂ ਕੀਤੇ ਜਾਣ ਉਪਰੰਤ ਪੰਜਾਬ ਦਾ ਕੁੱਲ 1,11,045 ਕਰੋੜ ਦਾ ਵਿੱਤੀ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਲਗਭਗ 60 ਹਜ਼ਾਰ ਕਰੋੜ ਰੁਪਏ ਕੇਂਦਰ ਵੱਲੋਂ ਮੁਆਵਜ਼ੇ ਵਜੋਂ ਦਿੱਤੇ ਜਾਣ ਬਾਅਦ ਵੀ 50 ਹਜ਼ਾਰ ਕਰੋੜ ਪੰਜਾਬ ਦੇ ਕੇਂਦਰ ਵੱਲ ਬਕਾਇਆ ਪਏ ਹਨ। ਉਨ੍ਹਾਂ ਕਿਹਾ ਕਿ ਜੀ.ਐਸ.ਟੀ ਲਾਗੂ ਹੋਣ ਤੋਂ ਬਾਅਦ ਕੇਂਦਰ ਸਰਕਾਰ ਨੇ ਸੂਬਿਆਂ ਦੇ ਵਿੱਤੀ ਘਾਟੇ ਬਦਲੇ 5 ਸਾਲ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਸੀ। ਉਨ੍ਹਾਂ ਕਿਹਾ ਕਿ ਹੁਣ ਕੇਂਦਰ ਵੱਲੋਂ ਇਹ ਮੁਆਵਜ਼ਾ ਬੰਦ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਜੀ.ਐਸ.ਟੀ ਰੇਟਾਂ ਨੂੰ ਤਰਕਸੰਗਤ ਬਣਾਉਣ ਦੇ ਖਿਲਾਫ ਨਹੀਂ ਹੈ ਪਰ ਸਾਡਾ ਇਹ ਕਹਿ ਹੈ ਕਿ ਇਸ ਨਾਲ ਸੂਬਿਆਂ ਨੂੰ ਹੋਣ ਵਾਲੇ ਵਿੱਤੀ ਨੁਕਸਾਨ ਦੀ ਭਰਪਾਈ ਦਾ ਵਿਸ਼ਵਾਸ਼ ਜ਼ਰੂਰ ਦਿੱਤਾ ਜਾਵੇ।

ਉਨ੍ਹਾਂ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਸੂਬਿਆਂ ਦੀ ਵਿੱਤੀ ਵਿਵਸਥਾ ਨੂੰ ਲਗਾਤਾਰ ਤਬਾਹ ਕੀਤਾ ਜਾ ਰਿਹਾ ਹੈ ਜੋ ਮੁਲਕ ਦੇ ਸੰਘੀ ਢਾਂਚੇ 'ਤੇ ਵੱਡਾ ਹਮਲਾ ਹੈ। ਚੀਮਾ ਨੇ ਕਿਹਾ ਕਿ ਹੁਣ ਕੇਂਦਰ ਸਰਕਾਰ ਪੰਜਾਬ ਦੇ ਫੰਡ ਵੀ ਜਾਰੀ ਕਰਨ ਤੋਂ ਭੱਜ ਰਹੀ ਹੈ। ਉਨ੍ਹਾਂ ਕਿਹਾ ਕਿ ਜੀ.ਐਸ.ਟੀ ਤੋਂ ਇਲਾਵਾ ਵੀ ਪੇਂਡੂ ਵਿਕਾਸ ਫੰਡ ਦੇ 8000 ਕਰੋੜ ਅਤੇ ਪ੍ਰਧਾਨ ਮੰਤਰੀ ਸੜਕ ਯੋਜਨਾ ਦੇ ਲਗਭਗ 1000 ਕਰੋੜ 'ਤੇ ਰੋਕ ਲਗਾਈ ਹੋਈ ਹੈ ਅਤੇ ਪੰਜਾਬ ਨੂੰ ਬਣਦੇ ਫੰਡ ਵੀ ਜਾਰੀ ਨਹੀਂ ਕੀਤੇ ਜਾ ਰਹੇ। ਉਨ੍ਹਾਂ ਕਿਹਾ ਕਿ ਜੀ.ਐਸ.ਟੀ ਲਾਗੂ ਕਰਨ ਵੇਲੇ ਸਾਰੇ ਰਾਜਾਂ ਸਹਿਮਤੀ ਦੇ ਕੇ ਮੁਲਕ ਨਾਲ ਖੜ੍ਹੇ ਸਨ। ਪਰ ਅੱਜ ਜਦੋਂ ਸੂਬਿਆਂ ਨੂੰ ਵਿੱਤੀ ਨੁਕਸਾਨ ਦੀ ਭਰਪਾਈ ਦਾ ਮੁੱਦਾ ਉੱਠਦਾ ਹੈ ਤਾਂ ਕੇਂਦਰ ਵੱਲੋਂ ਅੱਖਾਂ ਫੇਰ ਲਈਆਂ ਜਾਂਦੀਆਂ ਹਨ।

ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਹੁਣ ਤੱਕ 27 ਵਾਰ ਜੀ.ਐਸ.ਟੀ ਵਿੱਚ ਸੋਧਾਂ ਕੀਤੀਆਂ ਹਨ ਜਿਸ ਤੋਂ 15 ਵਾਰੀ ਦਰਾਂ ਵਿਚ ਘਾਟਾ-ਵਾਧਾ ਕੀਤਾ ਹੈ ਅਤੇ ਹੁਣ ਮੁੜ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ 5 ਫੀਸਦ ਅਤੇ 18 ਫੀਸਦ ਦੀਆਂ ਦੋ ਟੈਕਸ ਦਰਾਂ ਲਾਗੂ ਕੀਤੇ ਜਾਣ ਦੇ ਪ੍ਰਸਤਾਵ ਦਾ ਐਲਾਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜੀ.ਐਸ.ਟੀ ਦੀਆਂ ਨਵੀਆਂ ਤਬਦੀਲੀਆਂ ਲਾਗੂ ਹੋਣ ਦੀ ਸੂਰਤ ਵਿਚ ਵੀ ਰਾਜਾਂ ਦੇ ਵਿੱਤੀ ਨੁਕਸਾਨ ਦੀ ਭਰਪਾਈ ਦੀ ਜਿੰਮੇਵਾਰੀ ਕੇਂਦਰ ਸਰਕਾਰ ਨੂੰ ਚੁੱਕਣੀ ਚਾਹੀਦੀ ਹੈ।

ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਸਖ਼ਤ ਅਲੋਚਨਾ ਕਰਦਿਆਂ ਉਹਨਾਂ ਕਿਹਾ ਕਿ ਇਹ ਸਰਕਾਰ ਬਿਨਾਂ ਮੁਕੰਮਲ ਹੱਲ ਲੱਭੇ ਜੀ.ਐਸ.ਟੀ ਪ੍ਰਣਾਲੀ ਵਿੱਚ ਲਗਾਤਾਰ ਬਦਲਾਅ ਕਰ ਰਹੀ ਹੈ ਜਿਸ ਸਦਕਾ ਕਰਦਾਤਾ ਖੁਆਰ ਹੋ ਰਹੇ ਹਨ ਅਤੇ ਮੁਲਕ ਦਾ ਵਿੱਤੀ ਢਾਂਚਾ ਟੁੱਟ ਰਿਹਾ ਹੈ। ਉਹਨਾਂ ਕਿਹਾ ਕਿ ਹਾਲ ਹੀ ਵਿੱਚ ਹੋਈ ਮੀਟਿੰਗ ਦੌਰਾਨ ਕੇਂਦਰ ਨੇ ਦੱਸਿਆ ਕਿ 31 ਅਕਤੂਬਰ ਤੱਕ ਕਰਜ਼ ਅਦਾਇਗੀ ਖ਼ਤਮ ਹੋ ਜਾਵੇਗੀ ਅਤੇ ਸਿਨ ਟੈਕਸ ਜੋ ਸੂਬਿਆਂ ਦੇ ਮੁਆਵਜ਼ੇ ਲਈ ਲਗਾਇਆ ਗਿਆ ਸੀ ਵੀ ਬੰਦ ਕਰ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਜੀ.ਐਸ.ਟੀ ਦੀ ਦਰ ਤਰਕਸੰਗਤਾ ਵਿਚ ਗੈਰ-ਜਿੰਮੇਵਾਰੀ ਵਾਲੀ ਹੈ। ਉਨ੍ਹਾਂ ਉਦਾਹਰਣ ਦਿੱਤੀ ਕਿ ਇਕ ਪਾਸੇ ਤਾਂ ਸਿਹਤ ਅਤੇ ਬੀਮਾਂ 'ਤੇ ਜੀ.ਐਸ.ਟੀ ਦੀ ਛੋਟ ਦਿੱਤੀ ਜਾ ਰਹੀ ਹੈ ਅਤੇ ਦੂਜੇ ਪਾਸੇ ਕੋਕ ਤੰਬਾਕੂ 'ਤੇ ਪਹਿਲਾਂ ਸਿਨ ਟੈਕਸ 100 ਫੀਸਦ ਦੇ ਕਰੀਬ ਸੀ ਜੋ ਹੁਣ ਘਟਾ ਕੇ 40 ਫੀਸਦ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਸਮਾਜ ਲਈ ਹਾਨੀਕਾਰਕ ਵਸਤਾਂ 'ਤੇ ਸਿਨ ਟੈਕਸ ਘਟਾਉਣਾ ਆਪਣੇ ਆਪ ਵਿਚ ਸਮਾਜ ਵਿਰੋਧੀ ਕਦਮ ਹੈ।

## ਹੁਣ ਪੰਜਾਬ 'ਚ 112 ਡਾਇਲ ਕਰਕੇ ਕੀਤੀ ਜਾ ਸਕਦੀ ਹੈ ਆਨਲਾਈਨ

ਏਕੀਕ੍ਰਿਤ ਕਰਕੇ ਹੁਣ ਡਾਇਲ 112 ਨਾਲ ਜੋੜ ਦਿੱਤਾ ਹੈ। ਪੰਜਾਬ ਦੀ ਇਸ ਏਕੀਕ੍ਰਿਤ ਐਮਰਜੈਂਸੀ ਪ੍ਰਤੀਕਿਰਿਆ ਪ੍ਰਣਾਲੀ ਰਾਹੀਂ ਹੁਣ ਨਾਗਰਿਕ ਹਾਈਵੇ ਹਾਦਸਿਆਂ ਅਤੇ ਹੋਰ ਵਾਰਦਾਤਾਂ ਸਬੰਧੀ ਹੋਰ ਦਿੱਕਤਾਂ ਦੇ ਨਾਲ-ਨਾਲ ਵਿੱਤੀ ਧੋਖਾਧੜੀ ਅਤੇ ਸਾਈਬਰ ਅਪਰਾਧਾਂ ਦੀ ਰਿਪੋਰਟ ਹੁਣ ਸਿਰਫ 112 ਡਾਇਲ ਕਰਕੇ ਕਰ ਸਕਦੇ ਹਨ।

ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ਹੇਠ ਲਾਗੂ ਕੀਤੀ ਗਈ ਇਹ ਪਹਿਲਕਦਮੀ, ਇੱਕ ਸਿੰਗਲ-ਵਿੰਡੋ ਪਲੇਟਫਾਰਮ ਤਹਿਤ ਕਈ ਮਹੱਤਵਪੂਰਨ ਸੇਵਾਵਾਂ ਪ੍ਰਦਾਨ ਕਰਦੀ ਹੈ ਅਤੇ ਫੌਰੀ ਸਹਾਇਤਾ ਉਪਲਬੱਧ ਕਰਵਾਉਣ ਲਈ ਆਸਾਨ ਪਹੁੰਚ ਨੂੰ ਯਕੀਨੀ ਬਣਾਉਂਦੀ ਹੈ। ਜ਼ਿਕਰਯੋਗ ਹੈ ਕਿ ਪਹਿਲਾਂ ਨਾਗਰਿਕਾਂ ਨੂੰ ਧੋਖਾਧੜੀ ਜਾਂ ਸੜਕ ਹਾਦਸੇ ਦੀ ਰਿਪੋਰਟ ਕਰਨ ਲਈ ਵੱਖਰੇ ਹੈਲਪਲਾਈਨ ਨੰਬਰਾਂ 'ਤੇ ਕਾਲ ਕਰਨੀ ਪੈਂਦੀ ਸੀ, ਜਿਸ ਨਾਲ ਉਨ੍ਹਾਂ ਨੂੰ ਕਈ ਵੱਖ-ਵੱਖ ਹੈਲਪਲਾਈਨ ਨੰਬਰ ਯਾਦ ਰੱਖਣਾ ਔਖਾ ਸੀ। ਹੁਣ ਤੱਕ 112 ਹੈਲਪਲਾਈਨ ਦੀ ਵਰਤੋਂ ਸਿਰਫ਼ ਰਾਜ ਭਰ ਵਿੱਚ ਹੋ ਰਹੇ ਵੱਖ-ਵੱਖ ਅਪਰਾਧਾਂ ਦੀ ਰਿਪੋਰਟ ਕਰਨ ਲਈ ਕੀਤੀ ਜਾਂਦੀ ਸੀ।

ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਕਿਹਾ, "ਹੁਣ, ਭਾਵੇਂ ਤੁਸੀਂ ਹਾਈਵੇ 'ਤੇ ਕਿਸੇ ਮੁਸ਼ਕਿਲ ਵਿੱਚ ਫਸੇ ਹੋਏ ਹੋ ਜਾਂ ਸਾਈਬਰ ਧੋਖਾਧੜੀ ਦਾ ਸ਼ਿਕਾਰ ਹੋ, ਸਿਰਫ 112 'ਤੇ ਇੱਕ ਕਾਲ ਨਾਲ ਹੀ ਤੁਹਾਡਾ ਮਸਲਾ ਹੱਲ ਹੋ ਜਾਵੇਗਾ।

ਸਪੈਸ਼ਲ ਡੀਜੀਪੀ , ਜੋ ਡਾਇਲ 112 ਦੀ ਸਿੱਧੀ ਨਿਗਰਾਨੀ ਕਰ ਰਹੇ ਹਨ, ਨੇ ਕਿਹਾ ਕਿ ਇਸ ਉਪਰਾਲੇ ਨਾਲ ਤੁਹਾਡੇ ਕੇਸ 'ਤੇ ਤੁਰੰਤ ਕਾਰਵਾਈ ਸ਼ੁਰੂ ਹੋ ਜਾਵੇਗੀ, ਡੁਪਲੀਕੇਸ਼ਨ ਅਤੇ ਦੇਰੀ ਬਹੁਤ ਹੱਦ ਤੱਕ ਖ਼ਤਮ ਹੋ ਜਾਵੇਗੀ।

ਉਨ੍ਹਾਂ ਦੱਸਿਆ ਕਿ 112 ਜਾਂ 1033 'ਤੇ ਕਾਲ ਕਰਕੇ ਸੜਕ ਦੁਰਘਟਨਾ ਦੀ ਸੂਚਨਾ ਮਿਲਣ ਉਪਰੰਤ ਹੁਣ ਪੁਲਿਸ ਅਤੇ ਐਂਬੂਲੈਂਸ ਵੀ ਹਾਈਵੇਅ ਡਿਸਟ੍ਰੈਸ ਕਾਲਾਂ ਨੂੰ ਸੁਣੀਆਂ ਜਾਣਗੀਆਂ ਦੋਵਾਂ ਨਾਲ ਜੁੜ ਦਿੱਤੀਆਂ ਗਈਆਂ ਹਨ ਤਾਂ ਜੋ ਤੁਰੰਤ ਕਾਰਵਾਈ ਯਕੀਨੀ ਬਣਾਈ ਜਾ ਸਕੇ। ਇਸ ਤੋਂ ਇਲਾਵਾ, ਸਾਈਬਰ ਅਪਰਾਧ ਦੇ ਪੀੜਤ 112 ਜਾਂ 1930 'ਤੇ ਡਾਇਲ ਕਰ ਸਕਦੇ ਹਨ, ਜਿੱਥੇ ਡਾਇਲ 112 ਕੰਟਰੋਲ ਰੂਮ 'ਤੇ ਤਾਇਨਾਤ ਵਿਸ਼ੇਸ਼ ਤੌਰ 'ਤੇ ਸਿਖਲਾਈ ਪ੍ਰਾਪਤ ਸਾਈਬਰ ਡਿਸਪੈਚਰ ਦੁਆਰਾ ਉਨ੍ਹਾਂ ਦੀਆਂ ਸ਼ਿਕਾਇਤਾਂ ਸਿੱਧੇ ਤੌਰ 'ਤੇ ਰਾਸ਼ਟਰੀ ਸਾਈਬਰ ਅਪਰਾਧ ਪੋਰਟਲ ਵਿੱਚ ਦਰਜ ਕੀਤੀਆਂ ਜਾਂਦੀਆਂ ਹਨ।

ਡਾਇਲ 112 ਨੂੰ ਪੰਜਾਬ ਦੇ ਐਮਰਜੈਂਸੀ ਪ੍ਰਤੀਕਿਰਿਆ ਦਾ ਧੁਰਾ ਦੱਸਦੇ ਹੋਏ, ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਇਸ ਏਕੀਕਰਨ ਨੇ ਇਸ ਸਹੂਲਤ ਨੂੰ ਸੱਚਮੁੱਚ ਏਕੀਕ੍ਰਿਤ ਪਲੇਟਫਾਰਮ ਵਿੱਚ ਬਦਲ ਦਿੱਤਾ ਹੈ, ਜੋ ਪੁਲਿਸ, ਫਾਇਰ, ਐਂਬੂਲੈਂਸ, ਆਫ਼ਤ, ਹਾਈਵੇਅ ਸੁਰੱਖਿਆ ਅਤੇ ਸਾਈਬਰ ਅਪਰਾਧ ਨੂੰ ਇੱਕੋ ਥਾਂ 'ਤੇ ਕਵਰ ਕਰਦਾ ਹੈ। ਉਨ੍ਹਾਂ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਇਸ ਪ੍ਰਣਾਲੀ ਨੂੰ 257 ਐਮਰਜੈਂਸੀ ਰਿਸਪਾਂਸ ਵਾਹਨ (ਈਆਰਵੀ) ਅਤੇ 144 ਸਮਰਪਿਤ ਸੜਕ ਸੁਰੱਖਿਆ ਫੋਰਸ (ਐਸਐਸਐਫ) ਵਾਹਨਾਂ ਦੁਆਰਾ ਸਮਰਥਤ ਕੀਤਾ ਗਿਆ ਹੈ, ਜੋ ਰਾਜ ਭਰ ਵਿੱਚ ਹਾਈਵੇ 'ਤੇ ਮੁਸਤੈਦ ਅਤੇ ਫੌਰੀ ਸਹਾਇਤਾ ਪ੍ਰਦਾਨ ਕਰਨ ਲਈ ਤਾਇਨਾਤ ਹਨ।

ਉਨ੍ਹਾਂ ਅੱਗੇ ਕਿਹਾ ਕਿ ਡੀਜੀਪੀ ਪੰਜਾਬ ਗੌਰਵ ਯਾਦਵ ਦੀ ਸਿੱਧੀ ਨਿਗਰਾਨੀ ਹੇਠ, ਅਸੀਂ ਅਗਲੀ ਪੀੜ੍ਹੀ ਦੀ ਤਕਨਾਲੋਜੀ ਅਤੇ ਏਕੀਕਰਨ ਨਾਲ ਡਾਇਲ 112 ਨੂੰ ਲਗਾਤਾਰ ਮਜ਼ਬੂਤ ਕਰਨ ਲਈ ਵਚਨਬੱਧ ਹਾਂ। ਇਹ ਕਦਮ ਨਾਗਰਿਕਾਂ ਦੀ ਮਹੱਤਵਪੂਰਨ ਸੇਵਾਵਾਂ ਤੱਕ ਪਹੁੰਚ ਵਧਾਉਣ ਦੇ ਨਾਲ-ਨਾਲ ਵਿਸ਼ੇਸ਼ ਤੌਰ 'ਤੇ ਹਾਈਵੇਅ ਅਤੇ ਸਾਈਬਰ ਅਪਰਾਧ ਸਬੰਧੀ ਮਾਮਲਿਆਂ ਵਿੱਚ ਪ੍ਰਤੀਕਿਰਿਆ ਸਮੇਂ ਨੂੰ ਘਟਾਉਣ ਵਿੱਚ ਇੱਕ ਵੱਡੀ ਪੁਲਾਂਘ ਹੈ।

ਵਿਸ਼ੇਸ਼ ਡੀਜੀਪੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਇਸ ਸੇਵਾ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਹੈ, ਨਵੇਂ ਈਆਰਵੀਜ਼ ਲਈ 100 ਕਰੋੜ ਅਤੇ ਡਾਇਲ 112 ਹੈੱਡਕੁਆਰਟਰ ਇਮਾਰਤ ਲਈ 53 ਕਰੋੜ ਦਾ ਬਜਟ ਮਨਜ਼ੂਰ ਕੀਤਾ ਹੈ, ਜਿਸ ਨਾਲ ਦੇਸ਼ ਦੇ ਸਭ ਤੋਂ ਉੱਨਤ ਅਤੇ ਨਾਗਰਿਕ-ਕੇਂਦ੍ਰਿਤ ਐਮਰਜੈਂਸੀ ਪ੍ਰਤੀਕਿਰਿਆ ਪ੍ਰਣਾਲੀ ਲਈ ਰਾਹ ਪੱਧਰਾ ਹੋਇਆ ਹੈ।

## ਪੰਜਾਬ 'ਚ ਅੱਜ ਮੀਂਹ ਦੀ

ਫਾਜ਼ਿਲਕਾ ਦੇ ਮੋਹਰ ਜਮਸ਼ੇਰ, ਦੋਨਾ ਨਾਨਕਾ ਅਤੇ ਤੇਜਾ ਰੋਹਿਲਾ ਪਿੰਡਾਂ ਵਿੱਚ ਵੀ ਖੇਤ ਡੁੱਬ ਗਏ ਹਨ। ਹੜ੍ਹਾਂ ਕਾਰਨ ਕਈ ਥਾਵਾਂ 'ਤੇ ਸੜਕਾਂ ਦੀ ਨਿਕਾਸੀ ਨੂੰ ਨੁਕਸਾਨ ਪਹੁੰਚਿਆ ਹੈ।

ਗੁਆਂਢੀ ਰਾਜ ਹਿਮਾਚਲ ਪ੍ਰਦੇਸ਼ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਕਾਰਨ ਡੈਮਾਂ ਦਾ ਪਾਣੀ ਦਾ ਪੱਧਰ ਤੇਜ਼ੀ ਨਾਲ ਵੱਧ ਰਿਹਾ ਹੈ। ਪੌਂਗ ਡੈਮ ਇਸ ਸਮੇਂ ਖ਼ਤਰੇ ਦੇ ਨਿਸ਼ਾਨ ਤੋਂ ਉੱਪਰ ਵਹਿ ਰਿਹਾ ਹੈ, ਜਿਸ ਕਾਰਨ ਡੈਮ ਤੋਂ ਲਗਾਤਾਰ ਪਾਣੀ ਛੱਡਿਆ ਜਾ ਰਿਹਾ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਪਾਣੀ ਦੇ ਡਿਸਚਾਰਜ ਅਤੇ ਪ੍ਰਵਾਹ ਨੂੰ ਵਿਸ਼ੇਸ਼ ਯੋਜਨਾ ਤਹਿਤ ਰੱਖਿਆ ਗਿਆ ਹੈ, ਤਾਂ ਜੋ ਡੈਮ ਵਿੱਚ ਪਾਣੀ ਦੇ ਪੱਧਰ ਨੂੰ ਕੰਟਰੋਲ ਕੀਤਾ ਜਾ ਸਕੇ। ਪਰ ਸੁਲਤਾਨਪੁਰ ਲੋਧੀ ਵਿੱਚ ਸਥਿਤੀ ਵਿਗੜਦੀ ਜਾ ਰਹੀ ਹੈ। ਪਿਛਲੇ ਦਿਨ ਪੌਂਗ ਡੈਮ ਵਿੱਚ ਪਾਣੀ ਦਾ ਪੱਧਰ 1383.3 ਦਰਜ ਕੀਤਾ ਗਿਆ ਸੀ, ਜਦੋਂ ਕਿ ਡੈਮ ਤੋਂ ਡਿਸਚਾਰਜ ਅਤੇ ਪ੍ਰਵਾਹ 59835 ਕਿਊਸਿਕ ਸੀ।

ਪੌਂਗ ਡੈਮ ਦੇ ਵਧਦੇ ਪਾਣੀ ਦੇ ਪੱਧਰ ਨੂੰ ਦੇਖਦੇ ਹੋਏ ਹੁਸ਼ਿਆਰਪੁਰ ਵਿੱਚ ਅਲਰਟ ਜਾਰੀ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਹੁਸ਼ਿਆਰਪੁਰ ਪ੍ਰਸ਼ਾਸਨ ਪੌਂਗ ਡੈਮ ਦੀ ਸਥਿਤੀ 'ਤੇ ਲਗਾਤਾਰ ਨਜ਼ਰ ਰੱਖ ਰਿਹਾ ਹੈ। ਕੋਈ ਵੀ ਢਿੱਲ ਨਾ ਵਰਤਣ ਨੂੰ ਯਕੀਨੀ ਬਣਾਉਣ ਲਈ ਇੱਕ ਚੌਵੀ ਘੰਟੇ ਦੀ ਨਿਗਰਾਨੀ ਪ੍ਰਣਾਲੀ ਲਾਗੂ ਕੀਤੀ ਗਈ ਹੈ। ਲੋੜ ਪੈਣ 'ਤੇ ਤੁਰੰਤ ਮਦਦ ਯਕੀਨੀ ਬਣਾਉਣ ਲਈ ਕਮਜ਼ੋਰ ਪਿੰਡਾਂ ਵਿੱਚ ਅਧਿਕਾਰੀ ਤਾਇਨਾਤ ਕੀਤੇ ਗਏ ਹਨ।

ਡਿਪਟੀ ਕਮਿਸ਼ਨਰ ਨੇ ਨਾਗਰਿਕਾਂ ਨੂੰ ਭਰੋਸਾ ਦਿੱਤਾ ਹੈ ਕਿ ਉਨ੍ਹਾਂ ਦੀ ਸੁਰੱਖਿਆ, ਰਾਹਤ ਅਤੇ ਸੰਚਾਰ ਦੇ ਸਾਰੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਅਫਵਾਹਾਂ 'ਤੇ ਧਿਆਨ ਨਾ ਦੇਣ ਅਤੇ ਸਿਰਫ ਅਧਿਕਾਰਤ ਜਾਣਕਾਰੀ 'ਤੇ ਭਰੋਸਾ ਕਰਨ। ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ, ਜ਼ਿਲ੍ਹਾ ਕੰਟਰੋਲ ਰੂਮ (01882-220412) ਨਾਲ ਸੰਪਰਕ ਕੀਤਾ ਜਾ ਸਕਦਾ ਹੈ।

## ਕੇਂਦਰ ਵੱਲੋਂ ਟੀਮ ਇੰਡੀਆ ਨੂੰ ਏਸ਼ੀਆ ਕੱਪ 'ਚ ਪਾਕਿ ਨਾਲ

ਖਿਲਾਫ ਹੋਰ ਦੇਸ਼ ਵੀ ਮੈਚ ਖੇਡਣਗੇ। ਜ਼ਿਕਰਯੋਗ ਹੈ ਕਿ ਏਸ਼ੀਆ ਕੱਪ 9 ਸਤੰਬਰ ਤੋਂ ਸ਼ੁਰੂ ਹੋ ਰਿਹਾ ਹੈ ਤੇ ਏਸ਼ੀਆ ਕੱਪ ਵਿਚ ਭਾਰਤ ਤੇ ਪਾਕਿਸਤਾਨ ਦਰਮਿਆਨ ਮੈਚ ਖੇਡਿਆ ਜਾਵੇਗਾ। ਸਰਕਾਰ ਨੇ ਸਪੱਸ਼ਟ ਕੀਤਾ ਕਿ ਇਸ ਸਬੰਧੀ ਖੇਡ ਨੀਤੀ ਬਣਾਈ ਗਈ ਹੈ ਜਿਸ ਤਹਿਤ ਭਾਰਤ ਕੌਮਾਂਤਰੀ ਖੇਡ ਅਤੇ ਦੇਸ਼ਾਂ ਦੇ ਟੂਰਨਾਮੈਂਟ ਵਿਚ ਭਾਰਤੀ ਕੌਮਾਂਤਰੀ ਖੇਡ ਸੰਸਥਾਵਾਂ ਦੇ ਨਿਯਮਾਂ ਤੇ ਖਿਡਾਰੀਆਂ ਦੇ ਹਿੱਤਾਂ ਅਨੁਸਾਰ ਫੈਸਲਾ ਲੈ ਸਕਦਾ ਹੈ, ਭਾਵੇਂ ਇਹ ਟੂਰਨਾਮੈਂਟ ਦੇਸ਼ ਵਿਚ ਖੇਡੇ ਜਾਣ ਜਾਂ ਵਿਦੇਸ਼ ਵਿਚ। ਇਸ ਟੂਰਨਾਮੈਂਟ ਵਿਚ ਭਾਰਤ ਤੇ ਪਾਕਿਸਤਾਨ ਦਰਮਿਆਨ ਤਿੰਨ ਮੁਕਾਬਲੇ ਹੋ ਸਕਦੇ ਹਨ। ਦੋਵੇਂ ਦੇਸ਼ਾਂ ਦਰਮਿਆਨ ਪਹਿਲਾ ਮੁਕਾਬਲਾ 14 ਸਤੰਬਰ ਨੂੰ ਦੁਬਈ ਇੰਟਰਨੈਸ਼ਨਲ ਸਟੇਡੀਅਮ ਵਿਚ ਹੋਵੇਗਾ, ਜਦਕਿ ਦੋਵੇਂ ਟੀਮਾਂ ਵੱਲੋਂ ਬਿਹਤਰ ਪ੍ਰਦਰਸ਼ਨ ਕਰਨ ਬੈਂਚ ਦੇ ਨਾਲ ਅਗਲੇ ਗੇੜ ਦੇ ਮੁਕਾਬਲੇ ਵੀ ਹੋ ਸਕਦੇ ਹਨ।

## ਸੰਸਦ ਦੀ ਕਾਰਵਾਈ

ਮੰਗ ਕਰਦਿਆਂ ਰੋਜ਼ਾਨਾ ਕਾਰਵਾਈ ਵਿੱਚ ਵਿਘਨ ਪਾਇਆ। ਆਪਣੇ ਸਮਾਪਤੀ ਭਾਸ਼ਣ ਤੋਂ ਬਾਅਦ ਓਮ ਬਿਰਲਾ ਨੇ ਸਦਨ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ।

ਲੋਕ ਸਭਾ ਵਿੱਚ 14 ਸਰਕਾਰੀ ਬਿੱਲ ਪੇਸ਼ ਕੀਤੇ ਗਏ ਅਤੇ 12 ਬਿੱਲ ਬਿਨਾਂ ਚਰਚਾ ਜਾਂ ਸੰਖੇਪ ਚਰਚਾ ਦੇ ਪਾਸ ਕੀਤੇ ਗਏ। ਇਨ੍ਹਾਂ ਵਿੱਚ ਅਨੁਸੂਚਿਤ ਜਨਜਾਤੀਆਂ ਦੇ ਵਿਧਾਨ ਸਭਾ ਹਲਕਿਆਂ ਦੇ ਪੁਨਰਗਠਨ ਨਾਲ ਸਬੰਧਤ ਗੋਆ ਬਿੱਲ 2025, ਵਪਾਰੀ ਸ਼ਿਪਿੰਗ ਬਿੱਲ 2025, ਮਨੀਪੁਰ ਵਸਤੂਆਂ ਅਤੇ ਸੇਵਾਵਾਂ ਟੈਕਸ (ਸੋਧ) ਬਿੱਲ, 2025, ਮਨੀਪੁਰ ਨਿਯੋਜਨ (ਨੰਬਰ 2) ਬਿੱਲ 2025, ਰਾਸ਼ਟਰੀ ਖੇਡ ਪ੍ਰਸ਼ਾਸਨ ਬਿੱਲ 2025 ਅਤੇ ਰਾਸ਼ਟਰੀ ਡੋਪਿੰਗ ਵਿਰੋਧੀ (ਸੋਧ) ਬਿੱਲ 2025 ਸ਼ਾਮਲ ਹਨ। ਇਨ੍ਹਾਂ ਤੋਂ ਇਲਾਵਾ, ਆਮਦਨ ਟੈਕਸ ਬਿੱਲ 2025, ਟੈਕਸੇਸ਼ਨ ਕਾਨੂੰਨ (ਸੋਧ) ਬਿੱਲ 2025, ਭਾਰਤੀ ਬੰਦਰਗਾਹ ਬਿੱਲ 2025, ਖਣਿਜ ਅਤੇ ਖਣਿਜ ਵਿਕਾਸ (ਨਿਯਮ ਅਤੇ ਸੋਧ) ਬਿੱਲ 2025, ਭਾਰਤੀ ਪ੍ਰਬੰਧਨ ਸੰਸਥਾਨ (ਸੋਧ) ਬਿੱਲ 2025 ਅਤੇ ਆਨਲਾਈਨ ਖੇਡ ਪ੍ਰਮੋਸ਼ਨ ਅਤੇ ਨਿਯਮਨ ਬਿੱਲ, 2025 ਨੂੰ ਵੀ ਲੋਕ ਸਭਾ ਵਿੱਚ ਹੰਗਾਮੇ ਵਿਚਕਾਰ ਪਾਸ ਕੀਤਾ ਗਿਆ। ਲੋਕ ਸਭਾ ਨੇ ਗੰਭੀਰ ਅਪਰਾਧਿਕ ਦੋਸ਼ਾਂ ਹੇਠ ਗ੍ਰਿਫ਼ਤਾਰ ਹੋਣ ਵਾਲੇ ਪ੍ਰਧਾਨ ਮੰਤਰੀ, ਮੁੱਖ ਮੰਤਰੀਆਂ ਅਤੇ ਮੰਤਰੀਆਂ ਨੂੰ ਅਤੇ ਲਗਾਤਾਰ 30 ਦਿਨਾਂ ਤੱਕ ਹਿਰਾਸਤ ਵਿੱਚ ਰਹਿਣ 'ਤੇ ਉਨ੍ਹਾਂ ਨੂੰ ਅਹੁਦੇ ਤੋਂ ਹਟਾਉਣ ਦੀ ਵਿਵਸਥਾ ਵਾਲੇ 'ਸੰਵਿਧਾਨ (130ਵਾਂ ਸੋਧ) ਬਿੱਲ, 2025', 'ਕੇਂਦਰ ਸ਼ਾਸਤ ਪ੍ਰਦੇਸ਼ਾਂ ਦਾ ਸ਼ਾਸਨ (ਸੋਧ) ਬਿੱਲ, 2025' ਅਤੇ 'ਜੰਮੂ ਅਤੇ ਕਸ਼ਮੀਰ ਪੁਨਰਗਠਨ (ਸੋਧ) ਬਿੱਲ, 2025', ਨੂੰ ਸੰਸਦ ਦੀ ਸਾਂਝੀ ਕਮੇਟੀ ਨੂੰ ਭੇਜਣ ਦਾ ਫੈਸਲਾ ਕੀਤਾ।ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵਿਰੋਧੀ ਦੇ ਕਾਫ਼ੀ ਹੰਗਾਮੇ ਦਰਮਿਆਨ ਬੁੱਧਵਾਰ ਨੂੰ ਇਹ ਤਿੰਨ ਬਿੱਲ ਪੇਸ਼ ਕੀਤੇ ਸੀ ਅਤੇ ਇਸ ਦੌਰਾਨ ਸਦਨ ਵਿੱਚ ਸੱਤਾਧਾਰੀ ਅਤੇ ਵਿਰੋਧੀ ਧਿਰ ਵਿਚਾਲੇ ਤਿੱਖੀ ਬਹਿਸ ਹੋਈ।

ਸਦਨ ਦੀ ਸ਼ੁਰੂਆਤ ਤੋਂ ਹੀ ਬਿਹਾਰ ਵਿੱਚ ਵੋਟਰ ਸੂਚੀ ਵਿੱਚ ਵਿਸ਼ੇਸ਼ ਵਿਆਪਕ ਸੋਧ (ਐਸ.ਆਈ.ਆਰ.) ਦੇ ਮੁੱਦੇ 'ਤੇ ਵਿਰੋਧੀ ਧਿਰਾਂ ਨੇ ਸਦਨ ਵਿੱਚ ਲਗਾਤਾਰ ਨਾਅਰੇਬਾਜ਼ੀ ਕੀਤੀ, ਜਿਸ ਕਾਰਨ ਕਾਰਵਾਈ ਪ੍ਰਭਾਵਿਤ ਹੋਈ।ਵਿਰੋਧੀ ਧਿਰ ਦੇ ਹੰਗਾਮੇ ਕਾਰਨ ਸਿਰਫ਼ ਦੋ ਵਿਸ਼ਿਆਂ 'ਤੇ ਚਰਚਾ ਹੋ ਸਕੀ, ਜਦੋਂ ਕਿ ਬਾਕੀ ਬਿੱਲਾਂ ਬਿਨਾਂ ਕਿਸੇ ਚਰਚਾ ਦੇ ਪਾਸ ਹੋ ਗਏ ਅਤੇ ਕੁਝ ਬਿਨਾਂ ਕਿਸੇ ਚਰਚਾ ਦੇ। 28 ਅਤੇ 29 ਜੁਲਾਈ ਨੂੰ ਸਦਨ ਵਿੱਚ ਆਪ੍ਰੇਸ਼ਨ ਸਿੰਦੂਰ 'ਤੇ ਵਿਸ਼ੇਸ਼ ਚਰਚਾ ਬਿਨਾਂ ਕਿਸੇ ਰੁਕਾਵਟ ਦੇ ਪੂਰੀ ਹੋਈ, ਜਿਸ ਦਾ ਜਵਾਬ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦਿੱਤਾ।

18 ਅਗਸਤ ਨੂੰ ਲੋਕ ਸਭਾ ਵਿੱਚ ਭਾਰਤ ਦੇ ਪੁਲਾੜ ਪ੍ਰੋਗਰਾਮ ਦੀਆਂ ਪ੍ਰਾਪਤੀਆਂ 'ਤੇ ਇੱਕ ਵਿਸ਼ੇਸ਼ ਚਰਚਾ ਸ਼ੁਰੂ ਕੀਤੀ ਗਈ ਸੀ, ਪਰ ਸਿਰਫ਼ ਵਿਗਿਆਨ ਅਤੇ ਤਕਨਾਲੋਜੀ ਰਾਜ ਮੰਤਰੀ ਜਤਿੰਦਰ ਸਿੰਘ ਅਤੇ ਭਾਜਪਾ ਦੇ ਸੰਸਦ ਮੈਂਬਰ ਨਿਸ਼ੀਕਾਂਤ ਦੂਬੇ ਹੀ ਆਪਣੇ ਵਿਚਾਰ ਪ੍ਰਗਟ ਕਰ ਸਕੇ ਅਤੇ ਹੰਗਾਮੇ ਕਾਰਨ ਇਹ ਅੱਗੇ ਨਹੀਂ ਵਧ ਸਕਿਆ।ਰਾਸ਼ਟਰੀ ਗੀਤ 'ਵੰਦੇ ਮਾਤਰਮ' ਵਜਾਉਣ ਤੋਂ ਬਾਅਦ ਸਦਨ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਗਈ।

ਇਸ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਰੱਖਿਆ ਮੰਤਰੀ ਰਾਜਨਾਥ ਸਿੰਘ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਕਈ ਕੇਂਦਰੀ ਮੰਤਰੀ ਸਦਨ ਵਿੱਚ ਮੌਜੂਦ ਸਨ। ਕਾਂਗਰਸ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ, ਪਾਰਟੀ ਨੇਤਾ ਕੇਸੀ ਵੇਣੂਗੋਪਾਲ ਅਤੇ ਹੋਰ ਸੰਸਦ ਮੈਂਬਰ ਸਦਨ ਵਿੱਚ ਮੌਜੂਦ ਸਨ।

## ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੂੰ ਮਿਲੀ 'ਜ਼ੈੱਡ' ਸੁਰੱਖਿਆ

ਮੀਟਿੰਗ ਵਿੱਚ ਸ਼ਾਮਲ ਹੋਣ ਲਈ ਆਇਆ ਸੀ।ਗੱਲਬਾਤ ਦੌਰਾਨ ਹਮਲਾਵਰ, ਜਿਸ ਦੀ ਪਛਾਣ ਰਾਜੇਸ਼ਭਾਈ ਖਿਮਜੀਭਾਈ ਸਾਕਰੀਆ(41) ਵਜੋਂ ਦੱਸੀ ਗਈ ਹੈ, ਨੇ ਮੁੱਖ ਮੰਤਰੀ ਕੋਲ ਪਹੁੰਚ ਕੀਤੀ। ਉਨ੍ਹਾਂ ਨੂੰ ਕੁਝ ਕਾਗਜ਼ਾਤ ਦਿੱਤੇ ਅਤੇ ਫਿਰ ਅਚਾਨਕ ਉਨ੍ਹਾਂ ਦਾ ਹੱਥ ਫੜ ਲਿਆ ਅਤੇ ਉਨ੍ਹਾਂ ਦੇ ਵਾਲ ਖਿੱਚਣ ਦੀ ਕੋਸ਼ਿਸ਼ ਕੀਤੀ। ਹਾਲਾਂਕਿ ਲੋਕਾਂ ਨੇ ਉਸ ਨੂੰ ਕਾਬੂ ਕਰ ਲਿਆ। ਦਿੱਲੀ ਪੁਲਿਸ ਨੇ ਉਸ ਵਿਅਕਤੀ 'ਤੇ ਕਤਲ ਦੀ ਕੋਸ਼ਿਸ਼ ਦੇ ਦੋਸ਼ ਲਗਾਏ ਹਨ।'ਜ਼ੈੱਡ' ਸ਼੍ਰੇਣੀ ਦੀ ਸੁਰੱਖਿਆ ਕਵਰ ਤਹਿਤ ਮੁੱਖ ਮੰਤਰੀ ਦੀ ਸੁਰੱਖਿਆ ਲਈ ਹੁਣ 18 ਤੋਂ 20 ਕਰਮਚਾਰੀ ਨਿਯੁਕਤ ਕੀਤੇ ਗਏ ਹਨ, ਜਿਸ ਵਿੱਚ ਨਿੱਜੀ ਸੁਰੱਖਿਆ ਅਧਿਕਾਰੀ, ਐਸਕਾਰਟ ਅਤੇ ਇੱਕ ਪਾਇਲਟ ਵਾਹਨ ਹਨ। 'ਜ਼ੈੱਡ ਪਲੱਸ' ਸੁਰੱਖਿਆ ਵਾਲੇ ਵਿਅਕਤੀ ਕੋਲ 'ਜ਼ੈੱਡ ਸ਼੍ਰੇਣੀ' ਵਿੱਚ ਕਰਮਚਾਰੀਆਂ ਦੀ ਗਿਣਤੀ ਦੁੱਗਣੀ ਹੁੰਦੀ ਹੈ, ਨਾਲ ਹੀ ਉਨ੍ਹਾਂ ਦੇ ਘਰ ਅਤੇ ਕਾਫ਼ਲੇ ਲਈ ਵਧੀਆਂ ਸੁਰੱਖਿਆ ਵਿਵਸਥਾਵਾਂ ਹੁੰਦੀਆਂ ਹਨ।

## ਸਰਕਾਰਾਂ ਅਤੇ ਏਜੰਸੀਆਂ ਸਿੱਖ ਪੰਥ ਨੂੰ

ਵੱਖ-ਵੱਖ ਦੁਕਾਨਾਂ ਖੋਲ੍ਹੀਆਂ ਜਾ ਰਹੀਆਂ ਹਨ, ਇਹ ਸਾਰੀਆਂ ਦੁਕਾਨਾਂ ਬੰਦ ਕਰਕੇ ਇਕ ਅਕਾਲੀ ਦਲ ਪਾਸ ਮਾਨਤਾ ਹੋਣੀ ਚਾਹੀਦੀ ਹੈ ਤਾਂ ਜੋ ਸਿੱਖ ਇਕ ਝੰਡੇ ਹੇਠਾਂ ਇਕੱਤਰ ਹੋ ਕੇ ਪੰਥ ਦੇ ਹਿੱਤਾਂ ਦੀ ਗੱਲ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰਾਂ ਅਤੇ ਏਜੰਸੀਆਂ ਸਿੱਖ ਪੰਥ ਨੂੰ ਲੜਾ ਕੇ ਪੰਥਕ ਮੁੱਦਿਆਂ ਤੋਂ ਭਟਕਾਉਂਦੀਆਂ ਆ ਰਹੀਆਂ ਹਨ, ਕਦੀ ਵੀ ਨਵਾਂ ਅਕਾਲੀ ਦਲ ਕਾਮਯਾਬ ਨਹੀਂ ਹੋ ਸਕਿਆ, ਸ਼੍ਰੋਮਣੀ ਅਕਾਲੀ ਦਲ 104 ਸਾਲ ਪੁਰਾਣੀ ਪਾਰਟੀ ਹੈ। ਸਾਡੇ ਬਜ਼ੁਰਗਾਂ ਨੇ ਇਸ ਪਾਰਟੀ ਨੂੰ ਹੋਂਦ ਵਿਚ ਲਿਆਉਣ ਲਈ ਕਈ ਕੁਰਬਾਨੀਆਂ ਦਿੱਤੀਆਂ ਹਨ। ਅੱਜ ਸਿਆਸੀ ਤਾਕਤਾਂ ਇਸ 'ਤੇ ਹਾਵੀ ਹੋ ਰਹੀਆਂ ਹਨ ਅਤੇ ਸਿੱਖਾਂ ਨੂੰ ਵੱਖ-ਵੱਖ ਧੜਿਆਂ ਵਿਚ ਵੰਡਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੰਜ ਤਖ਼ਤ ਸਾਹਿਬਾਨ ਦੇ ਜਥੇਦਾਰ ਦੀ ਸਿਆਸਤਾਂ ਤੋਂ ਰਹਿਤ ਹਨ। ਹਮੇਸ਼ਾ ਦੀ ਤਰਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਹੀ ਸਹੀ ਰਾਹ ਅਤੇ ਆਦੇਸ਼ ਜਾਰੀ ਕਰ ਸਕਦੇ ਹਨ। ਉਨ੍ਹਾਂ ਨਵੇਂ ਅਕਾਲੀ ਧੜੇ ਬਾਰੇ ਕਿਹਾ ਕਿ ਇਸ ਧੜੇ ਦੇ ਕਾਰਕੁਨ ਆਪਸ ਦਾ ਸਾਜ਼ਾ ਵੀ ਸਮੇਂ-ਸਮੇਂ 'ਤੇ ਸਾਹਮਣੇ ਆ ਰਿਹਾ ਹੈ ਅਤੇ ਇਹ ਜਲਦ ਖ਼ਤਮ ਹੋ ਜਾਵੇਗਾ। ਇਸ ਮੌਕੇ ਗੁਰਨਾਮ ਸਿੰਘ, ਬਲਵਿੰਦਰ ਸਿੰਘ, ਮੇਜਰ ਸਿੰਘ, ਰਣਜੀਤ ਸਿੰਘ ਆਦਿ ਮੌਜੂਦ ਸਨ।

## ਪਟਿਆਲਾ ਦੇ ਡੀ.ਸੀ. ਵੱਲੋਂ

ਸਰਕਾਰ ਨੇ ਲਗਭਗ ਅੱਠ ਮਹੀਨਿਆਂ ਵਿੱਚ ਵੀ ਕਦਮ ਚੁੱਕੇ ਹਨ। ਪਰ ਅਜਿਹੀਆਂ ਛੋਟੀਆਂ ਸਾਹਮਣੇ ਆਉਣ ਕਾਰਨ ਸਵਾਲ ਖੜ੍ਹੇ ਹੋ ਰਹੇ ਹਨ। ਵਾਇਰਲ ਛੋਟੇ ਵਿੱਚ ਲਿਖਿਆ ਸੀ ਕਿ ਏਜੰਟ ਰਜਿਸਟ੍ਰੇਸ਼ਨ ਦਾ ਕੰਮ ਖੁੱਲ੍ਹੇ ਕਰ ਰਹੇ ਹਨ। ਇਹ ਦਾਅਵਾ ਕੀਤਾ ਗਿਆ ਸੀ ਕਿ ਇਨ੍ਹਾਂ ਏਜੰਟਾਂ ਦੁਆਰਾ ਭੇਜੀਆਂ ਗਈਆਂ ਫਾਈਲਾਂ ਨੂੰ ਤਰਜੀਹ ਦਿੱਤੀ ਜਾਂਦੀ ਹੈ, ਜਦੋਂ ਕਿ ਦੂਜਿਆਂ ਨੂੰ ਬੇਲੋੜੀ ਦੇਰੀ ਅਤੇ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਮੁੱਖ ਮੰਤਰੀ ਭਗਵੰਤ ਮਾਨ ਵੀ ਤਹਿਸੀਲਾਂ ਅਤੇ ਥਾਣਿਆਂ ਦੀ ਵਿਵਸਥਾ ਨੂੰ ਸੁਧਾਰਨ ਦੇ ਹੱਕ ਵਿੱਚ ਹਨ। ਉਹ ਖੁਦ ਕਹਿੰਦੇ ਹਨ ਕਿ ਦੇਸ਼ ਨੂੰ ਆਜ਼ਾਦੀ ਮਿਲੇ 79 ਸਾਲ ਹੋ ਗਏ ਹਨ ਪਰ ਕੀ ਲੋਕਾਂ ਨੂੰ ਅਸਲ ਆਜ਼ਾਦੀ ਮਿਲੀ ਹੈ? ਅਸਲ ਆਜ਼ਾਦੀ ਉਸ ਦਿਨ ਮਿਲੇਗੀ ਜਦੋਂ ਥਾਣਿਆਂ ਵਿੱਚ ਕੰਮ ਬਿਨਾਂ ਰਿਸ਼ਵਤ ਦੇ ਹੋਵੇਗਾ ਅਤੇ ਲੋਕਾਂ ਨੂੰ ਤਹਿਸੀਲਾਂ ਵਿੱਚ ਜਾ ਕੇ ਮੁਸ਼ਕਲਾਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਨੇ ਆਜ਼ਾਦੀ ਦਿਵਸ ਪ੍ਰੋਗਰਾਮ ਵਿੱਚ ਵੀ ਇਸ ਦਾ ਜ਼ਿਕਰ ਕੀਤਾ ਸੀ। ਇਸ ਦੇ ਨਾਲ ਹੀ ਅਧਿਕਾਰੀ ਖੁਦ ਤਹਿਸੀਲਾਂ ਵਿੱਚ ਜਾ ਕੇ ਸਿਸਟਮ ਦੀ ਜਾਂਚ ਕਰਦੇ ਹਨ।

## ਯੂ.ਪੀ.ਐਸ. ਆਈ.ਐਫ.ਐਸ., ਲਖਨਊ

ਅਧਿਕਾਰੀ ਅਤੇ ਜਾਂਚਕਰਤਾ, ਮੁਕੱਦਮਾ ਚਲਾਉਣ ਵਾਲੇ ਅਧਿਕਾਰੀ ਅਤੇ ਸਾਈਬਰ ਅਪਰਾਧ ਦੇ ਪੀੜਤ ਆਦਿ ਹਿੱਸਾ ਲੈਣਗੇ, ਤਾਂ ਜੋ ਸਾਈਬਰ ਅਪਰਾਧ ਅਤੇ ਡੇਟਾ ਸੁਰੱਖਿਆ ਨਾਲ ਸਬੰਧਤ ਤੱਥਾਂ ਨੂੰ ਬਿਹਤਰ ਤਰੀਕੇ ਨਾਲ ਸਮਝਿਆ ਜਾ ਸਕੇ ਅਤੇ ਹੱਲ ਲਈ ਇੱਕ ਕਾਰਜ ਯੋਜਨਾ ਤਿਆਰ ਕੀਤੀ ਜਾ ਸਕੇ। ਡਾ. ਜੀ.ਕੇ. ਗੋਸਵਾਮੀ, ਸੰਸਥਾਪਕ ਨਿਰਦੇਸ਼ਕ, ਯੂ.ਪੀ.ਐਸ.ਆਈ.ਐਫ.ਐਸ., ਲਖਨਊ ਅਤੇ ਸ੍ਰੀਮਤੀ ਲਕਸ਼ਮੀ ਸਿੰਘ, ਪੁਲਿਸ ਕਮਿਸ਼ਨਰ, ਗੌਤਮ ਬੁੱਧ ਨਗਰ ਵੀ ਇਸ ਵਰਕਸ਼ਾਪ ਵਿੱਚ ਹਿੱਸਾ ਲੈਣਗੇ ਅਤੇ ਚਰਚਾ ਕਰਨਗੇ। ਸਾਈਬਰ ਅਪਰਾਧਾਂ ਪ੍ਰਤੀ ਜ਼ੀਰੋ ਸਹਿਣਸ਼ੀਲਤਾ ਉੱਤਰ ਪ੍ਰਦੇਸ਼ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ, ਜਿਸ ਲਈ ਤਿਆਰ ਕੀਤੀ ਜਾਣ ਵਾਲੀ ਕਾਰਜ ਯੋਜਨਾ ਪ੍ਰਭਾਵਸ਼ਾਲੀ ਸਾਬਤ ਹੋਵੇਗੀ। ਤੁਹਾਨੂੰ ਸਾਰਿਆਂ ਨੂੰ ਇਸ ਪ੍ਰੋਗਰਾਮ ਵਿੱਚ ਸੱਦਾ ਦਿੱਤਾ ਜਾਂਦਾ ਹੈ।

## ਵਿਰੋਧੀ ਧਿਰ ਦੇ ਉਮੀਦਵਾਰ ਬੀ.ਸੁਦਰਸ਼ਨ ਰੈਡੀ

ਖੜਗੇ, ਡੀਐਮਕੇ ਦੇ ਤਿਰੂਚੀ ਸ਼ਿਵਾ ਸ਼ਾਮਲ ਹਨ। ਨਾਮਜ਼ਦਗੀ ਦਾਖਲ ਕਰਨ ਮੌਕੇ ਸੋਨੀਆ, ਖੜਗੇ, ਰਾਹੁਲ ਗਾਂਧੀ, ਪ੍ਰਿਯੰਕਾ ਗਾਂਧੀ, ਤਿਰੂਚੀ ਸ਼ਿਵਾ ਅਤੇ ਕਈ ਹੋਰ ਵਿਰੋਧੀ ਆਗੂ ਮੌਜੂਦ ਸਨ।

ਨਾਮਜ਼ਦਗੀ ਦਾਖਲ ਕਰਨ ਤੋਂ ਪਹਿਲਾਂ, ਰੈਡੀ ਨੇ ਕਿਹਾ, "ਮੈਂ ਕੱਲ੍ਹ ਹੀ ਸਪੱਸ਼ਟ ਕਰ ਦਿੱਤਾ ਸੀ ਕਿ ਇਹ ਵਿਚਾਰਧਾਰਾ ਦੀ ਲੜਾਈ ਹੈ। ਬੇਸ਼ੱਕ ਮੈਂ ਉਮੀਦ ਕਰਦਾ ਹਾਂ।" ਉਨ੍ਹਾਂ ਕਿਹਾ, "ਮੈਂ ਕਿਸੇ ਸਿਆਸੀ ਪਾਰਟੀ ਨਾਲ ਜੁੜਿਆ ਨਹੀਂ ਹਾਂ, ਇਸ ਲਈ ਮੈਨੂੰ ਵਿਸ਼ਵਾਸ ਹੈ ਕਿ ਹਰ ਕੋਈ ਮੇਰਾ ਸਮਰਥਨ ਕਰੇਗਾ।" ਰੈਡੀ ਸੁਪਰੀਮ ਕੋਰਟ ਦੇ ਸਾਬਕਾ ਜੱਜ ਅਤੇ ਗੋਆ ਲੋਕਾਯੁਕਤ ਹਨ। ਉਹ ਹੈਦਰਾਬਾਦ ਸਥਿਤ ਇੰਟਰਨੈਸ਼ਨਲ ਆਰਬਿਟਰੇਸ਼ਨ ਐਂਡ ਮੀਡੀਏਸ਼ਨ ਸੈਂਟਰ ਦੇ ਟਰੱਸਟੀ ਬੋਰਡ ਦੇ ਮੈਂਬਰ ਵੀ ਹਨ। ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਅਗਵਾਈ ਵਾਲੇ ਕੌਮੀ ਜਮਹੂਰੀ ਗੱਠਜੋੜ (ਐਨਡੀਏ) ਨੇ ਮਹਾਰਾਸ਼ਟਰ ਦੇ ਰਾਜਪਾਲ ਸੀਪੀ ਰਾਧਾਕ੍ਰਿਸ਼ਨਨ ਨੂੰ ਉਪ ਰਾਸ਼ਟਰਪਤੀ ਚੋਣ ਲਈ ਆਪਣੇ ਉਮੀਦਵਾਰ ਵਜੋਂ ਮੈਦਾਨ ਵਿੱਚ ਉਤਾਰਿਆ ਹੈ। ਰਾਸ਼ਟਰੀ ਸਵੈਮ ਸੇਵਕ ਸੰਘ (ਆਰਐਸਐਸ) ਪਿਛੋਕੜ ਵਾਲੇ ਰਾਧਾਕ੍ਰਿਸ਼ਨਨ ਤਾਮਿਲਨਾਡੂ ਦੇ ਇੱਕ ਤਜਰਬੇਕਾਰ ਭਾਜਪਾ ਨੇਤਾ ਹਨ।

## ਉਪ-ਰਾਸ਼ਟਰਪਤੀ ਚੋਣਾਂ ਲਈ ਨਿਗਰਾਨ ਅਧਿਕਾਰੀਆਂ ਦੀ ਚੋਣ

ਦੇ ਸੰਵਿਧਾਨ ਦੀ ਧਾਰਾ 324 ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਭਾਰਤ ਚੋਣ ਕਮਿਸ਼ਨ ਨੇ ਆਉਣ ਵਾਲੀਆਂ ਉਪ-ਰਾਸ਼ਟਰਪਤੀ ਚੋਣਾਂ 2025 ਲਈ ਭਾਰਤ ਸਰਕਾਰ ਦੇ ਵਧੀਕ ਸਕੱਤਰ ਰੈਂਕ ਦੇ ਦੋ ਅਧਿਕਾਰੀਆਂ ਨੂੰ ਨਿਗਰਾਨ ਨਿਯੁਕਤ ਕੀਤਾ ਹੈ।ਇਸ ਵਿੱਚ ਕਿਹਾ ਗਿਆ ਹੈ ਕਿ, 7 ਅਗਸਤ ਨੂੰ 539 ਦੁਆਰਾ ਸੂਚਿਤ ਕੀਤੇ ਗਏ ਉਪ-ਰਾਸ਼ਟਰਪਤੀ ਚੋਣ ਦੇ ਸ਼ਡਿਊਲ ਦੇ ਅਨੁਸਾਰ, ਵੋਟਾਂ ਦੀ ਗਿਣਤੀ ਅਤੇ ਵੋਟਿੰਗ 9 ਸਤੰਬਰ ਨੂੰ ਹੋਵੇਗੀ। ਹੇਠ ਲਿਖੇ ਅਧਿਕਾਰੀਆਂ ਨੂੰ ਨਿਗਰਾਨ ਨਿਯੁਕਤ ਕੀਤਾ ਗਿਆ ਹੈ: ਸੁਸ਼ੀਲ ਕੁਮਾਰ ਲੋਹਾਨੀ, ਵਧੀਕ ਸਕੱਤਰ, ਪੰਚਾਇਤੀ ਰਾਜ ਮੰਤਰਾਲਾ ਅਤੇ ਡੀ ਆਨੰਦਨ, ਵਧੀਕ ਸਕੱਤਰ, ਵਿੱਤ ਮੰਤਰਾਲੇ, ਖਰਚਾ ਵਿਭਾਗ।

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਹਰਦੀਪ ਸਿੰਘ ਮੁੰਡੀਆਂ ਵੱਲੋਂ ਪਾਣੀ ਨਾਲ ਪ੍ਰਭਾਵਿਤ ਖੇਤਰਾਂ 'ਚ ਵਿਸ਼ੇਸ਼ ਗਿਰਦਾਵਰੀ ਦੇ ਹੁਕਮ



## ਸੁਲਤਾਨਪੁਰ ਲੋਧੀ ਦੇ ਪ੍ਰਭਾਵਿਤ ਪਿੰਡਾਂ ਦਾ ਦੌਰਾ, ਰਾਹਤ ਕਾਰਜਾਂ ਦੀ ਸਮੀਖਿਆ

ਚੰਡੀਗੜ੍ਹ/ਕਪੂਰਥਲਾ, 21 ਅਗਸਤ (ਚ.ਨ.ਸ.): ਪੰਜਾਬ ਦੇ ਮਾਲ, ਮੁੜ-ਵਸੇਬਾ ਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਪ੍ਰਭਾਵਿਤ ਹੋਈਆਂ ਫਸਲਾਂ ਤੇ ਹੋਰ ਨੁਕਸਾਨ ਦੀ ਪੂਰਤੀ ਲਈ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਜਾਰੀ ਕਰ ਦਿੱਤੇ ਗਏ ਹਨ। ਸੁਲਤਾਨਪੁਰ ਲੋਧੀ ਦੇ ਪ੍ਰਭਾਵਿਤ ਪਿੰਡਾਂ ਬਾਊਪੁਰ ਜਦੀਦ ਅਤੇ ਸਾਂਗਰਾ ਵਿਖੇ ਪੀੜਤ ਪਰਿਵਾਰਾਂ ਨਾਲ ਮੁਲਾਕਾਤ ਦੌਰਾਨ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਫਸਲਾਂ ਦੇ ਹੋਏ ਨੁਕਸਾਨ ਦੀ ਭਰਪਾਈ ਲਈ ਮੁਆਵਜ਼ੇ ਦੀ ਪ੍ਰਕਿਰਿਆ ਆਰੰਭ ਕਰ ਦਿੱਤੀ ਗਈ ਹੈ। ਉਨਾਂ ਦੱਸਿਆ ਕਿ ਡਿਪਟੀ ਕਮਿਸ਼ਨਰਾਂ ਨੂੰ ਹੁਕਮ ਦਿੱਤੇ ਗਏ ਹਨ ਕਿ ਉਹ ਪਾਣੀ ਘਟਦੇ ਸਾਰ ਹੀ ਜਲਦ ਤੋਂ ਜਲਦ ਵਿਸ਼ੇਸ਼ ਗਿਰਦਾਵਰੀ ਮੁਕੰਮਲ ਕਰਕੇ ਰਿਪੋਰਟ ਸੌਂਪਣ ਤਾਂ ਜੋ ਪ੍ਰਭਾਵਿਤ ਲੋਕਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾ ਸਕੇ।

ਮਾਲ ਮੰਤਰੀ ਨੇ ਦੱਸਿਆ ਕਿ ਪਾਣੀ ਨਾਲ ਮੁੱਖ ਤੌਰ 'ਤੇ ਪ੍ਰਭਾਵਿਤ ਜ਼ਿਲਿਆਂ ਕਪੂਰਥਲਾ, ਤਰਨ ਤਾਰਨ, ਫ਼ਿਰੋਜ਼ਪੁਰ, ਫ਼ਾਜ਼ਿਲਕਾ ਵਿਖੇ ਰਾਹਤ ਕੰਮਾਂ ਦੀ ਨਿਗਰਾਨੀ ਮੰਤਰੀ ਸਮੂਹ ਵਲੋਂ ਕੀਤੀ ਜਾ ਰਹੀ ਹੈ। ਕੈਬਨਿਟ ਮੰਤਰੀਆਂ ਵਲੋਂ ਜਿੱਥੇ ਵੱਖ-ਵੱਖ ਜ਼ਿਲਿਆਂ ਦਾ ਦੌਰਾ ਕਰਕੇ ਪ੍ਰਭਾਵਿਤ ਲੋਕਾਂ ਦਾ ਦੁੱਖ ਵੰਡਾਇਆ ਜਾ ਰਿਹਾ ਹੈ, ਉਥੇ ਹੀ ਰਾਹਤ ਕਾਰਜਾਂ ਉੱਪਰ ਲਗਾਤਾਰ ਨਿਗਰਾਨੀ ਰੱਖੀ ਜਾ ਰਹੀ ਹੈ। ਉਨਾਂ ਦੱਸਿਆ ਕਿ ਕਪੂਰਥਲਾ ਜ਼ਿਲੇ ਵਿੱਚ ਰਾਹਤ ਕਾਰਜਾਂ ਲਈ 2 ਕਰੋੜ ਰੁਪਏ ਜਾਰੀ ਕੀਤੇ ਗਏ ਹਨ ਤਾਂ ਜੋ ਪ੍ਰਭਾਵਿਤ ਲੋਕਾਂ ਨੂੰ ਰਾਸ਼ਨ, ਪੀਣ ਵਾਲਾ ਪਾਣੀ, ਦਵਾਈਆਂ, ਪਸ਼ੂ ਧਨ ਦੀ ਸਿਹਤ ਸੰਭਾਲ ਆਦਿ ਦੇ ਕੰਮ ਜੰਗੀ ਪੱਧਰ 'ਤੇ ਜਾਰੀ ਰੱਖੇ ਜਾ ਸਕਣ। ਇਕ ਸਵਾਲ ਦੇ ਜਵਾਬ ਵਿਚ ਉਨਾਂ ਦੱਸਿਆ ਕਿ ਹੜ ਰੋਕੂ ਪ੍ਰਬੰਧਾਂ ਤਹਿਤ ਪੰਜਾਬ ਭਰ ਵਿੱਚ ਧੁੱਸੀ ਬੰਨਾਂ ਅਤੇ ਅਡਵਾਂਸ ਬੰਨਾਂ ਦੀ ਵਿਸ਼ੇਸ਼ ਮੁਹਿੰਮ ਚਲਾ ਕੇ ਹੋਰ ਮਜ਼ਬੂਤੀ ਕੀਤੀ ਜਾਵੇਗੀ। ਉਨਾਂ ਕਿਹਾ ਕਿ ਵਰਤਮਾਨ ਸਮੇਂ ਧੁੱਸੀ ਬੰਨ ਪੂਰੀ ਤਰਾਂ ਸੁਰੱਖਿਅਤ ਹਨ। ਕੈਬਨਿਟ ਮੰਤਰੀ ਵਲੋਂ ਕਿਸ਼ਤੀਆਂ ਰਾਹੀਂ ਪ੍ਰਭਾਵਿਤ ਲੋਕਾਂ ਤੱਕ ਪਹੁੰਚ ਕਰਕੇ ਉਨਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਗਿਆ। ਉਨਾਂ ਲੋਕਾਂ ਦੀ ਮੰਗ ਅਨੁਸਾਰ ਪ੍ਰਭਾਵਿਤ ਲੋਕਾਂ ਲਈ ਐਸ.ਡੀ.ਆਰ.ਐਫ. ਦੀਆਂ ਹੋਰ ਟੁਕੜੀਆਂ ਤੈਨਾਤ ਕਰਨ ਲਈ ਵੀ ਕਿਹਾ ਤਾਂ ਜੋ ਰਾਹਤ ਕਾਰਜਾਂ ਵਿੱਚ ਕਿਸੇ ਕਿਸਮ ਦੀ ਸਮੱਸਿਆ ਨਾ ਆਵੇ। ਉਨਾਂ ਪ੍ਰਭਾਵਿਤ ਲੋਕਾਂ ਨੂੰ ਸੁੱਕਾ ਰਾਸ਼ਨ, ਦਵਾਈਆਂ ਅਤੇ ਪੀਣ ਵਾਲਾ ਪਾਣੀ ਵੀ ਮੁਹੱਈਆ ਕਰਵਾਇਆ।

ਕੈਬਨਿਟ ਮੰਤਰੀ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪ੍ਰਭਾਵਿਤ ਖੇਤਰਾਂ ਵਿਚ ਲਗਾਤਾਰ ਫੌਗਿੰਗ ਯਕੀਨੀ ਬਣਾਈ ਜਾਵੇ। ਇਸ ਤੋਂ ਇਲਾਵਾ ਲੋਕਾਂ ਨੂੰ ਚਮੜੀ ਦੇ ਰੋਗਾਂ ਤੇ ਪਾਣੀ ਨਾਲ ਹੋਣ ਵਾਲੀਆਂ ਬੀਮਾਰੀਆਂ ਤੋਂ ਬਚਾਅ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਨਿਯਮਤ ਸਿਹਤ ਜਾਂਚ ਯਕੀਨੀ ਬਣਾਈ ਜਾਵੇ। ਪਸ਼ੂ ਧਨ ਦੀ ਸਿਹਤ ਸੰਭਾਲ ਵੱਲ ਵਿਸ਼ੇਸ਼ ਤਵੱਜੋ ਦੇਣ ਦੇ ਹੁਕਮ ਦਿੰਦਿਆਂ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਵੈਟਰਨਰੀ ਡਾਕਟਰ ਪ੍ਰਭਾਵਿਤ ਪਿੰਡਾਂ ਅਤੇ ਡੇਰਿਆਂ ਵਿੱਚ ਜਾ ਕੇ ਪਸ਼ੂ ਧਨ ਦੀ ਜਾਂਚ ਕਰਨ।

ਪ੍ਰਭਾਵਿਤ ਲੋਕਾਂ ਦੇ ਹੌਸਲੇ ਨੂੰ ਸਲਾਮ ਕਰਦਿਆਂ ਮੁੰਡੀਆਂ ਨੇ ਉਨਾਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਇਸ ਔਖੀ ਘੜੀ ਵਿੱਚ ਉਨਾਂ ਨਾਲ ਖੜੀ ਹੈ ਅਤੇ ਲੋਕਾਂ ਨੂੰ ਹਰ ਸੰਭਵ ਮਦਦ ਮੁਹੱਈਆ ਕਰਵਾਈ ਜਾਵੇਗੀ। ਇਸ ਤੋਂ ਪਹਿਲਾਂ ਉਨਾਂ ਰੈਸਟ ਹਾਊਸ ਵਿਖੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡੈਮਾਂ ਤੋਂ ਪਾਣੀ ਛੱਡਣ ਅਤੇ ਦਰਿਆਵਾਂ ਵਿੱਚ ਵਗ ਰਹੇ ਪਾਣੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ, ਨਗਰ ਸੁਧਾਰ ਟਰੱਸਟ ਕਪੂਰਥਲਾ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸੱਜਣ ਸਿੰਘ ਚੀਮਾ, ਐਸ.ਐਸ.ਪੀ. ਗੌਰਵ ਤੂਰਾ ਤੇ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਸਮਾਜਿਕ ਸੁਰੱਖਿਆ ਵਿਭਾਗ ਦੇ 2 ਨਵ ਨਿਯੁਕਤ ਕਰਮਚਾਰੀਆਂ ਨੂੰ ਡਾ. ਬਲਜੀਤ ਕੌਰ ਨੇ ਦਿੱਤੇ ਨਿਯੁਕਤੀ ਪੱਤਰ



ਚੰਡੀਗੜ੍ਹ, 21 ਅਗਸਤ (ਚ.ਨ.ਸ.): ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਪੰਜਾਬ ਭਵਨ ਵਿਖੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵਿੱਚ ਤਰਸ ਦੇ ਅਧਾਰ 'ਤੇ ਨਿਯੁਕਤ 2 ਨਵੇਂ ਕਲਰਕਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ।

ਡਾ. ਬਲਜੀਤ ਕੌਰ ਨੇ ਕਿਹਾ ਕਿ ਤਰਸ ਦੇ ਅਧਾਰ 'ਤੇ ਦਿੱਤੀਆਂ ਗਈਆਂ ਨੌਕਰੀਆਂ ਦਾ ਮਕਸਦ ਉਹਨਾਂ ਪਰਿਵਾਰਾਂ ਨੂੰ ਆਰਥਿਕ ਸਹਾਰਾ ਪ੍ਰਦਾਨ ਕਰਨਾ ਹੈ ਜਿਨ੍ਹਾਂ ਦੇ ਘਰ-ਪਰਿਵਾਰ ਦੇ ਮੁੱਖੀ ਦੀ ਅਚਾਨਕ ਮੌਤ ਕਾਰਨ ਉਹ ਮੁਸ਼ਕਲ ਹਾਲਾਤਾਂ ਦਾ ਸਾਹਮਣਾ ਕਰਦੇ ਹਨ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੀ ਨਿਯੁਕਤੀ ਨਾ ਸਿਰਫ਼ ਪ੍ਰਭਾਵਿਤ ਪਰਿਵਾਰ ਨੂੰ ਨਵੀਂ ਉਮੀਦ ਦਿੰਦੀ ਹੈ, ਸਗੋਂ ਸਰਕਾਰ ਦੇ ਸੰਵੇਦਨਸ਼ੀਲ ਤੇ ਮਨੁੱਖਤਾ-ਭਰੇ ਰੁਖ ਨੂੰ ਵੀ ਦਰਸਾਉਂਦੀ ਹੈ। ਇਸ ਮੌਕੇ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਕੋਸ਼ਿਸ਼ ਹੈ ਕਿ ਰੋਜ਼ਗਾਰ ਦੇ ਨਵੇਂ ਮੌਕੇ ਪ੍ਰਦਾਨ ਕਰਕੇ ਯੁਵਾ ਵਰਗ ਨੂੰ ਹੌਸਲਾ ਦਿੱਤਾ ਜਾਵੇ। ਉਨ੍ਹਾਂ ਨੇ ਨਵੇਂ ਨਿਯੁਕਤ ਕੀਤੇ ਮੁਲਾਜ਼ਮਾਂ ਨੂੰ ਤਨਦੇਹੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਤੇ ਲੋਕਾਂ ਦੀ ਸੇਵਾ ਭਾਵਨਾ ਨਾਲ ਕਰਨ ਲਈ ਪ੍ਰੇਰਿਤ ਕੀਤਾ।

ਮੰਤਰੀ ਨੇ ਕਿਹਾ ਕਿ ਮੁਲਾਜ਼ਮ ਕਿਸੇ ਵੀ ਵਿਭਾਗ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਅਤੇ ਉਨ੍ਹਾਂ ਦੀ ਨਿਸ਼ਠਾ ਤੇ ਇਮਾਨਦਾਰੀ ਨਾਲ ਕੀਤਾ ਕੰਮ ਹੀ ਸਰਕਾਰੀ ਯੋਜਨਾਵਾਂ ਨੂੰ ਲੋਕਾਂ ਤੱਕ ਸਫਲਤਾ ਨਾਲ ਪਹੁੰਚਾਉਂਦਾ ਹੈ। ਇਸ ਲਈ ਹਰ ਇਕ ਕਰਮਚਾਰੀ ਦਾ ਯੋਗਦਾਨ ਰਾਜ ਦੇ ਵਿਕਾਸ ਵਿੱਚ ਬਹੁਤ ਮਹੱਤਵਪੂਰਨ ਹੈ।

ਉਨ੍ਹਾਂ ਨੇ ਇਹ ਵੀ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਾਰਦਰਸ਼ੀ ਤੇ ਲੋਕ-ਹਿਤੈਸ਼ੀ ਨੀਤੀਆਂ ਰਾਹੀਂ ਯੁਵਾ ਪੀੜ੍ਹੀ ਨੂੰ ਰੋਜ਼ਗਾਰ ਦੇ ਮੌਕੇ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਤਰ੍ਹਾਂ ਦੀਆਂ ਨਿਯੁਕਤੀਆਂ ਨਾਲ ਇੱਕ ਪਾਸੇ ਪਰਿਵਾਰਾਂ ਨੂੰ ਆਰਥਿਕਸਹਾਰਾ ਮਿਲਦਾ ਹੈ ਤਾਂ ਦੂਜੇ ਪਾਸੇ ਵਿਭਾਗਾਂ ਵਿੱਚ ਕੰਮ ਕਰਨ ਦੀ ਗਤੀ ਵੀ ਤੇਜ਼ ਹੁੰਦੀ ਹੈ।

ਇਸ ਮੌਕੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਜਾਇੰਟ ਸਕੱਤਰ ਆਨੰਦ ਸਾਗਰ ਸ਼ਰਮਾ, ਡਿਪਟੀ ਡਾਇਰੈਕਟਰ ਅਮਰਜੀਤ ਸਿੰਘ ਭੁੱਲਰ ਤੇ ਗੁਲਬਹਾਰ ਤੁਰ ਵੀ ਮੌਜੂਦ ਸਨ।

# "ਪੰਜਾਬ ਇਨ ਫਰੇਮਜ਼" ਫੋਟੋ ਪ੍ਰਦਰਸ਼ਨੀ ਨੇ ਸੂਬੇ ਦੀ ਸ਼ਾਨਾਮੱਤੀ ਵਿਰਾਸਤ ਤੇ ਬਹੁਪੱਖੀ ਖ਼ੂਬਸੂਰਤੀ ਨੂੰ ਸਹੁਜਮਈ ਢੰਗ ਨਾਲ ਉਭਾਰਿਆ : ਅਮਨ ਅਰੋੜਾ

ਚੰਡੀਗੜ੍ਹ, 21 ਅਗਸਤ (ਚ.ਨ.ਸ.): ਪੰਜਾਬ ਦੇ ਕੈਬਨਿਟ ਮੰਤਰੀ ਤੇ 'ਆਪ' ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਪੰਜਾਬ ਕਲਾ ਪ੍ਰੀਸ਼ਦ, ਕਲਾ ਭਵਨ ਵਿਖੇ ਕਰਵਾਈ ਗਈ 3-ਰੋਜ਼ਾ ਫੋਟੋ ਪ੍ਰਦਰਸ਼ਨੀ 'ਪੰਜਾਬ ਇਨ ਫਰੇਮਜ਼' ਦੇ ਸਮਾਪਤੀ ਸਮਾਰੋਹ ਦੀ ਪ੍ਰਧਾਨਗੀ ਕੀਤੀ। ਇਸ ਸਮਾਰੋਹ ਦੌਰਾਨ ਪੰਜਾਬ ਵਿੱਚ ਹਰੀ ਕ੍ਰਾਂਤੀ ਲਿਆਉਣ ਪਿੱਛੇ ਦੂਰਅੰਦੇਸ਼ ਸੋਚ ਰੱਖਣ ਵਾਲੇ ਅਤੇ ਚੰਡੀਗੜ੍ਹ ਨੂੰ ਆਧੁਨਿਕਤਾ ਤੇ ਕੁਦਰਤ ਦੇ ਸੁਮੇਲ ਵਾਲਾ ਸ਼ਹਿਰ ਬਣਾਉਣ ਵਾਲੇ ਡਾ. ਐਮ.ਐਸ. ਰੰਧਾਵਾ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਅਮਨ ਅਰੋੜਾ ਨੇ ਉਨਾਂ ਦੇ ਬੁੱਤ ਅੱਗੇ ਸਨਮਾਨ ਵਜੋਂ ਦੀਪ ਜਗਾਇਆ।

ਇਸ ਪ੍ਰਦਰਸ਼ਨੀ ਦੌਰਾਨ ਦੁਰਲੱਭ ਦ੍ਰਿਸ਼ਾਂ ਦਾ ਆਨੰਦ ਮਾਣਣ ਉਪਰੰਤ ਅਮਨ ਅਰੋੜਾ ਨੇ ਕਿਹਾ ਕਿ ਇਸ ਕਲਾਤਮਕ ਫੋਟੋ ਪ੍ਰਦਰਸ਼ਨੀ ਨੇ ਰਾਜ ਸੂਚਨਾ ਕਮਿਸ਼ਨਰ ਸ੍ਰੀ ਹਰਪ੍ਰੀਤ ਸੰਧੂ ਵੱਲੋਂ ਕੈਮਰੇ ਵਿੱਚ ਕੈਦ ਕੀਤੇ ਸਦੀਆਂ ਪੁਰਾਣੇ ਸਮਾਰਕਾਂ, ਇਤਿਹਾਸਕ ਅਸਥਾਨਾਂ ਤੇ ਸ਼ਾਂਤੀ ਭਰੇ ਦ੍ਰਿਸ਼ਾਂ ਨੂੰ ਪ੍ਰਦਰਸ਼ਿਤ ਕਰਕੇ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਤੇ ਵਿਲੱਖਣ ਕੁਦਰਤੀ ਸੁੰਦਰਤਾ ਨੂੰ ਜੀਵੰਤ ਕਰ ਦਿੱਤਾ ਹੈ। ਉਨਾਂ ਦੀਆਂ ਮਨਮੋਹਕ ਤਸਵੀਰਾਂ ਨੇ ਸੂਬੇ ਦੀ ਸੁੰਦਰਤਾ ਨੂੰ ਦਰਸਾਉਂਦਿਆਂ ਇਸ ਦੀ ਅਮੀਰ ਵਿਰਾਸਤ, ਇਤਿਹਾਸ ਤੇ ਸ਼ਾਨਦਾਰ ਦ੍ਰਿਸ਼ਾਂ ਦੀ ਝਲਕ ਪੇਸ਼ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰਦਰਸ਼ਨੀ ਨੇ ਪੰਜਾਬ ਦੇ ਜੀਵੰਤ ਸਾਰ ਤੇ ਸਦੀਵੀ ਵਿਰਾਸਤ ਨੂੰ ਸੁੰਦਰਤਾ ਨਾਲ ਪੇਸ਼ ਕੀਤਾ ਹੈ। ਉਨ੍ਹਾਂ ਨੇ ਕਿਸੇ ਖੇਤਰ ਦੀ ਵਿਰਾਸਤ ਨੂੰ ਸੰਭਾਲਣ ਤੇ ਉਤਸ਼ਾਹਿਤ ਕਰਨ ਲਈ ਫੋਟੋਗ੍ਰਾਫੀ ਦੇ ਸ਼ਕਤੀਸ਼ਾਲੀ ਮਾਧਿਅਮ ਨੂੰ ਉਜਾਗਰ ਕਰਦਿਆਂ ਹਾਜ਼ਰੀਨ ਨੂੰ ਪੰਜਾਬ ਦੀ ਵਿਲੱਖਣ ਅਤੇ ਸਦੀਵੀ ਸੁੰਦਰਤਾ ਦਾ ਚੇਤਾ ਕਰਾਇਆ। ਵਿਸ਼ਵ ਫੋਟੋਗ੍ਰਾਫੀ ਦਿਵਸ 2025 ਨੂੰ ਸਮਰਪਿਤ ਅਤੇ ਪੰਜਾਬ ਕਲਾ ਪ੍ਰੀਸ਼ਦ ਦੀ ਸਰਪ੍ਰਸਤੀ ਹੇਠ ਕਰਵਾਈ ਗਈ ਇਸ ਪ੍ਰਦਰਸ਼ਨੀ ਦਾ ਆਗਾਜ਼ ਮੰਗਲਵਾਰ ਨੂੰ ਹੋਇਆ ਸੀ। ਇਸ ਪ੍ਰਦਰਸ਼ਨੀ ਨੇ ਕਲਾ ਪ੍ਰੇਮੀਆਂ ਨੂੰ ਪੰਜਾਬ ਦੇ ਵਿਭਿੰਨ ਦ੍ਰਿਸ਼ਾਂ ਰਾਹੀਂ ਇੱਕ ਸ਼ਾਨਦਾਰ ਦ੍ਰਿਸ਼ਟੀਗਤ ਯਾਤਰਾ ਦਾ ਆਨੰਦ ਮਾਣਨ ਦਾ ਮੌਕਾ ਪ੍ਰਦਾਨ ਕੀਤਾ ਜਿਸ ਵਿੱਚ ਸੂਬੇ ਦੀ ਅਮੀਰ ਸੱਭਿਆਚਾਰਕ, ਇਤਿਹਾਸਕ, ਖੇਤੀਬਾੜੀ ਅਤੇ ਧਾਰਮਿਕ ਵਿਰਾਸਤ ਨੂੰ ਪੇਸ਼ ਕੀਤਾ ਗਿਆ। ਇਸ ਸਮਾਪਤੀ ਸਮਾਰੋਹ 'ਚ ਸੁਚੱਜਾ ਪ੍ਰਸ਼ਾਸਨ ਤੇ ਆਈ.ਟੀ. ਵਿਭਾਗ ਦੇ ਵਧੀਕ ਮੁੱਖ ਸਕੱਤਰ ਡੀ.ਕੇ. ਤਿਵਾੜੀ, ਪਸ਼ੂ ਪਾਲਣ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਹੁਲ ਭੰਡਾਰੀ, ਫੂਡ ਪ੍ਰੋਸੈਸਿੰਗ ਦੇ ਪ੍ਰਮੁੱਖ ਸਕੱਤਰ ਸ੍ਰੀਮਤੀ ਰਾਖੀ ਗੁਪਤਾ ਭੰਡਾਰੀ, ਪੰਜਾਬ ਆਰਥਿਕ ਨੀਤੀ ਅਤੇ ਯੋਜਨਾਬੰਦੀ ਬੋਰਡ ਦੇ ਉਪ ਚੇਅਰਮੈਨ ਸ੍ਰੀ ਸੁਨੀਲ ਗੁਪਤਾ, ਪੰਜਾਬ ਕਲਾ ਪ੍ਰੀਸ਼ਦ ਦੇ ਚੇਅਰਮੈਨ ਸਵਰਨਜੀਤ ਸਵੀ, ਸਿਵਲ ਮਿਲਟਰੀ ਮਾਮਲੇ ਪੱਛਮੀ ਕਮਾਂਡ ਦੇ ਡਾਇਰੈਕਟਰ ਕਰਨਲ ਜਸਦੀਪ ਸੰਧੂ, ਸਾਬਕਾ ਜੱਜ ਪੰਜਾਬ ਤੇ ਹਰਿਆਣਾ ਹਾਈ ਕੋਰਟ ਜਸਟਿਸ ਕੇ.ਐਸ. ਗਰੇਵਾਲ ਅਤੇ ਸਾਬਕਾ ਗ੍ਰਹਿ ਸਕੱਤਰ ਡਾ. ਬੀ.ਸੀ. ਗੁਪਤਾ ਸਮੇਤ ਹੋਰ ਉੱਘੀਆਂ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।



# ਮੋਹਿੰਦਰ ਭਗਤ ਤੇ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਬਾਗ਼ਬਾਨੀ ਨੂੰ ਉਤਸ਼ਾਹਿਤ ਕਰਨ ਲਈ 'ਆਪਣਾ ਪਿੰਡ-ਅਪਣਾ ਬਾਗ਼' ਮੁਹਿੰਮ ਦੀ ਸ਼ੁਰੂਆਤ

ਚੰਡੀਗੜ੍ਹ, 21 ਅਗਸਤ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਬਾਗ਼ਬਾਨੀ ਨੂੰ ਉਤਸ਼ਾਹਿਤ ਕਰਨ ਅਤੇ ਫ਼ਸਲੀ ਵਿਭਿੰਨਤਾ ਲਿਆਉਣ ਲਈ ਪਿੰਡਾਂ ਦੀ ਪੰਚਾਇਤੀ ਜ਼ਮੀਨਾਂ ਤੇ ਫ਼ਲਦਾਰ ਪੌਦਿਆਂ ਦੇ ਬਾਗ ਲਗਾਏਗੀ। ਇਸੇ ਮੰਤਵ ਅਧੀਨ ਅੱਜ ਬਾਗ਼ਬਾਨੀ, ਰੱਖਿਆ ਸੇਵਾਵਾਂ ਭਲਾਈ ਅਤੇ ਸੁਤੰਤਰਤਾ ਸੰਗਰਾਮੀ ਮੰਤਰੀ ਮੋਹਿੰਦਰ ਭਗਤ ਤੇ ਪੇਂਡੂ ਵਿਕਾਸ 'ਤੇ ਪੰਚਾਇਤਾਂ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਸਾਂਝੇ ਤੌਰ ਚੰਡੀਗੜ੍ਹ ਵਿਖੇ 'ਆਪਣਾ ਪਿੰਡ-ਅਪਣਾ ਬਾਗ਼' ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ । ਇਸ ਮੁਹਿੰਮ ਦੀ ਸੁਰੂਆਤ ਬਾਗਬਾਨੀ ਵਿਭਾਗ ਤੇ ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ ਦੇ ਆਪਸੀ ਸਹਿਯੋਗ ਨਾਲ ਕੀਤੀ ਗਈ ਹੈ। 'ਆਪਣਾਂ ਪਿੰਡ-ਆਪਣਾ ਬਾਗ਼' ਮੁਹਿੰਮ ਦੀ ਸ਼ੁਰੂਆਤ ਕਰਦੇ ਹੋਏ ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸੁਪਨਾ ਸੂਬੇ ਨੂੰ ਰੰਗਲਾ ਪੰਜਾਬ ਅਤੇ ਹਰਿਆ ਭਰਿਆ ਪੰਜਾਬ ਬਣਾਉਣਾ ਹੈ। ਉਨਾ ਕਿਹਾ ਕਿ ਇਸੇ ਮੰਤਵ ਤਹਿਤ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਉਨਾ ਕਿਹਾ ਕਿ ਇਸ ਪ੍ਰੋਜੈਕਟ ਅਧੀਨ ਲਗਾਏ ਜਾਣ ਵਾਲੇ ਬਾਗਾਂ ਦਾ ਰੱਖ ਰਖਾਅ ਦਾ ਕੰਮ ਪਹਿਲੇ 3 ਸਾਲਾਂ ਮਗਨਰੇਗਾ ਵੱਲੋਂ ਕੀਤਾ ਜਾਵੇਗਾ। ਇਸ ਨਾਲ ਮਗਨਰੇਗਾ ਅਧੀਨ ਕੰਮ ਕਰਦੇ ਕਾਮਿਆਂ ਦੇ ਰੋਜ਼ਗਾਰ ਵਿੱਚ ਹੋਰ ਵਾਧਾ ਹੋਵੇਗਾ। ਉਨਾ ਕਿਹਾ ਕਿ 3 ਸਾਲਾਂ ਬਾਅਦ ਇਹ ਬਾਗ਼ ਪਿੰਡਾਂ ਦੀਆਂ ਪੰਚਾਇਤਾਂ ਦੇ ਦਿੱਤਾ ਜਾਣਗੇ। ਉਸ ਉਪਰੰਤ ਇਹਨਾਂ ਬਾਗ਼ਾਂ ਤੋਂ ਹੋਣ ਵਾਲੀ ਆਮਦਨ ਜ਼ਮੀਨ ਨਾਲ ਸਬੰਧ ਪੰਚਾਇਤ ਨੂੰ ਜਾਵੇਗੀ ਜੋਕਿ ਪਿੰਡਾਂ ਦੇ ਵਿਕਾਸ ਤੇ ਖ਼ਰਚ ਕੀਤੀ ਜਾਵੇਗੀ।



ਮੰਤਰੀ ਨੇ ਦੱਸਿਆ ਕਿ ਇਸ ਮੁਹਿੰਮ ਦੇ ਪਹਿਲੇ ਪੜਾਅ ਵਿੱਚ ਸੂਬੇ ਦੇ 9 ਜਿਲਿਆਂ ਦੀ ਪੰਚਾਇਤੀ ਜ਼ਮੀਨਾਂ ਤੇ 65 ਏਕੜ ਵਿੱਚ ਬਾਗ ਲਗਾਏ ਜਾਣੇਗੇ। ਉਨਾਂ ਕਿਹਾ ਕਿ ਇਸ ਸਬੰਧੀ ਪਹਿਲੇ ਪੜਾਅ ਵਿੱਚ ਜਿਲਾ ਗੁਰਦਾਸਪੁਰ ਵਿੱਚ 5 ਏਕੜ ਜ਼ਮੀਨ ਤੇ ਬਾਗ ਲਗਾਏ ਜਾਣਗੇ, ਇਸੇ ਤਰਾਂ ਹੁਸ਼ਿਆਰਪੁਰ-22 ਏਕੜ, ਜਲੰਧਰ-2.5 ਏਕੜ, ਲੁਧਿਆਣਾਂ -5 ਏਕੜ, ਪਠਾਨਕੋਟ 15 ਏਕੜ, ਅੰਮ੍ਰਿਤਸਰ -2 ਏਕੜ, ਕਪੂਰਥਲਾ-4 ਏਕੜ, ਬਠਿੰਡਾ-6 ਏਕੜ ਅਤੇ ਮਲੇਰਕੋਟਲਾ ਵਿੱਚ 4 ਏਕੜ ਪੰਚਾਇਤੀ ਜ਼ਮੀਨਾਂ ਤੇ ਬਾਗ ਲਗਾਏ ਜਾਣਗੇ। ਇਸ ਮੁਹਿੰਮ ਦੀ ਸੁਰੂਆਤ ਕਰਦੇ ਹੋਏ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਵੱਲੋਂ ਇਕ ਕਿਤਾਬਚਾ ਵੀ ਜਾਰੀ ਕੀਤਾ ਗਿਆ। ਉਨਾ ਕਿਹਾ ਕਿ ਪਿੰਡਾਂ ਦੀਆਂ ਪੰਚਾਇਤਾਂ ਮਤਾ ਪਾ ਕੇ ਪੰਚਾਇਤੀ ਜ਼ਮੀਨ ਤੇ ਬਾਗ਼ ਲਗਾਉਣ ਲਈ ਪਹੁੰਚ ਸਰਕਾਰ ਨੂੰ ਪਹੁੰਚ ਕਰ ਸਕਦੀਆਂ ਹਨ।

ਇਸ ਮੌਕੇ ਪੇਂਡੂ ਵਿਕਾਸ ਤੇ ਪੰਚਾਇਤਾਂ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਪਹਿਲਾ ਸੂਬੇ ਦਾ ਨਹਿਰੀ ਪਾਣੀ ਇਸਤੇਮਾਲ ਨਹੀਂ ਹੋ ਰਿਹਾ ਸੀ ਪਰ ਮੁੱਖ ਮੰਤਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਲ ਸਰੋਤ ਵਿਭਾਗ ਨਹਿਰਾਂ ਦਾ ਪਾਣੀ ਖੇਤਾਂ ਦੀ ਸਿੰਚਾਈ ਲਈ ਵਰਤਿਆ ਜਾ ਰਿਹਾ ਹੈ। ਉਨਾਂ ਕਿਹਾ ਕਿ ਇਸ ਪ੍ਰੋਜੈਕਟ ਗਲੋਬਲ ਵਾਰਮਿੰਗ ਨੂੰ ਘਟਾਉਣ ਵਿੱਚ ਵੀ ਸਹਾਈ ਹੋਣਗੇ। ਮੰਤਰੀ ਸੌਂਦ ਨੇ ਪਿੰਡਾਂ ਦੀ ਪੰਚਾਇਤਾਂ ਨੂੰ ਵੀ ਅਪੀਲ ਕੀਤੀ ਕਿ ਪਿੰਡਾਂ ਦੇ ਆਰਥਿਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਇਲਾਕੇ ਨੂੰ ਹਰਿਆ ਭਰਿਆ ਬਣਾਉਣ ਪੰਚਾਇਤੀ ਜ਼ਮੀਨਾਂ ਤੇ ਫਲਦਾਰ ਬਾਗ਼ ਲਗਾਉਣ ਲਈ ਸਰਕਾਰ ਨੂੰ ਪਹੁੰਚ ਕਰਨ। ਇਸ ਮੌਕੇ ਸਕੱਤਰ ਪੇਂਡੂ ਵਿਕਾਸ ਤੇ ਪੰਚਾਇਤਾਂ ਅਜੀਤ ਬਾਲਾਜੀ ਜੋਸ਼ੀ, ਖੇਤੀਬਾੜੀ ਕਮਿਸ਼ਨਰ ਬਬੀਤਾ, ਡਾਇਰੈਕਟਰ ਬਾਗ਼ਬਾਨੀ ਸੈਲਿੰਦਰ ਕੌਰ, ਡਾਇਰੈਕਟਰ ਪੇਂਡੂ ਵਿਕਾਸ ਤੇ ਪੰਚਾਇਤਾਂ ਉਮਾ ਸੰਕਰ ਗੁਪਤਾ, ਸੰਯੁਕਤ ਵਿਕਾਸ ਕਮਿਸ਼ਨਰ-ਕਮ-ਕਮਿਸ਼ਨਰ ਮਗਨਰੇਗਾ ਡਾ. ਸ਼ੇਨਾ ਅਗਰਵਾਲ, ਮੁੱਖ ਭੂਮੀ ਪਾਲ ਸ੍ਰੀ ਮੋਹਿੰਦਰ ਸਿੰਘ ਸੈਣੀ ਅਤੇ ਹੋਰ ਅਧਿਕਾਰੀ ਵਿਸ਼ੇਸ ਤੌਰ ਤੇ ਹਾਜ਼ਰ ਸਨ।

# ਮੁੱਖ ਮੰਤਰੀ ਵੱਲੋਂ ਗਵਰਨੈਂਸ ਫੈਲੋਜ ਨੂੰ ਸੂਬਾ ਸਰਕਾਰ ਦੀਆਂ ਪ੍ਰਮੁੱਖ ਸਕੀਮਾਂ ਦੇ ਲਾਭ ਲੋਕਾਂ ਤੱਕ ਪਹੁੰਚਾਉਣ ਲਈ ਪੁਲ ਵਜੋਂ ਵਿਚਰਨ ਦਾ ਸੱਦਾ

ਚੰਡੀਗੜ੍ਹ, 21 ਅਗਸਤ (ਅੰਮ੍ਰਿਤਪਾਲ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੀਨੀਅਰ ਪੰਜਾਬ ਗੁੱਡ ਗਵਰਨੈਂਸ ਫੈਲੋਜ ਨੂੰ ਸੂਬਾ ਸਰਕਾਰ ਦੀਆਂ ਕਈ ਪ੍ਰਮੁੱਖ ਯੋਜਨਾਵਾਂ ਅਤੇ ਸਕੀਮਾਂ ਦੇ ਲਾਭ ਲੋਕਾਂ ਤੱਕ ਪਹੁੰਚਾਉਣ ਲਈ ਪੁਲ ਵਜੋਂ ਵਿਚਰਨ ਦਾ ਸੱਦਾ ਦਿੱਤਾ। ਫੈਲੋਜ ਨਾਲ ਵਿਚਾਰ-ਚਰਚਾ ਸੈਸ਼ਨ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨਾਂ ਨੂੰ ਵੱਖ-ਵੱਖ ਵਿਭਾਗਾਂ ਵਿੱਚ ਸੇਵਾ ਨਿਭਾਉਣ ਲਈ ਭਰਤੀ ਕੀਤਾ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਉਨਾਂ ਨੂੰ ਪੰਜਾਬ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ, ਮੁੱਖ ਮੰਤਰੀ ਸਿਹਤ ਯੋਜਨਾ, ਯੁੱਧ ਨਸ਼ਿਆਂ ਵਿਰੁੱਧ, ਆਮ ਆਦਮੀ ਕਲੀਨਿਕ, ਸਕੂਲ ਆਫ ਐਮੀਨੈਂਸ ਅਤੇ ਹੋਰਨਾਂ ਸਮੇਤ ਸੂਬਾ ਸਰਕਾਰ ਦੇ ਪ੍ਰਮੁੱਖ ਪ੍ਰੋਗਰਾਮਾਂ ਲਈ ਜ਼ਿੰਮੇਵਾਰੀ ਦਿੱਤੀ ਜਾਵੇਗੀ। ਉਨਾਂ ਨੇ ਆਸ ਪ੍ਰਗਟਾਈ ਕਿ ਇਹ ਫੈਲੋਜ ਸਮਰਪਿਤ ਭਾਵਨਾ, ਨਵੀਨਤਾ, ਅਮਲ ਅਤੇ ਲੋਕਾਂ ਨਾਲ ਜੁੜ ਕੇ ਸੇਵਾ ਪ੍ਰਦਾਨ ਕਰਨ ਅਤੇ ਪ੍ਰਸ਼ਾਸਨ ਦੇ ਨਤੀਜਿਆਂ ਨੂੰ ਬਿਹਤਰ ਬਣਾਉਣ ਲਈ ਨਵੇਂ ਦ੍ਰਿਸ਼ਟੀਕੋਣ, ਹੁਨਰ ਅਤੇ ਅਮਲ ਨੂੰ ਯਕੀਨੀ ਬਣਾਉਣਗੇ। ਭਗਵੰਤ ਸਿੰਘ ਮਾਨ ਨੇ ਫੈਲੋਜ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਨਾਲ ਸਿੱਧਾ ਸੰਪਰਕ ਸਥਾਪਤ ਕਰਨ ਤਾਂ ਜੋ ਉਹ ਸਕੀਮਾਂ ਨੂੰ ਸੁਚਾਰੂ ਅਤੇ ਨਿਰਵਿਘਨ ਢੰਗ ਨਾਲ ਲਾਗੂ ਕਰਨ ਲਈ ਜਮੀਨੀ ਪੱਧਰ 'ਤੇ ਹਕੀਕਤਾਂ ਤੋਂ ਜਾਣੂ ਹੋ ਸਕਣ।

ਮੁੱਖ ਮੰਤਰੀ ਨੇ ਉਨਾਂ ਨੂੰ ਸੂਬਾ ਸਰਕਾਰ ਵੱਲੋਂ ਪੂਰਾ ਸਮਰਥਨ ਤੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਨਾਂ ਕਿਹਾ ਕਿ ਫੈਲੋਜ ਨੂੰ ਲੋਕਾਂ ਨਾਲ ਸਿੱਧਾ ਸੰਪਰਕ ਸਥਾਪਤ ਕਰਨ ਲਈ ਖੁੱਲੀ ਆਜਾਦੀ ਦਿੱਤੀ ਜਾਵੇਗੀ। ਉਨਾਂ ਕਿਹਾ ਕਿ ਇਹ ਫੈਲੋਜ ਆਈ.ਆਈ.ਟੀ. ਤੋਂ ਲੈ ਕੇ ਆਈ.ਆਈ.ਐਮ. ਆਦਿ ਸੰਸਥਾਵਾਂ ਤੋਂ ਸਿਖਲਾਈ ਪ੍ਰਾਪਤ ਹਨ ਅਤੇ ਉਨਾਂ ਕੋਲ ਲੋਕ ਪੱਖੀ ਕਦਮਾਂ ਨੂੰ ਸਹੀ ਢੰਗ ਨਾਲ ਲਾਗੂ ਕਰਨ ਲਈ ਵਿਆਪਕ ਗਿਆਨ ਅਤੇ ਮੁਹਾਰਤ ਹੈ। ਉਨਾਂ ਇਹ ਵੀ ਕਿਹਾ ਕਿ ਉਹ ਸੂਬਾ ਸਰਕਾਰ ਦਾ ਅਹਿਮ ਹਿੱਸਾ ਹੋਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਮਕਾਲੀ ਦੁਨੀਆ ਦਿਮਾਗੀ ਤੌਰ 'ਤੇ ਸੋਚ-ਵਿਚਾਰ ਕਰਨ ਅਤੇ ਨਵੇਂ ਵਿਚਾਰ ਲਿਆਉਣ ਨਾਲ ਸਬੰਧਤ ਹੈ। ਉਨਾਂ ਕਿਹਾ ਕਿ ਇੱਕ ਜਾਂ ਦੋ ਵਿਅਕਤੀਆਂ ਵੱਲੋਂ ਦਿੱਤੇ ਬੇਸ਼ਕੀਮਤੀ ਵਿਚਾਰ ਨਾਲ ਅਰਬਾਂ ਡਾਲਰਾਂ ਦੇ ਕਾਰੋਬਾਰ ਬਣੇ ਹਨ।




ਮੁੱਖ ਮੰਤਰੀ ਨੇ ਫੈਲੋਜ ਨੂੰ ਜ਼ਮੀਨੀ ਹਕੀਕਤਾਂ ਦਾ ਪਤਾ ਲਾਉਣ ਅਤੇ ਲੋਕਾਂ ਤੇ ਸੂਬਾ ਸਰਕਾਰ ਦਰਮਿਆਨ ਸੰਚਾਰ ਦੇ ਪਾੜੇ ਨੂੰ ਪੂਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਲਈ ਕਿਹਾ ਤਾਂ ਜੋ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਇਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਉਨਾਂ ਨੂੰ ਸਰਕਾਰ ਦੇ ਹਰ ਫੈਸਲੇ ਬਾਰੇ ਜਮੀਨੀ ਪੱਧਰ 'ਤੇ ਜਾਣਕਾਰੀ ਪ੍ਰਦਾਨ ਕਰਨ ਲਈ ਉਤਸਾਹਿਤ ਕੀਤਾ ਤਾਂ ਜੋ ਇੱਕ ਮਜਬੂਤ ਅਤੇ ਵਿਵਹਾਰਕ ਫੀਡਬੈਕ ਵਿਧੀ ਵਿਕਸਤ ਕੀਤੀ ਜਾ ਸਕੇ। ਉਨਾਂ ਕਿਹਾ ਕਿ ਸਕਾਰਾਤਮਕ ਵਿਚਾਰ ਅਤੇ ਵਿਹਾਰ ਸਫਲਤਾ ਦੀ ਕੁੰਜੀ ਹੈ ਅਤੇ ਉਨਾਂ ਨੂੰ ਆਪਣੇ ਦ੍ਰਿਸਟੀਕੋਣ ਅਤੇ ਕੰਮਕਾਜ ਵਿੱਚ ਸਕਾਰਾਤਮਕਤਾ ਪੈਦਾ ਕਰਨੀ ਚਾਹੀਦੀ ਹੈ।

ਇੱਕ ਮਿਸਾਲ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨਾ ਤਾਂ ਉਨਾਂ ਨੇ ਅਤੇ ਨਾ ਹੀ ਉਨਾਂ ਦੇ ਕਿਸੇ ਵੀ ਮੰਤਰੀ ਨੇ ਕਦੇ ਇਹ ਦਾਅਵਾ ਕੀਤਾ ਕਿ ਸਰਕਾਰੀ ਖਜਾਨਾ ਖਾਲੀ ਹੈ ਅਤੇ ਸੂਬੇ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ। ਉਨਾਂ ਕਿਹਾ ਕਿ ਹੁਣ ਸੂਬੇ ਦੇ ਇੱਕ-ਇੱਕ ਪੈਸੇ ਦੀ ਵਰਤੋਂ ਸੂਬੇ ਦੀ ਤਰੱਕੀ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਸਮਝਦਾਰੀ ਨਾਲ ਕੀਤੀ ਜਾ ਰਹੀ ਹੈ। ਭਗਵੰਤ ਸਿੰਘ ਮਾਨ ਨੇ ਦੁੱਖ ਪ੍ਰਗਟ ਕੀਤਾ ਕਿ ਸਾਬਕਾ ਵਿੱਤ ਮੰਤਰੀ ਇਹ ਬਿਆਨਬਾਜੀ ਕਰਦੇ ਰਹੇ ਸਨ ਕਿ ਖਜਾਨਾ ਖਾਲੀ ਹੈ ਜਿਸ ਕਾਰਨ ਸੂਬੇ ਦੇ ਵਿਕਾਸ ਵਿੱਚ ਵੱਡੀ ਰੁਕਾਵਟ ਆ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਉਸਾਰੂ ਮਾਹੌਲ ਸਿਰਜਣ ਲਈ ਕੋਈ ਤਰੱਦਦ ਨਹੀਂ ਕੀਤਾ ਅਤੇ ਪ੍ਰਸਾਸਨਿਕ ਢਾਂਚੇ ਨੂੰ ਤਬਾਹ ਕਰ ਦਿੱਤਾ ਹੈ ਜਿਸ ਕਾਰਨ ਨੌਜਵਾਨਾਂ ਨੂੰ ਵਿਦੇਸ ਜਾਣ ਲਈ ਮਜਬੂਰ ਹੋਣਾ ਪਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਹਮੇਸਾ ਨਵੇਂ ਵਿਚਾਰਾਂ ਅਤੇ ਲੀਹੋਂ ਹਟਵੀਂ ਸੋਚ ਦੇ ਧਾਰਨੀ ਰਹੇ ਹਨ। ਉਨਾਂ ਕਿਹਾ ਕਿ ਆਮ ਆਦਮੀ ਨੂੰ ਸਮਰੱਥ ਬਣਾਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਨਵੇਂ ਵਿਚਾਰਾਂ ਅਤੇ ਨਵੀਨਤਮ ਕਾਢਾਂ ਲਈ ਹਮੇਸਾ ਤਿਆਰ ਹੈ। ਉਨਾਂ ਕਿਹਾ ਕਿ ਨੌਜਵਾਨਾਂ ਦੇ ਵਿਚਾਰਾਂ ਨੂੰ ਖੰਭ ਦੇਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪਤਵੰਤਿਆਂ ਦਾ ਸਵਾਗਤ ਕੀਤਾ।

# "ਯੁੱਧ ਨਸ਼ਿਆਂ ਵਿਰੁੱਧ" ਦੇ 173ਵੇਂ ਦਿਨ 345 ਥਾਵਾਂ 'ਤੇ ਛਾਪੇਮਾਰੀ ਦੌਰਾਨ 70 ਨਸ਼ਾ ਤਸਕਰ ਕਾਬੂ

ਚੰਡੀਗੜ੍ਹ, 21 ਅਗਸਤ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਚਲਾਈ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ 173ਵੇਂ ਦਿਨ ਪੰਜਾਬ ਪੁਲਿਸ ਨੇ ਵੀਰਵਾਰ ਨੂੰ 345 ਥਾਵਾਂ 'ਤੇ ਛਾਪੇਮਾਰੀ ਕੀਤੀ , ਜਿਸ ਨਾਲ ਸੂਬੇ ਭਰ ਵਿੱਚ 70 ਨਸ਼ਾ ਤਸਕਰਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ 51 ਐਫਆਈਆਰਜ਼ ਦਰਜ ਕੀਤੀਆਂ ਗਈਆਂ। ਇਸ ਨਾਲ 173 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ ਹੁਣ 26,723 ਹੋ ਗਈ ਹੈ।

ਛਾਪੇਮਾਰੀ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਤੋਂ 5.9 ਕਿਲੋ ਹੈਰੋਇਨ, 5 ਕਿਲੋ ਅਫੀਮ, 2135 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 51,300 ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਗਈ ਹੈ। ਇਹ ਕਾਰਵਾਈ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲਿਹਆਂ ਵਿੱਚ ਇੱਕੋ ਸਮੇਂ ਕੀਤੀ ਗਈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਵੀ ਗਠਨ ਕੀਤਾ ਹੈ। ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਵਿਸ਼ੇਸ਼ ਡੀਜੀਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 66 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1000 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 120 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ ਛਾਪੇਮਾਰੀ ਕੀਤੀ । ਉਨਾਂ ਅੱਗੇ ਕਿਹਾ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 363 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਵੀ ਕੀਤੀ ਗਈ।

ਵਿਸ਼ੇਸ਼ ਡੀਜੀਪੀ ਨੇ ਕਿਹਾ ਕਿ ਰਾਜ ਸਰਕਾਰ ਵੱਲੋਂ ਰਾਜ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਐਂਡ ਪ੍ਰੀਵੈਨਸ਼ਨ (ਈਡੀਪੀ)- ਲਾਗੂ ਕਰਨ ਦੇ ਨਾਲ, ਪੰਜਾਬ ਪੁਲਿਸ ਨੇ 'ਨਸ਼ਾ ਛੁਡਾਉਣ' ਦੇ ਹਿੱਸੇ ਵਜੋਂ ਅੱਜ 41 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਡਾਇਰੈਕਟੋਰੇਟ ਆਫ਼ ਪੰਜਾਬ ਰਾਜ ਲਾਟਰੀਜ਼ ਨੇ ਪੰਜਾਬ ਸਟੇਟ ਡੀਅਰ ਰਾਖੀ ਬਪੰਰ-2025 ਦਾ ਡਰਾਅ ਲੁਧਿਆਣਾ ਵਿਖੇ ਕੱਢਿਆ

ਚੰਡੀਗੜ੍ਹ, 21 ਅਗਸਤ (ਚ.ਨ.ਸ.): ਡਾਇਰੈਕਟੋਰੇਟ ਆਫ ਪੰਜਾਬ ਰਾਜ ਲਾਟਰੀਜ਼ ਵਲੋਂ ਮਿਤੀ 16.08.2025 ਨੂੰ ਪੰਜਾਬ ਸਟੇਟ ਡੀਅਰ ਰਾਖੀ ਬਪੰਰ -2025 ਦਾ ਡਰਾਅ ਲੁਧਿਆਣਾ ਵਿਖੇ ਕੱਢਿਆ ਗਿਆ। ਇਸ ਸਕੀਮ ਵਿੱਚ 7 ਕਰੋੜ ਰੁਪਏ ਦਾ ਪਹਿਲਾ ਇਨਾਮ ਵਿਕੀਆਂ ਹੋਈਆਂ ਟਿਕਟਾਂ ਵਿੱਚੋਂ ਹੀ ਕੱਢੇ ਜਾਣ ਦੀ ਗਰੰਟੀ ਦਿੱਤੀ ਗਈ ਸੀ। ਇਸ ਡਰਾਅ ਵਿੱਚ ਪਹਿਲਾ 7 ਕਰੋੜ ਦਾ ਇਨਾਮ Sh. Krishna Gopal ਵਾਸੀ ਰੁੜਕੀ, ਹਰੀਦੁਆਰ, ਉਤਰਾਖੰਡ ਦਾ ਨਿਕਲਿਆ ਹੈ। ਇਨਾਮ ਜੇਤੂ ਦੁਆਰਾ ਮਿਤੀ 21.08.2025 ਨੂੰ ਦਫਤਰ ਵਿਖੇ ਆ ਕੇ ਇਨਾਮ ਦਾ ਕਲੇਮ ਜਮ੍ਹਾਂ ਕਰਵਾਇਆ ਗਿਆ। ਇਨਾਮ ਜੇਤੂ ਰੁੜਕੀ, ਹਰੀਦੁਆਰ ਵਿਖੇ ਹੀ ਸਰਕਾਰੀ ਨੋਕਰੀ ਕਰਦੇ ਹਨ ਅਤੇ ਇਸ ਇਨਾਮੀ ਰਾਸ਼ੀ ਦੀ ਵਰਤੋਂ ਉਹ ਆਪਣੀਆਂ ਨਿੱਜੀ ਜਰੂਰਤਾਂ ਲਈ ਕਰਨਗੇ। ਇਨਾਮ ਜੇਤੂ ਨੇ ਖ਼ੁਸ਼ੀ ਜਾਹਿਰ ਕਰਦੇ ਹੋਏ ਦੱਸਿਆ ਪੰਜਾਬ ਰਾਜ ਲਾਟਰੀਜ਼ ਵੱਲੋਂ ਡਰਾਅ ਨਿਰਪੱਖ ਤਰੀਕੇ ਨਾਲ ਕੱਢੇ ਜਾਦੇ ਹਨ, ਇਸ ਲਈ ਆਮ ਜਨਤਾ ਵਿੱਚ ਪੰਜਾਬ ਰਾਜ ਲਾਟਰੀਜ਼ ਵੱਲੋਂ ਚਲਾਈਆਂ ਜਾ ਰਹੀਆਂ ਲਾਟਰੀ ਸਕੀਮਾਂ ਦਾ ਬਹੁਤ ਉਤਸ਼ਾਹ ਹੈ। ਭਵਿੱਖ ਵਿੱਚ ਵਿਭਾਗ ਦੁਆਰਾ ਪੰਜਾਬ ਸਟੇਟ ਡੀਅਰ ਦੀਵਾਲੀ ਬੰਪਰ 2025 ਡਰਾਅ 31.10.2025 ਨੂੰ ਕੱਢਿਆ ਜਾਣਾ ਹੈ (ਟਿਕਟ ਦੀ ਕੀਮਤ 500/- ਰੁਪਏ), ਜਿਸ ਵਿੱਚ 11 ਕਰੋੜ ਦਾ ਪਹਿਲਾ ਇਨਾਮ ਗਰੰਟਿਡ (ਵਿਕੀਆਂ ਹੋਈਆ ਟਿਕਟਾਂ ਵਿੱਚੋ) ਕੱਢਿਆ ਜਾਵੇਗਾ ਅਤੇ ਹੋਰ ਵੀ ਕਰੋੜਾਂ ਰੁਪਏ ਦੇ ਇਨਾਮ ਕੱਢੇ ਜਾਣੇ ਹਨ।



# 60,000 ਰਿਸ਼ਵਤ ਲੈਂਦਾ ਕਲਰਕ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 21 ਅਗਸਤ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਪਣਾਈ ਗਈ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਸਹਿਣਸ਼ੀਲਤਾ ਨੀਤੀ ਨੂੰ ਹੋਰ ਮਜ਼ਬੂਤ ਕਰਦਿਆਂ ਪੰਜਾਬ ਵਿਜੀਲੈਂਸ ਬਿਊਰੋ ਨੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਦਫ਼ਤਰ (ਡੀਡੀਪੀਓ) ਫਿਰੋਜ਼ਪੁਰ ਵਿਖੇ ਤਾਇਨਾਤ ਕਲਰਕ ਬਲਵੰਤ ਸਿੰਘ ਨੂੰ 60,000 ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ। ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਖੁਲਾਸਾ ਕੀਤਾ ਕਿ ਉਕਤ ਮੁਲਜ਼ਮ ਨੂੰ ਫਿਰੋਜ਼ਪੁਰ ਜ਼ਿਲ੍ਹੇ ਦੇ ਤਹਿਸੀਲ ਤਲਵੰਡੀ ਭਾਈ ਦੇ ਪਿੰਡ ਲੱਲੇ ਦੇ ਇੱਕ ਵਸਨੀਕ ਦੁਆਰਾ ਦਾਇਰ ਕੀਤੀ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ।



ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਸੀ ਕਿ ਉਸਨੇ ਇੱਕ ਨਿੱਜੀ ਬੈਂਕ ਤੋਂ ਖੇਤੀਬਾੜੀ ਕਰਜ਼ੇ ਦੀ ਲਿਮਿਟ ਬਣਾਉਣ ਲਈ ਅਰਜ਼ੀ ਦਿੱਤੀ ਸੀ ਜਿਸ ਵਿੱਚ ਉਸਨੇ ਆਪਣੀ ਮਾਲਕੀ ਵਾਲੀ ਜ਼ਮੀਨ ਦੇ ਖੇਤਰ ਦਾ ਹੀ ਵੇਰਵਾ ਦਿੱਤਾ ਸੀ ਪਰ ਬੈਂਕ ਨੇ ਇਹ ਕਰਜ਼ਾ ਲਿਮਟ ਮਨਜ਼ੂਰ ਕਰਨ ਤੋਂ ਇਨਕਾਰ ਦਿੱਤਾ। ਇਸ ਬਾਰੇ ਕਿਸੇ ਵਿਅਕਤੀ ਨੇ ਡੀਡੀਪੀਓ ਦਫ਼ਤਰ ਨੂੰ ਸੂਚਿਤ ਕਰ ਦਿੱਤਾ ਕਿ ਉਸ ਕਰਜ਼ੇ ਦੀ ਅਰਜ਼ੀ ਨਾਲ ਪਿੰਡ ਦੀ ਪੰਚਾਇਤੀ ਜ਼ਮੀਨ ਦਾ ਵੇਰਵਾ ਵੀ ਸ਼ਾਮਲ ਹੈ ਜਿਸਨੂੰ ਸ਼ਿਕਾਇਤਕਰਤਾ ਨਿਲਾਮੀ ਤੇ ਲੈਣ ਪਿੱਛੋਂ ਖੇਤੀ ਕਰ ਰਿਹਾ ਸੀ।

ਸ਼ਿਕਾਇਤ ਦੇ ਅਨੁਸਾਰ ਉਕਤ ਕਲਰਕ ਨੇ ਸ਼ਿਕਾਇਤਕਰਤਾ ਨੂੰ ਪੰਚਾਇਤੀ ਜ਼ਮੀਨ ਦੇ ਵੇਰਵੇ ਬੈਂਕ ਦੀ ਲਿਮਟ ਲਈ ਜਮ੍ਹਾਂ ਕਰਵਾਉਣ ਵਿਰੁੱਧ ਧਮਕਾਇਆ ਅਤੇ ਉਸ ਵਿਰੁੱਧ ਕੋਈ ਸਰਕਾਰੀ ਕਾਰਵਾਈ ਕਰਨ ਤੋਂ ਬਚਣ ਲਈ ਇੱਕ ਲੱਖ ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ। ਬਾਅਦ ਵਿੱਚ ਉਕਤ ਕਲਰਕ 60,000 ਰੁਪਏ ਰਿਸ਼ਵਤ ਲੈਣ ਲਈ ਸਹਿਮਤ ਹੋ ਗਿਆ।

ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ, ਫਿਰੋਜ਼ਪੁਰ ਰੇਂਜ ਦੀ ਇੱਕ ਵਿਜੀਲੈਂਸ ਬਿਊਰੋ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 60000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਕਲਰਕ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਫਿਰੋਜ਼ਪੁਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ ਜਿਸ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਹੋਰ ਜਾਂਚ ਜਾਰੀ ਹੈ।

# ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ 'ਦਾ ਪੰਜਾਬ ਪ੍ਰੋਟੈਕਸ਼ਨ ਆਫ਼ ਟਰੀਜ਼ ਐਕਟ, 2025' ਦਾ ਖਰੜਾ ਕੀਤਾ ਜਾ ਰਿਹੈ ਤਿਆਰ

## ਹਰਿਆਵਲ ਨੂੰ ਬਰਕਰਾਰ ਰੱਖਣ, ਵਾਤਾਵਰਨ ਸੰਤੁਲਨ ਨੂੰ ਯਕੀਨੀ ਬਣਾਉਣ ਤੇ ਵਾਤਾਵਰਨ ਦੇ ਪ੍ਰਦੂਸ਼ਨ ਨੂੰ ਰੋਕਣ ਲਈ ਬਣਾਇਆ ਜਾ ਰਿਹੈ ਇਹ ਐਕਟ

ਚੰਡੀਗੜ੍ਹ, 21 ਅਗਸਤ (ਚ.ਨ.ਸ.): ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ, ਪੰਜਾਬ ਵੱਲੋਂ 'ਦਿ ਪੰਜਾਬ ਪ੍ਰੋਟੈਕਸ਼ਨ ਆਫ਼ ਟਰੀਜ਼ ਐਕਟ, 2025' ਦਾ ਖਰੜਾ ਤਿਆਰ ਕੀਤਾ ਜਾ ਰਿਹਾ ਹੈ ਜਿਸਦਾ ਉਦੇਸ਼ ਹਰਿਆਲੀ ਨੂੰ ਬਰਕਰਾਰ ਰੱਖਣਾ, ਵਾਤਾਵਰਣ ਸੰਤੁਲਨ ਨੂੰ ਯਕੀਨੀ ਬਣਾਉਣਾ ਅਤੇ ਵਾਤਾਵਰਣ ਪ੍ਰਦੂਸ਼ਣ ਨੂੰ ਰੋਕਣ ਦੇ ਨਾਲ-ਨਾਲ ਮਿੱਟੀ ਦੀ ਸੰਭਾਲ ਕਰਨਾ ਹੈ। ਇਸ ਐਕਟ ਦਾ ਵਿਸਥਾਰ ਪੰਜਾਬ ਦੇ ਸਾਰੇ ਸ਼ਹਿਰੀ ਖੇਤਰਾਂ ਤੱਕ ਕੀਤਾ ਜਾ ਸਕੇਗਾ। ਐਕਟ ਮੁਤਾਬਿਕ, ਨਗਰ ਕੌਂਸਲ, ਨਗਰ ਨਿਗਮ, ਨੋਟੀਫਾਈਡ ਏਰੀਆ ਕਮੇਟੀ, ਟਾਊਨ ਏਰੀਆ ਕਮੇਟੀ ਜਾਂ ਕਿਸੇ ਵੀ ਸ਼ਹਿਰੀ ਵਿਕਾਸ ਅਥਾਰਟੀ/ਸਰਕਾਰੀ ਸੰਸਥਾ ਦੀਆਂ ਸੀਮਾਵਾਂ ਨਿਰਧਾਰਿਤ ਕੀਤੀਆਂ ਗਈਆਂ ਹਨ। ਇਸ ਵਿੱਚ ਇੱਕ ਟਰੀ ਅਫਸਰ ਦੀ ਵਿਵਸਥਾ ਵੀ ਹੈ ਜੋ ਪੰਜਾਬ ਵਿੱਚ ਸ਼ਹਿਰੀ ਸਥਾਨਕ ਇਕਾਈਆਂ ਦਾ ਇੱਕ ਕਾਰਜਕਾਰੀ ਅਫਸਰ ਜਾਂ ਸੂਬਾ ਸਰਕਾਰ ਵੱਲੋਂ ਨੋਟੀਫਾਈ ਕੋਈ ਹੋਰ ਅਧਿਕਾਰੀ ਹੋਵੇਗਾ।

ਐਕਟ ਦੀ ਧਾਰਾ 4 ਅਨੁਸਾਰ, ਕੋਈ ਵੀ ਵਿਅਕਤੀ ਸ਼ਹਿਰੀ ਖੇਤਰਾਂ ਵਿੱਚ ਖੜ੍ਹਾ ਕੋਈ ਵੀ ਰੁੱਖ ਨਹੀਂ ਕੱਟੇਗਾ ਅਤੇ ਕਿਸੇ ਵੀ ਸ਼ਹਿਰੀ ਖੇਤਰ ਵਿੱਚ ਮਨੁੱਖੀ ਦਖਲਅੰਦਾਜ਼ੀ ਤੋਂ ਬਿਨਾਂ ਪੂਰੀ ਤਰਾਂ ਮਰ ਚੁੱਕੇ ਜਾਂ ਡਿੱਗ ਚੁੱਕੇ ਰੁੱਖ ਤੋਂ ਇਲਾਵਾ ਕਿਸੇ ਵੀ ਹੋਰ ਰੁੱਖ ਨੂੰ ਨਹੀਂ ਕੱਟੇਗਾ, ਨਾ ਹੀ ਹਟਾਏਗਾ ਤੇ ਨਾ ਹੀ ਨਿਪਟਾਰਾ ਕਰੇਗਾ। ਐਕਟ ਦੀ ਧਾਰਾ 5 ਵਿੱਚ ਕੁਝ ਉਪਬੰਧ ਅਤੇ ਖਾਸ ਸ਼ਰਤਾਂ ਸ਼ਾਮਿਲ ਹਨ ਜਿਨਾਂ ਮੁਤਾਬਕ ਰੁੱਖ ਨੂੰ ਕੱਟਿਆ ਜਾ ਸਕਦਾ ਹੈ ਜਦੋਂ ਕਿ ਧਾਰਾ 9, ਧਾਰਾ 4 ਦੀ ਉਲੰਘਣਾ ਦੀ ਸੂਰਤ ਵਿੱਚ ਰੁੱਖਾਂ ਨੂੰ ਕੱਟਣ ਜਾਂ ਹਟਾਉਣ ਲਈ ਪੈਨੇਲਟੀ ਨਾਲ ਸੰਬੰਧਿਤ ਹੈ।



ਜੰਗਲਾਤ ਭਵਨ ਵਿਖੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੰਤਰੀ ਇੰਚਾਰਜ ਲਾਲ ਚੰਦ ਕਟਾਰੂਚੱਕ ਨੂੰ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਮਨੁੱਖੀ ਜੀਵਨ ਲਈ ਖ਼ਤਰੇ ਨੂੰ ਧਿਆਨ ਵਿੱਚ ਰੱਖਦਿਆਂ ਸੁੱਕੇ, ਮਰੇ ਹੋਏ ਅਤੇ ਖਤਰਨਾਕ ਰੁੱਖਾਂ ਨੂੰ ਕੱਟਿਆ ਜਾ ਰਿਹਾ ਹੈ। ਪਹਿਲੇ ਪੜਾਅ ਵਿੱਚ 25000 ਸੁੱਕੇ ਰੁੱਖ ਕੱਟੇ ਜਾਣਗੇ।

ਮੰਤਰੀ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਦੇ ਮੱਦੇਨਜ਼ਰ ਪੌਦੇ ਲਗਾਉਣ ਦੇ ਟੀਚੇ ਨੂੰ ਪਾਰ ਕਰਨ ਦੇ ਸਬੰਧ ਵਿੱਚ ਵਿਭਾਗ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਸੂਬੇ ਦੇ ਸਾਰੇ 23 ਜ਼ਿਲਿਆਂ ਵਿੱਚ ਹੁਣ ਤੱਕ 90 ਲੱਖ ਬੂਟੇ ਲਗਾਏ ਜਾ ਚੁੱਕੇ ਹਨ ਜਦੋਂ ਕਿ ਬੂਟੇ ਲਗਾਉਣ ਦਾ ਅਸਲ ਟੀਚਾ 80.5 ਲੱਖ ਸੀ। ਹਰੇਕ ਜ਼ਿਲੇ ਵਿੱਚ 3.50 ਲੱਖ ਬੂਟੇ ਲਗਾਉਣ ਦੀ ਯੋਜਨਾ ਉਲੀਕੀ ਗਈ ਸੀ।

ਮੰਤਰੀ ਨੇ ਰੋਪੜ (ਸ੍ਰੀ ਆਨੰਦਪੁਰ ਸਾਹਿਬ 'ਤੇ ਵਿਸ਼ੇਸ਼ ਜ਼ੋਰ ਦਿੰਦਿਆਂ), ਸ਼ਹੀਦ ਭਗਤ ਸਿੰਘ ਨਗਰ (ਖਟਕੜ ਕਲਾਂ ਵਿਖੇ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਦੇ ਆਲੇ ਦੁਆਲੇ ਦੇ ਖੇਤਰ 'ਤੇ ਧਿਆਨ ਕੇਂਦਰਿਤ ਕਰਦੇ ਹੋਏ), ਸੰਗਰੂਰ, ਪਠਾਨਕੋਟ ਅਤੇ ਅੰਮ੍ਰਿਤਸਰ ਜ਼ਿਲਿਆਂ ਵਿੱਚ ਹਾਈਵੇਅ ਦੇ ਸੱਜੇ-ਖੱਬੇ ਦੋਵੇਂ ਪਾਸੇ ਪੌਦੇ ਲਗਾਉਣ ਦੀ ਸਥਿਤੀ ਦਾ ਵੀ ਜਾਇਜ਼ਾ ਲਿਆ। ਵੀਡੀਓ ਕਾਨਫਰੰਸਿੰਗ ਰਾਹੀਂ ਡੀ.ਐਫ.ਓਜ਼ ਨਾਲ ਗੱਲਬਾਤ ਕਰਦਿਆਂ ਅਤੇ ਸੰਗਰੂਰ ਵਿਖੇ ਇਸ ਸਬੰਧੀ ਠੋਸ ਕਦਮ ਚੁੱਕਣ ਦੀ ਪ੍ਰਸ਼ੰਸਾ ਕਰਦਿਆਂ, ਸ੍ਰੀ ਕਟਾਰੂਚੱਕ ਨੇ ਸਾਰਿਆਂ ਨੂੰ ਪੂਰੇ ਜੋਸ਼ ਅਤੇ ਸਮਰਪਣ ਨਾਲ ਪ੍ਰੋਜੈਕਟ ਨੂੰ ਲਾਗੂ ਕਰਨ ਲਈ ਕਿਹਾ। ਇਸ ਮੌਕੇ ਮੰਤਰੀ ਨੇ ਸਵਰਗੀ ਕਵੀ ਸ਼ਿਵ ਕੁਮਾਰ ਬਟਾਲਵੀ ਦੀ ਯਾਦ ਵਿੱਚ ਕਰਵਾਏ ਜਾ ਰਹੇ ਕਵਿਤਾ ਮੁਕਾਬਲਿਆਂ ਦੇ ਸਬੰਧ ਵਿੱਚ ਸ਼੍ਰੇਣੀਆਂ ਦੇ ਮੁੜ ਵਰਗੀਕਰਨ ਨੂੰ ਵੀ ਪ੍ਰਵਾਨਗੀ ਦਿੱਤੀ। ਸੋਧ ਅਨੁਸਾਰ ਹੁਣ ਪ੍ਰਾਇਮਰੀ ਸ਼੍ਰੇਣੀ ਵਿੱਚ ਪਹਿਲੀ ਤੋਂ ਪੰਜਵੀਂ ਜਮਾਤ, ਸੈਕੰਡਰੀ ਸ਼੍ਰੇਣੀ ਵਿੱਚ ਛੇਵੀਂ ਤੋਂ ਅੱਠਵੀਂ ਜਮਾਤ ਸ਼ਾਮਲ ਹੋਵੇਗੀ ਜਦੋਂ ਕਿ ਨੌਵੀਂ ਤੋਂ ਬਾਰਵੀਂ ਜਮਾਤ ਨੂੰ ਸੀਨੀਅਰ ਸੈਕੰਡਰੀ ਸ਼੍ਰੇਣੀ ਵਿੱਚ ਸ਼ਾਮਿਲ ਕੀਤਾ ਗਿਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਜਾਬ ਰਾਜ ਜੰਗਲਾਤ ਵਿਕਾਸ ਨਿਗਮ ਦੇ ਚੇਅਰਮੈਨ ਰਾਕੇਸ਼ ਪੁਰੀ, ਜੰਗਲਾਤ ਵਿਭਾਗ ਦੇ ਪ੍ਰਮੁੱਖ ਮੁੱਖ ਵਣਪਾਲ (ਜੰਗਲਾਤ ਫੋਰਸ ਦੇ ਮੁਖੀ) ਧਰਮਿੰਦਰ ਸ਼ਰਮਾ, ਪੰਜਾਬ ਰਾਜ ਜੰਗਲਾਤ ਵਿਕਾਸ ਨਿਗਮ ਦੇ ਐਮ ਡੀ ਪਰਵੀਨ ਕੁਮਾਰ, ਏ.ਪੀ.ਸੀ.ਸੀ.ਐਫ. ਕਮ ਸੀ.ਈ.ਓ. ਪਨਕੈਂਪਾ ਸੌਰਵ ਗੁਪਤਾ, ਏ.ਪੀ.ਸੀ.ਸੀ.ਐਫ. (ਪ੍ਰਬੰਧਨ) ਬਸੰਤਾ ਰਾਜ ਕੁਮਾਰ, ਸੀ.ਸੀ.ਐਫ. (ਹਿੱਲਸ) ਨਿਧੀ ਸ੍ਰੀਵਾਸਤਵ, ਅਤੇ ਸੀ.ਸੀ.ਐਫ. ਜੰਗਲੀ ਜੀਵ ਸਾਗਰ ਸੇਤੀਆ ਸ਼ਾਮਿਲ ਸਨ।

## ਸੰਪਾਦਕੀ

# ਪੰਜਾਬ ਨੂੰ ਮੁੜ ਰਵਾਇਤੀ ਫ਼ਸਲਾਂ ਵੱਲ ਪਰਤਣਾ ਹੋਵੇਗਾ

ਪਿਛਲੇ ਚਾਰ ਕੁ ਦਹਾਕਿਆਂ ਤੋਂ ਪੰਜਾਬ ਨੇ ਰਵਾਇਤੀ ਫ਼ਸਲਾਂ ਤੋਂ ਮੁੱਖ ਫੇਰਿਆ ਹੈ ਤਾਂ ਉਸਨੂੰ ਇਸਦਾ ਭਾਰੀ ਖਮਿਆਜ਼ਾ ਭੁਗਤਣਾ ਪੈ ਰਿਹਾ ਹੈ। ਜਿਸਨੂੰ ਪੰਜ ਦਰਿਆਵਾਂ ਦੀ ਧਰਤੀ ਸਮਝਿਆ ਜਾਂਦਾ ਹੈ। ਅੱਜ ਦੇ ਦੌਰ ਵਿਚ ਪਾਣੀ ਦੇ ਖੌਫ਼ਨਾਕ ਪੱਧਰ ਦਾ ਸਾਹਮਣਾ ਕਰ ਰਿਹਾ ਹੈ। ਪਹਿਲੀ ਗੱਲ ਤਾਂ ਇਹ ਕਿ ਹੁਣ ਇਹ ਪੰਜਾਂ ਦਰਿਆਵਾਂ ਦੀ ਧਰਤੀ ਨਹੀਂ ਰਿਹਾ। ਦੇਸ਼ ਦੀ ਵੰਡ ਮੌਕੇ ਦਰਿਆ ਵੀ ਦੋ ਹਿੱਸਿਆਂ ਵਿਚ ਵੰਡੇ ਗਏ। ਅੱਧਾ ਹਿੱਸਾ ਪਾਕਿਸਤਾਨ ਅਤੇ ਅੱਧਾ ਹਿੱਸਾ ਹਿੰਦੁਸਤਾਨ ਵਾਲੇ ਪਾਸੇ ਵੰਡਿਆ ਗਿਆ। ਦੇਸ਼ ਦੀ ਵੰਡ ਹੋਈ ਤਾਂ ਮੁਲਕ ਅੰਨ ਦੀ ਭਾਰੀ ਕਿੱਲਤ ਦਾ ਸ਼ਿਕਾਰ ਸੀ ਅਤੇ ਉਸਨੂੰ ਅੰਨ ਦੀ ਪੂਰਤੀ ਲਈ ਹੋਰਨਾਂ ਮੁਲਕਾਂ ਉਪਰ ਨਿਰਭਰ ਹੋਣਾ ਪੈ ਰਿਹਾ ਸੀ। ਉਹ ਮੁਲਕ ਆਪਣੀ ਕ੍ਰੰਸੀ ਦੇ ਹਿਸਾਬ ਨਾਲ ਅਤਿ ਨੀਵੇਂ ਦਰਜੇ ਦੀ ਕੁਆਲਟੀ ਹਿੰਦੁਸਤਾਨ ਨੂੰ ਮੁਹੱਈਆ ਕਰਵਾਉਂਦੇ ਸਨ। ਫਿਰ ਦੇਸ਼ ਨੇ ਅੰਨ ਖੇਤਰ ਵਿਚ ਆਤਮ ਨਿਰਭਰ ਹੋਣ ਲਈ ਹਰੀ ਕ੍ਰਾਂਤੀ ਦਾ ਨਾਅਰਾ ਦਿੱਤਾ ਅਤੇ ਇਸ ਨੂੰ ਸਭ ਤੋਂ ਵੱਧ ਗੰਭੀਰਤਾ ਨਾਲ ਪੰਜਾਬ ਦੇ ਕਿਸਾਨਾਂ ਨੇ ਲਿਆ। ਬਦਲੇ ਵਿਚ ਸਰਕਾਰ ਨੇ ਸਸਤੇ ਕਰਜ਼ੇ, ਆਧੁਨਿਕ ਮਸ਼ੀਨਰੀ, ਬੀਜਾਂ ਅਤੇ ਕੀਟਨਾਸ਼ਕ ਮੁਹੱਈਆ ਕਰਵਾਉਣੇ ਸ਼ੁਰੂ ਕੀਤੇ। ਪੰਜਾਬੀ ਕਿਸਾਨਾਂ ਨੇ ਧੜਾਧੜ ਲੋਨ ਲੈ ਕੇ ਆਪਣਾ ਝਾੜ ਵਧਾਉਣ ਦਾ ਰਾਹ ਚੁਣਿਆ ਤੇ ਨਤੀਜਨ ਦੇਸ਼ ਅੰਨ ਦੇ ਖੇਤਰ ਵਿਚ ਆਤਮ ਨਿਰਭਰ ਹੋ ਗਿਆ। ਜੈ ਜਵਾਨ ਜੈ ਕਿਸਾਨ ਦਾ ਨਾਅਰਾ ਵੀ ਉਸ ਸਮੇਂ ਦੇਸ਼ ਦੇ ਪ੍ਰਧਾਨ ਮੰਤਰੀ ਲਾਲ ਬਹਾਦਰ ਸ਼ਾਸਤਰੀ ਨੇ ਦਿੱਤਾ। ਪਰ ਸਮਾਂ ਪਾ ਕੇ ਮੁਲਕ ਭਾਵੇਂ ਅੰਨ ਦੇ ਖੇਤਰ ਵਿਚ ਆਤਮ ਨਿਰਭਰ ਹੋ ਗਿਆ ਪਰ ਪੰਜਾਬ ਦੇ ਕਿਸਾਨਾਂ ਨੂੰ ਇਸਦਾ ਮਹਿੰਗਾ ਮੁੱਲ ਤਾਰਨਾ ਪਿਆ ਅਤੇ ਅੱਜ ਵੀ ਤਾਰ ਰਹੇ ਹਨ। ਜਦੋਂ ਦੇਸੀ ਨਰਮੇ ਨੂੰ ਅਮਰੀਕਨ ਸੁੰਡੀ ਨੇ ਤਬਾਹ ਕਰ ਦਿੱਤਾ ਤਾਂ ਮਾਲਵੇ ਦੇ ਕਿਸਾਨਾਂ ਨੂੰ ਮਜਬੂਰਨ ਝੋਨੇ ਦੀ ਫਸਲ ਵੱਲ ਪਰਤਣਾ ਪਿਆ। ਝੋਨੇ ਦੀ ਖਪਤ ਪੰਜਾਬ ਵਿਚ ਨਾਂ ਮਾਤਰ ਹੈ ਅਤੇ ਚਾਵਲ ਪੰਜਾਬੀਆਂ ਦੀ ਖੁਰਾਕ ਦਾ ਹਿੱਸਾ ਨਹੀਂ ਹੈ। ਪਰ ਝੋਨੇ 'ਤੇ ਐਮ.ਐਸ.ਪੀ ਹੋਣ ਕਾਰਨ ਪੰਜਾਬੀ ਕਿਸਾਨ ਇਸਦੀ ਕਾਸ਼ਤ ਕਰਦੇ ਹਨ। ਕਿਉਂਕਿ ਝੋਨੇ ਨੂੰ ਪਾਣੀ ਦੀ ਬੇਹੱਦ ਲੋੜ ਹੁੰਦੀ ਹੈ ਤੇ ਹਰ ਸਾਲ ਪੰਜਾਬ ਅੰਦਰ ਪਾਣੀ ਦਾ ਪੱਧਰ ਗਰਕਦਾ ਚਲਾ ਗਿਆ। ਝੋਨੇ ਵਾਲੇ ਖੇਤ ਬਣਾਉਣ ਲਈ ਰੁੱਖਾਂ ਦੀ ਬੇਕਦਰੀ ਨਾਲ ਕਟਾਈ ਕੀਤੀ ਗਈ। ਨਤੀਜਾ ਇਹ ਨਿੱਕਲਿਆ ਕਿ ਧਰਤੀ ਹੇਠਲੇ ਪਾਣੀ ਦਾ ਪੱਧਰ ਖ਼ਤਰਨਾਕ ਪੱਧਰ ਤਕ ਨੀਵਾਂ ਹੋ ਗਿਆ ਹੈ। ਪਹਿਲਾਂ ਪੱਟੇ ਵਾਲੀਆਂ ਮੋਟਰਾਂ, ਫਿਰ ਪੱਖੇ ਵਾਲੀਆਂ ਤੇ ਹੁਣ ਮੱਛੀ ਮੋਟਰਾਂ ਵੀ ਪਾਣੀ ਕੱਢਣ ਲਈ ਇੱਕ ਦੋ ਸਾਲ ਹੋਰ ਕੰਮ ਕਰਨਗੀਆਂ। ਭਾਵੇਂ ਹੁਣ ਕਿਸਾਨ ਇਸ ਨੂੰ ਗੰਭੀਰਤਾ ਨਾਲ ਲੈਣ ਲੱਗੇ ਹਨ ਤੇ ਪੂਸਾ-44 ਜਿਹੀਆਂ ਲੰਮੇ ਸਮੇਂ ਵਿਚ ਪੱਕਣ ਵਾਲੀਆਂ ਕਿਸਮਾਂ ਤੋਂ ਤੌਬਾ ਕਰ ਚੁੱਕੇ ਹਨ ਪਰ ਹਾਲੇ ਵੀ ਇਸ ਖੇਤਰ ਵਿਚ ਹੋਰ ਵਧੇਰੇ ਗੰਭੀਰਤਾ ਨਾਲ ਸੋਚਣ ਦੀ ਲੋੜ ਹੈ। ਖੇਤੀ ਵਿਭਾਗ ਅਤੇ ਸਰਕਾਰੀ ਪੱਧਰ ਦੀਆਂ ਕਾਰਵਾਈਆਂ ਮਹਿਜ਼ ਗੋਂਗਲੂਆਂ ਤੋਂ ਮਿੱਟੀ ਝਾੜਨ ਦੇ ਤੁਲ ਹਨ। ਜੇਕਰ ਸਰਕਾਰ ਅਤੇ ਖੇਤੀ ਵਿਭਾਗ ਗੰਭੀਰਤਾ ਨਾਲ ਇਸ ਮਸਲੇ ਨੂੰ ਵਿਚਾਰੇ ਤਾਂ ਕਿਸਾਨਾਂ ਦਾ ਝੋਨੇ ਤੋਂ ਛੁਟਕਾਰਾ ਸੰਭਵ ਹੈ। ਕੁਝ ਕਿਸਾਨਾਂ ਨੇ ਕੱਦੂ ਕਰਨ ਦੀ ਬਜਾਏ ਝੋਨੇ ਦੀ ਸਿੱਧੀ ਬਿਜਾਈ ਕਰਨੀ ਸ਼ੁਰੂ ਕੀਤੀ ਹੈ। ਦੇਰ ਨਾਲ ਬੀਜੀਆਂ ਅਤੇ ਜਲਦੀ ਪੱਕਣ ਵਾਲੀਆਂ ਕਿਸਮਾਂ ਵੀ ਲਗਾਉਣੀਆਂ ਸ਼ੁਰੂ ਕੀਤੀਆਂ ਹਨ ਪਰ ਹਾਲੇ ਇਸ ਖੇਤਰ ਵਿਚ ਹੋਰ ਬਹੁਤ ਕੁਝ ਕਰਨ ਦੀ ਲੋੜ ਹੈ। ਸੱਚਾਈ ਤਾਂ ਇਹ ਹੈ ਕਿ ਸਰਕਾਰਾਂ ਦੀ ਬੇਪ੍ਰਵਾਹੀ ਕਾਰਨ ਕਿਸਾਨ ਛੋਲੇ, ਕਮਾਦ, ਮਸਰ ਅਤੇ ਹੋਰਨਾਂ ਪ੍ਰਚੱਲਿਤ ਫਸਲਾਂ ਤੋਂ ਦੂਰ ਹੋ ਗਏ। ਸੱਚਾਈ ਇਹ ਵੀ ਹੈ ਕਿ ਨੇੜ ਭਵਿੱਖ ਵਿਚ ਪੰਜਾਬੀ ਕਿਸਾਨ ਨੂੰ ਫਿਰ ਤੋਂ ਇਨ੍ਹਾਂ ਫ਼ਸਲਾਂ ਵੱਲ ਪਰਤਣਾ ਹੀ ਪਵੇਗਾ। ਮੇਰੀ ਜਾਚੇ ਸਰਕਾਰ ਅਤੇ ਖੇਤੀ ਯੂਨੀਵਰਸਿਟੀ ਦੇ ਮਾਹਰਾਂ ਨੂੰ ਕਿਸਾਨ ਭਰਾਵਾਂ ਨੂੰ ਝੋਨੇ ਦੀ ਫਸਲ ਦੀ ਬਜਾਏ ਹੋਰਨਾਂ ਫ਼ਸਲਾਂ ਵੱਲ ਆਕਰਸ਼ਤ ਕਰਨ ਲਈ ਵਿਸ਼ੇਸ਼ ਤਵੱਜੋ ਦੇਣੀ ਚਾਹੀਦੀ ਹੈ। ਬਦਲਵੀਆਂ ਫ਼ਸਲਾਂ ਉਪਰ ਐਮ.ਐਸ.ਪੀ. ਅਤੇ ਉਨ੍ਹਾਂ ਦੇ ਢੁੱਕਵੇਂ ਮੰਡੀਕਰਨ ਦੀ ਵਿਵਸਥਾ ਵੀ ਯਕੀਨੀ ਬਣਾਉਣੀ ਚਾਹੀਦੀ ਹੈ। ਤਾਂ ਹੀ ਕਿਸਾਨ ਝੋਨੇ ਦੀ ਫ਼ਸਲ ਦਾ ਤਿਆਗ ਕਰਨਗੇ ਅਤੇ ਪੰਜਾਬ ਵੀ ਬੰਜਰ ਹੋਣ ਤੋਂ ਬਚ ਸਕੇਗਾ। ਰਵਾਇਤੀ ਫਸਲਾਂ ਵੱਲ ਮੁੜਕੇ ਹੀ ਪੰਜਾਬ ਆਪਣੇ ਕੁਦਰਤੀ ਸਰੋਤਾਂ ਨੂੰ ਬਚਾ ਸਕੇਗਾ ਨਹੀਂ ਤਾਂ ਆਉਣ ਵਾਲੇ ਸਾਲਾਂ ਵਿਚ ਇਸ ਨੂੰ ਧਰਤੀ ਹੇਠਲੇ ਪਾਣੀ ਨੂੰ ਬਚਾ ਸਕਣਾ ਮੁਸ਼ਕਲ ਹੀ ਨਹੀਂ ਅਸੰਭਵ ਹੋਵੇਗਾ।

**-ਜਗਜੀਤ ਸਿੰਘ ਦਰਦੀ**

## ਕੌਣ ਸੁਣੇਗਾ ਪੰਜਾਬ ਦੀ ਗੱਲ ?

# ਪੰਜਾਬ ਦੀ ਤਰਾਸਦੀ: ਡੁੱਬਦੇ ਖੇਤ, ਫ਼ਸਲਾਂ ਦੀ ਬਰਬਾਦੀ ਅਤੇ ਲੋਕਾਂ ਦੀ ਨਿਰਾਸ਼ਾ ਤੇ ਭਾਜਪਾਈਆਂ ਦੀ ਫੜੋ-ਫੜੀ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਪੰਜਾਬ ਦੇ ਲੋਕਾਂ ਦਾ ਦੁੱਖ ਦਰਦ ਖ਼ਤਮ ਨਹੀਂ ਹੋ ਰਿਹਾ ਹੈ। ਸੂਬੇ ਵਿੱਚ ਰਾਜਨੀਤਿਕ ਤਣਾਅ ਵੀ ਵੱਧ ਗਿਆ ਹੈ। ਕੇਂਦਰ ਸਰਕਾਰ ਦੀਆਂ ਸਕੀਮਾਂ ਨੂੰ ਜਾਣੂੰ ਕਰਾਉਣ ਲਈ ਅੱਜ ਭਾਰਤੀ ਜਨਤਾ ਪਾਰਟੀ ਦੁਆਰਾ ਲਗਾਏ ਗਏ ਪਿੰਡ ਪਿੰਡ ਕੈਂਪ ਤੇ ਆਪ ਦੀ ਸਰਕਾਰ ਨੇ ਭਾਜਪਾਈ ਵਰਕਰਾਂ ਦੀ ਫੜੋ-ਫੜੀ ਦਾ ਜੋ ਸਿਲਸਿਲਾ ਚਲਾਇਆ ਉਸ ਵਿੱਚ ਕਈ ਵੱਡੇ ਨੇਤਾ ਵੀ ਹਿਰਾਸਤ ਵਿੱਚ ਲਏ ਗਏ ਹਨ।
ਇਹ ਸਭ ਕੁੱਝ ਕੀ ਹੈ।

ਅਸੀਂ ਕਿਹੜੇ ਪੰਜਾਬ ਵਿੱਚ ਰਹਿ ਰਹੇ ਹਾਂ। ਇੱਕ ਪਾਸੇ ਮੀਂਹ ਦੀ ਤ੍ਰਾਸਦੀ ਹੈ। ਹੜ੍ਹਾਂ ਨਾਲ ਘਰ ਤੇ ਫ਼ਸਲਾਂ ਤਬਾਹ ਹੋ ਗਈਆਂ ਹਨ। ਸੜਕਾਂ 'ਤੇ ਹਾਦਸਿਆਂ ਦੀ ਭਰਮਾਰ ਹੈ। ਪੰਜਾਬ ਦੇ ਲੋਕਾਂ ਦੀ ਗੱਲ ਕੌਣ ਕਰੇ ਤੇ ਸੁਣੇ। ਅੱਜ ਦੀ ਹਾਲਤ ਤੇ ਅਸੀਂ ਕਹਿ ਸਕਦੇ ਹਾਂ ਕਿ ਪੰਜਾਬ, ਜਿਸ ਨੂੰ ਭਾਰਤ ਦਾ ਅੰਨਦਾਤਾ ਕਿਹਾ ਜਾਂਦਾ ਹੈ, ਅੱਜ ਆਪਣੇ ਆਪ ਨੂੰ ਇੱਕ ਵੱਡੀ ਤਰਾਸਦੀ ਵਿੱਚ ਘਿਰਿਆ ਹੋਇਆ ਮਹਿਸੂਸ ਕਰ ਰਿਹਾ ਹੈ। ਭਾਰੀ ਬਾਰਿਸ਼ਾਂ ਕਾਰਨ ਡੁੱਬ ਗਏ ਖੇਤਾਂ ਵਿੱਚ ਪਾਣੀ ਭਰਿਆ ਪਿਆ ਹੈ, ਫਸਲਾਂ ਨਸ਼ਟ ਹੋ ਰਹੀਆਂ ਹਨ ਅਤੇ ਕਿਸਾਨਾਂ ਦੀ ਮਿਹਨਤ ਵਿਅਰਥ ਜਾਂਦੀ ਨਜ਼ਰ ਆ ਰਹੀ ਹੈ।

ਇਸ ਦੇ ਨਾਲ ਹੀ, ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਵਰਕਰਾਂ ਅਤੇ ਲੀਡਰਾਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਦੇ ਮਾਮਲੇ ਨੇ ਰਾਜਨੀਤਿਕ ਤਣਾਅ ਵਧਾ ਦਿੱਤਾ ਹੈ। ਆਮ ਆਦਮੀ ਪਾਰਟੀ (ਆਪ) ਵੱਲੋਂ ਚਲਾਈ ਜਾ ਰਹੀ ਸਰਕਾਰ ਤੇ ਵਿਰੋਧੀ ਧਿਰਾਂ ਵੱਲੋਂ ਇੱਕ ਦੂਜੇ 'ਤੇ ਇਲਜ਼ਾਮ ਲਗਾਏ ਜਾ ਰਹੇ ਹਨ। ਲੋਕਾਂ ਵਿੱਚ ਨਿਰਾਸ਼ਾ ਛਾਈ ਹੋਈ ਹੈ ਅਤੇ ਸਵਾਲ ਉੱਠ ਰਹੇ ਹਨ ਕਿ ਪੰਜਾਬ ਵਾਸੀਆਂ ਦਾ ਦੁੱਖ-ਦਰਦ ਕਦੋਂ ਖ਼ਤਮ ਹੋਵੇਗਾ? ਪ੍ਰਾਪਤ ਤੱਥਾਂ 'ਤੇ ਅਧਾਰਿਤ ਅਤੇ ਇਨ੍ਹਾਂ ਸਾਰੇ ਬਿੰਦੂਆਂ 'ਤੇ ਵਿਚਾਰ ਕਰਦਿਆਂ ਹੁਣ ਡੁੱਬਦੇ ਖੇਤ ਅਤੇ ਫਸਲਾਂ ਦੀ ਬਰਬਾਦੀ ਤੇ ਮੀਂਹ ਨੇ ਬਿਪਤਾ ਪੈਦਾ ਕਰ ਦਿੱਤੀ ਹੈ।

ਅਗਸਤ 2025 ਵਿੱਚ ਪੰਜਾਬ ਵਿੱਚ ਆਏ ਹੜ੍ਹਾਂ ਨੇ ਸੂਬੇ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਹਿਮਾਚਲ ਪ੍ਰਦੇਸ਼ ਵਿੱਚ ਹੋਈ ਭਾਰੀ ਬਾਰਿਸ਼ ਕਾਰਨ ਭਾਖੜਾ ਅਤੇ ਪੌਂਗ ਡੈਮਾਂ ਵਿੱਚ ਪਾਣੀ ਦਾ ਪੱਧਰ ਵਧ ਗਿਆ ਹੈ, ਜਿਸ ਕਾਰਨ ਡੈਮਾਂ ਦੇ ਫਲੱਡ ਗੇਟ ਖੋਲ੍ਹੇ ਗਏ ਹਨ। ਇਸ ਨਾਲ ਰੂਪਨਗਰ, ਲੁਧਿਆਣਾ, ਜਲੰਧਰ, ਕਪੂਰਥਲਾ ਅਤੇ ਫਾਜ਼ਿਲਕਾ ਵਰਗੇ ਜ਼ਿਲ੍ਹਿਆਂ ਵਿੱਚ ਹੜ੍ਹਾਂ ਦੀ ਚੇਤਾਵਨੀ ਜਾਰੀ ਕੀਤੀ ਗਈ ਹੈ। ਗੁਰਦਾਸਪੁਰ ਅਤੇ ਤਰਨਤਾਰਨ ਵਿੱਚ ਹੜ੍ਹਾਂ ਨੇ ਹਜ਼ਾਰਾਂ ਏਕੜ ਜ਼ਮੀਨ ਨੂੰ ਡੁਬੋ ਦਿੱਤਾ ਹੈ, ਜਿੱਥੇ ਝੋਨੇ ਅਤੇ ਹੋਰ ਫਸਲਾਂ ਪੂਰੀ ਤਰ੍ਹਾਂ ਨਸ਼ਟ ਹੋ ਗਈਆਂ ਹਨ।

ਪੰਜਾਬ ਸਰਕਾਰ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਵਿਸ਼ੇਸ਼ ਗਿਰਦਾਵਰੀ ਦੇ ਆਦੇਸ਼ ਜਾਰੀ ਕੀਤੇ ਹਨ ਤਾਂ ਜੋ ਨੁਕਸਾਨ ਦਾ ਅੰਦਾਜ਼ਾ ਲਗਾਇਆ ਜਾ ਸਕੇ ਅਤੇ ਮੁਆਵਜ਼ਾ ਵੰਡਿਆ ਜਾ ਸਕੇ। ਪਰ ਕਿਸਾਨਾਂ ਨੂੰ ਤੁਰੰਤ ਸਹਾਇਤਾ ਨਾ ਮਿਲਣ ਕਾਰਨ ਉਨ੍ਹਾਂ ਵਿੱਚ ਗੁੱਸਾ ਵੱਧ ਰਿਹਾ ਹੈ। ਇੱਕ ਐਨਜੀਓ ਦੀ ਰਿਪੋਰਟ ਮੁਤਾਬਕ, ਭਾਰਤ ਵਿੱਚ ਹਰ 10 ਵਰਗ ਕਿਲੋਮੀਟਰ ਵਿੱਚੋਂ ਇੱਕ ਹਿੱਸਾ ਪਿਛਲੇ ਦਹਾਕੇ ਵਿੱਚ ਘੱਟੋ-ਘੱਟ ਇੱਕ ਵਾਰ ਹੜ੍ਹਾਂ ਵਿੱਚ ਡੁੱਬ ਚੁੱਕਾ ਹੈ, ਅਤੇ ਪੰਜਾਬ ਦੇ ਝੋਨੇ ਵਾਲੇ ਖੇਤ ਇਸ ਦੇ ਸਭ ਤੋਂ ਵੱਡੇ ਸ਼ਿਕਾਰ ਹਨ। ਗਲੋਬਲ ਵਾਰਮਿੰਗ ਅਤੇ ਜਲਵਾਯੂ ਤਬਦੀਲੀ ਨੇ ਇਨ੍ਹਾਂ ਹੜ੍ਹਾਂ ਨੂੰ ਵਧੇਰੇ ਗੰਭੀਰ ਬਣਾ ਦਿੱਤਾ ਹੈ, ਜਿੱਥੇ ਹੜ੍ਹ ਪ੍ਰਭਾਵਿਤ ਜ਼ਮੀਨ ਪਹਿਲਾਂ ਨਾਲੋਂ 71 ਪ੍ਰਤੀਸ਼ਤ ਵੱਧ ਹੈ।

ਹੁਸ਼ਿਆਰਪੁਰ ਤੋਂ ਕਪੂਰਥਲਾ ਅਤੇ ਫਿਰੋਜ਼ਪੁਰ ਤੱਕ, ਨਦੀਆਂ ਨੇ ਬੰਨ੍ਹ ਤੋੜ ਦਿੱਤੇ ਹਨ ਅਤੇ ਪਿੰਡਾਂ ਵਿੱਚ ਪਾਣੀ ਭਰ ਗਿਆ ਹੈ। ਪਰਿਵਾਰ ਵਿਸਥਾਪਿਤ ਹੋ ਗਏ ਹਨ ਅਤੇ ਕਿਸਾਨਾਂ ਦੀਆਂ ਫਸਲਾਂ ਡੁੱਬ ਕੇ ਨਸ਼ਟ ਹੋ ਗਈਆਂ ਹਨ। ਵਿਰੋਧੀ ਧਿਰ ਦੇ ਨੇਤਾ ਨੇ ਕਿਹਾ ਹੈ ਕਿ ਇਹ ਕੇਵਲ ਕੁਦਰਤੀ ਆਫ਼ਤ ਨਹੀਂ, ਬਲਕਿ ਸਰਕਾਰੀ ਅਸਫਲਤਾ ਵੀ ਹੈ। ਉਨ੍ਹਾਂ ਨੇ ਆਪ ਸਰਕਾਰ 'ਤੇ ਆਰੋਪ ਲਗਾਇਆ ਕਿ ਉਹ ਗੈਰਹਾਜ਼ਰ ਹਨ ਅਤੇ ਲੋਕਾਂ ਨੂੰ ਛੱਡ ਕੇ ਬੈਠੇ ਹਨ। ਇਸੇ ਤਰ੍ਹਾਂ, ਕਾਂਗਰਸ ਲੀਡਰ ਨੇ ਕਿਹਾ ਕਿ ਸਰਕਾਰ ਨੂੰ ਤੁਰੰਤ ਐਮਰਜੈਂਸੀ ਕੰਟਰੋਲ ਰੂਮ ਬਣਾਉਣਾ ਚਾਹੀਦਾ ਹੈ ਅਤੇ ਨੁਕਸਾਨ ਵਾਲੇ ਖੇਤਰਾਂ ਵਿੱਚ ਸਹਾਇਤਾ ਪਹੁੰਚਾਉਣੀ ਚਾਹੀਦੀ ਹੈ।

ਹੁਣ ਸੂਬੇ ਵਿੱਚ ਮੈਡੀਕਲ ਟੀਮਾਂ ਤੈਨਾਤ ਕੀਤੀਆਂ ਗਈਆਂ ਹਨ ਤਾਂ ਜੋ ਸਿਹਤ ਸੰਕਟ ਨੂੰ ਰੋਕਿਆ ਜਾ ਸਕੇ, ਪਰ ਕਿਸਾਨਾਂ ਨੂੰ ਤੁਰੰਤ ਮੁਆਵਜ਼ਾ ਨਾ ਮਿਲਣ ਨਾਲ ਉਨ੍ਹਾਂ ਵਿੱਚ ਨਿਰਾਸ਼ਾ ਵੱਧ ਰਹੀ ਹੈ। ਇਹ ਹੜ੍ਹ ਨਾ ਕੇਵਲ ਫਸਲਾਂ ਨੂੰ ਨਸ਼ਟ ਕਰ ਰਹੇ ਹਨ ਬਲਕਿ ਲੋਕਾਂ ਦੇ ਘਰਾਂ ਅਤੇ ਜੀਵਨ ਨੂੰ ਵੀ ਤਬਾਹ ਕਰ ਰਹੇ ਹਨ।

ਅੱਜ ਭਾਜਪਾ ਵਰਕਰਾਂ ਦੀਆਂ ਗ੍ਰਿਫ਼ਤਾਰੀਆਂ ਨਾਲ ਸਰਕਾਰੀ ਐਂਗਲ ਅਤੇ ਰਾਜਨੀਤਿਕ ਤਣਾਅ ਵੀ ਵਧਿਆ ਹੈ। ਇਸ ਹੜ੍ਹਾਂ ਵਾਲੇ ਸੰਕਟ ਵਿੱਚ ਰਾਜਨੀਤਿਕ ਡਰਾਮਾ ਵੀ ਵਧ ਗਿਆ ਹੈ। 21 ਅਗਸਤ 2025 ਨੂੰ ਪੰਜਾਬ ਪੁਲਿਸ ਨੇ ਭਾਜਪਾ ਦੇ ਕਈ ਲੀਡਰਾਂ ਅਤੇ ਵਰਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਗ੍ਰਿਫ਼ਤਾਰੀਆਂ ਭਾਜਪਾ ਵੱਲੋਂ ਚਲਾਈਆਂ ਜਾ ਰਹੀਆਂ ਵੈਲਫੇਅਰ ਕੈਂਪਾਂ ਦੌਰਾਨ ਹੋਈਆਂ ਹਨ, ਜਿੱਥੇ ਉਹ ਕੇਂਦਰ ਸਰਕਾਰ ਦੀਆਂ ਸਕੀਮਾਂ ਨੂੰ ਪ੍ਰਮੋਟ ਕਰ ਰਹੇ ਸਨ ਅਤੇ ਲੋਕਾਂ ਦੇ ਨਿੱਜੀ ਡਾਟੇ ਨੂੰ ਇਕੱਤਰ ਕਰ ਰਹੇ ਸਨ। ਪੁਲਿਸ ਨੇ ਇਲਜ਼ਾਮ ਲਗਾਇਆ ਕਿ ਇਹ ਡਾਟਾ ਗੈਰ-ਕਾਨੂੰਨੀ ਤਰੀਕੇ ਨਾਲ ਇਕੱਤਰ ਕੀਤਾ ਜਾ ਰਿਹਾ ਸੀ।

ਗ੍ਰਿਫ਼ਤਾਰ ਹੋਏ ਲੀਡਰਾਂ ਵਿੱਚ ਲੁਧਿਆਣਾ ਰੂਰਲ ਪ੍ਰਧਾਨ, ਜਲੰਧਰ ਐਮਪੀ ਸੁਸ਼ੀਲ ਕੁਮਾਰ ਰਿੰਕੂ ਅਤੇ ਹੋਰ ਸ਼ਾਮਲ ਹਨ। ਭਾਜਪਾ ਨੇ ਇਸ ਨੂੰ ਆਪ ਸਰਕਾਰ ਵੱਲੋਂ ਵਿਰੋਧੀਆਂ ਨੂੰ ਨਿਸ਼ਾਨਾ ਬਣਾਉਣ ਵਾਲੀ ਕਾਰਵਾਈ ਕਿਹਾ ਹੈ ਅਤੇ ਗਵਰਨਰ ਨੂੰ ਮਿਲ ਕੇ ਸ਼ਿਕਾਇਤ ਕੀਤੀ ਹੈ। ਭਾਜਪਾ ਨੇਤਾ ਸੁਨੀਲ ਜਾਖੜ ਨੇ ਮੁੱਖ ਮੰਤਰੀ ਨੂੰ ਚੁਣੌਤੀ ਦਿੱਤੀ ਹੈ ਕਿ ਉਹ ਆਪਣੇ ਕੈਂਪਾਂ ਨੂੰ ਜਾਰੀ ਰੱਖਣਗੇ ਅਤੇ ਗਰੀਬਾਂ ਨੂੰ ਸਹਾਇਤਾ ਪਹੁੰਚਾਉਣਗੇ।

ਦੂਜੇ ਪਾਸੇ, ਆਪ ਸਰਕਾਰ ਨੇ ਕਿਹਾ ਕਿ ਭਾਜਪਾ ਵੱਲੋਂ ਡਾਟਾ ਮਿਸ ਯੂਜ਼ ਕੀਤਾ ਜਾ ਰਿਹਾ ਸੀ ਅਤੇ ਇਹ ਕੈਂਪ ਰਾਜਨੀਤਿਕ ਲਾਭ ਲਈ ਚਲਾਏ ਜਾ ਰਹੇ ਸਨ। ਇਹ ਮਾਮਲਾ ਪੰਜਾਬ ਵਿੱਚ ਵਧਦੇ ਰਾਜਨੀਤਿਕ ਤਣਾਅ ਨੂੰ ਦਰਸਾਉਂਦਾ ਹੈ, ਜਿੱਥੇ ਵਿਰੋਧੀ ਧਿਰਾਂ ਨੂੰ ਨਿਸ਼ਾਨਾ ਬਣਾਉਣ ਦੇ ਇਲਜ਼ਾਮ ਆਮ ਹਨ। ਇਸ ਨੇ ਲੋਕਾਂ ਵਿੱਚ ਹੋਰ ਨਿਰਾਸ਼ਾ ਪੈਦਾ ਕੀਤੀ ਹੈ, ਕਿਉਂਕਿ ਹੜ੍ਹਾਂ ਵਰਗੇ ਸੰਕਟ ਵਿੱਚ ਰਾਜਨੀਤੀ ਨੂੰ ਪਹਿਲ ਦਿੱਤੀ ਜਾ ਰਹੀ ਹੈ।

ਹੁਣ ਸਵਾਲ ਇਹ ਹੈ ਕਿ ਪੰਜਾਬ ਵਾਸੀਆਂ ਦਾ ਦੁੱਖ-ਦਰਦ ਅਤੇ ਨਿਰਾਸ਼ਾ ਬਾਰੇ ਕੌਣ ਸੋਚੇਗਾ। ਪੰਜਾਬ ਦੇ ਲੋਕ ਲੰਮੇ ਸਮੇਂ ਤੋਂ ਕਈ ਮੁਸੀਬਤਾਂ ਨਾਲ ਜੂਝ ਰਹੇ ਹਨ।

2025 ਵਿੱਚ ਕਿਸਾਨ ਅੰਦੋਲਨਾਂ ਨੇ ਵੀ ਸੂਬੇ ਨੂੰ ਪ੍ਰਭਾਵਿਤ ਕੀਤਾ ਹੈ। ਮਾਰਚ ਵਿੱਚ ਪੰਜਾਬ ਪੁਲਿਸ ਨੇ ਹਜ਼ਾਰਾਂ ਕਿਸਾਨਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕੈਂਪਾਂ ਨੂੰ ਬੁਲਡੋਜ਼ਰ ਨਾਲ ਤੋੜ ਦਿੱਤਾ। ਕਿਸਾਨ ਮਿਨੀਮਮ ਸਪੋਰਟ ਪ੍ਰਾਈਸ (ਐਮਐੱਸਪੀ) ਦੀ ਕਾਨੂੰਨੀ ਗਾਰੰਟੀ, ਕਰਜ਼ਾ ਮਾਫੀ ਅਤੇ ਹੋਰ ਮੰਗਾਂ ਲਈ ਅੰਦੋਲਨ ਕਰ ਰਹੇ ਹਨ। ਇੱਕ ਕਿਸਾਨ ਲੀਡਰ ਜਗਜੀਤ ਸਿੰਘ ਡੱਲੇਵਾਲ ਨੇ 123 ਦਿਨਾਂ ਦੀ ਭੁੱਖ ਹੜਤਾਲ ਕੀਤੀ ਸੀ ਤਾਂ ਜੋ ਇਨ੍ਹਾਂ ਮੰਗਾਂ ਨੂੰ ਮੰਨਵਾਇਆ ਜਾ ਸਕੇ।

ਇਹ ਸਭ ਕੁਝ ਲੋਕਾਂ ਵਿੱਚ ਨਿਰਾਸ਼ਾ ਪੈਦਾ ਕਰ ਰਿਹਾ ਹੈ। ਪਿੰਡਾਂ ਵਿੱਚ ਪੁਲਿਸ ਵੱਲੋਂ ਭਾਜਪਾ ਵਰਕਰਾਂ ਨੂੰ ਰੋਕਣਾ ਅਤੇ ਗ੍ਰਿਫ਼ਤਾਰ ਕਰਨਾ ਰਾਜਨੀਤਿਕ ਵਿਵਾਦ ਨੂੰ ਵਧਾ ਰਿਹਾ ਹੈ, ਪਰ ਆਮ ਆਦਮੀ ਨੂੰ ਇਸ ਨਾਲ ਕੋਈ ਰਾਹਤ ਨਹੀਂ ਮਿਲ ਰਹੀ। ਸਮਾਜ ਵਿੱਚ ਇਹ ਸਵਾਲ ਉੱਠ ਰਹੇ ਹਨ ਕਿ ਕੌਣ ਸੁਣੇਗਾ ਪੰਜਾਬ ਦੀ ਗੱਲ? ਕੌਣ ਹੈ ਵਾਰਸ ਇਨ੍ਹਾਂ ਮੁਸੀਬਤਾਂ ਦਾ?

ਐਕਸ 'ਤੇ ਇੱਕ ਪੋਸਟ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਹੜ੍ਹਾਂ ਨਾਲ ਤਬਾਹ ਹੋ ਰਿਹਾ ਹੈ ਪਰ ਮੀਡੀਆ ਵਿੱਚ ਇਸ ਬਾਰੇ ਘੱਟ ਚਰਚਾ ਹੈ ਕਿਉਂਕਿ ਭਾਖੜਾ ਡੈਮ ਵਾਲੇ ਸਹੀ ਪੂਰਵ ਅਨੁਮਾਨ ਨਹੀਂ ਲਗਾ ਸਕਦੇ। ਇਹ ਨਿਰਾਸ਼ਾ ਨੂੰ ਵਧਾਉਂਦਾ ਹੈ।

**ਕਦੋਂ ਖਤਮ ਹੋਵੇਗਾ ਇਹ ਦੁੱਖ ?**

ਪੰਜਾਬ ਵਾਸੀਆਂ ਦਾ ਦੁੱਖ ਖਤਮ ਹੋਣ ਲਈ ਸਰਕਾਰ ਨੂੰ ਤੁਰੰਤ ਕਦਮ ਚੁੱਕਣੇ ਚਾਹੀਦੇ ਹਨ। ਹੜ੍ਹਾਂ ਲਈ ਬਿਹਤਰ ਪੂਰਵ ਅਨੁਮਾਨ ਅਤੇ ਰਾਹਤ ਪ੍ਰਬੰਧ, ਕਿਸਾਨਾਂ ਲਈ ਐਮਐੱਸਪੀ ਦੀ ਗਾਰੰਟੀ ਅਤੇ ਰਾਜਨੀਤਿਕ ਵਿਵਾਦਾਂ ਨੂੰ ਘੱਟ ਕਰਨਾ ਜ਼ਰੂਰੀ ਹੈ। ਜੇਕਰ ਸੂਬੇ ਅਤੇ ਕੇਂਦਰ ਸਰਕਾਰਾਂ ਨੇ ਮਿਲ ਕੇ ਕੰਮ ਕੀਤਾ ਤਾਂ ਹੀ ਪੰਜਾਬ ਨੂੰ ਇਸ ਤਰਾਸਦੀ ਤੋਂ ਬਾਹਰ ਕੱਢਿਆ ਜਾ ਸਕਦਾ ਹੈ। ਨਹੀਂ ਤਾਂ ਇਹ ਨਿਰਾਸ਼ਾ ਹੋਰ ਡੂੰਘੀ ਹੋ ਜਾਵੇਗੀ ਅਤੇ ਲੋਕਾਂ ਦਾ ਵਿਸ਼ਵਾਸ ਟੁੱਟ ਜਾਵੇਗਾ। ਪੰਜਾਬ ਨੂੰ ਆਪਣੇ ਵਾਰਸਾਂ ਦੀ ਲੋੜ ਹੈ ਜੋ ਲੋਕਾਂ ਦੀ ਗੱਲ ਸੁਣਨ ਅਤੇ ਕੰਮ ਕਰਨ।

# ਹੜ੍ਹਾਂ ਕਾਰਨ ਤਬਾਹੀ ! ਸਾਨੂੰ ਕਿਹੜਾ ਪਾਣੀ ਮਾਰੂ ?

ਗੁਰਪ੍ਰੀਤ ਸਿੰਘ
ਮੋ. 95698 20314

ਪਿਛਲੇ ਦਿਨੀਂ ਮੈਂ ਪਿੰਡ ਗਿਆ ਸਾਂ, ਤਾਂ ਸੱਥ ਵਿੱਚ ਗੱਲਾਂ ਚੱਲ ਰਹੀਆਂ ਸਨ ਕਿ ਇਸ ਵਾਰ ਤਾਂ ਬਈ ਧਰਤੀ ਉਤਲਾ ਪਾਣੀ ਹੀ ਸਾਨੂੰ ਮਾਰੇਗਾ। ਇੱਕ ਜਵਾਨ ਬੈਠਾ ਬੋਲਿਆ ਕਿ ਬਾਬਾ ਧਰਤੀ ਹੇਠਲਾ ਪਾਣੀ ਖ਼ਤਮ ਹੋ ਰਿਹਾ ਹੈ, ਤੁਸੀਂ ਕਿਹੜੇ ਪਾਣੀ ਦੀ ਗੱਲ ਪਏ ਕਰਦੇ ਜੇ! ਅੱਗੋਂ ਬਜ਼ੁਰਗ ਬੋਲਿਆ ਕਿ ਕਾਕਾ ਹੜ੍ਹ ਆ ਗਏ ਨੇ, ਸਾਨੂੰ ਤਾਂ 88 ਚੇਤੇ ਆ ਗਈ, ਜਦੋਂ ਸਭ ਕੁੱਝ ਹੜ੍ਹਾਂ ਵਿੱਚ ਰੁੜ ਗਿਆ ਸੀ। ਜਵਾਨ ਬੋਲਿਆ ਕਿ, ਅੱਛਾ ਬਾਬਾ ਮੈਂ ਹੁਣ ਸਮਝਿਆ।

ਖ਼ੈਰ, ਇਹ ਸਵਾਲ ਸਾਰਿਆਂ ਦੇ ਮਨਾਂ ਵਿੱਚ ਹੋਵੇਗਾ ਕਿ ਅਸੀਂ ਤਿੰਨ-ਚਾਰ ਮਹੀਨੇ ਪਹਿਲਾਂ ਤਾਂ, ਧਰਤੀ ਹੇਠਲਾ ਪਾਣੀ ਬਚਾਉਣ ਦੀ ਗੱਲ ਕਰਦੇ ਸੀ ਅਤੇ ਅਚਾਨਕ ਧਰਤੀ ਦੇ ਉੱਪਰ ਐਨਾ ਜ਼ਿਆਦਾ ਪਾਣੀ ਆ ਗਿਆ ਕਿ, ਸੰਭਾਲਣਾ ਔਖਾ ਹੋ ਗਿਆ। ਚਾਰੇ ਪਾਸੇ ਪਾਣੀ ਹੀ ਪਾਣੀ ਹੋਇਆ ਪਿਆ ਹੈ। ਕਈ ਤਾਂ, ਮੌਸਮ ਵਿਭਾਗ ਨੂੰ ਗਾਲ੍ਹਾਂ ਕੱਢਦੇ ਸਨ ਕਿ ਇਹ ਸਭ ਝੂਠੀਆਂ ਰਿਪੋਰਟਾਂ ਦਿੰਦਾ ਹੈ, ਮੀਂਹ ਤਾਂ ਪੈਂਦਾ ਨਹੀਂ! ਪਰ ਹੁਣ ਜਦੋਂ ਮੀਂਹ ਨੇ ਤਬਾਹੀ ਮਚਾਈ ਹੋਈ ਹੈ ਅਤੇ ਹੜ੍ਹ ਚਾਰੇ ਪਾਸਿਉਂ ਘੇਰਾ ਪਾ ਚੁੱਕੇ ਨੇ ਤਾਂ, ਕਈ ਬੰਦੇ ਤਾਂ ਰੱਬ ਰੱਬ ਕਰੀ ਜਾ ਰਹੇ ਨੇ। ਇਸ ਵੇਲੇ ਪਹਾੜਾਂ ਵਿੱਚ ਫੱਟ ਰਹੇ ਬੱਦਲਾਂ ਦੇ ਕਾਰਨ ਪਹਾੜੀ ਅਤੇ ਮੈਦਾਨੀ ਇਲਾਕੇ ਦੋਵੇਂ ਨੁਕਸਾਨੇ ਜਾ ਰਹੇ ਨੇ। ਜਿਹੜੇ ਇਲਾਕਿਆਂ ਵਿੱਚ ਕਦੇ ਕਿਹਾ ਜਾਂਦਾ ਸੀ ਕਿ ਇੱਥੇ ਪਾਣੀ ਕਾਫ਼ੀ ਹੇਠਾਂ ਚਲੇ ਗਏ ਨੇ, ਉੱਥੇ ਪਾਣੀ ਕਾਫ਼ੀ ਉੱਪਰ ਆ ਚੁੱਕੇ ਹਨ। ਸਮਾਜ ਨੂੰ ਪੌਣ, ਪਾਣੀ, ਹਵਾ ਆਦਿ ਬਾਰੇ ਜਾਗਰੂਕ ਕਰਨ ਵਾਲੇ ਕੁਦਰਤ ਦੇ ਬੰਦੇ, ਕਦੇ ਕਹਿੰਦੇ ਸੁਣਿਆ ਕਰਦੇ ਸੀ ਕਿ, ਇੱਕ ਦਿਨ ਐਸਾ ਆਵੇਗਾ ਕਿ, ਸਾਨੂੰ ਧਰਤੀ ਹੇਠਲਾ ਪਾਣੀ ਪੀਣ ਨੂੰ ਵੀ ਨਹੀਂ ਮਿਲਣਾ। ਬਥੇਰੇ ਜਾਗਰੂਕਤਾ ਕੈਂਪ ਲਾਏ, ਲੋਕਾਂ ਨੂੰ ਸਮਝਾਇਆ ਕਿ ਪਾਣੀ ਕੁਦਰਤੀ ਸੋਮਾ ਹੈ, ਇਸਨੂੰ ਬਰਬਾਦ ਨਾ ਕਰੋ। ਕਈ ਲੋਕ ਮੰਨ ਵੀ ਗਏ ਅਤੇ ਉਨ੍ਹਾਂ ਨੇ ਪੌਦੇ ਲਾਉਣੇ ਸ਼ੁਰੂ ਕਰ ਦਿੱਤੇ ਅਤੇ ਪਾਣੀ ਸੰਭਾਲਣਾ ਸ਼ੁਰੂ ਕਰ ਦਿੱਤਾ। ਪਰ, ਫਿਰ ਵੀ ਐਸੇ ਹਾਲਾਤ ਬਣੇ ਕਿਉਂ ਨੇ ਕਿ, ਸਾਨੂੰ ਇਸ ਵੇਲੇ ਧਰਤੀ ਦਾ ਹੇਠਲਾ ਨਹੀਂ, ਬਲਕਿ ਉਤਲਾ ਪਾਣੀ (ਮੀਂਹ ਦਾ ਪਾਣੀ) ਮਾਰ ਰਿਹਾ ਹੈ?

ਉਤਲੇ ਪਾਣੀ ਦੀ ਕਹਾਣੀ ਬੜੀ ਲੰਮੀ ਹੈ, ਚਲੋ

ਤੁਹਾਨੂੰ ਥੋੜ੍ਹੇ ਸ਼ਬਦਾਂ ਵਿੱਚ ਸਮਝਾਉਣ ਦੀ ਕੋਸ਼ਿਸ਼ ਕਰਦੇ ਹਾਂ। ਧਰਤੀ ਗੋਲ ਹੈ ਅਤੇ ਇੱਥੇ ਸਮੇਂ ਸਮੇਂ 'ਤੇ ਮੌਸਮ ਬਦਲਦੇ ਰਹਿੰਦੇ ਨੇ। ਧਰਤੀ 'ਤੇ ਜਿਵੇਂ ਹੀ ਮੌਸਮ ਬਦਲਦਾ ਹੈ, ਤੁਰੰਤ ਮੀਂਹ ਪੈ ਜਾਂਦੇ ਨੇ, ਕਿਤੇ ਗਰਮੀ ਪੈ ਜਾਂਦੀ ਹੈ ਅਤੇ ਕਿਤੇ ਹੜ੍ਹ ਆ ਜਾਂਦੇ ਨੇ। ਜਦੋਂ ਤੋਂ ਕਾਰਪੋਰੇਟ ਘਰਾਣਿਆਂ ਨੇ ਧਰਤੀ ਸਮੇਤ ਆਸਮਾਨ ਨੂੰ ਆਪਣੇ ਕਬਜ਼ੇ ਵਿੱਚ ਲੈਣ ਦੀ ਕੋਸ਼ਿਸ਼ ਕੀਤੀ ਹੈ, ਉਦੋਂ ਤੋਂ ਧਰਤੀ 'ਤੇ ਮਨੁੱਖ ਦੀ ਉਮਰ ਵੀ ਘਟੀ ਹੈ, ਨਾਲ ਹੀ ਮਨੁੱਖ ਨੂੰ ਬਿਮਾਰੀਆਂ ਨੇ ਵੀ ਜ਼ਿਆਦਾ ਜਕੜਿਆ ਹੈ। ਪਹਾੜਾਂ ਨੂੰ ਆਪਣੇ ਮੁਨਾਫ਼ੇ ਲਈ ਕੱਟਣਾ ਅਤੇ ਉੱਥੇ ਵੱਡੀਆਂ ਸੜਕਾਂ ਉਸਾਰਨਾ, ਜਿਨ੍ਹਾਂ ਦੀ ਲੋੜ ਬਹੁਤ ਥੋੜ੍ਹੇ ਲੋਕਾਂ ਨੂੰ ਹੁੰਦੀ ਹੈ, ਇਹ ਵੀ ਇੱਕ ਤਰੀਕੇ ਦੇ ਨਾਲ ਕੁਦਰਤ ਨਾਲ ਖਿਲਵਾੜ ਹੀ ਹੈ।



ਕਿਉਂਕਿ ਪਹਾੜ ਕੁਦਰਤ ਦੀ ਦੇਣ ਹੈ। ਜਦੋਂ ਮੈਦਾਨੀ ਇਲਾਕਿਆਂ ਵਿੱਚ ਗਰਮੀ ਪੈਂਦੀ ਹੈ ਤਾਂ ਲੋਕ ਪਹਾੜਾਂ ਵੱਲ ਸੈਰ ਕਰਨ ਜਾਂਦੇ ਨੇ, ਕਿਉਂਕਿ ਪਹਾੜਾਂ ਵਿੱਚ ਮੀਂਹ ਪੈ ਰਹੇ ਹੁੰਦੇ ਨੇ। ਪਹਾੜਾਂ ਵਿੱਚ ਜਦੋਂ ਲੋਕ ਜ਼ਿਆਦਾ ਪਹੁੰਚ ਜਾਂਦੇ ਨੇ, ਫਿਰ ਉਨ੍ਹਾਂ ਦੇ ਰਹਿਣ ਸਹਿਣ ਲਈ ਜਗ੍ਹਾ ਦੀ ਲੋੜ ਵੀ ਹੁੰਦੀ ਹੈ ਅਤੇ ਨਾਲ ਹੀ ਸੁਖਾਵੇਂ ਰਸਤਿਆਂ ਦੀ ਲੋੜ ਤਾਂ ਸਭ ਤੋਂ ਵੱਧ ਹੁੰਦੀ ਹੈ।

ਪਰ, ਇਸ ਦਾ ਮਤਲਬ ਇਹ ਤਾਂ ਨਹੀਂ ਕਿ ਲੋਕਾਈ ਦੇ ਫ਼ਾਇਦੇ ਲਈ ਕੁਦਰਤ ਨਾਲ ਖਿਲਵਾੜ ਕਰਕੇ ਪਹਾੜਾਂ ਵਿੱਚ ਸ਼ਾਪਿੰਗ ਮਾਲ, ਬਾਜ਼ਾਰ, ਹੋਟਲ ਅਤੇ ਵੱਡੇ-ਵੱਡੇ ਹਾਈਵੇ ਉਸਾਰ ਦਿੱਤੇ ਜਾਣ। ਪਹਾੜਾਂ ਵਿੱਚ ਐਨੀ ਜ਼ਿਆਦਾ ਤਾਕਤ ਹੈ ਕਿ ਉਨ੍ਹਾਂ ਉੱਤੇ ਭਾਵੇਂ ਬੱਦਲ ਫੱਟ ਜਾਵੇ, ਉਹ ਤਾਂ, ਵੀ ਨਹੀਂ ਟੁੱਟ ਸਕਦੇ, ਬਸ਼ਰਤੇ ਉਹ ਥੱਲੋਂ ਖੋਖਲੇ ਨਾ ਕੀਤੇ ਹੋਣ। ਪਹਾੜਾਂ ਨੂੰ ਆਪਣੇ ਫ਼ਾਇਦੇ ਲਈ ਠੇਕੇਦਾਰਾਂ ਨੇ ਕੱਟ ਵੱਢ ਦਿੱਤਾ ਹੋਇਆ ਅਤੇ ਪਹਾੜੀਆਂ ਦਾ ਮਲਬਾ ਸੁੱਟ ਦਿੱਤਾ ਗਿਆ ਹੈ ਨਹਿਰਾਂ ਦੇ ਵਿੱਚ, ਜਿਹੜੀਆਂ ਕਿ ਬਰਸਾਤੀ ਪਾਣੀ ਨੂੰ ਡੈਮਾਂ ਅਤੇ ਦਰਿਆਵਾਂ ਦੇ ਵਿੱਚ ਲੈ ਕੇ ਜਾਂਦੀਆਂ।

ਵੇਖਿਆ ਜਾਵੇ ਤਾਂ ਜਦੋਂ ਦਰਿਆਵਾਂ ਅਤੇ ਨਦੀਆਂ ਨਾਲਿਆਂ ਦੇ ਰਸਤੇ ਬੰਦ ਕਰ ਦਿੱਤੇ ਜਾਣਗੇ ਤਾਂ ਉਹ ਆਪਣਾ ਕਹਿਰ ਵਿਖਾਉਣਗੇ ਹੀ। ਪਹਾੜਾਂ ਦੀ ਵੱਢ ਟੁੱਕ ਅਤੇ ਨਦੀਆਂ ਵਿੱਚ ਸੁੱਟੇ ਮਲਬੇ ਤੋਂ ਇਲਾਵਾ ਦਰਿਆਈ ਜ਼ਮੀਨਾਂ 'ਤੇ ਕਬਜ਼ੇ ਹੀ, ਮਨੁੱਖ ਨੂੰ ਧਰਤੀ ਉਤਲੇ ਪਾਣੀ (ਮੀਂਹ ਦੇ ਪਾਣੀ) ਨਾਲ ਮਾਰ ਦੇਣਗੇ। ਦੂਜੇ ਪਾਸੇ ਧਾਰਮਿਕ ਯਾਤਰਾਵਾਂ ਦੇ ਲਈ ਸਰਕਾਰਾਂ ਦੇ ਵੱਲੋਂ ਕਢਵਾਏ ਗਏ ਫੋਰ-ਲੇਨ ਹਾਈਵੇ ਅਤੇ ਖੋਖਲੇ ਕੀਤੇ ਗਏ ਪਹਾੜ ਉਨ੍ਹਾਂ ਲੋਕਾਂ ਦੀ ਵੀ ਜਾਨ ਨਾਲ ਹੀ ਲੈ ਰਹੇ ਨੇ, ਜਿਹੜੇ ਧਾਰਮਿਕ ਯਾਤਰਾ ਤੇ ਨਿਕਲ ਕੇ ਪਹਾੜਾਂ ਵਿੱਚ ਸੇਵਾ ਕਰਨ ਜਾਂਦੇ ਨੇ।

ਵੈਸੇ, ਇਹ ਸਭ ਕੁੱਝ ਕੁਦਰਤ ਨਾਲ ਖਿਲਵਾੜ ਦਾ ਨਤੀਜਾ ਹੀ ਹੈ। ਕੁਦਰਤ ਦੇ ਨਾਲ ਕੀਤੀ ਗਈ ਛੇੜਛਾੜ ਦਾ ਮਨੁੱਖ ਨੂੰ ਐਨਾ ਬੁਰਾ ਅੰਜਾਮ ਭੁਗਤਣਾ ਪਵੇਗਾ, ਇਸ ਬਾਰੇ ਕਦੇ ਸੋਚਿਆ ਵੀ ਨਹੀਂ ਸੀ। ਮਨੁੱਖ ਸੋਚੇ ਵੀ ਕਿਵੇਂ? ਪੈਸੇ ਅਤੇ ਤਰੱਕੀ ਦੀ ਦੌੜ ਵਿੱਚ ਅਸੀਂ ਐਨੇ ਜ਼ਿਆਦਾ ਪਾਗਲ ਹੋ ਚੁੱਕੇ ਹਾਂ ਕਿ ਸਾਨੂੰ ਆਸਾ ਪਾਸਾ ਨਜ਼ਰ ਹੀ ਨਹੀਂ ਆ ਰਿਹਾ। ਲਗਾਤਾਰ ਹੋ ਰਹੇ ਵਾਤਾਵਰਨ ਦੇ ਨਾਲ ਖਿਲਵਾੜ ਨੂੰ ਅਸੀਂ ਬੜਾ ਹਲਕਾ ਲੈ ਰਹੇ ਹਾਂ। ਰੁੱਖ ਕਰੋੜਾਂ ਦੀ ਗਿਣਤੀ ਵਿੱਚ ਕੱਟੇ ਜਾ ਰਹੇ ਨੇ, ਪਰ ਅਸੀਂ ਚੁੱਪ ਹਾਂ। ਕਿਉਂਕਿ ਸਾਨੂੰ ਲੱਗਦਾ ਹੈ ਕਿ, ਇਹ ਰੁੱਖ ਕਿਹੜਾ ਸਾਡੀ ਜ਼ਮੀਨ ਵਿੱਚ ਲੱਗੇ ਹੋਏ ਨੇ।

ਮੌਸਮ ਵਿਭਾਗ ਦੀਆਂ ਚੇਤਾਵਨੀਆਂ ਸੱਚ ਸਾਬਤ ਤਾਂ ਹੋ ਚੁੱਕੀਆਂ ਨੇ, ਪਰ ਮਨੁੱਖ ਰੁੱਖਾਂ ਦੀ ਕਟਾਈ ਅਤੇ ਪਹਾੜਾਂ ਦੇ ਚੀਰ ਫਾੜ ਨੂੰ ਕਦੋਂ ਵੇਖੇਗਾ? ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰਾਖੰਡ, ਦਿੱਲੀ ਅਤੇ ਯੂ.ਪੀ ਦੇ ਕੁੱਝ ਇਲਾਕਿਆਂ ਤੋਂ ਇਲਾਵਾ ਬਿਹਾਰ, ਮਹਾਰਾਸ਼ਟਰ, ਕੇਰਲ, ਮੁੰਬਈ, ਗੋਆ ਆਦਿ ਸਭ ਹੜ੍ਹਾਂ ਦੀ ਲਪੇਟ ਵਿੱਚ ਹਨ। ਤਕਰੀਬਨ ਅੱਧਾ ਪੰਜਾਬ ਵੀ ਇਸ ਵੇਲੇ ਹੜ੍ਹਾਂ ਨਾਲ ਘਿਰ ਚੁੱਕਿਆ ਹੈ। ਕਈ ਬੰਦੇ ਜਿਹੜੇ ਕੁੱਝ ਮਹੀਨੇ ਪਹਿਲਾਂ ਭਾਰਤ ਅਤੇ ਪਾਕਿਸਤਾਨ ਵਿਚਾਲੇ ਲੱਗੀ ਜੰਗ 'ਤੇ ਸਰਕਾਰੀ ਬੋਲੀ ਬੋਲਦਿਆਂ ਹੋਇਆਂ, ਹਾਕਮ ਦੀ ਹਾਂ ਵਿੱਚ ਹਾਂ ਮਿਲਾ ਰਹੇ ਸਨ, ਉਹ ਇਸ ਵੇਲੇ ਕੁਦਰਤੀ ਜੰਗ ਦੇ ਅੱਗੇ ਗੋਡੇ ਟੇਕ ਚੁੱਕੇ ਨੇ। ਸਰਹੱਦੀ ਇਲਾਕਿਆਂ ਦੇ ਲੋਕਾਂ ਲਈ ਤਾਂ, ਇਹ ਦੂਹਰੀ-ਤੀਹਰੀ ਮਾਰ ਹੈ।

ਪਹਿਲਾਂ, ਜੰਗ ਨੇ ਹਾਲਾਤ ਮਾੜੇ ਕਰ ਦਿੱਤੇ, ਘਰਾਂ ਦੇ ਘਰ ਤਬਾਹ ਹੋ ਗਏ। ਹੁਣ ਪਾਣੀ ਪਰਿਵਾਰਾਂ ਦੇ ਪਰਿਵਾਰ ਤਬਾਹ ਕਰ ਰਿਹਾ ਹੈ। ਇਸ ਵੇਲੇ ਤਾਂ, ਇੰਝ ਹੀ ਲੱਗ ਰਿਹਾ ਹੈ, ਜਿਵੇਂ ਧਰਤੀ ਦੇ ਵਿੱਚੋਂ ਸਾਰਾ ਪਾਣੀ ਨਿਕਲ ਕੇ ਬਾਹਰ ਆ ਗਿਆ ਹੋਵੇ। ਪਹਾੜਾਂ ਵਿੱਚ ਲਗਾਤਾਰ ਬੱਦਲਾਂ ਦਾ ਫਟਣਾ, ਇਸ ਗੱਲ ਦਾ ਸੰਕੇਤ ਦਿੰਦਾ ਹੈ ਕਿ ਆਉਂਦੇ ਚਾਰ-ਪੰਜ ਸਾਲ ਧਰਤੀ ਦੇ ਰਹਿਣ ਵਾਲੇ ਮਨੁੱਖਾਂ ਵਾਸਤੇ ਬੇਹੱਦ ਖ਼ਤਰਨਾਕ ਹੋਣ ਵਾਲੇ ਹਨ। ਕਿਉਂਕਿ ਜਿਸ ਤਰ੍ਹਾਂ ਪਿਛਲੇ ਕੁੱਝ ਸਾਲਾਂ ਵਿੱਚ ਸਰਕਾਰਾਂ ਨੇ ਕੁਦਰਤੀ ਸੋਮੇਂ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਕੇ, ਇਨ੍ਹਾਂ ਦੀ ਚੀਰ ਫਾੜ ਕਰਵਾਈ ਹੈ, ਉਦੋਂ ਤੋਂ ਧਰਤੀ ਦਾ ਵਿਨਾਸ਼ ਜ਼ਿਆਦਾ ਹੋਣਾ ਸ਼ੁਰੂ ਹੋਇਆ ਹੈ।

ਧਰਤੀ 'ਤੇ ਰਹਿ ਰਹੇ ਮਨੁੱਖ ਇਹੋ ਸਵਾਲ ਜੇਕਰ ਆਪਣੇ ਆਪ ਨੂੰ ਕਰਨ ਕਿ, ਉਹ ਧਰਤੀ ਬਚਾਉਣ ਲਈ ਕਰ ਕੀ ਰਹੇ ਨੇ ਤਾਂ, ਮਨੁੱਖ ਆਗਾਮੀ ਜ਼ਿੰਦਗੀ ਲਈ ਬੱਚ ਸਕਦਾ ਹੈ, ਨਹੀਂ ਤਾਂ ਬਚਣਾ ਮੁਸ਼ਕਲ ਹੈ। ਵੈਸੇ, ਜਦੋਂ ਜੰਗ ਲੱਗੀ ਸੀ ਤਾਂ, ਇੱਕ ਧੜਾ ਬਹੁਤ ਜ਼ਿਆਦਾ ਖ਼ੁਸ਼ ਸੀ ਕਿ ਅਸੀਂ ਦੁਸ਼ਮਣ ਨੂੰ ਧੂੜ ਚਟਾ ਰਹੇ ਹਾਂ, ਅਸੀਂ ਉਨ੍ਹਾਂ ਨੂੰ ਮਾਰ ਰਹੇ ਹਾਂ, ਪਰ ਅਸੀਂ ਉਸ ਸਮੇਂ ਇਹ ਨਹੀਂ ਵੇਖਿਆ ਕਿ, ਜਿਹੜਾ ਕੁੱਝ ਅਸੀਂ ਬੋਲਦੇ ਹਾਂ, ਇਹੋ ਕੁੱਝ ਦੂਜੇ ਦੇਸ਼ ਦੇ ਲੋਕ ਵੀ ਬੋਲਦੇ ਹੋਣਗੇ। ਓਹਨਾਂ ਦੇ ਮੁਲਕ ਦਾ ਵੀ ਕੋਈ ਬਹੁਤਾ ਚੰਗਾ ਹਾਲ ਨਹੀਂ ਹੈ। ਸੈਂਕੜੇ ਲੋਕ ਉਥੇ ਵੀ ਹੜ੍ਹਾਂ ਕਾਰਨ ਮਰ ਟੱਪ ਗਏ ਨੇ।

ਵੇਖਿਆ ਜਾਵੇ ਤਾਂ, ਧਰਤੀ ਦਾ ਵਿਨਾਸ਼ ਅਤੇ ਪਹਾੜਾਂ ਦੀ ਕਾਟ-ਸ਼ਾਟ ਇਕੱਲੇ ਸਾਡੇ ਮੁਲਕ ਵਿੱਚ ਹੀ ਨਹੀਂ ਹੋਈ, ਜਾਂ ਫਿਰ ਜੰਗਲ ਇਕੱਲੇ ਸਾਡੇ ਮੁਲਕ ਵਿੱਚ ਹੀ ਨਹੀਂ ਕੱਟੇ ਜਾ ਰਹੇ, ਸਗੋਂ ਦੁਨੀਆ ਭਰ ਦੇ ਬਹੁਤ ਸਾਰੇ ਆਪਣੇ ਆਪ ਨੂੰ ਖੱਬੀ-ਖ਼ਾਂ ਸਮਝਣ ਵਾਲੇ ਮੁਲਕ ਵੀ ਅਖੌਤੀ ਤਰੱਕੀ ਦੇ ਅੱਗੇ ਗੋਡੇ ਟੇਕ ਕੇ ਕੁਦਰਤ ਦੇ ਨਾਲ ਖਿਲਵਾੜ ਕਰ ਰਹੇ ਨੇ। ਦੁਬਈ ਵਿੱਚ ਪਾਣੀ ਦੀ ਬੇਹੱਦ ਕਮੀ ਹੈ, ਕਿਉਂਕਿ ਉਹ ਰੇਤਲਾ ਇਲਾਕਾ ਹੈ। ਓਵੇਂ ਜਿਵੇਂ ਸਾਡਾ ਇੱਧਰ ਰਾਜਸਥਾਨ ਹੈ। ਦੁਬਈ ਵਿੱਚ ਪਿਛਲੇ ਸਾਲ ਹੜ੍ਹ ਆਏ। ਕੋਈ ਸੋਚ ਵੀ ਨਹੀਂ ਸਕਦਾ ਕਿ, ਰੇਤਲੇ ਅਤੇ ਪਾਣੀ ਦੀ ਕਮੀ ਵਾਲੇ ਸ਼ਹਿਰਾਂ ਵਿੱਚ ਵੀ ਹੜ੍ਹ ਆ ਸਕਦੇ ਨੇ, ਪਰ ਇਹ ਸੱਚ ਹੈ। ਮੰਨਿਆ ਜਾਂਦਾ ਹੈ ਕਿ ਪਿਛਲੇ 75 ਸਾਲਾਂ ਦੇ ਇਤਿਹਾਸ ਵਿੱਚ ਦੁਬਈ ਵਿੱਚ ਇੰਨੀ ਬਾਰਿਸ਼ ਕਦੇ ਨਹੀਂ ਹੋਈ ਸੀ।

ਇਸ ਦੀਆਂ ਅੰਤਰਰਾਸ਼ਟਰੀ ਮੀਡੀਏ ਵਿੱਚ ਰਿਪੋਰਟਾਂ ਛਪੀਆਂ। ਪਾਣੀ ਨੂੰ ਤਰਸਣ ਵਾਲੇ ਦੁਬਈ ਵਿੱਚ ਐਨਾ ਜ਼ਿਆਦਾ ਹੜ੍ਹ ਆ ਗਿਆ ਕਿ ਸੜਕਾਂ ਤਾਂ ਪਾਣੀ ਨਾਲ ਭਰ ਹੀ ਗਈਆਂ, ਸਗੋਂ ਰੇਤਲੇ ਇਲਾਕੇ ਵੀ ਪਾਣੀ ਵਿੱਚ ਡੁੱਬ ਗਏ। ਦੱਸਦੇ ਚੱਲੀਏ ਕਿ ਮੱਧ ਪੂਰਬ ਦੇ ਦੇਸ਼ ਰੇਗਿਸਤਾਨਾਂ ਨਾਲ ਭਰੇ ਹੋਏ ਹਨ ਅਤੇ ਇੱਥੋਂ ਦੇ ਲੋਕ ਅਕਸਰ ਗਰਮੀ ਤੋਂ ਪ੍ਰੇਸ਼ਾਨ ਰਹਿੰਦੇ ਹਨ। ਪਰ ਪਿਛਲੇ ਸਾਲ ਮਾਹੌਲ ਕੁੱਝ ਵੱਖਰਾ ਰਿਹੈ। ਕਿਉਂਕਿ ਦੁਬਈ ਹੜ੍ਹ ਦੀ ਲਪੇਟ ਵਿੱਚ ਸੀ। ਜਿੱਥੇ ਸ਼ਾਪਿੰਗ ਮਾਲ, ਪਾਰਕਿੰਗ, ਸੜਕਾਂ, ਸਕੂਲ-ਕਾਲਜ, ਲਗਭਗ ਸਾਰੀਆਂ ਥਾਵਾਂ ਪਾਣੀ ਨਾਲ ਭਰੀਆਂ ਹੋਈਆਂ ਸਨ। ਦੁਬਈ ਦਾ ਹਵਾਈ ਅੱਡਾ ਵੀ ਪਾਣੀ ਦੀ ਲਪੇਟ ਵਿੱਚ ਸੀ ਅਤੇ ਰਨ-ਵੇ ਪੂਰੀ ਤਰ੍ਹਾਂ ਪਾਣੀ ਵਿੱਚ ਡੁੱਬਾ ਹੋਇਆ ਸੀ।

ਦੁਬਈ ਵਿੱਚ ਆਏ ਹੜ੍ਹਾਂ 'ਤੇ ਜਦੋਂ ਵਿਗਿਆਨੀਆਂ ਨੇ ਆਪਣੀਆਂ ਰਿਪੋਰਟਾਂ ਪਬਲਿਸ਼ ਕੀਤੀਆਂ ਤਾਂ ਪਤਾ ਲੱਗਿਆ ਕਿ ਦੁਬਈ ਨੇ ਵਿਗਿਆਨ (ਸਾਈਂਸ) ਦੀ ਦੁਰਵਰਤੋਂ ਕੀਤੀ ਹੈ, ਯਾਨੀਕਿ ਦੁਬਈ ਵਿੱਚ ਗਰਮੀ ਜ਼ਿਆਦਾ ਸੀ, ਉੱਥੇ ਨਕਲੀ ਮੀਂਹ ਪਵਾਉਣ ਦੀ ਕੋਸ਼ਿਸ਼ ਕੀਤੀ ਗਈ। ਉੱਥੇ ਮੀਂਹ ਤਾਂ ਪਿਆ, ਪਰ ਲੋੜੋਂ ਵੱਧ ਕੇ। ਮੀਡੀਆ ਰਿਪੋਰਟਾਂ ਅਨੁਸਾਰ, ਬੱਦਲ ਸੀਡਿੰਗ ਲਈ ਦੁਬਈ ਦੇ ਅਸਮਾਨ ਵਿੱਚ ਜਹਾਜ਼ ਉਡਾਏ ਗਏ ਸਨ। ਇਸ ਤਕਨੀਕ ਰਾਹੀਂ ਨਕਲੀ ਵਰਖਾ ਕੀਤੀ ਜਾਂਦੀ ਹੈ। ਮੰਨਿਆ ਜਾ ਰਿਹਾ ਹੈ ਕਿ ਇਸ ਟੈਕਨਾਲੋਜੀ ਕਾਰਨ ਇੰਨੀ ਬਾਰਿਸ਼ ਹੋਈ ਕਿ ਦੁਬਈ 'ਚ ਹੜ੍ਹ ਆ ਗਿਆ। ਵਿਗਿਆਨੀਆਂ ਦਾ ਕਹਿਣਾ ਹੈ ਕਿ ਪੂਰੀ ਯੋਜਨਾ ਫ਼ੇਲ੍ਹ ਹੋ ਗਈ ਹੈ। ਨਕਲੀ ਵਰਖਾ ਕਰਨ ਦੀ ਕੋਸ਼ਿਸ਼ ਵਿੱਚ ਬੱਦਲ ਆਪਣੇ ਆਪ ਫੱਟ ਗਿਆ।

ਵਿਕਾਸਸ਼ੀਲ ਅਤੇ ਵਿਕਸਤ ਮੁਲਕ ਇਸ ਵੇਲੇ ਇੱਕ ਦੂਜੇ ਦੀ ਰੀਸ ਕਰਦੇ ਹੋਏ, ਰੁੱਖਾਂ ਦੀ ਬੇਤਹਾਸ਼ਾ ਕਟਾਈ ਕਰ ਰਹੇ ਨੇ। ਭਾਰਤ ਦੇ ਕਈ ਸੂਬਿਆਂ ਵਿੱਚ ਵਿਕਾਸ ਦੇ ਨਾਮ 'ਤੇ ਨਦੀਆਂ, ਨਾਲੇ ਅਤੇ ਹੋਰ ਕੁਦਰਤੀ ਸੋਮੇ ਖ਼ਤਮ ਕੀਤੇ ਜਾ ਰਹੇ ਨੇ। ਪੰਜਾਬ ਵਿੱਚ ਵੀ ਅਜਿਹਾ ਕਰਨ ਦੀ ਕੋਸ਼ਿਸ਼ ਮੌਜੂਦਾ ਸਰਕਾਰ ਦੁਆਰਾ ਕੀਤੀ ਗਈ ਸੀ, ਜਿਸਨੂੰ ਕਿਸਾਨਾਂ ਅਤੇ ਲੋਕਾਂ ਦੇ ਰੋਹ ਨੇ ਰੋਕ ਦਿੱਤਾ। ਲੈਂਡ ਯਾਨੀਕਿ ਜ਼ਮੀਨ, ਉਹ ਵੀ ਵਾਹੀ-ਯੋਗ ਜ਼ਮੀਨ, ਜਿਸਨੂੰ ਰਿਹਾਇਸ਼ੀ ਪਲਾਟਾਂ ਵਿੱਚ ਬਦਲਣ ਦੀ ਸਰਕਾਰ ਦੀ ਸਕੀਮ ਸੀ, ਜਿਸਨੂੰ ਲੋਕਾਈ ਨੇ ਵਿਰੋਧ ਕਰਕੇ ਰੋਕ ਦਿੱਤਾ ਅਤੇ ਲੋਕਾਂ ਦੇ ਰੋਹ ਅੱਗੇ ਝੁਕਦਿਆਂ ਹੋਇਆਂ ਸਰਕਾਰ ਨੇ ਆਪਣੀ ਸਕੀਮ ਵਾਪਸ ਲੈ ਲਈ। ਜੇਕਰ ਵਾਹੀ-ਯੋਗ ਜ਼ਮੀਨ ਹੀ ਖ਼ਤਮ ਹੋ ਜਾਵੇਗੀ ਤਾਂ, ਮਨੁੱਖ ਅੰਨ ਲੈਣ ਜਾਵੇਗਾ ਕਿੱਥੇ?

ਪੰਜਾਬ, ਹਰਿਆਣਾ, ਯੂ.ਪੀ, ਮਹਾਰਾਸ਼ਟਰ ਅਤੇ ਹੋਰ ਸੂਬੇ ਜਿੱਥੇ ਉਪਜਾਊ ਵਾਹੀ-ਯੋਗ ਜ਼ਮੀਨ ਹੈ, ਨੂੰ ਬਚਾਉਣਾ ਬੇਹੱਦ ਜ਼ਰੂਰੀ ਹੈ। ਖ਼ੈਰ, ਇਹ ਕਹਾਣੀ ਹੁਣ ਹਰ ਜਗ੍ਹਾ ਦੀ ਹੋ ਚੁੱਕੀ ਹੈ। ਜਿਵੇਂ ਜਿਵੇਂ ਮਨੁੱਖ ਕੁਦਰਤ ਨਾਲੋਂ ਟੁੱਟ ਕੇ ਅਖੌਤੀ ਵਿਕਾਸ ਅਤੇ ਚੰਦ ਪੈਸਿਆਂ ਖ਼ਾਤਰ ਧਰਤੀ ਅਤੇ ਪਾਣੀ ਦਾ ਖਿਲਵਾੜ ਕਰੇਗਾ, ਓਵੇਂ ਓਵੇਂ ਮੌਤ ਉਸਦੇ ਨੇੜੇ ਆਵੇਗੀ। ਇਸ ਵੇਲੇ ਲੋੜ ਇਹ ਵੀ ਹੈ ਕਿ ਮੀਂਹ ਦੇ ਪਾਣੀ ਨੂੰ ਸੰਭਾਲਿਆ ਕਿਵੇਂ ਜਾਵੇ? ਸਰਕਾਰ ਨੂੰ ਇਸ ਵੱਲ ਧਿਆਨ ਦੇਣਾ ਚਾਹੀਦਾ ਹੈ। ਨਾਲ ਹੀ ਪਹਾੜਾਂ ਨੂੰ ਕੱਟਣ ਤੋਂ ਪਹਿਲਾਂ ਮਨੁੱਖ ਤੋਂ ਇਲਾਵਾ ਹੋਰਨਾਂ ਜੀਵਾਂ ਬਾਰੇ ਵੀ ਸੋਚਣਾ ਚਾਹੀਦਾ ਹੈ, ਜਿਹੜੇ ਕੁਦਰਤੀ ਹਵਾ, ਪਾਣੀ ਅਤੇ ਜ਼ਮੀਨ ਨਾਲ ਬਚੇ ਹੋਏ ਹਨ। ਖ਼ੈਰ, ਇਸ ਵੇਲੇ ਹੜ੍ਹ ਕੁਦਰਤੀ ਨਹੀਂ ਜਾਪ ਰਹੇ, ਇਹ ਮਨੁੱਖ (ਕਾਰਪੋਰੇਟ ਘਰਾਣਿਆਂ, ਸਰਕਾਰਾਂ ਅਤੇ ਸ਼ੈਤਾਨਾਂ) ਦੀ ਗ਼ਲਤੀ ਦਾ ਨਤੀਜਾ ਹੈ।





ਮੋਹਿਤ ਸਿੰਗਲਾ ਤਪਾ
90412-95900

# ਹਰ ਤਸਵੀਰ, ਇੱਕ ਕਹਾਣੀ; ਹਰ ਫਰੇਮ, ਇੱਕ ਇਤਿਹਾਸ

19 ਅਗਸਤ ਇਹ ਤਾਰੀਖ ਉਨ੍ਹਾਂ ਸਾਰੇ ਲੋਕਾਂ ਨੂੰ ਸਮਰਪਿਤ ਹੈ ਜਿਨ੍ਹਾਂ ਦੀਆਂ ਅੱਖਾਂ ਸਿਰਫ਼ ਦੇਖਣ ਲਈ ਨਹੀਂ, ਸਗੋਂ ਪਲਾਂ ਨੂੰ ਜ਼ਿੰਦਾ ਕਰਨ ਲਈ ਬਣਾਈਆਂ ਗਈਆਂ ਹਨ। ਵਿਸ਼ਵ ਫੋਟੋਗ੍ਰਾਫੀ ਦਿਵਸ, ਭਾਵ ਵਿਸ਼ਵ ਫੋਟੋਗ੍ਰਾਫੀ ਦਿਵਸ ਇੱਕ ਅਜਿਹਾ ਦਿਨ ਹੈ ਜੋ ਕੈਮਰੇ ਦੇ ਪਿੱਛੇ ਛੁਪੇ ਜਾਦੂਗਰ ਦਾ ਸਨਮਾਨ ਕਰਦਾ ਹੈ, ਜੋ ਪਲਾਂ ਨੂੰ ਸਮੇਂ ਦੀਆਂ ਸੀਮਾਵਾਂ ਤੋਂ ਮੁਕਤ ਕਰਦਾ ਹੈ। ਇਹ ਦਿਨ ਦ੍ਰਿਸ਼ਟੀਗਤ ਸੰਵੇਦਨਾਵਾਂ, ਯਾਦਾਂ ਅਤੇ ਰਚਨਾਤਮਕਤਾ ਦਾ ਜਸ਼ਨ ਹੈ।

ਫੋਟੋਗ੍ਰਾਫੀ 1837 ਵਿੱਚ ਲੂਈਸ ਡਗੁਏਰੇ ਅਤੇ ਜੋਸਫ਼ ਨਾਈਸਫੋਰ ਨੀਪਸ ਦੇ ਯਤਨਾਂ ਨਾਲ ਸ਼ੁਰੂ ਹੋਈ ਸੀ। 19 ਅਗਸਤ 1839 ਨੂੰ, ਫਰਾਂਸੀਸੀ ਸਰਕਾਰ ਨੇ ਡਗੁਏਰੇਓਟਾਈਪ ਪ੍ਰਕਿਰਿਆ ਨੂੰ ਜਨਤਾ ਲਈ ਮੁਕਤ ਕਰ ਦਿੱਤਾ, ਅਤੇ ਇੱਥੋਂ ਫੋਟੋਗ੍ਰਾਫੀ ਨੂੰ ਅਧਿਕਾਰਤ ਮਾਨਤਾ ਮਿਲੀ। ਉਦੋਂ ਤੋਂ 19 ਅਗਸਤ ਨੂੰ ਵਿਸ਼ਵ ਫੋਟੋਗ੍ਰਾਫੀ ਦਿਵਸ ਵਜੋਂ ਮਨਾਇਆ ਜਾਂਦਾ ਹੈ।

ਫੋਟੋਗ੍ਰਾਫੀ ਸਿਰਫ਼ ਸਿਨੇਮੈਟੋਗ੍ਰਾਫੀ ਨਹੀਂ ਹੈ, ਇਹ ਦ੍ਰਿਸ਼ਟੀਕੋਣ ਦੀ ਭਾਸ਼ਾ ਹੈ। ਇੱਕ ਤਸਵੀਰ ਵਿੱਚ ਹੰਝੂ ਵੀ ਹੁੰਦੇ ਹਨ, ਮੁਸਕਰਾਹਟ ਵੀ ਹੁੰਦੀ ਹੈ; ਜੰਗ ਦੀ ਦਹਿਸ਼ਤ ਅਤੇ ਸ਼ਾਂਤੀ ਦੀ ਮੰਗ ਵੀ ਹੁੰਦੀ ਹੈ। ਜਦੋਂ ਕੋਈ ਫੋਟੋ ਰਿਪੋਰਟਰ ਜੰਗ ਦੇ ਮੈਦਾਨ ਵਿੱਚ ਖੜ੍ਹਾ ਹੁੰਦਾ ਹੈ ਅਤੇ ਇੱਕ ਸੜੇ ਹੋਏ ਬੱਚੇ ਦੀ ਤਸਵੀਰ ਕਲਿੱਕ ਕਰਦਾ ਹੈ, ਤਾਂ ਇਹ ਸਿਰਫ਼ ਇੱਕ ਤਸਵੀਰ ਨਹੀਂ ਸਗੋਂ ਮਨੁੱਖਤਾ ਦਾ ਸਭ ਤੋਂ ਡੂੰਘਾ ਰੋਣਾ ਬਣ ਜਾਂਦਾ ਹੈ ਅਤੇ ਜਦੋਂ ਕੋਈ ਤਿਉਹਾਰ, ਜਸ਼ਨ ਜਾਂ ਪਰਿਵਾਰਕ ਪਲ ਕੈਮਰੇ ਵਿੱਚ ਕੈਦ ਹੋ ਜਾਂਦਾ ਹੈ, ਤਾਂ ਇਹ ਯਾਦਦਾਸ਼ਤ ਦਾ ਇੱਕ ਸਥਾਈ ਜਸ਼ਨ ਬਣ ਜਾਂਦਾ ਹੈ।

ਅੱਜ ਦੇ ਡਿਜੀਟਲ ਯੁੱਗ ਵਿੱਚ, ਫੋਟੋਗ੍ਰਾਫੀ ਸਿਰਫ਼ ਕਲਾ ਦਾ ਹੀ ਨਹੀਂ ਸਗੋਂ ਸਬੂਤ, ਜਾਣਕਾਰੀ ਅਤੇ ਸਮਾਜਿਕ ਕ੍ਰਾਂਤੀ ਦਾ ਰੂਪ ਧਾਰਨ ਕਰ ਚੁੱਕੀ ਹੈ ਅਤੇ ਸਭ ਤੋਂ ਵੱਡੀ ਤਬਦੀਲੀ ਇਹ ਹੈ ਕਿ ਹੁਣ ਜਦੋਂ ਹਰ ਮੋਬਾਈਲ ਫੋਨ ਵਿੱਚ ਕੈਮਰਾ ਹੁੰਦਾ ਹੈ, ਤਾਂ ਹਰ ਵਿਅਕਤੀ ਆਪਣੇ ਅਨੁਭਵਾਂ ਦਾ ਫੋਟੋਗ੍ਰਾਫਰ ਬਣ ਗਿਆ ਹੈ। ਇਹ ਲੋਕਤੰਤਰੀ ਵਿਸਥਾਰ ਫੋਟੋਗ੍ਰਾਫੀ ਨੂੰ ਸਿਰਫ਼ ਸਟੂਡੀਓ ਜਾਂ ਮੀਡੀਆ ਤੱਕ ਸੀਮਤ ਨਹੀਂ ਰਹਿਣ ਦਿੰਦਾ, ਸਗੋਂ ਹਰ ਆਮ ਆਦਮੀ ਨੂੰ ਪਲਾਂ ਦਾ ਦਸਤਾਵੇਜ਼ੀ ਬਣਾਉਂਦਾ ਹੈ।

ਸੋਸ਼ਲ ਮੀਡੀਆ ਤੋਂ ਲੈ ਕੇ ਦਸਤਾਵੇਜ਼ੀ, ਪੱਤਰਕਾਰੀ ਤੋਂ ਵਿਗਿਆਨ, ਇਸ਼ਤਿਹਾਰਬਾਜ਼ੀ ਤੋਂ ਲੈ ਕੇ ਫੈਸ਼ਨ ਤੱਕ, ਫੋਟੋਗ੍ਰਾਫੀ ਹਰ ਖੇਤਰ ਵਿੱਚ ਸੰਚਾਰ ਦਾ ਸਭ ਤੋਂ ਸ਼ਕਤੀਸ਼ਾਲੀ ਮਾਧਿਅਮ ਬਣ ਗਈ ਹੈ। ਇੱਕ ਕਲਿੱਕ ਹੁਣ ਸਿਰਫ਼ ਇੱਕ ਤਸਵੀਰ ਨਹੀਂ ਸਗੋਂ ਇੱਕ ਵਿਚਾਰ, ਵਿਰੋਧ, ਸਮਰਥਨ, ਯਾਦਦਾਸ਼ਤ ਅਤੇ ਭਾਵਨਾ ਬਣ ਜਾਂਦੀ ਹੈ।

ਭਾਰਤ ਵਿੱਚ ਫੋਟੋਗ੍ਰਾਫੀ ਦੀ ਪਰੰਪਰਾ ਵੀ ਬਹੁਤ ਅਮੀਰ ਹੈ। ਰਘੂ ਰਾਏ, ਹੋਮਾਈ ਵਿਆਰਾਵਾਲਾ, ਦਯਾਨੀਤਾ ਸਿੰਘ, ਸੁਧੀਰ ਸ਼ਿਵਰਾਮ, ਅਤੁਲ ਕਸਬੇਕਰ ਵਰਗੇ ਦਿੱਗਜਾਂ ਨੇ ਕੈਮਰੇ ਨੂੰ ਸਿਰਫ਼ ਇੱਕ ਤਕਨਾਲੋਜੀ ਨਹੀਂ ਸਗੋਂ ਆਤਮਾ ਦੀ ਅੱਖ ਬਣਾਇਆ।

ਆਓ ਅਸੀਂ ਸਿਰਫ਼ ਤਸਵੀਰਾਂ ਹੀ ਨਾ ਕਲਿੱਕ ਕਰੀਏ, ਉਨ੍ਹਾਂ ਨੂੰ ਮਹਿਸੂਸ ਕਰੀਏ, ਆਓ ਅਸੀਂ ਹਰ ਫਰੇਮ ਨੂੰ ਸਿਰਫ਼ ਇੱਕ ਦ੍ਰਿਸ਼ ਨਾ ਸਮਝੀਏ, ਆਓ ਵਿਚਾਰਾਂ ਅਤੇ ਕਦਰਾਂ-ਕੀਮਤਾਂ ਨੂੰ ਵੀ ਸਮਝੀਏ, ਆਓ ਕੈਮਰੇ ਨੂੰ ਸੰਵੇਦਨਸ਼ੀਲਤਾ ਦਾ ਸਾਧਨ ਬਣਾਈਏ, ਹਥਿਆਰ ਨਹੀਂ। ਕਿਉਂਕਿ ਇੱਕ ਚੰਗੀ ਤਸਵੀਰ ਸ਼ਬਦਾਂ ਨੂੰ ਚੁੱਪ ਕਰਾ ਸਕਦੀ ਹੈ ਅਤੇ ਚੁੱਪ ਨੂੰ ਸ਼ਬਦਾਂ ਵਿੱਚ ਬਦਲ ਸਕਦੀ ਹੈ। ਹਰ ਕਲਿੱਕ ਵਿੱਚ ਸੰਵੇਦਨਸ਼ੀਲਤਾ, ਹਰ ਤਸਵੀਰ ਵਿੱਚ ਸੱਚਾਈ ਅਤੇ ਹਰ ਅੱਖ ਵਿੱਚ ਇੱਕ ਨਵਾਂ ਦ੍ਰਿਸ਼ਟੀਕੋਣ ਹੋਵੇ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਮੀਟਿੰਗ

ਅੰਮ੍ਰਿਤਸਰ, 21 ਅਗਸਤ (ਬਬਲੂ ਮਹਾਜਨ): ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਸੰਬਧੀ ਸ੍ਰੀ ਦਰਬਾਰ ਸਾਹਿਬ ਵਲੋ ਵੱਖ ਵੱਖ ਸਿਖ ਸੰਪਰਦਾਇ ਅਤੇ ਸਭਾ ਸੁਸਾਇਟੀਆ ਦੀ ਇਕਤਰਤਾ ਬੁਲਾਈ ਗਈ ਅਤੇ ਗੁਰਪੁਰਬ ਨੂੰ ਲੈ ਕੇ ਤਿਆਰੀਆ ਦੀ ਰੂਪਰੇਖਾ ਸੰਬਧੀ ਵਿਚਾਰ ਵਟਾਂਦਰਾ ਕੀਤਾ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੇ ਮੌਕੇ 24 ਨੂੰ ਇਹਨਾਂ ਪ੍ਰਕਾਸ਼ ਪੁਰਬ ਦੇ ਸਬੰਧ ਵਿਚ 22 ਅਗਸਤ ਨੂੰ ਗੁਰੂਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੀ ਆਰੰਭਤਾ ਹੋਵੇਗੀ ਅਤੇ 24 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ।ਜਿਸ ਸੰਬਧੀ ਅੱਜ ਗੁਰੂਨਗਰੀ ਦੇ ਵੱਖ ਵੱਖ ਸੰਪਰਦਾਇ ਅਤੇ ਸਭਾ ਸੁਸਾਇਟੀਆ ਦੀ ਇਕਤਰਤਾ ਕਰ ਇਸ ਸੰਬਧੀ ਰੂਪਰੇਖਾ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਹੈ।ਜੋ ਕਿ ਇਹ ਦਿਹਾੜਾ ਸੰਗਤਾ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ



ਹੈ।ਗੁਰਦੁਆਰਾ ਰਾਮਸਰ ਸਾਹਿਬ ਵਿਖੇ ਹੁਕਮਨਾਮਾ ਸਾਹਿਬ ਤੋ ਬਾਦ ਇਕ ਵਿਸ਼ਾਲ ਨਗਰ ਕੀਰਤਨ ਕਢਿਆ ਜਾਵੇਗਾ ਜਿਸ ਦੀ ਅਗਵਾਈ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਕੁਲਦੀਪ ਸਿੰਘ ਗੜਗੱਜ, ਹੈਡ ਗ੍ਰੰਥੀ ਗਿਆਨੀ ਰਘਬੀਰ ਸਿੰਘ,ਪ੍ਰਧਾਨ ਸ਼੍ਰੋਮਣੀ ਕਮੇਟੀ ਹਰਜਿੰਦਰ ਸਿੰਘ ਧਾਮੀ ਕਰਨਗੇ।

ਜਿਸ ਸੰਬਧੀ ਸਭਾ ਸੁਸਾਇਟੀ ਦੇ ਸੁਝਾਅ ਲੈਦਿਆ ਸੰਗਤਾ ਨੂੰ 24 ਅਗਸਤ ਸਵੇਰੇ 7 ਵਜੇ ਦੇ ਇਸ ਵਿਸ਼ਾਲ ਨਗਰ ਕੀਰਤਨ ਵਿਚ ਹਾਜਰੀਆ ਭਰਨ ਦੀ ਬੇਨਤੀ ਕੀਤੀ ਗਈ। ਇਸ ਤੋ ਇਲਾਵਾ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ 1ਸਤੰਬਰ ਤੋ ਇਹ ਸਮਾਗਮਾ ਦੀ ਸੁਰੂਆਤ ਹੋ 6 ਅਕਤੂਬਰ ਤਕ ਕੀਰਤਨ ਦਰਬਾਰ ਅਤੇ ਸਮਾਗਮ ਕਰਵਾਏ ਜਾਣਗੇ ਅਤੇ 40 ਦੇ ਕਰੀਬ ਸਮਾਗਮਾ ਵਿਚ ਸ੍ਰੀ ਹਰਿਮੰਦਰ ਸਾਹਿਬ ਦੇ ਹਜੂਰੀ ਰਾਗੀ ਹਾਜਰੀਆ ਭਰਨਗੇ।ਜਿਸ ਵਿਚ ਸੰਗਤਾ ਨੂੰ ਇਹਨਾ ਸਮਾਗਮਾ ਵਿਚ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਅਪੀਲ ਕੀਤੀ ਜਾਂਦੀ ਹੈ। ਅੱਜ ਇਸ ਇਕਤਰਤਾ ਵਿਚ ਪਹੁੰਚਿਆ ਸਭਾ ਸੁਸਾਇਟੀਆ ਦੀ ਸੇਵਾ ਲਗਾਈ ਗਈ ਹੈ ਕਿ ਓਹ ਇਹਨਾ ਸਮਾਗਮਾ ਵਿਚ ਸਫਾਈ,ਲੰਗਰ ਅਤੇ ਹੋਰ ਸੇਵਾਵਾਂ ਦੀ ਜਿੰਮੇਵਾਰੀ ਨਿਭਾਉਣ ਅਤੇ ਉਹਨਾ ਦਾ ਅੱਜ ਦੀ ਇਕਤਰਤਾ ਵਿਚ ਪਹੁੰਚਣ ਲਈ ਧੰਨਵਾਦ ਕੀਤਾ ਜਾਂਦਾ ਹੈ।ਇਸ ਮੌਕੇ ਗੁਰਦੁਆਰਾ ਸ਼ਹੀਦਾ ਸਾਹਿਬ ਦੇ ਮੈਨੇਜਰ ਜਤਿੰਦਰ ਪਾਲ ਸਿੰਘ ਜੇਪੀ, ਸੰਤ ਬਾਬਾ ਅਮਨਦੀਪ ਸਿੰਘ ਟਕਸਾਲ ਭਾਈ ਮਨੀ ਸਿੰਘ, ਸ੍ਰੀ ਗੁਰੂ ਅੰਗਦ ਦੇਵ ਜੀ ਨਿਵਾਸ ਤੋ ਹਰਪ੍ਰੀਤ ਸਿੰਘ ਸੋਨੂੰ ਬੀਬੀ ਕੌਲਾਂ ਦੀ ਭਲਾਈ ਕੇਂਦਰ ਤੋਂ ਤੇਜਪਾਲ ਸਿੰਘ, ਸੰਤੋਖ ਸਿੰਘ ਸੇਠੀ ਚੀਫ ਖਾਲਸਾ ਦੀਵਾਨ,ਗੁਰਦੀਪ ਸਿੰਘ ਸਲੂਜਾ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਤੇ ਅਨੇਕਾਂ ਸਭਾ ਸੁਸਾਇਟੀਆਂ ਦੇ ਮੈਂਬਰ ਹਾਜ਼ਰ ਸਨ।

# ਨਸ਼ਾ ਮੁਕਤ ਭਾਰਤ ਅਭਿਆਨ ਤਹਿਤ 13 ਸਤੰਬਰ ਨੂੰ ਹੋਣ ਵਾਲੇ ਜਾਗਰੂਕਤਾ ਪ੍ਰੋਗਰਾਮ 'ਚ ਕੇਂਦਰ ਸਰਕਾਰ ਦੇ ਮੰਤਰੀ ਤੇ ਰਾਜਪਾਲ ਪੰਜਾਬ ਕਰਨਗੇ ਸ਼ਿਰਕਤ

ਅੰਮ੍ਰਿਤਸਰ, 21 ਅਗਸਤ (ਬਬਲੂ ਮਹਾਜਨ): ਕੇਂਦਰ ਸਰਕਾਰ ਦੇ ਸੋਸ਼ਲ ਜਸਟਿਸ ਅਤੇ ਇੰਪਾਵਰਮੈਂਟ ਮੰਤਰਾਲੇ ਵੱਲੋਂ 15 ਅਗਸਤ 2020 ਤੋਂ ਚਲਾਏ ਜਾ ਰਹੇ ਨਸ਼ਾ ਮੁਕਤ ਭਾਰਤ ਅਭਿਆਨ ਦਾ ਵਿਸ਼ਾਲ ਜਾਗਰੂਕਤਾ ਪ੍ਰੋਗਰਾਮ 13 ਸਤੰਬਰ ਨੂੰ ਅੰਮ੍ਰਿਤਸਰ ਵਿਖੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਕਰਵਾਇਆ ਜਾਵੇਗਾ, ਇਸ ਵਿੱਚ ਵੱਖ-ਵੱਖ ਸੰਸਥਾਵਾਂ ਤੋਂ 10 ਹਜ਼ਾਰ ਦੇ ਕਰੀਬ ਨੌਜਵਾਨ ਅਤੇ ਵਲੰਟੀਅਰ ਭਾਗ ਲੈਣਗੇ। ਇਸ ਸਬੰਧੀ ਅੱਜ ਜਿਲਾ ਅਧਿਕਾਰੀਆਂ ਨਾਲ ਗੱਲਬਾਤ ਕਰਦੇ ਹੋਏ ਵਿਭਾਗ ਦੇ ਜੁਆਇੰਟ ਸੈਕਟਰੀ ਸ੍ਰੀਮਤੀ ਲਤਾ ਗਣਪਤੀ ਨੇ ਦੱਸਿਆ ਕਿ ਅਸੀਂ ਹੁਣ ਤੱਕ ਇਸ ਮੁਹਿੰਮ ਤਹਿਤ ਦੇਸ਼ ਭਰ ਵਿੱਚ 18 ਕਰੋੜ ਤੋਂ ਵੱਧ ਲੋਕਾਂ ਨੂੰ ਆਪਣੇ ਨਾਲ ਜੋੜ ਚੁੱਕੇ ਹਾਂ। ਉਹਨਾਂ ਦੱਸਿਆ ਕਿ ਇਹ ਪ੍ਰੋਗਰਾਮ ਸਾਰੇ ਰਾਜਾਂ ਵਿੱਚ ਨਸ਼ੇ ਦੀ ਸਮਾਪਤੀ ਨੂੰ ਲੈ ਕੇ ਜਾਗਰੂਕਤਾ ਫੈਲਾਉਣ ਲਈ ਚਲਾਇਆ ਜਾ ਰਿਹਾ ਹੈ ਅਤੇ ਹੁਣ ਅਸੀਂ ਇਸ ਮੁਹਿੰਮ ਦੇ ਪੰਜ ਸਾਲ ਸਫਲਤਾ ਪੂਰਵਕ ਪੂਰੇ ਹੋਣ ਮੌਕੇ ਵੱਡਾ ਪ੍ਰੋਗਰਾਮ ਅੰਮ੍ਰਿਤਸਰ ਵਿੱਚ ਕਰਨ ਜਾ ਰਹੇ ਹਾਂ। ਇਸ ਮੌਕੇ ਵਿਭਾਗ ਦੇ ਜੁਆਇੰਟ ਸੈਕਟਰੀ ਪ੍ਰਵੀਨ ਬਿੰਦ ਨੇ ਦੱਸਿਆ ਕਿ ਇਸ ਮੌਕੇ ਯੂਥ ਰੈਲੀ, ਸਕੂਲਾਂ ਅਤੇ ਕਾਲਜਾਂ ਵਿੱਚ ਨਸ਼ੇ



ਦੇ ਖਾਤਮੇ ਨੂੰ ਲੈ ਕੇ ਵੱਖ-ਵੱਖ ਤਰ੍ਹਾਂ ਦੇ ਮੁਕਾਬਲੇ, ਜਿਨਾਂ ਵਿੱਚ ਲੇਖ ਮੁਕਾਬਲੇ, ਪ੍ਰਸ਼ਨੋਤਰੀ ਮੁਕਾਬਲੇ, ਪੇਂਟਿੰਗ ਮੁਕਾਬਲੇ ਅਤੇ ਰੰਗੋਲੀ ਮੁਕਾਬਲੇ ਸ਼ਾਮਲ ਹਨ, ਵੀ ਕਰਵਾਏ ਜਾਣਗੇ। ਉਹਨਾਂ ਦੱਸਿਆ ਕਿ ਸਮਾਗਮ ਵਿੱਚ ਕੇਂਦਰੀ ਮੰਤਰੀ ਡਾਕਟਰ ਵਰਿੰਦਰ ਕੁਮਾਰ ਤੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਵਿਸ਼ੇਸ਼ ਤੌਰ ਉਤੇ ਭਾਗ ਲੈਣਗੇ ਅਤੇ ਇੰਨਾ ਮੁਕਾਬਲਾ ਦੇ ਜੇਤੂਆਂ ਨੂੰ ਵਿਸ਼ੇਸ਼ ਤੌਰ ਤੇ ਪ੍ਰੋਗਰਾਮ ਵਿੱਚ ਸਨਮਾਨਿਤ ਕੀਤਾ ਜਾਵੇਗਾ।

ਇਸ ਮੌਕੇ ਪੰਜਾਬ ਸਰਕਾਰ ਵੱਲੋਂ ਆਏ ਵਿਸ਼ੇਸ਼ ਸਕੱਤਰ ਕੇਸ਼ਵ ਹੰਗੋਨੀਆ ਨੇ ਦੱਸਿਆ ਕਿ ਪੰਜਾਬ ਸਰਕਾਰ ਪਹਿਲਾਂ ਹੀ ਨਸ਼ਿਆਂ ਦੇ ਖਾਤਮੇ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵੱਡੇ ਪੱਧਰ ਉੱਤੇ ਚਲਾ ਰਹੀ ਹੈ, ਜਿਸ ਵਿਚ ਸਾਡੇ ਚੁਣੇ ਹੋਏ ਨੁਮਾਇੰਦੇ, ਜਿੰਨਾ ਵਿੱਚ ਵਿਧਾਇਕ ਤੋਂ ਇਲਾਵਾ ਮੰਤਰੀ, ਪੰਚ, ਸਰਪੰਚ, ਕੌਂਸਲਰ ਅਤੇ ਪੰਜਾਬ ਸਰਕਾਰ ਦੇ ਅਧਿਕਾਰੀ ਵੀ ਸ਼ਾਮਿਲ ਹਨ, ਹਰੇਕ ਪਿੰਡ ਤੇ ਸ਼ਹਿਰ ਵਿੱਚ ਨਸ਼ੇ ਵਿਰੁੱਧ ਜਾਗਰੂਕਤਾ ਫੈਲਾਉਣ ਦਾ ਕੰਮ ਕਰ ਰਹੇ ਹਨ। ਉਹਨਾਂ ਨੇ ਕਿਹਾ ਕਿ ਅਸੀਂ ਇਸ ਪ੍ਰੋਗਰਾਮ ਲਈ ਵੀ ਹਰੇਕ ਤਰ੍ਹਾਂ ਦਾ ਸਹਿਯੋਗ ਕਰਾਂਗੇ ਤਾਂ ਜੋ ਅਸੀਂ ਸਾਰੇ ਮਿਲ ਕੇ ਨਸ਼ੇ ਨੂੰ ਜੜ ਤੋਂ ਖਤਮ ਕਰ ਸਕੀਏ। ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਇਸ ਮੌਕੇ ਦੱਸਿਆ ਕਿ ਅੰਮ੍ਰਿਤਸਰ ਜ਼ਿਲ੍ਹਾ ਅਜਿਹੇ ਵੱਡੇ ਪ੍ਰੋਗਰਾਮ ਕਰਵਾ ਚੁੱਕਾ ਹੈ ਅਤੇ ਹੁਣ ਵੀ ਅਸੀਂ 13 ਸਤੰਬਰ ਨੂੰ ਇਹ ਪ੍ਰੋਗਰਾਮ ਨੌਜਵਾਨਾਂ ਦੀ ਵੱਡੀ ਸ਼ਮੂਲੀਅਤ ਨਾਲ ਕਰਾਂਗੇ। ਉਹਨਾਂ ਇਸ ਕੰਮ ਲਈ ਜ਼ਿਲ੍ਹਾ ਅਧਿਕਾਰੀਆਂ ਨਾਲ ਵਿਚਾਰ ਚਰਚਾ ਵੀ ਕੀਤੀ। ਐਨ ਆਈ ਐਸ ਡੀ ਦੇ ਮੈਂਬਰ ਸੁਖਵਿੰਦਰ ਬਿੰਦਰਾ ਨੇ ਸਮਾਗਮ ਵਿੱਚ ਉਹਨਾਂ ਬੱਚਿਆਂ ਅਤੇ ਨੌਜਵਾਨਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਦੀ ਅਪੀਲ ਕੀਤੀ ਜੋ ਕਿ ਜਵਾਨੀ ਦੀ ਦਹਿਲੀਜ਼ ਉੱਤੇ ਪੈਰ ਰੱਖ ਰਹੇ ਹਨ । ਉਹਨਾਂ ਕਿਹਾ ਕਿ ਇਹ ਕੋਈ ਰਾਜਸੀ ਪ੍ਰੋਗਰਾਮ ਨਹੀਂ ਬਲਕਿ ਭਾਰਤ ਨੂੰ ਨਸ਼ਾ ਮੁਕਤ ਕਰਨ ਲਈ ਵਿੱਢੀ ਗਈ ਮੁਹਿੰਮ ਦਾ ਹਿੱਸਾ ਹੈ, ਇਸ ਲਈ ਸਾਰੀਆਂ ਪਾਰਟੀਆਂ, ਗੈਰ ਸਰਕਾਰੀ ਸੰਸਥਾਵਾਂ, ਸਕੂਲਾਂ ਕਾਲਜਾਂ ਨੂੰ ਇਸ ਵਿੱਚ ਖੁੱਲ ਕੇ ਭਾਗ ਲੈਣ ਦੀ ਅਪੀਲ ਕੀਤੀ।

ਇਸ ਮੌਕੇ ਡੀਸੀਪੀ ਆਲਮ ਵਿਜੇ ਸਿੰਘ, ਵਧੀਕ ਡਿਪਟੀ ਕਮਿਸ਼ਨਰ ਰੋਹਿਤ ਗੁਪਤਾ ਅਤੇ ਸਾਰੇ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਵੀ ਹਾਜ਼ਰ ਸਨ।

# ਧਾਲੀਵਾਲ ਨੂੰ ਸਰਕਾਰ ਨੇ 3 ਉੱਚ ਤਾਕਤੀ ਕਮੇਟੀਆਂ 'ਚ ਕੀਤਾ ਬਤੌਰ ਮੈਂਬਰ ਨਾਮਜ਼ਦ

ਅਜਨਾਲਾ, 21 ਅਗਸਤ (ਸੁਖਦੇਵ ਸਿੰਘ ਖ਼ਾਲਸਾ): ਵਿਧਾਨ ਸਭਾ ਹਲਕਾ ਅਜਨਾਲਾ ਦੇ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਜੋ ਕਰੀਬ ਡੇਢ ਮਹੀਨਾ ਪਹਿਲਾਂ ਬਤੌਰ ਕੈਬਨਿਟ ਮੰਤਰੀ ਵਜੋਂ ਆਹੁਦੇ ਤੋਂ ਵਾਂਝੇ ਹੋ ਗਏ ਸਨ, ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਪੰਜਾਬ ਵਿਧਾਨ ਸਭਾ ਦੀਆਂ 3 ਵੱਖ ਵੱਖ ਉੱਚ ਤਾਕਤੀ ਕਮੇਟੀਆਂ 'ਚ ਬਤੌਰ ਸਾਲ 2025-26 ਲਈ ਨਿਯੁਕਤੀ ਕਰਦਿਆਂ ਵੱਖ ਵੱਖ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੀਆਂ ਸਰਕਾਰੀ ਕਾਰਜਸ਼ੈਲੀ ਨੂੰ ਹੋਰ ਚੁਸਤ ਦਰੁਸਤ ਬਣਾਉਣ ਲਈ ਅਤੇ ਵਿਭਾਗਾਂ 'ਚ ਵਿੱਤੀ ਜਾਂ ਹੋਰ ਪ੍ਰਬੰਧਕੀ ਕਥਿਤ ਗੜਬੜੀਆਂ ਪਾਏ ਜਾਣ ਸਮੇਤ ਲੋਕ ਸ਼ਿਕਾਇਤਾਂ ਦਾ ਨਰੀਖਣ ਤੇ ਨਿਪਟਾਰਾ ਕਰਨ ਲਈ ਬਕਾਇਦਾ ਨੋਟੀਫਿਕੇਸ਼ਨ ਜਾਰੀ ਕਰਕੇ ਅਧਿਕਾਰਤ ਕੀਤਾ ਹੈ। ਧਾਲੀਵਾਲ ਨੂੰ ਵੱਖ ਵੱਖ ਵਿਭਾਗਾਂ ਦੀਆਂ ਵਿਧਾਨ ਸਭਾ ਕਮੇਟੀਆਂ 'ਚ ਬਤੌਰ ਮੈਂਬਰ ਵਜੋਂ ਨਾਮਜ਼ਦ ਕੀਤੇ ਜਾਣ ਤੇ ਧਾਲੀਵਾਲ ਦੇ ਪੰਜਾਬ ਭਰ 'ਚ ਸਮਰਥਕਾਂ, ਹਮਦਰਦਾਂ, ਸ਼ੁਭਚਿੰਤਕਾਂ ਸਣੇ ਹਲਕਾ ਅਜਨਾਲਾ 'ਚ ਆਮ ਆਦਮੀ ਪਾਰਟੀ ਹਲਕਿਆਂ 'ਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ। ਧਾਲੀਵਾਲ ਨੇ ਆਪਣੀ ਇਸ ਨਵੀਂ ਵੱਡੀ ਜ਼ਿੰਮੇਵਾਰੀ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਅਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਸੌਂਪੀ ਗਈ ਆਪਣੀ ਇਸ ਨਵੀਂ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਅ ਕੇ ਆਪਣੇ ਫਰਜਾਂ ਦੀ ਪੂਰਤੀ ਕਰਦਿਆਂ ਸਰਕਾਰ ਦੀਆਂ ਉਮੀਦਾਂ ਤੇ ਖਰਾ ਉਤਰਨਗੇ। ਹਾਲ 'ਚ ਹੀ ਵਿਧਾਨ ਸਭਾ ਦੀਆਂ 3 ਉੱਚ ਤਾਕਤੀ ਕਮੇਟੀਆਂ ਪੰਜਾਬ ਸਰਕਾਰ ਸਥਾਨਕ ਸਰਕਾਰਾਂ



ਕਮੇਟੀ, ਪੰਜਾਬ ਸਰਕਾਰ ਲੋਕ ਲੇਖਾ ਕਮੇਟੀ ਤੇ ਪੰਜਾਬ ਸਰਕਾਰ ਪਬਲਿਕ ਅੰਡਰਟੇਕਿੰਗ ਕਮੇਟੀ (ਸਰਕਾਰੀ ਜਨਤਕ ਖੇਤਰ ਦੀਆਂ ਸੰਸਥਾਵਾਂ ਦੀ ਦੇਖ ਰੇਖ ਕਮੇਟੀ) 'ਚ ਬਤੌਰ ਮੈਂਬਰ ਵਜੋਂ ਹੋਈਆਂ ਨਿਯੁਕਤੀਆਂ ਦੇ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਜਾਰੀ ਕਰਦਿਆਂ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਇਨ੍ਹਾਂ ਉੱਚ ਤਾਕਤੀ ਕਮੇਟੀਆਂ 'ਚ ਬਤੌਰ ਮੈਂਬਰ ਵਜੋਂ ਧਾਲੀਵਾਲ ਨੂੰ ਸੌਂਪੀਆਂ ਗਈਆਂ ਜਿੰਮੇਵਾਰੀਆਂ ਦੀ ਵਿਸਥਾਰ 'ਚ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਸਥਾਨਕ ਸਰਕਾਰਾਂ (ਲੋਕਲ ਬਾਡੀ) ਵਿਭਾਗ ਦੇ ਵਿੱਤੀ ਖਾਤਿਆਂ, ਆਡਿਟ ਰਿਪੋਰਟਾਂ,ਸਰਕਾਰੀ ਕੰਮਕਾਜ ਦੇ ਹਰੇਕ ਪਹਿਲੂਆਂ, ਤਕਨੀਕੀ ਨਰੀਖਣ, ਸਥਾਨਕ ਸੰਸਥਾਵਾਂ ਦੇ ਰੋਜ਼ਾਨਾ ਕੰਮਕਾਜ ਤੇ ਪ੍ਰਸ਼ਾਸਨ ਨਾਲ ਸੰਬੰਧਤ ਮਾਮਲੇ ਤੇ ਰੋਕ ਵਜੋਂ ਵਿਭਾਗ ਦੀਆਂ ਜਾਰੀ ਕੀਤੀਆਂ ਆਡਿਟ ਜਨਰਲ ਰਿਪੋਰਟਾਂ ਦਾ ਨਰੀਖਣ ਕਰਕੇ ਤਿਆਰ ਕੀਤੀ ਗਈ ਰਿਪੋਰਟ ਨੂੰ ਅਗਲੀ ਕਾਰਵਾਈ ਲਈ ਪੰਜਾਬ ਸਰਕਾਰ ਨੂੰ ਭੇਜਾ ਜਾਣਾ, ਇਸੇ ਤਰਾਂ ਪੰਜਾਬ ਲੋਕ ਲੇਖਾ ਕਮੇਟੀ ਦੀਆਂ ਮਿਲੀਆਂ ਤਾਕਤਾਂ ਅਨੁਸਾਰ ਪੰਜਾਬ ਸਰਕਾਰ ਦੇ ਸਮੂਹ ਵਿਭਾਗਾਂ 'ਚ ਸਰਕਾਰੀ ਫੰਡਾਂ, ਗ੍ਰਾਂਟਾਂ ਦੀ ਵਰਤੋਂ 'ਚ ਕਾਰਜਕੁਸ਼ਲਤਾ ਨਾਲ ਹੋਈ ਸਰਕਾਰੀ ਕਾਨੂੰਨ ਅਨੁਸਾਰ ਵਰਤੋਂ ਜਾਂ ਫਿਰ ਲੇਖਾ ਜੋਖਾ 'ਚ ਇਨ੍ਹਾਂ ਫੰਡਾਂ ਦੀ ਹੋਈ ਗੈਰਨਿਯਮੀ ਵਰਤੋਂ ਸਣੇ ਕਿਸੇ ਵੀ ਕਿਸਮ ਦੀ ਕਿਸੇ ਵੀ ਸਰੋਤ ਤੋਂ ਕਥਿਤ ਗੜਬੜੀ ਸਬੰਧੀ ਪ੍ਰਾਪਤ ਹੋਈ ਤੱਥਾਂ ਅਧਾਰਿਤ ਸ਼ਿਕਾਇਤਾਂ ਦੀ ਵੀ ਜਾਂਚ ਕਰਕੇ ਰਿਪੋਰਟ ਤਿਆਰ ਕਰਕੇ ਪੰਜਾਬ ਸਰਕਾਰ ਨੂੰ ਭੇਜਣਾ ਅਤੇ ਇੰਝ ਹੀ ਪੰਜਾਬ ਸਰਕਾਰ ਦੀ ਪਬਲਿਕ ਅੰਡਰਟੇਕਿੰਗ ਕਮੇਟੀ 'ਚ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਪੰਜਾਬ ਸਰਕਾਰ ਦੇ ਸਮੂਹ ਵੱਖ ਵੱਖ ਵਿਭਾਗਾਂ ਦੀ ਵਿੱਤੀ ਸੰਚਾਲਨ ਸਮੇਤ ਸਮੁੱਚੇ ਕੰਮਕਾਜ ਦੀਆਂ ਰਿਪੋਰਟਾਂ ਦਾ ਨਰੀਖਣ ਕਰਨ ਸਮੇਤ ਵਿਭਾਗਾਂ ਦੇ ਸਰਕਾਰੀ ਨਿਯਮਾਂ ਅਨੁਸਾਰ ਹੋ ਰਹੇ ਕੰਮਕਾਜ/ ਡਿਊਟੀਆਂ ਦੀ ਸਥਿਤੀ ਤੋਂ ਜਾਣੂੰ ਹੋਣ ਲਈ ਵਿਭਾਗੀ ਦਫਤਰਾਂ ਦੇ ਲੋੜ ਪੈਣ ਤੇ ਦੌਰੇ ਕਰਕੇ ਸਮੁੱਚੀ ਰਿਪੋਰਟ ਪੰਜਾਬ ਸਰਕਾਰ ਨੂੰ ਪੇਸ਼ ਕੀਤੇ ਜਾਣਾ ਆਦਿ ਪ੍ਰਮੁੱਖ ਜਿੰਮੇਵਾਰੀਆਂ ਹਨ।

## ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਤੇ ਹਫ਼ਤਾਵਾਰੀ ਕੀਰਤਨ ਸਮਾਗਮ



ਅੰਮ੍ਰਿਤਸਰ, 21 ਅਗਸਤ (ਬਬਲੂ ਮਹਾਜਨ): ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਤੇ ਹਫ਼ਤਾਵਾਰੀ ਕੀਰਤਨ ਸਮਾਗਮ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਤੇ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਜੀ ਦੀ ਅਗਵਾਈ ਹੇਠ ਕੀਤਾ ਗਿਆ। ਸਮਾਗਮ ਦੀ ਆਰੰਭਤਾ ਸਿਵਲ ਲਾਈਨ ਬੀਬੀਆਂ ਦੇ ਜਥੇ ਨੇ ਕੀਤੀ। ਉਪਰੰਤ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਅਤੇ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਜੀ ਨੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।

ਭਾਈ ਸਾਹਿਬ ਨੇ ਕਿਹਾ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਦੇਸ਼ਾਂ ਵਿਦੇਸ਼ਾਂ ਦੀਆਂ ਸਿੱਖ ਸੰਗਤਾਂ ਵੱਲੋਂ ਬੜੀ ਸ਼ਰਧਾ ਤੇ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਨੇ ਏਨੀ ਅਪਾਰ ਬਖਸ਼ਿਸ਼ ਕੀਤੀ ਜਿਹੜੀ ਸਾਰੀ ਬਾਣੀ ਨੂੰ ਇਕੱਠਿਆ ਕਰਕੇ ਤੇ ਇੱਕ ਥਾਂ ਸੰਜੋਅ ਕੇ ਗੁਰੂ ਗ੍ਰੰਥ ਸਾਹਿਬ ਜੀ ਦੇ ਰੂਪ 'ਚ ਉਹਦਾ ਪਹਿਲਾ ਪ੍ਰਕਾਸ਼ ਕੀਤਾ। ਮੈਂ ਸਮਝਦਾ ਜੇ ਇਹ ਕਿਰਪਾ ਨਾ ਹੋਈ ਹੁੰਦੀ, ਤੇ ਅੱਜ ਅਸੀਂ ਪਰਮਾਤਮਾ ਤੇ ਬਿਨਾਂ ਭਟਕਦੇ ਹੋਣਾ ਸੀ, ਸ੍ਰੀ ਆਪਣਾ ਦੁੱਖ ਸੁੱਖ ਕਿਹਦੇ ਅੱਗੇ ਰੱਖਣਾ ਸੀ। ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸਾਡੇ ਤੇ ਐਸੀ ਅਪਾਰ ਕਿਰਪਾ ਕੀਤੀ ਤੇ ਅਸੀਂ ਪਹਿਲਾ ਪ੍ਰਕਾਸ਼ ਪੁਰਬ ਸਾਰੀ ਸਿੱਖ ਕੌਮ ਬੜੀ ਚੜ੍ਹਦੀਕਲਾ ਦੇ ਨਾਲ ਮਨਾਉਂਦੀ ਹੈ। ਇਸ ਵਾਰ ਇਨ ਐਤਵਾਰ 24 ਅਗਸਤ ਨੂੰ ਵਿਸ਼ਾਲ ਨਗਰ ਕੀਰਤਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੱਢਿਆ ਜਾ ਰਿਹਾ ਹੈ। ਉਹਦੇ ਵਿੱਚ ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਰਾਗ ਕੀਰਤਨ ਨੂੰ "ਜੀ ਆਇਆ" ਆਖਿਆ ਜਾਵੇਗਾ। ਭਾਈ ਸਾਹਿਬ ਨੇ ਸਾਰੀ ਸਿੱਖ ਸੰਗਤ ਨੂੰ ਨਗਰ ਕੀਰਤਨ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਰਣਜੀਤ ਸਿੰਘ ਗੋਲਡੀ ਮਨਦੀਪ ਸਿੰਘ ਭੋਲੂ ਸੁਖਵਿੰਦਰ ਸਿੰਘ ਗੋਗਾ ਵੀਰ ਜੀ ਜਸਵਿੰਦਰ ਸਿੰਘ ਤੇਜਪਾਲ ਸਿੰਘ ਕਵਲਜੀਤ ਸਿੰਘ ਸਤਨਾਮ ਸਿੰਘ ਸੱਤਾ ਗੁਰਪ੍ਰੀਤ ਸਿੰਘ ਚਾਹਤ ਦਲਬੀਰ ਸਿੰਘ ਹਰਪ੍ਰੀਤ ਸਿੰਘ ਪ੍ਰੀਤ ਦਵਿੰਦਰ ਪਾਲ ਸਿੰਘ ਰਾਜੂ ਰਵਿੰਦਰ ਸਿੰਘ ਬੰਟੀ ਪਰਮਜੀਤ ਸਿੰਘ ਢੱਲ ਤੇ ਵੱਡੀ ਗਿਣਤੀ ਦੇ ਸੰਗਤਾਂ ਹਾਜ਼ਰ ਸਨ।

# ਭਾਜਪਾ ਆਗੂ ਤੇ ਪ੍ਰਸ਼ਾਨਿਕ ਅਧਿਕਾਰੀਆਂ 'ਚ ਤਿੱਖੀ ਬਹਿਸਬਾਜ਼ੀ

ਫਤਿਹਗੜ੍ਹ ਚੂੜੀਆਂ 21 ਅਗਸਤ (ਰਾਜਨ ਸ਼ਰਮਾ): ਸਥਾਨਿਕ ਕਸਬੇ ਤੋਂ ਦੋ ਕਿਲੋਮੀਟਰ ਦੂਰ ਸਥਿਤ ਪਿੰਡ ਚਿਤੌੜਗੜ੍ਹ ਵਿਖੇ ਭਾਜਪਾ ਦੇ ਸੀਨੀਅਰ ਨੇਤਾ ਰਵੀਕਰਨ ਸਿੰਘ ਕਾਹਲੋਂ ਵੱਲੋਂ ਭਾਰਤੀ ਜਨਤਾ ਪਾਰਟੀ ਦੀ ਮੁਹਿੰਮ ਭਾਜਪਾ



ਲੋਕਤੰਤਰ ਵਿੱਚ ਅਜਿਹੀ ਤੰਗ ਦਿਲੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ ਪੰਜਾਬ ਦੇ ਲੋਕਾਂ ਨੂੰ ਹੱਕ ਹੈ ਕਿ ਉਹ ਉਸ ਹਰ ਉਸ ਚੀਜ਼ ਨੂੰ ਕਦਰ ਦੇਣ ਜੋ ਉਹਨਾਂ ਦੀ ਮਦਦ ਵਾਸਤੇ ਵੱਧਦਾ ਹੈ ਭਾਵੇਂ ਉਹ ਕਿਸੇ ਵੀ ਪਾਰਟੀ ਨਾਲ ਸੰਬੰਧਿਤ ਕਿਉਂ ਨਾ ਹੋਵੇ, ਉਹਨਾਂ

ਦੇ ਸੇਵਾਦਾਰ ਆ ਗਏ ਦੁਹਾਡੇ ਦੁਆਰ ਤਹਿਤ ਲੋਕ ਕਲਿਆਣਕਾਰੀ ਯੋਜਨਾਵਾਂ ਪ੍ਰਤੀ ਜਾਗਰੂਕ ਕਰਵਾਉਣ ਸੰਬੰਧੀ ਇਕ ਕੈਂਪ ਲਗਾਇਆ ਗਿਆ ਸੀ ਜਿਸ ਨੂੰ ਨਾਇਬ ਤਹਿਸੀਲਦਾਰ ਗੁਰਦੀਪ ਸਿੰਘ ਫਤਿਹਗੜ੍ਹ ਚੂੜੀਆਂ, ਡੀ.ਐਸ.ਪੀ ਵਿਪਨ ਕੁਮਾਰ, ਫਤਿਹਗੜ੍ਹ ਚੂੜੀਆਂ, ਐਸ.ਐਚ.ਓ ਪ੍ਰਭਜੋਤ ਸਿੰਘ ਫਤਿਹਗੜ੍ਹ ਚੂੜੀਆਂ, ਐਸ.ਐਚ.ਓ ਘਣੀਆਂ ਬਲਵਿੰਦਰ ਸਿੰਘ ਤੇ ਹੋਰ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਮੌਕੇ 'ਤੇ ਪਹੁੰਚ ਕੇ ਰੋਕ ਦਿੱਤਾ ਗਿਆ ਇਸ ਦੌਰਾਨ ਭਾਜਪਾ ਵਰਕਰਾਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ 'ਚ ਖੜਕ ਪਈ ਤੇ ਕਾਫੀ ਬਹਿਸਬਾਜ਼ੀ ਹੋਈ ਡੀ.ਐਸ.ਪੀ. ਵਿਪਨ ਕੁਮਾਰ ਨੇ ਭਾਜਪਾ ਨੇਤਾ ਨੂੰ ਸਰਕਾਰ ਵੱਲੋਂ ਜਾਰੀ ਆਰਡਰ ਦੀ ਕਾਪੀ ਦਿਖਾ ਕੇ ਕਿਹਾ ਕਿ ਉਹ ਮਾਣਯੋਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਤੋਂ ਕੈਂਪ ਦੀ ਮਨਜੂਰੀ ਲੈ ਲੈਣ ਤੇ ਫਿਰ ਭਾਵੇਂ ਜੋ ਮਰਜੀ ਕਰਨ ਪਰ ਬਿਨਾਂ ਮਨਜ਼ੂਰੀ ਦੇ ਕੈਂਪ ਨਹੀਂ ਲਗਣ ਦਿੱਤਾ ਜਾਵੇਗਾ। ਇਸ ਮੌਕੇ ਬੋਲਦਿਆਂ ਰਵੀਕਰਨ ਸਿੰਘ ਕਾਹਲੋਂ ਨੇ ਆਖਿਆ ਕਿ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਤੋਂ ਆਮ ਜਨਤਾ ਨੂੰ ਵਾਂਝਿਆਂ ਰੱਖ ਰਹੀ ਹੈ ਤੇ ਇਹਨਾਂ ਸਕੀਮਾਂ ਬਾਰੇ ਲੋਕਾਂ ਨੂੰ ਪੂਰੀ ਜਾਣਕਾਰੀ ਨਹੀਂ ਦਿੱਤੀ ਜਾ ਰਹੀ ਜਿਸ ਕਰਕੇ ਭਾਰਤੀ ਜਨਤਾ ਪਾਰਟੀ ਨੂੰ ਇਹ ਕੈਂਪ ਲਗਾਉਣੇ ਪੈ ਗਏ ਸਨ ਪਰ ਹੁਣ ਸਰਕਾਰ ਇਹਨਾਂ ਕੈਂਪਾਂ ਤੋਂ ਵੀ ਡਰ ਰਹੀ ਹੈ। ਉਹਨਾਂ ਕਿਹਾ ਕਿ ਸਿਰਫ਼ ਡੇਢ ਸਾਲ ਰਹਿ ਗਿਆ ਹੈ ਲੋਕ ਆਮ ਆਦਮੀ ਪਾਰਟੀ ਨੂੰ ਆਪੇ ਹੀ ਕਰਾਰਾ ਜਵਾਬ ਦੇਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਮੀਤਪਾਲ ਸਿੰਘ ਲਾਲੀ, ਬਲਜੀਤ ਸਿੰਘ ਚੌਹਾਨ, ਡਾ. ਅਮਰਜੀਤ ਸਿੰਘ ਸਾਬਕਾ ਸਰਪੰਚ, ਸੋਨੂੰ ਭਿੰਡਰ, ਕਪਿਲ ਸ਼ਰਮਾ, ਗਗਨਦੀਪ ਸਿੰਘ ਗੁੱਗੂ, ਹਰਮਨਪ੍ਰੀਤ ਸਿੰਘ, ਬਲਜੀਤ ਸਿੰਘ ਸਰਕਲ ਪ੍ਰਧਾਨ, ਰਣਜੀਤ ਰਾਣਾ ਪ੍ਰਿੰਸ, ਰਾਜਵਿੰਦਰ ਸਿੰਘ ਭਗਤੂਪੁਰ, ਬਲਜੀਤ ਸਿੰਘ ਭਾਲੋਵਾਲੀ, ਕਸ਼ਮੀਰ ਸਿੰਘ ਝੰਜੀਆਂ, ਮਨਦੀਪ ਸਿੰਘ ਸਰਪੰਚ ਤੇਜਾ ਕਸ਼ਮੀਰ ਸਿੰਘ ਆਦਿ ਹਾਜ਼ਰ ਸਨ।

# ਡੀ.ਸੀ. ਵੱਲੋਂ ਗ਼ੈਰ-ਕਾਨੂੰਨੀ ਤੌਰ 'ਤੇ ਨਿੱਜੀ ਜਾਣਕਾਰੀ ਇਕੱਤਰ ਕਰਨ ਵਾਲੇ ਵਿਅਕਤੀਆਂ ਨੂੰ ਚੇਤਾਵਨੀ

ਅੰਮ੍ਰਿਤਸਰ, 21 ਅਗਸਤ (ਬਬਲੂ ਮਹਾਜਨ): ਸਰਕਾਰ ਨੂੰ ਕੁਝ ਨਿੱਜੀ ਆਪਰੇਟਰਾਂ ਵੱਲੋਂ ਕਥਿਤ ਤੌਰ 'ਤੇ ਗੈਰ-ਕਾਨੂੰਨੀ ਢੰਗ ਨਾਲ ਸਥਾਨਕ ਨਿਵਾਸੀਆਂ ਦੀ ਨਿੱਜੀ ਜਾਣਕਾਰੀ ਇਕੱਤਰ ਕਰਨ ਬਾਰੇ ਭਰੋਸੇਯੋਗ ਰਿਪੋਰਟਾਂ ਮਿਲੀਆਂ ਹਨ। ਇਸ ਸਬੰਧੀ ਚੇਤਾਵਨੀ ਦਿੰਦਿਆਂ ਅੱਜ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਡਿਜੀਟਲ ਪਰਸਨਲ ਡੇਟਾ ਪ੍ਰੋਟੈਕਸ਼ਨ ਐਕਟ, 2023 (ਡੀ.ਪੀ.ਡੀ.ਪੀ. ਐਕਟ) ਤਹਿਤ ਸਹਿਮਤੀ ਤੋਂ ਬਿਨਾਂ ਨਿੱਜੀ ਜਾਣਕਾਰੀ ਇਕੱਤਰ ਕਰਨਾ ਜਾਂ ਵਰਤੋਂ ਕਰਨਾ ਸਜ਼ਾਯੋਗ ਅਪਰਾਧ ਹੈ। ਇਸ ਲਈ ਸਥਾਨਕ ਪੁਲਿਸ ਨੂੰ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਲੋਕਾਂ ਵਿਰੁੱਧ ਸਖ਼ਤ ਸਜ਼ਾਯੋਗ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਹਨਾਂ ਦੱਸਿਆ ਕਿ ਇਹ ਵੀ ਧਿਆਨ ਵਿੱਚ ਆਇਆ ਹੈ ਕਿ ਆਪਣੀ ਜਾਣਕਾਰੀ ਸਾਂਝੀ ਕਰਨ ਵਾਲੇ ਕਈ ਵਿਅਕਤੀਆਂ ਨੂੰ ਪੈਸਿਆਂ ਦੀ ਹੇਰਫੇਰ ਲਈ ਫ਼ੋਨ ਨੰਬਰਾਂ ਅਤੇ ਓ.ਟੀ.ਪੀ. ਦੀ ਦੁਰਵਰਤੋਂ ਵਰਗੇ ਮਾਮਲਿਆਂ ਸਮੇਤ ਘੁਟਾਲਿਆਂ ਤੇ ਬੈਂਕਿੰਗ ਧੋਖਾਧੜੀਆਂ ਦਾ ਸ਼ਿਕਾਰ ਬਣਾਇਆ ਗਿਆ ਹੈ।



ਇਸ ਲਈ ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਆਪਣੀ ਨਿੱਜੀ ਜਾਣਕਾਰੀ ਅ ਣ ਅ ਧਿ ਕਾ ਰ ਤ ਵਿਅਕਤੀਆਂ ਜਾਂ ਏਜੰਸੀਆਂ ਨਾਲ ਸਾਂਝੀ ਨਾ ਕਰਨ ਦੀ ਅਪੀਲ ਕੀਤੀ ਹੈ ਕਿਉਂਕਿ ਉਨ੍ਹਾਂ ਦੀ ਜਾਣਕਾਰੀ ਦੀ ਕਿਸੇ ਵੀ ਪੜਾਅ 'ਤੇ ਦੁਰਵਰਤੋਂ ਹੋ ਸਕਦੀ ਹੈ। ਨਾਗਰਿਕਾਂ ਨੂੰ ਸੁਚੇਤ ਰਹਿਣ ਅਤੇ ਅਜਿਹੀ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀ ਬਾਰੇ ਤੁਰੰਤ ਅਧਿਕਾਰੀਆਂ ਨੂੰ ਰਿਪੋਰਟ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ। ਇਸ ਸਬੰਧੀ ਕੋਈ ਵੀ ਸ਼ਿਕਾਇਤ ਜਾਂ ਜਾਣਕਾਰੀ ਈਮੇਲ ਆਈਡੀ **dproamritsar3@gmail.com** ਉੱਤੇ ਦਿੱਤੀ ਜਾ ਸਕਦੀ ਹੈ।

# ਖ਼ਾਲਸਾ ਵੈਟਰਨਰੀ ਹਸਪਤਾਲ ਵਿਖੇ ਨਵੀਂ ਅਲਟਰਾਸਾਊਂਡ ਮਸ਼ੀਨ ਲਗਾਈ

ਅੰਮ੍ਰਿਤਸਰ, 21 ਅਗਸਤ (ਗੁਰਦਿਆਲ ਸਿੰਘ): ਖਾਲਸਾ ਕਾਲਜ ਵੈਟਰਨਰੀ ਹਸਪਤਾਲ ਵਿਖੇ ਡਾਇਗਨੋਸਟਿਕਸ ਸਹੂਲਤਾਂ ਨੂੰ ਵਧਾਉਣ ਦੇ ਮਕਸਦ ਤਹਿਤ ਇਕ ਨਵੀਂ ਅਲਟਰਾਸਾਊਂਡ ਮਸ਼ੀਨ ਸਥਾਪਿਤ ਕੀਤੀ ਗਈ। ਉਕਤ ਮਸ਼ੀਨ 'ਸੀਡੀ ਏਲੀਟ ਵੈਟਰਨਰੀ ਅ ਲ ਟ ਰਾ ਸਾ ਊਂ ਡ ' ਕ੍ਰਿਸਟਲ ਕਲੀਅਰ ਇਮੇਜਿੰਗ, ਤੇਜ਼ ਅਤੇ ਸਹੀ ਨਿਦਾਨ ਲਈ ਤਿੰਨ ਪ੍ਰੋਬਾਂ ਨਾਲ ਲੈਸ ਹੈ।



ਇਸ ਸਬੰਧੀ ਕਾਲਜ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਮਸ਼ੀਨ ਪਸ਼ੂਆਂ, ਮੱਝਾਂ, ਘੋੜਿਆਂ, ਕੁੱਤਿਆਂ ਅਤੇ ਬਿੱਲੀਆਂ 'ਚ ਪ੍ਰਜਨਨ ਸਿਹਤ, ਗਰਭ ਅਵਸਥਾ ਨਿਦਾਨ, ਜਿਗਰ ਅਤੇ ਗੁਰਦੇ ਦੀ ਇਮੇਜਿੰਗ, ਡਾਇਆਫ੍ਰੈਗਮੈਟਿਕ ਹਰਨੀਆ, ਟ੍ਰੌਮੈਟਿਕ ਰੈਟੀਕੁਲੋ-ਪੈਰੀਟੋਨਾਈਟਿਸ, ਆਂਦਰਾਂ ਦੀ ਰੁਕਾਵਟ, ਇੰਟਸਸੈਪਸ਼ਨ ਤੇ ਹੋਰਾਂ ਸਮੇਤ ਵੱਖ-ਵੱਖ ਆਮ ਸਰੀਰਿਕ ਮਾਪਦੰਡਾਂ ਅਤੇ ਬਿਮਾਰੀ ਵਾਲੀਆਂ ਸਥਿਤੀਆਂ ਦੀ ਜਾਂਚ ਕਰਨ ਸਬੰਧੀ ਲੈਸ ਹੈ। ਇਸ ਮੌਕੇ ਡਾ. ਵਰਮਾ ਨੇ ਕਲੀਨਿਕਲ ਵਿਭਾਗਾਂ ਦੇ ਮੁਖੀਆਂ ਅਤੇ ਫੈਕਲਟੀ ਦੀ ਮੌਜੂਦਗੀ 'ਚ ਨਵੀਂ ਸਹੂਲਤ ਦਾ ਉਦਘਾਟਨ ਕਰਨ ਉਪਰੰਤ ਕਿਹਾ ਕਿ ਇਹ ਡਾਇਗਨੋਸਟਿਕਸ ਸਹੂਲਤ ਪਸ਼ੂ ਮਾਲਕਾਂ ਅਤੇ ਪਾਲਤੂ ਜਾਨਵਰਾਂ ਦੇ ਪ੍ਰੇਮੀਆਂ ਲਈ ਵੱਖ-ਵੱਖ ਸਿਹਤ ਮੁੱਦਿਆਂ ਦੇ ਜਾਨਵਰਾਂ 'ਚ ਤੁਰੰਤ ਅਤੇ ਸਟੀਕ ਨਿਦਾਨ ਲਈ ਇਕ ਵਰਦਾਨ ਸਾਬਿਤ ਹੋਵੇਗੀ। ਉਨ੍ਹਾਂ ਕਿਹਾ ਕਿ ਉਕਤ ਸਹੂਲਤ ਖਾਸ ਤੌਰ 'ਤੇ ਡੇਅਰੀ ਜਾਨਵਰਾਂ ਅਤੇ ਘੋੜਿਆਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰੇਗੀ, ਕਿਉਂਕਿ ਹਸਪਤਾਲ ਪਹਿਲਾਂ ਹੀ ਪਾਲਤੂ ਜਾਨਵਰਾਂ ਲਈ ਇਕ ਹੋਰ ਅਲਟਰਾਸਾਊਂਡ ਮਸ਼ੀਨ ਨਾਲ ਲੈਸ ਹੈ।

ਡਾ. ਵਰਮਾ ਨੇ ਕਿਹਾ ਕਿ ਵੈ ਟ ਰ ਨ ਰੀ ਹਸਪਤਾਲ 24 ਘੰਟੇ ਖੁੱਲ੍ਹਾ ਰਹਿੰਦਾ ਹੈ ਅਤੇ ਇਹ ਮੱਝ, ਘੋੜਾ, ਸੂਰ, ਭੇਡ, ਬੱਕਰੀ, ਕੁੱਤੇ, ਬਿੱਲੀਆਂ ਅਤੇ ਇੱਥੋਂ ਤੱਕ ਕਿ ਜੰਗਲੀ ਜਾਨਵਰਾਂ ਦੇ ਨਾਲ-ਨਾਲ ਪ੍ਰਯੋਗਸ਼ਾਲਾ ਆਦਿ ਸਮੇਤ ਸਮੂਹ ਵਾਲੇ ਜਾਨਵਰਾਂ ਦਾ ਇਲਾਜ ਕਰਦਾ ਹੈ। ਉਨ੍ਹਾਂ ਕਿਹਾ ਕਿ ਇਸ ਹਸਪਤਾਲ 'ਚ ਖੂਨ, ਪਿਸ਼ਾਬ, ਮਲ, ਬਲਗਮ, ਥੁੱਕ, ਚਮੜੀ ਦੇ ਸਕ੍ਰੈਪਿੰਗ, ਵੱਡੇ ਅਤੇ ਛੋਟੇ ਜਾਨਵਰਾਂ ਦੇ ਅਲਟਰਾਸਾਊਂਡ ਰਾਹੀਂ ਬਿਮਾਰੀਆਂ ਦੀ ਜਾਂਚ ਲਈ ਸ਼ਾਨਦਾਰ ਸਹੂਲਤ ਹੈ। ਇਸ ਤੋਂ ਇਲਾਵਾ ਕਿਸੇ ਵੀ ਤਰ੍ਹਾਂ ਦੀ ਪੁੱਛਗਿੱਛ ਲਈ ਸਵੇਰੇ 8:00 ਤੋਂ ਰਾਤ 8:00 ਵਜੇ ਤੱਕ ਹਸਪਤਾਲ ਦੇ ਲੈਂਡਲਾਈਨ ਨੰਬਰ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਤਰਸਿੱਕਾ ਬਲਾਕ ਦੇ ਖ਼ਾਤਮੇ ਵਿਰੁੱਧ ਲੋਕਾਂ ਵੱਲੋਂ ਤਿੱਖਾ ਵਿਰੋਧ ਪ੍ਰਦਰਸ਼ਨ

ਤਰਸਿੱਕਾ, 21 ਅਗਸਤ (ਦਵਿੰਦਰ ਸਿੰਘ ਤਰਸਿੱਕਾ): ਤਰਸਿੱਕਾ ਬਲਾਕ ਨੂੰ ਖਤਮ ਕਰਨ ਦੇ ਸਰਕਾਰ ਦੇ ਫੈਸਲੇ ਵਿਰੁੱਧ ਇਲਾਕੇ ਦੇ ਲੋਕਾਂ ਵਿੱਚ ਭਾਰੀ ਰੋਸ ਹੈ। ਇਸ ਫੈਸਲੇ ਦੇ ਵਿਰੋਧ ਵਿੱਚ ਤਰਸਿੱਕਾ, ਸੰਗਰਾਵਾਂ, ਸਾਹਪੁਰ, ਕੋਟ ਖਹਿਰਾ, ਰਸੂਲਪੁਰ ਖੁਰਦ ਅਤੇ ਸਰਾਂ ਪਿੰਡਾਂ ਦੇ ਲੋਕਾਂ ਨੇ ਬਜਾਰ ਤਰਸਿੱਕਾ ਵਿੱਚ ਇੱਕ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨਕਾਰੀਆਂ ਨੇ ਦੋਸ਼ ਲਾਇਆ ਕਿ ਇਹ ਫੈਸਲਾ ਲੋਕਾਂ ਦੀਆਂ ਭਾਵਨਾਵਾਂ ਦੇ ਖਿਲਾਫ ਹੈ ਅਤੇ ਇਸ ਨਾਲ ਪਿੰਡਾਂ ਦਾ ਵਿਕਾਸ ਪ੍ਰਭਾਵਿਤ ਹੋਵੇਗਾ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਪ੍ਰਧਾਨ ਬਲਜੀਤ ਸਿੰਘ ਲਾਲੀ ਨੇ ਇਸ ਮੌਕੇ 'ਤੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਤਰਸਿੱਕਾ ਬਲਾਕ ਨੂੰ ਬਹਾਲ ਨਾ ਕੀਤਾ ਤਾਂ ਪਿੰਡਾਂ ਦੇ ਲੋਕ ਇੱਕ ਵੱਡਾ ਸੰਘਰਸ਼ ਸ਼ੁਰੂ ਕਰਨਗੇ। ਉਨ੍ਹਾਂ ਕਿਹਾ ਕਿ ਇਸ ਮਸਲੇ ਨੂੰ ਲੈ ਕੇ ਉਹ ਆਉਣ ਵਾਲੇ ਸਮੇਂ ਵਿੱਚ ਸਰਕਾਰ ਦੇ ਖਿਲਾਫ ਸੂਬਾ ਪੱਧਰੀ ਅੰਦੋਲਨ ਵੀ ਸ਼ੁਰੂ ਕਰ ਸਕਦੇ ਹਨ।ਪ੍ਰਦਰਸ਼ਨ ਵਿੱਚ ਹਿੱਸਾ ਲੈਣ ਵਾਲੇ ਲੋਕਾਂ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਉਹ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਲਾਮਬੰਦ ਕਰਨਗੇ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਆਪਣਾ ਫੈਸਲਾ ਵਾਪਸ ਨਾ ਲਿਆ ਤਾਂ ਇਸ ਦਾ ਖਮਿਆਜ਼ਾ ਹਰਭਜਨ ਸਿੰਘ ਈ.ਟੀ.ਓ ਨੂੰ ਆਉਣ ਵਾਲੀਆਂ ਚੋਣਾਂ ਵਿੱਚ ਭੁਗਤਣਾ ਪਵੇਗਾ।ਲੋਕਾਂ ਨੇ ਕਿਹਾ ਕਿ ਇਹ ਸਿਰਫ਼ ਇੱਕ ਸ਼ੁਰੂਆਤ ਹੈ ਅਤੇ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਨਾ ਮੰਨਿਆ ਤਾਂ ਇਹ ਸੰਘਰਸ਼ ਹੋਰ ਵੀ ਤੇਜ਼ ਕੀਤਾ ਜਾਵੇਗਾ। ਇਸ ਤੋਂ ਸਪੱਸ਼ਟ ਹੈ ਕਿ ਤਰਸਿੱਕਾ ਬਲਾਕ ਨੂੰ ਖਤਮ ਕਰਨ ਦਾ ਫੈਸਲਾ ਸਰਕਾਰ ਲਈ ਮੁਸ਼ਕਲਾਂ ਪੈਦਾ ਕਰ ਸਕਦਾ ਹੈ।




**pstcl** Punjab State Transmission Corporation Limited
Regd. Office : PSEB Head Office, The Mall Patiala-147001 Corporate Identity Number : U40109PB2010SGC033814 www.pstcl.org O/o Sr. Xen, C/W Divn., Mohali Tel.No. 96461-17914, E-mail: srxen-cw-moh@pstcl.org

ਸ਼ਾਰਟ-ਟਰਮ ਪ੍ਰੈਸ-ਟੈਂਡਰ ਨੋਟਿਸ ਇੰਨਕੁਆਇਰੀ ਨੰ. 13/2025-26

ਟੈਂਡਰ ਦਾ ਵੇਰਵਾ : 220 ਕੇ.ਵੀ. ਸ/ਸ ਗੋਬਿੰਦਗੜ੍ਹ (ਜੀ-4) ਵਿਖੇ ਖਰਾਬ ਅਤੇ ਸਿਹਤਮੰਦ ਟ/ਫ ਲਈ ਟਰਾਂਸਪੋਰਟੇਸ਼ਨ ਅਤੇ ਸਿਵਲ ਦੇ ਰਹਿੰਦੇ ਕਾਮਾਂ ਸੰਬੰਧੀ। ਟੈਂਡਰ ਲੈਣ ਦੀ ਆਖਰੀ ਮਿਤੀ 08.09.2025 ਸਮਾਂ 12.00 PM ਵਜੇ ਤੱਕ।ਜਮ੍ਹਾਂ ਕਰਵਾਉਣ ਦੀ ਮਿਤੀ 10.09.2025 ਸਮਾਂ 12.00 PM ਤਕ ਅਤੇ ਟੈਂਡਰ ਖੋਲ੍ਹਣ ਦੀ ਮਿਤੀ 10.09.2025 ਸਮਾਂ 02.00 ਵਜੇ।

ਨੋਟ : ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਕਾਰਨ ਟੈਂਡਰ ਪ੍ਰੀਕ੍ਰਿਆ ਪੂਰੀ ਨਹੀਂ ਹੁੰਦੀ ਤਾਂ ਉਸ ਕੇਸ ਵਿੱਚ ਅਖਬਾਰਾਂ ਵਿੱਚ ਸੋਧ ਪ੍ਰਕਾਸ਼ਿਤ ਨਹੀਂ ਕਰਵਾਈ ਜਾਵੇਗੀ।ਸੋਧ ਸਬੰਧੀ ਵੇਰਵੇ ਪੀ.ਐਸ.ਟੀ.ਸੀ.ਐਲ. ਦੀ ਵੈੱਬਸਾਈਟ www.pstcl.org ਤੇ ਵੇਖੇ ਜਾਣ। Terms and conditions may be downloaded from website https://eproc.punjab.gov.in

ਸੀਨੀ. ਕਾ.ਕਾ. ਇੰਜੀ./ਸਿਵਲ ਨਿਰਮਾਣ ਮੰਡਲ, PSTCL, ਮੋਹਾਲੀ।
Ro No. PR-Advt. No. 1078/12/2025-26/2482/Dated CHD : 21.08.2025



**ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਿਟਡ**
(ਰਜਿਸਟਰਡ ਦਫ਼ਤਰ: ਪੰ.ਰਾ.ਬਿ.ਬੋ. ਹੈੱਡ ਆਫਿਸ, ਦੀ ਮਾਲ ਪਟਿਆਲਾ-147001)
ਕਾਰਪੋਰੇਟ ਆਈਡੈਂਟਿਟੀ ਨੰ. U40109PB2010SGCO33813, Website: www.pspcl.in
ਦਫ਼ਤਰ : ਸਥਾਨਿਕ ਇੰਜੀਨੀਅਰ/ਜਰੇਸ਼ਨ ਮੰਡਲ, ਏ.ਐਸ.ਐਚ.ਪੀ., ਅਨੰਦਪੁਰ ਸਾਹਿਬ
(ਫੋਨ: 01887-232076, 96461-19094, ਫੈਕਸ: 232117, ਈਮੇਲ: reashp@gmail.com)
ਟੈਂਡਰ ਇੰਨਕੁਆਇਰੀ ਨੰ. 11/RE/ASHP/2025-26 ਮਿਤੀ: 21/08.2025

ਸਥਾਨਿਕ ਇੰਜੀਨੀਅਰ, ਜਨਰੇਸ਼ਨ ਮੰਡਲ, ਏ.ਐਸ.ਐਚ.ਪੀ.ਪੀ.ਐਸ.ਪੀ.ਸੀ.ਐਲ. ਸ੍ਰੀ ਅਨੰਦਪੁਰ ਸਾਹਿਬ ਜੀ ਵੱਲੋਂ ਸਾਲ 2025-26 ਲਈ ਏ.ਐਸ.ਐਚ.ਪੀ. ਅਧੀਨ ਨੱਕੀਆਂ ਪਾਵਰ ਹਾਊਸ ਨੰ. 2 ਨੱਕੀਆਂ ਅਤੇ ਪਾਵਰ ਹਾਊਸ ਨੰ. 1 ਗੰਗੂਵਾਲ ਵਿੱਚ ਮਸ਼ੀਨਾਂ ਦੀ ਸਾਂਭ-ਸੰਭਾਲ ਲਈ ਕਾਰਬਨ ਬਰਸ਼ ਦੀ ਖ਼ਰੀਦ ਕਰਕੇ ਉਪਲਬੱਧ ਕਰਵਾਉਣ ਸਬੰਧੀ ਓਪਨ ਟੈਂਡਰ ਨੋਟਿਸ ਸੱਦਿਆ ਜਾਂਦਾ ਹੈ। ਡਿਟੇਲ ਐਨ.ਆਈ.ਟੀ. ਦੀ ਜਾਣਕਾਰੀ ਅਤੇ ਟੈਂਡਰ ਡਾਕੂਮੈਂਟ ਵਿਭਾਗ ਦੀ ਵੈੱਬਸਾਈਟ https://pspcl.in ਤੇ ਡਾਊਨਲੋਡ ਕੀਤਾ ਜਾ ਸਕਦਾ ਹੈ।ਇਸ ਦੀ ਕਾਪੀ ਉਪਰੋਕਤ ਦਫ਼ਤਰ ਤੋਂ ਵੀ ਪ੍ਰਾਪਤ ਕੀਤੀ ਜਾ ਸਕਦੀ ਹੈ।ਟੈਂਡਰ ਭਰਨ ਦੀ ਆਖਰੀ ਮਿਤੀ 08.09.2025 ਸਮਾਂ 11.00 ਵਜੇ ਸਵੇਰੇ ਤੱਕ ਹੋਵੇਗੀ।

ਨੋਟ : ਟੈਂਡਰ ਦੀਆਂ ਸਪੈਸੀਫਿਕੇਸ਼ਨ ਅਤੇ ਸ਼ਰਤਾਂ ਵਿਭਾਗ ਦੀ ਵੈੱਬਸਾਈਟ https://pspcl.in ਤੋਂ ਡਾਊਨਲੋਡ ਕੀਤਾ ਜਾ ਸਕਦੀਆਂ ਹਨ।ਜੇਕਰ ਕੋਈ ਕੋਰੀਜੰਡਮ ਹੋਇਆ ਤਾਂ ਉਪ ਅਖਬਾਰ ਵਿੱਚ ਪ੍ਰਕਾਸ਼ਿਤ ਨਹੀਂ ਕੀਤਾ ਜਾਵੇਗਾ।ਕਿਸੇ ਵੀ ਤਰ੍ਹਾਂ ਦੀ ਅਪਡੇਟ ਲਈ ਪੀ.ਐਸ.ਪੀ.ਸੀ.ਐਲ. ਦੀ ਸਾਈਟ ਨੂੰ ਲਗਾਤਾਰ ਦੇਖਿਆ ਜਾਵੇ। C 574 / 25
Ro No. PR-Advt. No. 1079/12/2025-26/2484Dated CHD : 21.08.2025



**ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਪਟਿਆਲਾ**
**ਥੋੜ੍ਹੇ ਸਮੇਂ ਦਾ ਈ-ਟੈਂਡਰ ਨੋਟਿਸ**
**(ਪ੍ਰੈਸ ਨੋਟ)**

ਈ-ਟੈਂਡਰ ਨੰਬਰ : ਪੀਆਰਟੀਸੀ/ਐਕਸਈਐਨ/2ਕੇ25/84 ਮਿਤੀ :21.08.2025

ਬੀਓਕਿਊ/ਡੀਐਨਆਈਟੀ ਰਕਮ 'ਤੇ ਪ੍ਰਤੀਸ਼ਤ ਦਰ ਦੇ ਆਧਾਰ 'ਤੇ ਢੁੱਕਵੀਂ ਸ਼੍ਰੇਣੀ ਅਤੇ ਵਰਗ ਦੇ ਲਈ ਆਨਲਾਈਨ ਈ-ਟੈਂਡਰ ਸੂਚੀਬੱਧ ਕਿਰਤ ਅਤੇ ਉਸਾਰੀ ਸਭਾਵਾਂ ਅਤੇ ਲੋਨਿਵਿ (ਭ ਅਤੇ ਮ)/ਪੁੱਡਾ/ਕੇਂਦਰੀ/ਰਾਜ ਸਰਕਾਰ ਦੇ ਵਿਭਾਗਾਂ/ਪੀਐਸਯੂਜ਼ ਵਿੱਚ ਸੂਚੀਬੱਧ ਠੇਕੇਦਾਰਾਂ ਤੋਂ ਹੇਠਾਂ ਦਿੱਤੇ ਕੰਮਾਂ ਲਈ ਮੁੜ ਮੰਗੇ ਜਾਂਦੇ ਹਨ।

1. ਪੀਆਰਟੀਸੀ ਬੱਸ ਸਟੈਂਡ ਤਲਵੰਡੀ ਸਾਬੋ ਵਿਖੇ ਸੀਵਰੇਜ ਲਾਈਨ ਵਿਛਾਉਣੀ ਅਤੇ ਪ੍ਰਬੰਧ ਕਰਨਾ।(ਟੈਂਡਰ ਦੀ ਰਕਮ ਰੁ. 18.28 ਲੱਖ ਅਤੇ ਬਿਆਨਾ ਰਕਮ ਰੁ. 36600.00)

ਵਿਸਥਾਰਤ ਬੋਲੀ ਮੰਗ ਸੂਚਨਾ ਦਸਤਾਵੇਜ਼ 22.08.2025 ਤੋਂ ਵੈਬਸਾਈਟ https://eproc.punjab.gov.in ਤੋਂ ਦੇਖੇ/ਡਾਊਨਲੋਡ ਕੀਤੇ ਜਾ ਸਕਦੇ ਹਨ।ਤਕਨੀਕੀ ਅਤੇ ਵਿੱਤੀ ਬੋਲੀਆਂ 01.09.2025 ਨੂੰ ਸ਼ਾਮ 05.00 ਵਜੇ ਤੱਕ ਜਾਂ ਪਹਿਲਾਂ https://eproc.punjab.gov.in 'ਤੇ ਆਨਲਾਈਨ ਜਮ੍ਹਾਂ/ਅਪਲੋਡ ਕੀਤੀਆਂ ਜਾਣ।ਤਕਨੀਕੀ ਬੋਲੀਆਂ 02.09.2025 ਨੂੰ ਸਵੇਰੇ 11.30 ਵਜੇ ਖੋਲ੍ਹੀਆਂ ਜਾਣਗੀਆਂ।

ਈ-ਟੈਂਡਰ ਦੇ ਸਬੰਧ ਵਿੱਚ ਸੋਧ/ਪੂਰਕ, ਜੇ ਕੋਈ ਹੈ, ਇਸ ਦਫ਼ਤਰ ਦੁਆਰਾ https://eproc.punjab.gov.in 'ਤੇ ਜਾਰੀ ਕੀਤੇ ਜਾਣਗੇ।

ਸਹੀ/-
ਕਾਰਜਕਾਰੀ ਇੰਜੀਨੀਅਰ,
ਪੀਆਰਟੀਸੀ ਪਟਿਆਲਾ

RO.No. PR-ADVT.No: 1044/12/2025-26/2454/Dated CHD : 21/08/2025



**ਡਾਇਰੈਕਟੋਰੇਟ ਪੰਜਾਬ ਸਟੇਟ ਲਾਟਰੀਜ਼**

ਡਰਾਅ ਮਿਤੀ : 21.08.2025

ਪਹਿਲੇ ਇਨਾਮ ਦੀ ਰਾਸ਼ੀ (1) ... A 69219

ਦੂਜੇ ਇਨਾਮ ਦੀ ਰਾਸ਼ੀ (10) ...
(ਵਿਕ੍ਰੇਤਾ ਇਨਾਮੀ ਰਾਸ਼ੀ ਰੁ. 1000/- + ਸਬ ਸਟਾਕਿਸਟ ਇਨਾਮੀ ਰਾਸ਼ੀ ਰੁ. 100/-, ਕੁੱਲ ਇਨਾਮੀ ਰਾਸ਼ੀ ਰੁ. 10,100/- ਹਰੇਕ)

02044 07751 35720 42446 52606 57508 75949 82326 95353 96087

ਤੀਜੇ ਇਨਾਮ ਦੀ ਰਾਸ਼ੀ (250) ਰੁਪਏ 5,000/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੁ. 500/- + ਸਬ ਸਟਾਕਿਸਟ ਇਨਾਮੀ ਰਾਸ਼ੀ ਰੁ. 100/-, ਕੁੱਲ ਇਨਾਮੀ ਰਾਸ਼ੀ ਰੁ. 5,600/- ਹਰੇਕ)

0565 1613 2135 5553 7152

ਚੌਥੇ ਇਨਾਮ ਦੀ ਰਾਸ਼ੀ (500) ਰੁਪਏ 2,000/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੁ. 200/- + ਸਬ ਸਟਾਕਿਸਟ ਇਨਾਮੀ ਰਾਸ਼ੀ ਰੁ. 50/-, ਕੁੱਲ ਇਨਾਮੀ ਰਾਸ਼ੀ ਰੁ. 2,250/- ਹਰੇਕ)

0362 2277 3035 3057 4083 4881 4921 6706 6729 9097

ਪੰਜਵੇਂ ਇਨਾਮ ਦੀ ਰਾਸ਼ੀ (500) ਰੁਪਏ 1000/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੁ. 100/- + ਸਬ ਸਟਾਕਿਸਟ ਇਨਾਮੀ ਰਾਸ਼ੀ ਰੁ. 50/-, ਕੁੱਲ ਇਨਾਮੀ ਰਾਸ਼ੀ ਰੁ. 1,150/- ਹਰੇਕ)

0557 0792 2966 4549 5084 5677 6214 8739 9555 9835

ਛੇਵੇਂ ਇਨਾਮ ਦੀ ਰਾਸ਼ੀ (500) ਰੁਪਏ 500/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੁ. 50/- + ਸਬ ਸਟਾਕਿਸਟ ਇਨਾਮੀ ਰਾਸ਼ੀ ਰੁ. 20/-, ਕੁੱਲ ਇਨਾਮੀ ਰਾਸ਼ੀ ਰੁ. 570/- ਹਰੇਕ)

1258 1883 1909 2267 3939 4047 4128 6713 9491 9916

ਸੱਤਵੇਂ ਇਨਾਮ ਦੀ ਰਾਸ਼ੀ (40,000) ਰੁਪਏ 100/- (ਆਖਰੀ 4 ਅੰਕਾਂ 'ਤੇ)
(ਵਿਕ੍ਰੇਤਾ ਇਨਾਮੀ ਰਾਸ਼ੀ ਰੁ. 20/- + ਸਬ ਸਟਾਕਿਸਟ ਇਨਾਮੀ ਰਾਸ਼ੀ ਰੁ. 5/-, ਕੁੱਲ ਇਨਾਮੀ ਰਾਸ਼ੀ ਰੁ. 125/- ਹਰੇਕ)

| | | | | | | | | | |
|---|---|---|---|---|---|---|---|---|---|
| 0001 | 0007 | 0026 | 0062 | 0066 | 0079 | 0092 | 0111 | 0118 | 0127 |
| 0160 | 0180 | 0184 | 0201 | 0202 | 0274 | 0286 | 0294 | 0295 | 0311 |
| 0312 | 0322 | 0330 | 0337 | 0338 | 0373 | 0389 | 0421 | 0424 | 0437 |
| 0443 | 0468 | 0473 | 0478 | 0492 | 0494 | 0520 | 0525 | 0530 | 0534 |
| 0536 | 0540 | 0543 | 0555 | 0572 | 0582 | 0599 | 0602 | 0607 | 0638 |
| 0659 | 0665 | 0691 | 0694 | 0699 | 0709 | 0712 | 0726 | 0734 | 0746 |
| 0771 | 0785 | 0790 | 0798 | 0808 | 0822 | 0825 | 0830 | 0863 | 0887 |
| 0906 | 0914 | 0931 | 0934 | 0947 | 0965 | 0991 | 0995 | 1005 | 1017 |
| 1030 | 1104 | 1151 | 1164 | 1166 | 1169 | 1197 | 1224 | 1225 | 1226 |
| 1255 | 1269 | 1278 | 1312 | 1318 | 1333 | 1355 | 1369 | 1397 | 1398 |
| 1440 | 1448 | 1455 | 1480 | 1492 | 1515 | 1535 | 1550 | 1553 | 1559 |
| 1563 | 1586 | 1592 | 1615 | 1621 | 1636 | 1674 | 1678 | 1684 | 1689 |
| 1707 | 1761 | 1767 | 1772 | 1776 | 1815 | 1816 | 1823 | 1840 | 1847 |
| 1874 | 1888 | 1889 | 1892 | 1908 | 1946 | 1975 | 1978 | 1980 | 1987 |
| 1988 | 1992 | 2000 | 2006 | 2012 | 2056 | 2058 | 2083 | 2084 | 2090 |
| 2095 | 2097 | 2103 | 2108 | 2117 | 2133 | 2139 | 2142 | 2146 | 2148 |
| 2174 | 2176 | 2179 | 2239 | 2253 | 2255 | 2265 | 2285 | 2299 | 2305 |
| 2308 | 2310 | 2313 | 2385 | 2395 | 2404 | 2442 | 2457 | 2462 | 2480 |
| 2496 | 2517 | 2542 | 2550 | 2554 | 2594 | 2602 | 2637 | 2671 | 2676 |
| 2678 | 2680 | 2681 | 2684 | 2688 | 2702 | 2710 | 2711 | 2718 | 2728 |
| 2733 | 2741 | 2746 | 2754 | 2761 | 2777 | 2804 | 2815 | 2837 | 2842 |
| 2854 | 2872 | 2882 | 2907 | 2922 | 2930 | 2931 | 2942 | 2948 | 2970 |
| 2975 | 2977 | 2981 | 2992 | 3030 | 3042 | 3046 | 3049 | 3062 | 3072 |
| 3076 | 3089 | 3095 | 3097 | 3135 | 3140 | 3144 | 3148 | 3179 | 3181 |
| 3222 | 3240 | 3278 | 3284 | 3294 | 3295 | 3297 | 3333 | 3341 | 3353 |
| 3365 | 3375 | 3392 | 3395 | 3406 | 3416 | 3417 | 3432 | 3436 | 3446 |
| 3485 | 3491 | 3493 | 3497 | 3506 | 3509 | 3519 | 3529 | 3534 | 3542 |
| 3555 | 3563 | 3565 | 3570 | 3594 | 3603 | 3622 | 3637 | 3638 | 3639 |
| 3642 | 3657 | 3665 | 3686 | 3696 | 3706 | 3708 | 3727 | 3740 | 3742 |
| 3781 | 3788 | 3798 | 3807 | 3822 | 3836 | 3839 | 3849 | 3876 | 3888 |
| 3892 | 3906 | 3916 | 3924 | 3931 | 3948 | 3951 | 3956 | 3980 | 3998 |
| 4036 | 4057 | 4120 | 4121 | 4143 | 4146 | 4148 | 4155 | 4176 | 4207 |
| 4239 | 4258 | 4279 | 4281 | 4288 | 4291 | 4301 | 4316 | 4326 | 4339 |
| 4353 | 4386 | 4394 | 4401 | 4427 | 4440 | 4443 | 4449 | 4457 | 4490 |
| 4508 | 4523 | 4526 | 4563 | 4578 | 4579 | 4584 | 4590 | 4605 | 4606 |
| 4624 | 4625 | 4630 | 4635 | 4637 | 4645 | 4647 | 4670 | 4673 | 4676 |
| 4677 | 4687 | 4710 | 4714 | 4769 | 4787 | 4797 | 4807 | 4816 | 4832 |
| 4835 | 4847 | 4891 | 4892 | 4895 | 4939 | 4950 | 4959 | 4973 | 4994 |
| 5002 | 5016 | 5025 | 5038 | 5074 | 5082 | 5104 | 5108 | 5111 | 5127 |
| 5131 | 5132 | 5145 | 5148 | 5149 | 5157 | 5172 | 5175 | 5190 | 5203 |
| 5210 | 5231 | 5250 | 5269 | 5277 | 5279 | 5281 | 5285 | 5288 | 5290 |
| 5295 | 5308 | 5320 | 5321 | 5344 | 5360 | 5373 | 5381 | 5394 | 5414 |
| 5422 | 5427 | 5431 | 5474 | 5497 | 5510 | 5526 | 5577 | 5629 | 5647 |
| 5654 | 5660 | 5684 | 5694 | 5747 | 5749 | 5756 | 5768 | 5799 | 5801 |
| 5803 | 5805 | 5824 | 5828 | 5831 | 5849 | 5851 | 5855 | 5872 | 5924 |
| 5938 | 5947 | 5948 | 5974 | 5982 | 5996 | 6016 | 6018 | 6022 | 6024 |
| 6027 | 6034 | 6037 | 6041 | 6057 | 6092 | 6113 | 6125 | 6149 | 6174 |
| 6192 | 6206 | 6209 | 6228 | 6229 | 6252 | 6277 | 6281 | 6304 | 6305 |
| 6309 | 6318 | 6322 | 6327 | 6350 | 6367 | 6388 | 6401 | 6424 | 6433 |
| 6443 | 6475 | 6484 | 6511 | 6514 | 6516 | 6520 | 6521 | 6526 | 6534 |
| 6547 | 6548 | 6552 | 6573 | 6616 | 6620 | 6627 | 6636 | 6640 | 6645 |
| 6646 | 6656 | 6658 | 6679 | 6686 | 6688 | 6707 | 6751 | 6758 | 6768 |
| 6774 | 6775 | 6778 | 6781 | 6787 | 6791 | 6792 | 6799 | 6808 | 6825 |
| 6842 | 6864 | 6868 | 6870 | 6878 | 6891 | 6901 | 6905 | 6912 | 6917 |
| 6919 | 6926 | 6936 | 6946 | 6959 | 6972 | 6980 | 6984 | 7010 | 7018 |
| 7025 | 7032 | 7033 | 7036 | 7040 | 7054 | 7059 | 7076 | 7087 | 7090 |
| 7119 | 7128 | 7130 | 7136 | 7137 | 7138 | 7157 | 7166 | 7197 | 7211 |
| 7220 | 7221 | 7224 | 7238 | 7250 | 7259 | 7265 | 7267 | 7269 | 7290 |
| 7299 | 7308 | 7321 | 7324 | 7333 | 7357 | 7368 | 7384 | 7394 | 7402 |
| 7405 | 7406 | 7410 | 7422 | 7475 | 7509 | 7513 | 7519 | 7534 | 7539 |
| 7574 | 7579 | 7587 | 7590 | 7610 | 7617 | 7631 | 7641 | 7642 | 7644 |
| 7645 | 7664 | 7679 | 7682 | 7716 | 7741 | 7743 | 7749 | 7756 | 7759 |
| 7762 | 7764 | 7768 | 7796 | 7803 | 7806 | 7895 | 7905 | 7920 | 7928 |
| 7948 | 7957 | 7963 | 7974 | 7989 | 7997 | 8001 | 8016 | 8039 | 8044 |
| 8048 | 8051 | 8067 | 8073 | 8089 | 8094 | 8127 | 8150 | 8151 | 8176 |
| 8180 | 8182 | 8192 | 8198 | 8199 | 8202 | 8208 | 8220 | 8223 | 8232 |
| 8253 | 8267 | 8277 | 8280 | 8295 | 8296 | 8312 | 8317 | 8333 | 8345 |
| 8347 | 8356 | 8357 | 8366 | 8367 | 8371 | 8391 | 8396 | 8398 | 8399 |
| 8401 | 8413 | 8417 | 8426 | 8450 | 8451 | 8462 | 8486 | 8487 | 8507 |
| 8534 | 8561 | 8585 | 8586 | 8590 | 8600 | 8606 | 8607 | 8610 | 8624 |
| 8631 | 8653 | 8666 | 8682 | 8687 | 8702 | 8704 | 8723 | 8730 | 8741 |
| 8744 | 8746 | 8774 | 8777 | 8794 | 8813 | 8822 | 8838 | 8851 | 8852 |
| 8855 | 8879 | 8881 | 8899 | 8901 | 8904 | 8915 | 8932 | 8947 | 8974 |
| 8977 | 8979 | 8992 | 8994 | 8999 | 9000 | 9018 | 9030 | 9052 | 9067 |
| 9077 | 9078 | 9103 | 9112 | 9127 | 9146 | 9189 | 9196 | 9206 | 9219 |
| 9234 | 9261 | 9268 | 9269 | 9287 | 9293 | 9304 | 9325 | 9345 | 9361 |
| 9415 | 9489 | 9499 | 9520 | 9544 | 9547 | 9573 | 9580 | 9591 | 9633 |
| 9643 | 9644 | 9651 | 9656 | 9663 | 9685 | 9694 | 9718 | 9721 | 9747 |
| 9762 | 9768 | 9769 | 9789 | 9810 | 9811 | 9834 | 9855 | 9859 | 9884 |
| 9894 | 9901 | 9902 | 9926 | 9939 | 9950 | 9956 | 9964 | 9968 | 9986 |

ਜਾਰੀ ਕਰਤਾ ਡਾਇਰੈਕਟੋਰੇਟ ਪੰਜਾਬ ਸਟੇਟ ਲਾਟਰੀਜ਼
ਕਿਰਪਾ ਕਰਕੇ ਅੰਤਿਮ ਨਤੀਜਾ ਅਧਿਕਾਰਤ ਗਜ਼ਟ ਅਧਿਸੂਚਨਾ ਤੋਂ ਪੜਤਾਲ ਲਓ
RO. No. PR-Advt. No. 1118/11/2025-26/2385/Dated CHD 20.8.2025



**Canara Bank** A Government of India Undertaking — ਸ਼ਾਖਾ ਦਫਤਰ: - ਜੰਡਿਆਲਾ

**ਅੰਤਿਕਾ 4 [ਨਿਯਮ-8 (1)] ਕਬਜ਼ਾ ਸੂਚਨਾ (ਅਚੱਲ ਸੰਪੱਤੀ ਲਈ)**

ਨਿਮਨਲਿਖਤ ਸਾਰੇ ਕਰਜ਼ਦਾਰਾਂ/ਜ਼ਾਮਨਾਂ/ਸਹਿ-ਦੇਣਦਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨ ਦਰਸਾਏ ਵੇਰਵਿਆਂ ਅਨੁਸਾਰ ਉਨ੍ਹਾਂ ਵੱਲੋਂ ਪ੍ਰਾਪਤ ਕਰਜ਼ੇ ਨਿਮਨ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਐਨਪੀਏ ਬਣ ਚੁੱਕੇ ਹਨ। ਨਿਮਨ ਹਸਤਾਖ਼ਰੀ ਨੇ ਕੇਨਰਾ ਬੈਂਕ ਦੇ ਅਧਿਕਾਰਤ ਅੱਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਸੂਚਨਾ ਤੋਂ 60 ਦਿਨਾਂ ਦੇ ਅੰਦਰ ਸੰਬੰਧਤ ਮੰਗ ਸੂਚਨਾ (ਵਾਂ) ਵਿਚ ਦਰਸਾਈ ਰਕਮ (†) ਨੂੰ ਅਦਾ ਕਰਨ ਲਈ ਕਰਜ਼ਦਾਰ/ਜ਼ਾਮਨ ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈਆਂ ਮਿਤੀਆਂ ਨੂੰ ਕਰਜ਼ਦਾਰ (†)/ਜ਼ਾਮਨ (†) ਨੂੰ ਮੰਗ ਸੂਚਨਾ (†) ਜਾਰੀ ਕੀਤੀ ਸੀ।

ਕਰਜ਼ਦਾਰ/ਜ਼ਾਮਨ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਨਿਮਨ ਖਾਤਿਆਂ ਅਧੀਨ ਦਰਸਾਈ ਮਿਤੀ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਅਤੇ 9 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 ਦੀ ਉਪ ਧਾਰਾ (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਜ਼ਾਮਨ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀਆਂ ਦੀ ਕੋਈ ਵੀ ਸੌਦੇਬਾਜ਼ੀ ਰਕਮ, ਵਿਆਜ ਅਤੇ ਹੋਰ ਖਰਚਿਆਂ ਸਮੇਤ ਦੇ ਲਈ ਕੇਨਰਾ ਬੈਂਕ ਦੇ ਚਾਰਜ ਨਾਲ ਸੰਬੰਧਤ ਹੋਵੇਗੀ।

"ਅਸੀਂ ਤੁਹਾਡਾ ਧਿਆਨ ਜ਼ਾਮਨੀਆਂ ਦੀ ਪੁਨਰ ਪ੍ਰਾਪਤੀ ਦੇ ਤੁਹਾਡੇ ਅਧਿਕਾਰਾਂ ਨਾਲ ਸੰਬੰਧਤ ਸਰਫਾਇਸੀ ਐਕਟ ਦੀ ਧਾਰਾ 13 (8) ਅਤੇ ਉਸਦੇ ਤਹਿਤ ਗਠਿਤ ਨਿਯਮਾਂਵਲੀ ਦੀਆਂ ਵਿਵਸਥਾਵਾਂ ਵੱਲ ਦੁਆਉਂਦੇ ਹਾਂ।"

| ਸ਼ਾਖਾ ਅਤੇ ਕਰਜ਼ਦਾਰ (†) /ਜ਼ਾਮਨ (†) ਦੇ ਨਾਮ | ਅਚੱਲ ਸੰਪੱਤੀ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ਾ ਸੂਚਨਾ ਮਿਤੀ | ਬਕਾਇਆ ਰਕਮ |
|---|---|---|---|---|
| 1. ਜੰਡਿਆਲਾ ਸ਼ਾਖਾ<br>1. ਸ੍ਰੀ ਗੁਰਮੇਜ ਪਾਲ ਪੁੱਤਰ ਸ੍ਰੀ ਸਰਦਾਰਾ ਰਾਮ ਪਿੰਡ ਆਲੋਵਾਲ ਤਹਿਸੀਲ ਨਕੋਦਰ ਜ਼ਿਲ੍ਹਾ ਜਲੰਧਰ-144630 | ਗੁਰਮੇਜ ਪਾਲ ਪੁੱਤਰ ਸਰਦਾਰਾ ਰਾਮ ਦੇ ਨਾਮ 'ਤੇ ਵਿਕਰੀ ਡੀਡ ਨੰਬਰ 2022-23/184/1/1491 ਮਿਤੀ 21/12/2022 ਦੇ ਅਧੀਨ 10 ਮਰਲੇ (1) ਮਰਲੇ=272 ਵਰਗ ਫੁੱਟ) ਦੀ ਜਾਇਦਾਦ ਜੋ ਕਿ ਕੁੱਲ 3ਕੇ-15ਐਮ ਜ਼ਮੀਨ ਦਾ 2/15 ਹਿੱਸਾ ਹੈ, ਜੋ ਕਿ ਖੇਵਟ/ਖਤੌਨੀ ਨੰਬਰ 159/173 ਵਿੱਚ ਸ਼ਾਮਲ ਹੈ, ਜਿਸ ਵਿੱਚ ਖਸਰਾ ਨੰਬਰ 27//1/2/1(1-11), 10/1(2-4) ਪਿੰਡ ਅਲਾਵਲ ਤਹਿਸੀਲ ਨਕੋਦਰ ਜ਼ਿਲ੍ਹਾ ਜਲੰਧਰ ਦੇ ਖੇਤਰ ਵਿੱਚ ਹੈ, ਦੁਆਰਾ ਪੂਰਬ: 68'-0", ਜਸਮੇਲ ਕੌਰ, ਪੱਛਮ: 68'-0", ਬਲਦੇਵ ਰਾਜ, ਉੱਤਰ: 40'-0" ਰਸਤਾ, ਦੱਖਣ: 40'-0" ਰਾਜ ਕੁਮਾਰ। CERSAI ਆਈਡੀ: 400068367195 | 31.05.2025 | 21.08.2025 | Rs.17,55,841.02 (ਰੁ. ਸਤਾਰਾਂ ਲੱਖ ਪਚਵੰਜਾ ਹਜ਼ਾਰ ਅੱਠ ਸੌ ਇਕਤਾਲੀ ਅਤੇ ਦੋ ਪੈਸੇ ਕੇਵਲ) ਮਿਤੀ 30.05.2025 ਅਨੁਸਾਰ ਅਤੇ ਹੋਰ ਬਣਦੇ ਅਗਲੇਰੇ ਵਿਆਜ |

ਮਿਤੀ : 22.08.2025 ਸਥਾਨ : ਜਲੰਧਰ ਅਧਿਕਾਰਤ ਅਧਿਕਾਰੀ



**ਪੰਜਾਬ ਸਰਕਾਰ**
**ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਟੀ**
**ਪੁੱਡਾ ਕੰਪਲੈਕਸ, ਅਰਬਨ ਅਸਟੇਟ ਫੇਜ਼-2, ਪਟਿਆਲਾ**
PATIALA

ਈ-ਟੈਂਡਰ/172/ਪੀਡੀਏ/ਡੀਈ (ਪੀਐਚ)/2025/27871-77 ਮਿਤੀ 21.08.2025

ਮੰਡਲ ਇੰਜੀਨੀਅਰ (ਪੀਐਚ), ਪੀਡੀਏ ਪਟਿਆਲਾ ਵੱਲੋਂ ਨਿਮਨਲਿਖਤ ਕੰਮਾਂ ਦੇ ਲਈ ਪ੍ਰਤੀਸ਼ਤ ਆਧਾਰ 'ਤੇ ਤਕਨੀਕੀ ਵਿੱਤੀ ਆਡਿਟ ਦੇ ਲਈ ਪੈਨਲਬੱਧ ਏਜੰਸੀਆਂ ਤੋਂ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ।

1. ਪਟਿਆਲਾ ਵਿਖੇ ਅਰਬਨ ਅਸਟੇਟ ਫੇਜ਼-4 ਦੀ ਰਾਖਵੀਂ ਜ਼ਮੀਨ ਵਿਚ ਅਰਬਨ ਅਸਟੇਟ ਫੇਜ਼-1, 2, 3 ਅਤੇ 4 ਦੇ ਠੋਸ ਕੂੜਾ ਪ੍ਰਬੰਧਨ ਲਈ ਸਮੱਗਰੀ ਇਕੱਤਰਣ ਸੁਵਿਧਾ ਵੈਂਚਰ ਅਤੇ ਕੰਪੋਸਟ ਪਿੱਟਾਂ ਦੀ ਉਸਾਰੀ।
2. ਪਟਿਆਲਾ ਵਿਖੇ ਅਰਬਨ ਅਸਟੇਟ, ਫੇਜ਼ - 1 ਵਿਚ ਵਾਟਰ ਵਰਕਸ ਵਿਖੇ ਟਿਊਬਵੈਲ ਅਤੇ ਵੰਡ ਲਾਈਨਾਂ ਦੇ ਨਾਲ ਸੰਪਰਕ ਵਾਲੀ ਲੋੜੀਂਦੀ ਪਾਈਪ ਨੈਟਵਰਕ ਪ੍ਰਣਾਲੀ ਸਮੇਤ 1 ਲੱਖ ਗੈਲਨ ਸਮਰਥਾ ਅਤੇ 28 ਮੀਟਰ ਐਫਐਸਐਲ ਦੇ ਓਐਚਐਸਆਰ ਦਾ ਨਿਰਮਾਣ

ਬੰਦ ਹੋਣ ਦੀ ਮਿਤੀ ਅਤੇ ਸਮਾਂ : 06.09.2025 ਨੂੰ ਸਵੇਰੇ 11.00 ਵਜੇ
ਵੇਰਵਿਆਂ ਲਈ ਲਾਗ ਆਨ ਕਰੋ : **https://eproc.punjab.gov.in**
ਨੋਟ : ਟੈਂਡਰ ਸੂਚਨਾ ਸਬੰਧੀ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।

RO.No.PR-ADVT No. 1716/12/2025-26/2486/Dated CHD : 21/08/2025

# ਪੰਜਾਬ 'ਚ ਕਾਂਗਰਸੀ ਆਗੂ ਅਤੇ ਵਰਕਰ ਵੋਟ ਚੋਰੀ 'ਤੇ ਰੱਖਣਗੇ ਤਿੱਖੀ ਨਜ਼ਰ : ਬੈਂਸ, ਕਲੇਰ



ਲੁਧਿਆਣਾ, 21 ਅਗਸਤ (ਰਵਿੰਦਰ ਸਿੰਘ ਨਿੱਝਰ) : ਕਾਂਗਰਸ ਪਾਰਟੀ ਲਈ ਲੰਬੇ ਸਮੇਂ ਤੋਂ ਕੀਤੀਆਂ ਜਾ ਰਹੀਆਂ ਸੇਵਾਵਾਂ ਨੂੰ ਦੇਖਦੇ ਹੋਏ ਡਾ. ਚਮਕੌਰ ਸਿੰਘ ਨੂੰ ਸਾਬਕਾ ਵਿਧਾਇਕ ਸਿਮਰਜੀਤ ਸਿੰਘ ਬੈਂਸ ਅਤੇ ਹਲਕਾ ਆਤਮ ਨਗਰ ਤੋਂ ਬਲਾਕ ਪ੍ਰਧਾਨ ਹਰਵਿੰਦਰ ਸਿੰਘ ਕਲੇਰ ਵੱਲੋਂ ਵਾਰਡ ਨੰਬਰ 48 ਦਾ ਪ੍ਰਧਾਨ ਨਿਯੁਕਤ ਕਰਦੇ ਹੋਏ ਨਿਯੁਕਤੀ ਪੱਤਰ ਦਿੱਤਾ ਗਿਆ। ਇਸ ਮੌਕੇ 'ਤੇ ਸੰਬੋਧਨ ਕਰਦੇ ਹੋਏ ਸਿਮਰਜੀਤ ਸਿੰਘ ਬੈਂਸ ਅਤੇ ਹਰਵਿੰਦਰ ਸਿੰਘ ਕਲੇਰ ਨੇ ਕਿਹਾ ਕਿ ਕੁੱਲ ਹਿੰਦ ਕਾਂਗਰਸ ਦੇ ਜਨਰਲ ਸਕੱਤਰ ਰਾਹੁਲ ਗਾਂਧੀ ਨੇ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਕੀਤੀ ਜਾ ਰਹੀ ਵੋਟ ਚੋਰੀ ਨੂੰ ਬੇਨਕਾਬ ਕਰਕੇ ਜਿੱਥੇ ਚੋਣ ਕਮਿਸ਼ਨ ਦੇ ਭਾਜਪਾ ਨਾਲ ਰਲੇ ਹੋਣ ਦਾ ਸਬੂਤ ਦਿੱਤਾ ਹੈ, ਉੱਥੇ ਉਹਨਾਂ ਇਹ ਵੀ ਸਾਬਿਤ ਕਰ ਦਿੱਤਾ ਹੈ ਕਿ ਲਗਾਤਾਰ ਤੀਜੀ ਵਾਰ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਵੋਟ ਚੋਰੀ ਕਰਕੇ ਹੀ ਬਣੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਾਂਗਰਸ ਪਾਰਟੀ ਦੇ ਅਹੁਦੇਦਾਰ ਅਤੇ ਵਰਕਰ ਪੰਜਾਬ ਵਿੱਚ ਵੋਟ ਚੋਰੀ ਨੂੰ ਰੋਕਣ ਲਈ ਚੋਣ ਕਮਿਸ਼ਨ ਅਤੇ ਮੌਜੂਦਾ ਕੇਂਦਰ ਤੇ ਆਪ ਸਰਕਾਰ ਦੀ ਕਾਰਗੁਜ਼ਾਰੀ 'ਤੇ ਤਿੱਖੀ ਨਜ਼ਰ ਰੱਖਣਗੇ। ਬੈਂਸ ਤੇ ਕਲੇਰ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਦਿੱਲੀ ਵਾਸੀਆਂ ਵੱਲੋਂ ਨਕਾਰੇ ਹੋਏ ਆਗੂ ਪੰਜਾਬ ਨੂੰ ਲੁੱਟਣ ਲਈ ਨਿੱਤ ਨਵੀਆਂ ਸਕੀਮਾਂ ਬਣਾਉਂਦੇ ਹਨ ਅਤੇ ਪੰਜਾਬ ਦੇ ਮੁੱਖ ਮੰਤਰੀ ਸਮੇਤ ਸਾਰੇ ਮੰਤਰੀ ਤੇ ਵਿਧਾਇਕ ਇਵੇਂ ਅੱਖਾਂ ਬੰਦ ਕਰੀ ਬੈਠੇ ਹਨ ਜਿਵੇਂ ਬਿੱਲੀ ਨੂੰ ਦੇਖ ਕੇ ਕਬੂਤਰ ਅੱਖਾਂ ਬੰਦ ਕਰ ਲੈਂਦਾ ਹੈ, ਪਰੰਤੂ ਪੰਜਾਬ ਵਾਸੀਆਂ ਖਾਸ ਕਰਕੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਦੇ ਵਿਰੋਧ ਕਾਰਨ ਲੈਂਡ ਪੂਲਿੰਗ ਵਰਗੀਆਂ ਸਕੀਮਾਂ ਰੱਦ ਕਰਨੀਆਂ ਪੈਂਦੀਆਂ ਹਨ। ਇਸ ਮੌਕੇ 'ਤੇ ਡਾਕਟਰ ਚਮਕੌਰ ਸਿੰਘ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਵਿਧਾਇਕ ਸਿਮਰਜੀਤ ਸਿੰਘ ਬੈਂਸ, ਬਲਾਕ ਪ੍ਰਧਾਨ ਹਰਵਿੰਦਰ ਸਿੰਘ ਕਲੇਰ ਸਮੇਤ ਸਮੁੱਚੀ ਕਾਂਗਰਸ ਹਾਈ ਕਮਾਂਡ ਦਾ ਧੰਨਵਾਦ ਕਰਦੇ ਹੋਏ ਵਿਸ਼ਵਾਸ ਦੁਆਇਆ, ਕਿ ਉਹ ਦਿੱਤੀ ਗਈ ਜ਼ੁੰਮੇਵਾਰੀ ਨੂੰ ਤਨ ਮਨ ਧਨ ਨਾਲ ਨਿਭਾਉਣਗੇ। ਇਸ ਮੌਕੇ ਉਕਤ ਆਗੂਆਂ ਤੋਂ ਇਲਾਵਾ ਮੰਡਲ ਪ੍ਰਧਾਨ ਗੁਰਮੇਲ ਸਿੰਘ ਗੇਲੀ, ਸੁਖਵਿੰਦਰ ਸਿੰਘ ਬਿੰਦਰ, ਸਾਬਕਾ ਸਰਪੰਚ ਕੁਲਵਿੰਦਰ ਸਿੰਘ, ਠੇਕੇਦਾਰ ਮਨਜੀਤ ਸਿੰਘ, ਬਲਦੇਵ ਸਿੰਘ ਪ੍ਰਧਾਨ, ਇੰਦਰਜੀਤ ਸਿੰਘ ਸ਼ਰਮਾ, ਵਿਜੇ ਸ਼ਰਮਾ, ਰਾਧੇ ਸ਼ਾਮ ਜੇਈ, ਰਜਿੰਦਰ ਰਾਣਾ ਸਮੇਤ ਹੋਰ ਵਾਰਡ ਵਾਸੀ ਹਾਜ਼ਰ ਸਨ।

# ਅਣਖੀ ਪੰਜਾਬੀ ਸਿਸੋਦੀਆ ਦੀ ਸੋਚ ਤੋਂ ਵੀ ਹੈ ਤਕੜਾ : ਗੋਸ਼ਾ



ਲੁਧਿਆਣਾ, 21 ਅਗਸਤ (ਰਵਿੰਦਰ ਸਿੰਘ ਨਿੱਝਰ) : ਸਾਮ, ਦਾਮ, ਦੰਡ ਭੇਦ, ਸੱਚ ਝੂਠ, ਲੜਾਈ ਝਗੜਾ ਭੁੱਲ ਜਾਵੇ ਸਿਸੋਦੀਆ ਜਾਂ ਉਸ ਦੇ ਸਾਥੀ ਕਿਉਂਕਿ ਅਣਖੀ ਪੰਜਾਬੀ ਉਹਨਾਂ ਦੀ ਸੋਚ ਤੋਂ ਵੀ ਤਗੜਾ ਹੈ। ਇਹ ਸ਼ਬਦ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪੈਨਲਿਸਟ ਗੁਰਦੀਪ ਸਿੰਘ ਗੋਸ਼ਾ ਨੇ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਆਕਾ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਸਤਿੰਦਰ ਜੈਨ ਨੂੰ ਲਲਕਾਰਦੇ ਹੋਏ ਕਹੇ। ਗੋਸ਼ਾ ਨੇ ਕਿਹਾ ਕਿ ਮਨੀਸ਼ ਸਿਸੋਦੀਆ ਨੇ ਆਮ ਆਦਮੀ ਪਾਰਟੀ ਦੀ ਵਿਚਾਰਧਾਰਾ ਨੂੰ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਪੰਜਾਬ ਅਤੇ ਪੰਜਾਬੀਆਂ ਦੀ ਦੁਰਗਤੀ ਨੂੰ ਸੁਧਰਨ ਨਹੀਂ ਦੇਣਗੇ। 'ਭੀਖ ਨਹੀਂ ਅਧਿਕਾਰ' ਦੇ ਤਹਿਤ, ਭਾਰਤੀ ਜਨਤਾ ਪਾਰਟੀ ਪੰਜਾਬ ਨੇ ਭਾਜਪਾ ਦੇ ਸੇਵਾਦਾਰ ਆਪਕੇ ਦੁਆਰ ਰਾਹੀਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਕੈਂਪ ਲਗਾ ਕੇ ਕੇਂਦਰ ਸਰਕਾਰ ਦੀਆਂ ਸਿੱਖਿਆ, ਸਿਹਤ ਅਤੇ ਰੁਜ਼ਗਾਰ ਨਾਲ ਸਬੰਧਤ ਯੋਜਨਾਵਾਂ ਨੂੰ ਲਾਗੂ ਕਰਨ ਦਾ ਸੰਕਲਪ ਲਿਆ ਹੈ, ਤਾਂ ਜੋ ਪੰਜਾਬ ਵਿੱਚ ਇਤਿਹਾਸਕ ਸੁਧਾਰ ਲਿਆ ਸਕਣ ਅਤੇ ਪੰਜਾਬ ਨੂੰ ਦੇਸ਼ ਦੀ ਆਰਥਿਕ ਗਤੀ ਨਾਲ ਜੋੜਨ ਦੀ ਪ੍ਰਕਿਰਿਆ 'ਤੇ ਚੱਲ ਕੇ ਇੱਕ ਸਕਾਰਾਤਮਕ ਊਰਜਾ ਭਰੀ ਜਾ ਸਕੇ। ਅਤੇ ਪੰਜਾਬ ਭਾਜਪਾ ਕਿਸੇ ਵੀ ਕੀਮਤ 'ਤੇ ਪੰਜਾਬੀਆਂ ਨੂੰ ਆਪਦਾ ਦੀ ਨਕਾਰਾਤਮਕਤਾ ਤੋਂ ਮੁਕਤ ਕਰਨ ਤੱਕ ਆਰਾਮ ਨਹੀਂ ਕਰੇਗੀ। ਗੋਸ਼ਾ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਚੇਤਾਵਨੀ ਦਿੱਤੀ ਕਿ ਉਹ ਪੰਜਾਬੀਆਂ ਨੂੰ ਉਨ੍ਹਾਂ ਦੀਆਂ ਮੁੱਢਲੀਆਂ ਸਹੂਲਤਾਂ ਤੋਂ ਵਾਂਝੇ ਕਰਨ ਲਈ ਆਪਣੇ ਆਕਾਵਾਂ ਦੇ ਚੁੰਗਲ ਤੋਂ ਜਲਦੀ ਤੋਂ ਜਲਦੀ ਮੁਕਤੀ ਪਾ ਲਵੋ ਨਹੀਂ ਤਾਂ ਉਹ ਨਾ ਘਰ ਦੇ ਰਹਿਣਗੇ ਨਾ ਘਾਟ ਦੇ । ਜਿਸ ਤਰ੍ਹਾਂ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਸਤੇਂਦਰ ਜੈਨ ਨੇ ਪੰਜਾਬ ਦੀਆਂ ਪ੍ਰਸ਼ਾਸਨਿਕ ਸ਼ਕਤੀਆਂ ਹੜੱਪ ਲਈਆਂ ਹਨ ਅਤੇ ਪੰਜਾਬ ਨੂੰ ਪੁਲਿਸ ਰਾਜ ਵਿੱਚ ਬਦਲ ਦਿੱਤਾ ਹੈ ਅਤੇ ਵਿਰੋਧੀ ਪਾਰਟੀਆਂ 'ਤੇ ਹਮਲਾ ਕੀਤਾ ਹੈ ਅਤੇ ਪੰਜਾਬ ਦੇ ਵਪਾਰੀਆਂ, ਨੌਜਵਾਨਾਂ ਅਤੇ ਔਰਤਾਂ 'ਤੇ ਜ਼ੁਲਮ ਕਰ ਰਹੇ ਹਨ, ਅਜਿਹੇ ਅਰਾਜਕਤਾਪੂਰਨ ਮਾਹੌਲ ਕਾਰਨ, ਵੱਡੇ ਉਦਯੋਗਪਤੀ ਤੋਂ ਲੈ ਕੇ ਮੱਧ ਵਰਗੀ ਪਰਿਵਾਰ ਅਪਣੀ ਜ਼ਮੀਨਾਂ ਜਾਇਦਾਦਾਂ ਵੇਚ ਕੇ ਅਤੇ ਵੱਡੇ ਪੱਧਰ 'ਤੇ ਪਲਾਇਣ ਕਰ ਰਹੇ ਹਨ।

# ਨਗਰ ਨਿਗਮ ਲੁਧਿਆਣਾ ਦਾ ਬਹੁਤਾ ਹੀ ਬੁਰਾ ਹਾਲ : ਕਲੇਰ



ਲੁਧਿਆਣਾ, 21 ਅਗਸਤ (ਰਵਿੰਦਰ ਸਿੰਘ ਨਿੱਝਰ) : ਵਿਧਾਨ ਸਭਾ ਹਲਕਾ ਆਤਮ ਨਗਰ ਤੋਂ ਬਲਾਕ ਕਾਂਗਰਸ ਪ੍ਰਧਾਨ ਅਤੇ ਕੌਂਸਲਰ ਪਤੀ ਹਰਵਿੰਦਰ ਸਿੰਘ ਕਲੇਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਨਗਰ ਨਿਗਮ ਲੁਧਿਆਣਾ ਦਾ ਬਹੁਤ ਹੀ ਬੁਰਾ ਹਾਲ ਹੋ ਗਿਆ ਹੈ। ਜਿਸ ਦੀ ਪੁਸ਼ਟੀ ਇਸ ਗੱਲ ਤੋਂ ਹੁੰਦੀ ਹੈ ਕਿ ਬਹੁਤੇ ਸਫਾਈ ਸੇਵਕਾਂ ਕੋਲ ਸਫਾਈ ਕਰਨ ਲਈ ਝਾੜੂ ਨਹੀਂ ਹਨ, ਸੀਵਰਮੈਨਾਂ ਕੋਲ ਸੀਵਰ ਲਾਈਨ ਸਾਫ ਕਰਨ ਲਈ ਬਾਂਸ ਨਹੀਂ ਹਨ ਅਤੇ ਟੁੱਟ ਚੁੱਕੀਆਂ ਰੋਡ ਜਾਲੀਆਂ ਬਣਨ ਲਈ ਨਵੀਆਂ ਰੋਡ ਜਾਲੀਆਂ ਵੀ ਉਪਲੱਬਧ ਨਹੀਂ ਹਨ। ਇਸ ਦੇ ਨਾਲ ਹੀ ਨਗਰ ਨਿਗਮ ਦੇ ਮੁਲਾਜ਼ਮਾਂ ਨੂੰ ਤਨਖਾਹਾਂ ਦੇਣ ਲਈ ਪੈਸਾ ਵੀ ਨਹੀਂ ਹੈ ਅਤੇ ਲੱਗਭੱਗ ਤਿੰਨ ਹਫ਼ਤੇ ਲੰਘ ਜਾਣ 'ਤੇ ਵੀ ਕਈ ਮੁਲਾਜ਼ਮਾਂ ਨੂੰ ਤਨਖਾਹਾਂ ਨਹੀਂ ਮਿਲੀਆਂ। ਕਲੇਰ ਨੇ ਕਿਹਾ ਕਿ ਇੰਨਾ ਬੁਰਾ ਹਾਲ ਨਗਰ ਨਿਗਮ ਦਾ ਪਹਿਲਾਂ ਕਦੀ ਵੀ ਨਹੀਂ ਹੋਇਆ, ਪਰ ਜਦ ਤੋਂ ਆਮ ਆਦਮੀ ਪਾਰਟੀ ਸੱਤਾ ਵਿੱਚ ਆਈ ਹੈ ਵਿਕਾਸ ਕਾਰਜਾਂ ਦੀ ਥਾਂ ਸ਼ਹਿਰ ਵਾਸੀਆਂ ਦੀ ਹੱਕ ਹਲਾਲ ਦੀ ਕਮਾਈ ਵਿੱਚੋਂ ਲਏ ਗਏ ਟੈਕਸਾਂ ਦੇ ਪੈਸੇ ਬੋਰਡਾਂ ਅਤੇ ਇਸ਼ਤਿਆਰਾਂ 'ਤੇ ਖਰਚੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਹਾਲ ਉਸ ਦੀਵੇ ਵਰਗਾ ਹੈ, ਜੋ ਬੁੱਝਣ ਤੋਂ ਪਹਿਲਾਂ ਵੱਡੀ ਸਾਰੀ ਲਾਟ ਕੱਢ ਕੇ ਫੜਫੜਾਉਂਦਾ ਹੈ, ਜਿਸ ਦੀ ਮਿਸਾਲ ਦਿੱਲੀ ਵਾਸੀਆਂ ਦੇ ਨਕਾਰੇ ਹੋਏ ਆਗੂ ਮਨੀਸ਼ ਸਿਸੋਦੀਆ ਦੇ ਬਿਆਨ ਤੋਂ ਮਿਲਦੀ ਹੈ। ਕਲੇਰ ਨੇ ਦੋਸ਼ ਲਾਇਆ ਕਿ ਹਰੇਕ ਸਰਕਾਰੀ ਵਿਭਾਗ ਵਿਚ ਭ੍ਰਿਸ਼ਟਾਚਾਰ ਸਿਖਰਾਂ 'ਤੇ ਪੁੱਜਾ ਹੋਇਆ ਹੈ ਅਤੇ ਬਿਨਾਂ ਪੈਸੇ ਤੋਂ ਕੋਈ ਕੰਮ ਨਹੀਂ ਹੁੰਦਾ। ਪ੍ਰੰਤੂ ਆਪ ਆਗੂ ਫਿਰ ਵੀ ਆਪਣੇ ਆਪ ਨੂੰ ਕੱਟੜ ਇਮਾਨਦਾਰ ਦੱਸਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਾਸੀ ਆਪ ਸਰਕਾਰ ਤੋਂ ਨਰਾਜ ਅਤੇ ਨਿਰਾਸ਼ ਦਿਖਾਈ ਦਿੰਦੇ ਹਨ ਅਤੇ ਇਸ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਅਤੇ ਕੀਤੇ ਗਏ ਝੂਠੇ ਵਾਅਦਿਆਂ ਤੋਂ ਅੱਕੇ ਹੋਏ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਉਡੀਕ ਵਿਚ ਹਨ, ਤਾਂ ਜੋ ਇਸ ਲੋਟੂ ਟੋਲੇ ਨੂੰ ਬਾਹਰ ਦਾ ਰਸਤਾ ਦਿਖਾਇਆ ਜਾ ਸਕੇ। ਕਲੇਰ ਨੇ ਕਿਹਾ ਕਿ ਅਗਲੀ ਸਰਕਾਰ ਕਾਂਗਰਸ ਪਾਰਟੀ ਦੀ ਬਣੇਗੀ।

# ਲੋਕ ਭਲਾਈ ਕੈਂਪਾਂ ਦੌਰਾਨ ਭਾਜਪਾ ਆਗੂਆਂ ਦੀ ਗ੍ਰਿਫ਼ਤਾਰੀ ਨਿੰਦਣਯੋਗ : ਐਡਵੋਕੇਟ ਸੌਰਭ



ਲੁਧਿਆਣਾ, 21 ਅਗਸਤ (ਰਵਿੰਦਰ ਸਿੰਘ ਨਿੱਝਰ) : ਪੂਰੇ ਪੰਜਾਬ ਵਿੱਚ ਮੋਦੀ ਸਰਕਾਰ ਦੇ ਲੋਕ-ਹਿਤੈਸ਼ੀ ਕੈਂਪਾਂ ਦੌਰਾਨ ਆਮ ਆਦਮੀ ਪਾਰਟੀ ਵੱਲੋਂ ਰੁਕਾਵਟ ਪੈਦਾ ਕਰਨਾ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੇ ਬਰਾਬਰ ਹੈ। ਭਾਜਪਾ ਲੁਧਿਆਣਾ ਦੇ ਦਿਹਾਤੀ ਪ੍ਰਧਾਨ ਸੰਨੀ ਕੈਂਥ ਨੂੰ ਪੁਲਿਸ ਵੱਲੋਂ ਹਿਰਾਸਤ ਵਿੱਚ ਲੈਣਾ ਗੰਭੀਰ ਤੇ ਨਿੰਦਣਯੋਗ ਕਦਮ ਹੈ। ਪੰਜਾਬ ਏਬੀਵੀਪੀ ਦੇ ਸਾਬਕਾ ਸੰਗਠਨ ਮੰਤਰੀ ਅਤੇ ਭਾਜਪਾ ਨੇਤਾ ਐਡਵੋਕੇਟ ਸੌਰਭ ਕਪੂਰ ਨੇ ਕਿਹਾ ਕਿ ਲੋਕ-ਹਿੱਤ ਦੇ ਕੰਮਾਂ ਨੂੰ ਰੋਕਣ ਦੀ ਹਰ ਕੋਸ਼ਿਸ਼ ਦਾ ਡਟ ਕੇ ਮੁਕਾਬਲਾ ਕੀਤਾ ਜਾਵੇਗਾ। ਮੋਦੀ ਸਰਕਾਰ ਦਾ ਵਿਕਾਸਕਾਰੀ ਏਜੰਡਾ ਕਿਸੇ ਵੀ ਪੁਲਿਸ ਪ੍ਰਸ਼ਾਸਨ ਦੇ ਦਬਾਅ ਜਾਂ ਧਮਕੀ ਨਾਲ ਰੋਕਿਆ ਨਹੀਂ ਜਾ ਸਕਦਾ।

# ਗਾਜ਼ਾ 'ਚ ਹੋ ਰਹੇ ਕਤਲੇਆਮ ਨੂੰ ਰੋਕਣ ਲਈ ਭਾਰਤ ਸਰਕਾਰ ਨੂੰ ਦਖ਼ਲ ਦੇਣ ਦੀ ਅਪੀਲ



ਲੁਧਿਆਣਾ, 21 ਅਗਸਤ (ਰਵਿੰਦਰ ਸਿੰਘ ਨਿੱਝਰ) : ਇੰਡੀਅਨ ਡਾਕਟਰਜ਼ ਫ਼ਾਰ ਪੀਸ ਐਂਡ ਡਿਵੈਲਪਮੈਂਟ (IDPD) ਨੇ ਇਸਰਾਇਲ ਵੱਲੋਂ 60 ਹਜ਼ਾਰ ਰਿਜ਼ਰਵ ਫ਼ੌਜੀਆਂ ਨੂੰ ਗਾਜ਼ਾ ਵਿੱਚ ਭੇਜ ਕੇ ਗਾਜ਼ਾ ਸ਼ਹਿਰ ਅਤੇ ਸਾਰੇ ਇਲਾਕੇ 'ਤੇ ਕਬਜ਼ਾ ਕਰਨ ਦੀ ਯੋਜਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਨਸਲਕੁਸ਼ੀ ਕਰਨ ਨਾਲ ਵੀ ਸੰਤੁਸ਼ਟ ਨਾ ਹੋ ਕੇ, ਇਸਰਾਇਲੀ ਸਰਕਾਰ ਆਖ਼ਰਕਾਰ ਫ਼ਲਿਸਤੀਨੀਆਂ ਨੂੰ ਉਨ੍ਹਾਂ ਦੀ ਆਪਣੀ ਧਰਤੀ ਤੋਂ ਬਾਹਰ ਕੱਢਣ ਦਾ ਮਨ ਬਣਾ ਚੁੱਕੀ ਹੈ।

ਇਸ ਤੋਂ ਇਲਾਵਾ, ਉਹਨਾਂ ਨੇ ਪੱਛਮੀ ਕਿਨਾਰੇ (ਵੈਸਟ ਬੈਂਕ) ਵਿੱਚ ਘਰ ਬਣਾਉਣ ਅਤੇ ਨਵੀਆਂ ਅਬਾਦੀਆਂ ਕਾਇਮ ਕਰਨ ਦਾ ਫ਼ੈਸਲਾ ਕੀਤਾ ਹੈ, ਜਿਸ ਨਾਲ ਪੂਰਾ ਪੱਛਮੀ ਕਿਨਾਰਾ ਉੱਤਰੀ ਤੇ ਦੱਖਣੀ ਹਿੱਸਿਆਂ ਵਿੱਚ ਵੰਡਿਆ ਜਾਵੇਗਾ। ਇਸ ਕਾਰਨ ਫ਼ਲਿਸਤੀਨੀਆਂ ਦੀ ਇੱਕ ਹਿੱਸੇ ਤੋਂ ਦੂਜੇ ਹਿੱਸੇ ਤੱਕ ਆਵਾਜਾਈ ਨਾਮੁਮਕਿਨ ਹੋ ਜਾਵੇਗੀ। ਇਹ ਮੱਧ-ਪੂਰਬ ਵਿੱਚ ਟਿਕਾਊ ਅਮਨ ਲਈ ਦੋ ਰਾਜਾਂ ਦੇ ਹੱਲ ਦੇ ਸਿਧਾਂਤ ਦੇ ਬਿਲਕੁਲ ਵਿਰੁੱਧ ਹੈ। ਉਹਨਾਂ ਕਿਹਾ ਕਿ ਅਸੀਂ ਭਾਰਤ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਉਹ ਮਜ਼ਬੂਤ ਸਥਿਤੀ ਅਖ਼ਤਿਆਰ ਕਰੇ ਅਤੇ ਦੁਨੀਆਂ ਭਰ ਦੀ ਰਾਇ ਨਾਲ ਮਿਲ ਕੇ ਇਸਰਾਇਲ 'ਤੇ ਦਬਾਅ ਬਣਾਏ ਕਿ ਉਹ ਗਾਜ਼ਾ ਪੱਟੀ ਅਤੇ ਵੈਸਟ ਬੈਂਕ ਵਿੱਚ ਬਣਾਈਆਂ ਅਬਾਦੀਆਂ ਨੂੰ ਖਾਲੀ ਕਰੇ ਅਤੇ ਦੋ ਰਾਜ ਹੱਲ ਨੂੰ ਮੰਨੇ।

# ਕਾਰੋਬਾਰੀ ਪ੍ਰਵਾਨਗੀਆਂ ਨੂੰ ਤੇਜ਼ ਕਰਨ ਲਈ ਫਾਸਟਟਰੈਕ ਪੋਰਟਲ ਦੀ ਸ਼ੁਰੂਆਤ



ਲੁਧਿਆਣਾ, 21 ਅਗਸਤ (ਵਿਸ਼ਾਲ ਸ਼ਰਮਾ) : ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ, ਸੰਜੀਵ ਅਰੋੜਾ ਨੇ ਵੀਰਵਾਰ ਨੂੰ ਐਲਾਨ ਕੀਤਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਅਤੇ ਕਾਰੋਬਾਰ ਕਰਨ ਦੀ ਸੌਖ ਨੂੰ ਵਧਾਉਣ ਦੇ ਉਦੇਸ਼ ਨਾਲ ਇੱਕ ਨਵੀਂ ਉਦਯੋਗਿਕ ਪਾਰਕ ਨੀਤੀ ਨੂੰ ਅੰਤਿਮ ਰੂਪ ਦੇ ਰਹੀ ਹੈ। ਇੱਕ ਪ੍ਰੈੱਸ ਕਾਨਫਰੰਸ ਦੌਰਾਨ, ਅਰੋੜਾ ਨੇ ਜ਼ੋਰ ਦੇ ਕੇ ਕਿਹਾ ਕਿ ਨੀਤੀ, ਜੋ ਇਸ ਸਮੇਂ ਖਰੜਾ ਤਿਆਰ ਕਰਨ ਦੇ ਪੜਾਅ ਵਿੱਚ ਹੈ, ਭਾਰਤ ਵਿੱਚ ਸਭ ਤੋਂ ਵੱਧ ਪ੍ਰਤੀਯੋਗੀ ਹੋਣ ਲਈ ਤਿਆਰ ਕੀਤੀ ਗਈ ਹੈ। ਉਦਯੋਗਿਕ ਪਾਰਕ ਨੀਤੀ ਮਨੋਨੀਤ ਉਦਯੋਗਿਕ ਪਾਰਕਾਂ ਦੇ ਅੰਦਰ ਅਤਿ-ਆਧੁਨਿਕ ਬੁਨਿਆਦੀ ਢਾਂਚਾ ਅਤੇ ਵਿਆਪਕ ਸਹੂਲਤਾਂ ਦੀ ਪੇਸ਼ਕਸ਼ ਕਰਕੇ ਉਦਯੋਗਿਕ ਵਿਸਥਾਰ ਨੂੰ ਸਮੱਰਥਨ ਦੇਣ ਲਈ ਇੱਕ ਮਜ਼ਬੂਤ ਢਾਂਚਾ ਪ੍ਰਦਾਨ ਕਰੇਗੀ, ਅਰੋੜਾ ਨੇ ਕਿਹਾ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਪਾਰਕ ਕਾਰੋਬਾਰੀ ਕਾਰਜਾਂ ਨੂੰ ਸੁਚਾਰੂ ਬਣਾਉਣਗੇ, ਨਿਵੇਸ਼ਾਂ ਨੂੰ ਆਕਰਸ਼ਿਤ ਕਰਨਗੇ ਅਤੇ ਉਦਯੋਗਾਂ ਦੇ ਵਧਣ-ਫੁੱਲਣ ਲਈ ਇੱਕ ਅਨੁਕੂਲ ਮਾਹੌਲ ਪੈਦਾ ਕਰਨਗੇ। ਅਰੋੜਾ ਨੇ 10 ਜੂਨ, 2025 ਨੂੰ ਫਾਸਟਟਰੈਕ ਪੰਜਾਬ ਪੋਰਟਲ (fasttrack. punjab. gov.in) ਦੇ ਲਾਂਚ 'ਤੇ ਚਾਨਣਾ ਪਾਇਆ। ਪ੍ਰਵਾਨਗੀਆਂ ਅਤੇ ਪ੍ਰਵਾਨਗੀਆਂ ਨੂੰ ਤੇਜ਼ ਕਰਨ ਲਈ ਤਿਆਰ ਕੀਤੇ ਗਏ ਇਸ ਪੋਰਟਲ ਨੂੰ ਹੁਣ ਤੱਕ 1,431 ਅਰਜ਼ੀਆਂ ਪ੍ਰਾਪਤ ਹੋਈਆਂ ਹਨ। ਇਨ੍ਹਾਂ ਵਿੱਚੋਂ 684 'ਤੇ ਨਿਰਧਾਰਤ ਸਮੇਂ ਦੇ ਅੰਦਰ ਪ੍ਰਕਿਰਿਆ ਕੀਤੀ ਗਈ ਹੈ, ਜਦੋਂ ਕਿ ਬਾਕੀ 747 ਸਮੀਖਿਆ ਅਧੀਨ ਹਨ ਅਤੇ ਜਲਦੀ ਹੀ ਮਨਜ਼ੂਰੀ ਮਿਲਣ ਦੀ ਉਮੀਦ ਹੈ। ਅਰੋੜਾ ਨੇ ਅੱਗੇ ਕਿਹਾ, ਫਾਸਟਟਰੈਕ ਪੰਜਾਬ ਪੋਰਟਲ ਪਾਰਦਰਸ਼ਤਾ ਅਤੇ ਕੁਸ਼ਲਤਾ ਪ੍ਰਤੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ, ਇਹ ਯਕੀਨੀ ਬਣਾਉਂਦਾ ਹੈ ਕਿ ਕਾਰੋਬਾਰਾਂ ਨੂੰ ਘੱਟੋ-ਘੱਟ ਦੇਰੀ ਦਾ ਸਾਹਮਣਾ ਕਰਨਾ ਪਵੇ। ਮੰਤਰੀ ਨੇ ਮਹੱਤਵਪੂਰਨ ਬੁਨਿਆਦੀ ਢਾਂਚੇ ਦੇ ਨਿਵੇਸ਼ਾਂ ਦਾ ਵੀ ਵੇਰਵਾ ਦਿੱਤਾ। ਪੰਜਾਬ ਸਮਾਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ (PSIEC) ਨੇ ਰਾਜ ਦੇ ਵੱਖ-ਵੱਖ ਫੋਕਲ ਪੁਆਇੰਟਾਂ ਵਿੱਚ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ 100 ਕਰੋੜ ਰੁਪਏ ਅਲਾਟ ਕੀਤੇ ਹਨ। 70 ਕਰੋੜ ਰੁਪਏ ਦੇ ਟੈਂਡਰ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ, ਬਾਕੀ 30 ਕਰੋੜ ਰੁਪਏ ਟੈਂਡਰਿੰਗ ਪ੍ਰਕਿਰਿਆ ਵਿੱਚ ਹਨ। ਖਾਸ ਤੌਰ 'ਤੇ ਲੁਧਿਆਣਾ ਵਿੱਚ, ਨਗਰ ਨਿਗਮ ਸਥਾਨਕ ਬੁਨਿਆਦੀ ਢਾਂਚੇ ਨੂੰ ਵਧਾਉਣ ਲਈ 55 ਕਰੋੜ ਰੁਪਏ ਦਾ ਨਿਵੇਸ਼ ਕਰੇਗਾ, ਉਦਯੋਗਿਕ ਅਤੇ ਵਪਾਰਕ ਗਤੀਵਿਧੀਆਂ ਲਈ ਬਿਹਤਰ ਸੰਪਰਕ ਅਤੇ ਸਹੂਲਤਾਂ ਨੂੰ ਯਕੀਨੀ ਬਣਾਏਗਾ।

ਉਨ੍ਹਾਂ ਨੇ ਲੁਧਿਆਣਾ, ਅੰਮ੍ਰਿਤਸਰ ਅਤੇ ਮੋਹਾਲੀ ਵਿੱਚ ਤਿੰਨ ਅਤਿ-ਆਧੁਨਿਕ ਪ੍ਰਦਰਸ਼ਨੀ ਕੇਂਦਰਾਂ ਦੇ ਨਿਰਮਾਣ ਦੀਆਂ ਯੋਜਨਾਵਾਂ ਦਾ ਵੀ ਉਦਘਾਟਨ ਕੀਤਾ। ਇਨ੍ਹਾਂ ਕੇਂਦਰਾਂ ਦਾ ਉਦੇਸ਼ ਵਪਾਰ ਨੂੰ ਹੁਲਾਰਾ ਦੇਣਾ, ਸਥਾਨਕ ਉਦਯੋਗਾਂ ਨੂੰ ਉਤਸ਼ਾਹਿਤ ਕਰਨਾ ਅਤੇ ਉਤਪਾਦਾਂ ਅਤੇ ਨਵੀਨਤਾਵਾਂ ਨੂੰ ਪ੍ਰਦਰਸ਼ਿਤ ਕਰਨ ਲਈ ਪਲੇਟਫਾਰਮ ਪ੍ਰਦਾਨ ਕਰਨਾ ਹੈ। ਮੋਹਾਲੀ ਪ੍ਰਦਰਸ਼ਨੀ ਕੇਂਦਰ ਲਈ ਜ਼ਮੀਨ ਦੀ ਪਹਿਲਾਂ ਹੀ ਪਛਾਣ ਕੀਤੀ ਜਾ ਚੁੱਕੀ ਹੈ, ਜਦੋਂ ਕਿ ਸਰਕਾਰ ਲੁਧਿਆਣਾ ਅਤੇ ਅੰਮ੍ਰਿਤਸਰ ਵਿੱਚ ਢੁੱਕਵੀਆਂ ਥਾਵਾਂ ਦੀ ਸਰਗਰਮੀ ਨਾਲ ਭਾਲ ਕਰ ਰਹੀ ਹੈ।

# ਬਾਲ ਭਿੱਖਿਆ ਦੀ ਰੋਕਥਾਮ ਲਈ ਵਰਧਮਾਨ ਚੌਂਕ ਵਿਖੇ ਜਾਗਰੂਕਤਾ ਅਭਿਆਨ ਚਲਾਇਆ



ਲੁਧਿਆਣਾ, 21 ਅਗਸਤ (ਰਵਿੰਦਰ ਸਿੰਘ ਨਿੱਝਰ) : 'ਜੀਵਨਜੋਤ ਪ੍ਰੋਜੈਕਟ- ਸੇਵ ਦ ਚਾਇਲਡਹੁੱਡ' ਤਹਿਤ ਬਾਲ ਭਿੱਖਿਆ ਦੀ ਰੋਕਥਾਮ ਲਈ ਜ਼ਿਲ੍ਹਾ ਟਾਸਕ ਫੋਰਸ ਟੀਮ ਵੱਲੋਂ ਸਥਾਨਕ ਵਰਧਮਾਨ ਚੌਂਕ ਵਿਖੇ ਜਾਗਰੂਕਤਾ ਅਭਿਆਨ ਚਲਾਇਆ ਗਿਆ। ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਲੁਧਿਆਣਾ, ਰਸ਼ਮੀ ਦੀ ਅਗਵਾਈ ਹੇਠ ਜ਼ਿਲ੍ਹਾ ਟਾਸਕ ਫੋਰਸ ਟੀਮ ਵੱਲੋਂ ਵਰਧਮਾਨ ਚੌਂਕ, ਲੁਧਿਆਣਾ ਵਿਖੇ ਆਮ ਲੋਕਾਂ ਨੂੰ ਜਾਗਰੂਕ ਕਰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਛੋਟੇ ਬੱਚਿਆਂ ਨੂੰ ਇਕੱਲਾ ਨਾ ਛੱਡਿਆ ਜਾਵੇ। ਉਨ੍ਹਾਂ ਵੱਖ-ਵੱਖ ਥਾਵਾਂ 'ਤੇ ਗੱਲਬਾਤ ਕਰਦਿਆਂ ਦੱਸਿਆ ਕਿ ਸੜਕਾਂ ਕੰਢੇ ਬੱਚਿਆਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਅਤੇ ਬੱਚਿਆਂ ਨੂੰ ਬਾਲ ਮਜਦੂਰੀ ਅਤੇ ਬਾਲ ਭਿੱਖਿਆ ਤੋਂ ਰੋਕਣ ਵਿੱਚ ਪ੍ਰਸ਼ਾਸ਼ਨ ਦਾ ਸਹਿਯੋਗ ਕੀਤਾ ਜਾਵੇ। ਇਸ ਤੋਂ ਇਲਾਵਾ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਦੁਕਾਨਾਂ 'ਤੇ ਵੀ ਜਾਂਚ ਕੀਤੀ ਅਤੇ ਬਾਲ ਮਜ਼ਦੂਰੀ ਕਰਵਾਉਣ ਤੋਂ ਗੁਰੇਜ਼ ਕਰਨ ਲਈ ਪ੍ਰੇਰਿਤ ਕੀਤਾ। ਟੀਮ ਵਿੱਚ ਜਿਲ੍ਹਾ ਬਾਲ ਸੁਰੱਖਿਆ ਅਫਸਰ ਦੇ ਨਾਲ ਸਨਦੀਪ ਸਿੰਘ (ਕੇਸ ਵਰਕਰ ਚਾਈਲਡ ਲਾਈਨ), ਸ਼ਿਲਪਾ ਪ੍ਰਭਾਕਰ (ਸੁਪਰਵਾਈਜ਼ਰ, ਚਾਈਲਡ ਲਾਈਨ), ਸਨਦੀਪ ਸਿੰਘ (ਬੀ.ਬੀ.ਏ), ਬਲਰਾਜ ਸਿੰਘ (ਸਿੱਖਿਆ ਵਿਭਾਗ) ਵੀ ਮੌਜੂਦ ਸਨ।

# ਲੁਧਿਆਣਾ 'ਚ ਹਾਈਬ੍ਰਿਡ ਸਟੋਰ ਦੀ ਸ਼ੁਰੂਆਤ



ਲੁਧਿਆਣਾ, 21 ਅਗਸਤ (ਰਵਿੰਦਰ ਸਿੰਘ ਨਿੱਝਰ) : ਤਾਈਵਾਨ ਦੀ ਤਕਨੀਕੀ ਕੰਪਨੀ ਅਸੁਸ ਇੰਡੀਆ ਨੇ ਅੱਜ ਲੁਧਿਆਣਾ ਵਿੱਚ ਆਪਣੇ ਹਾਈਬ੍ਰਿਡ ਸਟੋਰ ਦੀ ਸ਼ੁਰੂਆਤ ਕੀਤੀ ਹੈ। ਇੱਥੇ ਇਲੈਕਟ੍ਰਾਨਿਕਸ ਅਤੇ ਕੰਪਿਊਟਰ ਉਪਕਰਣਾਂ ਦੀ ਵਿਸ਼ਾਲ ਸ਼੍ਰੇਣੀ ਉਪਲੱਬਧ ਹੋਏਗੀ, ਜਿਸ ਵਿੱਚ ਅਸੁਸ ਦੇ ਪ੍ਰਮੁੱਖ ਉਤਪਾਦ ਜਿਵੇਂ ਕਿ ਵਿਵੋਬੁੱਕ, ਜ਼ੈਨਬੁੱਕ, ਰਿਪਬਲਿਕ ਆਫ ਗੇਮਰਜ਼ ਲੈਪਟਾਪ, ਗੇਮਿੰਗ ਡੈਸਕਟਾਪ, ਆਲ-ਇਨ-ਵਨ ਡੈਸਕਟਾਪ ਅਤੇ ਹੋਰ ਸਹਾਇਕ ਉਪਕਰਣ ਸ਼ਾਮਲ ਹਨ । ਲੁਧਿਆਣਾ ਵਿੱਚ ਇਹ ਬ੍ਰਾਂਡ ਦਾ ਪਹਿਲਾ ਹਾਈਬ੍ਰਿਡਸਟੋਰ ਵੀ ਹੈ, ਜਿਸ ਨਾਲ ਪੰਜਾਬ ਵਿੱਚ ਕੁੱਲ ਸਟੋਰਾਂ ਦੀ ਗਿਣਤੀ 15 ਹੋ ਗਈ ਹੈ। ਜਿਗਨੇਸ਼ ਭਾਵਸਾਰ, ਰਾਸ਼ਟਰੀ ਵਿਕਰੀ ਪ੍ਰਬੰਧਕ - ਪੀਸੀ ਅਤੇ ਗੇਮਿੰਗ ਵਿਭਾਗ, ਅਸੁਸ ਇੰਡੀਆ ਨੇ ਕਿਹਾ ਕਿ ਪੰਜਾਬ ਸਾਡੇ ਲਈ ਇੱਕ ਮਹੱਤਵਪੂਰਨ ਬਾਜ਼ਾਰ ਹੈ। ਇਸ ਲਈ ਲੁਧਿਆਣਾ ਵਰਗੇ ਚੰਗੀਆਂ ਕਿਸਮਾਂ ਸੰਭਾਲਨਾ ਵਾਲੇ ਸ਼ਹਿਰ ਵਿੱਚ ਨਵੇਂ ਬ੍ਰਾਂਡ ਸਟੋਰ ਦੀ ਸ਼ੁਰੂਆਤ, ਦੇਸ਼ ਦੇ ਵੱਖ-ਵੱਖ ਖੇਤਰਾਂ ਵਿੱਚ ਗ੍ਰਾਹਕਾਂ ਨੂੰ ਸਾਡੀਆਂ ਨਵੀਨਤਮ ਤਕਨੀਕਾਂ ਦਾ ਵਿਲੱਖਣ ਅਨੁਭਵ ਦੇਣ ਵੱਲ ਇੱਕ ਮਹੱਤਵਪੂਰਨ ਕਦਮ ਹੋਵੇਗਾ।

# ਕਰਨ ਸ਼ਰਮਾ ਨੂੰ ਬ੍ਰਾਹਮਣ ਭਲਾਈ ਬੋਰਡ ਪੰਜਾਬ ਦਾ ਮੈਂਬਰ ਨਿਯੁਕਤ ਕੀਤਾ



ਲੁਧਿਆਣਾ, 21 ਅਗਸਤ (ਵਿਸ਼ਾਲ ਸ਼ਰਮਾ) : ਕਰਨ ਸ਼ਰਮਾ ਨੂੰ ਪੰਜਾਬ ਸਰਕਾਰ ਵੱਲੋਂ ਬ੍ਰਾਹਮਣ ਭਲਾਈ ਬੋਰਡ ਪੰਜਾਬ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਨਵ-ਨਿਯੁਕਤ ਮੈਂਬਰ ਕਰਨ ਸ਼ਰਮਾ ਨੇ ਲੁਧਿਆਣਾ ਸਰਕਟ ਹਾਊਸ ਵਿਖੇ ਉਦਯੋਗ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਯੋਜਨਾ ਬੋਰਡ ਦੇ ਚੇਅਰਮੈਨ ਜਤਿੰਦਰ ਖੰਗੂੜਾ ਨਾਲ ਵਿਸ਼ੇਸ਼ ਤੌਰ 'ਤੇ ਮੁਲਾਕਾਤ ਕੀਤੀ। ਇਸ ਦੌਰਾਨ ਮੈਂਬਰ ਨਿਯੁਕਤ ਹੋਣ 'ਤੇ ਮੰਤਰੀ ਸੰਜੀਵ ਅਰੋੜਾ ਅਤੇ ਜ਼ਿਲ੍ਹਾ ਪ੍ਰਧਾਨ ਅਤੇ ਯੋਜਨਾ ਬੋਰਡ ਦੇ ਚੇਅਰਮੈਨ ਜਤਿੰਦਰ ਖੰਗੂੜਾ ਨੇ ਕਰਨ ਸ਼ਰਮਾ ਨੂੰ ਨਵੇਂ ਅਹੁਦੇ ਲਈ ਵਧਾਈ ਵੀ ਦਿੱਤੀ। ਇਸ ਦੌਰਾਨ, ਬ੍ਰਾਹਮਣ ਭਲਾਈ ਬੋਰਡ ਪੰਜਾਬ ਦੇ ਨਵ-ਨਿਯੁਕਤ ਮੈਂਬਰ ਕਰਨ ਸ਼ਰਮਾ ਨੇ ਕਿਹਾ ਕਿ ਉਹ 'ਆਪ' ਪਾਰਟੀ ਸੁਪਰੀਮੋ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਧੰਨਵਾਦ ਕਰਦੇ ਹਨ, ਜਿਨ੍ਹਾਂ ਨੇ ਉਨ੍ਹਾਂ 'ਤੇ ਵਿਸ਼ਵਾਸ ਕਰਕੇ ਇਹ ਜ਼ਿੰਮੇਵਾਰੀ ਸੌਂਪੀ।

ਅੱਗੇ ਬੋਲਦਿਆਂ ਕਰਨ ਸ਼ਰਮਾ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਹ ਪਹਿਲਾਂ ਵੀ ਬ੍ਰਾਹਮਣ ਭਾਈਚਾਰੇ ਦੀ ਬਿਹਤਰੀ ਲਈ ਕੰਮ ਕਰਦੇ ਰਹੇ ਹਨ ਅਤੇ ਭਵਿੱਖ ਵਿੱਚ ਵੀ ਕਰਦੇ ਰਹਿਣਗੇ। ਕਰਨ ਸ਼ਰਮਾ ਨੇ ਕਿਹਾ ਕਿ ਲੋਕ ਆਮ ਆਦਮੀ ਪਾਰਟੀ ਦੀਆਂ ਚੰਗੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਜਾਣੂ ਹਨ। 'ਆਪ' ਹੀ ਇੱਕੋ ਇੱਕ ਪਾਰਟੀ ਹੈ ਜੋ ਲੋਕਾਂ ਦੀ ਬਿਹਤਰੀ ਅਤੇ ਵਿਕਾਸ ਲਈ ਵਚਨਬੱਧ ਹੈ।

# ਸ਼ਰਾਰਤੀ ਅਨਸਰਾਂ ਨੇ ਜਾਣਬੁੱਝ ਕੇ ਚੱਲਦੇ ਕੰਮ 'ਚ ਰੋਕ ਲਗਾਈ



ਜਗਰਾਓਂ, 21 ਅਗਸਤ (ਦਵਿੰਦਰ ਜੈਨ) : ਨਗਰ ਕੌਂਸਲ ਜਗਰਾਉਂ ਵੱਲੋਂ ਸ਼ਹਿਰ ਦੇ ਵਿਕਾਸ ਦੇ ਕੰਮ ਕਰਵਾਉਣ ਲਈ ਪਿਛਲੇ ਲੰਬੇ ਸਮੇਂ ਤੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਸਾਲ 2021 ਵਿੱਚ ਜਤਿੰਦਰਪਾਲ ਰਾਣਾ ਦੇ ਪ੍ਰਧਾਨ ਬਣਨ ਉਪਰੰਤ ਥੋੜ੍ਹੇ ਸਮੇਂ ਅੰਦਰ ਹੀ ਸ਼ਹਿਰ ਅੰਦਰ ਕਰੋੜਾਂ ਰੁਪਏ ਦੇ ਵਿਕਾਸ ਦੇ ਕੰਮ ਸ਼ੁਰੂ ਕਰਵਾਏ ਗਏ ਅਤੇ ਜ਼ਿਆਦਾਤਰ ਕੰਮ ਬਿਨ੍ਹਾਂ ਕਿਸੇ ਭੇਦਭਾਵ ਤੋਂ ਮੁਕੰਮਲ ਵੀ ਕਰਵਾਏ ਗਏ। ਪ੍ਰੰਤੂ ਹੁਣ ਪਿਛਲੇ ਲੰਬੇ ਤੋਂ ਕੁੱਝ ਵਿਰੋਧੀਆਂ ਵੱਲੋਂ ਰਾਜਨੀਤੀ ਤੋਂ ਪ੍ਰੇਰਿਤ ਹੋ ਕੇ ਸ਼ਹਿਰ ਦੇ ਵਿਕਾਸ ਦੇ ਕੰਮਾਂ ਵਿੱਚ ਬੇਵਜ੍ਹਾ ਰੁਕਾਵਟਾਂ ਪੈਦਾ ਕੀਤੀਆਂ ਜਾ ਰਹੀਆਂ ਹਨ, ਜਿਸ ਦੀ ਸਭ ਤੋਂ ਵੱਡੀ ਉਦਾਹਰਨ ਹੈ ਕਿ ਜਤਿੰਦਰਪਾਲ ਪ੍ਰਧਾਨ ਵੱਲੋਂ ਮਤਾ ਨੰ:65 ਮਿਤੀ 30-05-2022 ਰਾਹੀਂ ਜਗਰਾਓਂ ਸ਼ਹਿਰ ਦੇ ਸਾਰੇ ਵਾਰਡਾਂ ਦੇ 9.10 ਕਰੋੜ ਰੁਪਏ ਦੇ ਕੁੱਲ 73 ਵਿਕਾਸ ਦੇ ਕੰਮ ਪ੍ਰਵਾਨ ਕੀਤੇ ਗਏ ਸਨ। ਪ੍ਰੰਤੂ ਕੁਝ ਵਿਰੋਧੀ ਕੌਂਸਲਰਾਂ ਵੱਲੋਂ ਜਾਣਬੁੱਝ ਕੇ ਝੂਠੀ ਸ਼ਿਕਾਇਤ ਕਰਕੇ ਇਹਨਾਂ ਸਾਰੇ ਕੰਮਾਂ 'ਤੇ ਰੋਕ ਲਗਵਾ ਦਿੱਤੀ ਗਈ, ਜਿਸ ਰੋਕ ਨੂੰ ਹਟਾਉਣ ਅਤੇ ਸ਼ਹਿਰ ਦੇ ਵਿਕਾਸ ਦੇ ਕੰਮ ਚਲਵਾਉਣ ਲਈ ਜਤਿੰਦਰਪਾਲ ਪ੍ਰਧਾਨ ਵੱਲੋਂ ਮਾਨਯੋਗ ਮੰਤਰੀ ਸਥਾਨਕ ਸਰਕਾਰ, ਮੁੱਖ ਸਕੱਤਰ ਸਥਾਨਕ ਸਰਕਾਰ, ਡਾਇਰੈਕਟਰ ਸਥਾਨਕ ਸਰਕਾਰ ਨੂੰ ਕਈ ਵਾਰ ਪੱਤਰ ਲਿੱਖ ਕੇ ਲਿਖਤੀ ਬੇਨਤੀਆਂ ਕੀਤੀਆਂ ਅਤੇ ਸੁਣਵਾਈ ਨਾ ਹੋਣ 'ਤੇ ਮਾਨਯੋਗ ਅਦਾਲਤ ਵਿੱਚ ਕੇਸ ਦਾਇਰ ਕਰਨਾ ਪਿਆ। ਇਸ ਉਪਰੰਤ ਜਤਿੰਦਰਪਾਲ ਪ੍ਰਧਾਨ ਅਤੇ ਸਾਥੀ ਕੌਂਸਲਰਾਂ ਵੱਲੋਂ ਹੋਰ ਵੀ ਕਰੋੜਾਂ ਰੁਪਏ ਦੇ ਕੰਮ ਪਾਸ ਕੀਤੇ ਗਏ। ਸਰਕਾਰ ਵੱਲੋਂ ਗਲਤ ਤੱਥਾਂ ਦੇ ਆਧਾਰ 'ਤੇ ਜਤਿੰਦਰਪਾਲ ਨੂੰ ਪ੍ਰਧਾਨਗੀ ਦੇ ਅਹੁਦੇ ਤੋਂ ਫਾਰਗ ਕਰਨ ਉਪਰੰਤ ਨਗਰ ਕੌਂਸਲ ਲੱਗਭੱਗ 7 ਕਰੋੜ ਰੁਪਏ ਦੇ 64 ਵਿਕਾਸ ਦੇ ਕੰਮਾਂ ਦੇ ਟੈਂਡਰ ਲਗਾਏ ਗਏ ਸਨ, ਜੋ ਕਿ ਨਗਰ ਕੌਂਸਲ ਵੱਲੋਂ ਸਿਆਸੀ ਦਬਾਅ ਹੇਠ ਸਿਰਫ ਤਕਨੀਕੀ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਕੈਂਸਲ ਕਰ ਦਿੱਤੇ ਗਏ।

# ਡੀ.ਸੀ. ਨੇ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ



ਲੁਧਿਆਣਾ, 21 ਅਗਸਤ (ਵਿਸ਼ਾਲ ਸ਼ਰਮਾ) : ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਵੀਰਵਾਰ ਨੂੰ ਆੜ੍ਹਤੀਆਂ ਨਾਲ ਇੱਕ ਮੀਟਿੰਗ ਦੌਰਾਨ ਕਿਸਾਨਾਂ ਨੂੰ 16 ਸਤੰਬਰ ਤੋਂ ਸ਼ੁਰੂ ਹੋਣ ਵਾਲੀ ਸੁਚਾਰੂ ਖਰੀਦ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਲੁਧਿਆਣਾ ਦੀਆਂ ਅਨਾਜ ਮੰਡੀਆਂ ਵਿੱਚ ਸਿਰਫ਼ 17 ਪ੍ਰਤੀਸ਼ਤ ਜਾਂ ਇਸ ਤੋਂ ਘੱਟ ਨਮੀ ਵਾਲਾ ਸੁੱਕਾ ਝੋਨਾ ਲਿਆਉਣ ਦਾ ਸੱਦਾ ਦਿੱਤਾ। ਇਸ ਨਿਰਦੇਸ਼ ਦਾ ਉਦੇਸ਼ ਸੀਜ਼ਨ ਦੌਰਾਨ ਸੰਚਾਲਨ ਚੁਣੌਤੀਆਂ ਨੂੰ ਰੋਕਣਾ ਹੈ। ਹਿਮਾਂਸ਼ੂ ਜੈਨ ਨੇ ਕਿਹਾ ਕਿ ਸੁਚਾਰੂ ਸੀਜ਼ਨ ਨੂੰ ਯਕੀਨੀ ਬਣਾਉਣ ਲਈ ਕੰਬਾਈਨ ਹਾਰਵੈਸਟਰਾਂ ਨੂੰ ਸਿਰਫ਼ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਕੰਮ ਕਰਨ ਦੀ ਇਜਾਜ਼ਤ ਹੋਵੇਗੀ। ਉਨ੍ਹਾਂ ਅੱਗੇ ਕਿਹਾ ਕਿ ਪ੍ਰਸ਼ਾਸਨ ਇਨ੍ਹਾਂ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਦੀ ਸੂਰਤ ਵਿੱਚ ਸਖ਼ਤ ਕਾਰਵਾਈ ਕਰੇਗਾ ਅਤੇ ਕੰਬਾਈਨਾਂ ਨੂੰ ਜ਼ਬਤ ਕਰ ਲਿਆ ਜਾਵੇਗਾ। ਉਨ੍ਹਾਂ ਅਨਾਜ ਮੰਡੀਆਂ ਵਿੱਚ 17 ਪ੍ਰਤੀਸ਼ਤ ਜਾਂ ਇਸ ਤੋਂ ਘੱਟ ਨਮੀ ਵਾਲਾ ਝੋਨਾ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਅੱਗੇ ਕਿਹਾ ਕਿ ਕਿਸਾਨਾਂ ਨੂੰ ਅਨਾਜ ਵੇਚਣ ਵਿੱਚ ਕੋਈ ਮੁਸ਼ਕਲ ਨਹੀਂ ਆਵੇਗੀ। ਜੈਨ ਨੇ ਖੁਰਾਕ, ਸਿਵਲ ਅਤੇ ਸਪਲਾਈ ਅਤੇ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਅਨਾਜ ਮੰਡੀਆਂ ਅਤੇ ਅਸਥਾਈ ਯਾਰਡਾਂ ਵਿੱਚ ਸਾਰੇ ਜ਼ਰੂਰੀ ਪ੍ਰਬੰਧ ਯਕੀਨੀ ਬਣਾਉਣ ਲਈ ਵੀ ਕਿਹਾ ਤਾਂ ਜੋ ਝੋਨੇ ਦੀ ਖਰੀਦ ਸੁਚਾਰੂ ਢੰਗ ਨਾਲ ਕੀਤੀ ਜਾ ਸਕੇ। ਉਨ੍ਹਾਂ ਨੇ ਹਰੇਕ ਅਨਾਜ ਮੰਡੀ ਅਤੇ ਅਸਥਾਈ ਯਾਰਡ ਵਿੱਚ ਢੁਕਵੀਂ ਸਫਾਈ, ਪੀਣ ਵਾਲੇ ਪਾਣੀ, ਸ਼ੈੱਡ, ਰੋਸ਼ਨੀ, ਪੱਖੇ ਅਤੇ ਪਿਸ਼ਾਬ ਘਰ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਤਾਂ ਜੋ ਕਿਸਾਨਾਂ ਨੂੰ ਆਪਣੀ ਉਪਜ ਮੰਡੀਆਂ ਵਿੱਚ ਲਿਆਉਣ ਵਿੱਚ ਸਹੂਲਤ ਮਿਲ ਸਕੇ। ਜ਼ਿਲ੍ਹਾ ਪ੍ਰਸ਼ਾਸਨ ਕੋਲ 108 ਅਨਾਜ ਮੰਡੀਆਂ ਅਤੇ 79 ਅਸਥਾਈ ਯਾਰਡ ਹਨ।

ਡਿਪਟੀ ਕਮਿਸ਼ਨਰ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਖਰੀਦ ਸੀਜ਼ਨ ਦੌਰਾਨ ਝੋਨੇ ਦੇ ਹਰੇਕ ਦਾਣੇ ਨੂੰ ਸੁਚਾਰੂ ਅਤੇ ਮੁਸ਼ਕਲ ਰਹਿਤ ਢੰਗ ਨਾਲ ਚੁੱਕੇਗੀ। ਉਨ੍ਹਾਂ ਅੱਗੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅਨਾਜ ਮੰਡੀਆਂ ਵਿੱਚੋਂ ਕਿਸਾਨਾਂ ਦੀ ਫ਼ਸਲ ਨੂੰ ਤੁਰੰਤ ਚੁੱਕਣ ਲਈ ਵਿਸਤ੍ਰਿਤ ਪ੍ਰਬੰਧ ਕਰੇਗਾ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਖਰੀਦ ਸੀਜ਼ਨ ਵਿੱਚ ਅਨਾਜ ਮੰਡੀਆਂ ਵਿੱਚ ਲੱਗਭੱਗ 16.55 ਲੱਖ ਮੀਟਰਕ ਟਨ ਝੋਨਾ ਆਉਣ ਦੀ ਉਮੀਦ ਹੈ।

# ਸੰਯੁਕਤ ਕਿਸਾਨ ਮੋਰਚਾ ਕਿਸਾਨਾਂ ਦੀਆਂ ਹੱਕੀ ਮੰਗਾਂ ਸਬੰਧੀ ਕਰ ਸਕਦੈ ਵੱਡੇ ਸੰਘਰਸ਼ ਦਾ ਐਲਾਨ



ਸਮਰਾਲਾ, 21 ਅਗਸਤ (ਵਰਿੰਦਰ ਸਿੰਘ ਹੀਰਾ/ਜਸਵੀਰ ਹੇਡੋਂ) : ਸੰਯੁਕਤ ਕਿਸਾਨ ਮੋਰਚੇ ਵੱਲੋਂ 24 ਅਗਸਤ ਨੂੰ ਸਮਰਾਲਾ ਦੀ ਅਨਾਜ ਮੰਡੀ ਵਿਖੇ ਕੀਤੀ ਜਾਣ ਵਾਲੀ ਜੇਤੂ ਰੈਲੀ ਸਬੰਧੀ ਸਾਰੀਆਂ ਤਿਆਰੀਆਂ ਪੂਰੀ ਤਰ੍ਹਾਂ ਮੁਕੰਮਲ ਹੋ ਚੁੱਕੀਆਂ ਹਨ, ਜਿਸ ਸਬੰਧੀ ਭਾਕਿਯੂ (ਰਾਜੇਵਾਲ) ਦੇ ਅਹੁਦੇਦਾਰਾਂ ਅਤੇ ਵਰਕਰਾਂ ਵੱਲੋਂ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਲੁਧਿਆਣਾ ਜ਼ਿਲ੍ਹੇ ਅਧੀਨ ਪੈਂਦੇ ਵੱਖ ਵੱਖ ਪਿੰਡਾਂ ਵਿੱਚ ਜਾ ਕੇ ਲਾਮਬੰਦ ਕਰ ਰਹੇ ਬੀ. ਕੇ. ਯੂ. (ਰਾਜੇਵਾਲ) ਦੇ ਬਲਾਕ ਸਮਰਾਲਾ ਦੇ ਪ੍ਰਧਾਨ ਕੁਲਵਿੰਦਰ ਸਿੰਘ ਪੂਰਬਾ ਨੇ ਆਪਣੇ ਸਾਥੀਆਂ ਸਮੇਤ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਉਹ ਆਪਣੇ ਨਾਲ ਯੂਨੀਅਨ ਦੇ ਹੋਰ ਵਰਕਰਾਂ ਨੂੰ ਨਾਲ ਲੈ ਕੇ ਬਲਾਕ ਖੰਨਾ, ਸਮਰਾਲਾ, ਦੋਰਾਹਾ ਦੇ ਵੱਖ ਵੱਖ ਪਿੰਡਾਂ ਜਿਨ੍ਹਾਂ ਵਿੱਚ ਪ੍ਰਮੁੱਖ ਤੌਰ 'ਤੇ ਚਹਿਲਾਂ, ਰੋਹਲੇ, ਲੱਲ ਕਲਾਂ, ਖਹਿਰਾ, ਢੀਂਡਸਾ, ਮੰਜਾਲੀਆਂ, ਬਗਲੀ ਕਲਾਂ, ਬਗਲੀ ਖੁਰਦ, ਭੌਰਲਾ, ਰੁਪਾਲੋਂ, ਚੱਕ ਮਾਫੀ, ਰਾਜੇਵਾਲ, ਕੁੱਲੇਵਾਲ, ਢਿੱਲਵਾਂ, ਘਰਖਣਾ, ਸਰਵਰਪੁਰ, ਸੰਗਤਪੁਰਾ, ਸਲੌਦੀ, ਸੇਹ ਆਦਿ ਸ਼ਾਮਲ ਹਨ, ਦਾ ਦੌਰਾ ਕਰਕੇ ਕਿਸਾਨਾਂ ਅਤੇ ਮਜਦੂਰਾਂ ਨੂੰ 24 ਅਗਸਤ ਦੀ ਰੈਲੀ ਲਈ ਸਮਰਾਲਾ ਅਨਾਜ ਮੰਡੀ ਵਿਖੇ ਪੁੱਜਣ ਦੀ ਅਪੀਲ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਜੇਤੂ ਰੈਲੀ ਕਿਸਾਨਾਂ ਦੀਆਂ ਉਪਜਾਊ ਜ਼ਮੀਨਾਂ ਉੱਪਰ ਅਰਬਨ ਅਸਟੇਟ ਦੀ ਆੜ ਹੇਠ ਲੈਂਡ ਪੂਲਿੰਗ ਪਾਲਿਸੀ ਵਾਪਸ ਲੈਣ ਦੀ ਖੁਸ਼ੀ ਵਿੱਚ ਕੀਤੀ ਜਾ ਰਹੀ ਹੈ, ਜਿਸ ਵਿੱਚ ਕਰੀਬ ਇੱਕ ਲੱਖ ਤੋਂ ਵੱਧ ਗਿਣਤੀ ਵਿੱਚ ਕਿਸਾਨ ਅਤੇ ਮਜ਼ਦੂਰ ਸ਼ਿਰਕਤ ਕਰਨਗੇ। ਜੇਕਰ ਅੱਜ ਪੰਜਾਬ ਸਰਕਾਰ ਨੇ ਇਹ ਪਾਲਿਸੀ ਵਾਪਸ ਨਾ ਲਈ ਹੁੰਦੀ ਤਾਂ ਅੱਜ ਹਜ਼ਾਰਾਂ ਕਿਸਾਨ ਬੇਜ਼ਮੀਨੇ ਹੋ ਜਾਣੇ ਸਨ। ਇਹ ਸਾਰਾ ਕੁਝ ਪੰਜਾਬ ਦੇ ਕਿਸਾਨਾਂ ਦੀ ਇੱਕਜੁਟਤਾ ਕਾਰਨ ਹੀ ਸੰਭਵ ਹੋਇਆ ਹੈ। ਸੰਯੁਕਤ ਕਿਸਾਨ ਮੋਰਚੇ ਵੱਲੋਂ ਰੱਖੀ ਇਹ ਜੇਤੂ ਰੈਲੀ ਸਮੁੱਚੇ ਪੰਜਾਬ ਦੇ ਕਿਸਾਨਾਂ ਦੀ ਜਿੱਤ ਹੋਈ ਹੈ, ਪ੍ਰੰਤੂ ਕਿਸਾਨੀ ਸੰਘਰਸ਼ ਅਜੇ ਖਤਮ ਨਹੀਂ ਹੋਇਆ। ਕਿਉਂਕਿ ਹੋਰ ਅਨੇਕਾਂ ਕਿਸਾਨੀ ਮਸਲੇ ਖੜ੍ਹੇ ਹਨ, ਜਿਨ੍ਹਾਂ ਵਿੱਚ ਪ੍ਰਮੁੱਖ ਤੌਰ 'ਤੇ ਪੰਜਾਬ ਦੇ ਪਾਣੀਆਂ ਦਾ ਮਸਲਾ, ਧਰਤੀ ਹੇਠਲੇ ਪਾਣੀ ਦੇ ਖਤਮ ਹੋਣ ਦੀ ਸਮੱਸਿਆ, ਦਮ ਤੋੜ ਰਹੇ ਸਹਿਕਾਰੀ ਅਦਾਰਿਆਂ ਨੂੰ ਮੁੜ ਪੈਰਾਂ 'ਤੇ ਖੜ੍ਹ ਕਰਨਾ, ਭਾਰਤ ਅਤੇ ਅਮਰੀਕਾ ਵਿਚਾਲੇ ਕਰ ਮੁਕਤ ਵਪਾਰ ਵਿੱਚੋਂ ਖੇਤੀ, ਡੇਅਰੀ ਅਤੇ ਮੱਛੀ ਪਾਲਣ ਨੂੰ ਇਸ ਸਮਝੌਤੇ ਨੂੰ ਬਾਹਰ ਰੱਖਣਾ ਆਦਿ ਮਸਲਿਆਂ ਨੂੰ ਵੀ ਇਸ ਜੇਤੂ ਰੈਲੀ ਵਿੱਚ ਸੰਜੀਦਗੀ ਨਾਲ ਵਿਚਾਰਿਆ ਜਾਵੇਗਾ। ਵੱਖ ਵੱਖ ਪਿੰਡਾਂ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਲਾਮਬੰਦ ਕਰਨ ਲਈ ਉਨ੍ਹਾਂ ਨਾਲ ਅਵਤਾਰ ਸਿੰਘ ਸ਼ੇਰੀਆਂ, ਜਗਦੇਵ ਸਿੰਘ ਮੁਤਿਓਂ, ਸੁੱਖਾ ਬਾਬਾ ਸੰਗਤਪੁਰਾ, ਸ਼ੇਰਾ ਟੋਡਰਪੁਰ, ਹਰਪਾਲ ਸਿੰਘ ਰੁਪਾਲੋਂ, ਤਪਿੰਦਰ ਸਿੰਘ, ਕੁਲਵਿੰਦਰ ਸਿੰਘ ਬਾਬਾ, ਕਰਮਵੀਰ ਸਿੰਘ, ਸਤਿੰਦਰ ਸਿੰਘ, ਹਰਨੇਕ ਸਿੰਘ, ਤੇਜਵੰਤ ਸਿੰਘ, ਬੱਬਰ ਸਿੰਘ, ਫੌਜੀ ਪ੍ਰਕਾਸ਼ ਆਦਿ ਤੋਂ ਇਲਾਵਾ ਭਾਕਿਯੂ (ਰਾਜੇਵਾਲ) ਦੇ ਹੋਰ ਵਰਕਰ ਵੀ ਹਾਜ਼ਰ ਸਨ।

# ਸ੍ਰੀ ਗੁਰੂ ਸਿੰਘ ਸਭਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਮਨਾਇਆ ਜਾਵੇਗਾ




ਲੁਧਿਆਣਾ, 21 ਅਗਸਤ (ਕਰਨੈਲ ਸਿੰਘ ਐੱਮ.ਏ.): ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਗੁਰੂ ਤੇਗ਼ ਬਹਾਦਰ ਨਗਰ, ਗਲੀ ਨੰਬਰ 2, ਚੰਡੀਗੜ੍ਹ ਰੋਡ, ਲੁਧਿਆਣਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ 421ਵਾਂ ਪਹਿਲਾ ਪ੍ਰਕਾਸ਼ ਪੁਰਬ 24 ਅਗਸਤ ਦਿਨ ਐਤਵਾਰ ਨੂੰ ਬੜੇ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ । ਗੁਰਦੁਆਰਾ ਸਾਹਿਬ ਦੇ ਪ੍ਰਧਾਨ ਗੁਰਮੀਤ ਸਿੰਘ ਅਤੇ ਖ਼ਜ਼ਾਨਚੀ ਸੁਰਜੀਤ ਸਿੰਘ ਖੁਰਾਣਾ ਨੇ ਦੱਸਿਆ ਕਿ 22 ਅਗਸਤ ਨੂੰ ਸਵੇਰੇ 8 ਵਜੇ ਸ੍ਰੀ ਅਖੰਡ-ਪਾਠ ਸਾਹਿਬ ਆਰੰਭ ਹੋਵੇਗਾ। ਜਿਸ ਦੀ ਸਮਾਪਤੀ 24 ਅਗਸਤ ਨੂੰ ਸਵੇਰੇ 8 ਵਜੇ ਹੋਵੇਗੀ । ਇਸੇ ਦਿਹਾੜੇ ਸ਼ਾਮ ਨੂੰ ਵਿਸ਼ੇਸ਼ ਗੁਰਮਤਿ ਸਮਾਗਮ ਹੋਵੇਗਾ। ਜਿਸ ਵਿੱਚ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ ਸੁੱਖਾਂ ਦੀ ਮਨੀ ਸੁਖਮਨੀ ਸਾਹਿਬ ਦਾ ਪਾਠ ਕੀਤਾ ਜਾਵੇਗਾ । ਸੋਦਰੁ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਭਾਈ ਅਰਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਕੀਰਤਨ ਕਰਨਗੇ । ਉਪਰੰਤ ਭਾਈ ਗੁਰਵਿੰਦਰ ਸਿੰਘ ਜੀ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਲੁਧਿਆਣਾ ਵਾਲੇ ਅੰਮ੍ਰਿਤਮਈ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ । ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਸਬੰਧੀ ਕਥਾ ਅਤੇ ਕੀਰਤਨ ਸਮਾਗਮ 23 ਅਤੇ 24 ਨੂੰ : ਬੈਨੀਪਾਲ



ਲੁਧਿਆਣਾ, 21 ਅਗਸਤ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਥਾ ਅਤੇ ਕੀਰਤਨ ਸਮਾਗਮ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਨਿੱਘੇ ਸਹਿਯੋਗ ਸਦਕਾ ਬੜੀ ਸ਼ਰਧਾ ਅਤੇ ਭਾਵਨਾ ਨਾਲ ਮਿਤੀ 23 ਅਤੇ 24 ਅਗਸਤ ਦਿਨ ਸ਼ਨੀਵਾਰ ਅਤੇ ਐਤਵਾਰ ਨੂੰ ਮਨਾਏ ਜਾ ਰਹੇ ਹਨ। ਜਿਸ ਵਿੱਚ ਪੰਥ ਪ੍ਰਸਿੱਧ ਕੀਰਤਨੀ ਜੱਥੇ ਅਤੇ ਪ੍ਰਚਾਰਕ ਹਾਜ਼ਰੀਆਂ ਭਰ ਰਹੇ ਹਨ। ਇਨ੍ਹਾਂ ਸਮਾਗਮਾਂ ਦੀ ਜਾਣਕਾਰੀ ਦਿੰਦਿਆਂ ਹੋਇਆਂ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਦੱਸਿਆ ਕਿ ਮਿਤੀ 23 ਅਗਸਤ ਦਿਨ ਸ਼ਨੀਵਾਰ ਨੂੰ ਸ਼ਾਮ ਦੇ ਸਮਾਗਮਾਂ ਵਿੱਚ ਗਿਆਨੀ ਜੈਦੀਪ ਸਿੰਘ ਜੀ ਫਗਵਾੜੇ ਵਾਲੇ ਸੰਗਤਾਂ ਨਾਲ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਬਾਰੇ ਵਿਚਾਰ ਸਾਂਝੇ ਕਰਨਗੇ। ਮਿਤੀ 24 ਅਗਸਤ ਦਿਨ ਐਤਵਾਰ ਪਹਿਲੇ ਪ੍ਰਕਾਸ਼ ਪੁਰਬ ਵਾਲੇ ਦਿਨ ਸਵੇਰੇ ਅੰਮ੍ਰਿਤ ਵੇਲੇ 4 ਵਜੇ ਤੋਂ ਸਮਾਗਮ ਆਰੰਭ ਹੋ ਜਾਣਗੇ ਜਿਸ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਬੜੀ ਸ਼ਰਧਾ ਭਾਵਨਾ ਨਾਲ ਪਾਲਕੀ ਸਾਹਿਬ ਵਿੱਚ ਸਜਾ ਕੇ ਫੁੱਲਾਂ ਦੀ ਵਰਖਾ ਕਰਦੇ ਹੋਏ ਨਗਰ ਕੀਰਤਨ ਦੇ ਰੂਪ ਵਿੱਚ ਨਿੱਜ ਸਥਾਨਾਂ ਤੋਂ ਪ੍ਰਕਾਸ਼ ਸਥਾਨ ਤੇ ਲਿਆ ਕੇ ਪ੍ਰਕਾਸ਼ ਕੀਤੇ ਜਾਣਗੇ। ਬਾਅਦ ਵਿੱਚ ਸਵੇਰੇ 5 ਵਜੇ ਤੋਂ 7 ਵਜੇ ਤੱਕ ਭਾਈ ਜਸਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ ਸੰਗਤਾਂ ਨੂੰ ਆਸਾ ਜੀ ਦੀ ਵਾਰ ਦੇ ਕੀਰਤਨ ਸ੍ਰਵਣ ਕਰਵਾਉਣਗੇ। 7 ਵਜੇ ਤੋਂ 8-15 ਵਜੇ ਤੱਕ ਗੁਰੂ ਘਰ ਦੀ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਵੱਲੋਂ ਕੀਰਤਨ ਦੀ ਸੇਵਾ ਨਿਭਾਈ ਜਾਵੇਗੀ। 8-15 ਤੋਂ 9-30 ਵਜੇ ਤੱਕ ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਦਿਲਬਾਗ ਸਿੰਘ ਗੁਰੂ ਕਾਸ਼ੀ ਵਾਲੇ ਸੰਗਤਾਂ ਨੂੰ ਕੀਰਤਨ ਰਾਹੀਂ ਨਿਹਾਲ ਕਰਨਗੇ । ਅਰਦਾਸ, ਹੁਕਮਨਾਮੇ ਉਪਰੰਤ ਚਾਹ ਪਕੌੜੇ ਦਾ ਲੰਗਰ ਅਤੁੱਟ ਵਰਤਾਏ ਜਾਣਗੇ। ਸ਼ਾਮ ਦੇ ਸਮਾਗਮ ਵਿੱਚ ਗਿਆਨੀ ਸੰਦੀਪ ਸਿੰਘ ਜਵੱਦੀ ਟਕਸਾਲ ਵਾਲੇ ਸੂਰਜ ਪ੍ਰਕਾਸ਼ ਦੀ ਕਥਾ ਸ੍ਰਵਣ ਕਰਵਾਉਣਗੇ। ਰਹਿਰਾਸ ਸੋਦਰੁ ਦੀ ਚੌਕੀ ਤੋਂ ਬਾਅਦ ਗਿਆਨੀ ਨਿਰਮਲ ਸਿੰਘ ਜੀ ਅੰਬਾਲੇ ਵਾਲੇ ਸ਼ਾਮ 7-15 ਵਜੇ ਤੋਂ 8-15 ਵਜੇ ਤੱਕ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੇ ਬਾਰੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਨਗੇ।

# ਪੰਜਾਬ ਸਰਕਾਰ ਚਾਈਨਾ ਡੋਰ ਦੇ ਵਪਾਰੀਆਂ ਨੂੰ ਸਖ਼ਤੀ ਨਾਲ ਨੱਥ ਪਾਵੇ : ਸਲੂਜਾ



ਲੁਧਿਆਣਾ, 21 ਅਗਸਤ (ਵਿਸ਼ਾਲ ਸ਼ਰਮਾ): ਪੰਜਾਬ ਸਰਕਾਰ ਚਾਈਨਾ ਡੋਰ ਦੇ ਵਪਾਰੀਆਂ ਨੂੰ ਜੋ ਘਰ ਘਰ ਮੌਤ ਵੰਡ ਰਹੇ ਹਨ ਤੇ ਪਸ਼ੂ ਪੰਛੀਆਂ ਵਾਸਤੇ ਵੀ ਯਮਦੂਤ ਬਣੇ ਹੋਏ ਹਨ, ਉਹਨਾਂ ਨੂੰ ਸਖ਼ਤੀ ਨਾਲ ਨੱਥ ਪਾਵੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬੀ ਵਿਕਾਸ ਮੰਚ ਦੇ ਪ੍ਰਧਾਨ ਤੇ ਉੱਘੇ ਸ਼ੋਸ਼ਲ ਆਗੂ ਜਤਿੰਦਰਪਾਲ ਸਿੰਘ ਸਲੂਜਾ ਨੇ ਕੀਤਾ। ਸਲੂਜਾ ਨੇ ਕਿਹਾ ਕਿ ਜਦੋਂ ਵੀ ਪਤੰਗਾਂ ਦਾ ਸੀਜ਼ਨ ਸ਼ੁਰੂ ਹੁੰਦਾ ਹੈ ਤਾਂ ਪਤੰਗਾਂ ਅਤੇ ਡੋਰ ਦੇ ਵਪਾਰੀ ਸਰਕਾਰ ਵੱਲੋਂ ਰੋਕ ਲੱਗਣ ਦੇ ਬਾਵਜੂਦ ਵੀ ਸ਼ਰੇਆਮ ਚਾਈਨਾ ਡੋਰ ਵੇਚਦੇ ਰਹਿੰਦੇ ਹਨ। ਜਿਸ ਨਾਲ ਜਿੱਥੇ ਦੋ ਪਹੀਆ ਵਾਹਨ ਉੱਤੇ ਸਵਾਰ ਤੇ ਪੈਦਲ ਚੱਲਣ ਵਾਲੇ ਲੋਕ ਜ਼ਖਮੀ ਹੁੰਦੇ ਹਨ। ਇੱਥੋਂ ਤੱਕ ਕਈਆਂ ਨੂੰ ਜਾਨ ਤੋਂ ਵੀ ਹੱਥ ਧੋਣੇ ਪੈ ਜਾਂਦੇ ਹਨ। ਉੱਥੇ ਪਸ਼ੂ ਪੰਛੀਆਂ ਦੀ ਵੀ ਸ਼ਾਮਤ ਆ ਜਾਂਦੀ ਹੈ। ਉਹਨਾਂ ਕਿਹਾ ਕਿ ਸਰਕਾਰ ਸਖ਼ਤ ਤੋਂ ਸਖ਼ਤ ਐਕਸ਼ਨ ਲੈ ਕੇ ਇਹਨਾਂ ਮੌਤ ਦੇ ਸੌਦਾਗਰਾਂ ਨੂੰ ਨੱਥ ਪਾਵੇ ਤੇ ਮੁਕੱਦਮੇਂ ਦਰਜ਼ ਕਰਕੇ ਸਲਾਖਾਂ ਪਿੱਛੇ ਭੇਜੇ।

# ਦੇਸ਼ ਭਗਤ ਯੂਨੀਵਰਸਿਟੀ ਦੇ ਸੈਂਟਰ ਫਾਰ ਓਪਨ ਡਿਸਟੈਂਸ ਲਰਨਿੰਗ ਐਂਡ ਆਨਲਾਈਨ ਲਰਨਿੰਗ ਵੱਲੋਂ ਮੀਟਿੰਗ



ਮੰਡੀ ਗੋਬਿੰਦਗੜ੍ਹ, 21 ਅਗਸਤ (ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਸੈਂਟਰ ਫਾਰ ਓਪਨ ਡਿਸਟੈਂਸ ਲਰਨਿੰਗ ਐਂਡ ਔਨਲਾਈਨ ਲਰਨਿੰਗ ਨੇ ਹਿੰਦ ਦੀ ਚਾਦਰ ਵਿਖੇ ਆਪਣੇ ਸੈਂਟਰ ਫਾਰ ਇੰਟਰਨਲ ਕੁਆਲਿਟੀ ਅਸ਼ੋਰੈਂਸ ਦੀ ਇੱਕ ਵਿਸ਼ੇਸ਼ ਮੀਟਿੰਗ ਬੁਲਾਈ। ਜਿਸ ਦੀ ਸ਼ੁਰੂਆਤ ਰਜਿਸਟਰਾਰ ਡਾ. ਸੁਰਿੰਦਰ ਪਾਲ ਕਪੂਰ ਨੇ ਮਹਿਮਾਨਾਂ ਦੇ ਸਵਾਗਤ ਨਾਲ ਕੀਤੀ। ਮੀਟਿੰਗ ਵਿੱਚ ਉੱਘੇ ਮਾਹਿਰਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਡਾ. ਸੰਦੀਪ ਕਾਜਲ ਡਿਪਟੀ ਰਜਿਸਟਰਾਰ (ਨਤੀਜੇ) ਤੇ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਵਿਖੇ ਡਿਸਟੈਂਸ ਲਰਨਿੰਗ ਪ੍ਰੋਗਰਾਮ ਦੇ ਸਾਬਕਾ ਡਾਇਰੈਕਟਰ ਤੇ ਡਾ. ਅਮਿਤਾ ਕੈਂਥਾ, ਸੈਂਟਰ ਫਾਰ ਡਿਸਟੈਂਸ ਐਂਡ ਔਨਲਾਈਨ ਲਰਨਿੰਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਸਹਾਇਕ ਪ੍ਰੋਫੈਸਰ ਸ਼ਾਮਲ ਸਨ। ਦੇਸ਼ ਭਗਤ ਯੂਨੀਵਰਸਿਟੀ ਦੇ ਡਾਇਰੈਕਟਰ ਅਤੇ ਮੈਂਬਰ ਸਕੱਤਰ ਪ੍ਰੋ. (ਡਾ.) ਐਚ.ਕੇ. ਸਿੱਧੂ ਨੇ ਦਾਖਲੇ ਦੀ ਸਥਿਤੀ, ਈ-ਕੰਟੈਂਟ ਵਿਕਾਸ, ਲਰਨਿੰਗ ਮੈਨੇਜਮੈਂਟ ਸਿਸਟਮ ਸੁਧਾਰ, ਫੈਕਲਟੀ ਵਿਕਾਸ ਪ੍ਰੋਗਰਾਮ, ਓਪਨ ਤੇ ਔਨਲਾਈਨ ਲਰਨਿੰਗ ਪ੍ਰੋਗਰਾਮਾਂ ਦੀ ਗੁਣਵੱਤਾ ਨੂੰ ਮਜ਼ਬੂਤ ਕਰਨ ਬਾਰੇ ਜਾਣਕਾਰੀ ਦਿੱਤੀ। ਮੀਟਿੰਗ ਵਿੱਚ ਯੂਨੀਵਰਸਿਟੀ ਦੀ ਦੂਰੀ ਤੇ ਔਨਲਾਈਨ ਸਿੱਖਿਆ ਪਹਿਲਕਦਮੀਆਂ ਵਿੱਚ ਨਿਰੰਤਰ ਗੁਣਵੱਤਾ ਭਰੋਸਾ ਅਤੇ ਵਾਧਾ ਯਕੀਨੀ ਬਣਾਉਣ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਸਮਾਪਤੀ 'ਤੇ ਐਚ.ਕੇ. ਸਿੱਧੂ ਨੇ ਧੰਨਵਾਦ ਕੀਤਾ।

# ਹਰਭਜਨ ਸਿੰਘ ਬਣੇ ਕਿਸਾਨ-ਮਜ਼ਦੂਰ ਨੌਜਵਾਨ ਏਕਤਾ ਪੰਜਾਬ ਜਥੇਬੰਦੀ ਦੇ ਬਲਾਕ ਪ੍ਰਧਾਨ

ਕਾਦੀਆਂ, 21 ਅਗਸਤ (ਤਾਰੀ): ਕਿਸਾਨ ਮਜ਼ਦੂਰ ਨੌਜਵਾਨ ਏਕਤਾ ਪੰਜਾਬ ਜਥੇਬੰਦੀ ਦੀ ਪਿੰਡ ਲੀਲ ਕਲਾਂ ਦੇ ਗੁਰਦੁਆਰਾ ਬਾਬਾ ਮੱਕਾ ਸਾਹਿਬ ਵਿੱਚ ਸਮੂਹ ਸੰਗਤ ਤੇ ਕੋਰ ਕਮੇਟੀ ਹਰਵਿੰਦਰ ਸਿੰਘ ਖੁਜਾਲਾ, ਸੀਤਲ ਸਿੰਘ ਢਪਈ, ਮੰਗਲ ਸਿੰਘ ਧੀਰਾ, ਜੰਗ ਜੀਵਨ ਸਿੰਘ ਅਰਾਈਆਂ ਵਾਲੀ, ਰਾਜਬੀਰ ਸਖੋਵਾਲ, ਲਾਲ ਸਿੰਘ ਹਰਪੁਰਾ, ਡਾ. ਇੰਦਰਜੀਤ, ਗੁਰਵੇਲ ਢੰਡੇ, ਬਲਬੀਰ ਸਖੋਵਾਲ, ਸੂਬੇਦਾਰ ਸਰਬਜੀਤ ਸਿੰਘ, ਸੋਨੂੰ ਬਰਿਆਰ, ਗੁਰਮੀਤ ਸੰਧੂ, ਜਗਤਾਰ ਹਰਪੁਰਾ, ਸਰਬਜੀਤ ਘੁੰਸ, ਜਗਤਾਰ ਮਨੇਸ, ਮੁਖਤਿਆਰ ਕੋਹਾਲੀ, ਕਸ਼ਮੀਰ ਧਰਮਕੋਟ, ਵਿਕਰਮ ਛੀਨਾ, ਸੁਖਦੇਵ ਸ਼ੇਬੀ ਢੰਡੇ, ਲਾਡੀ ਕਲੇਰ, ਗੁਰਵਿੰਦਰ ਖਜਾਲਾ ਦੀ ਹਾਜ਼ਰੀ ਵਿੱਚ ਬਲਾਕ ਬਾਬਾ ਮੱਕਾ ਸਾਹਿਬ ਦਾ ਗਠਨ ਕੀਤਾ ਗਿਆ। ਜਿਸ ਵਿੱਚ ਪ੍ਰਧਾਨ ਹਰਭਜਨ ਸਿੰਘ ਨੱਤ, ਸਕੱਤਰ ਸਾਹਿਬ ਸਿੰਘ ਲੀਲਕਲਾ, ਸੁਖਦੇਵ ਸਿੰਘ ਬਹਿਲੂਵਾਲ, ਗੁਰਪ੍ਰੀਤ ਸਿੰਘ ਭੁੱਲਰ, ਸਰਵਣ ਸਿੰਘ ਭਾਮੜੀ, ਬਲਜੀਤ ਸਿੰਘ ਨੱਤ ਨੂੰ ਸੰਗਤ ਵੱਲੋਂ ਪ੍ਰਵਾਨਗੀ ਦੇ ਦੌਰਾਨ ਕਮੇਟੀ ਦਾ ਮੈਂਬਰ ਚੁਣਿਆ ਗਿਆ। ਇਸ ਮੀਟਿੰਗ ਵਿੱਚ ਸੈਂਕੜੇ ਕਿਸਾਨ ਕਿਰਤੀ ਮਜ਼ਦੂਰ ਵੀਰਾਂ ਨੇ ਹਾਜ਼ਰੀ ਭਰੀ। ਹਰਭਜਨ ਸਿੰਘ ਨੱਤ ਵੱਲੋਂ ਜਥੇਬੰਦੀ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਆਉਣ ਵਾਲੇ ਦਿਨਾਂ ਦੇ ਵਿੱਚ ਬਲਾਕ ਨੂੰ ਸੰਗਠਿਤ ਕਰਕੇ ਵੱਡੀ ਗਿਣਤੀ ਵਿੱਚ ਪਿੰਡਾਂ ਵਿੱਚ ਇਕਾਈਆਂ ਦਾ ਗਠਨ ਕੀਤਾ ਜਾਵੇਗਾ। ਇਸ ਮੌਕੇ 'ਤੇ ਸੁਖਦੇਵ ਸਿੰਘ ਨੱਤ, ਸਤਨਾਮ ਥਰੀਏਵਾਲ, ਜਸਬੀਰ ਸਿੰਘ ਬਾਊ, ਨਿੰਮਾ ਖਜਾਲਾ, ਪਾਲ ਸਿੰਘ ਖਜਾਲਾ, ਦਰਸ਼ਨ ਹਰਪੁਰਾ, ਹਰਵਿੰਦਰ ਪਡਾ, ਭੁਪਿੰਦਰ ਸਖੋਵਾਲ, ਸਿਮਾ ਢੰਡੇ, ਕਸ਼ਮੀਰ ਰਿਆੜ, ਕੁਲਦੀਪ ਕੋਹਾਲੀ, ਸੁਖਦੇਵ ਧਰਮਕੋਟ, ਲੱਖਬੀਰ ਧੰਦੋਈ, ਸ਼ਾਮ ਮਨੇਸ, ਜੋਤੀ ਲਵ ਅਮਰੀਕ ਬਰਿਆਰ ਆਦਿ ਹਾਜ਼ਰ ਸਨ।

# ਬੰਨ੍ਹਾਂ ਨੂੰ ਮਜ਼ਬੂਤ ਕਰਨ ਤੋਂ ਲੈ ਕੇ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਨਿਵਾਸੀਆਂ ਨਾਲ ਹਰ ਤਰ੍ਹਾਂ ਦੀ ਸਹਾਇਤਾ ਲਈ ਖੜ੍ਹੀ ਹੈ ਸਰਕਾਰ: ਗੋਇਲ



ਫਿਰੋਜ਼ਪੁਰ, 21 ਅਗਸਤ (ਤਿਵਾੜੀ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਰਿਆਵਾਂ ਵਿੱਚ ਪਾਣੀ ਦੇ ਵਧੇ ਪੱਧਰ ਕਾਰਨ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਕੰਮਾਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਤੇ ਪੰਜਾਬ ਸਰਕਾਰ ਲੋਕਾਂ ਦੇ ਫਸਲਾਂ ਤੇ ਹੋਰ ਹੋਏ ਨੁਕਸਾਨ ਦੀ ਪੂਰੀ ਭਰਪਾਈ ਕਰੇਗੀ। ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਫਿਰੋਜ਼ਪੁਰ ਦੇ ਪਿੰਡਾਂ ਟੇਂਡੀ ਵਾਲਾ, ਗਜ਼ਨੀ ਵਾਲਾ ਤੇ ਧੀਰਾ ਘਾਰਾਂ ਵਿਚ ਪਾਣੀ ਦਾ ਪੱਧਰ ਵਧਣ ਕਰਕੇ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਨ ਮੌਕੇ ਇਹ ਗੱਲ ਕਹੀ। ਇਸ ਮੌਕੇ ਵਿਧਾਇਕ ਹਲਕਾ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਹਲਕਾ ਫਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਯਾ, ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੈਬਿਨਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਾਣੀ ਨਾਲ ਪ੍ਰਭਾਵਿਤ ਖੇਤਰਾਂ ਅੰਦਰ ਰਾਹਤ ਕਾਰਜਾਂ ਦੀ ਨਿਗਰਾਨੀ ਲਈ 8 ਕੈਬਨਿਟ ਮੰਤਰੀਆਂ ਦੀ ਡਿਊਟੀ ਲਗਾਈ ਗਈ ਹੈ, ਜੋ ਵੱਖ ਵੱਖ ਜ਼ਿਲ੍ਹਿਆਂ ਦਾ ਦੌਰਾ ਕਰਕੇ ਪ੍ਰਭਾਵਿਤ ਪਿੰਡਾਂ ਦੇ ਨਿਵਾਸੀਆਂ ਤੱਕ ਸਿੱਧੀ ਪਹੁੰਚ ਕਰ ਰਹੇ ਹਨ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਹੱਲ ਕਰ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਜ਼ਮੀਨੀ ਪੱਧਰ 'ਤੇ ਕੋਈ ਹੜ੍ਹ ਪ੍ਰਭਾਵਿਤ ਪਿੰਡ ਨਾ ਰਹਿ ਜਾਵੇ, ਇਸ ਦੇ ਲਈ ਸੈਕਟਰਾਂ ਦੇ ਵਿੱਚ ਵੰਡ ਕਰਕੇ ਅਧਿਕਾਰੀਆਂ ਨੂੰ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਸਭ ਤੋਂ ਅਹਿਮ ਪਹਿਲ ਹੜ੍ਹ ਪ੍ਰਭਾਵਿਤਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਦੇ ਨਾਲ ਨਾਲ ਸਿਹਤ ਸੰਭਾਲ, ਰਾਸ਼ਨ ਮੁਹੱਈਆ ਕਰਵਾਉਣਾ ਅਤੇ ਪਸ਼ੂ ਧਨ ਦੀ ਸੰਭਾਲ ਹੈ। ਇਸ ਦੌਰਾਨ ਕੈਬਿਨਟ ਮੰਤਰੀ ਵੱਲੋਂ ਪੀੜਤ ਪਰਿਵਾਰਾਂ ਨਾਲ ਗੱਲਬਾਤ ਵੀ ਕੀਤੀ ਗਈ ਤੇ ਦਰਪੇਸ਼ ਮੁਸ਼ਕਲਾਂ ਸੁਣੀਆਂ ਅਤੇ ਅਧਿਕਾਰੀਆਂ ਨੂੰ ਮੌਕੇ 'ਤੇ ਲੋੜਵੰਦਾਂ ਤੱਕ ਹਰ ਸੰਭਵ ਸਹਾਇਤਾ ਪਹੁੰਚਾਉਣ ਦੇ ਹੁਕਮ ਦਿੱਤੇ। ਹੜ੍ਹ ਰੋਕੂ ਕਾਰਜਾਂ ਬਾਰੇ ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਹੜ੍ਹ ਰੋਕੂ ਕਾਰਜਾਂ ਉੱਪਰ ਪੰਜਾਬ ਸਰਕਾਰ ਵੱਲੋਂ 276 ਕਰੋੜ ਰੁਪਏ ਖਰਚ ਕੀਤੇ ਗਏ ਹਨ। ਇਸ ਮੌਕੇ ਐਸਡੀਐਮ ਗੁਰਮੀਤ ਸਿੰਘ, ਐਸਡੀਐਮ ਗੁਰੂਹਰਸਹਾਏ ਉਦੇਦੀਪ ਸਿੰਘ ਸਿੱਧੂ, ਆਰ.ਟੀ.ਏ. ਅਮਨਦੀਪ, ਐਸ.ਈ. ਰਾਜਨ ਢੀਂਗਰਾ, ਸੰਦੀਪ ਗੋਇਲ, ਮੈਡਮ ਅਮਨਦੀਪ ਕੌਰ ਗੋਸਲ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਤੇ ਪਿੰਡ ਵਾਸੀ ਹਾਜ਼ਰ ਸਨ।

# ਪਰਾਲੀ ਨਾ ਸਾੜਨ ਸਬੰਧੀ ਕਿਸਾਨ ਸਿਖਲਾਈ ਕੈਂਪ ਲਗਾਇਆ



ਚੌਕ ਮਹਿਤਾ, 21 ਅਗਸਤ (ਬਲਜਿੰਦਰ ਸਿੰਘ ਰੰਧਾਵਾ): ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮੁੱਖ ਖੇਤੀਬਾੜੀ ਅਫਸਰ ਅੰਮ੍ਰਿਤਸਰ ਬਲਵਿੰਦਰ ਸਿੰਘ ਛੀਨਾ/ ਬਲਾਕ ਅਫਸਰ ਰਈਆ ਦੇ ਹੁਕਮਾਂ ਤਹਿਤ ਸਰਕਲ ਇੰਚਾਰਜ ਪਰਮਿੰਦਰ ਸਿੰਘ ਬਾਠ ਖੇਤੀਬਾੜੀ ਇਸਪੈਕਟਰ ਮਹਿਤਾ ਵੱਲੋਂ ਪਿੰਡ ਰਜਧਾਨ ਦੀ ਗ੍ਰਾਮ ਪੰਚਾਇਤ ਦੇ ਸਹਿਯੋਗ 953 ਸਕੀਮ ਅਧੀਨ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਜਿਸ ਵਿੱਚ ਖੇਤੀਬਾੜੀ ਵਿਸਥਾਰ ਅਫਸਰ ਤਲਵਿੰਦਰ ਸਿੰਘ ਹੁੰਦਲ ਵੱਲੋਂ ਪਰਾਲੀ ਸਾੜਨ ਨਾਲ ਉਪਜਾਊ ਜ਼ਮੀਨ ਤੇ ਮਨੁੱਖੀ ਸਿਹਤ 'ਤੇ ਪੈ ਰਹੇ ਮਾੜੇ ਪ੍ਰਭਾਵ ਬਾਰੇ ਜਾਣਕਾਰੀ ਦਿੱਤੀ ਗਈ। ਸੁਖਜਿੰਦਰ ਸਿੰਘ ਖੇਤੀਬਾੜੀ ਇਸਪੈਕਟਰ ਬੁਤਾਲਾ ਨੇ ਮਿੱਟੀ ਪਰਖ ਤੇ ਸਬਸਿਡੀ ਤੇ ਖੇਤੀ ਸੰਦਾਂ ਬਾਰੇ ਜਾਣਕਾਰੀ ਦਿੱਤੀ ਪਰਮਿੰਦਰ ਸਿੰਘ ਖੇਤੀਬਾੜੀ ਇਸਪੈਕਟਰ ਨੇ ਪੀਐਮ ਕਿਸਾਨ ਪੈਨਸ਼ਨ ਸਕੀਮ ਤੇ ਸਰਕਾਰ ਵੱਲੋਂ ਵਿਭਾਗ ਵਿਚ ਚਲਾਈਆਂ ਜਾ ਰਹੀਆਂ ਵੱਖ ਵੱਖ ਸਕੀਮਾਂ ਤੋਂ ਜਾਣੂੰ ਕਰਵਾਇਆ। ਇਸ ਕੈਂਪ ਵਿੱਚ ਅਮਰਜੀਤ ਸਿੰਘ ਫੀਲਡ ਵਰਕਰ, ਮਨਜਿੰਦਰ ਸਿੰਘ, ਹਰਦੇਵ ਸਿੰਘ, ਅਮਰਜੀਤ ਸਿੰਘ ਫੌਜੀ, ਸੁਖਜਿੰਦਰ ਸਿੰਘ, ਗੁਰਦੇਵ ਸਿੰਘ ਆਦਿ ਹਾਜ਼ਰ ਸਨ।

# ਅਕਾਲ ਅਕੈਡਮੀ ਤੇਜਾ ਸਿੰਘ ਵਾਲਾ ਦੇ ਵਿਦਿਆਰਥੀਆਂ ਨੇ 69ਵੀਆਂ ਪੰਜਾਬ ਸਕੂਲ ਖੇਡਾਂ 'ਚ ਵਧੀਆ ਪ੍ਰਦਰਸ਼ਨ ਕੀਤਾ



ਬੜੂ ਸਾਹਿਬ, 21 ਅਗਸਤ (ਅੰਮ੍ਰਿਤਪਾਲ ਸਿੰਘ): ਕਲਗੀਧਰ ਟਰੱਸਟ ਬੜੂ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚੱਲ ਰਹੀ ਅਕਾਲ ਅਕੈਡਮੀ ਤੇਜਾ ਸਿੰਘ ਵਾਲਾ ਦੇ ਵਿਦਿਆਰਥੀਆਂ ਨੇ 69ਵੀਆਂ ਪੰਜਾਬ ਸਕੂਲ ਖੇਡਾਂ 2025 (ਜ਼ਿਲ੍ਹਾ ਪੱਧਰੀ) ਵਿੱਚ ਭਾਗ ਲਿਆ ਤੇ ਵਧੀਆ ਪ੍ਰਦਰਸ਼ਨ ਕਰਕੇ ਸਕੂਲ ਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ। ਤਰਨਤਾਰਨ ਜ਼ੋਨ-2 ਵਿੱਚ ਹੋਈਆਂ ਖੇਡਾਂ ਵਿੱਚ ਅਕਾਲ ਅਕੈਡਮੀ ਦੇ ਵਾਲੀਬਾਲ (ਅੰਡਰ-17) ਵਿੱਚ ਤੀਸਰਾ ਸਥਾਨ ਹਾਸਲ ਕੀਤਾ ਤੇ ਅਕਾਲ ਅਕੈਡਮੀ ਦੇ 2 ਹੋਣਹਾਰ ਖਿਡਾਰੀ ਜ਼ਿਲ੍ਹਾ ਟੀਮ ਲਈ ਚੁਣੇ ਗਏ। ਗੱਤਕਾ ਮੁਕਾਬਲਿਆਂ ਵਿੱਚ ਵੀ ਵਿਦਿਆਰਥੀਆਂ ਨੇ ਕਾਬਿਲੇ-ਤਾਰੀਫ਼ ਪ੍ਰਦਰਸ਼ਨ ਕੀਤਾ, ਜਿਸ ਵਿੱਚੋਂ ਸਿਮਰਨਜੋਤ ਕੌਰ (ਉਮਰ ਵਰਗ-17) ਨੇ ਵਿਅਕਤੀਗਤ ਪ੍ਰਦਰਸ਼ਨ ਵਿੱਚ ਗੋਲਡ ਮੈਡਲ ਜਿੱਤਿਆ, ਉਮਰ ਵਰਗ 14 ਲੜਕੀਆਂ ਦੀ ਫ੍ਰੀ ਸੋਟੀ ਟੀਮ ਨੇ ਸਿਲਵਰ ਮੈਡਲ ਹਾਸਲ ਕੀਤਾ, ਉਮਰ ਵਰਗ 14 ਲੜਕੀਆਂ ਨੇ ਵਿਅਕਤੀਗਤ ਫ੍ਰੀ ਸੋਟੀ ਮੁਕਾਬਲੇ ਵਿੱਚ ਕਾਂਸੇ ਦਾ ਮੈਡਲ ਜਿੱਤਿਆ, ਉਮਰ ਵਰਗ 17 ਦੀਆਂ ਵਿਦਿਆਰਥਣਾਂ ਦੀ ਸਿੰਗਲ ਸੋਟੀ ਟੀਮ ਨੇ ਕਾਂਸੇ ਦਾ ਮੈਡਲ ਜਿੱਤਿਆ, ਉਮਰ ਵਰਗ 17 ਲੜਕੀਆਂ ਨੇ ਵਿਅਕਤੀਗਤ ਫ੍ਰੀ ਸੋਟੀ ਤੇ ਸਿੰਗਲ ਸੋਟੀ ਮੁਕਾਬਲਿਆਂ ਵਿੱਚ ਕਾਂਸੇ ਦੇ ਮੈਡਲ ਜਿੱਤੇ, ਉਮਰ ਵਰਗ 19 ਲੜਕੀਆਂ ਨੇ ਵਿਅਕਤੀਗਤ ਸਿੰਗਲ ਸੋਟੀ ਮੁਕਾਬਲੇ ਵਿੱਚ ਕਾਂਸੇ ਦਾ ਮੈਡਲ ਜਿੱਤਿਆ, ਉਮਰ ਵਰਗ 14 ਲੜਕਿਆਂ ਦੀ ਸਿੰਗਲ ਸੋਟੀ ਟੀਮ ਨੇ ਕਾਂਸੇ ਦਾ ਮੈਡਲ ਹਾਸਲ ਕੀਤਾ, ਉਮਰ ਵਰਗ 19 ਲੜਕੀਆਂ ਦੀ ਸਿੰਗਲ ਸੋਟੀ ਟੀਮ ਨੇ ਵੀ ਕਾਂਸੇ ਦਾ ਮੈਡਲ ਹਾਸਲ ਕੀਤਾ। ਅਕਾਲ ਅਕੈਡਮੀ ਤੇਜਾ ਸਿੰਘ ਵਾਲਾ ਦੇ ਪ੍ਰਿੰਸੀਪਲ ਮੰਜੂ ਤਲਵਾਰ ਨੇ ਜੇਤੂ ਵਿਦਿਆਰਥੀਆਂ ਨੂੰ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ, ਗੱਤਕਾ ਅਧਿਆਪਕ ਵਰਿੰਦਰ ਸਿੰਘ ਤੇ ਪੀ.ਟੀ.ਆਈ. ਹਰਪਾਲ ਸਿੰਘ ਨੂੰ ਵੀ ਉਨ੍ਹਾਂ ਦੀ ਮਿਹਨਤ ਲਈ ਸਨਮਾਨਿਤ ਕੀਤਾ ਗਿਆ ਤੇ ਹੋਰ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ।

# ਨਗਰ ਕੌਂਸਲ ਸਰਹੰਦ ਵੱਲੋਂ ਓਟੀਐਸ ਸਕੀਮ ਅਧੀਨ ਪ੍ਰਾਪਰਟੀ ਟੈਕਸ 31 ਤੱਕ ਬਿਨਾਂ ਜੁਰਮਾਨਾ ਤੇ ਵਿਆਜ ਤੋਂ ਭਰਿਆ ਜਾ ਸਕਦੈ: ਅਧਿਕਾਰੀ ਨਗਰ ਕੌਂਸਲ



ਫਤਹਿਗੜ੍ਹ ਸਾਹਿਬ, 21 ਅਗਸਤ (ਹਰਪ੍ਰੀਤ ਕੌਰ ਟਿਵਾਣਾ): ਪ੍ਰਮੁੱਖ ਸਕੱਤਰ, ਸਥਾਨਕ ਸਰਕਾਰ ਵਿਭਾਗ, ਪੰਜਾਬ ਚੰਡੀਗੜ੍ਹ ਤੇ ਵਧੀਕ ਡਿਪਟੀ ਕਮਿਸ਼ਨਰ (ਜ.) ਫਤਿਹਗੜ੍ਹ ਸਾਹਿਬ ਅਤੇ ਕਾਰਜਸਾਧਕ ਅਫਸਰ ਚੇਤਨ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਗਰ ਕੌਂਸਲ ਸਰਹਿੰਦ-ਫਤਹਿਗੜ੍ਹ ਸਾਹਿਬ ਦੀ ਹਦੂਦ ਵਿੱਚ ਰਹਿੰਦੇ ਸਮੂਹ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਸਰਕਾਰ ਵੱਲੋਂ ਪ੍ਰੋਪਰਟੀ ਟੈਕਸ ਭਰਨ ਲਈ OTS (One Time Satalment Scheem) ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਰਹਿੰਦੇ ਪ੍ਰੋਪਰਟੀ ਟੈਕਸ 'ਤੇ ਮਿਤੀ 31.08.2025 ਤੱਕ ਕੋਈ ਵੀ ਜੁਰਮਾਨਾ ਜਾਂ ਵਿਆਜ ਨਹੀਂ ਲਗੇਗਾ। ਮੀਟਿੰਗ ਤੋਂ ਦੌਰਾਨ ਅਧਿਕਾਰੀਆਂ ਨੇ ਦੱਸਿਆ ਕਿ ਬਕਾਇਆ ਰਹਿੰਦਾ ਪ੍ਰੋਪਰਟੀ ਟੈਕਸ ਨਗਰ ਕੌਂਸਲ ਦੀ ਪ੍ਰੋਪਰਟੀ ਸ਼ਾਖਾ ਵਿੱਚ ਜਮ੍ਹਾਂ ਕਰਵਾਇਆ ਜਾਵੇ ਤੇ ਆਪਣਾ ਪ੍ਰੋਪਰਟੀ ਟੈਕਸ ਜਮਾ ਕਰਕੇ ਵਨ ਟਾਈਮ ਸੈਟਲਮੈਂਟ ਸਕੀਮ ਦਾ ਲਾਭ ਪ੍ਰਾਪਤ ਕੀਤਾ ਜਾਵੇ। ਇਸ ਮੌਕੇ ਇੰਸਪੈਕਟਰ ਸਤਪਾਲ, ਇੰਸਪੈਕਟਰ ਰਾਜੀਵ ਕੁਮਾਰ, ਜੂਨੀਅਰ ਸਹਾਇਕ ਇੰਦਰਜੀਤ ਢੰਡ ਤੇ ਸਮੂਹ ਸਟਾਫ ਹਾਜ਼ਰ ਸਨ।

# ਹੜ੍ਹ ਪੀੜਤਾਂ ਲਈ ਬੀਬਾ ਪੂਜਾ ਲੂਥਰਾ ਸੱਚਦੇਵਾ ਬਣੀ ਮਸੀਹਾ



ਫ਼ਾਜ਼ਿਲਕਾ, 21 ਅਗਸਤ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਤਲੁਜ ਦਰਿਆ ਵਿੱਚ ਪਿਛਲੇ ਦਿਨੀਂ ਅਚਾਨਕ ਪਾਣੀ ਵੱਧ ਜਾਣ ਕਾਰਨ ਸਰਹੱਦੀ ਇਲਾਕੇ ਦੇ ਕਈ ਪਿੰਡ ਹੜ੍ਹ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। ਖਾਸ ਤੌਰ 'ਤੇ ਦੋਨਾਂ ਨਾਨਕਾ, ਤੇਜਾ ਰੁਹੇਲਾ, ਗਟੀ ਨੰਬਰ 3 ਤੇ ਮੌਜਮ ਵਰਗੇ ਪਿੰਡਾਂ ਦੇ ਨਿਵਾਸੀ ਹੜ੍ਹ ਨਾਲ ਵੱਡੀਆਂ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਪਿੰਡ ਵਾਸੀਆਂ ਦੇ ਘਰਾਂ ਵਿੱਚ ਪਾਣੀ ਵੜ ਜਾਣ ਨਾਲ ਰੋਜ਼ਾਨਾ ਦੀ ਜ਼ਿੰਦਗੀ ਠੱਪ ਹੋ ਗਈ ਹੈ। ਲੋਕਾਂ ਨੂੰ ਖਾਣ-ਪੀਣ ਦੀਆਂ ਚੀਜ਼ਾਂ, ਸਾਫ਼ ਪਾਣੀ ਤੇ ਪਸ਼ੂਆਂ ਲਈ ਚਾਰੇ ਦੀ ਕਮੀ ਵਰਗੀਆਂ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਨ੍ਹਾਂ ਨਾਜ਼ੁਕ ਹਾਲਾਤਾਂ ਵਿੱਚ, ਜਦ ਲੋਕ ਬੁਨਿਆਦੀ ਜ਼ਰੂਰਤਾਂ ਲਈ ਸੰਘਰਸ਼ ਕਰ ਰਹੇ ਹਨ, ਤਦੋਂ ਬੀਬਾ ਪੂਜਾ ਲੂਥਰਾ ਸਚਦੇਵਾ ਮਦਦ ਲਈ ਮੈਦਾਨ ਵਿੱਚ ਉਤਰੀ। ਉਹ ਖੁਦ ਟਰੈਕਟਰ ਚਲਾ ਕੇ ਪਾਣੀ ਵਿੱਚ ਡੁੱਬੇ ਪਿੰਡਾਂ ਵਿੱਚ ਪਹੁੰਚੀ ਅਤੇ ਲੋਕਾਂ ਲਈ ਰਾਹਤ ਸਮੱਗਰੀ ਵੰਡਦੀ ਨਜ਼ਰ ਆਈ। ਪੂਜਾ ਲੂਥਰਾ ਨੇ ਨਾ ਸਿਰਫ਼ ਪ੍ਰਭਾਵਿਤ ਪਰਿਵਾਰਾਂ ਨੂੰ ਰਾਸ਼ਨ ਵੰਡਿਆ, ਸਗੋਂ ਪਸ਼ੂਆਂ ਲਈ ਚਾਰੇ ਦੀ ਵੀ ਵੰਡ ਕੀਤੀ। ਪਿੰਡ ਵਾਸੀਆਂ ਨੇ ਪੂਜਾ ਲੂਥਰਾ ਦੀ ਇਸ ਕਦਮ ਤੇ ਸੇਵਾ ਭਾਵਨਾ ਦੀ ਖੂਬ ਸਰਾਹਨਾ ਕੀਤੀ। ਪੂਜਾ ਲੂਥਰਾ ਸਚਦੇਵਾ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਪਹੁੰਚ ਕੇ ਮੀਡੀਆ ਨਾਲ ਗੱਲਬਾਤ ਦੌਰਾਨ ਦੱਸਿਆ ਕਿ, ਇਹ ਸਮਾਂ ਕਿਸਾਨਾਂ ਨਾਲ ਖੜ੍ਹੇ ਹੋਣ ਦਾ ਹੈ। ਪਿੰਡ ਵਾਸੀਆਂ ਦੀ ਜ਼ਿੰਦਗੀ ਅਤੇ ਉਹਨਾਂ ਦੇ ਪਸ਼ੂਆਂ ਦੀ ਸੰਭਾਲ ਕਰਨੀ ਸਭ ਤੋਂ ਪਹਿਲੀ ਜ਼ਿੰਮੇਵਾਰੀ ਹੈ। ਪੂਜਾ ਲੂਥਰਾ ਸਚਦੇਵਾ ਨੇ ਦੱਸਿਆ ਕਿ ਹੜ੍ਹ ਦੀ ਮਾਰ ਕਾਰਨ ਸਰਹੱਦੀ ਪਿੰਡਾਂ ਦੀ ਜ਼ਿੰਦਗੀ ਠੱਪ ਹੋ ਜਾਂਦੀ ਹੈ। ਲੋਕਾਂ ਕੋਲ ਰੋਟੀ ਲਈ ਆਟਾ ਨਹੀਂ, ਚਾਹ ਬਣਾਉਣ ਲਈ ਦੁੱਧ ਨਹੀਂ ਅਤੇ ਪਸ਼ੂਆਂ ਕੋਲ ਚਾਰਾ ਨਹੀਂ। ਇਸ ਲਈ ਮੈਂ ਰਾਸ਼ਨ ਅਤੇ ਚਾਰੇ ਦਾ ਪ੍ਰਬੰਧ ਕਰਕੇ ਖੁਦ ਟਰੈਕਟਰ ਚਲਾ ਕੇ ਇਨ੍ਹਾਂ ਪਿੰਡਾਂ ਵਿੱਚ ਪਹੁੰਚੀ। ਜਦ ਤੱਕ ਪਾਣੀ ਦੀ ਸਥਿਤੀ ਸਧਾਰਨ ਨਹੀਂ ਹੁੰਦੀ, ਸਾਡੀ ਟੀਮ ਲੋਕਾਂ ਦੀ ਹਰ ਸੰਭਵ ਮਦਦ ਜਾਰੀ ਰੱਖੇਗੀ।

# ਸਿਹਤ ਵਿਭਾਗ ਵੱਲੋਂ ਅੱਖਾਂ ਦਾਨ ਪੰਦਰਵਾੜਾ ਸਬੰਧੀ ਦਫਤਰ ਸਿਵਲ ਸਰਜਨ ਵਿਖੇ ਜਾਗਰੂਕਤਾ ਪ੍ਰਿੰਟਿੰਗ ਮੈਟੀਰੀਅਲ ਰਿਲੀਜ਼




ਫ਼ਾਜ਼ਿਲਕਾ, 21 ਅਗਸਤ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ. ਰਾਜ ਕੁਮਾਰ ਦੀ ਉਚੇਚੀ ਨਿਗਰਾਨੀ ਵਿੱਚ ਡਾ. ਰੋਹਿਤ ਗੋਇਲ ਸਹਾਇਕ ਸਿਵਲ ਸਰਜਨ ਕਮ ਨੋਡਲ ਅਫ਼ਸਰ ਨੈਸ਼ਨਲ ਪ੍ਰੋਗ੍ਰਾਮ ਆਫ਼ ਕੰਟਰੋਲ ਆਫ਼ ਬਲਾਈਂਡਨੈੱਸ ਦੀ ਦੇਖ ਰੇਖ ਵਿੱਚ ਜ਼ਿਲ੍ਹਾ ਫਾਜ਼ਿਲਕਾ ਵਿੱਚ 25 ਅਗਸਤ ਤੋਂ 8 ਸਤੰਬਰ 2025 ਤੱਕ ਅੱਖਾਂ ਦਾਨ ਸਬੰਧੀ ਜਾਗਰੂਕਤਾ ਪੰਦਰਵਾੜਾ ਮਨਾਇਆ ਜਾ ਰਿਹਾ ਹੈ। ਇਸ ਪੰਦਰਵਾੜੇ ਸਬੰਧੀ ਡਾ. ਰਾਜ ਕੁਮਾਰ ਸਿਵਲ ਸਰਜਨ ਨੇ ਦਫ਼ਤਰ ਸਿਵਲ ਸਰਜਨ ਫਾਜ਼ਿਲਕਾ ਵਿਖੇ ਜਾਗਰੂਕਤਾ ਪ੍ਰਿੰਟਿੰਗ ਮੈਟੀਰੀਅਲ ਜਾਰੀ ਕੀਤਾ। ਇਸ ਮੌਕੇ ਡਾਕਟਰ ਰੋਹਿਤ ਗੋਇਲ ਨੇ ਦੱਸਿਆ ਕਿ ਇਸ ਪੰਦਰਵਾੜੇ ਦਾ ਉਦੇਸ਼ ਲੋਕਾਂ ਨੂੰ ਮਰਨ ਉਪਰੰਤ ਅੱਖਾਂ ਦਾਨ ਕਰਨ ਲਈ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਚਿੱਟੇ ਅਤੇ ਕਾਲੇ ਮੋਤੀਆ ਦੇ ਕਾਰਨ ਲੋਕ ਸਥਾਈ ਅਤੇ ਅਸਥਾਈ ਤੌਰ 'ਤੇ ਅੰਨ੍ਹੇਪਣ ਦਾ ਸ਼ਿਕਾਰ ਹੋ ਰਹੇ ਹਨ। ਅੱਖਾਂ ਦਾਨ ਕਰਨ ਵਾਲਿਆਂ ਦੀ ਗਿਣਤੀ ਘੱਟ ਹੋਣ ਕਾਰਨ ਅੰਨ੍ਹੇਪਣ ਦੇ ਸ਼ਿਕਾਰ ਲੋਕਾਂ ਦੀ ਗਿਣਤੀ ਹਰ ਸਾਲ ਵੱਧ ਰਹੀ ਹੈ। ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਉਹ ਅੱਖਾਂ ਦਾਨ ਕਰਨ ਸਬੰਧੀ ਜਾਗਰੂਕਤਾ ਮੁਹਿੰਮ ਨਾਲ ਜੁੜ ਕੇ ਵੱਧ ਤੋਂ ਵੱਧ ਲੋਕਾਂ ਨੂੰ ਮਰਨ ਉਪਰੰਤ ਅੱਖਾਂ ਦਾਨ ਕਰਨ ਲਈ ਪ੍ਰੇਰਿਤ ਕਰਨ। ਉਨ੍ਹਾਂ ਇਹ ਵੀ ਕਿਹਾ ਕਿ ਇਸ ਪੰਦਰਵਾੜੇ ਦੌਰਾਨ ਸਿਹਤ ਵਿਭਾਗ ਦੇ ਸਮੂਹ ਸਟਾਫ਼ ਵੱਲੋਂ ਜਾਗਰੂਕਤਾ ਗਤੀਵਿਧੀਆਂ ਕਰਕੇ ਲੋਕਾਂ ਨੂੰ ਮਰਨ ਉਪਰੰਤ ਅੱਖਾਂ ਦਾਨ ਕਰਨ ਦੇ ਨਾਲ ਨਾਲ ਅੱਖਾਂ ਦੀਆਂ ਬਿਮਾਰੀਆਂ, ਅੰਨ੍ਹੇਪਣ ਦੇ ਕਾਰਣ ਅਤੇ ਇਲਾਜ ਸਬੰਧੀ ਵੀ ਜਾਗਰੂਕ ਕੀਤਾ ਜਾਵੇਗਾ। ਅੱਖਾਂ ਦਾਨ ਕਰਨ ਵਾਲਾ ਇੱਕ ਵਿਅਕਤੀ ਦੋ ਲੋਕਾਂ ਨੂੰ ਰੌਸ਼ਨੀ ਦੇ ਸਕਦਾ ਹੈ। ਕੋਈ ਵੀ ਵਿਅਕਤੀ ਕਿਸੇ ਵੀ ਉਮਰ ਵਿੱਚ ਭਾਵੇਂ ਅੱਖਾਂ ਵਿੱਚ ਲੈਂਜ਼ ਪਾਏ ਹੋਣ, ਐਨਕਾਂ ਲੱਗੀਆਂ ਹੋਣ, ਅੱਖਾਂ ਦਾ ਅਪ੍ਰੇਸ਼ਨ ਕੀਤਾ ਹੋਵੇ ਤਾਂ ਵੀ ਅੱਖਾਂ ਦਾਨ ਕਰ ਸਕਦਾ ਹੈ। ਇਸ ਮੌਕੇ ਡਾ. ਏਰਿਕ ਸੀਨੀਅਰ ਮੈਡੀਕਲ ਅਫਸਰ, ਵਿਨੋਦ ਖੁਰਾਣਾ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ, ਮਨਬੀਰ ਸਿੰਘ ਡਿਪਟੀ ਮਾਸ ਮੀਡੀਆ ਅਫ਼ਸਰ, ਪਰਮਜੀਤ ਕੌਰ ਕੰਪਿਊਟਰ ਆਪਰੇਟਰ ਹਾਜ਼ਰ ਹਨ।

# ਸ਼ਹੀਦ ਦੇਸ਼ ਦਾ ਸਰਮਾਇਆ: ਪ੍ਰੋ. ਜਲਵੇੜਾ



ਮੰਡੀ ਗੋਬਿੰਦਗੜ੍ਹ, 21 ਅਗਸਤ (ਸੂਦ): ਦੇਸ਼ ਦੀ ਸਰਹੱਦ 'ਤੇ ਸ਼ਹੀਦ ਹੋਣ ਵਾਲੇ ਫੌਜੀ ਜਵਾਨਾਂ 'ਤੇ ਦੇਸ਼ ਨੂੰ ਹਮੇਸ਼ਾ ਮਾਣ ਰਹੇਗਾ, ਦੇਸ਼ ਦੀ ਰੱਖਿਆ ਕਰਨ 'ਚ ਫੌਜੀ ਜਵਾਨਾਂ ਦਾ ਅਹਿਮ ਯੋਗਦਾਨ ਹੈ ਜੋ ਸ਼ਹੀਦ ਹੋ ਕੇ ਦੇਸ਼ ਅਤੇ ਲੋਕਾਂ ਦੀ ਰੱਖਿਆ ਕਰਦੇ ਹਨ, ਇਹ ਇੱਕ ਵੱਡਾ ਕਾਰਜ ਹੈ। ਦੇਸ਼ ਦੀ ਰੱਖਿਆ ਕਰਦਿਆਂ ਜਾਨ ਨਿਛਾਵਰ ਕਰ ਦੇਣਾ ਹਰ ਇੱਕ ਦੇ ਹਿੱਸੇ ਨਹੀਂ ਆਉਂਦਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਲੋਕ ਆਗੂ ਪ੍ਰੋਫੈਸਰ ਧਰਮਜੀਤ ਜਲਵੇੜਾ ਨੇ ਪਿੰਡ ਬਦੀਨਪੁਰ ਦੇ ਸ਼ਹੀਦ ਹਰਮਿੰਦਰ ਸਿੰਘ ਦੇ ਮਾਪਿਆਂ ਨਾਲ ਦੁੱਖ ਵੰਡਾਉਣ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਬਜ਼ੁਰਗ ਮਾਂ ਬਾਪ ਨੂੰ ਛੱਡ ਇਕਲੌਤਾ ਪੁੱਤਰ ਸਦਾ ਲਈ ਇਸ ਜਹਾਨ ਤੋਂ ਤੁਰ ਗਿਆ, ਪੁੱਤਰ ਦੀ ਅਰਥੀ ਪਿਤਾ ਦੇ ਮੋਢਿਆਂ 'ਤੇ ਦੁਨੀਆਂ ਦਾ ਸਭ ਤੋਂ ਵੱਡਾ ਭਾਰ ਹੈ ਪਰ ਇਹ ਸਭ ਪ੍ਰਮਾਤਮਾ ਦੀ ਰਜ਼ਾ ਤੇ ਭਾਣਾ ਹੈ, ਮਨੁੱਖ ਇਸ ਨੂੰ ਰੋਕ ਜਾਂ ਮੋੜ ਨਹੀਂ ਸਕਦਾ। ਉਨ੍ਹਾਂ ਕਿਹਾ ਕਿ ਸ਼ਹੀਦ ਦੇ ਪਿਤਾ ਨੇ ਹੁਬਕੀ ਰੋਂਦਿਆਂ ਦੱਸਿਆ ਕਿ ਘਰ ਦੀ ਗ਼ਰੀਬੀ ਦੇ ਬਾਵਜੂਦ ਉਸ ਨੇ ਆਪਣੇ ਪੁੱਤਰ ਨੂੰ ਫੌਜ ਦੀ ਭਰਤੀ ਤੱਕ ਕਿਸੇ ਪਾਸਿਓਂ ਕੋਈ ਤੰਗੀ ਨਹੀਂ ਆਉਣ ਦਿੱਤੀ, ਪੁੱਤਰ ਦੇ ਜਾਣ ਨਾਲ ਉਸ ਦਾ ਬੁਢਾਪਾ ਰੁਲ ਗਿਆ, ਘਰ ਬਿਮਾਰ ਪਈ ਭੈਣ ਦਾ ਉਹ ਅਕਸਰ ਫਿਕਰ ਕਰਦਾ ਸੀ। ਉਹ ਘਰ ਦੀ ਗਰੀਬੀ ਨੂੰ ਦੂਰ ਕਰਨ ਦੀਆਂ ਗੱਲਾਂ ਕਰਦਾ ਪਰ ਪਰਮਾਤਮਾ ਨੂੰ ਕੁੱਝ ਹੋਰ ਮਨਜ਼ੂਰ ਸੀ, ਡਾਕ ਰਾਹੀਂ ਭੇਜੀਆਂ ਰੱਖੜੀਆਂ ਵੀ ਉਸ ਨੂੰ ਬੰਨਣੀਆਂ ਨਸੀਬ ਨਾ ਹੋਈਆਂ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸ਼ਹੀਦ ਦੇ ਪਰਿਵਾਰ ਲਈ ਕੀਤੇ ਐਲਾਨ ਜਲਦ ਪੂਰੇ ਕੀਤੇ ਜਾਣ ਤਾਂ ਜੋ ਗਰੀਬੀ 'ਚ ਰਹਿ ਰਹੇ ਸ਼ਹੀਦ ਦੇ ਪਰਿਵਾਰ ਨੂੰ ਸਹੂਲਤਾਂ ਮਿਲ ਸਕਣ। ਇਸ ਮੌਕੇ ਉਨ੍ਹਾਂ ਦੇ ਨਾਲ ਸੰਦੀਪ ਮਲਕੋਮਾਜਰਾ ਤੇ ਹੋਰ ਮੌਜੂਦ ਸਨ।

# ਹੱਥੋਪਾਈ ਕਰਦੇ ਨੇ ਪ੍ਰਾਈਵੇਟ ਬੱਸਾਂ ਵਾਲੇ: ਨਗਰ ਕੌਂਸਲ ਈ.ਓ.



ਭੋਗਪੁਰ, 21 ਅਗਸਤ (ਅਮਰਜੀਤ ਸਿੰਘ ਸੈਣੀ ਜੰਡੀਰ): ਕਰੋੜਾਂ ਰੁਪਏ ਖਰਚ ਕਰਕੇ ਭੋਗਪੁਰ ਦਾ ਬੱਸ ਅੱਡਾ ਬਣਾਇਆ ਗਿਆ, ਤਾਂ ਕਿ ਲੋਕਾਂ ਨੂੰ ਸਹੂਲਤ ਮਿਲ ਸਕੇ, ਕਿਉਂਕਿ ਬੱਸ ਅੱਡਾ ਬਣਾਉਣ ਦੀ ਲੋਕਾਂ ਦੀ ਮੰਗ ਲੰਬੇ ਸਮੇਂ ਤੋਂ ਸੀ, ਪਰ ਬਦਕਿਸਮਤੀ ਨਾਲ ਕੁੱਝ ਸਰਮਾਏਦਾਰ ਲੋਕਾਂ ਦੀ ਮਨਮਰਜ਼ੀ ਦੀ ਭੇਟ ਚੜ੍ਹ ਗਿਆ ਬੱਸ ਅੱਡਾ ਚਾਲੂ ਨਾ ਹੋ ਸਕਿਆ, ਕੁੱਝ ਲੋਕਾਂ ਦੇ ਹਾਈਵੇ ਦੇ ਕਾਰੋਬਾਰ ਚਲਾਉਣ ਕਰਕੇ ਬੱਸ ਅੱਡਾ ਖੰਡਰ ਬਣਾ ਦਿੱਤਾ ਗਿਆ, ਜੇ ਪੁਲ ਬਣਨ ਲੱਗਾ ਤਾਂ ਰੋਕ ਦਿੱਤਾ ਗਿਆ। ਇਹਨਾਂ ਲੋਕਾਂ ਦੀਆਂ ਮਨਮਰਜ਼ੀਆਂ ਕਰਕੇ ਅੱਜ ਮੌਤਾਂ ਹੋ ਰਹੀਆਂ, ਜਾਮ ਲੱਗ ਰਹੇ, ਟਰੈਫਿਕ ਦਾ ਬੁਰਾ ਹਾਲ ਹੈ, ਨਿੱਤ ਦੁਰਘਟਨਾ ਵਾਪਰ ਰਹੀਆਂ ਹਨ, ਮੌਤਾਂ ਹੋ ਰਹੀਆਂ, ਸਭ ਕੁਝ ਦੇਖਦੇ ਹੋਏ ਅੱਜ ਚੜ੍ਹਦੀਕਲਾ ਟਾਈਮ ਟੀਵੀ ਦੀ ਟੀਮ ਪੱਤਰਕਾਰ ਅਮਰਜੀਤ ਸਿੰਘ ਸੈਣੀ ਜੰਡੀਰ ਵਲੋਂ ਨਗਰ ਕੌਂਸਲ ਅਫ਼ਸਰ ਰਾਜੀਵ ਉਬਰਾਏ ਈ.ਓ ਨੂੰ ਮਿਲਿਆ ਗਿਆ, ਤਾਂ ਈਓ ਸਾਹਿਬ ਨੇ ਪੱਲਾ ਝਾੜਦਿਆਂ ਕੋਈ ਖਾਸ ਜਵਾਬ ਨਹੀਂ ਦਿੱਤਾ ਆਖ ਦਿੱਤਾ ਕਿ ਸਰਕਾਰੀ ਬੱਸਾਂ ਬੱਸ ਅੱਡੇ ਵਿੱਚ ਰੁਕ ਰਹੀਆਂ ਹਨ, ਤੇ ਪ੍ਰਾਈਵੇਟ ਬੱਸਾਂ ਵਾਲੇ ਮਨਮਰਜ਼ੀਆਂ ਕਰਦੇ ਹਨ, ਕਿਹਾ ਕਿ ਪ੍ਰਾਈਵੇਟ ਬੱਸਾਂ ਵਾਲੇ ਸਾਡੇ ਮੁਲਾਜ਼ਮਾਂ ਨਾਲ ਹੱਥੋਪਾਈ ਕਰਦੇ ਹਨ ਤੇ ਸਾਰੀ ਜ਼ਿੰਮੇਵਾਰੀ ਪੁਲਿਸ ਪ੍ਰਸ਼ਾਸਨ ਨੂੰ ਦੇ ਦਿੱਤੀ ਗਈ ਹੈ, ਕਿਹਾ ਕਿ ਟੀ ਪੁਆਇੰਟ ਆਦਮਪੁਰ ਚੌਂਕ ਵਿਚ ਲਾਲ ਬੱਤੀਆਂ ਵੀ ਤਿੰਨ ਮਹੀਨੇ ਵਿੱਚ ਵਿੱਚ ਲਗਾ ਦਿੱਤੀਆਂ ਜਾਣਗੀਆਂ। ਇਸ ਦੇ ਸਬੰਧ ਵਿੱਚ ਜਦ ਥਾਣਾ ਮੁਖੀ ਭੋਗਪੁਰ ਰਾਜੇਸ਼ ਕੁਮਾਰ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਨੇ ਵੀ ਜਲਦ ਟਰੈਫਿਕ ਦਾ ਮਸਲਾ ਹੱਲ ਕਰਨ ਦਾ ਕਿਹਾ।

# ਭਗਵਾਨ ਮਹਾਂਵੀਰ ਪਬਲਿਕ ਸਕੂਲ 'ਚ ਲਗਾਇਆ ਵੈਦਿਕ ਗਣਿਤ 'ਤੇ ਸੈਮੀਨਾਰ



ਬੰਗਾ, 21 ਅਗਸਤ (ਪ੍ਰਭਜੋਤ ਸਿੰਘ): ਭਗਵਾਨ ਮਹਾਂਵੀਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਹਾਲ ਹੀ ਵਿੱਚ ਵੈਦਿਕ ਗਣਿਤ 'ਤੇ ਬੱਚਿਆਂ ਲਈ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਹ ਸੈਮੀਨਾਰ ਸਾਇੰਸ ਵਿਭਾਗ ਦੇ ਯੋਗ ਸੀਨੀਅਰ ਸਾਇੰਟਿਸਟ ਐਸੋਸੀਏਸ਼ਨ ਵੱਲੋਂ ਕਰਵਾਇਆ ਗਿਆ। ਜਿਸ ਦਾ ਉਦੇਸ਼ ਭਾਰਤ ਦੀ ਅਮੀਰ ਵਿਰਾਸਤ ਅਤੇ ਇਸ ਦੇ ਵਿਸ਼ਵਵਿਆਪੀ ਯੋਗਦਾਨ ਬਾਰੇ ਜਾਣਕਾਰੀ ਦੇਣਾ ਸੀ। ਸੈਮੀਨਾਰ ਵਿੱਚ ਮਸ਼ਹੂਰ ਰਿਸੋਰਸ ਪਰਸਨ ਡਾ. ਅਸ਼ੀਸ਼ ਅਰੋੜਾ (ਪ੍ਰੋਫੈਸਰ ਅਤੇ ਡਾਇਰੈਕਟਰ ਅੰਮ੍ਰਿਤਸਰ ਕੈਂਪਸ, ਆਈ. ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ) ਨੇ ਆਪਣੇ ਗਿਆਨ ਭਰਪੂਰ ਭਾਸ਼ਣ ਨਾਲ ਸਰੋਤਿਆਂ ਨੂੰ ਪ੍ਰਭਾਵਿਤ ਕੀਤਾ। ਡਾ. ਅਰੋੜਾ ਨੇ ਗਣਿਤ ਦੇ ਭਾਰਤੀ ਅਤੇ ਪੱਛਮੀ ਦ੍ਰਿਸ਼ਟੀਕੋਣ ਵਿੱਚ ਸਪੱਸ਼ਟ ਅੰਤਰ ਦੱਸਿਆ। ਉਨ੍ਹਾਂ ਨੇ ਬੱਚਿਆਂ ਨੂੰ ਗਣਿਤ ਦੀਆਂ ਕੁਝ ਬੁਨਿਆਦੀ ਗਣਨਾਵਾਂ ਵੈਦਿਕ ਗਣਿਤ ਅਨੁਸਾਰ ਦੱਸੀਆਂ। ਉਨ੍ਹਾਂ ਨੇ ਬੱਚਿਆਂ ਤੋਂ ਗਣਿਤ ਵਿਸ਼ੇ ਵਿੱਚ ਆਉਣ ਵਾਲੀਆਂ ਮੁਸ਼ਕਲਾਂ ਪੁੱਛੀਆਂ ਅਤੇ ਉਨ੍ਹਾਂ ਨੂੰ ਹੱਲ ਕਰਨ ਦੇ ਤਰੀਕੇ ਵੀ ਦੱਸੇ। ਸੈਮੀਨਾਰ ਵਿੱਚ 260 ਬੱਚਿਆਂ ਨੇ ਭਾਗ ਲਿਆ। ਬੀ. ਐਸ. ਪੀ. ਐਸ ਸਕੂਲ ਤੋਂ ਇਲਾਵਾ ਕੁਝ ਹੋਰ ਸਕੂਲਾਂ ਦੇ ਬੱਚਿਆਂ ਨੇ ਵੀ ਇਸ ਸੈਮੀਨਾਰ ਵਿੱਚ ਭਾਗ ਲਿਆ। ਵੈਦਿਕ ਗਣਿਤ ਦੇ ਗਣਨਾ ਦੇ ਤਰੀਕਿਆਂ ਤੋਂ ਬੱਚੇ ਬਹੁਤ ਪ੍ਰਭਾਵਿਤ ਹੋਏ ਅਤੇ ਉਨ੍ਹਾਂ ਨੇ ਵੱਧ ਚੜ੍ਹ ਕੇ ਇਸ ਵਿੱਚ ਹਿੱਸਾ ਲਿਆ। ਇਸ ਸੈਮੀਨਾਰ ਵਿੱਚ ਸਕੂਲ ਦੀ ਲੀਡਰਸ਼ਿਪ, ਜਿਸ ਵਿੱਚ ਮੈਨੇਜਰ ਸ਼੍ਰੀ ਕਸ਼ਵ ਜੈਨ ਜੀ, ਡਾਇਰੈਕਟਰ ਵਰੁਣ ਸੈਨ ਜੀ, ਪ੍ਰਿੰਸੀਪਲ ਸ਼੍ਰੀਮਤੀ ਕੇ. ਵਸੁਧਾ ਜੈਨ, ਕਲੱਬ ਇੰਚਾਰਜ ਮਨਜੀਤ ਕੌਰ ਨੇ ਸ਼ਿਰਕਤ ਕੀਤੀ। ਉਨ੍ਹਾਂ ਦੀ ਮੌਜੂਦਗੀ ਨੇ ਭਾਰਤ ਸੰਸਕ੍ਰਿਤੀ ਅਤੇ ਸਿੱਖਿਆ ਦੀ ਡੂੰਘੀ ਸਮਝ ਨੂੰ ਉਤਸ਼ਾਹਿਤ ਕਰਨ ਲਈ ਸਕੂਲ ਦੀ ਪ੍ਰਤੀਬੱਧਤਾ ਨੂੰ ਰੇਖਾਂਕਿਤ ਕੀਤਾ। ਸੈਮੀਨਾਰ ਨੂੰ ਵਿਦਿਆਰਥੀਆਂ ਵੱਲੋਂ ਚੰਗਾ ਹੁੰਗਾਰਾ ਮਿਲਿਆ।

# ਧਰਮਪੁਰ 'ਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਆਪ ਆਗੂਆਂ ਨੇ ਵਿਸ਼ਾਲ ਇਕੱਠ ਕਰਕੇ ਕੀਤਾ ਨਸ਼ਿਆਂ ਵਿਰੁੱਧ ਜਾਗਰੂਕ



ਮੁਕੇਰੀਆਂ, 21 ਅਗਸਤ (ਧਰਮ ਚੰਦ): ਨਸ਼ੇ ਦੇ ਕੋਹੜ ਨੂੰ ਜੜ੍ਹੋਂ ਪੁੱਟ ਕੇ ਇੱਕ ਸਿਹਤਮੰਦ ਤੇ ਨਰੋਏ ਸਮਾਜ ਦੀ ਸਿਰਜਣਾ ਕਰਨ ਦੇ ਮੰਤਵ ਨੂੰ ਲੈ ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਸਬੰਧੀ ਆਪ ਹਲਕਾ ਇੰਚਾਰਜ ਪ੍ਰੋ.ਜੀ.ਐਸ.ਮੁਲਤਾਨੀ ਵੱਲੋਂ ਟੀਮ ਸਮੇਤ ਪਿੰਡ ਪਿੰਡ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਪ੍ਰੋ. ਜੀ.ਐਸ.ਮੁਲਤਾਨੀ ਹੋਰਾਂ ਦੇ ਦਿਸ਼ਾ ਨਿਰਦੇਸ਼ਾਂ 'ਤੇ ਉਨ੍ਹਾਂ ਦੀ ਟੀਮ ਅੱਜ ਹਲਕੇ ਦੇ ਪਿੰਡ ਧਰਮਪੁਰ ਪੁੱਜੀ, ਜਿੱਥੇ ਉਹਨਾਂ ਦਾ ਸਵਾਗਤ ਪਿੰਡ ਦੀ ਸਰਪੰਚ ਰਾਖੀ ਦੇਵੀ, ਰਾਮ ਦਿੱਤਾ, ਮੈਂਬਰ ਸਾਹਿਬਾਨਾਂ ਤੇ ਸਮੂਹ ਪਿੰਡ ਵਾਸੀਆਂ ਵੱਲੋਂ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪਲਾਨਿੰਗ ਬੋਰਡ ਦੇ ਮੈਂਬਰ ਤੇ ਸੰਗਠਨ ਇੰਚਾਰਜ ਐਡਵੋਕੇਟ ਗੁਰਿੰਦਰਜੀਤ ਸਿੰਘ, ਬਲਾਕ ਪ੍ਰਧਾਨ ਅਮਿਤ ਕੁਮਾਰ, ਬਲਾਕ ਪ੍ਰਧਾਨ ਜਤਿੰਦਰ ਸ਼ਰਮਾ, ਬਲਾਕ ਪ੍ਰਧਾਨ ਰਕੇਸ਼ ਕੁਮਾਰ, ਪਾਰਟੀ ਆਗੂ ਮਾਸਟਰ ਸੇਵਾ ਸਿੰਘ, ਇੰਸ. ਬਲਜੀਤ ਸਿੰਘ, ਯੂਥ ਪ੍ਰਧਾਨ ਬੈਨੀ ਰਾਣਾ, ਸੁਰਿੰਦਰ ਠਾਕੁਰ, ਰਵਿੰਦਰ ਹੈਪੀ ਤੇ ਹੋਰ ਆਗੂ ਸਾਹਿਬਾਨਾ ਵੱਲੋਂ ਕਮਿਊਨਿਟੀ ਹਾਲ ਵਿੱਚ ਇਕੱਤਰ ਇਕੱਠ ਨੂੰ ਸੰਬੋਧਨ ਕੀਤਾ ਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਕੰਮਾਂ 'ਤੇ ਚਾਨਣਾ ਪਾਇਆ। ਆਪਣੇ ਸੰਬੋਧਨ ਰਾਹੀਂ ਪਾਰਟੀ ਆਗੂਆਂ ਤੇ ਮਹਿਮਾਨਾਂ ਵੱਲੋਂ ਪਿੰਡ ਵਾਸੀਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਤੇ ਨੌਜਵਾਨਾਂ ਨੂੰ ਇਸ ਦਲਦਲ 'ਚੋਂ ਬਾਹਰ ਕੱਢਣ ਲਈ ਉਨ੍ਹਾਂ ਨੂੰ ਨਸ਼ਾ ਮੁਕਤੀ ਕੇਂਦਰ ਤੋਂ ਇਲਾਜ ਕਰਵਾਉਣ ਲਈ ਪ੍ਰੇਰਿਤ ਕਰਨ ਤੇ ਨਸ਼ਾ ਤਸਕਰਾਂ ਬਾਰੇ ਪੁਲਿਸ ਨੂੰ ਸੂਚਿਤ ਕਰਕੇ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਦਾ ਹਿੱਸਾ ਬਣਨ ਦਾ ਸੱਦਾ ਦਿੱਤਾ। ਇਸ ਮੌਕੇ ਪੰਚਾਇਤ ਮੈਂਬਰ ਰਾਜੇਸ਼ ਕੁਮਾਰ, ਵਿਸ਼ਾਲ ਕੁਮਾਰ, ਅੰਜੂ ਬਾਲਾ ਸੰਜਨਾ ਰੰਜਨ ਤੇ ਪਿੰਡ ਦੇ ਪਤਵੰਤੇ ਰਾਮ ਪਾਲ, ਪਵਨ ਕੁਮਾਰ ਸਿਹਤ ਵਿਭਾਗ ਦੇ ਸਬ ਸੈਂਟਰ ਲਤੀਹਪੁਰ ਤੋਂ ਸੀਐਚਓ ਸੁਖਵਿੰਦਰ ਕੌਰ, ਏਐਨਐਮ ਗੁਰਤੇਜਪ੍ਰੀਤ ਕੌਰ, ਰਸ਼ਮੀ ਮਲਟੀਪਲ ਹੈਲਥ ਵਰਕਰ ਬਲਜਿੰਦਰ ਸਿੰਘ, ਆਸ਼ਾ ਫੈਸੀਲੀਟੇਟਰ ਕਿਰਨ ਬਾਲਾ ਤੇ ਆਸ਼ਾ ਵਰਕਰ ਕਿਰਨ ਬਾਲਾ ਤੇ ਪਿੰਡ ਵਾਸੀ ਹਾਜ਼ਰ ਸਨ। ਆਖਰ ਵਿੱਚ ਪਿੰਡ ਦੀ ਸਰਪੰਚ ਰਾਖੀ ਦੇਵੀ ਤੇ ਪਤਵੰਤਿਆਂ ਵੱਲੋਂ ਸਮੂਹ ਮਹਿਮਾਨਾਂ ਤੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਸਰਕਾਰ ਵੱਲੋਂ ਵਿੱਢੀ ਇਸ ਮੁਹਿੰਮ ਦਾ ਪੂਰਾ ਪੂਰਾ ਸਾਥ ਦੇਣ ਤੇ ਆਪਣੇ ਪਿੰਡ ਨੂੰ ਨਸ਼ਾ ਮੁਕਤ ਕਰਨ ਲਈ ਯਤਨਸ਼ੀਲ ਰਹਿਣ ਦੀ ਗੱਲ ਆਖੀ।

# ਜ਼ਿਲ੍ਹਾ ਭਾਸ਼ਾ ਦਫ਼ਤਰ ਨੇ ਜ਼ਿਲ੍ਹਾ ਪੱਧਰੀ ਪੰਜਾਬੀ ਸਾਹਿਤ ਸਿਰਜਣ ਤੇ ਕਵਿਤਾ ਗਾਇਨ ਮੁਕਾਬਲੇ ਕਰਵਾਏ



ਫਾਜ਼ਿਲਕਾ, 21 ਅਗਸਤ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਜ਼ਿਲ੍ਹਾ ਭਾਸ਼ਾ ਦਫ਼ਤਰ, ਫ਼ਾਜ਼ਿਲਕਾ ਵੱਲੋਂ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ, ਜਸਵੰਤ ਸਿੰਘ ਜ਼ਫਰ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪੱਧਰੀ ਪੰਜਾਬੀ ਸਾਹਿਤ ਸਿਰਜਣ ਅਤੇ ਕਵਿਤਾ ਗਾਇਨ ਮੁਕਾਬਲੇ ਸਕੂਲ ਆਫ਼ ਐਮੀਨੈਂਸ ਫ਼ਾਜ਼ਿਲਕਾ ਵਿਖੇ ਕਰਵਾਏ ਗਏ। ਇਸ ਮੁਕਬਾਲੇ ਵਿੱਚ ਜ਼ਿਲ੍ਹਾ ਫ਼ਾਜ਼ਿਲਕਾ ਦੇ ਵੱਖ-ਵੱਖ ਸਕੂਲਾਂ ਤੋਂ ਲਗਭਗ 220 ਵਿਦਿਆਰਥੀਆਂ ਨੇ ਭਾਗ ਲਿਆ। ਸਮਾਗਮ ਦਾ ਆਗਾਜ਼ ਭਾਸ਼ਾ ਵਿਭਾਗ, ਪੰਜਾਬ ਦੀ ਵਿਭਾਗੀ ਧੁਨੀ ਦੇ ਗਾਇਨ ਨਾਲ ਕੀਤਾ ਗਿਆ। ਸ਼ੁਰੂਆਤ ਵਿੱਚ ਖ਼ੋਜ ਅਫ਼ਸਰ ਪਰਮਿੰਦਰ ਸਿੰਘ ਨੇ ਸਮੂਹ ਅਧਿਆਪਕਾਂ, ਬੱਚਿਆਂ ਤੇ ਵਿਸ਼ੇਸ਼ ਮਹਿਮਾਨਾਂ ਨੂੰ ਜੀ ਆਇਆਂ ਆਖਿਆ ਗਿਆ ਤੇ ਉਨ੍ਹਾਂ ਵੱਲੋਂ ਮੁਕਾਬਲੇ ਦੀ ਰੂਪ-ਰੇਖਾ ਤੇ ਨਿਯਮਾਂ ਬਾਰੇ ਚਾਨਣ ਪਾਇਆ ਗਿਆ। ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਪਹੁੰਚੇ ਭੁਪਿੰਦਰ ਉਤਰੇਜਾ (ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ, ਫ਼ਾਜ਼ਿਲਕਾ) ਨੇ ਇਸ ਮੌਕੇ ਪੰਜਾਬੀ ਸਾਹਿਤ ਦੀ ਲੋੜ ਤੇ ਮਹੱਤਤਾ 'ਤੇ ਚਾਨਣ ਪਾਉਂਦਿਆਂ ਬੱਚਿਆਂ ਨੂੰ ਪੰਜਾਬੀ ਮਾਂ ਬੋਲੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੁਕਾਬਲੇ ਵਿੱਚ ਫ਼ਾਜ਼ਿਲਕਾ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਕਵਿਤਾ ਰਚਨਾ, ਕਵਿਤਾ ਗਾਇਨ, ਲੇਖ ਰਚਨਾ ਤੇ ਕਹਾਣੀ ਰਚਨਾ ਵੱਖ-ਵੱਖ 4 ਮੁਕਾਬਲਿਆਂ ਵਿੱਚ ਹਿੱਸਾ ਲਿਆ। ਇਸ ਮੁਕਾਬਲੇ ਵਿੱਚ ਦੀ ਜੱਜਮੈਂਟ ਸ਼੍ਰੀਮਤੀ ਮੀਨਾ ਮਹਿਰੋਕ, ਵਿਕਾਸ ਕੰਬੋਜ, ਹਰਬੰਸ ਰਾਹੀ, ਵਿਜੇਅੰਤ ਜੁਨੇਜਾ, ਸ਼੍ਰੀਮਤੀ ਗਗਨਜੋਤ ਕੌਰ, ਸ਼੍ਰੀਮਤੀ ਜਤਿੰਦਰ ਕੌਰ, ਅਮਰਜੀਤ ਸਿੰਘ, ਸ਼੍ਰੀਮਤੀ ਸੁਖਪ੍ਰੀਤ ਕੌਰ, ਸ਼੍ਰੀਮਤੀ ਕਵਿਤਾ ਰਾਣੀ ਤੇ ਮਿਸ ਹਰਸ਼ਦੀਪ ਕੌਰ ਦੁਆਰਾ ਕੀਤੀ ਗਈ। ਇਸ ਮੁਕਾਬਲੇ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਹਰੀਚੰਦ ਕੰਬੋਜ ਪ੍ਰਿੰਸੀਪਲ ਸਕੂਲ ਆਫ਼ ਐਮੀਨੈਂਸ ਫ਼ਾਜ਼ਿਲਕਾ ਨੇ ਸ਼ਿਰਕਤ ਕੀਤੀ ਤੇ ਆਪਣੇ ਸੰਬੋਧਨ ਰਾਹੀਂ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਹੌਂਸਲਾ ਵਧਾਇਆ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਮਨਾਇਆ ਅੰਤਰਰਾਸ਼ਟਰੀ ਸੀਨੀਅਰ ਸਿਟੀਜ਼ਨ ਦਿਵਸ



ਫਿਰੋਜ਼ਪੁਰ, 21 ਅਗਸਤ (ਤਿਵਾੜੀ): ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫ਼ਿਰੋਜ਼ਪੁਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਅੱਜ ਬਿਰਧ ਆਸ਼ਰਮ, ਫਿਰੋਜ਼ਪੁਰ ਵਿੱਚ ਅੰਤਰਰਾਸ਼ਟਰੀ ਸੀਨੀਅਰ ਸਿਟੀਜ਼ਨ ਦਿਵਸ ਮਨਾਇਆ ਗਿਆ। ਇਸ ਮੌਕੇ 'ਤੇ ਅਨੁਰਾਧਾ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਮੌਜੂਦ ਸਨ। ਇਸ ਪ੍ਰੋਗਰਾਮ ਵਿੱਚ ਵਿਵੇਕਾਨੰਦ ਵਰਲਡ ਸਕੂਲ, ਫਿਰੋਜ਼ਪੁਰ ਦੇ ਬੱਚਿਆਂ ਨੇ ਭਾਗ ਲਿਆ ਤੇ ਬੱਚਿਆਂ ਨੇ ਇਸ ਦਿਵਸ ਮੌਕੇ ਨੂੰ ਮੁੱਖ ਰੱਖਦੇ ਹੋਏ ਬਜ਼ੁਰਗਾਂ ਲਈ ਕਵਿਤਾ, ਨੁੱਕੜ ਨਾਟਕ ਤੇ ਸੰਗੀਤ ਆਦਿ ਆਇਟਮਾਂ ਪੇਸ਼ ਕੀਤੀਆਂ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਆਸ਼ਰਮ ਵਿੱਚ ਰਹਿੰਦੇ ਬਜ਼ੁਰਗਾਂ ਨੂੰ ਸੀਨੀਅਰ ਸਿਟੀਜ਼ਨ ਦਿਵਸ ਸਬੰਧੀ ਸਕੂਲ ਦੇ ਬੱਚਿਆਂ ਦੁਆਰਾ ਸ਼ੁਭਕਾਮਨਾ ਕਾਰਡ ਤੇ ਗਿਫਟ ਵੀ ਦਿਵਾਏ ਗਏ। ਜੱਜ ਸਾਹਿਬ ਵੱਲੋਂ ਬਜ਼ੁਰਗਾਂ ਨੂੰ ਉਨ੍ਹਾਂ ਦੇ ਹੱਕਾਂ ਬਾਰੇ ਵੀ ਜਾਗਰੂਕ ਕੀਤਾ ਤੇ ਉਨ੍ਹਾਂ ਨੂੰ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਮੁਫਤ ਕਾਨੂੰਨੀ ਸਹਾਇਤਾ ਬਾਰੇ ਤੇ ਟੋਲ ਫ੍ਰੀ ਨੰਬਰ 15100 ਬਾਰੇ ਜਾਗਰੂਕ ਕੀਤਾ ਗਿਆ।

# ਲੂਟਾਵਾ ਪਰਿਵਾਰ ਨੇ ਵਡੇਰਿਆਂ ਨੂੰ ਸਿਜਦਾ ਕੀਤਾ



ਅਮਲੋਹ, 21 ਅਗਸਤ (ਜਸਵੰਤ ਸਿੰਘ): ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਸਤੀ ਮਾਤਾ ਮੰਦਰ ਕਮੇਟੀ (ਰਜਿ.) ਵੱਲੋਂ ਆਪਣੇ ਵੱਡ ਵਡੇਰਿਆਂ ਨੂੰ ਯਾਦ ਕਰਦਿਆਂ ਪਿੰਡ ਮੀਆਂਪੁਰ 'ਚ ਸਮਾਗਮ ਕੀਤਾ, ਜਿਸ ਵਿੱਚ ਪੰਜਾਬ ਅਤੇ ਗੁਆਂਢੀ ਸੂਬਿਆਂ ਦੇ ਲੂਟਾਵਾ ਗੋਤ ਨਾਲ ਸਬੰਧਤ ਵਿਅਕਤੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਅਤੇ ਸਤੀ ਮਾਤਾ (ਵੱਡ ਵਡੇਰਿਆਂ) ਨੂੰ ਸਿਜ਼ਦਾ ਕੀਤਾ। ਇਸ ਮੌਕੇ ਪੂਰੀ-ਛੋਲੇ ਅਤੇ ਜਲੇਬੀਆਂ ਦਾ ਲੰਗਰ ਲਗਾਇਆ ਗਿਆ। ਕਮੇਟੀ ਦੇ ਪ੍ਰਧਾਨ ਅਤੇ ਨਗਰ ਕੌਂਸਲ ਅਮਲੋਹ ਦੇ ਕੌਂਸਲਰ ਅਤੁੱਲ ਲੂਟਾਵਾ ਨੇ ਦੂਰੋਂ ਨੇੜਿਓਂ ਆਏ ਲੂਟਾਵਾ ਪਰਿਵਾਰ ਦੇ ਮੈਂਬਰਾਂ ਨੂੰ ਜੀ ਆਇਆਂ ਆਖਿਆ। ਇਸ ਮੌਕੇ ਸੀਨੀਅਰ ਐਡਵੋਕੇਟ ਸੁਭਾਸ਼ ਲੂਟਾਵਾ, ਪੰਡਿਤ ਕਾਲਾ, ਕ੍ਰਿਸ਼ਨ ਲੂਟਾਵਾ, ਸੁਰੇਸ਼ ਲੂਟਾਵਾ, ਅਜੇ ਲੂਟਾਵਾ, ਰਾਜਿੰਦਰ ਲੂਟਾਵਾ, ਮਹਿੰਦਰ ਲੂਟਾਵਾ, ਹੈਪੀ ਲੂਟਾਵਾ, ਡਾ. ਮਦਨਜੀਤ ਲੂਟਾਵਾ, ਵਿਜੈ ਲੂਟਾਵਾ, ਮੋਹਨ ਲੂਟਾਵਾ, ਚਰਨਜੀਤ ਲੂਟਾਵਾ, ਹਰਪ੍ਰੀਤ ਲੂਟਾਵਾ, ਸੱਤਪਾਲ ਲੂਟਾਵਾ, ਜੀਤਾ ਲੂਟਾਵਾ, ਡਾ. ਕਮਲ ਲੂਟਾਵਾ, ਬੰਟੀ ਲੂਟਾਵਾ, ਬੱਬੂ ਲੂਟਾਵਾ, ਗੌਤਮ ਲੂਟਾਵਾ, ਨਰਿੰਦਰ ਲੂਟਾਵਾ ਤੇ ਹਰਬੰਸ ਲੂਟਾਵਾ ਆਦਿ ਹਾਜ਼ਰ ਸਨ।

# ਸਰਕਾਰ ਵੱਲੋਂ ਸੂਬੇ ਵਿੱਚ 13,000 ਅਤਿ-ਆਧੁਨਿਕ ਖੇਡ ਮੈਦਾਨ ਬਣਾਉਣ ਦੀ ਯੋਜਨਾ: ਵਿਧਾਇਕ ਕਲਸੀ

## ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ 'ਚ ਖੇਡਾਂ ਨਿਭਾ ਰਹੀਆਂ ਨੇ ਸਾਰਥਿਕ ਭੂਮਿਕਾ



ਬਟਾਲਾ, 21 ਅਗਸਤ (ਬਲਵਿੰਦਰ ਸਿੰਘ ਪੰਜਗਰਾਈਂ/ਧੰਦਪਾਲ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਣ ਦਾ ਸ਼ਾਨਦਾਰ ਪਲੇਟਫਾਰਮ ਮੁਹੱਈਆ ਕਰਵਾ ਰਹੀ ਹੈ, ਜਿਸ ਦੇ ਚੱਲਦਿਆਂ ਉੱਭਰਦੇ ਖਿਡਾਰੀਆਂ ਨੂੰ ਓਲੰਪਿਕ ਅਤੇ ਹੋਰ ਵਿਸ਼ਵ ਪੱਧਰੀ ਖੇਡ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੇ ਯੋਗ ਬਣਾਉਣ ਲਈ 13,000 ਅਤਿ ਆਧੁਨਿਕ ਪੇਂਡੂ ਖੇਡ ਮੈਦਾਨ ਬਣਾਉਣ ਦੀ ਯੋਜਨਾ ਲਾਗੂ ਕੀਤੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਪਹਿਲੇ ਪੜਾਅ ਤਹਿਤ ਸੂਬਾ ਸਰਕਾਰ ਵੱਲੋਂ ਪਿੰਡਾਂ ਵਿੱਚ 3073 ਖੇਡ ਮੈਦਾਨਾਂ ਦੀ ਉਸਾਰੀ ਦਾ ਕੰਮ ਸ਼ੁਰੂ ਹੋ ਚੁੱਕਾ ਹੈ।ਉਨ੍ਹਾਂ ਨੇ ਕਿਹਾ ਕਿ ਖੇਡ ਬੁਨਿਆਦੀ ਢਾਂਚੇ ਦੇ ਵਿਕਾਸ ਜਾਂ ਨੌਜਵਾਨਾਂ ਦੇ ਚਹੁੰਪੱਖੀ ਵਿਕਾਸ ਲਈ ਇਸ ਤੋਂ ਪਹਿਲਾਂ ਕੋਈ ਸਾਰਥਕ ਕਦਮ ਨਹੀਂ ਚੁੱਕੇ ਗਏ ਸਨ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਖੇਡਾਂ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪੇਂਡੂ ਖੇਤਰਾਂ ਵਿੱਚ ਖੇਡ ਮੈਦਾਨ ਬਣਾਉਣ ਨਾਲ ਖੇਡ ਸੱਭਿਆਚਾਰ ਪ੍ਰਫੁੱਲਤ ਹੋਵੇਗਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਦੂਰ ਰੱਖਣ ਵਿਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਸਦਕਾ ਸੂਬੇ ਦੇ ਹਾਲਾਤ ਹੁਣ ਦਿਨ-ਬ-ਦਿਨ ਬਦਲ ਰਹੇ ਹਨ ਤੇ ਖੇਡ ਮੈਦਾਨਾਂ ਦੇ ਕਾਰਜਸ਼ੀਲ ਹੋਣ ਤੋਂ ਬਾਅਦ ਨੌਜਵਾਨ ਨਸ਼ਿਆਂ ਦੀ ਲਾਹਨਤ ਦਾ ਸਦਾ ਲਈ ਤਿਆਗ ਕਰ ਦੇਣਗੇ।ਉਨ੍ਹਾਂ ਕਿਹਾ ਕਿ ਖੇਡ ਮੈਦਾਨਾਂ ਸਦਕਾ ਨੌਜਵਾਨੀ ਦੀ ਦਿਲਚਸਪੀ ਖੇਡਾਂ ਵਿੱਚ ਜਾਗੇਗੀ ਅਤੇ ਉਹ ਬੁਰੀਆਂ ਅਲਾਮਤਾਂ ਤੋਂ ਦੂਰ ਰਹਿਣਗੇ। ਵਿਧਾਇਕ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਕਰਵਾਈਆਂ ਜਾ ਰਹੀਆਂ ਹਨ ਅਤੇ ਇਸ ਸਾਲ ਇਹ ਖੇਡਾਂ 3 ਸਤੰਬਰ ਤੋਂ 23 ਨਵੰਬਰ, 2025 ਤੱਕ ਸੂਬੇ ਦੇ ਵੱਖ ਵੱਖ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਦੇ ਖੇਡ ਸਟੇਡੀਅਮਾਂ ਵਿੱਚ ਕਰਵਾਈਆਂ ਜਾਣਗੀਆਂ।

# ਬਟਵਾਲ ਸਮਾਜ ਏਕਤਾ ਮੰਚ ਵੱਲੋਂ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਐਸ.ਸੀ. ਵਿੰਗ ਜਸਵਿੰਦਰਪਾਲ ਸਿੰਘ ਨੂੰ ਵਧਾਈਆਂ



ਕਾਹਨੂੰਵਾਨ, 21 ਅਗਸਤ (ਕੁਲਜੀਤ ਸਿੰਘ ਖੱਖਰ): ਨਵ ਨਿਯੁਕਤ ਚੁਣੇ ਗਏ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਐਸਸੀ ਵਿੰਗ ਜਸਵਿੰਦਰ ਪਾਲ ਸਿੰਘ ਦਾ ਬਟਵਾਲ ਸਮਾਜ ਏਕਤਾ ਮੰਚ ਪੰਜਾਬ ਬਾਡੀ ਨੰਬਰ 137 ਦੇ ਪ੍ਰਧਾਨ ਸੁਰਿੰਦਰ ਪਾਲ ਸਿੰਘ ਕੈਂਥ ਬਸਰਾਵਾਂ ਨੇ ਡਾ. ਕੇਜੇ ਸਿੰਘ ਧਾਰੀਵਾਲ ਦੀ ਮੌਜੂਦਗੀ 'ਚ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਵਧਾਈ ਦਿੱਤੀ, ਉੱਥੇ ਹੀ ਪਾਰਟੀ ਹਾਈਕਮਾਂਡ ਦਾ ਵੀ ਧੰਨਵਾਦ ਕੀਤਾ। ਇਸ ਮੌਕੇ 'ਤੇ ਪ੍ਰਧਾਨ ਸੁਰਿੰਦਰਪਾਲ ਸਿੰਘ ਕੈਂਥ ਨੇ ਨਵ ਨਿਯੁਕਤ ਪ੍ਰਧਾਨ ਜਸਵਿੰਦਰਪਾਲ ਸਿੰਘ ਨੂੰ ਭਰੋਸਾ ਦਿਵਾਇਆ ਕਿ ਬਟਵਾਲ ਸਮਾਜ ਏਕਤਾ ਮੰਚ ਪੰਜਾਬ ਬਾਡੀ ਨੰਬਰ 137 ਦੇ ਸਮੂਹ ਅਹੁਦੇਦਾਰ ਤੁਹਾਡੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਚਟਾਨ ਵਾਂਗ ਖੜ੍ਹੇ ਹਨ ਤੇ ਐੱਸਸੀ ਸਮਾਜ ਦੀਆਂ ਮੁਸ਼ਕਲਾਂ ਨੂੰ ਪ੍ਰਧਾਨ ਨਾਲ ਮਿਲ ਕੇ ਪਾਰਟੀ ਦੇ ਧਿਆਨ ਵਿੱਚ ਲਿਆ ਕੇ ਉਨ੍ਹਾਂ ਦਾ ਹੱਲ ਕੱਢਿਆ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਹਰਨਾਂ ਤੋਂ ਇਲਾਵਾ ਬਾਬਾ ਸਲਵਿੰਦਰ ਸਿੰਘ ਨੰਗਲ, ਡਾ. ਕੇਜੇ ਸਿੰਘ, ਸਤਨਾਮ ਸਿੰਘ ਕੰਡੀਲਾ, ਜਸਬੀਰ ਸਿੰਘ ਮਾਨ, ਮਨਜੀਤ ਸਿੰਘ ਕਾਹਨੂੰਵਾਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।

# ਗੜ੍ਹੀਮਾਨਸੋਵਾਲ ਦੇ ਵਾਸੀ ਗੰਦਾ ਪਾਣੀ ਪੀਣ ਲਈ ਮਜਬੂਰ

## ਗੰਧਲੇ ਪਾਣੀ ਨਾਲ ਪਿੰਡ ਵਾਸੀਆਂ ਨੂੰ ਬਿਮਾਰੀਆਂ ਲੱਗਣ ਦਾ ਡਰ ਸਤਾਉਣ ਲੱਗਾ



ਗੜ੍ਹਸ਼ੰਕਰ, 21 ਅਗਸਤ (ਅਸ਼ਵਨੀ ਸ਼ਰਮਾ): ਅੱਜਕਲ ਬਰਸਾਤ ਦਾ ਮੌਸਮ ਚੱਲ ਰਿਹਾ ਹੈ, ਜਿਸ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਪਿੰਡਾਂ 'ਚ ਪੀਣ ਵਾਲੇ ਪਾਣੀ ਦੀ ਚੈਕਿੰਗ ਕਰ ਰਹੀਆਂ ਹਨ ਕਿ ਕਿਤੇ ਪਾਣੀ 'ਚ ਡੇਂਗੂ ਦਾ ਮੱਛਰ ਤੇ ਨਹੀਂ ਪੈਦਾ ਹੋ ਰਿਹਾ ਪਰ ਬੀਤ ਇਲਾਕੇ ਦੇ ਪਿੰਡ ਗੜ੍ਹੀਮਾਨਸੋਵਾਲ 'ਚ ਗੰਦਾ ਪਾਣੀ ਸਿਹਤ ਵਿਭਾਗ ਦੀ ਟੀਮ ਤੇ ਸਬੰਧਤ ਮਹਿਕਮੇ ਨੂੰ ਦਿਖਾਈ ਨਹੀਂ ਦੇ ਰਿਹਾ, ਜਦੋਂ ਕਿ ਪਿੰਡ ਵਾਸੀਆਂ ਵਲੋਂ ਵਾਰ-ਵਾਰ ਸਬੰਧਤ ਮਹਿਕਮੇ ਦੇ ਅਧਿਕਾਰੀਆਂ ਦੇ ਧਿਆਨ ਲਿਆਂਦਾ ਗਿਆ ਹੈ।ਪਿੰਡ ਵਾਸੀ ਸਾਬਕਾ ਪੰਚ ਚੈਨ ਸਿੰਘ, ਮੌਜੂਦਾ ਪੰਚ ਸ਼ੇਰ ਸਿੰਘ, ਸਾਬਕਾ ਪੰਚ ਸੰਜੀਵ ਰਾਣਾ, ਪਵਨ ਕੁਮਾਰ, ਤਿਲਕ ਰਾਣੀ, ਸ਼ੰਭੂ, ਰਜਤ ਸ਼ਰਮਾ, ਸੰਦੀਪ ਸ਼ਰਮਾ, ਬਿੱਕੀ ਨੇ ਸਾਡੇ ਪੱਤਰਕਾਰ ਨੂੰ ਗੰਦੇ ਪਾਣੀ ਦੀ ਭਰੀ ਬੋਤਲ ਦਿਖਾਉਂਦੇ ਹੋਏ ਦੱਸਿਆ ਕਿ ਸਾਡੇ ਪਿੰਡ ਨੂੰ ਪਾਣੀ ਦੀ ਸਪਲਾਈ ਝੰਡੇਵਾਲ ਟਿਊਬਵੈੱਲ ਤੋਂ ਆਉਂਦੀ ਹੈ ਪਰ ਜਦੋਂ ਪਾਣੀ ਦੀ ਸਪਲਾਈ ਆਉਂਦੀ ਹੈ ਤਾਂ ਵਿੱਚ ਰੇਤਾ ਤੇ ਮਿੱਟੀ ਆਉਂਦੀ ਹੈ।ਉਨ੍ਹਾਂ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਪਾਣੀ ਗੰਧਲਾ ਹੀ ਆ ਰਿਹਾ ਹੈ ਜਿਸ ਪਾਣੀ ਦੇ ਪੀਣ ਨਾਲ ਪਿੰਡ ਵਾਸੀਆਂ ਨੂੰ ਬਿਮਾਰੀਆਂ ਲੱਗਣ ਦਾ ਡਰ ਸਤਾ ਰਿਹਾ ਹੈ। ਪਿੰਡ ਵਾਸੀਆਂ ਨੇ ਕਿਹਾ ਕਿ ਅੱਜ ਤੱਕ ਸਰਕਾਰਾਂ ਲੋਕਾਂ ਨੂੰ ਮੁੱਢਲੀ ਜ਼ਰੂਰਤ ਪੀਣ ਵਾਲਾ ਪਾਣੀ ਵੀ ਸਾਫ਼ ਸੁਥਰਾ ਦੇਣ 'ਚ ਨਾਕਾਮ ਰਹੀਆਂ ਹਨ।ਉਨ੍ਹਾਂ ਨੇ ਸਰਕਾਰ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਪਿੰਡ ਵਾਸੀਆਂ ਦੀ ਸਿਹਤ ਨਾਲ ਹੋ ਰਹੇ ਖਿਲਵਾੜ ਨੂੰ ਦੇਖਦੇ ਹੋਏ ਸਾਫ ਸੁਥਰੇ ਪੀਣ ਵਾਲੇ ਪਾਣੀ ਦੀ ਸਪਲਾਈ ਕੀਤੀ ਜਾਵੇ।ਇਸ ਸਬੰਧ 'ਚ ਜਦੋਂ ਵਾਟਰ ਸਪਲਾਈ ਗੜ੍ਹਸ਼ੰਕਰ ਸਕਸ਼ਮ ਸ਼ਰਮਾ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਨੇ ਕਿਹਾ ਕਿ ਝੰਡੇਵਾਲ ਟਿਊਬਵੈੱਲ ਪਿੰਡ ਦੀ ਪੰਚਾਇਤ ਦੇ ਹੈਂਡ ਓਵਰ ਕੀਤਾ ਹੋਇਆ ਹੈ ਸਾਡਾ ਉਸ ਵਿੱਚ ਕੋਈ ਰੋਲ ਨਹੀਂ ਪਰ ਲੋਕਾਂ ਦੀ ਸ਼ਿਕਾਇਤ 'ਤੇ ਅਸੀਂ ਫਿਰ ਵੀ ਦੇਖ ਰਹੇ ਹਾਂ।ਮਹਿਕਮਾ ਪੂਰੀ ਮੁਸਤੈਦੀ ਨਾਲ ਪੰਚਾਇਤ ਦੀ ਸਹਾਇਤਾ 'ਚ ਲੱਗਾ ਹੋਇਆ ਹੈ।ਉਨ੍ਹਾਂ ਨੇ ਕਿਹਾ ਕਿ ਅਸੀਂ ਕਈ ਵਾਰ ਪੰਚਾਇਤ ਨੂੰ ਪਾਣੀ ਦੀ ਟੈਂਕੀ ਦੀ ਸਫਾਈ ਤੇ ਪਾਈਪਾਂ ਨੂੰ ਠੀਕ ਕਰਵਾਉਣ ਨੂੰ ਕਹਿ ਚੁੱਕੇ ਹਾਂ ਪਰ ਪੰਚਾਇਤ ਵੱਲੋਂ ਫੰਡ ਦੀ ਕਮੀ ਹੋਣ ਬਾਰੇ ਕਹਿ ਕੇ ਕੰਮ ਲੇਟ ਹੋ ਰਿਹਾ ਹੈ।ਇਸ ਸਬੰਧ 'ਚ ਪਿੰਡ ਦੇ ਸਰਪੰਚ ਪਰਮਜੀਤ ਸਿੰਘ ਨੇ ਕਿਹਾ ਕਿ ਸਬੰਧਤ ਮਹਿਕਮੇ ਵਲੋਂ ਪਾਈਪ ਲਾਈਨ ਨੂੰ ਠੀਕ ਕਰਵਾਉਣ 'ਤੇ ਜ਼ੋਰ ਦਿੱਤਾ ਗਿਆ ਸੀ ਅਸੀਂ ਉਸ ਨੂੰ ਠੀਕ ਕਰਵਾ ਕੇ ਦੇਖ ਲਿਆ ਪਰ ਪਾਣੀ ਅਜੇ ਵੀ ਗੰਧਲਾ ਆ ਰਿਹਾ ਹੈ।ਉਨ੍ਹਾਂ ਨੇ ਦੱਸਿਆ ਕਿ ਮਹਿਕਮੇ ਦੇ ਅਧਿਕਾਰੀ ਦੁਬਾਰਾ ਆ ਕੇ ਦੇਖਣਗੇ ਤੇ ਪਾਈਪ ਲਾਈਨ ਦਾ ਨੁਕਸ ਹੋਵੇਗਾ, ਉਸ ਨੂੰ ਠੀਕ ਕਰਵਾਇਆ ਜਾਵੇਗਾ ਤੇ ਜਲਦੀ ਹੀ ਸਾਫ ਪੀਣ ਯੋਗ ਪਾਣੀ ਦੀ ਸਪਲਾਈ ਪਿੰਡ ਵਾਸੀਆਂ ਨੂੰ ਦਿੱਤੀ ਜਾਵੇਗੀ।

# ਡਾ. ਕਮਲਜੀਤ ਸਿੰਘ ਕੇਜੇ ਆਈਐਮਏ ਬਟਾਲਾ ਦੇ ਨਵੇਂ ਪ੍ਰਧਾਨ ਨਿਯੁਕਤ

## ਸਮੁੱਚੀ ਆਈਐਮਏ ਬਟਾਲਾ ਦੇ ਡਾ. ਸਾਹਿਬਾਨਾਂ ਦਾ ਧੰਨਵਾਦ



ਬਟਾਲਾ/ਧੂਦਾਲ, 21 ਅਗਸਤ (ਡਾ. ਨਰਿੰਦਰ ਸਿੰਘ ਘੁਮਾਣ/ਸੁੱਖ ਅੰਮ੍ਰਿਤ ਘੁਮਾਣ): ਅੱਜ ਇੰਡੀਅਨ ਮੈਡੀਕਲ ਐਸੋਸੀਏਸ਼ਨ ਬਟਾਲਾ ਦੇ ਸਮੂਹ ਡਾਕਟਰ ਸਾਹਿਬਾਨਾਂ ਦੀ ਇੱਕ ਵਿਸ਼ੇਸ਼ ਮੁਲਾਕਾਤ ਬਟਾਲਾ ਵਿਖੇ ਹੋਈ, ਜਿਸ ਵਿਚ ਡਾਕਟਰ ਸਾਹਿਬਾਨਾਂ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਖੁੱਲ ਕੇ ਵਿਚਾਰ ਚਰਚਾ ਕੀਤੀ ਤੇ ਨਾਲ ਹੀ ਇਸ ਵਿਸ਼ੇਸ਼ ਮੀਟਿੰਗ ਵਿਚ ਨਵੇਂ ਪ੍ਰਧਾਨ ਤੇ ਜਨਰਲ ਸੈਕਟਰੀ ਦੀ ਚੋਣ ਹੋਈ, ਜਿਸ ਵਿਚ ਡਾ. ਕਮਲਜੀਤ ਸਿੰਘ ਕੇਜੇ ਨੂੰ ਸਰਬਸੰਮਤੀ ਨਾਲ ਆਈ ਏ ਐਮ ਬਟਾਲਾ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਤੇ ਨਾਲ ਡਾ. ਰੋਹਿਤਸ ਸਿੰਘ ਕਲਸੀ ਨਵੇਂ ਜਨਰਲ ਸੈਕਟਰੀ ਨਿਯੁਕਤ ਹੋਏ। ਇਸ ਮੌਕੇ ਡਾ. ਕੇਜੇ ਸਿੰਘ ਵੱਲੋਂ ਆਈ ਏ ਐਮ ਬਟਾਲਾ ਦੇ ਸਮੂਹ ਡਾਕਟਰ ਸਾਹਿਬਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਡਾ. ਸਾਹਿਬਾਨਾਂ ਨੂੰ ਆ ਰਹੀਆਂ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਨਾਲ ਹੀ ਆਈ.ਐਮ.ਏ ਬਟਾਲਾ ਦੇ ਸਾਰੇ ਡਾਕਟਰ ਸਾਹਿਬਾਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਇਸ ਜ਼ਿੰਮੇਵਾਰੀ ਬੜੀ ਤਨਦੇਹੀ, ਮਿਹਨਤ ਅਤੇ ਲਗਨ ਨਾਲ ਨਿਭਾਉਣਗੇ ਤੇ ਨਾਲ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਡਾ. ਰਣਜੀਤ ਸਿੰਘ ਕਲਸੀ, ਡਾ. ਜਗੀਰ ਸਿੰਘ, ਡਾ. ਲਖਬੀਰ ਸਿੰਘ ਭਾਗੋਵਾਲੀਆ, ਡਾ. ਗੁਰਮੀਤ ਸਿੰਘ ਛੀਨਾ, ਡਾ. ਗੁਰਪਾਲ ਸਿੰਘ, ਡਾ. ਹਰਪਾਲ ਸਿੰਘ, ਡਾ. ਅਜੈ ਜੱਗੀ, ਡਾ. ਸੁਖਦੀਪ ਸਿੰਘ, ਡਾ. ਪਰਮਜੀਤ ਸਿੰਘ, ਡਾ. ਸੁਬੇਗ ਸਿੰਘ ਬੱਲ, ਡਾ. ਵਿਸ਼ਾਲ ਚਾਵਲਾ, ਡਾ. ਦਰਸ਼ਨ ਨਾਰੰਗ, ਡਾ. ਗੁਲਸ਼ਨ ਨਾਹਰ, ਡਾ. ਰਮੇਸ਼ ਕੁਮਾਰ, ਡਾ. ਗੌਤਮ ਸ਼ਰਮਾ ਸਮੇਤ ਬਹੁਤ ਸਾਰੇ ਸਤਿਕਾਰਯੋਗ ਡਾ. ਸਾਹਿਬਾਨ ਹਾਜ਼ਰ ਸਨ।

# ਪਾਲਤੂ ਕੁੱਤਿਆਂ ਵੱਲੋਂ ਘਰ 'ਤੇ ਹਮਲਾ, ਔਰਤ ਜ਼ਖ਼ਮੀ, ਪਾਲਤੂ ਕੁੱਤੀ ਦੀ ਮੌਤ

## ਪੁਲਿਸ ਵੱਲੋਂ ਮਾਮਲੇ ਦੀ ਜਾਂਚ ਉਪਰੰਤ ਹੋਵੇਗੀ ਕਾਨੂੰਨੀ ਕਾਰਵਾਈ

ਬਟਾਲਾ, 21 ਅਗਸਤ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਪਿੰਡ ਦੇਸਾ ਸਿੰਘ ਵਿੱਚ ਬੀਤੀ ਦੇਰ ਸ਼ਾਮ ਉਸ ਵਕਤ ਸਹਿਮ ਦਾ ਮਾਹੌਲ ਬਣ ਗਿਆ ਜਦੋਂ ਦੋ ਪਾਲਤੂ ਕੁੱਤਿਆਂ ਵੱਲੋਂ ਘਰ 'ਤੇ ਹਮਲਾ ਕਰਕੇ ਇੱਕ ਔਰਤ ਜ਼ਖ਼ਮੀ ਤੇ ਪਾਲਤੂ ਕੁੱਤੇ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਮੌਕੇ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਹਰਪ੍ਰੀਤ ਕੌਰ ਪਤਨੀ ਅੰਗਰੇਜ਼ ਸਿੰਘ ਨੇ ਦੱਸਿਆ ਕਿ ਹਰਜੀਤ ਸਿੰਘ ਪੁੱਤਰ ਹਰਜਿੰਦਰ ਸਿੰਘ ਤੇ ਸਰਬਜੀਤ ਸਿੰਘ ਪੁੱਤਰ ਪਲਵਿੰਦਰ ਸਿੰਘ ਆਪਣੇ ਗਰੇਡਨ ਨਸਲ ਦੇ ਕੁੱਤਿਆਂ ਨੂੰ ਗਲੀ ਵਿੱਚ ਘੁੰਮਾ ਰਹੇ ਸਨ ਕਿ ਅਚਾਨਕ ਸਾਡਾ ਗੇਟ ਖੁੱਲਾ ਹੋਣ ਕਾਰਨ ਪਹਿਲੇ ਮੇਰੇ 'ਤੇ ਹਮਲਾ ਕਰਕੇ ਮੈਨੂੰ ਖੱਬੀ ਬਾਂਹ 'ਤੇ ਕਾਫੀ ਦੰਦ ਲਗਾ ਕੇ ਜ਼ਖਮੀ ਕਰ ਦਿੱਤਾ ਤੇ ਸਾਡੀ ਤਿੰਨ ਮਹੀਨਿਆਂ ਦੀ ਪਾਲਤੂ ਕੁੱਤੀ ਨੂੰ ਬਹੁਤ ਹੀ ਦਰਿੰਦਗੀ ਨਾਲ ਮੌਤ ਦੇ ਘਾਟ ਉਤਾਰ ਦਿੱਤਾ।ਦੂਸਰੀ ਵੱਲੋਂ ਹਰਜੀਤ ਸਿੰਘ ਪੁੱਤਰ ਹਰਜਿੰਦਰ ਸਿੰਘ ਤੇ ਸਰਬਜੀਤ ਸਿੰਘ ਪੁੱਤਰ ਪਲਵਿੰਦਰ ਸਿੰਘ ਦਾ ਕਹਿਣਾ ਹੈ ਕਿ ਅਸੀਂ ਆਪਣੇ ਘਰ ਵਿੱਚ ਗਰੇਡਨ ਨਸਲ ਦੇ ਕੁੱਤਿਆਂ ਨੂੰ ਰੱਖਿਆ ਹੋਇਆ ਹੈ ਜੋ ਰੋਜ਼ ਸ਼ਾਮ ਨੂੰ ਆਪਣੇ ਕੁੱਤਿਆਂ ਨੂੰ ਘੁੰਮਾਉਣ ਲੈ ਜਾ ਰਹੇ ਸੀ ਕਿ ਰਸਤੇ ਵਿੱਚ ਅੰਗਰੇਜ਼ ਸਿੰਘ ਦੀ ਪਾਲਤੂ ਨਸਲ ਦੀ ਲੈਬਰ ਕੁੱਤੀ ਜੋ ਖੁੱਲੀ ਹੋਈ ਸੀ, ਉਸਨੇ ਸਾਡੇ ਕੁੱਤਿਆਂ ਨੂੰ ਵੇਖ ਕੇ ਭੌਂਕਣਾ ਸ਼ੁਰੂ ਕਰ ਦਿੱਤਾ ਤੇ ਸਾਡੇ ਕੁੱਤੇ ਨੇ ਅਚਾਨਕ ਮੇਰੇ ਹੱਥੋਂ ਛੁੱਟ ਗਏ ਤੇ ਅੰਗਰੇਜ਼ ਸਿੰਘ ਦੀ ਕੁੱਤੀ ਨਾਲ ਲੜਨਾ ਸ਼ੁਰੂ ਕਰ ਦਿੱਤਾ। ਅਸੀਂ ਇਹਨਾਂ ਨੂੰ ਛੁਡਾਉਣ ਦੀ ਬਹੁਤ ਕੋਸ਼ਿਸ਼ ਕੀਤੀ ਪਰ ਦੋਵੇਂ ਲੜਨੋਂ ਨਾ ਹਟੇ ਤੇ ਕੁੱਤੀ ਇਸ ਲੜਾਈ ਵਿੱਚ ਅਧਮੋਈ ਹੋ ਗਈ। ਉਹਨਾਂ ਕਿਹਾ ਕਿ ਅੰਗਰੇਜ਼ ਸਿੰਘ ਨੇ ਆਪਣੇ ਘਰੋਂ ਲਾਇਸੰਸੀ ਰਾਈਫਲ ਲਿਆ ਕੇ ਪਿੰਡ ਵਾਸੀ ਪਲਵਿੰਦਰ ਸਿੰਘ ਦੇ ਘਰ ਆਨ ਕੇ ਦੋ ਫਾਇਰ ਕੀਤੇ ਪਰ ਸਿੱਧੇ ਮਾਰ ਦੇਣ ਦੀ ਨੀਅਤ ਨਾਲ ਮੈਂ ਕੰਧ ਦੇ ਓਹਲੇ ਹੋ ਕੇ ਆਪਣੀ ਜਾਨ ਬਚਾਈ, ਜੇਕਰ ਮੈਂ ਕੰਧ 'ਤੇ ਪਿੱਛੇ ਨਾ ਹੁੰਦਾ ਤਾਂ ਮੇਰਾ ਨੁਕਸਾਨ ਹੋ ਜਾਣਾ ਸੀ। ਦੂਜੇ ਪਾਸੇ ਨਜ਼ਦੀਕ ਦੇ ਘਰ 'ਚ ਰਹਿਣ ਵਾਲੇ ਪਲਵਿੰਦਰ ਸਿੰਘ ਦੀ ਪਤਨੀ ਰਵਿੰਦਰ ਕੌਰ ਦਾ ਕਹਿਣਾ ਹੈ ਕਿ ਮੈਂ ਘਰ ਵਿੱਚ ਕੱਲੀ ਸੀ ਤੇ ਬੱਚੇ ਟਵੀਸ਼ਨ ਪੜ੍ਹਨ ਗਏ ਸੀ ਤੇ ਅੰਗਰੇਜ਼ ਸਿੰਘ ਆਪਣੀ ਰਾਈਫਲ ਨਾਲ ਸਾਡੇ ਘਰ ਆਣ ਕੇ ਦੋ ਫਾਇਰ ਕੀਤੇ ਇਕ ਫਾਇਰ ਸਿੱਧਾ ਤੇ ਦੂਸਰਾ ਫਾਇਰ ਨੌਜਵਾਨ ਵੱਲੋਂ ਉਸਦੀ ਰਾਈਫਲ ਨੂੰ ਸੰਭਾਲਦਿਆਂ ਹੋਇਆਂ ਥੱਲੇ ਨੂੰ ਚੱਲ ਗਿਆ। ਉਨ੍ਹਾਂ ਕਿਹਾ ਕਿ ਇਸ ਨਾਲ ਜਿਹੜੇ ਬੱਚੇ ਟਿਊਸ਼ਨ ਪੜ੍ਹ ਰਹੇ ਸੀ ਉਹ ਵੀ ਸਹਿਮ ਗਏ ਅਤੇ ਉਕਤ ਨੌਜਵਾਨ ਹਰਜੀਤ ਸਿੰਘ ਦਾ ਵੀ ਬਚਾਅ ਹੋ ਗਿਆ। ਉਹਨਾਂ ਕਿਹਾ ਕਿ ਪ੍ਰਸ਼ਾਸਨ ਸਾਡੇ ਘਰ ਪੁੱਛਗਿੱਛ ਲਈ ਆਇਆ ਸੀ ਪਰ ਸਾਨੂੰ ਅਜੇ ਤੱਕ ਇਨਸਾਫ ਦੀ ਕੋਈ ਕਿਰਨ ਨਜ਼ਰ ਨਹੀਂ ਆ ਰਹੀ। ਇਸ ਮੌਕੇ ਐਸਐਚਓ ਘਟਨਾ ਦੀ ਜਾਣਕਾਰੀ ਮਿਲਦੇ ਹੀ ਆਪਣੀ ਟੀਮ ਨਾਲ ਪਹੁੰਚੇ ਤੇ ਮੌਕੇ ਦਾ ਜਾਇਜ਼ਾ ਲਿਆ। ਚਰਨਜੀਤ ਸਿੰਘ ਐਸਆਈ ਨੇ ਦੱਸਿਆ ਕਿ ਕਿਲ੍ਹਾ ਦੇਸਾ ਸਿੰਘ ਆਏ ਹਾਂ ਪਤਾ ਲੱਗਾ ਸੀ ਵੀ ਪਾਲਤੂ ਕੁੱਤਿਆਂ ਨੇ ਗੁਆਂਢੀਆਂ ਦੀ ਕੁੱਤੀ ਲੈਬਰਾ ਨਸਲ ਤਿੰਨ ਮਹੀਨੇ ਦੀ ਸੀ, ਉਸ ਦੀ ਮੌਤ ਹੋ ਗਈ ਹੈ ਤੇ ਹਰਪ੍ਰੀਤ ਕੌਰ ਦੇ ਵੀ ਦੰਦ ਲਾਏ ਆ ਵੈਰੀਫਾਈ ਕਰ ਰਹੇ ਹਾਂ ਜੋ ਵੀ ਤੱਥ ਸਾਹਮਣੇ ਹੋਣਗੇ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ।





# ਪਿੰਡ ਬੱਜੂਮਾਨ ਤੇ ਛਿੱਤ ਵਾਸੀਆਂ ਦੀਆਂ ਮੁਸ਼ਕਲਾਂ ਸੁਣ ਕੇ ਕੀਤੀਆਂ ਹੱਲ: ਬਲਬੀਰ ਸਿੰਘ ਪੰਨੂੰ



ਫਤਿਹਗੜ੍ਹ ਚੂੜੀਆਂ, 21 ਅਗਸਤ (ਰਾਜਨ ਸ਼ਰਮਾ): ਹਲਕਾ ਫਤਿਹਗੜ੍ਹ ਚੂੜੀਆਂ ਦੇ ਹਰੇਕ ਪਿੰਡ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਹੱਲ ਕਰਨ ਦੇ ਮਕਸਦ ਨਾਲ ਹਲਕਾ ਇੰਚਾਰਜ ਅਤੇ ਸਾਬਕਾ ਚੇਅਰਮੈਨ ਪਨਸਪ ਪੰਜਾਬ, ਬਲਬੀਰ ਸਿੰਘ ਪੰਨੂ ਵੱਲੋਂ ਪਿੰਡ ਬੱਜੂਮਾਨ ਤੇ ਛਿੱਤ ਵਿੱਚ ਮੀਟਿੰਗ ਕੀਤੀ ਗਈ ਅਤੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਮੌਕੇ 'ਤੇ ਹੱਲ ਕੀਤੀਆਂ ਗਈਆਂ।ਇਸ ਮੌਕੇ ਪਿੰਡ ਵਾਸੀਆਂ ਨੂੰ ਮੁਖਾਤਿਬ ਹੁੰਦਿਆਂ ਬਲਬੀਰ ਸਿੰਘ ਪੰਨੂ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਕਾਰਜਕਾਲ ਦੌਰਾਨ ਹਰੇਕ ਵਰਗ ਦੇ ਹਿੱਤ ਵਿੱਚ ਫੈਸਲੇ ਲਏ ਗਏ ਹਨ ਤੇ ਲੋਕਾਂ ਦੀਆਂ ਮੁਸ਼ਕਲਾਂ ਸੁਣਕੇ ਹੱਲ ਕਰਨ ਲਈ ਲੋਕਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਰਵਾਇਤੀ ਪਾਰਟੀਆਂ ਦੇ ਲੀਡਰਾਂ ਨੇ ਆਮ ਲੋਕਾਂ ਤੋਂ ਦੂਰੀ ਬਣਾ ਕੇ ਰੱਖੀ ਅਤੇ ਲੋਕਹਿੱਤਾਂ ਨੂੰ ਅਣਗੌਲਿਆਂ ਕੀਤਾ। ਪਰ ਆਮ ਆਦਮੀ ਪਾਰਟੀ ਨੇ ਆਮ ਲੋਕਾਂ ਦੀ ਸਾਰ ਲਈ ਅਤੇ ਉਨ੍ਹਾਂ ਦੇ ਹਿੱਤ ਵਿੱਚ ਕੰਮ ਕੀਤਾ। ਉਨ੍ਹਾਂ ਕਿਹਾ ਕਿ ਗੱਲ ਚਾਹੇ ਲੋਕਾਂ ਨੂੰ 600 ਯੂਨਿਟ ਬਿਜਲੀ ਮਾਫੀ ਦੀ ਹੋਵੇ, ਸਿਹਤ ਸਹੂਲਤਾਂ ਦੇ ਕੇ ਆਮ ਆਦਮੀ ਕਲੀਨਿਕ ਖੋਲ੍ਹਣ ਦੀ ਹੋਵੇ ਜਾਂ ਉੱਚ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ 'ਸਕੂਲ ਆਫ ਐਮੀਨੈਂਸ' ਖੋਲ੍ਹਣ ਦੀ ਗੱਲ ਹੋਵੇ, ਆਪ ਸਰਕਾਰ ਨੇ ਲੋਕਹਿੱਤਾਂ ਨੂੰ ਤਰਜੀਹ ਦਿੱਤੀ ਅਤੇ ਹਰੇਕ ਵਰਗ ਦੀ ਭਲਾਈ ਲਈ ਲਗਾਤਾਰ ਵਚਨਬੱਧ ਹੈ।ਇਸ ਮੌਕੇ ਸਰਪੰਚ ਪ੍ਰੇਮ ਸਿੰਘ, ਪੰਚ ਸੁਖ ਬਾਜ ਸਿੰਘ, ਪੰਚ ਪਵਨ, ਵੀਰ ਸਿੰਘ, ਹਰਜੀਤ ਸਿੰਘ ਰਣਜੀਤ ਸਿੰਘ, ਰੁਪਿੰਦਰ ਸਿੰਘ, ਲਖਬੀਰ ਸਿੰਘ, ਸਤਨਾਮ ਸਿੰਘ, ਕੇਵਲ ਸਿੰਘ, ਜੱਗਪ੍ਰੀਤ ਸਿੰਘ, ਪੰਚ ਹਰਜੀਤ ਸਿੰਘ, ਪੰਚ ਹਰਮੀਤ ਸਿੰਘ, ਪੰਚ ਹਰਜਿੰਦਰ ਸਿੰਘ, ਪੰਚ ਬਲਵਿੰਦਰ ਕੌਰ, ਪਿੰਦਰ ਸਿੰਘ, ਪਿਆਰਾ ਸਿੰਘ, ਵਰਿਆਮ ਸਿੰਘ, ਅਮਰਜੀਤ ਸਿੰਘ, ਜਗਜੀਤ ਸਿੰਘ, ਬਲਜਿੰਦਰ ਸਿੰਘ, ਸੁੱਚਾ ਸਿੰਘ, ਜ਼ੋਰਾ ਸਿੰਘ, ਯੂਥ ਪ੍ਰਧਾਨ ਗੁਰਵਿੰਦਰ ਸਿੰਘ, ਪ੍ਰਧਾਨ ਮ ਨਰਿੰਦਰ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਪ੍ਰੀਤ ਸਿੰਘ, ਪ੍ਰਧਾਨ ਜਗਜੀਤ ਸਿੰਘ, ਗਗਨਦੀਪ ਸਿੰਘ ਕੋਟਲਾ ਬਾਮਾ, ਬਲਾਕ ਪ੍ਰਧਾਨ ਰਘਬੀਰ ਸਿੰਘ ਅਟਵਾਲ ਹਲਕਾ ਕੋਆਰਡੀਨੇਟਰ ਕਰਮਜੀਤ ਸਿੰਘ ਬਾਜਵਾ ਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਹਲਕਾ ਵਾਇਸ ਕੋਆਰਡੀਨੇਟਰ ਗੁਰ ਪ੍ਰਤਾਪ ਸਿੰਘ ਆਦਿ ਹਾਜ਼ਰ ਸਨ।

# ਪਿੰਡ ਕਰਨਾਣਾ ਵਿਖੇ ਜੋੜ ਮੇਲੇ ਤੇ ਛਿੰਝ ਮੇਲਾ ਕਰਵਾਇਆ



ਬੰਗਾ, 21 ਅਗਸਤ (ਪ੍ਰਭਜੋਤ ਸਿੰਘ): ਪਿੰਡ ਕਰਨਾਣਾ ਵਿਖੇ ਧੰਨ ਧੰਨ ਦਾਤਾ ਮੀਆਂ ਸਾਹਿਬ ਜੀ ਦੇ ਪਵਿੱਤਰ ਦਰਬਾਰ ਤੇ ਸੰਤ ਬਾਬਾ ਹਜ਼ਾਰਾ ਸਿੰਘ ਦੀ ਯਾਦ ਵਿੱਚ ਸਲਾਨਾ ਜੋੜ ਮੇਲਾ 19 ਅਗਸਤ ਤੋਂ 21 ਅਗਸਤ ਤੱਕ ਬਹੁਤ ਹੀ ਸ਼ਰਧਾ ਤੇ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ । ਸ਼ਹੀਦ ਭਗਤ ਸਿੰਘ ਸੋਸ਼ਲ ਵੈਲਫੇਅਰ ਐਂਡ ਕਲਚਰਲ ਸੁਸਾਇਟੀ ਪੰਜਾਬ ਦੇ ਪ੍ਰਧਾਨ ਅਮਰਜੀਤ ਸਿੰਘ ਕਰਨਾਣਾ ਤੇ ਗੁਰਪ੍ਰੀਤ ਕੌਰ ਕਨੇਡਾ ਵੱਲੋਂ ਦਾਤਾ ਮੀਆਂ ਸਾਹਿਬ ਦਰਬਾਰ 'ਤੇ ਅੱਜ ਛਿੰਝ ਮੇਲਾ ਕਰਵਾਇਆ ਗਿਆ ।ਜਿਸ ਵਿੱਚ ਵੱਖ ਵੱਖ ਅਖਾੜਿਆਂ ਦੇ ਪਹਿਲਵਾਨਾਂ ਨੇ ਆਪਣੀ ਕਲਾ ਦੇ ਜੌਹਰ ਵਿਖਾਏ।ਇਸ ਛਿੰਝ ਮੇਲੇ ਵਿੱਚ ਬਤੌਰ ਮੁੱਖ ਮਹਿਮਾਨ ਹਰਜੋਤ ਕੌਰ ਲੋਹਟੀਆ ਸੰਗਠਨ ਇੰਚਾਰਜ ਤੇ ਪ੍ਰਦੇਸ਼ ਜਨਰਲ ਸਕੱਤਰ ਮਹਿਲਾ ਵਿੰਗ ਪੰਜਾਬ ਆਮ ਆਦਮੀ ਪਾਰਟੀ ਹਾਜ਼ਰ ਹੋਏ।ਇਸ ਮੌਕੇ ਉਨ੍ਹਾਂ ਕਿਹਾ ਕਿ ਛਿੰਝ ਮੇਲੇ ਜਿੱਥੇ ਸਾਨੂੰ ਆਪਣੇ ਸੱਭਿਆਚਾਰ ਨਾਲ ਜੋੜਦੇ ਹਨ, ਉੱਥੇ ਨੌਜਵਾਨਾਂ ਵਿੱਚ ਖੇਡ ਭਾਵਨਾ ਪੈਦਾ ਕਰਦੇ ਹਨ । ਨੌਜਵਾਨ ਨਸ਼ਿਆਂ ਤੋਂ ਦੂਰ ਹੋ ਕੇ ਖੇਡਾਂ ਵਿਚ ਭਾਗ ਲੈਕੇ ਆਪਣੇ ਸਰੀਰ ਨੂੰ ਰਿਸ਼ਟ ਪੁਸ਼ਟ ਰੱਖਦੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਮਾਨ ਸਰਕਾਰ ਵਲੋਂ ਵੀ 'ਯੁੱਧ ਨਸ਼ਿਆਂ ਵਿਰੁੱਧ' ਇੱਕ ਮੁਹਿੰਮ ਚਲਾਈ ਹੋਈ ਹੈ। ਜਿਸ ਅਧੀਨ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਪਿੰਡ ਪਿੰਡ ਜਾਕੇ ਜਾਗਰੂਕ ਕੀਤਾ ਜਾ ਰਿਹਾ ਹੈ।ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਖਿਲਾਫ ਯੁੱਧ ਛੇੜਨ ਲਈ ਕਸਮ ਵੀ ਦਿਲਾਈ ਜਾਂਦੀ ਹੈ।ਇਸ ਮੌਕੇ ਉਨ੍ਹਾਂ ਨੇ ਪਟਕੇ ਦੀ ਕੁਸ਼ਤੀ ਨੂੰ ਹਰੀ ਝੰਡੀ ਦੇ ਕੇ ਸ਼ੁਰੂ ਕਰਵਾਇਆ।ਪਟਕੇ ਦੀ ਕੁਸ਼ਤੀ ਪਹਿਲਵਾਨ ਬਾਰੀ ਬਾਹੜੋਵਾਲ ਤੇ ਪਹਿਲਵਾਨ ਓਂਕਾਰ ਕੰਗਣੀਵਾਲ ਵਿਚਕਾਰ ਕਰਵਾਈ ਗਈ। ਇਸ ਦਿਲਚਸਪ ਮੁਕਾਬਲੇ ਵਿਚ ਬਾਰੀ ਬਾਹੜੋਵਾਲ ਨੇ ਆਪਣੇ ਵਿਰੋਧੀ ਪਹਿਲਵਾਨ ਓਂਕਾਰ ਕੰਗਣੀਵਾਲ ਨੂੰ ਹਰਾ ਕੇ ਪਟਕੇ ਦੀ ਕੁਸ਼ਤੀ 'ਤੇ ਆਪਣਾ ਕਬਜ਼ਾ ਜਮਾਇਆ। ਜੇਤੂ ਪਹਿਲਵਾਨ ਨੂੰ ਨਗਦ ਇਨਾਮ ਰਾਸ਼ੀ ਤੇ ਮੈਡਲ ਨਾਲ ਸਨਮਾਨਿਤ ਕੀਤਾ ਗਿਆ।ਇਨਾਮਾਂ ਦੀ ਵੰਡ ਮੁੱਖ ਮਹਿਮਾਨ ਹਰਜੋਤ ਕੌਰ ਲੋਹਟੀਆ ਵਲੋਂ ਕੀਤੀ ਗਈ। ਇਸ ਮੌਕੇ ਜੱਥੇਦਾਰ ਮਲਕੀਤ ਸਿੰਘ, ਮਨਜੀਤ ਸਿੰਘ ਨਾਮਧਾਰੀ, ਮਾਸਟਰ ਇੰਦਰਜੀਤ ਸਿੰਘ, ਗੱਦੀਨਸ਼ੀਨ ਬਾਬਾ ਬਿੱਲੇ ਸ਼ਾਹ, ਗੁਰਸ਼ਰਨ ਸਿੰਘ ਪਰਿਹਾਰ, ਸਤਨਾਮ ਮਲਹਾਰ, ਜਸਵੀਰ ਸਿੰਘ ਸੈਕਟਰੀ, ਰਾਜ ਕਰਨ ਪੰਚ, ਦੀਪ ਪ੍ਰਧਾਨ, ਲਵਪ੍ਰੀਤ ਲੱਭਾ, ਪ੍ਰਭਜੋਤ ਸਿੰਘ ਪਰਿਹਾਰ, ਰਾਮਾ ਸਾਂਈ ਤੇ ਹੋਰ ਸਾਰੇ ਸੇਵਾਦਾਰ ਹਾਜ਼ਰ ਸਨ ।ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਮਾ. ਜਸਵੀਰ ਸਿੰਘ ਧੀਰ ਵਲੋਂ ਬਾਖੂਬੀ ਨਿਭਾਈ ਗਈ।

# ਸਾਲਾਨਾ ਧਾਰਮਿਕ ਜੋੜ ਮੇਲੇ 'ਤੇ ਪ੍ਰਬੰਧਕਾਂ ਨੇ ਕੀਤਾ ਪ੍ਰਮੁੱਖ ਸ਼ਖਸੀਅਤਾਂ ਦਾ ਸਨਮਾਨ



ਬਟਾਲਾ, 21 ਅਗਸਤ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਹਰ ਸਾਲ ਦੀ ਤਰ੍ਹਾਂ ਪਿੰਡ ਹਰਦੋਰਵਾਲ ਵਿਖੇ ਬਾਬਾ ਜਸਬੀਰ ਸਿੰਘ ਰੰਧਾਵਾ ਸਪੁੱਤਰ ਬਾਬਾ ਕਰਮਜੀਤ ਸਿੰਘ ਰੰਧਾਵਾ ਵੱਲੋਂ ਇਲਾਕੇ ਦੀ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਸਲਾਨਾ ਧਾਰਮਿਕ ਜੋੜ ਮੇਲਾ ਕਰਵਾਇਆ ਗਿਆ।ਇਸ ਦੌਰਾਨ ਕੀਰਤਨੀ ਜਥੇ ਕਵੀਸ਼ਰ ਤੇ ਗਾਇਕਾਂ ਵੱਲੋਂ ਆਈਆਂ ਸੰਗਤਾਂ ਨੂੰ ਨਾਮਬਾਣੀ ਨਾਲ ਜੋੜਿਆ।ਇਸ ਸਾਲਾਨਾ ਧਾਰਮਿਕ ਜੋੜ ਮੇਲੇ ਵਿੱਚ ਵਿਸ਼ੇਸ਼ ਤੌਰ 'ਤੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਰਜੀਵ ਸ਼ਰਮਾ ਲੋਕ ਸਭਾ ਇੰਚਾਰਜ ਤੇ ਇੰਪਰੂਵਮੈਂਟ ਗੁਰਦਾਸਪੁਰ ਦੇ ਚੇਅਰਮੈਨ ਦਲਜੀਤ ਸਿੰਘ ਲੱਕੀ ਮੈਂਬਰ ਜ਼ਿਲ੍ਹਾ ਪਲੈਨਿੰਗ ਬੋਰਡ, ਰਾਜੀਵ ਸ਼ਰਮਾ ਮਾਰਕੀਟ ਕਮੇਟੀ ਚੇਅਰਮੈਨ ਇੰਦਰਜੀਤ ਸਿੰਘ ਲਖਵਿੰਦਰ ਸਿੰਘ ਸੰਘੇੜਾ, ਹਰਪਿੰਦਰ ਪਾਲ ਸਿੰਘ ਸੰਧੂ, ਗੁਰਵਿੰਦਰ ਸਿੰਘ ਪੰਨੂ ਕੋਟਲਾ ਬਾਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਹਨਾਂ ਪ੍ਰਮੁੱਖ ਸ਼ਖਸੀਅਤਾਂ ਨੂੰ ਪ੍ਰਬੰਧਕ ਕਮੇਟੀ ਤੇ ਬਾਬਾ ਜਸਵੀਰ ਸਿੰਘ ਰੰਧਾਵਾ ਵੱਲੋਂ ਸਨਮਾਨ ਚਿੰਨ ਤੇ ਸਿਰੋਪਾਉ ਦੇ ਕੇ ਸਨਮਾਨਤ ਕੀਤਾ।ਉਨ੍ਹਾਂ ਕਿਹਾ ਕਿ ਮੇਲੇ ਦੌਰਾਨ ਆਏ ਵੱਖ-ਵੱਖ ਕਵੀਸ਼ਰ ਕੀਰਤਨੀ ਸਿੰਘ ਤੇ ਗਾਇਕਾਂ ਵੱਲੋਂ ਜੋ ਸਾਨੂੰ ਨਾਮ ਬਾਣੀ ਨਾਲ ਜੋੜਿਆ ਗਿਆ ਹੈ ਇਸ ਤੋਂ ਸਾਫ ਜ਼ਾਹਿਰ ਹੁੰਦਾ ਹੈ ਕਿ ਸਾਨੂੰ ਆਪਣੇ ਵਿਰਸੇ ਨਾਲ ਤੇ ਧਾਰਮਿਕ ਤੌਰ 'ਤੇ ਜੀਵਨ ਬਸਰ ਕਰਨਾ ਚਾਹੀਦਾ ਹੈ। ਇਸ ਮੌਕੇ ਵਿਧਾਇਕ ਗੁਰਦੀਪ ਰੰਧਾਵਾ ਜੋਬਨ ਰੰਧਾਵਾ ਜ਼ਿਲ੍ਹਾ ਪ੍ਰਧਾਨ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਤੇ ਵੱਖ ਵੱਖ ਬੁਲਾਰਿਆਂ ਵੱਲੋਂ ਕਿਹਾ ਗਿਆ ਕਿ ਇਸ ਤਰ੍ਹਾਂ ਦੇ ਜੋੜ ਮੇਲੇ ਲੱਗਣੇ ਚਾਹੀਦੇ ਹਨ ਤਾਂ ਜੋ ਆਪਸੀ ਪਿਆਰ ਬਣਿਆ ਰਹੇ । ਇਸ ਸਮੇਂ ਜਸਬੀਰ ਸਿੰਘ ਰੰਧਾਵਾ ਵੱਲੋਂ ਆਈਆਂ ਮੁੱਖ ਸ਼ਖਸੀਅਤਾਂ ਤੇ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਜੋੜ ਮੇਲੇ ਨੂੰ ਕਰਵਾਉਣ ਵਾਸਤੇ ਆਪਣਾ ਪੂਰਨ ਸਹਿਯੋਗ ਦਿੱਤਾ ਹੈ।ਇਸ ਮੌਕੇ ਗੁਰਵਿੰਦਰ ਸਿੰਘ ਪੰਨੂ ਕੋਟਲਾ ਬਾਮਾ ਲਖਵਿੰਦਰ ਸਿੰਘ ਕਾਹਲੋ ਜਗਦੀਪ ਸਿੰਘ ਕਿਲਾ ਲਾਲ ਸਿੰਘ ਸਤਨਾਮ ਸਿੰਘ ਡਾਲੇ ਚੱਕ ਗੁਰਵਿੰਦਰ ਸਿੰਘ ਵੀਲਾ ਤੇਜਾ ਕੈਪਟਨ ਸੁੰਡਲ ਹਰਦੀਪ ਸਿੰਘ ਬੱਲੋਵਾਲ ਚਰਨਜੀਤ ਸਿੰਘ ਝੰਜੀਆਂ ਕਲਾਂ ਇੰਦਰਜੀਤ ਸਿੰਘ ਰੋੜ ਖਹਿਰਾ ਆਦਿ ਹਾਜ਼ਰ ਸਨ।

# ਪੰਜਾਬ ਕਿਸਾਨ-ਮਜ਼ਦੂਰ ਯੂਨੀਅਨ ਦੀ ਜ਼ਰੂਰੀ ਮੀਟਿੰਗ ਗੁਰਦੁਆਰਾ ਬਾਬਾ ਬੇਲਾ ਸਿੰਘ ਜੀ ਪਿੰਡ ਸੰਘੇੜਾ ਵਿਖੇ ਹੋਈ



ਡੇਰਾ ਬਾਬਾ ਨਾਨਕ, 21 ਅਗਸਤ (ਹੈਪੀ ਕੋਟਲੀ): ਅੱਜ ਪੰਜਾਬ ਕਿਸਾਨ ਮਜ਼ਦੂਰ ਯੂਨੀਅਨ ਦੀ ਇੱਕ ਜ਼ਰੂਰੀ ਮੀਟਿੰਗ ਗੁਰਦੁਆਰਾ ਬਾਬਾ ਬੇਲਾ ਸਿੰਘ ਜੀ ਪਿੰਡ ਸੰਘੇੜਾ ਵਿਖੇ ਸੂਬਾ ਪ੍ਰਧਾਨ ਸੁਖਜੀਤ ਸਿੰਘ ਹਰਦੋਝੰਡੇ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਹਿੱਸਾ ਲਿਆ ।ਇਸ ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਮੀਡੀਆ ਮੈਨੇਜਰ ਮਨਜੀਤ ਸਿੰਘ ਬਸੰਤਕੋਟ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਜੋ ਕਿਸਾਨਾਂ ਦੇ ਉੱਪਰ ਗਲਤ ਨੀਤੀਆਂ ਥੋਪੀਆਂ ਜਾ ਰਹੀਆਂ ਹਨ ਤੇ ਕੇਂਦਰ ਸਰਕਾਰ ਤੇ ਰਾਜ ਸਰਕਾਰ ਵੱਲੋਂ ਜੋ ਕਿਸਾਨਾਂ ਦੀਆਂ ਮੰਗਾਂ ਮੰਨੀਆਂ ਗਈਆਂ ਹਨ, ਉਹ ਲਾਗੂ ਨਾ ਕੀਤੇ ਜਾਣ 'ਤੇ ਤਿੱਖਾ ਰੋਸ ਪ੍ਰਗਟ ਕੀਤਾ ਗਿਆ। ਇਸ ਮੌਕੇ ਐਮਐਸਪੀ ਨੂੰ ਕਾਨੂੰਨੀ ਗਰੰਟੀ ਦਿੱਤੇ ਜਾਣ, ਬਿਜਲੀ ਸੋਧ ਐਕਟ ਨੂੰ ਰੱਦ ਕੀਤੇ ਜਾਣ ਤੇ ਕਰ ਮੁਕਤ ਵਪਾਰ ਸਮਝੌਤੇ ਵਿੱਚੋਂ ਕਿਸਾਨੀ ਨੂੰ ਬਾਹਰ ਰੱਖਣ ਲਈ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ। ਇਸ ਮੌਕੇ ਪਿੰਡਾਂ ਵਿੱਚ ਲੱਗਣ ਵਾਲੇ ਸਮਾਰਟ ਮੀਟਰਾਂ ਦਾ ਵਿਰੋਧ ਕਰਨ, ਇਲਾਕੇ ਦੀਆਂ ਟੁੱਟੀਆਂ ਸੜਕਾਂ ਨੂੰ ਠੀਕ ਕਰਨ, ਸ਼ੰਭੂ ਤੇ ਖਨੌਰੀ ਮੋਰਚੇ 'ਤੇ ਕਿਸਾਨਾਂ ਦੇ ਚੋਰੀ ਹੋਏ ਸਮਾਨ ਤੇ ਟਰਾਲੀਆਂ ਦੀ ਭਰਪਾਈ ਕਰਨ ਲਈ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ। ਇਸ ਮੌਕੇ ਸੂਬਾ ਪ੍ਰਧਾਨ ਸੁਖਜੀਤ ਸਿੰਘ ਹਰਦੋਝੰਡੇ ਤੋਂ ਇਲਾਵਾ ਸੂਬਾ ਜਨਰਲ ਸਕੱਤਰ ਮਨਜੀਤ ਸਿੰਘ ਬਾਜਵਾ, ਕੋਰ ਕਮੇਟੀ ਮੈਂਬਰ ਮੁਖਤਾਰ ਸਿੰਘ ਉਗਰੇਵਾਲ, ਨਰਿੰਦਰ ਸਿੰਘ ਕੋਟਲਾ ਬਾਮਾ, ਹਰਪਾਲ ਸਿੰਘ ਸੁੰਡਲ, ਹਰਜੀਤ ਸਿੰਘ ਵੀਲਾ, ਹਰਪਾਲ ਸਿੰਘ ਠੱਠਾ, ਬਾਬਾ ਗੁਰਚਰਨ ਸਿੰਘ ਡਾਲੇ ਚੱਕ, ਤਰਸੇਮ ਸਿੰਘ ਭਾਲੋਵਾਲੀ, ਸਰਬਜੀਤ ਸਿੰਘ ਬੰਬ, ਹਰਭਜਨ ਸਿੰਘ ਕੋਟਲੀ ਸੂਰਤ ਮੱਲੀ, ਉਗਰੇਵਾਲ, ਸਤਵਿੰਦਰ ਸਿੰਘ ਡੇਰਾ ਪਠਾਣਾ, ਹਰਪਾਲ ਸਿੰਘ ਖਹਿਰਾ, ਰਣਜੀਤ ਸਿੰਘ ਬਸੰਤਕੋਟ ਸਮੇਤ ਸੈਂਕੜੇ ਕਿਸਾਨ ਹਾਜ਼ਰ ਹੋਏ।

# ਜ਼ਿਲ੍ਹੇ 'ਚ ਬਲਾਕ ਪੱਧਰੀ ਖੇਡਾਂ 4 ਤੋਂ 12 ਸਤੰਬਰ ਤੱਕ ਕਰਵਾਈਆਂ ਜਾਣਗੀਆਂ: ਜ਼ਿਲ੍ਹਾ ਖੇਡ ਅਫਸਰ

ਸ਼ਹੀਦ ਭਗਤ ਸਿੰਘ ਨਗਰ, 21 ਅਗਸਤ (ਸੁਖਦੇਵ ਸਿੰਘ ਉੜਾਪੜ): ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ 2025 ਤਹਿਤ ਬਲਾਕ, ਜ਼ਿਲ੍ਹਾ ਤੇ ਰਾਜ ਪੱਧਰੀ ਖੇਡਾਂ 03 ਸਤੰਬਰ ਤੋਂ 23 ਨਵੰਬਰ ਤੱਕ ਕਰਵਾਈਆਂ ਜਾ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫਸਰ ਵੰਦਨਾ ਚੌਹਾਨ, ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ ਦਾ ਉਦਘਾਟਨ 29 ਅਗਸਤ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਹੋ ਰਿਹਾ ਹੈ।ਉਨ੍ਹਾਂ ਦੱਸਿਆ ਕਿ ਖੇਡਾਂ ਦੀ ਸ਼ੁਰੂਆਤ ਤੋਂ ਪਹਿਲਾਂ ਟਾਰਚ ਰਿਲੇਅ ਹੋਵੇਗੀ ਜੋ 20 ਅਗਸਤ ਤੋਂ ਜ਼ਿਲ੍ਹਾ ਸੰਗਰੂਰ ਤੋਂ ਸ਼ੁਰੂ ਹੋ ਕੇ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਦੀ ਹੁੰਦੀ ਹੋਈ 29 ਅਗਸਤ ਨੂੰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਪਹੁੰਚੇਗੀ, ਜਿੱਥੋਂ ਹੁਸ਼ਿਆਰਪੁਰ ਲਈ ਰਵਾਨਾ ਹੋਵੇਗੀ । ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਬਲਾਕ ਪੱਧਰੀ ਖੇਡਾਂ 4 ਸਤੰਬਰ ਤੋਂ 12 ਸਤੰਬਰ ਤੱਕ ਵੱਖ-ਵੱਖ ਬਲਾਕਾਂ ਵਿੱਚ ਹੋਣਗੀਆਂ।ਉਨ੍ਹਾਂ ਦੱਸਿਆ ਕਿ ਬਲਾਕ ਨਵਾਂਸ਼ਹਿਰ ਵਿੱਚ 04-05 ਸਤੰਬਰ, ਬਲਾਕ ਬਲਾਚੌਰ ਤੇ ਸੜੋਆ ਵਿੱਚ 08-09 ਸਤੰਬਰ ਅਤੇ ਬਲਾਕ ਬੰਗਾ ਵਿਖੇ 11-12 ਸਤੰਬਰ ਨੂੰ ਵੱਖ-ਵੱਖ ਉਮਰ ਵਰਗ ਦੀਆਂ ਖੇਡਾਂ ਹੋਣਗੀਆਂ, ਜਿਨ੍ਹਾਂ ਵਿੱਚ ਅਥਲੈਟਿਕਸ, ਵਾਲੀਬਾਲ, ਸ਼ੂਟਿੰਗ ਤੇ ਵਾਲੀਬਾਲ ਸ਼ਮੇਸ਼ਿੰਗ, ਕਬੱਡੀ ਸਰਕਲ, ਖੋ-ਖੋ ਸ਼ਾਮਲ ਹਨ ।

# ਪੰਜਾਬ ਨੈਸ਼ਨਲ ਬੈਂਕ ਤਲਵੰਡੀ ਭਰਥ ਨੇ ਮੈਰੀ ਗੋਲਡ ਸਕੂਲ 'ਚ ਕੈਂਪ ਲਗਾਇਆ



ਫਤਿਹਗੜ੍ਹ ਚੂੜੀਆਂ, 21 ਅਗਸਤ (ਰਾਜਨ ਸ਼ਰਮਾ): ਫਤਿਹਗੜ੍ਹ ਚੂੜੀਆਂ ਦੀ ਕੁਝ ਹੀ ਦੂਰੀ ਉੱਪਰ ਪਿੰਡ ਤਲਵੰਡੀ ਭਰਥ ਦੀ ਬ੍ਰਾਂਚ ਪੰਜਾਬ ਨੈਸ਼ਨਲ ਬੈਂਕਵੱਲੋਂ ਤੇ ਸੰਜੀਤ ਕੁਮਾਰ ਕੌਂਡਲ ਸਰਕਲ ਹੈਡ ਪੰਜਾਬ ਨੈਸ਼ਨਲ ਬੈਂਕ ਪਠਾਨਕੋਟ ਦੇ ਦਿਸ਼ਾ ਨਿਰਦੇਸ਼ਾਂ ਹੇਠ ਮੈਰੀ ਗੋਲਡ ਪਬਲਿਕ ਸਕੂਲ ਅਲੀਵਾਲ ਵਿਖੇ ਸੈਲਰੀ ਸੇਵਿੰਗ ਅਕਾਊਂਟ ਓਪਨਿੰਗ ਕੈਂਪ ਪੰਜਾਬ ਨੈਸ਼ਨਲ ਬੈਂਕ ਤਲਵੰਡੀ ਭਰਥ ਦੇ ਮੈਨੇਜਰ ਸੰਜੇ ਕੁਮਾਰ ਵੱਲੋਂ ਲਗਵਾਇਆ ਗਿਆ । ਗੱਲਬਾਤ ਦੌਰਾਨ ਬੈਂਕ ਮੈਨੇਜਰ ਸੰਜੇ ਕੁਮਾਰ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਤਕਰੀਬਨ 100 ਤੋਂ ਵੱਧ ਸੈਲਰੀ ਅਕਾਊਂਟ ਖੋਲ੍ਹੇ।ਮੈਰੀਗੋਲਡ ਅਲੀਵਾਲ ਸਕੂਲ ਦੇ ਐਮਡੀ ਗੁਰਵਿੰਦਰ ਸਿੰਘ ਪੰਨੂ ਤੇ ਸਕੂਲ ਪ੍ਰਿੰਸੀਪਲ ਹਰਪਿੰਦਰਪਾਲ ਸਿੰਘ ਵੱਲੋਂ ਪੰਜਾਬ ਨੈਸ਼ਨਲ ਬੈਂਕ ਤਲਵੰਡੀ ਭਰਥ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ। ਬੈਂਕ ਮੈਨੇਜਰ ਸੰਜੇ ਕੁਮਾਰ ਨੇ ਦੱਸਿਆ ਕਿ ਬ੍ਰਾਂਚ ਵਿੱਚ ਕਿਸੇ ਵੀ ਕਸਟਮਰ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ । ਬੈਂਕ ਮੈਨੇਜਰ ਸੰਜੇ ਕੁਮਾਰ, ਗੁਰਪ੍ਰੀਤ ਸਿੰਘ, ਮੰਗਲ ਦਾਸ, ਸਿਮਰਨਜੀਤ ਸਿੰਘ, ਕੁਲਦੀਪ, ਪਰਮਜੀਤ ਕੌਰ, ਮਾਰਕੀਟਿੰਗ ਆਫਿਸਰ ਹਬਿਸ, ਵਿਸ਼ਾਲ, ਵਿਲੀਅਮ ਤੋਂ ਇਲਾਵਾ ਮੈਰੀ ਗੋਲਡ ਪਬਲਿਕ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

# ਖੱਜਲ-ਖ਼ੁਆਰੀ ਤੋਂ ਬਚਣ ਲਈ ਕਿਸਾਨ ਝੋਨੇ ਦੀ ਫ਼ਸਲ ਦੀ ਕਟਾਈ ਪੂਰੀ ਤਰ੍ਹਾਂ ਪੱਕਣ 'ਤੇ ਹੀ ਕਰਵਾਉਣ: ਮੁੱਖ ਖੇਤੀਬਾੜੀ ਅਫ਼ਸਰ



ਗੁਰਦਾਸਪੁਰ, 21 ਅਗਸਤ (ਜਗੀਰ ਸਿੰਘ ਮੰਡ): ਜ਼ਿਲ੍ਹਾ ਗੁਰਦਾਸਪੁਰ ਵਿਚ ਚਾਲੂ ਸੀਜ਼ਨ ਦੌਰਾਨ ਤਕਰੀਬਨ ਇੱਕ ਲੱਖ ਬਹੱਤਰ ਹਜ਼ਾਰ ਹੈਕ. ਰਕਬੇ ਵਿੱਚ ਝੋਨੇ ਤੇ ਬਾਸਮਤੀ ਦੀ ਕਾਸ਼ਤ ਕੀਤੀ ਗਈ ਹੈ ਤੇ ਸਮੇਂ ਸਿਰ ਇਕਸਾਰ ਬਰਸਾਤ ਹੋਣ ਨਾਲ ਝੋਨੇ ਦੀ ਫ਼ਸਲ ਬਹੁਤ ਵਧੀਆ ਹੈ ਤੇ ਉਮੀਦ ਹੈ ਪ੍ਰਤੀ ਹੈਕਟੇਅਰ ਪੈਦਾਵਾਰ ਪਿਛਲੇ ਸਾਲ ਨਾਲੋਂ ਬਿਹਤਰ ਰਹੇਗੀ।ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰਡਾ. ਅਮਰੀਕ ਸਿੰਘ ਨੇ ਦੱਸਿਆ ਕਿ ਝੋਨੇ ਦੀ ਫ਼ਸਲ ਉੱਪਰ ਫ਼ਿਲਹਾਲ ਕਿਸੇ ਵੀ ਕੀੜੇ ਜਾਂ ਬਿਮਾਰੀ ਦਾ ਹਮਲਾ ਨਹੀਂ ਦੇਖਿਆ ਗਿਆ।ਉਨ੍ਹਾਂ ਦੱਸਿਆ ਕਿ ਕੁਝ ਜਗਾ 'ਤੇ ਝੋਨੇ ਦੇ ਬੌਣੇ ਬੂਟਿਆਂ ਦੇ ਵਿਸ਼ਾ ਨੂੰ ਰੋਗ ਦਾ ਹਮਲਾ ਦੇਖਿਆ ਗਿਆ ਸੀ ਪਰ ਸਮੇਂ ਸਿਰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਤਕਨੀਕੀ ਅਗਵਾਈ ਦੇਣ ਕਾਰਨ ਹਾਲਤ ਕਾਬੂ ਹੇਠ ਹਨ । ਉਨ੍ਹਾਂ ਕਿਹਾ ਕਿ ਝੋਨੇ ਦੀ ਫ਼ਸਲ ਵਿਚ ਫੋਕ ਦੀ ਮਾਤਰਾ ਘਟਾਉਣ ਲਈ ਗੱਭ ਭਰਨ ਦੀ ਅਵਸਥਾ 'ਤੇ 3 ਕਿੱਲੋ ਪੋਟਾਸ਼ੀਅਮ ਨਾਈਟ੍ਰੇਟ (13:0:45) ਨੂੰ 200 ਲੀਟਰ ਪਾਣੀ ਦੇ ਘੋਲ ਵਿਚ ਪ੍ਰਤੀ ਏਕੜ ਛਿੜਕਾਅ ਕਰ ਦੇਣਾ ਚਾਹੀਦਾ ਹੈ।ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਵੱਲੋਂਇਸ ਵਾਰ ਝੋਨੇ ਦੀ ਫ਼ਸਲ ਦਾਘੱਟੋ ਘੱਟ ਖ਼ਰੀਦ ਸਮਰਥਨ ਮੁੱਲ 2389/- ਰੁਪਏ ਪ੍ਰਤੀ ਕੁਇੰਟਲ ਮੁਕੱਰਰ ਕੀਤਾ ਹੈ। ਉਨ੍ਹਾਂ ਕਿਹਾ ਕਿ ਝੋਨੇ ਤੇ ਬਾਸਮਤੀ ਦੀ ਕਟਾਈ ਫ਼ਸਲ ਦੇ ਪੂਰੀ ਤਰ੍ਹਾਂ ਪੱਕਣ 'ਤੇ ਹੀ ਕਰਨੀ ਚਾਹੀਦੀ ਹੈ ਕਿਉਂਕਿ ਜੇਕਰ ਫ਼ਸਲ ਦੀ ਕਟਾਈ ਪੱਕਣ ਤੋਂ ਪਹਿਲਾਂ ਹੀ ਕਰ ਲਈ ਜਾਵੇ ਤਾਂ ਅਣਪੱਕੇ ਅਤੇ ਹਰੇ ਦਾਣੇ ਉਪਜ ਦੇ ਮਿਆਰੀਪਣ 'ਤੇ ਅਸਰ ਪਾਉਂਦੇ ਹਨ। ਇਸ ਤਰਾਂ ਕਿਸਾਨ ਨੂੰ ਕਈ ਵਾਰ ਜਿਨਸ ਦਾ ਘੱਟ ਭਾਅ ਮਿਲਦਾ ਹੈ। ਉਨ੍ਹਾਂ ਕਿਹਾ ਕਿ ਚੰਗਾ ਅਤੇ ਪੂਰਾ ਭਾਅ ਲੈਣ ਲਈ ਉਪਜ ਵਿੱਚ ਨਮੀਂ ਦੀ ਮਾਤਰਾ ਨਿਰਧਾਰਿਤ ਮਾਪਦੰਡ 17 ਫ਼ੀਸਦੀ ਅਨੁਸਾਰ ਹੀ ਹੋਣੀ ਚਾਹੀਦੀ ਕਿਉਂਕਿ ਨਮੀ ਦੀ ਮਾਤਰਾ ਦੇ ਆਧਾਰ ਤੇ ਹੀ ਉਪਜ ਦਾ ਮੰਡੀਕਰਨ ਹੁੰਦਾ ਹੈ, ਬਿਹਤਰ ਹੋਵੇਗਾ ਜੇਕਰ ਕਿਸਾਨ ਖੜ੍ਹੀ ਫ਼ਸਲ ਨੂੰ ਚੰਗੀ ਤਰਾਂ ਪੱਕਣ 'ਤੇ ਹੀ ਕਟਾਈ ਕਰਕੇ ਘਰੋਂ ਸੁਕਾ ਕੇ ਲਿਆਵੇ ਤਾਂ ਜੋ ਕਿਸਾਨ ਫ਼ਸਲ ਵੇਚ ਕੇ ਸਮੇਂ ਸਿਰ ਘਰ ਵਾਪਸ ਜਾ ਸਕੇ ।

# ਸਰਕਾਰੀ ਆਯੁਰਵੈਦਿਕ ਡਿਸਪੈਂਸਰੀ ਮਸਾਣੀਆਂ ਵਿਖੇ ਲੱਗਾ ਮੈਡੀਕਲ ਕੈਂਪ



ਬਟਾਲਾ, 21 ਅਗਸਤ (ਬਲਵਿੰਦਰ ਸਿੰਘ ਪੰਜਗਰਾਈਂ): ਨਜ਼ਦੀਕੀ ਪਿੰਡ ਮਸਾਣੀਆ ਦੇ ਮਹੱਲਾ ਕਲੀਨਿਕ ਵਿਖੇ ਸਥਿਤ, ਸਰਕਾਰੀ ਆਯੁਰਵੈਦਿਕ ਡਿਸਪੈਂਸਰੀ ਦੇ ਇੰਚਾਰਜ ਡਾ. ਅਮਿਤ ਕੁਮਾਰ ਦੀ ਅਗਵਾਈ ਹੇਠ, ਇੱਕ ਵਿਸ਼ੇਸ਼ ਮੈਡੀਕਲ ਕੈਂਪ ਲਗਾਇਆ ਗਿਆ।ਜਾਣਕਾਰੀ ਸਾਂਝੀ ਕਰਦੇ ਹੋਏ ਆਯੁਰਵੈਦਿਕ ਮੈਡੀਕਲ ਅਫਸਰ ਡਾ. ਅਮਿਤ ਵਰਮਾ ਨੇ ਦੱਸਿਆ ਕਿ ਅੱਜ ਡਾਕਟਰ ਨੀਲਮ ਵਰਮਾ, ਡਾ. ਮਨਦੀਪ ਕੌਰ, ਉਪਵੈਦ ਸੰਦੀਪ ਕੁਮਾਰ ਹੁਕਵੈਦ ਮਹਿਕਦੀਪ ਸਿੰਘ ਡਾ. ਹੋਮਿਓਪੈਥਿਕ ਡਾ. ਹਰਜਿੰਦਰ ਕੌਰ ਡਾਕਟਰ ਅਮਰਿੰਦਰ ਸਿੰਘ ਕਲੇਰ ਡਾ. ਰਾਜੂ ਕੁਮਾਰ ਉਪ ਵੈਦ ਮੈਡਮ ਸੁਰਈਆ ਤੇ ਆਹ ਦੌਲਤ ਟੀਮ ਵੱਲੋਂ ਅਧਾਰਤ ਟੀਮ ਵੱਲੋਂ ਹਰ ਕਿਸਮ ਦੀ ਬਿਮਾਰੀ ਦਾ ਇਲਾਜ ਕੀਤਾ ਗਿਆ।ਡਾ.ਅਮਿਤ ਵਰਮਾ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਰੀਜ਼ਾਂ ਦੀ ਸਹੂਲਤ ਵਾਸਤੇ ਹਰ ਪ੍ਰਕਾਰ ਦੀਆਂ ਦਵਾਈਆਂ ਹਸਪਤਾਲਾਂ ਵਿੱਚ ਉਹ ਉਪਲਬਧ ਕਰਵਾਈਆਂ ਗਈਆਂ ਹਨ। ਉਨਾਂ ਕਿਹਾ ਕਿ ਸਰਕਾਰ ਵੱਲੋਂ ਲੋਕ ਭਲਾਈ ਦੇ ਕਾਰਜਾਂ ਨੂੰ ਅਤੇ ਪੰਜਾਬ ਦੇ ਲੋਕਾਂ ਦੀ ਸਿਹਤ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਵੱਖ-ਵੱਖ ਪਿੰਡਾਂ ਵਿੱਚ ਵਿਸ਼ੇਸ਼ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ ਜਿਵੇਂ ਕਿ ਕੱਲ ਅਜਿਹਾ ਹੀ ਕਰਮ ਪਿੰਡ ਧੰਦੋਈ ਵਿਖੇ ਲੱਗੇਗਾ ਉਥੇ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੂੰ ਆਪਣਾ ਚੈੱਕਅਪ ਕਰਵਾਉਣ ਵਾਸਤੇ ਵੱਧ ਤੋਂ ਵੱਧ ਸ਼ਾਮਲ ਹੋ ਕੇ ਇਸ ਸਹੂਲਤ ਦਾ ਲਾਭ ਉਠਾਉਣਾ ਚਾਹੀਦਾ ਹੈ।ਇਸ ਮੌਕੇ ਡਾ. ਅਮਿਤ ਵਰਮਾ ਦੀ ਟੀਮ ਵੱਲੋਂ ਲੋੜਵੰਦ ਮਰੀਜ਼ਾਂ ਨੂੰ ਯੋਗਾ ਵੀ ਕਰਵਾਇਆ ਗਿਆ। ਉਨ੍ਹਾਂ ਦੇ ਸ਼ੂਗਰ ਟੈਸਟ ਫਰੀ ਕੀਤੇ ਗਏ ।ਇਸ ਮੌਕੇ ਡਾ. ਫੋਰਸ ਪੰਜਾਬ ਸਿੰਘ ਦੀ ਟੀਮ ਨੇ ਵਲੰਟੀਅਰ ਦੇ ਤੌਰ 'ਤੇ ਇਸ ਕੈਂਪ ਵਿੱਚ ਵੱਡਾ ਸਹਿਯੋਗ ਦਿੱਤਾ।ਇਸ ਮੌਕੇ ਸਰਪੰਚ ਪ੍ਰਭਦੀਪ ਸਿੰਘ ਮਨਜੀਤ ਸਿੰਘ ਨਾਗਰਾ ਕਰਨੈਲ ਸਿੰਘ ਸਾਬਕਾ ਸਰਪੰਚ ਗੁਰਵਿੰਦਰ ਸਿੰਘ ਅਮਨਦੀਪ ਤੇ ਹੋਰ ਵੀ ਵਲੰਟੀਅਰ ਹਾਜ਼ਰ ਸਨ।

# ਪਿੰਡ ਢੂੰਗ ਵਿਖੇ ਬਾਬਾ ਗੁਲਾਬ ਸ਼ਾਹ ਦਾ ਸਾਲਾਨਾ ਜੋੜ ਮੇਲਾ 24 ਨੂੰ



ਚੌਕ ਮਹਿਤਾ, 21 ਅਗਸਤ (ਬਲਜਿੰਦਰ ਸਿੰਘ ਰੰਧਾਵਾ): ਪਿੰਡ ਢੂੰਗ ਵਿਖੇ ਦਰਗਾਹ ਬਾਬਾ ਗੁਲਾਬ ਸ਼ਾਹ 'ਤੇ ਸਾਲਾਨਾ ਜੋੜ ਮੇਲਾ ਇਸ ਵਾਰ 24 ਅਗਸਤ ਨੂੰ ਮਨਾਇਆ ਜਾ ਰਿਹਾ ਹੈ। ਐੱਨ.ਆਰ.ਆਈ ਵੀਰਾਂ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹੋ ਰਹੇ ਇਸ ਮੇਲੇ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਮੁੱਖ ਪ੍ਰਬੰਧਕ ਅਮਨ ਵੜੈਚ, ਇੰਦਰਜੀਤ ਸਿੰਘ ਕਾਕੂ, ਬਲਜਿੰਦਰ ਸਿੰਘ ਬੱਲੀ ਰੰਧਾਵਾ ਤੇ ਕੁਲਬੀਰ ਸਿੰਘ ਤੋਂ ਇਲਾਵਾ ਕਮੇਟੀ ਵੱਲੋਂ ਪ੍ਰਧਾਨ ਕੁਲਬੀਰ ਸਿੰਘ ਉਦੋਨੰਗਲ, ਸਰਪੰਚ ਤਰਸੇਮ ਸਿੰਘ, ਸਾਬਕਾ ਸਰਪੰਚ ਮਹਿੰਗਾ ਸਿੰਘ, ਸਰਤਾਜ ਸਿੰਘ, ਮਨਪ੍ਰੀਤ ਸਿੰਘ ਬੌਬੀ, ਕੰਵਲਜੀਤ ਸਿੰਘ ਵੜੈਚ ਤੇ ਚੇਅਰਮੈਨ ਸਤਨਾਮ ਸਿੰਘ ਨੇ ਦੱਸਿਆ ਕਿ 24 ਅਗਸਤ ਦਿਨ ਐਤਵਾਰ ਨੂੰ ਮੁੱਖ ਸੇਵਾਦਾਰ ਬਾਬਾ ਸਤਨਾਮ ਸਿੰਘ ਵੱਲੋਂ ਦਰਗਾਹ 'ਤੇ ਚਾਦਰ ਚੜ੍ਹਾਉਣ ਦੀ ਰਸਮ ਪੂਰੀ ਕੀਤੇ ਜਾਣ ਉਪਰੰਤ ਸੱਭਿਆਚਾਰਕ ਮੇਲਾ ਸ਼ੁਰੂ ਹੋਵੇਗਾ, ਜਿਸ ਦੌਰਾਨ ਪੰਜਾਬ ਦੀ ਨਾਮਵਰ ਦੋਗਾਣਾ ਜੋੜੀਸੁਰਜੀਤ ਭੁੱਲਰ ਤੇ ਜੰਨਤ ਕੌਰ ਦੀ ਦਿਲਕਸ਼ ਗਾਇਕੀ ਦਾ ਖੁੱਲ੍ਹਾ ਅਖਾੜਾ ਲੱਗੇਗਾ ਤੇ ਇਸਦੇ ਨਾਲ ਹੀ ਗਾਇਕ ਜੋੜੀ ਦਲਜੀਤ ਧਲੇਰੀਆਂ ਤੇ ਬੀਬਾ ਹਰਦੀਪ ਬੱਬੂ ਵੀ ਆਪਣੀ ਗਾਇਕੀ ਦੇ ਜੌਹਰ ਦਿਖਾਉਣਗੇ।

# ਕੁਸ਼ਤੀ ਦੀ ਸਟੇਟ ਲੈਵਲ ਦੀ ਚੋਣ



ਕਾਦੀਆਂ, 21 ਅਗਸਤ (ਤਾਰੀ): ਪੀ ਐਮ ਸ਼੍ਰੀ ਸਸਸਸ ਬਹਾਦਰਪੁਰ ਰਜੋਆ ਦੇ ਪ੍ਰਿੰਸੀਪਲ ਰਾਮ ਲਾਲ ਜੀ ਨੇ ਦੱਸਿਆ ਕਿ ਪੰਜਾਬ ਸਕੂਲ ਦੀਆਂ 76ਵੀਂ ਖੇਡਾਂ ਦੇ ਸਡਿਊਲ ਅਨੁਸਾਰ ਜ਼ਿਲ੍ਹਾ ਲੈਵਲ ਕੁਸ਼ਤੀ ਦੇ ਮੁਕਾਬਲੇ ਐਸ. ਐਮ ਕਾਲਜ ਦੀਨਾ ਨਗਰ ਵਿਖੇ ਕਰਵਾਇਆ ਗਿਆ। ਇਹਨਾਂ ਮੁਕਾਬਲਿਆਂ ਵਿੱਚੋਂ ਅੰਡਰ 14 ਸਾਲ ਵਿੱਚੋਂ ਸੁਦਾਮ ਹੁਸੈਨ ਫਸਟ, ਅੰਡਰ 17 ਸਾਲ ਜਸ਼ਨਪਰੀਤ ਸਿੰਘ ਫਸਟ, ਹਰਮਨਪਰੀਤ ਸਿੰਘ ਨੇ ਤੇ ਪਰਭਜੋਤ ਸਿੰਘ ਨੇ ਅੰਡਰ 19 ਸਾਲ ਵਿੱਚੋਂ ਫਸਟ ਤੇ ਕੁੜੀਆਂ ਦੇ ਮੁਕਾਬਲਿਆਂ ਵਿੱਚੋਂ ਮਹਿਮਾ ਅੰਡਰ 19 ਵਿੱਚੋਂ ਫਸਟ, ਅਨੀਤਾ ਅੰਡਰ 14 ਜ਼ਿਲ੍ਹੇ ਵਿੱਚੋਂ ਫਸਟ ਆਈਆਂ।ਇਹ ਸਾਰੇ ਬੱਚੇ ਸਟੇਟ ਲੈਵਲ ਵਾਸਤੇ ਚੁਣੇ ਗਏ।ਇਨ੍ਹਾਂ ਦਾ ਸਿਹਰਾ ਸਕੂਲ ਦੇ ਡੀ ਪੀ ਗੁਰਇਕਬਾਲ ਸਿੰਘ ਤੇ ਲੈਕ. ਅਮਰਿੰਦਰ ਸਿੰਘ ਦੀ ਮਿਹਨਤ ਤੇ ਲਗਨ ਨੂੰ ਜਾਂਦਾ ਹੈ।

# ਸਿਰਲੇਖਵਾਰ ਇਸ਼ਤਿਹਾਰ /Classified Advertisement

**(U/o 5 Rule 20 CPC)**
**In The Court of Sh. Mohinder Partap singh Libra Civil Judge (Junior Division), Malout**
CNR No. PBSMB0-000697-2018
Next Date : 01-09-2025
Kashmir Singh
Versus
Kikkar Singh
Notice to: 3(E) Simar Kaur Father:- Pippal Singh Wife of Mehar Singh R/o Indgarh District Moga
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 01-09-2025 at 10:00 A.M.
For details logon to https://highcourtchd.gov.in/?mod=district notice&district=mogacourt
Dated, this day of 01-08-2025
**Sd/- Civil Judge (Junior Division), Malout**

**In the Court of Sh. Vijay Kumar Matrimonial Cases Special Courts, Fatehgarh Sahib**
CNR No. PBFG01-001867-2024
Next Date : 04-09-2025
1)kulwinder kaur w/o randeep singh s/o avtar singh, 2) sehajpal singh aged 7 years minor s/o randeep singh, 3) ujwal singh aged 1.5 years s/o randeep singh through their mother kulwinder kaur w/o randeep singh s/o avtar singh r/o vill dangerian tehsil and distt fatehgarh sahib
Versus
Randeep Singh
Notice to: Randeep Singh Father:- Late Sh. Avtar Singh R/o Village Dangerian, Tehsil and Distt. Fatehgarh Sahib, Punjab
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 04-09-2025 at 10:00 A.M.
For details logon to https://highcourtchd.gov.in/?trs=district_ notice&district=fatehgarh Sahib
Dated this day of 20-08-2025
**Sd/- Matrimonial Cases Special Courts, Fatehgarh Sahib**

**In the Court of Sh. Raman Kumar Principal Judge Family Court, Ludhiana**
CNR No. PBLD01-010430-2024
Next Date : 25-09-2025
Cherry
Versus
Sandeep Kumar
Notice to: Sandeep Kumar S/o Late Tarsem Lal R/o H.No. 191, Gagrian Mohalla, Tibba Bazar, Near Kailash Sodha Water, Batala, Distt.Gurdaspur
In above titled case the accused could not be served. It is ordered that accused should appear in person or through counsel on 25-09-2025 at 10:00 A.M.
For details logon to https://highcourtchd.gov.in/?mod=district_ notice&district=Ludhiana
Dated this day of 04-08-2025
**Sd/- Principal Judge Family Court, Ludhiana**

**(U/o 5 Rule 20 CPC)**
**(Under Guardian and Ward Act)**
**In the Court of Sh. Suresh Kumar Goyal Civil Judge (Senior Division), Hoshiarpur**
CNR No. PBHO02-000963-2025
Next Date : 06-09-2025
Kisavari Jahan widow of Sh. Farrukh Ali son of Ayyub Hassan Resident of House No. 208, Arora Colony, Hoshiarpur enclave, VPO Kakkon, Tehsil and District Hoshiarpur .......Petitioner(s)
Versus
General Public .........Respondent(s)
Guardian and Ward act
Notice to: General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 06-09-2025 at 10:00 A.M.
For details logon to https://highcourtchd.gov.in/?trs=district_ notice&district=Hoshiarpur
Dated this day of 06-08-2025
**Sd/- Civil Judge (Senior Division), Hoshiarpur**

**(U/o 5 Rule 20 CPC)**
**In the Court of Ms. Jaspreet Kaur Simak Additional Civil Judge (Senior Division), Dasuya**
CNR No. PBHOA0-001018-2023
Next Date : 06-09-2025
Uco Bank Branch Dasuya, Tehsil Dasuya, District Hoshiarpur, Through Kanwal Preet Kaur Jassal Assistant Branch Manager Duly Constituted Attorney
Versus
Kulwant Singh S/D Attar Singh S/O Fauja Singh Since Deceased Through His Lr's (i) Lakhwinder Singh S/O Kulwant Singh, (ii) Palwinder Singh S/O Kulwant Singh, (iii) Ravinder Singh S/O Kulwant Singh (iii) Ranjinder Kaur D/O Kulwant Singh All R/O Village Mullanwal, Tehsil And District Gurdaspur.
Suit For Recovery Of Rs. 11,01,448.90/-
Notice to: 1(i) Lakhwinder Singh S/O Kulwant Singh, 1(ii) Palwinder Singh S/O Kulwant Singh, 1(iii) Ravinder Singh S/O Kulwant Singh, 1(iv) Ranjinder Kaur D/O Kulwant Singh, All R/O Village Mullanwal, Tehsil And District Gurdaspur.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 06-09-2025 at 10:00 A.M.
For details logon to https://highcourtchd.gov.in/?mod=district_ notice&district=Hoshiarpur
Dated this day of 18-07-2025
**Sd/- Additional Civil Judge (Senior Division), Dasuya**

## ਬੇਦਖਲੀ ਸੂਚਨਾ

ਅਸੀ ਸੋਮਾ ਸਿੰਘ ਪੁੱਤਰ ਸਾਧੂ ਸਿੰਘ, ਪਿਆਰ ਕੌਰ ਪਤਨੀ ਸੋਮਾ ਸਿੰਘ ਪਿੰਡ ਬੁੱਗਾ ਕਲਾਂ ਤਹਿਸੀਲ ਅਮਲੋਹ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਆਪਣੇ ਲੜਕੇ ਸੰਗਤਪਾਲ ਸਿੰਘ ਜੋ ਸਾਡੇ ਮੇਰੇ ਕਹਿਣੇ ਤੋਂ ਬਾਹਰ ਹੈ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਕੋਈ ਸੰਬੰਧ ਨਹੀਂ ਹੋਵੇਗਾ।

## ਬੇਦਖਲੀ ਸੂਚਨਾ

ਮੈਂ, ਪਰਮਜੀਤ ਸਿੰਘ ਸਪੁੱਤਰ ਜੋਗਿੰਦਰ ਸਿੰਘ ਪਿੰਡ ਤੇ ਡਾਕਖਾਨਾ ਸਰਹਾਲਾ ਕਲਾਂ ਆਮ ਅਤੇ ਖਾਸ ਨੂੰ ਸੂਚਿਤ ਕਰਦਾ ਹਾਂ ਕਿ ਮੇਰੀ ਲੜਕੀ ਅਨਾਮਿਕਾ ਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਇਸ ਨਾਲ ਕੋਈ ਸੰਬੰਧ ਨਹੀਂ।

**(U/o 5 Rule 20 CPC)**
**In The Court of Hon'ble Garima Gupta Civil Judge (Junior Division), Amritsar**
CNR No. PBAS02-002960-2025
Next Date : 06-09-2025
CS/1832/2025 DECL P INJ
Chuni Lal POA Rajesh Kumar S/o Late Poodan Lal @ Puran Lal R/o H.No. 5136, Post Office Khalsa College, Mohni Park, Near Khalsa College, Amritsar.
Versus
General Public
Notice to : General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 06-09-2025 at 10:00 A.M.
For details logon to https://highcourtchd.gov.in/?trs=district notice&district=Amritsar
Dated, this day of 14-07-2025
**Sd/- Civil Judge (Junior Division), Amritsar**

**(U/o 5 Rule 20 CPC)**
**In the Court of Sh. Raj Karan Additional Civil Judge (Senior Division), Sardulgarh**
CNR No. PBMNB0-000185-2024
Next Date : 06-09-2025
Padb Bank
Versus
Raghuvir Singh
Notice to: Raghuvir Singh Son: Karnail Singh Now Deceased Resident Of Village Navipur Tehsil And District Gurdaspur Through Lr's Sukhwinder Kaur Wife Of RaghuvirSingh Son Of Karnail Singh Resident Of Village Navipur Tehsil And District Gurdaspur Mobile No. 98774-54067
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 06-09-2025 at 10:00 A.M.
For details logon to https://highcourtchd.gov.in/?mod=district_ notice&district=mogacourt
Dated this day of 18-08-2025
**Sd/- Additional Civil Judge (Senior Division), Sardulgarh**

**(U/o 5 Rule 20 CPC)**
**In the Court of Sh. Simran Singh Additional Civil Judge (Senior Division), Khamanon**
CNR No. PBFGB0-000023-2025
Next Date : 06-09-2025
Gurtej Singh
Versus
General Public
Suit for Declaration to the effect that the plaintiff is the adopted father of Sandeep Singh (D.O.B 27-05-2022)
Notice to: General Public:- General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 06-09-2025 at 10:00 A.M.
For details logon to https://highcourtchd.gov.in/?trs=district_ notice&district=
Dated this day of 13-08-2025
**Sd/- Additional Civil Judge (Senior Division), Khamanon**

**(U/o 5 Rule 20 CPC)**
**In the Court of Ms. Harpreet Kaur Randhawa District and Sessions Judge, Ludhiana**
CNR No. PBLD01-003803-2024
Next Date:- 05-09-2025
Munni Devi
Versus
Harinder Pal Singh
Notice to: 1). Gurwinder Singh S/o Harinder Pal Singh R/o Hambran, District Ludhiana. (Driver of offending vehicle bearing Reg. No. PB-10-HT-7598. (2). Daljit Singh S/o Harinder Pal Singh R/o Hambran, District Ludhiana. (Owner of offending vehicle bearing Reg. No. PB-10-HT-7598
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 05-09-2025 at 10:00 A.M.
For details logon to https://highcourtchd.gov.in/?trs=district_ notice&district=
Dated this day of 11-08-2025
**Sd/- District and Sessions Judge, Ludhiana**

**(U/o 5 Rule 20 CPC)**
**In the Court of Ms. Vishavjyoti Civil Judge Jr. Divn-2, Sri Anandpur Sahib**
CNR No. PBROA0-000219-2021
Next Date:- 08-09-2025
Shama Rani @ Kshama Rani Wife Of Mohan Lal Chetal Son Of Gian Chand Chetal R/O Village-Thana Tehsil, Sri Anandpur Sahib Distt Rupnagar
Versus
Arjan Singh Son Of Mansa Ram Son Of Ram Lal R/O Village Thana Tehsil Sri Anandpur Sahib Distt. Rupnagar & Others
Petition U/s Suit For Declaration Xxxiv
Notice to: 1. Ram Singh Son Of Arjan Singh Son Of Mansa Ram (2) 2. Lachman Dass Son Of Arjan Singh Son Of Mansa Ram (3) 3. Parneet Kumar Son Of Sanjeev Kumar Son Of Arjan Dass (5) 4. Shindo Daugher Of Madan Lal Son Of Hakam (11) 5 Shiv Kumar Son Of Bachna Son Of Ram Lal (14) 6 Balwinder Kaur Daughter Of Rattan Chand Son Of Mansa Ram (15) 7. Gurdeep Singh Son Of Rattan Chand Son Of Mansa Ram (18) 8. Sita devi Wife Of Darshan Lal Son Of Ganga Ram (19) All R/O Village-Sabour Tehsil Sri Anandpur Sahib District Rupnagar
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 08-09-2025 at 10:00 A.M.
For details logon to https://highcourtchd.gov.in/?trs=district_ notice&district=Rupnagar
Dated this day of 12-08-2025
**Sd/- Civil Judge Jr. Divn-2, Sri Anandpur Sahib**

**(U/o 5 Rule 20 CPC)**
**In The Court of Ms. Himanshi Galhotra Additional Civil Judge Senior Division-1, Fazilka**
CNR No. PBFZC1-000452-2024
Next Date : 08-09-2025
Gurdev Kaur
Versus
Thakro Bai
Notice to : 1. Thakro Bai Wd/O Hukam Singh S/O Karam Singh 2. Smt. Kartaro Daugther Of Sh. Hukam Singh S/O Karam Singh 3. Smt. Jamna Bai Daughter Of Sh. Hukam Singh S/O Karam Singh 4. Smt. Santo Daughter Of Sh. Hukam Singh S/O Karam Singh 5. Maya Daughter Of Sh. Hukam Singh S/O Karam Singh 6. Mangal Singh S/O Sh. Hukam Singh S/O Karam Singh All R/O Vill Mahuana Bodla, Tehsil And District, Fazilka
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 08-09-2025 at 10:00 A.M.
For details logon to https://highcourtchd.gov.in/?mod=district notice&district=mogacourt
Dated, this day of 11-08-2025
**Sd/- Additional Civil Judge Senior Division-1, Fazilka**

**(U/o 5 Rule 20 CPC)**
**In the Court of Sh. Amandeep Singh Civil Judge (Senior Division), Tarn Taran**
**Next Date, Purpose of case, Orders and Judgments as well as other case information is available on http://districts.ecourts.gov.in**
CNR No. PBTT02-001988-2023
Next Date : 08-09-2025
Kirpal Singh
Versus
Sarabjit Kaur
Notice to: . Jasbir Singh s/o Udham Singh s/o Gursewak Singh; 2. Mandeep Singh s/o Ranjit Singh s/o Udham Singh; 3. Jagjit Kaur d/o Surjit Singh; 4. Baljit Kaur d/o Udham Singh; 5. Didar Singh s/o Bhagwan Singh; 6. Shangara Singh s/o Bhagwan Singh; 7. Major Singh s/o Darshan Singh; 8. Satnam Singh s/o Darshan Singh; 9. Sukhdev Singh s/o Darshan Singh; 10. Balbir Singh s/o Darshan Singh; 11. Balwinder Kaur; 12. Lakhwinder Kaur d/o Darshan Singh; 13. Daljit Kaur widow of Darshan Singh; 14. Gursharan Singh s/o Mohan Singh; 15. Harsharan Singh s/o Mohan Singh; 16. Jaskaran Singh s/o Mohan Singh; 17. Angrej Singh s/o Gurnam Singh; 18. Avtar Singh s/o Gurnam Singh; 19. Jit Singh s/o Dharam Singh; 20. Mohan Singh s/o Iqbal Singh; 21. Surjit Kaur d/o Chanchal Singh; 22. Baldev Singh s/o Anoop Singh; 23. Major Singh s/o Jaswinder Singh; 24. Deep Singh s/o Jaswinder Singh; 25. Baljit Kaur d/o Jaswinder Singh; 26. Surjit Kaur d/o Chanchal Singh; 27. Boota Singh s/o Gurdeep Singh; 28. Gurdeep Singh s/o unknown; 29. Baldev Singh s/o Anoop Singh: 30. Mohan Singh s/o Iqbal Singh, 31. Manjit Singh s/o Sukhpal Singh all r/o Village Alma Khurd. Tehsil & District Tarn Taran 32. Sutantar Singh s/o Ranjit Singh r/o Village Dhand Tehsil & District Tarn Taran.
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 08-09-2025 at 10:00 A.M.
For details logon to https://highcourtchd.gov.in/?trs=district_ notice&district=Tarn Taran
Dated this day of 06-08-2025
**Sd/- Civil Judge (Senior Division), Tarn Taran**

**(U/o 5 Rule 20 CPC)**
**In the Court of Ms. Renu Goyal Civil Judge (Junior Division)-1, Fatehgarh Sahib**
CNR No. PBFG02-000894-2025
Next Date : 01-10-2025
Sukhwinder Singh
Versus
General Public
Notice to: General Public:- Distt. Fatehgarh Sahib
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 01-10-2025 at 10:00 A.M.
For details logon to https://highcourtchd.gov.in/?trs=district_ notice&district=fatehgarh Sahib
Dated this day of 12-08-2025
**Sd/- Civil Judge (Junior Division)-1, Fatehgarh Sahib**

**(U/o 5 Rule 20 CPC)**
**In the Court of Ms. Jaspreet Kaur Civil Judge (Junior Division), Mansa**
CNR No. PBMN02-000344-2025
Next Date:- 08-09-2025
Gurcharan Singh
Versus
Gram Panchyat
Notice to defendant no.2: General Public:- Mansa, Punjab
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 08-09-2025 at 10:00 A.M.
For details logon to https://highcourtchd.gov.in/?mod=district_ notice&district=mogacourt
Dated this day of 08-08-2025
**Sd/- Civil Judge (Junior Division), Mansa**

## ਬੇਦਖਲੀ ਸੂਚਨਾ

ਮੈਂ, ਜੈ ਪਾਲ ਸਿੰਘ ਪੁੱਤਰ ਸ. ਹਰਜੀਤ ਸਿੰਘ ਵਾਸੀ ਪਿੰਡ ਚਰਨਾਥਲ ਕਲਾਂ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਹਲਫ ਨਾਲ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸੁਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜ਼ੀ ਕਰਦੀ ਹੈ। ਇਸ ਲਈ ਮੈਂ ਆਪਣੀ ਲੜਕੀ ਸੁਮਨਪ੍ਰੀਤ ਕੌਰ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਅਤੇ ਅੱਜ ਤੋਂ ਬਾਅਦ ਮੇਰੀ ਲੜਕੀ ਨਾਲ ਕੋਈ ਵੀ ਲੈਣ-ਦੇਣ ਕਰੇਗਾ ਜਾਂ ਰੱਖੇਗਾ, ਉਹ ਖੁਦ ਜ਼ਿੰਮੇਵਾਰ ਹੋਵੇਗਾ। ਇਸ ਵਿਚ ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰੀ ਲੜਕੀ ਸੁਮਨਪ੍ਰੀਤ ਕੌਰ ਨਾਲ ਮੇਰਾ ਜਾਂ ਮੇਰੇ ਪਰਿਵਾਰ ਦਾ ਕੋਈ ਲੈਣ ਦੇਣ ਜਾਂ ਰਿਸ਼ਤਾ ਨਹੀਂ ਹੋਵੇਗਾ।

ਅਸੀਂ, ਰਜਿੰਦਰ ਕੁਮਾਰ ਪੁੱਤਰ ਲੇਟ ਸ੍ਰੀ ਰਾਮ ਸਹਾਏ ਵਾ ਸ਼੍ਰੀ ਦੇਵੀ ਪਤਨੀ ਸ੍ਰੀ ਰਜਿੰਦਰ ਕੁਮਾਰ ਵਾਸੀਆਨ ਮਕਾਨ ਨੰਬਰ 92/ਏ, ਦਰਸ਼ਨ ਕਲੋਨੀ ਨੇੜੇ ਪਿੰਡ ਅਬਲੋਵਾਲ, ਪਟਿਆਲਾ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਵੀ ਕੁਮਾਰ ਉਰਫ ਹੈਪੀ ਅਤੇ ਉਸਦੀ ਪਤਨੀ ਸ਼ਰਨਜੀਤ ਕੌਰ ਉਰਫ ਮੋਨੀ ਅਤੇ ਉਨ੍ਹਾਂ ਦੇ ਬੱਚੇ ਲੜਕਾ ਜਸਨੂਰ ਸਿੰਘ ਅਤੇ ਲੜਕੀ ਪ੍ਰਭਗੁਨ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਉਕਤਾਨ ਨੂੰ ਆਪਣੀ ਹਰ ਤਰ੍ਹਾਂ ਦੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਅੱਜ ਤੋਂ ਬਾਅਦ ਅਗਰ ਉਕਤ ਸਾਡਾ ਲੜਕਾ ਅਤੇ ਨੂੰਹ ਨਾਲ ਕੋਈ ਵਿਅਕਤੀ ਕਿਸੇ ਕਿਸਮ ਦਾ ਲੈਣ ਦੇਣ ਕਰਦੇ ਹਨ ਤਾਂ ਉਸਦੇ ਪੂਰਨ ਰੂਪ ਵਿਚ ਜ਼ਿੰਮੇਵਾਰ ਉਕਤ ਰਵੀ ਕੁਮਾਰ ਉਰਫ ਹੈਪੀ, ਸ਼ਰਨਜੀਤ ਕੌਰ ਉਰਫ ਮੋਨੀ ਹੀ ਹੋਣਗੇ ਅਤੇ ਇਸ ਵਿਚ ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

**(U/o 5 Rule 20 CPC)**
**(Succession Case)**
**In The Court of Sh. Rahul Garg Civil Judge Senior Division, Chandigarh**
CNR No. CHCH02-001844-2025
Next Date : 05-09-2025
Poonam
Versus
General Public
Petition U/s 372 Indian Succession Act
Notice to : General Public:- Chandigarh
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 05-09-2025 at 10:00 A.M.
For details logon to https://highcourtchd.gov.in/?trs=district notice&district=Chandigarh
Dated, this day of 19-08-2025
**Sd/- Civil Judge Senior Division, Chandigarh**

**(U/o 5 Rule 20 CPC)**
**In the Court of Sh. Pritpal Singh Principal Judge Family Court, Gurdaspur**
CNR No. PBGD01-005267-2025
Next Date : 12-09-2025
GW-36-2025
Sharanjeet Kaur
Versus
General Public
Notice to: General Public:- General Public
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on 12-09-2025 at 10:00 A.M.
For details logon to https://highcourtchd.gov.in/?mod=district_ notice&district=Gurdaspur
Dated this day of 19-08-2025
**Sd/- Principal Judge Family Court, Gurdaspur**

ਬਾ-ਅਦਾਲਤ ਸ੍ਰੀ ਹਰਸਿਮਰਨ ਸਿੰਘ,ਸਬ ਰਜਿਸਟਰਾਰ,ਰੂਪਨਗਰ।
ਵਿਸ਼ਾ- ਖਾਨਗੀ ਵਸੀਅਤ ਮਿਤੀ 25-04-2024 ਵੱਲੋ ਅਮਰੀਕ ਸਿੰਘ ਪੁੱਤਰ ਸ੍ਰੀ ਪ੍ਰੇਮ ਸਿੰਘ ਵਾਸੀ ਸੈਣੀ ਮਾਜਰਾ ਤਹਿਸੀਲ ਖਰੜ ਜਿਲਾ ਐਸ.ਏ ਐਸ ਨਗਰ ਮੋਹਾਲੀ ਦੀ ਰਜਿਸਟਰੇਸ਼ਨ ਐਕਟ 1908 ਦੀ ਧਾਰਾ 40 ਅਧੀਨ ਰਜਿਸਟਰਡ ਕਰਨ ਸਬੰਧੀ।
ਇਸ ਇਸ਼ਤਿਹਾਰ ਰਾਹੀ ਆਮ ਜਨਤਾ ਨੂੰ ਸੂਚਿਤ ਕੀਤਾ ਜਾਦਾ ਹੈ ਕਿ ਲੇਟ ਸ੍ਰੀ ਅਮਰੀਕ ਸਿੰਘ ਪੁੱਤਰ ਸ੍ਰੀ ਪ੍ਰੇਮ ਸਿੰਘ ਵਾਸੀ ਸੈਣੀ ਮਾਜਰਾ ਤਹਿਸੀਲ ਖਰੜ ਜਿਲਾ ਐਸ.ਏ.ਐਸ.ਨਗਰ ਨੇ ਇੱਕ ਖਾਨਗੀ ਵਸੀਅਤ ਕੀਤੀ ਹੈ। ਇਸ ਖਾਨਗੀ ਵਸੀਅਤ ਨੂੰ ਰਜਿਸਟਰਡ ਕਰਨ ਲਈ ਕਰਮਜੀਤ ਕੌਰ ਪਤਨੀ ਲੇਟ ਸ੍ਰੀ ਅਮਰੀਕ ਸਿੰਘ ਪੁੱਤਰ ਸ੍ਰੀ ਪ੍ਰੇਮ ਸਿੰਘ ਵਾਸੀ ਪਿੰਡ ਸੈਣੀ ਮਾਜਰਾ ਤਹਿਸੀਲ ਖਰੜ ਜਿਲਾ ਐਸ.ਏ.ਐਸ ਨਗਰ ਨੇ ਲਿਖਤੀ ਦਰਖਾਸਤ ਮਿਤੀ 19-08-25 ਇਸ ਦਫ਼ਤਰ ਵਿੱਚ ਦਿੱਤੀ ਹੈ। ਇਹ ਵਸੀਅਤ ਅਮਰੀਕ ਸਿੰਘ ਵੱਲੋਂ ਆਪਣੀ ਪਤਨੀ ਕਰਮਜੀਤ ਕੌਰ ਦੇ ਹੱਕ ਵਿੱਚ ਕੀਤੀ ਹੈ।
ਇਸ ਇਸ਼ਤਿਹਾਰ ਰਾਹੀਂ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਨੂੰ ਵੀ ਇਸ ਵਸੀਅਤ ਨੂੰ ਰਜਿਸਟਰਡ ਕਰਨ ਸਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਨੋਟਿਸ ਦੇ ਛਪਣ ਤੋਂ 15 ਦਿਨ ਦੇ ਅੰਦਰ-ਅੰਦਰ ਨਿਮਨ ਹਸਤਾਖਰ ਪਾਸ ਅਸਾਲਤਨ/ਵਕਾਲਤਨ ਪੇਸ਼ ਹੋ ਕੇ ਆਪਣਾ ਇਤਰਾਜ/ਪੱਖ ਪੇਸ਼ ਕਰ ਸਕਦਾ ਹੈ। ਬਾਅਦ ਗੁਜਰਨੇ ਮਿਆਦ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ ਅਤੇ ਕਾਨੂੰਨ ਅਨੁਸਾਰ ਵਸੀਅਤ ਰਜਿਸਟਰਡ ਕਰ ਦਿੱਤੀ ਜਾਵੇਗੀ।
ਅੱਜ ਮਿਤੀ 21-08-2025 ਨੂੰ ਮੇਰੀ ਮੋਹਰ ਅਤੇ ਹਸਤਾਖਰਾ ਨਾਲ ਜਾਰੀ ਹੋਇਆ।
ਸਬ ਰਜਿਸਟਰਾਰ, ਰੂਪਨਗਰ।

**ਚੜ੍ਹਦੀਕਲਾ ਪੜ੍ਹੋ, ਚੜ੍ਹਦੀਕਲਾ ਵਿੱਚ ਰਹੋ।**

# ਕੈਂਟਰ ਅਤੇ ਸਕੂਟਰੀ ਦੀ ਟੱਕਰ ਦੌਰਾਨ ਦੋ ਦੀ ਮੌਤ

ਸ੍ਰੀ ਕੀਰਤਪੁਰ ਸਾਹਿਬ, 21 ਅਗਸਤ (ਬੀ ਐਸ ਰਾਣਾ) ਅੱਜ ਸਵੇਰੇ ਕਰੀਬ 11:00 ਵਜੇ ਕੌਮੀ ਮਾਰਗ ਨੰਬਰ 21 (205) ਚੰਡੀਗੜ੍ਹ-ਮਨਾਲੀ ਮੁੱਖ ਮਾਰਗ 'ਤੇ ਇੱਕ ਬੇਕਾਬੂ ਕੈਂਟਰ ਵੱਲੋਂ ਸਕੂਟਰੀ ਨੂੰ ਟੱਕਰ ਮਾਰਨ ਕਾਰਨ ਸਕੂਟਰੀ ਸਵਾਰ ਦੋ ਵਿਅਕਤੀਆਂ ਦੀ ਘਟਨਾ ਸਥਾਨ 'ਤੇ ਹੀ ਮੌਤ ਹੋਣ ਜਾਣ ਦੀ ਸੂਚਨਾ ਪ੍ਰਾਪਤ ਹੋਈ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਘਟਨਾ ਸਥਾਨ 'ਤੇ ਇਕੱਠੇ ਹੋਏ ਲੋਕਾਂ ਨੇ ਦੱਸਿਆ ਕਿ ਰੇਲਵੇ ਕੰਪਨੀ ਦੇ ਕਰੈਸ਼ਰ 'ਤੇ ਕੰਮ ਕਰਦੇ ਰਫ਼ੀਕ ਮੁਹੰਮਦ (47) ਪੁੱਤਰ ਸਦੀਕ ਦੀਨ ਨਿਵਾਸੀ ਪਿੰਡ ਜ਼ਕਾਤ ਖ਼ਾਨਾ ਜ਼ਿਲ੍ਹਾ ਬਿਲਾਸਪੁਰ (ਹਿਮਾਚਲ ਪ੍ਰਦੇਸ਼) ਆਪਣੇ ਸਾਥੀ ਸੁਨੀਲ ਕੁਮਾਰ (32) ਪੁੱਤਰ ਕਮਲ ਦੇਵ ਨਿਵਾਸੀ ਪਿੰਡ ਬਰੂਆ ਜ਼ਿਲ੍ਹਾ ਹਮੀਰਪੁਰ (ਹਿਮਾਚਲ ਪ੍ਰਦੇਸ਼) ਦੇ ਨਾਲ ਸਕੂਟਰੀ ਨੰਬਰ ਐਚਪੀ 91-4056 @ਤੇ ਸਵਾਰ ਹੋ ਕੇ ਜਾ ਰਹੇ ਸਨ। ਇਸੇ ਦੌਰਾਨ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਸਰਹੱਦੀ ਪਿੰਡ ਗਰਾ ਮੋੜਾ ਦੇ ਨੇੜੇ ਸੜਕ ਦੀ ਉਤਰਾਈ @ਚ ਹਿਮਾਚਲ ਪ੍ਰਦੇਸ਼ ਤੋਂ ਸੇਬ ਲੋਡ ਕਰਕੇ ਪੰਜਾਬ ਵੱਲ ਆ ਰਿਹਾ ਇਕ ਤੇਜ਼ ਰਫ਼ਤਾਰ ਕੈਂਟਰ ਨੰਬਰ ਯੂਪੀ 90 ਈਟੀ 5462 ਬੇਕਾਬੂ ਹੋ ਕੇ ਸਕੂਟਰੀ ਨੂੰ ਆਪਣੀ ਲਪੇਟ ਵਿੱਚ ਲੈ ਲਿਆ, ਜਿਸ ਕਾਰਨ ਸਕੂਟਰੀ ਸਵਾਰ ਦੋਵੇਂ ਵਿਅਕਤੀ ਸੜਕ 'ਤੇ ਡਿੱਗ ਕੇ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਅਤੇ ਘਟਨਾ ਸਥਾਨ 'ਤੇ ਹੀ ਉਨ੍ਹਾਂ ਦੀ ਮੌਤ ਹੋ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਟੱਕਰ ਤੋਂ ਤੁਰੰਤ ਬਾਅਦ ਸਕੂਟਰੀ ਨੂੰ ਭਿਆਨਕ ਅੱਗ ਲੱਗ ਗਈ ਅਤੇ ਸਕੂਟਰੀ ਪੂਰੀ ਤਰ੍ਹਾਂ ਨਾਲ ਸੜ ਗਈ। ਉੱਧਰ ਹਾਦਸੇ ਦੌਰਾਨ ਉਕਤ ਕੈਂਟਰ ਵੀ ਸੜਕ ਦੇ ਵਿਚਕਾਰ ਹੀ ਪਲਟ ਗਿਆ।

ਜਦਕਿ ਕੈਂਟਰ ਚਾਲਕ ਬਾਲ ਬਾਲ ਬਚ ਗਿਆ ਅਤੇ ਉਸ ਨੂੰ ਕੇਵਲ ਮਾਮੂਲੀ ਸੱਟਾਂ ਲੱਗੀਆਂ। ਇਸ ਦੌਰਾਨ ਚੰਡੀਗੜ੍ਹ-ਮਨਾਲੀ ਮੁੱਖ ਮਾਰਗ 'ਤੇ ਆਵਾਜਾਈ ਪ੍ਰਭਾਵਿਤ ਹੋ ਗਈ।

ਜਿਸ ਤੋਂ ਬਾਅਦ ਮੌਕੇ 'ਤੇ ਪਹੁੰਚੀ ਥਾਣਾ ਸਵਾਰਘਾਟ ਦੀ ਪੁਲਿਸ ਵੱਲੋਂ ਹਾਦਸਾਗ੍ਰਸਤ ਵਾਹਨਾਂ ਨੂੰ ਸੜਕ ਤੋਂ ਹਟਾ ਕੇ ਟ੍ਰੈਫ਼ਿਕ ਮੁੜ ਬਹਾਲ ਕਰਵਾਇਆ ਗਿਆ। ਪੁਲਿਸ ਵੱਲੋਂ ਦੋਵੇਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਏਮਸ ਕੋਠੀਪੁਲਾ ਬਿਲਾਸਪੁਰ ਭੇਜ ਦਿੱਤਾ ਗਿਆ ਹੈ।

ਪੁਲਿਸ ਨੇ ਕੈਂਟਰ ਚਾਲਕ ਰਮੇਸ਼ ਚੰਦ ਨਿਵਾਸੀ ਪਿੰਡ ਚਮਰੌਲੀ, ਜ਼ਿਲ੍ਹਾ ਬਿਲਾਸਪੁਰ (ਹਿਮਾਚਲ ਪ੍ਰਦੇਸ਼) ਖ਼ਿਲਾਫ਼ ਬੀਐਨਐਸ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਅਸਟੇਟ ਦਫ਼ਤਰ, ਯੂ.ਟੀ., ਚੰਡੀਗੜ੍ਹ
**ਸੋਧ**

**ਮੁਫ਼ਤ ਹੋਲਡ ਆਧਾਰ 'ਤੇ 14 ਰਿਹਾਇਸ਼ੀ ਥਾਵਾਂ ਦੀ ਈ-ਨਿਲਾਮੀ ਸੰਬੰਧੀ ਸੋਧ, 08.08.2025, 09.08.2025 ਅਤੇ 10.08.2025 ਨੂੰ ਵੱਖ-ਵੱਖ ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਈ-ਨਿਲਾਮੀ ਨੋਟਿਸ-ਕਮ-ਵਿਸਤ੍ਰਿਤ ਇਸ਼ਤਿਹਾਰ ਦੀ ਨਿਰੰਤਰਤਾ ਵਿੱਚ**

ਈ-ਨਿਲਾਮੀ ਆਈਡੀ ਨੰਬਰ 2025_CH_175 ਰਾਹੀਂ ਰਿਹਾਇਸ਼ੀ ਪਲਾਟਾਂ ਦੀ ਚੱਲ ਰਹੀ ਈ-ਨਿਲਾਮੀ ਦੇ ਹਵਾਲੇ ਨਾਲ, ਆਮ ਜਨਤਾ/ਇੱਛੁਕ ਖਰੀਦਦਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੈਕਟਰ 19-ਬੀ ਵਿੱਚ ਰਿਹਾਇਸ਼ੀ ਪਲਾਟ ਨੰਬਰ 1282 (ਖੇਤਰ – 503.028 ਵਰਗ ਗਜ਼) ਪ੍ਰਬੰਧਕੀ ਕਾਰਨਾਂ ਕਰਕੇ ਨਿਲਾਮੀ ਲਈ ਉਪਲਬਧ ਨਹੀਂ ਹੈ। ਇਸ ਅਨੁਸਾਰ, ਰਿਹਾਇਸ਼ੀ ਪਲਾਟ ਨੰਬਰ 1282, ਸੈਕਟਰ 19-ਬੀ ਲਈ ਬੋਲੀਆਂ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। ਜੇਕਰ ਕਿਸੇ ਬਿਨੈਕਾਰ ਨੇ ਇਸ ਪਲਾਟ ਲਈ ਪਹਿਲਾਂ ਹੀ ਬਿਆਨਾ ਰਕਮ ਜਮ੍ਹਾ ਕਰਵਾ ਦਿੱਤੀ ਹੈ, ਤਾਂ ਨਿਯਮਾਂ ਅਨੁਸਾਰ ਉਹ ਵਾਪਸ ਕਰ ਦਿੱਤੀ ਜਾਵੇਗੀ।
ਈ-ਨਿਲਾਮੀ ਦੇ ਹੋਰ ਸਾਰੇ ਨਿਯਮ ਅਤੇ ਸ਼ਰਤਾਂ ਵਿੱਚ ਕੋਈ ਬਦਲਾਅ ਨਹੀਂ ਹੋਵੇਗਾ।

**ਅਸਟੇਟ ਅਫ਼ਸਰ ਯੂ.ਟੀ., ਚੰਡੀਗੜ੍ਹ।**

## ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-3)
ਜ਼ਮੀਨੀ ਤਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ-160017

**ਮਾਮਲਾ ਨੰ. : ਓਏ/847/2021**
**ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ ਅਧੀਨ ਸੰਮਨ**
**ਯੂਨੀਅਨ ਬੈਂਕ ਆਫ ਇੰਡੀਆ** **ਈਐਕਸਐਚ. ਨੰ. 26761**
**ਬਨਾਮ**
**ਮੈਸ. ਵੀ ਕੇ ਟਰੈਕਟਰ ਅਤੇ ਹੋਰ**

**ਵੱਲ,**
(1) **ਮੈਸ. ਵੀ ਕੇ ਟਰੈਕਟਰ**, ਮਲੋਟ ਰੋਡ, ਮੁਕਤਸਰ 152026, ਪੰਜਾਬ ਵਿਖੇ ਸਥਿਤ ਇੱਕ ਸੋਲ ਪ੍ਰੋਪਰਾਈਟਰਸ਼ਿਪ ਕਨਸਰਨ, ਇਸਦੇ ਸੋਲ ਪ੍ਰੋਪਰਾਈਟਰ ਸ੍ਰੀ ਵਿਜੇ ਕੁਮਾਰ ਨਾਰੰਗ ਪੁੱਤਰ ਸ੍ਰੀ ਲਾਜਪਤ ਰਾਏ
(2) **ਸ੍ਰੀ ਵਿਜੇ ਕੁਮਾਰ ਨਾਰੰਗ ਪੁੱਤਰ ਸ੍ਰੀ ਲਾਜਪਤ ਰਾਏ**, ਵਾਸੀ ਮਕਾਨ ਨੰਬਰ 73, ਵਾਰਡ ਨੰ. 5, ਸੇਠ ਰੇਸ਼ਮ ਲਾਲ ਗਲਹੋਤਰਾ ਸਟਰੀਟ, ਨੇੜੇ ਸਿੰਘ ਸਹਿਬ ਗੁਰਦੁਆਰਾ ਮਲੋਟ, ਜ਼ਿਲ੍ਹਾ ਮੁਕਤਸਰ, ਪੰਜਾਬ।
(3) **ਸ੍ਰੀ ਵਿਜੇ ਕੁਮਾਰ ਕੌਸ਼ਲ ਪੁੱਤਰ ਸ੍ਰੀ ਬ੍ਰਹਮਾਨੰਦ**, ਵਾਸੀ ਮਕਾਨ ਨੰ. 7863, ਵਾਰਡ ਨੰ: 36, ਨੀਟਾ ਸਟਰੀਟ, ਮਹਿਣਾ ਚੌਂਕ, ਬਠਿੰਡਾ ਸ਼ਹਿਰ, ਪੰਜਾਬ।
(4) **ਸ੍ਰੀ ਜਗਬੀਰ ਸਿੰਘ ਪੁੱਤਰ ਸ੍ਰੀ ਗੁਰਜੀਤ ਸਿੰਘ**, ਵਾਸੀ ਚਾਹਲ ਐਵੇਨਿਊ, ਮਲੋਟ ਰੋਡ, ਬਾਈਪਾਸ, ਮੁਕਤਸਰ, ਪੰਜਾਬ।-

**ਸੰਮਨ**
**ਜਿਥੇ ਕਿ, ਓ. ਏ./847/2021, 31.07.2025 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।**
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ **ਰੁ. 1,11,60,501/-** ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) **ਕਾਨੂੰਨ ਦੀ ਧਾਰਾ 19** (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ। (**ਦਸਤਾਵੇਜ਼ਾਂ ਆਦਿ ਦੇ ਉਤਾਰੇ ਸਮੇਤ ਅਰਜ਼ੀ ਨੱਥੀ**)।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 03.12.2025 ਨੂੰ **ਸਵੇਰੇ** 10.30 **ਵਜੇ ਰਜਿਸਟਰਾਰ** ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
**ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ** 16.08.2025 **ਨੂੰ ਜਾਰੀ।**

# ਪ੍ਰਸ਼ਾਸਨਿਕ ਹੁਕਮਾਂ ਦੇ ਬਾਵਜੂਦ ਮੋੜਾ ਟੋਲ ਪਲਾਜ਼ਾ 'ਤੇ ਕੀਤੀ ਜਾ ਰਹੀ ਸੀ ਟੋਲ ਵਸੂਲੀ,ਵਾਹਨ ਚਾਲਕਾਂ ਵੱਲੋਂ ਕੀਤਾ ਰੋਸ਼ ਪ੍ਰਦਰਸ਼ਨ,

ਸ੍ਰੀ ਕੀਰਤਪੁਰ ਸਾਹਿਬ, 21 ਅਗਸਤ (ਬੀ ਐਸ ਰਾਣਾ) ਕੌਮੀ ਮਾਰਗ ਨੰਬਰ 21(205) ਕੀਰਤਪੁਰ-ਨੇਰਚੌਂਕ ਫੋਰਲੇਨ ਸੜਕ 'ਤੇ ਪਿੰਡ ਮੋੜਾ ਵਿਖੇ ਲੱਗਾ ਟੋਲ ਪਲਾਜ਼ਾ ਇੱਕ ਵਾਰ ਫਿਰ ਵਿਵਾਦਾਂ ਵਿੱਚ ਆ ਗਿਆ ਹੈ। ਅੱਜ ਸਥਾਨਕ ਟਰੱਕ ਸੁਸਾਇਟੀ ਦੇ ਕਾਰਜਕਾਰੀ ਅਹੁਦੇਦਾਰਾਂ ਦੀ ਅਗਵਾਈ ਹੇਠ ਸਥਾਨਕ ਵਾਹਨ ਚਾਲਕਾਂ ਵੱਲੋਂ ਟੋਲ ਵਸੂਲੀ ਦੇ ਖ਼ਿਲਾਫ਼ ਜ਼ਬਰਦਸਤ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਦਾ ਕਹਿਣਾ ਸੀ ਕਿ ਟੋਲ ਪਲਾਜ਼ਾ ਉਪਰ ਪ੍ਰਸ਼ਾਸਨ ਵੱਲੋਂ ਟੋਲ ਵਸੂਲੀ 'ਤੇ ਰੋਕ ਦੇ ਹੁਕਮ ਜਾਰੀ ਕੀਤੇ ਗਏ ਹਨ ਪਰ ਇਸ ਦੇ ਬਾਵਜੂਦ ਟੋਲ ਪਲਾਜ਼ਾ ਵੱਲੋਂ ਟੋਲ ਵਸੂਲੀ ਕੀਤੀ ਜਾ ਰਹੀ ਹੈ। ਇਸ ਦੌਰਾਨ ਟਰਾਂਸਪੋਰਟ ਸੋਸਾਇਟੀ ਕੀਰਤਪੁਰ ਸਾਹਿਬ ਦੇ ਕਾਰਜਕਾਰੀ ਪ੍ਰਧਾਨ ਬਲਬੀਰ ਸਿੰਘ ਅਤੇ ਹਿਮਾਚਲ ਮੋਟਰ ਚਾਲਕ ਸੰਘ ਦਾਲਡਾਘਾਟ ਦੇ ਪ੍ਰਧਾਨ ਦੀ ਅਗਵਾਈ ਵਿੱਚ ਇਕੱਠੇ ਹੋਏ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਦਰਜਨਾਂ ਵਾਹਨ ਚਾਲਕਾਂ ਵੱਲੋਂ ਮੋੜਾ ਟੋਲ ਪਲਾਜ਼ਾ 'ਤੇ ਕਰੀਬ ਦੋ ਘੰਟੇ ਤੱਕ ਧਰਨਾ ਪ੍ਰਦਰਸ਼ਨ ਕਰਦੇ ਹੋਏ ਟੋਲ ਪਲਾਜ਼ਾ ਪ੍ਰਬੰਧਕਾਂ ਦੇ ਖ਼ਿਲਾਫ਼ ਭਾਰੀ ਨਾਰੇਬਾਜ਼ੀ ਕੀਤੀ ਗਈ। ਜਿਸ ਕਾਰਨ ਕੌਮੀ ਮਾਰਗ ਦੇ ਦੇ ਦੋਹਾਂ ਪਾਸਿਆਂ 'ਤੇ ਜਾਮ ਲੱਗ ਗਿਆ ਅਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ। ਉੱਥੇ ਹੀ ਮੌਕੇ 'ਤੇ ਪੁੱਜੀ ਥਾਣਾ ਸ੍ਰੀ ਕੀਰਤਪੁਰ ਸਾਹਿਬ ਦੀ ਪੁਲਿਸ ਪਾਰਟੀ ਵੱਲੋਂ ਸਥਿਤੀ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ ਗਈ। ਪ੍ਰਦਰਸ਼ਨਕਾਰੀਆਂ ਦਾ ਕਹਿਣਾ ਸੀ ਕਿ ਹਾਲ ਹੀ ਵਿੱਚ ਹਿਮਾਚਲ ਪ੍ਰਦੇਸ਼ ਵਿੱਚ ਹੋ ਰਹੀ ਭਾਰੀ ਬਾਰਿਸ਼ ਕਾਰਨ ਪਹਾੜੀਆਂ ਤੋਂ ਪੱਥਰ ਅਤੇ ਮਲਬਾ ਸੜਕ 'ਤੇ ਡਿੱਗ ਰਿਹਾ ਹੈ। ਜਿਸ ਕਾਰਨ ਫੋਰਲੇਨ ਸੜਕ ਦੀ ਹਾਲਤ ਬਹੁਤ ਹੀ ਬਦਤਰ ਹੋ ਗਈ ਹੈ। ਕਈ ਥਾਵਾਂ 'ਤੇ ਵਾਹਨ ਘੰਟਿਆਂ ਤੱਕ ਜਾਮ ਵਿੱਚ ਫਸੇ ਰਹਿੰਦੇ ਹਨ ਅਤੇ ਕੁਝ ਥਾਵਾਂ 'ਤੇ ਇਕ-ਪਾਸੇ ਟ੍ਰੈਫਿਕ ਚਲਾਇਆ ਜਾ ਰਿਹਾ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਸ ਕਾਰਨ ਕਈ ਵਾਹਨ ਖਰਾਬ ਵੀ ਹੋਏ ਹਨ। ਫੋਰਲੇਨ ਦੀ ਖਰਾਬ ਹਾਲਤ ਨੂੰ ਵੇਖਦੇ ਹੋਏ ਡਿਪਟੀ ਕਮਿਸ਼ਨਰ ਬਿਲਾਸਪੁਰ ਵੱਲੋਂ ਇੱਕ ਮਹੀਨੇ ਲਈ ਟੋਲ ਵਸੂਲੀ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਪਰ ਇਸ ਦੇ ਬਾਵਜੂਦ ਟੋਲ ਪਲਾਜ਼ਾ ਮੋੜਾ 'ਤੇ ਵਾਹਨ ਚਾਲਕਾਂ ਤੋਂ ਟੋਲ ਵਸੂਲਿਆ ਜਾ ਰਿਹਾ ਹੈ। ਜਿਸ ਨਾਲ ਲੋਕਾਂ ਵਿੱਚ ਭਾਰੀ ਗੁੱਸਾ ਹੈ। ਵਾਹਨ ਚਾਲਕਾਂ ਨੇ ਸਵਾਲ ਚੁੱਕਿਆ ਕਿ ਜਦੋਂ ਸੜਕਾਂ ਟੁੱਟੀਆਂ ਹੋਈਆਂ ਹਨ, ਆਵਾਜਾਈ ਵਿਚ ਰੁਕਾਵਟ ਹੈ ਅਤੇ ਸੁਵਿਧਾਵਾਂ ਨਹੀਂ ਮਿਲ ਰਹੀਆਂ ਤਾਂ ਫਿਰ ਟੋਲ ਪਲਾਜ਼ਾ ਕੰਪਨੀ ਵੱਲੋਂ ਟੋਲ ਕਿਉਂ ਵਸੂਲਿਆ ਜਾ ਰਿਹਾ ਹੈ। ਇਸ ਮੌਕੇ ਪ੍ਰਦਰਸ਼ਨਕਾਰੀਆਂ ਨੇ ਪ੍ਰਸ਼ਾਸਨ ਅਤੇ ਟੋਲ ਪਲਾਜ਼ਾ ਕੰਪਨੀ ਤੋਂ ਤੁਰੰਤ ਟੋਲ ਵਸੂਲੀ 'ਤੇ ਰੋਕ ਲਗਾਉਣ ਅਤੇ ਫੋਰਲੇਨ ਸੜਕ ਦੀ ਜਲਦ ਮੁਰੰਮਤ ਕਰਨ ਦੀ ਮੰਗ ਕੀਤੀ ਹੈ। ਉਹਨਾਂ ਦਾ ਕਹਿਣਾ ਹੈ ਕਿ ਜਦ ਤੱਕ ਸੜਕ ਪੂਰੀ ਤਰ੍ਹਾਂ ਠੀਕ ਨਹੀਂ ਹੋ ਜਾਂਦੀ ਅਤੇ ਸੁਵਿਧਾਵਾਂ ਨਹੀਂ ਦਿੱਤੀਆਂ ਜਾਂਦੀਆਂ, ਤਦ ਤੱਕ ਕਿਸੇ ਵੀ ਕਿਸਮ ਦੀ ਟੋਲ ਵਸੂਲੀ ਨਿਯਮਾਂ ਦੇ ਖ਼ਿਲਾਫ਼ ਹੈ। ਇਸ ਬਾਰੇ ਥਾਣਾ ਸ੍ਰੀ ਕੀਰਤਪੁਰ ਸਾਹਿਬ ਦੇ ਐਸਐਚਓ ਇੰਸਪੈਕਟਰ ਜਤਿਨ ਕਪੂਰ ਨੇ ਧਰਨਾਕਾਰੀਆਂ ਦੀ ਗੱਲ ਸੁਣੀ ਅਤੇ ਉਹਨਾਂ ਤੋਂ ਪ੍ਰਸ਼ਾਸਨ ਵੱਲੋਂ ਜਾਰੀ ਕੀਤੀ ਚਿੱਠੀ ਪ੍ਰਾਪਤ ਕਰਕੇ ਟੋਲ ਪਲਾਜਾ ਪ੍ਰਬੰਧਕਾਂ ਨਾਲ ਗੱਲਬਾਤ ਕੀਤੀ ਅਤੇ ਜਿਸ ਤੋਂ ਬਾਅਦ ਟੋਲ ਪਲਾਜਾ ਪ੍ਰਬੰਧਕਾਂ ਵੱਲੋਂ ਆਪਣੇ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਟੋਲ ਪਲਾਜਾ ਬੰਦ ਕਰ ਦਿੱਤਾ ਗਿਆ।

## ਉੱਤਰ ਰੇਲਵੇ
**ਈ.ਨਿਵਿਦਾ**
**ਖੁਲ੍ਹੀ ਨਿਵਿਦਾ ਨੰਬਰ-25-ਅੰਬਾਲਾ/2025-26 ਮਿਤੀ 20.08.2025**

ਸੀਨੀਅਰ ਮੰਡਲ ਇੰਜੀਨੀਅਰ-ਤਾਲਮੇਲ/ਅੰਬਾਲਾ ਦੇ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ ਨਿਵਿਦਾ ਦੇ ਮਾਧਿਅਮ ਨਾਲ ਇਛੁਕ ਠੇਕੇਦਾਰਾਂ ਤੋਂ ਹੇਠਾਂ ਲਿਖਤ ਕੰਮਾਂ ਲਈ ਖੁਲ੍ਹੀਆਂ ਨਿਵਿਦਾਵਾਂ ਦੀ ਮੰਗ ਕੀਤੀ ਜਾਂਦੀ ਹੈ ਜੋ ਕਿ ਉਨ੍ਹਾਂ ਕੰਮਾਂ ਦੇ ਸਾਹਮਣੇ ਦਿਤੀ ਗਈ ਮਿਤੀ ਨੂੰ 15.00 ਵਜੇ ਖੁਲ੍ਹੇ ਰਹਿਣਗੇ ਅਤੇ ਉਸ ਦੇ ਬਾਅਦ ਖੋਹਲੇ ਜਾਣਗੇ।

| ਲ. ਨ. | ਕੰਮ ਦਾ ਨਾਮ | ਅੰਦਾਜਨ ਲਾਗਤ (Rs.) | ਅਗਾਊਂ ਰਾਸ਼ੀ (Rs.) | ਕੰਮ ਸਮਾਪਤੀ ਦਾ ਸਮਾਂ | ਨਿਵਿਦਾ ਖੁਲਣ ਦੀ ਮਿਤੀ |
|---|---|---|---|---|---|
| 1 | ਡੀਯੂਆਈ-ਜੇਐਚਐਲ ਸੇਕਸ਼ਨ ਉਤੇ ਸੰਗਰੂਰ ਸਟੇਸ਼ਨ ਉਤੇ ਮੁੱਖ ਲਾਈਨ ਦੇ ਸੀਐਸਆਰ ਨੂੰ ਵਧਾਉਣ ਦਾ ਪ੍ਰਾਵਧਾਨ। | 36,13,215 | 72,300 | 04 ਮਹੀਨੇ | 12.09.2025 |
| 2 | ਏਡੀਈਐਨ/ਸੀਡੀਜੀ ਦੇ ਤਹਿਤ ਐਸਐਸਈ/ਪੀ.ਵੇ/ਐਸਏਐਸਐਨ ਦੇ ਸੇਕਸ਼ਨ ਵਿਚ ਈਆਰਸੀ ਗ੍ਰੀਸਿੰਗ, ਉਥਲੀ ਸਕ੍ਰੀਨਿੰਗ, ਗਹਿਰੀ ਸਕ੍ਰੀਨਿੰਗ, ਖਰਪਤਵਾਰ ਕੱਢਣਾ, ਟੁਟੇ ਹੋਏ ਸਲੀਪਰਾਂ ਦਾ ਨਵੀਨੀਕਰਨ, ਸਵਿਚਾਂ ਕ੍ਰਾਸਿੰਗ, ਟੰਗ ਰੇਲ ਦੀ ਮੁਰੰਮਤ, ਦਰਖਤਾਂ, ਝਾੜੀਆਂ ਅਤੇ ਹੋਰ ਵਨਸਪਤੀਆਂ ਨੂੰ ਉਖਾੜਨਾ ਸਮੇਤ ਵਖ-ਵਖ ਟ੍ਰੈਕ ਕੰਮ। | 82,23,916 | 1,64,500 | 06 ਮਹੀਨੇ | 12.09.2025 |
| 3 | ਏਡੀਈਐਨ/ਸੀਡੀਜੀ ਦੇ ਤਹਿਤ ਵਖ-ਵਖ ਸਟੇਸ਼ਨਾਂ ਉਤੇ ਸੇਵਾ ਭਵਨਾਂ, ਸਟੇਸ਼ਨ ਭਵਨਾਂ ਵਿਚ ਸੁਧਾਰ ਅਤੇ ਦਿਵਯਾਂਗਜਨ ਅਨੁਕੂਲ ਸੁਵਿਧਾਵਾਂ ਸਮੇਤ ਘੱਟੋ ਘੱਟ ਜਰੂਰ ਯਾਤਰੀ ਸਹੂਲਤਾਂ ਦਾ ਪ੍ਰਾਵਧਾਨ। | 3,07,40,950 | 3,03,700 | 06 ਮਹੀਨੇ | 12.09.2025 |
| 4 | ਏਡੀਈਐਨ/ਐਸਆਈਆਰ ਦੇ ਤਹਿਤ ਐਸਐਸਈ/ਡਬਲਯੂ/ਐਨਐਲਡੀਐਮ ਅਨੁਭਾਗ ਵਿਚ 30.06.2026 ਨੂੰ ਸਮਾਪਤ ਹੋਣ ਵਾਲੇ ਸਮੇਂ ਦੇ ਲਈ ਜੋਨ "ਬੀ"/ਆਰਪੀਏਆਰ (ਆਰਪੀਏਆਰ-ਡੀਐਲਪੀਸੀ) ਅਨੁਭਾਗ ਦੇ ਤਹਿਤ ਸਟਾਫ ਕਵਾਟਰਾਂ ਅਤੇ ਸੇਵਾ ਭਵਨਾਂ ਦੀ ਸਲਾਨਾ ਮੁਰੰਮਤ, ਸਫੇਦੀ, ਸੀ/ਵਾਸ਼ਿੰਗ ਅਤੇ ਪੇਂਟਿੰਗ। | 99,98,630 | 2,00,000 | 10 ਮਹੀਨੇ | 12.09.2025 |
| 5 | ਏਡੀਈਐਨ/ਐਸਐਮਐਲ ਦੇ ਤਹਿਤ ਐਸਐਸਈ/ਡਬਲਯੂ/ਕੇਐਲਕੇ ਅਨੁਭਾਗ ਵਿਚ ਧਰਮਪੁਰ (ਡੀਐਮਪੀ) ਵਿਚ ਸੁਰੱਖਿਆ ਕੈਂਪ ਦਾ ਸੁਧਾਰ/ਅਪਗ੍ਰੇਡੇਸ਼ਨ। | 2,43,07,139 | 2,71,500 | 09 ਮਹੀਨੇ | 12.09.2025 |
| 2. | **ਕਰਜ਼ਦਾਰ: ਮੈਸ. ਕੇ.ਕੇ.ਕੇ ਕੋਟਸਪਿਨ ਪ੍ਰਾ. ਲਿਮਟਿਡ**, ਪਤਾ: 32, ਨੇਤਾਜੀ ਨਗਰ, ਜੀ.ਟੀ. ਰੋਡ (ਪੱਛਮੀ), ਜਲੰਧਰ ਬਾਈਪਾਸ, ਲੁਧਿਆਣਾ, ਪੰਜਾਬ-141008 ਜ਼ਾਮਨ: 1. ਸ੍ਰੀ ਅਸ਼ੋਕ ਗੁਪਤਾ (ਜ਼ਾਮਨ ਅਤੇ ਡਾਇਰੈਕਟਰ), ਪਤਾ: ਬੀ-373, ਡਾ. ਹੀਰਾ ਸਿੰਘ ਰੋਡ, ਘੁਮਾਰ ਮੰਡੀ, ਸਿਵਲ ਲਾਈਨਜ਼, ਲੁਧਿਆਣਾ। 2. **ਸ੍ਰੀ ਰਾਘਵ ਗੁਪਤਾ (ਜ਼ਾਮਨ ਅਤੇ ਡਾਇਰੈਕਟਰ)**, ਪਤਾ: ਬੀ-373, ਡਾ. ਹੀਰਾ ਸਿੰਘ ਰੋਡ, ਘੁਮਾਰ ਮੰਡੀ, ਸਿਵਲ ਲਾਈਨਜ਼, ਲੁਧਿਆਣਾ। 3. **ਸ਼੍ਰੀਮਤੀ ਜਯੋਤੀ ਗੁਪਤਾ (ਗਿਰਵੀਕਾਰ)** ਪਤਨੀ ਸ੍ਰੀ ਅਸ਼ੋਕ ਗੁਪਤਾ, ਪਤਾ: ਬੀ-373, ਡਾ. ਹੀਰਾ ਸਿੰਘ ਰੋਡ, ਘੁਮਾਰ ਮੰਡੀ, ਸਿਵਲ ਲਾਈਨਜ਼, ਲੁਧਿਆਣਾ , 4. **ਮੈਸ. ਮਹੇਸ਼ਵਰੀ ਵੂਲਨ ਮਿੱਲਜ਼ (ਜ਼ਾਮਨ)** ਭਾਈਵਾਲੀ ਫਰਮ ਸ੍ਰੀ ਅਸ਼ੋਕ ਗੁਪਤਾ ਅਤੇ ਸ੍ਰੀ ਰਾਘਵ ਗੁਪਤਾ ਨਾਲ ਭਾਈਵਾਲ ਵਜੋਂ, ਪਤਾ: 32, ਨੇਤਾਜੀ ਨਗਰ, ਜੀ.ਟੀ. ਰੋਡ (ਪੱਛਮ), ਜਲੰਧਰ ਬਾਈਪਾਸ, ਲੁਧਿਆਣਾ, ਪੰਜਾਬ-141008 | ਵਿਕਰੀ ਡੀਡ/ ਵਸੀਕਾ ਨੰਬਰ 28143 ਮਿਤੀ 03.03.2006 ਸ਼੍ਰੀਮਤੀ ਜਯੋਤੀ ਗੁਪਤਾ ਪਤਨੀ ਸ੍ਰੀ ਅਸ਼ੋਕ ਕੁਮਾਰ ਗੁਪਤਾ ਦੇ ਨਾਮ 'ਤੇ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਪਲਾਟ ਨੰਬਰ 2301-ਬੀ 733 ਵਰਗ ਗਜ਼ ਮਾਪ ਸਾਲ 2002-2003 ਲਈ ਜਮ੍ਹਾਂਬੰਦੀ ਅਨੁਸਾਰ ਖਸਰਾ ਨੰਬਰ 458, ਖਾਤਾ ਨੰਬਰ 115/129 ਵਿੱਚੋਂ ਗਜ਼, ਹੱਦਬਸਤ ਨੰਬਰ 274, ਬਸੰਤ ਐਵੀਨਿਊ ਐਕਸਟੈਂਸ਼ਨ-7, ਪਿੰਡ ਧਾਂਦਰਾਂ -2, ਲੁਧਿਆਣਾ ਵਿਖੇ ਸਥਿਤ। ਹੇਠ ਲਿਖੇ ਅਨੁਸਾਰ ਹੱਦਬੰਦੀ: ਪੂਰਬ: ਪਲਾਟ ਨੰਬਰ 2301-ਏ, ਪੱਛਮ: ਪਲਾਟ ਨੰਬਰ 2302, ਉੱਤਰ: ਸੜਕ, ਦੱਖਣ: ਗੁਆਂਢ। | 01.06.2017/ ਸੰਕੇਤਕ | 09.03.2017 Rs. 32,92,58,283.30 | Rs. 1,63,97,000/-<br>Rs. 16,39,700/-<br>Rs. 60,000/- | ਨਰੇਸ਼ ਕੁਮਾਰ ਮੋਹਤੇ (M) 90030-22032 E-mail cha17b@ucobank.co.in | 20.09.2025 11:00 AM to 05.00 PM |

**ਸਰਫਾਇਸੀ ਐਕਟ, 2002 ਦੇ ਨਿਯਮ 8 (6) ਦੇ ਅਧੀਨ ਵਿਧਾਨਕ 15 ਰੋਜ਼ਾ ਵਿਕਰੀ ਸੂਚਨਾ**

**ਨਿਯਮ ਅਤੇ ਸ਼ਰਤਾਂ** : 1. ਵਿਕਰੀ ਸੁਰੱਖਿਆ ਵਿਆਜ (ਲਾਗੂਕਰਨ) 2002 ਵਿਚ ਪ੍ਰਸਤਾਵਿਤ ਨਿਯਮ ਅਤੇ ਸ਼ਰਤਾਂ ਨਾਲ ਸਬੰਧਤ ਹੋਵੇਗੀ। 2. ਸੰਪੱਤੀਆਂ **"ਜਿਵੇਂ ਹੈ, ਜਿਥੇ ਹੈ ਆਧਾਰ"** ਅਤੇ **"ਜਿਵੇਂ ਹੈ ਜੋ ਹੈ ਆਧਾਰ"** ਅਤੇ **"ਜੋ ਵੀ ਉਥੇ ਹੈ ਆਧਾਰ"** 'ਤੇ ਵੇਚੀਆਂ ਜਾ ਰਹੀਆਂ ਹਨ। 3. ਉਕਤ ਸੂਚੀ ਵਿਚ ਦਰਸਾਏ ਸੁਰੱਖਿਅਤ ਸੰਪੱਤੀਆਂ ਦੇ ਵੇਰਵੇ ਅਧਿਕਾਰਤ ਅਧਿਕਾਰੀ ਦੀ ਸਰਵੋਤਮ ਜਾਣਕਾਰੀ ਵਿਚ ਸਹੀ ਦੱਸੇ ਗਏ ਹਨ ਪਰ ਅਧਿਕਾਰਤ ਅਧਿਕਾਰੀ ਇਸ ਐਲਾਨਨਾਮੇ ਵਿਚ ਕਿਸੇ ਵੀ ਤਰੁੱਟੀ, ਗਲਤ ਬਿਆਨੀ ਜਾਂ ਕਟੌਤੀ ਲਈ ਜੁਆਬਦੇਹ ਨਹੀਂ ਹੋਵੇਗਾ। 4. ਨਿਲਾਮੀ ਵਿਕਰੀ ਪੋਰਟਲ **https://baanknet.com** 'ਤੇ **"ਈ-ਨਿਲਾਮੀ ਰਾਹੀਂ ਆਨਲਾਈਨ"** ਕੀਤੀ ਜਾਵੇਗੀ। 5. ਇੱਛੁਕ ਬੋਲੀਕਾਰਾਂ/ਖਰੀਦਦਾਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣਾ ਮੋਬਾਇਲ ਨੰਬਰ ਅਤੇ ਈਮੇਲ ਆਈ.ਡੀ. ਦੀ ਵਰਤੋਂ ਕਰਦੇ ਹੋਏ ਪੋਰਟਲ (**https://baanknet.com**) 'ਤੇ ਪੰਜੀਕਰਨ ਕਰਵਾ ਲੈਣ। ਅੱਗੇ, ਉਨ੍ਹਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਲੋੜੀਂਦੇ ਕੇਵਾਈਸੀ ਦਸਤਾਵੇਜ਼ ਅਪਲੋਡ ਕਰ ਦੇਣ। ਇੱਕ ਵਾਰ ਕੇਵਾਈਸੀ ਦਸਤਾਵੇਜ਼ਾਂ ਦੀ ਈ-ਨਿਲਾਮੀ ਸਰਵਿਸ ਪ੍ਰੋਵਾਈਡਰ ਵੱਲੋਂ ਪੜਤਾਲ ਹੋਣ 'ਤੇ (ਇਸ ਵਿਚ 2 ਕੰਮ ਵਾਲੇ ਦਿਨ ਲਗ ਸਕਦੇ ਹਨ), ਇੱਛੁਕ ਬੋਲੀਕਾਰਾਂ/ਖਰੀਦਦਾਰਾਂ ਨੂੰ ਪੋਰਟਲ ਵਿਚ ਈ-ਨਿਲਾਮੀ ਮਿਤੀ ਅਤੇ ਸਮੇਂ ਤੋਂ ਪਹਿਲਾਂ ਤੱਕ ਆਪਣੇ ਗਲੋਬਲ ਈਐਮਡੀ ਵੈਲੇਟ ਵਿਚ ਆਨਲਾਈਨ ਵਿਧੀ ਦੀ ਵਰਤੋਂ ਕਰਦੇ ਹੋਏ ਬਿਆਨਾ ਰਕਮ ਰਾਸ਼ੀ ਦਾ ਤਬਾਦਲਾ ਕਰਨਾ ਹੋਵੇਗਾ। ਪੰਜੀਕਰਨ, ਕੇਵਆਈਸੀ ਦਸਤਾਵੇਜ਼ਾਂ ਦੀ ਪੜਤਾਲ ਅਤੇ ਵੈਲੇਟ ਵਿਚ ਬਿਆਨਾ ਰਕਮ ਦੇ ਤਬਾਦਲੇ ਦਾ ਕੰਮ ਨਿਲਾਮੀ ਤੋਂ ਪਹਿਲਾਂ ਅਗਾਊਂ ਤੌਰ 'ਤੇ ਮੁਕੰਮਲ ਕਰਨਾ ਜ਼ਰੂਰੀ ਹੈ। 6. ਈ-ਨਿਲਾਮੀ ਦੇ ਲਈ ਪਲੇਟਫਾਰਮ (**https://baanknet.com**) ਈ-ਨਿਲਾਮੀ ਸਰਵਿਸ ਪ੍ਰੋਵਾਈਡਰ **ਹੈਲਪ ਡੈਸਕ ਨੰ.** +91 8291220220, **ਹੈਲਪਡੈਸਕ ਈ-ਮੇਲ ਆਈਡੀ** : **support.baanknet@psballiance.com** ਵੱਲੋਂ ਮੁਹੱਈਆ ਕੀਤਾ ਜਾਵੇਗਾ। ਇੱਛੁਕ ਬੋਲੀਕਾਰਾਂ/ਖਰੀਦਦਾਰਾਂ ਨੂੰ ਈ-ਨਿਲਾਮੀ ਸਰਵਿਸ ਪ੍ਰੋਵਾਈਡਰ ਦੇ ਵੈਬਸਾਈਟ **https://baanknet.com** 'ਤੇ ਈ-ਨਿਲਾਮੀ ਪ੍ਰਕਿਰਿਆ ਵਿਚ ਭਾਗ ਲੈਣਾ ਹੋਵੇਗਾ। 7. ਸੰਪੱਤੀ ਸੰਬੰਧੀ ਕਿਸੇ ਵੀ ਪੁਛਗਿਛ ਲਈ **ਅਧਿਕਾਰਤ ਅਧਿਕਾਰੀ ਲੜੀ ਨੰ. 1 ਦੇ ਲਈ ਮਨੀਸ਼ ਤ੍ਰਿਪਾਠੀ** (ਮੋ.) 9584877775 **ਲੜੀ ਨੰ. 2 ਦੇ ਲਈ ਲਛਮਣ ਸਿੰਘ ਖਟਾਣਾ** (ਮੋ.) 94142-75704 **ਨਾਲ** ਸੰਪਰਕ ਕੀਤਾ ਜਾ ਸਕਦਾ ਹੈ। 8. ਵਿਕਰੀ ਦੇ ਸਧਾਰਨ ਨਿਯਮ ਅਤੇ ਸ਼ਰਤਾਂ ਵਾਲੀ ਵਿਕਰੀ ਸੂਚਨਾ ਨਿਮਨਲਿਖਤ **ਵੈਬਸਾਈਟਾਂ/ਵੈਬ ਪੇਜ ਪੋਰਟਲ** : **https://baanknet.com** 'ਤੇ ਵਿਚ ਉਪਲਬਧ/ਪ੍ਰਕਾਸ਼ਿਤ ਹਨ। 9. ਈ-ਨਿਲਾਮੀ ਦੇ ਇੱਛੁਕ ਪ੍ਰਤੀਯੋਗੀ **ਪੋਰਟਲhttps://baanknet.com** ਤੋਂ ਇਸ ਈ-ਨਿਲਾਮੀ ਨਾਲ ਸਬੰਧਤ ਈ-ਨਿਲਾਮੀ ਦੇ ਸੰਚਾਲਨਾਤਮਕ ਭਾਗ 'ਤੇ ਸਹਾਇਤਾ ਮੈਨੂਅਲ, ਈ-ਨਿਲਾਮੀ ਦੇ ਨਿਯਮ ਅਤੇ ਸ਼ਰਤਾਂ, ਵਿਕਰੀ ਸੂਚਨਾ ਦੇ ਉਤਾਰੇ ਮੁਫਤ ਵਿਚ ਡਾਊਨਲੋਡ ਕਰ ਸਕਦੇ ਹਨ। 10. ਬੋਲੀਕਾਰ ਦੇ ਗਲੋਬਲ ਵੈਲੇਟ ਵਿਚ ਬੋਲੀ ਦੇਣ ਦੇ ਸਮੇਂ ਲੋੜੀਂਦਾ ਬਕਾਇਆ (>=ਬਿਆਨਾ ਰਕਮ ਰਾਸ਼ੀ) ਹੋਣਾ ਚਾਹੀਦਾ ਹੈ। 11. ਈ-ਨਿਲਾਮੀ ਦੇ ਦੌਰਾਨ ਬੋਲੀਕਾਰਾਂ ਨੂੰ ਆਖ਼ਰੀ ਕੋਟ ਕੀਤੀ ਬੋਲੀ ਨਾਲੋਂ ਵੱਧ ਅਤੇ ਉਪਰ ਪਰਸਪਰ ਬੋਲੀ ਵਿਚ ਉਚੇਰੀ ਬੋਲੀ ਪੇਸ਼ ਕਰਨ ਦਾ ਆਗਿਆ ਹੋਵੇਗੀ ਅਤੇ ਬੋਲੀ ਰਕਮ ਵਿਚ ਘੱਟੋ ਘੱਟ ਵਾਧਾ ਬੋਲੀਕਾਰਾਂ ਦ ਆਖ਼ਰੀ ਉਚੇਰੀ ਬੋਲੀ ਤੋਂ ਉਕਤ ਦਰਸਾਏ ਅਨੁਸਾਰ ਹੋਣਾ ਚਾਹੀਦਾ ਹੈ। ਨਿਰੰਤਰ ਉਚੇਰੀ ਬੋਲੀ ਕੋਟ ਕਰਨ ਲਈ ਬੋਲੀਕਾਰਾਂ ਨੂੰ ਵੀਹ (20) ਮਿੰਟਾਂ ਦਾ ਸਮਾਂ ਦਿੱਤਾ ਜਾਵੇਗਾ ਅਤੇ ਜੇਕਰ ਆਖ਼ਰੀ ਸਭ ਤੋਂ ਉਚੀ ਬੋਲੀ ਤੋਂ ਦਸ ਮਿੰਟ ਲੰਘਣ ਉਪਰੰਤ ਕਿਸੇ ਵੀ ਬੋਲੀਕਾਰ ਵੱਲੋਂ ਕੋਈ ਉਚੇਰੀ ਬੋਲੀ ਪੇਸ਼ ਨਹੀਂ ਕੀਤੀ ਜਾਂਦੀ ਤਾਂ ਈ-ਨਿਲਾਮੀ ਨੂੰ ਬੰਦ ਕਰ ਦਿੱਤਾ ਜਾਵੇਗਾ। 12. ਇਹ ਇੱਛੁਕ ਬੋਲੀਕਾਰ (ਾਂ) ਦੀ ਜ਼ਿੰਮੇਵਾਰੀ ਹੋਵੇਗੀ ਕਿ ਵਿਕਰੀ ਸੂਚਨਾ, ਈ-ਨਿਲਾਮੀ ਦੇ ਨਿਯਮ ਅਤੇ ਸ਼ਰਤਾਂ, ਈ-ਨਿਲਾਮੀ ਦੇ ਸੰਚਾਲਨਾਤਮਕ ਹਿੱਸੇ ਬਾਰੇ ਸਹਾਇਤਾ ਮੈਨੂਅਲ ਨੂੰ ਪੜ੍ਹ ਲੈਣ ਅਤੇ ਇਨ੍ਹਾਂ ਦਾ ਸਖ਼ਤੀ ਨਾਲ ਪਾਲਣ ਕਰਨ। ਈ-ਨਿਲਾਮੀ ਪ੍ਰਕਿਰਿਆ ਤੋਂ ਪਹਿਲਾਂ ਜਾਂ ਇਸਦੇ ਦੌਰਾਨ ਕਿਸੇ ਵੀ ਮੁਸ਼ਕਿਲ ਜਾਂ ਸਹਾਇਤਾ ਦੀ ਲੋੜ ਪੈਣ ਦੀ ਸੂਰਤ ਵਿਚ ਸਾਡੇ ਈ-ਨਿਲਾਮੀ ਸਰਵਿਸ ਪ੍ਰੋਵਾਈਡਰ ( **https://baanknet.com**) ਦੇ ਅਧਿਕਾਰਤ ਪ੍ਰਤੀਨਿਧੀ ਨੂੰ ਸੰਪਰਕ ਕੀਤਾ ਜਾ ਸਕਦਾ ਹੈ। ਇਸ ਦੇ ਵੇਰਵੇ ਈ-ਨਿਲਾਮੀ ਪੋਰਟਲ 'ਤੇ ਉਪਲਬਧ ਹਨ। 13. ਅਧਿਕਾਰਤ ਅਧਿਕਾਰੀ ਵੱਲੋਂ ਈ-ਨਿਲਾਮੀ ਨੂੰ ਮੁਕੰਮਲ ਕਰਨ ਤੋਂ ਬਾਅਦ, ਸਿਰਫ਼ ਸਫਲ ਬੋਲੀਕਾਰ ਨੂੰ ਐਸਐਮਐਸ/ਈ-ਮੇਲ (ਸਰਵਿਸ ਪ੍ਰੋਵਾਈਡਰ ਨੂੰ ਉਨ੍ਹਾਂ ਵੱਲੋਂ ਦਿੱਤੇ ਗਏ/ਪੰਜੀਕ੍ਰਿਤ ਮੋਬਾਇਲ ਨੰਬਰ/ਈਮੇਲ ਪਤੇ 'ਤੇ) ਰਾਹੀਂ ਉਕਤ ਦਰਸਾਏ ਸਾਡੇ ਸਰਵਿਸ ਪ੍ਰੋਵਾਈਡਰ ਦੁਆਰਾ ਸੂਚਿਤ ਕੀਤਾ ਜਾਵੇਗਾ। 14. ਸੁਰੱਖਿਅਤ ਸੰਪੱਤੀ ਰਾਖਵੀਂ ਕੀਮਤ ਤੋਂ ਘੱਟ ਨਹੀਂ ਵੇਚੀ ਜਾਵੇਗੀ। ਅਧਿਕਾਰਤ ਅਧਿਕਾਰੀ ਕੋਲ ਪ੍ਰਵਾਨਯੋਗ ਨਾ ਪਾਏ ਜਾਣ 'ਤੇ ਕਿਸੇ ਵੀ ਬੋਲੀ ਨੂੰ ਪ੍ਰਵਾਨ ਕਰਨ ਜਾਂ ਸਾਰੀਆਂ ਬੋਲੀਆਂ ਨੂੰ ਰੱਦ ਕਰਨ ਜਾਂ ਬਿਨਾਂ ਕੋਈ ਵੀ ਕਾਰਨ ਦੱਸੇ, ਜੋ ਵੀ ਹੋਵੇ, ਕਿਸੇ ਵੀ ਸਮੇਂ ਨਿਲਾਮੀ ਨੂੰ ਮਲਤਵੀ/ਰੱਦ/ਬਰਖਾਸਤ/ਰੋਕਣ ਦਾ ਜਾਂ ਇਸ ਦੇ ਨਿਯਮਾਂ ਵਿਚ ਤਬਦੀਲੀ ਕਰਨ ਦਾ ਹੱਕ ਰਾਖਵਾਂ ਹੈ ਅਤੇ ਇਸ ਸਬੰਧ ਵਿਚ ਉਨ੍ਹਾਂ ਦਾ ਫੈਸਲਾ ਅੰਤਿਮ ਹੋਵੇਗਾ। 15. ਵਿਕਰੀ ਪ੍ਰਮਾਣ ਪੱਤਰ ਕਾਨੂੰਨ ਦੀਆਂ ਵਿਵਸਥਾਵਾਂ ਦੇ ਅਨੁਸਾਰ ਪੂਰਨ ਬੋਲੀ ਰਕਮ ਦੇ ਜਮ੍ਹਾਂ ਹੋਣ 'ਤੇ ਸਫਲ ਬੋਲੀਕਾਰ ਦੇ ਪੱਖ ਵਿਚ ਜਾਰੀ ਕੀਤਾ ਜਾਵੇਗਾ। 16. ਇਹ ਬੋਲੀਕਾਰਾਂ ਦੀ ਜ਼ਿੰਮੇਵਾਰੀ ਹੋਵੇਗੀ ਕਿ ਬੋਲੀ ਪੇਸ਼ ਕਰਨ ਤੋਂ ਪਹਿਲਾਂ ਸੰਪੱਤੀ ਅਤੇ ਇਸ ਦੀ ਮਿਣਤੀ ਬਾਰੇ ਜਾਂਚ ਅਤੇ ਖੁਦ ਦੀ ਤਸੱਲੀ ਕਰ ਲੈਣ। ਬੋਲੀਕਾਰ ਮੁਹੱਈਆ ਕੀਤੇ ਵੇਰਵਿਆਂ ਅਨੁਸਾਰ ਸੰਬੰਧਤ ਅਧਿਕਾਰੀ ਨਾਲ ਮਸ਼ਵਰਾ ਕਰਕੇ ਸੰਪੱਤੀ ਦੀ ਜਾਂਚ ਕਰ ਸਕਦੇ ਹਨ। ਸਾਰੇ ਵਿਧਾਨਕ ਬਕਾਏ/ਅਟੈਂਡੈਂਟ ਫੀਸਾਂ/ਪੰਜੀਕਰਨ ਫੀਸਾਂ, ਸਟੈਂਪ ਡਿਊਟੀ, ਕਰਾਂ ਆਦਿ ਸਮੇਤ ਹੋਰ ਬਕਾਏ ਖਰੀਦਦਾਰ ਵੱਲੋਂ ਅਦਾ ਕੀਤੇ ਜਾਣਗੇ। 18. ਬੈਂਕ ਦੇ ਅਧਿਕਾਰਤ ਅਧਿਕਾਰੀ ਸੰਪੱਤੀਆਂ (ਈ-ਨਿਲਾਮੀ ਵਾਲੀਆਂ) ਦੇ ਸਬੰਧ ਵਿਚ ਸਰਕਾਰ ਜਾਂ ਕਿਸੇ ਵੀ ਵਿਅਕਤੀ ਵੱਲ ਕਿਸੇ ਵੀ ਫੀਸ, ਭਾਰ, ਦੇਣਦਾਰੀ ਜਾਂ ਕਿਸੇ ਵੀ ਹੋਰ ਬਕਾਏ, ਭਾਵੇਂ ਬੈਂਕ ਨੂੰ ਜਾਣੂ ਹੋਣ ਜਾਂ ਨਾ ਦੇ ਲਈ ਜੁਆਬਦੇਹ ਨਹੀਂ ਹੋਣਗੇ। ਇੱਛੁਕ ਬੋਲੀਕਾਰ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਵਿਧਾਨਕ ਦੇਣਦਾਰੀਆਂ, ਸੰਪੱਤੀ ਕਰ ਦੇ ਬਕਾਏ, ਬਿਜਲੀ ਦੇ ਬਕਾਏ ਆਦਿ ਸਮੇਤ ਸੰਪੱਤੀ ਉਪਰ ਦੇਣਦਾਰੀਆਂ ਸੰਬੰਧੀ ਆਪਣੀ ਸੁਤੰਤਰ ਪੁਛਗਿਛ ਕਰ ਲੈਣ। 19. ਬੋਲੀਕਾਰ ਨੂੰ ਢੁੱਕਵੀਂ ਇੰਟਰਨੈਟ ਕੁਨੈਕਟੀਵਿਟੀ, ਪਾਵਰ ਬੈਕ-ਅਪ ਆਦਿ ਯਕੀਨੀ ਬਣਾ ਲੈਣੇ ਚਾਹੀਦੇ ਹਨ। ਬੈਂਕ ਇੰਟਰਨੈਟ ਅਸਫਲਤਾ, ਬਿਜਲੀ ਅਸਫਲਤਾ ਜਾਂ ਤਕਨੀਕੀ ਕਾਰਨਾਂ ਕਰਕੇ ਪਏ ਕਿਸੇ ਵੀ ਵਿਘਨ ਜਾਂ ਈ-ਨਿਲਾਮੀ ਨੂੰ ਪ੍ਰਭਾਵਿਤ ਕਰਨ ਵਾਲੇ ਕਾਰਨਾਂ/ ਅਚਨਚੇਤਤਾਵਾਂ ਦੇ ਲਈ ਜੁਆਬਦੇਹ ਨਹੀਂ ਹੋਵੇਗਾ। 20. ਸਫਲ ਬੋਲੀਕਾਰ ਨੂੰ 1% ਦਾ ਟੀਡੀਐਸ ਵੀ ਅਦਾ ਕਰਨਾ ਹੋਵੇਗਾ ਜੇਕਰ ਸੰਪੱਤੀ ਦੀ ਕੀਮਤ 50 ਲੱਖ ਤੋਂ ਵੱਧ ਹੋਵੇ। 21. ਇਸ ਸੂਚਨਾ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ 9 (1) ਦੇ ਅਧੀਨ ਕਰਜ਼ਦਾਰ ਅਤੇ ਜ਼ਾਮਨ ਦੇ ਲਈ 15 ਰੋਜ਼ਾ ਵਿਧਾਨਕ ਵਿਕਰੀ ਸੂਚਨਾ ਵਜੋਂ ਵੀ ਸਮਝਿਆ ਜਾਵੇ। 22. ਇਕਲੇ ਬੋਲੀਕਾਰ ਹੋਣ ਦੀ ਸੂਰਤ ਵਿਚ ਉਸ ਦੇ ਬੋਲੀ ਫਾਰਮ ਵਿਚ ਕੋਟ ਕੀਤੀ ਬੋਲੀ ਰਕਮ ਵਿਚ ਘੱਟੋ ਘੱਟ ਇੱਕ ਬੋਲੀ ਵਾਧਾ ਲਾਗਤ ਤੱਕ ਸੁਧਾਰ ਹੋਣਾ ਲਾਜ਼ਮੀ ਹੈ, ਨਹੀਂ ਤਾਂ ਵਿਕਰੀ ਰੱਦ/ਬਰਖਾਸਤ ਕਰ ਦਿੱਤੀ ਜਾਵੇਗੀ। 23. ਵਿਕਰੀ ਦੀ ਪੁਸ਼ਟੀ ਨਹੀਂ ਕੀਤੀ ਜਾਵੇਗੀ, ਜੇਕਰ ਕਰਜ਼ਦਾਰ ਸਫਲ ਬੋਲੀਕਾਰ ਨੂੰ ਵਿਕਰੀ ਦੀ ਪੁਸ਼ਟੀ ਦਾ ਪੱਤਰ ਜਾਰੀ ਹੋਣ ਤੋਂ ਪਹਿਲਾਂ ਅਧਿਕਾਰਤ ਅਧਿਕਾਰੀ ਨੂੰ ਬੈਂਕ ਕਰਾਰ ਦੇ ਬਕਾਇਆ ਸਮੇਤ ਹੋਰ ਖਰਚਿਆਂ ਦਾ ਭੁਗਤਾਨ ਕਰ ਦਿੰਦਾ ਹੈ, ਅਜਿਹੇ ਮਾਮਲੇ ਵਿਚ ਬੈਂਕ ਸਫਲ ਬੋਲੀਕਾਰ ਵੱਲੋਂ ਜਮ੍ਹਾਂ ਕੀਤੀ ਸਮੁੱਚੀ ਰਕਮ ਬਿਨਾਂ ਵਿਆਜ ਤੋਂ ਵਾਪਸ ਕਰ ਦੇਵੇਗਾ।

ਮਿਤੀ : 21.08.2025 ਸਥਾਨ : ਚੰਡੀਗੜ੍ਹ ਅਧਿਕਾਰਤ ਅਧਿਕਾਰੀ, ਯੂਕੋ ਬੈਂਕ

---

## pnb ਪੰਜਾਬ ਨੈਸ਼ਨਲ ਬੈਂਕ

...ਭਰੋਸੇ ਦਾ ਪ੍ਰਤੀਕ !

ਸਰਕਲ ਦਫਤਰ ਮੋਗਾ, ਚੌਥੀ ਮੰਜ਼ਿਲ, ਦਰਸ਼ਨ ਸਿੰਘ ਕੰਪਲੈਕਸ, ਜੀਟੀ ਰੋਡ, ਮੋਗਾ-142001

**ਸੁਰੱਖਿਅਤ ਸੰਪੱਤੀਆਂ ਦੀ ਈ-ਨਿਲਾਮੀ ਵਿਕਰੀ ਲਈ 08.09.2025 ਨੂੰ ਸਵੇਰੇ 11.00 ਵਜੇ ਤੋਂ ਸ਼ਾਮ 04.00 ਵਜੇ ਤੱਕ**

**ਈ-ਨਿਲਾਮੀ ਵਿਕਰੀ ਸੂਚਨਾ**

### ਅਚੱਲ ਸੰਪੱਤੀਆਂ ਦੀ ਵਿਕਰੀ ਲਈ ਈ-ਨਿਲਾਮੀ ਬਾਰੇ ਜਨਤਕ ਸੂਚਨਾ

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ। ਜਨਤਾ ਨੂੰ ਆਮ ਕਰਕੇ ਅਤੇ ਕਰਜ਼ਦਾਰ (ਾਂ)/ਗਿਰਵੀਕਾਰ (ਾਂ) ਅਤੇ ਜ਼ਾਮਨ (ਾਂ) ਨੂੰ ਵਿਸ਼ੇਸ਼ ਕਰਕੇ ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਹਾਈਪੋਥੀਕੇਟਿਡ/ਬੰਦੀ ਨਿਮਨ ਦਰਸਾਈ ਚੱਲ/ਅਚੱਲ ਸੰਪੱਤੀ (ਆਂ), ਜਿਸ ਦਾ ਉਸਾਰੂ/ਭੌਤਿਕ/ਸੰਕੇਤਕ (ਜੋ ਵੀ ਲਾਗੂ ਹੋਵੇ) ਕਬਜ਼ਾ ਬੈਂਕ/ਸੁਰੱਖਿਅਤ ਕਰਜ਼ਦਾਤਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਸੀ, ਦੀ ਵਿਕਰੀ ਸੰਬਧਤ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਤੋਂ ਬੈਂਕ/ਸੁਰੱਖਿਅਤ ਕਰਜ਼ਦਾਤਾ ਵੱਲ ਇਸ ਦੇ ਬਕਾਇਆ ਦੀ ਵਸੂਲੀ ਦੇ ਲਈ ਨਿਮਨ ਸਾਰਣੀ ਵਿਚ ਦਰਸਾਈ ਮਿਤੀ ਨੂੰ "ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ" 'ਤੇ ਵੇਚੀ ਜਾਵੇਗੀ। ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਸੰਬਧਤ ਸੰਪੱਤੀਆਂ ਦੇ ਅਧੀਨ ਨਿਮਨ ਸਾਰਣੀ ਵਿਚ ਦਰਸਾਏ ਅਨੁਸਾਰ ਹੋਵੇਗੀ।

| ਲੜੀ ਨੰ. | ਕਰਜ਼ਦਾਰ ਦਾ ਨਾਮ ਅਤੇ ਬੈਂਕ ਸ਼ਾਖਾ ਦੇ ਵੇਰਵੇ | ਮਾਲਕ (ਾਂ)/ਸੰਪੱਤੀ (ਆਂ) ਦੇ ਗਿਰਵੀਕਾਰਾਂ ਦਾ ਨਾਮ | ਅਚੱਲ ਗਿਰਵੀ ਸੰਪੱਤੀ (ਆਂ) ਦੇ ਵੇਰਵੇ ਅਤੇ ਮਾਲਕ (ਾਂ)/ਗਿਰਵੀਕਾਰਾਂ ਦਾ ਨਾਮ | ਓ) ਸਰਫਾਇਸੀ ਐਕਟ 2002 ਦੀ ਧਾਰਾ 13 (2) ਦੇ ਅਧੀਨ ਮੰਗ ਸੂਚਨਾ ਦੀ ਮਿਤੀ ਅ) ..... ਅਨੁਸਾਰ ਬਕਾਇਆ ਰਕਮ ੲ) ਸਰਫਾਇਸੀ ਐਕਟ 2002 ਦੀ ਧਾਰਾ 13 (4) ਦੇ ਅਧੀਨ ਕਬਜ਼ੇ ਦੀ ਮਿਤੀ ਸ) ਕਬਜ਼ੇ ਦਾ ਸਰੂਪ ਸੰਕੇਤਕ/ਭੌਤਿਕ/ਉਸਾਰੂ | ਰਾਖਵੀਂ ਕੀਮਤ / ਬਿਆਨਾ ਰਕਮ / ਬੋਲੀ ਵਾਧਾ ਰਕਮ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ | ਸੁਰੱਖਿਅਤ ਕਰਜ਼ਦਾਤਿਆਂ ਨੂੰ ਜਾਣੂ ਦੇਣਦਾਰੀਆਂ ਦੇ ਵੇਰਵੇ |
|---|---|---|---|---|---|---|---|
| 1. | ਗੁਰਜੰਟ ਮਕੈਨੀਕਲ ਵਰਕਸ ਬੀਓ: ਮੋਗਾ ਜੀਟੀ ਰੋਡ (253000) | 1. ਗੁਰਜੰਟ ਮਕੈਨੀਕਲ ਵਰਕਸ, ਸੰਤਾ ਸਿੰਘ ਮਾਰਕੀਟ ਜੀਟੀ ਰੋਡ, ਮੋਗਾ, 142001 2. ਗੁਰਜੰਟ ਸਿੰਘ ਪੁੱਤਰ ਸੁਖਰਾਜ ਸਿੰਘ, ਪਿੰਡ ਲੌਂਗੀਵਿੰਡ, ਤਹਿਸੀਲ ਧਰਮਕੋਟ, ਜ਼ਿਲ੍ਹਾ, ਮੋਗਾ-142042, 3. ਗੁਰਮੀਤ ਸਿੰਘ ਪੁੱਤਰ ਸ਼ੇਰ ਸਿੰਘ ਮਕਾਨ ਨੰ. 454, ਵਾਰਡ ਨੰ. 29, ਬਾਬੇ ਮਾਨ ਸਿੰਘ ਵਾਲੀ ਗਲੀ ਮੋਗਾ-142001 | ਵਿਕਰੀ ਡੀਡ ਨੰਬਰ 114 ਮਿਤੀ 07.09.2018, ਜਮ੍ਹਾਂਬੰਦੀ 2014-15 ਦੇ ਅਨੁਸਾਰ ਗੁਰਜੰਟ ਸਿੰਘ ਪੁੱਤਰ ਸੁਖਰਾਜ ਸਿੰਘ ਦੇ ਨਾਮ 'ਤੇ 7 ਮਰਲਾ 4 ਸਰਸਾਈ (2026.75 ਵਰਗ ਫੁੱਟ) ਦੀ ਜਾਇਦਾਦ 67/1332 ਹਿੱਸੇ ਵਾਲੀ ਜ਼ਮੀਨ 7 ਕਨਾਲ 8 ਮਰਲਾ, ਖਸਰਾ ਨੰਬਰ 44//8/2(7-8) ਹੈ, ਖੇਵਟ ਨੰਬਰ 68 ਖਤੌਨੀ ਨੰਬਰ 119, ਗੈਸ ਗੋਦਾਮ ਦੇ ਨੇੜੇ ਸਥਿਤ, ਭਾਰਤ ਪੈਟਰੋਲ ਪੰਪ ਦੇ ਨੇੜੇ ਗਲੀ, ਜ਼ੀਰਾ ਰੋਡ, ਪਿੰਡ ਤਲਵੰਡੀ ਨੌ ਬਹਾਰ, ਜ਼ਿਲ੍ਹਾ ਮੋਗਾ ਵਿਖੇ ਸਥਿਤ, ਉੱਤਰ: ਰਸਤਾ, ਦੱਖਣ: ਚਮਕੌਰ ਸਿੰਘ, ਪੂਰਬ: ਖਾਲੀ ਜਾਇਦਾਦ, ਪੱਛਮ: ਰਾਣੀ। | ੳ. 29.05.2021 ਅ. ਰੁ. 4,34,453.77 ਜਮ੍ਹਾਂ 31.03.2021 ਤੋਂ ਪ੍ਰਭਾਵੀ ਭਾਵੀ ਵਿਆਜ ਅਤੇ ਬੈਂਕ ਵੱਲੋਂ ਲਾਗੂ ਫੀਸਾਂ, ਮਨਫੀ ਪ੍ਰਾਪਤ ਹੋਈ ਵਸੂਲੀ, ਜੇਕਰ ਕੋਈ ਹੈ। ੲ. 14.10.2021, ਸ. . ਸੰਕੇਤਕ ਕਬਜ਼ਾ | Rs. 17,39,000/-<br>Rs. 1,73,900/-<br>Rs. 17,300/- | 08.09.2025 11.00 AM to 04.00 PM | ਜਾਣੂ ਨਹੀਂ |
| 2. | ਖਾਲਸਾ ਟ੍ਰੇਡਰਜ਼ ਫਿਰੋਜ਼ਪੁਰ ਬਗਦਾਦੀ ਗੇਟ (345200) | 1. ਖਾਲਸਾ ਟ੍ਰੇਡਰਜ਼, ਜ਼ੀਰਾ ਗੇਟ ਦੇ ਬਾਹਰ, ਗੁਰੂ ਨਗਰ, ਬਾਈਪਾਸ ਫਿਰੋਜ਼ਪੁਰ, ਪਿੰਨ-152001 2. ਜਗਜੀਤ ਕੌਰ ਪਤਨੀ ਬਲਵਿੰਦਰ ਸਿੰਘ, ਪਿੰਡ ਹਾਕੇ ਵਾਲਾ, ਨੇੜੇ ਗੁਰਦੁਆਰਾ ਸਾਹਿਬ, ਡਾਕਖਾਨਾ ਟਾਹਲੀ ਮੁਹੱਲਾ, ਫਿਰੋਜ਼ਪੁਰ, ਪਿੰਨ-152001 | ਰਿਹਾਇਸ਼ੀ ਮਕਾਨ 14 ਮਰਲੇ (3812) ਵਰਗ ਫੁੱਟ) ਜ਼ਮੀਨ ਦਾ 14/123 ਹਿੱਸਾ 6 ਕਨਾਲ 3 ਮਰਲੇ ਰੈਕਟ ਨੰ. 7, ਕਿਲਾ ਨੰ. 15/1(6-3) ਪਿੰਡ ਹਾਕੇ ਵਾਲਾ ਦੇ ਖੇਤਰ ਵਿੱਚ ਸਥਿਤ, ਗੁਰਦੁਆਰਾ ਸਾਹਿਬ ਦੇ ਨੇੜੇ, ਤਹਿਸੀਲ ਅਤੇ ਜ਼ਿਲ੍ਹਾ. ਫਿਰੋਜ਼ਪੁਰ, ਵਿਡੀਓ ਵਸੀਕਾ ਨੰ. 3559 ਮਿਤੀ 24.10.2008 ਨੂੰ ਜਗਜੀਤ ਕੌਰ ਪਤਨੀ ਬਲਵਿੰਦਰ ਸਿੰਘ ਦੇ ਨਾਂ 'ਤੇ ਦਰਜ ਕੀਤਾ ਗਿਆ। ਹੱਦਬੰਦੀ: ਉੱਤਰ: ਗਲੀ, ਦੱਖਣ: ਫਿਰਨੀ, ਪੂਰਬ: ਸਵੈ, ਪੱਛਮ: ਬਚਿੱਤਰ ਸਿੰਘ। | ੳ. 19.05.2021, ਅ. ਰੁ. 10,85,625.50, 31.03.2021 ਦੇ ਅਨੁਸਾਰ + ਅਗਲੇਰਾ ਵਿਆਜ + ਹੋਰ ਫੀਸਾਂ - ਵਸੂਲੀ ਜੇਕਰ ਕੋਈ ਹੈ। ੲ. 07.10.2021, ਸ. ਸੰਕੇਤਕ ਕਬਜ਼ਾ | Rs. 17,19,000/-<br>Rs. 1,71,900/-<br>Rs. 17,190/- | 08.09.2025 11.00 AM to 04.00 PM | ਜਾਣੂ ਨਹੀਂ |
| 3. | ਬਲਰਾਜ ਸਿੰਘ ਸਪੁੱਤਰ ਦਰਸ਼ਨ ਸਿੰਘ ਬੀ/ਓ ਫਿਰੋਜ਼ਪੁਰ ਸ਼ਹਿਰ (017200) | ਬਲਰਾਜ ਸਿੰਘ ਪੁੱਤਰ ਦਰਸ਼ਨ ਸਿੰਘ, ਪਤਾ ਪਿੰਡ ਅਤੇ ਡਾਕਖਾਨਾ ਕਰਮੂਵਾਲਾ, ਟਾਹਣੀ ਬਲਵੀਰ ਸਿੰਘ ਕਾਨਗੋ, ਤਹਿਸੀਲ ਅਤੇ ਜ਼ਿਲ੍ਹਾ ਫਿਰੋਜ਼ਪੁਰ | ਸ੍ਰੀ ਬਲਰਾਜ ਸਿੰਘ ਪੁੱਤਰ ਦਰਸ਼ਨ ਸਿੰਘ ਦੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ, ਟਾਈਟਲ ਡੀਡ ਵਸੀਕਾ ਨੰ. 2135 ਮਿਤੀ 24-06-2011 ਅਨੁਸਾਰ, ਜਿਸ ਵਿੱਚ 2 ਕਨਾਲ 12 ਮਰਲੇ ਜਾਂ 52 ਮਰਲੇ ਵਾਲਾ ਖੇਵਟ ਨੰ. 200,52/2124, ਖੇਵਟ ਨੰ. 276,277,278,278/1,279,280,281, 282,283,284, 285 ਜ਼ਮੀਨੀ ਖੇਤਰ ਹੈ, ਜਿਸਦੇ ਹੇਠਾਂ ਦਿੱਤੇ ਪਾਸੇ ਉੱਤਰ: ਗੁਆਂਢੀ, ਦੱਖਣ: ਗੁਆਂਢੀ, ਪੂਰਬ: ਗਲੀ, ਪੱਛਮ: ਗੁਆਂਢੀ ਹਨ। | ੳ. 06.07.2019 ਅ. ਰੁ. 1,65,798.32 ਜਮ੍ਹਾਂ 29.07.2019 ਤੋਂ ਪ੍ਰਭਾਵੀ ਅਗਲੇਰਾ ਵਿਆਜ + ਜਮ੍ਹਾਂ ਹੋਰ ਲਾਗਤਾਂ, ਮਨਫੀ ਵਸੂਲੀ, ਜੇਕਰ ਕੋਈ ਹੈ। ੲ. 25.10.2019, ਸ. . ਸੰਕੇਤਕ ਕਬਜ਼ਾ | Rs. 12,75,000/-<br>Rs. 1,27,500/-<br>Rs. 12,750/- | 08.09.2025 11.00 AM to 04.00 PM | ਜਾਣੂ ਨਹੀਂ |
| 4. | ਦਰਸ਼ਨ ਸਿੰਘ ਪੁੱਤਰ ਹਜ਼ਾਰਾ ਸਿੰਘ ਬੀ/ਓ ਕੋਟ ਈਸੇ ਖਾਂ (023810) | ਦਰਸ਼ਨ ਸਿੰਘ ਪੁੱਤਰ ਹਜ਼ਾਰਾ ਸਿੰਘ, ਵਾਸੀ ਐਚ.ਪੀ ਗੈਸ ਗੋਦਾਮ ਦੇ ਪਿਛਲੇ ਪਾਸੇ, ਪਾਵਰ ਹਾਊਸ ਨੇੜੇ, ਗਲੀ ਤੋਂ ਜ਼ੀਰਾ ਰੋਡ, ਤਲਵੰਡੀ ਨੌ ਬਹਾਰ, ਕੋਟ ਈਸੇ ਖਾਂ, ਤਹਿਸੀਲ ਧਰਮਕੋਟ ਜ਼ਿਲ੍ਹਾ ਮੋਗਾ। ਬਲਬੀਰ ਕੌਰ ਪਤਨੀ ਦਰਸ਼ਨ ਸਿੰਘ, ਵਾਸੀ ਐਚ.ਪੀ ਗੈਸ ਗੋਦਾਮ ਦੇ ਪਿਛਲੇ ਪਾਸੇ, ਪਾਵਰ ਹਾਊਸ ਨੇੜੇ, ਜ਼ੀਰਾ ਰੋਡ ਵਾਲੀ ਗਲੀ, ਤਲਵੰਡੀ ਨੌ ਬਹਾਰ, ਕੋਟ ਈਸੇ ਖਾਂ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ। | ਵਸੀਕਾ ਨੰਬਰ 241 ਮਿਤੀ 15.07.2015 ਦੇ ਅਧੀਨ ਸ਼੍ਰੀਮਤੀ ਬਲਬੀਰ ਕੌਰ ਪਤਨੀ ਦਰਸ਼ਨ ਸਿੰਘ ਦੀ ਰਿਹਾਇਸ਼ੀ ਜਾਇਦਾਦ ਦਾ ਸਾਰਾ ਹਿੱਸਾ, 4 ਮਰਲੇ (1089 ਵਰਗ ਫੁੱਟ) ਖਸਰਾ ਨੰਬਰ 44 ਐਮ//15(8-0), ਖੇਵਟ ਨੰਬਰ 68, ਜਮ੍ਹਾਂਬੰਦੀ ਸਾਲ 2009-10, ਐਚਪੀ ਗੈਸ ਗੋਦਾਮ ਦੇ ਪਿਛਲੇ ਪਾਸੇ ਸਥਿਤ, ਪਾਵਰ ਹਾਊਸ ਦੇ ਨੇੜੇ, ਜ਼ੀਰਾ ਰੋਡ ਵਾਲੀ ਗਲੀ, ਤਲਵੰਡੀ ਨੌ ਬਹਾਰ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਦੇ ਨਾਲ ਪੰਜੀਕ੍ਰਿਤ। ਜਿਸ ਦੀ ਹੱਦਬੰਦੀ ਹੇਠ ਲਿਖੇ ਅਨੁਸਾਰ: ਉੱਤਰ: ਮਾਲਕ, ਦੱਖਣ: ਮੇਹਰਮਕੇ ਵਾਲੇ, ਪੂਰਬ: ਕਰਨੈਲ ਸਿੰਘ, ਪੱਛਮ: ਰਸਤਾ। | ੳ. 13.08.2018 ਅ. ਰੁ. 5,96,834.50 ਜਮ੍ਹਾਂ 01.01.2021 ਤੋਂ ਪ੍ਰਭਾਵੀ ਅਗਲੇਰਾ ਵਿਆਜ ਜਮ੍ਹਾਂ ਹੋਰ ਲਾਗਤਾਂ, ਮਨਫੀ ਵਸੂਲੀ, ਜੇਕਰ ਕੋਈ ਹੈ। ੲ. 09.03.2021, ਸ. . ਸੰਕੇਤਕ ਕਬਜ਼ਾ | Rs. 4,22,000/-<br>Rs. 42,200/-<br>Rs. 4,300/- | 08.09.2025 11.00 AM to 04.00 PM | ਜਾਣੂ ਨਹੀਂ |
| 5. | ਦੇਸ਼ ਰਾਜ ਪੁੱਤਰ ਨਵਾਬ, ਬੀ/ਓ ਕੋਟ ਈਸੇ ਖਾਂ (023810) | ਦੇਸ਼ ਰਾਜ ਪੁੱਤਰ ਨਵਾਬ, ਪਿੰਡ ਨਸੀਰਪੁਰ ਜਾਨੀਆ, ਕੋਟ ਈਸੇ ਖਾ, ਜ਼ਿਲ੍ਹਾ ਮੋਗਾ-142043, 2. ਜਸਵੀਰ ਸਿੰਘ ਸਪੁੱਤਰ ਸ੍ਰੀ ਬੇਲਾ ਸਿੰਘ (ਜ਼ਾਮਨ) ਵਾਸੀ ਪਿੰਡ ਨਸੀਰਪੁਰ ਜਾਨੀਆ, ਕੋਟ ਈਸੇ ਖਾ, ਜ਼ਿਲ੍ਹਾ ਫਿਰੋਜ਼ਪੁਰ | ਖੇਵਟ ਨੰ. 175 ਖਤੌਨੀ ਨੰ. 211 ਦੇ ਅਨੁਸਾਰ, 5 ਮਰਲੇ ਦੀ ਰਿਹਾਇਸ਼ੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ 8 ਕਨਾਲ ਖਸਰਾ ਨੰ. 27//10(8-0) ਦੀ ਜ਼ਮੀਨ ਦਾ 5/160 ਹਿੱਸਾ, ਜਮ੍ਹਾਂਬੰਦੀ ਸਾਲ 2007-08 ਦੇ ਅਨੁਸਾਰ, ਪਿੰਡ ਨਸੀਰਪੁਰ ਜਾਨੀਆ, ਜ਼ਿਲ੍ਹਾ ਮੋਗਾ ਵਿੱਚ ਸਥਿਤ। ਉੱਤਰ: ਗੁਰਮੇਲ ਸਿੰਘ, ਦੱਖਣ: ਨੱਥਾ ਰਾਮ, ਪੂਰਬ: ਗਲੀ, ਪੱਛਮ: ਗਲੀ। | ੳ. 11.11.2020 ਅ. ਰੁ. 4,35,412/- ਜਮ੍ਹਾਂ 01.11.2020 ਤੋਂ ਪ੍ਰਭਾਵੀ ਅਗਲੇਰਾ ਵਿਆਜ ਜਮ੍ਹਾਂ ਹੋਰ ਲਾਗਤਾਂ, ਮਨਫੀ ਵਸੂਲੀ, ਜੇਕਰ ਕੋਈ ਹੈ। ੲ. 24.09.2021, ਸ. . ਸੰਕੇਤਕ ਕਬਜ਼ਾ | Rs. 4,25,000/-<br>Rs. 42,500/-<br>Rs. 4,250/- | 08.09.2025 11.00 AM to 04.00 PM | ਜਾਣੂ ਨਹੀਂ |

**ਈ-ਨਿਲਾਮੀ ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ**

ਵਿਕਰੀ, ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਵਿਚ ਪ੍ਰਸਤਾਵਿਤ ਨਿਯਮ ਅਤੇ ਸ਼ਰਤਾਂ ਅਤੇ ਨਿਮਨਲਿਖਤ ਹੋਰ ਸ਼ਰਤਾਂ ਨਾਲ ਸਬੰਧਤ ਹੋਵੇਗੀ:

1. ਸੰਪੱਤੀਆਂ 'ਜਿਵੇਂ ਹੈ ਜਿਥੇ ਹੈ ਆਧਾਰ', 'ਜਿਵੇਂ ਹੈ ਜੋ ਹੈ ਆਧਾਰ' ਅਤੇ "ਜੋ ਵੀ ਉਥੇ ਹੈ ਆਧਾਰ" 'ਤੇ ਵੇਚੀਆਂ ਜਾ ਰਹੀਆਂ ਹਨ।
2. ਉਕਤ ਦਰਸਾਈ ਸੂਚੀ ਵਿਚ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਦੇ ਵੇਰਵੇ ਅਧਿਕਾਰਤ ਅਧਿਕਾਰੀ ਦੀ ਸਰਵੋਤਮ ਜਾਣਕਾਰੀ ਲਈ ਦਰਸਾਏ ਗਏ ਹਨ, ਪ੍ਰੰਤੂ ਅਧਿਕਾਰਤ ਅਧਿਕਾਰੀ ਇਸ ਐਲਾਨਨਾਮੇ ਵਿਚ ਕਿਸੇ ਵੀ ਤਰੁੱਟੀ, ਗਲਤ ਬਿਆਨੀ ਜਾਂ ਕਟੌਤੀ ਲਈ ਜੁਆਬਦੇਹ ਨਹੀਂ ਹੋਵੇਗਾ।
3. ਵਿਕਰੀ ਨਿਮਨ ਹਸਤਾਖ਼ਰੀ ਵੱਲੋਂ ਈ ਨਿਲਾਮੀ ਪਲੇਟਫਾਰਮ ਲਈ ਉਪਲਬਧ ਵੈਬਸਾਈਟ **https://baanknet.com** 'ਤੇ 08.09.2025 ਨੂੰ ਸਵੇਰੇ 11.00 ਵਜੇ ਤੋਂ ਸ਼ਾਮ 04.00 ਵਜੇ ਦੇ ਵਿਚਕਾਰ ਕੀਤੀ ਜਾਵੇਗੀ।
4. ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਦੇ ਲਈ ਕਿਰਪਾ ਕਰਕੇ **https://baanknet.com** ਅਤੇ **www.pnbindia.in** ਦਾ ਹਵਾਲਾ ਲਓ।

ਮਿਤੀ : 21.08.2025 ਸਥਾਨ : ਮੋਗਾ ਅਧਿਕਾਰਤ ਅਧਿਕਾਰੀ

---

## SBI ਸਟੇਟ ਬੈਂਕ ਆਫ ਇੰਡੀਆ

ਈ-ਨਿਲਾਮੀ ਵਿਕਰੀ ਸੂਚਨਾ 26.09.2025 11.00 ਵਜੇ ਤੋਂ 16.00 ਵਜੇ

ਈ-ਨਿਲਾਮੀ ਵਿਕਰੀ ਸੂਚਨਾ 26.09.2025 11.00 ਵਜੇ ਤੋਂ 16.00 ਵਜੇ

**ਸਟਰੈਸਡ ਅਸਾਸੇ ਵਸੂਲੀ ਸ਼ਾਖਾ, ਤੀਜੀ ਮੰਜ਼ਿਲ, ਜ਼ੋਨਲ ਬਿਜਨਸ ਦਫਤਰ ਬਿਲਡਿੰਗ, ਫਾਊਨਟੇਨ ਚੌਕ, ਸਿਵਲ ਲਾਈਨਜ਼, ਲੁਧਿਆਣਾ 141001**

**26.09.2025 ਨੂੰ ਚੱਲ/ਅਚੱਲ ਸੰਪੱਤੀਆਂ ਦੀ ਵਿਕਰੀ ਲਈ ਈ-ਨਿਲਾਮੀ ਲਈ ਜਨਤਕ ਨੋਟਿਸ 11.00 ਵਜੇ ਤੋਂ 16.00 ਵਜੇ ਤੱਕ, ਈ-ਨਿਲਾਮੀ ਬੰਦ ਹੋਣ 'ਤੇ ਜਾਂ ਇਸ ਤੋਂ ਪਹਿਲਾਂ ਈਐਮਡੀ ਅਤੇ ਦਸਤਾਵੇਜ਼ ਜਮ੍ਹਾਂ ਕਰਨ ਦੀ ਆਖਰੀ ਮਿਤੀ ਅਤੇ ਸਮਾਂ, ਮੈਸ. ਪੀਐਸਬੀ ਅਲਾਇੰਸ ਪ੍ਰਾਈਵੇਟ ਲਿਮਟਿਡ ਕੋਲ ਆਪਣੀ ਈ-ਨਿਲਾਮੀ ਸਾਈਟ 'ਤੇ ਰਜਿਸਟਰਡ ਆਪਣੇ ਖੁਦ ਦੇ ਵਾਲਿਟ ਰਾਹੀਂ ਬੋਲੀਕਾਰ : https://baanknet.com ਆਰਟੀਜੀਐਸ/ਐਨਈਐਫਟੀ ਦੇ ਜ਼ਰੀਏ**

**ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ** ਕਾਨੂੰਨ, 2002 ਦੇ ਤਹਿਤ ਅਚੱਲ/ਚੱਲ ਜਾਇਦਾਦਾਂ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ, ਜਿਸ ਨੂੰ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 8 (6) ਅਤੇ 9 (1) ਦੇ ਉਪਬੰਧ ਦੇ ਨਾਲ ਪੜ੍ਹਿਆ ਜਾਂਦਾ ਹੈ। ਇਸ ਦੁਆਰਾ ਆਮ ਤੌਰ 'ਤੇ ਜਨਤਾ ਨੂੰ ਅਤੇ ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਜ਼ਾਮਨਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦੱਸੇ ਗਏ ਅਚੱਲ ਜਾਇਦਾਦਾਂ ਜੋ **ਸਟੇਟ ਬੈਂਕ ਆਫ਼ ਇੰਡੀਆ (ਸੁਰੱਖਿਅਤ ਕਰਜ਼ਦਾਤਾ)** ਨੂੰ ਗਿਰਵੀ ਰੱਖੀਆਂ ਗਈਆਂ ਹਨ, ਇਹਨਾਂ ਜਾਇਦਾਦਾਂ ਦਾ ਉਸਾਰੂ/ਭੌਤਿਕ ਕਬਜ਼ਾ ਸਟੇਟ ਬੈਂਕ ਆਫ਼ ਇੰਡੀਆ (ਸੁਰੱਖਿਅਤ ਕਰਜ਼ਦਾਤਾ) ਦੇ ਅਧਿਕਾਰਤ ਅਧਿਕਾਰੀਆਂ ਦੁਆਰਾ ਲਿਆ ਗਿਆ ਹੈ, 08.09.2025 ਨੂੰ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ", ਅਤੇ "ਜੋ ਕੁਝ ਵੀ ਉਥੇ ਹੈ" ਦੇ ਆਧਾਰ 'ਤੇ ਵੇਚਿਆ ਜਾਵੇਗਾ, ਹੇਠਾਂ ਦੱਸੇ ਗਏ ਕਰਜ਼ਦਾਰਾਂ/ਜ਼ਾਮਨਾਂ ਤੋਂ ਸਟੇਟ ਬੈਂਕ ਆਫ਼ ਇੰਡੀਆ (ਸੁਰੱਖਿਅਤ ਕਰਜ਼ਦਾਤਾ) ਦੇ ਬਕਾਇਆ ਬੈਂਕ ਬਕਾਏ + ਵਿਆਜ (ਜਿਵੇਂ ਕਿ ਜਾਇਦਾਦਾਂ ਦੇ ਵਿਰੁੱਧ ਹੇਠਾਂ ਦੱਸਿਆ ਗਿਆ ਹੈ) ਦੀ ਵਸੂਲੀ ਲਈ। ਰਿਜ਼ਰਵ ਕੀਮਤ ਅਤੇ ਜਮ੍ਹਾਂ ਬਿਆਨਾ ਰਕਮ ਜਾਇਦਾਦਾਂ ਦੇ ਵਿਰੁੱਧ ਹੇਠਾਂ ਦੱਸੇ ਅਨੁਸਾਰ ਹੋਵੇਗਾ। ਸਾਰੇ ਕਾਨੂੰਨੀ/ਗੈਰ-ਕਾਨੂੰਨੀ ਬਕਾਏ, ਟੈਕਸ, ਦਰਾਂ, ਮੁਲਾਂਕਣ, ਖਰਚੇ, ਫੀਸ ਆਦਿ ਦਾ ਭੁਗਤਾਨ ਕਿਸੇ ਵੀ ਵਿਅਕਤੀ ਦੇ ਕਾਰਨ ਸਿਰਫ਼ ਸਫਲ ਬੋਲੀਕਾਰ ਦੀ ਜ਼ਿੰਮੇਵਾਰੀ ਹੋਵੇਗੀ। ਸਫਲ ਬੋਲੀਕਾਰ ਦੁਆਰਾ ਵਿਕਰੀ ਕੀਮਤ ਦੀ ਕਿਸੇ ਵੀ ਰਕਮ ਦਾ ਭੁਗਤਾਨ ਕਰਨ ਵਿੱਚ ਅਸਫਲ ਰਹਿਣ 'ਤੇ ਉਸ ਵੱਲੋਂ ਜਮ੍ਹਾਂ ਕਰਵਾਈ ਗਈ ਰਕਮ ਜ਼ਬਤ ਕਰ ਲਈ ਜਾਵੇਗੀ। **ਵਿਕਰੀ ਦੇ ਵੇਰਵੇ ਨਿਯਮ ਅਤੇ ਸ਼ਰਤਾਂ ਹੇਠਾਂ ਦਿੱਤੀਆਂ ਗਈਆਂ ਹਨ/ਵੈਬਸਾਈਟ ਵੇਖੋ: (a) https:sbi.co.in/ (b) https://baanknet.com**

**ਚੱਲ/ਅਚੱਲ ਸੰਪੱਤੀਆਂ ਦੇ ਵੇਰਵੇ**

| ਲ. ਨੰ. | ਕਰਜ਼ਦਾਰ (ਾਂ)/ ਜ਼ਾਮਨ (ਾਂ) ਦੇ ਨਾਮ | ਬਕਾਇਆ ਰਕਮ | ਸੰਪੱਤੀ/ਆਂ ਦੇ ਵੇਰਵੇ | ਰਾਖਵੀਂ ਕੀਮਤ / ਜਮ੍ਹਾਂ ਬਿਆਨਾ ਰਕਮ (ਈਐਮਡੀ) / ਬੋਲੀ ਵਾਧਾ ਰਕਮ | ਸੰਪੱਤੀ ਦੀ ਜਾਂਚ ਦੀ ਮਿਤੀ ਅਤੇ ਸਮਾਂ | ਅਧਿਕਾਰਤ ਅਧਿਕਾਰੀ ਅਤੇ ਸੰਪਰਕ ਨੰ. |
|---|---|---|---|---|---|---|
| 1. | ਮੈਸਰਜ਼ ਦਸਮੇਸ਼ ਇੰਟਰਪ੍ਰਾਇਜ਼, ਟਿਵਾਣਾ ਰੋਡ, ਜਲਾਲਾਬਾਦ (ਪੱਛਮੀ) ਜ਼ਿਲ੍ਹਾ ਫਾਜ਼ਿਲਕਾ ਪਿੰਨ 152024. ਭਾਈਵਾਲ/ਜ਼ਾਮਨ: ਸ੍ਰੀ ਜਸਵਿੰਦਰ ਪਾਲ ਸਿੰਘ ਪੁੱਤਰ ਸ੍ਰੀ ਗੁਰਮੀਤ ਸਿੰਘ ਵਾਸੀ ਬੇਦੀ ਗਲੀ ਵਾਰਡ ਨੰ 5, ਦਸ਼ਮੇਸ਼ ਨਗਰ ਜਲਾਲਾਬਾਦ ਪੱਛਮ 152024 ਸ੍ਰੀ ਗੁਰਵਿੰਦਰ ਸਿੰਘ ਭਾਟੀਆ ਸਪੁੱਤਰ ਸ੍ਰੀ ਹਰਦਰਸ਼ਨ ਸਿੰਘ ਵਾਸੀ ਟਿਵਾਣਾ ਰੋਡ, ਨੇੜੇ ਸੀਡ ਐੱਫ.ਐੱਫ. ਰੋਡ, ਜਲਾਲਾਬਾਦ ਪੱਛਮ, 152024, ਜ਼ਾਮਨ : ਸ੍ਰੀ ਹਰਪ੍ਰੀਤ ਸਿੰਘ ਸਪੁੱਤਰ ਸ਼ ਗੁਰਮੀਤ ਸਿੰਘ ਵਾਸੀ ਸੀ-242, ਵਾਰਡ ਨੰ 5, ਦਸਮੇਸ਼ ਨਗਰ, ਜਲਾਲਾਬਾਦ ਜ਼ਿਲ੍ਹਾ ਫਾਜ਼ਿਲਕਾ ਪਿੰਨ 152024. ਸ਼੍ਰੀਮਤੀ ਜਸਨੀਤ ਕੌਰ ਸੁਪਤਨੀ ਸ੍ਰੀ ਜਸਵਿੰਦਰ ਪਾਲ ਸਿੰਘ ਭਾਟੀਆ ਵਾਸੀ ਬੇਦੀ ਸਟਰੀਟ ਵਾਰਡ ਨੰ 5, ਦਸ਼ਮੇਸ਼ ਨਾਗਰ, ਜਲਾਲਾਬਾਦ ਪੱਛਮ 152024, ਸ਼੍ਰੀਮਤੀ ਹਰਪ੍ਰੀਤ ਕੌਰ ਸੁਪਤਨੀ ਸ੍ਰੀ ਹਰਪ੍ਰੀਤ ਸਿੰਘ ਵਾਸੀ ਸੀ-242 ਵਾਰਡ ਨੰ 5, ਦਸ਼ਮੇਸ਼ ਨਗਰ, ਜਲਾਲਾਬਾਦ ਜ਼ਿਲਾ ਫਾਜ਼ਿਲਕਾ ਪਿੰਨ 152024, ਸ਼੍ਰੀਮਤੀ ਮਨਿੰਦਰ ਕੌਰ ਸੁਪਤਨੀ ਸ੍ਰੀ ਗੁਰਵਿੰਦਰ ਸਿੰਘ ਭਾਟੀਆ ਵਾਸੀ ਟਿਵਾਣਾ ਰੋਡ, ਨੇੜੇ ਸੀਡ ਐਫ.ਐਫ ਰੋਡ, ਜਲਾਲਾਬਾਦ ਪੱਛਮ 152024 | ਰੁ. 65,39,472/- (ਰੁਪਏ ਪੈਂਠ ਲੱਖ ਉਣਤਾਲੀ ਹਜ਼ਾਰ ਚਾਰ ਸੌ ਬਹੱਤਰ ਕੇਵਲ) 04.12.2018 ਨੂੰ ਜਮ੍ਹਾਂ ਇਸ 'ਤੇ ਵਿਆਜ ਅਤੇ ਖਰਚੇ। | ਸੰਪੱਤੀ ਆਈਡੀ-SBIN0527148852: ਜਮ ?ਹਾਂਬੰਦੀ ਸਾਲ 2008-09 ਦੇ ਅਨੁਸਾਰ, ਬੇਦੀਆਂ ਵਾਲੀ ਗਲੀ, ਵਾਟਰ ਵਰਕਸ ਸਟਰੀਟ ਨੰਬਰ 4 ਦੇ ਨੇੜੇ, ਦਸਮੇਸ਼ ਨਗਰ, ਜਲਾਲਾਬਾਦ (ਪੱਛਮ), ਜ਼ਿਲ੍ਹਾ ਫਾਜ਼ਿਲਕਾ ਵਿਖੇ ਸਥਿਤ 05 ਮਰਲੇ ਦੇ ਰਿਹਾਇਸ਼ੀ ਘਰ ਦੀ ਬਰਾਬਰ ਗਿਰਵੀਨਾਮਾ ਅਤੇ ਸੀਮਾ ਹੇਠ ਲਿਖੇ ਅਨੁਸਾਰ ਹੈ:-ਪੂਰਬ: ਸਟਰੀਟ 30'-00", ਪੱਛਮ: ਸ੍ਰੀ ਬਲਬੀਰ ਸਿੰਘ 30'-00', ਉੱਤਰ: ਸਟਰੀਟ 45'-00', ਦੱਖਣ: ਸ੍ਰੀ ਪਰਵੀਨ 45'-00', ਸੇਲ ਡੀਡ ਵਸੀਕਾ ਨੰਬਰ 729 ਮਿਤੀ 24.05.2011 ਦੇ ਅਨੁਸਾਰ, ਸ੍ਰੀ ਹਰਪ੍ਰੀਤ ਸਿੰਘ ਅਤੇ ਸ੍ਰੀ ਜਸਵਿੰਦਰ ਪਾਲ ਸਿੰਘ ਪੁੱਤਰ ਸ੍ਰੀ ਗੁਰਮੀਤ ਸਿੰਘ ਦੇ ਨਾਮ 'ਤੇ ਸਥਿਤ ਹੈ।<br>ਭੌਤਿਕ ਕਬਜ਼ੇ ਦੀ ਮਿਤੀ - 09.07.2025 | Rs. 34,60,000/-<br>Rs. 3,46,000/-<br>Rs. 50,000/- | 15.09.2025 14:00 Hrs to 16:00 Hrs | ਜੈਬੀਰ ਸਿੰਘ (ਸੀਐਲਓ) ਮੋਬ.ਨੰ. 99881-92220 ਸੰਨੀ ਕਰੀਰ (ਸੀਸੀਓ) ਮੋਬ.ਨੰ.: 98883-47623 |

**ਇਹ ਪ੍ਰਕਾਸ਼ਨ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ 2002 ਦੇ ਨਿਯਮ 9(1) ਅਤੇ 8(6) ਦੇ ਤਹਿਤ ਉਪਰੋਕਤ ਕਰਜ਼ਦਾਰ(ਾਂ) ਅਤੇ ਜ਼ਾਮਨ(ਾਂ) ਨੂੰ 15 ਦਿਨਾਂ ਦਾ ਨੋਟਿਸ ਵੀ ਹੈ।**

**ਸਰਫਾਇਸੀ ਐਕਟ 2, 2002 ਦੇ ਉਪਬੰਧਾਂ ਦੇ ਅਨੁਸਾਰ, ਹੁਣ ਬੈਂਕ ਦੇ ਕਬਜ਼ੇ ਵਿੱਚ ਅਚੱਲ ਸੰਪਤੀਆਂ ਨੂੰ ਜਨਤਕ ਈ-ਨਿਲਾਮੀ ਰਾਹੀਂ ਵੇਚਣ ਦਾ ਪ੍ਰਸਤਾਵ ਹੈ ਜੋ ਸਵੇਰੇ 11.00 ਵਜੇ https://baanknet.com ਰਾਹੀਂ ਹੋਵੇਗੀ। ਵਿਕਰੀ ਦੀਆਂ ਵਿਸਤ੍ਰਿਤ ਸ਼ਰਤਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਵੈੱਬਸਾਈਟਾਂ ਵੇਖੋ: https://baanknet.com**

ਮਿਤੀ: 21.08.2025 ਸਥਾਨ: ਲੁਧਿਆਣਾ ਅਧਿਕਾਰਤ ਅਧਿਕਾਰੀ, ਸਟੇਟ ਬੈਂਕ ਆਫ ਇੰਡੀਆ

ਰੋਜ਼ਾਨਾ ਚੜ੍ਹਦੀਕਲਾ

# ਸਿਹਤ ਖ਼ਬਰਨਾਮਾ

## ਅੱਖਾਂ ਲਈ ਕੈਫ਼ੀਨ ਅਤੇ ਅਲਕੋਹਲ ਹੈ ਜ਼ਹਿਰ



ਅੱਖਾਂ ਦੀ ਸਿਹਤ ਨੂੰ ਤੰਦਰੁਸਤ ਰੱਖਣ ਲਈ ਸਹੀ ਖੁਰਾਕ ਬਹੁਤ ਜ਼ਰੂਰੀ ਹੈ ਪਰ ਕੁਝ ਖਾਣ-ਪੀਣ ਦੀਆਂ ਚੀਜ਼ਾਂ ਅਜਿਹੀਆਂ ਹਨ ਜੋ ਜ਼ਿਆਦਾ ਖਾਣ ਨਾਲ ਅੱਖਾਂ ਦੀ ਰੌਸ਼ਨੀ ਘਟਾ ਸਕਦੀਆਂ ਹਨ ਅਤੇ ਵੱਖ-ਵੱਖ ਰੋਗਾਂ ਦਾ ਕਾਰਣ ਬਣ ਸਕਦੀਆਂ ਹਨ। ਕਿਹੜੇ ਫੂਡਸ ਅੱਖਾਂ ਲਈ ਨੁਕਸਾਨਦਾਇਕ ਹਨ ਅਤੇ ਉਨ੍ਹਾਂ ਦੇ ਸਾਈਡ ਇਫੈਕਟਸ।

**ਕੈਫੀਨ ਅਤੇ ਅਲਕੋਹਲ**

ਕੌਫੀ, ਸ਼ਰਾਬ ਅਤੇ ਐਨਰਜੀ ਡ੍ਰਿੰਕਸ ਸਰੀਰ ਨੂੰ ਡੀਹਾਈਡਰੇਟ ਕਰਦੇ ਹਨ। ਇਸ ਨਾਲ ਡ੍ਰਾਈ ਆਈ ਸਿੰਡਰੋਮ, ਅੱਖਾਂ ਦੀ ਥਕਾਵਟ ਅਤੇ ਡਾਰਕ ਸਰਕਲ ਹੋ ਸਕਦੇ ਹਨ।

**ਅੱਖਾਂ ਦੀ ਸਿਹਤ ਲਈ ਕੀ ਖਾਣਾ ਚਾਹੀਦਾ ਹੈ ?**

ਹਰੀਆਂ ਸਬਜ਼ੀਆਂ (ਪਾਲਕ, ਮੇਥੀ, ਸਰ੍ਹੋਂ)
ਗਾਜਰ ਅਤੇ ਚੁਕੰਦਰ
ਅਖਰੋਟ ਅਤੇ ਬਦਾਮ
ਮੱਛੀ (ਓਮੇਗਾ-3 ਫੈਟੀ ਐਸਿਡ ਲਈ)
ਆਂਵਲਾ ਅਤੇ ਸੰਤਰਾ ਵਰਗੇ ਵਿਟਾਮਿਨ-3 ਭਰਪੂਰ ਫਲ

**ਜ਼ਿਆਦਾ ਮਿੱਠੀਆਂ ਚੀਜ਼ਾਂ**

ਕੋਲਡ ਡ੍ਰਿੰਕ, ਕੇਕ, ਮਠਿਆਈਆਂ ਆਦਿ ਦਾ ਵੱਧ ਸੇਵਨ ਬਲੱਡ ਸ਼ੂਗਰ ਵਧਾਉਂਦਾ ਹੈ। ਇਸ ਨਾਲ ਰੇਟਿਨਾ ਨੂੰ ਨੁਕਸਾਨ, ਧੁੰਦਲਾ ਦਿੱਖਣਾ, ਡਾਇਬਿਟਿਕ ਰੈਟੀਨੋਪੈਥੀ ਅਤੇ ਸਮੇਂ ਤੋਂ ਪਹਿਲਾਂ ਮੋਤੀਆਬਿੰਦ ਦੀ ਸਮੱਸਿਆ ਹੋ ਸਕਦੀ ਹੈ।

ਸਮੋਸੇ, ਪਕੌੜੇ, ਚਿਪਸ ਅਤੇ ਫਾਸਟ ਫੂਡ 'ਚ ਮੌਜੂਦ ਟ੍ਰਾਂਸ ਫੈਟ ਅੱਖਾਂ ਦੀਆਂ ਨਸਾਂ ਨੂੰ ਬੰਦ ਕਰ ਸਕਦੇ ਹਨ। ਇਸ ਨਾਲ ਡ੍ਰਾਈ ਆਈ ਦੀ ਸਮੱਸਿਆ ਅਤੇ ਗਲੂਕੋਮਾ (ਅੱਖਾਂ ਦਾ ਪ੍ਰੈਸ਼ਰ ਵਧਣਾ) ਦਾ ਖਤਰਾ ਹੁੰਦਾ ਹੈ।

**ਪ੍ਰੋਸੈਸਡ ਫੂਡਸ** : ਨੂਡਲਸ, ਪੀਜ਼ਾ, ਬਰਗਰ, ਪੈਕਟ ਸਨੈਕਸ 'ਚ ਪ੍ਰਿਜ਼ਰਵੇਟਿਵਜ਼ ਅਤੇ ਕੈਮੀਕਲ ਹੁੰਦੇ ਹਨ ਜੋ ਅੱਖਾਂ ਦੀਆਂ ਕੋਸ਼ਿਕਾਵਾਂ ਨੂੰ ਨੁਕਸਾਨ ਪਹੁੰਚਾਉਂਦੇ ਹਨ। ਇਸ ਨਾਲ ਅੱਖਾਂ 'ਚ ਜਲਣ, ਲਾਲੀ ਅਤੇ ਨਜ਼ਰ ਕਮਜ਼ੋਰ ਹੋ ਸਕਦੀ ਹੈ।

## ਏਸ਼ੀਆ ਕੱਪ ਹਾਕੀ ਲਈ ਭਾਰਤੀ ਟੀਮ ਦੀ ਕਪਤਾਨੀ ਹਰਮਨਪ੍ਰੀਤ ਕੋਲ

ਨਵੀਂ ਦਿੱਲੀ, 21 ਅਗਸਤ (ਚ.ਨ.ਸ.) : ਬਿਹਾਰ ਦੇ ਰਾਜਗੀਰ 'ਚ ਹੋਣ ਵਾਲੇ ਏਸ਼ੀਆ ਕੱਪ ਹਾਕੀ ਲਈ ਅੱਜ 18 ਮੈਂਬਰੀ ਭਾਰਤੀ ਟੀਮ ਦਾ ਐਲਾਨ ਕਰ ਦਿੱਤਾ ਗਿਆ ਹੈ। ਡਰੈਗ ਫਲਿੱਕਰ ਹਰਮਨਪ੍ਰੀਤ ਸਿੰਘ ਨੂੰ ਟੀਮ ਦਾ ਕਪਤਾਨ ਬਣਾਇਆ ਗਿਆ ਹੈ। ਇਸ ਵਿੱਚ ਫਾਰਵਰਡ ਖਿਡਾਰੀ ਸ਼ਿਲਾਨੰਦ ਲਾਕੜਾ ਅਤੇ ਦਿਲਪ੍ਰੀਤ ਸਿੰਘ ਨੇ ਆਪਣੀ ਜਗ੍ਹਾ ਬਰਕਰਾਰ ਰੱਖੀ ਹੈ।



ਇਹ ਟੂਰਨਾਮੈਂਟ 29 ਅਗਸਤ ਤੋਂ 7 ਸਤੰਬਰ ਤੱਕ ਚੱਲੇਗਾ ਅਤੇ ਇਸ ਦਾ ਜੇਤੂ ਅਗਲੇ ਸਾਲ ਹੋਣ ਵਾਲੇ ਐੱਫਆਈਐੱਚ ਪੁਰਸ਼ ਵਿਸ਼ਵ ਕੱਪ ਲਈ ਸਿੱਧਾ ਕੁਆਲੀਫਾਈ ਕਰੇਗਾ।ਰਾਜਿੰਦਰ ਸਿੰਘ, ਸ਼ਿਲਾਨੰਦ ਲਾਕੜਾ ਅਤੇ ਦਿਲਪ੍ਰੀਤ ਸਿੰਘ ਆਸਟਰੇਲੀਆ ਦੌਰੇ 'ਤੇ ਭਾਰਤੀ ਟੀਮ ਦਾ ਹਿੱਸਾ ਸਨ। ਰਾਜਿੰਦਰ ਨੂੰ ਸ਼ਮਸ਼ੇਰ ਸਿੰਘ ਦੀ ਜਗ੍ਹਾ ਚੁਣਿਆ ਗਿਆ, ਜਦਕਿ ਲਾਕੜਾ ਅਤੇ ਦਿਲਪ੍ਰੀਤ ਨੂੰ ਹਾਲ ਹੀ ਵਿੱਚ ਕੌਮਾਂਤਰੀ ਹਾਕੀ ਨੂੰ ਅਲਵਿਦਾ ਕਹਿਣ ਵਾਲੇ ਲਲਿਤ ਉਪਾਧਿਆਏ ਦੀ ਜਗ੍ਹਾ ਲਈ ਹੈ। ਦਿਲਪ੍ਰੀਤ ਨੂੰ ਗੁਰਜੰਟ ਸਿੰਘ ਨਾਲੋਂ ਤਰਜੀਹ ਦਿੱਤੀ ਗਈ ਹੈ। ਗੋਲਕੀਪਿੰਗ ਦੀ ਜ਼ਿੰਮੇਵਾਰੀ ਕ੍ਰਿਸ਼ਨ ਬੀ ਪਾਠਕ ਅਤੇ ਸੂਰਜ ਕਰਕੇਰਾ 'ਤੇ ਹੋਵੇਗੀ। ਡਿਫੈਂਸ ਵਿੱਚ ਹਰਮਨਪ੍ਰੀਤ ਅਤੇ ਅਮਿਤ ਰੋਹਿਦਾਸ ਦੇ ਨਾਲ ਜਰਮਨਪ੍ਰੀਤ ਸਿੰਘ, ਸੁਮਿਤ, ਸੰਜੇ ਅਤੇ ਜੁਗਰਾਜ ਸਿੰਘ ਹਨ। ਮਿਡਫੀਲਡ ਵਿੱਚ ਮਨਪ੍ਰੀਤ ਸਿੰਘ, ਵਿਵੇਕ ਸਾਗਰ ਪ੍ਰਸਾਦ, ਰਾਜਿੰਦਰ, ਰਾਜ ਕੁਮਾਰ ਪਾਲ ਅਤੇ ਹਾਰਦਿਕ ਸਿੰਘ ਹੋਣਗੇ। ਫਾਰਵਰਡ ਲਾਈਨ ਵਿੱਚ ਮਨਦੀਪ ਸਿੰਘ, ਅਭਿਸ਼ੇਕ, ਸੁਖਜੀਤ ਸਿੰਘ, ਲਾਕੜਾ ਅਤੇ ਦਿਲਪ੍ਰੀਤ ਜ਼ਿੰਮੇਵਾਰੀ ਸੰਭਾਲਣਗੇ। ਨੀਲਮ ਸੰਜੀਪ ਸੇਸ ਅਤੇ ਸੇਲਵਮ ਕਾਰਤੀ ਨੂੰ ਰਿਜ਼ਰਵ ਵਿੱਚ ਰੱਖਿਆ ਗਿਆ ਹੈ। ਭਾਰਤੀ ਟੀਮ ਆਪਣਾ ਪਹਿਲਾ ਮੈਚ 29 ਅਗਸਤ ਨੂੰ ਚੀਨ ਖ਼ਿਲਾਫ਼ ਖੇਡੇਗੀ।

## ਅਮਰੀਕਾ 'ਚ 5 ਘੰਟੇ ਰੁਕਣਾ ਪੁਤਿਨ ਨੂੰ ਪਿਆ ਮਹਿੰਗਾ !

# ਟਰੰਪ ਨੇ ਨਗਦ ਵਸੂਲੇ 2.2 ਕਰੋੜ ਰੁਪਏ

ਅਲਾਸਕਾ, 21 ਅਗਸਤ (ਚ.ਨ.ਸ.) : ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੂੰ ਅਮਰੀਕਾ 'ਤੋਂ ਵਾਪਸ ਆਉਣ ਦੇ ਸਮੇਂ ਤਿੰਨ ਜਹਾਜ਼ਾਂ ਵਿੱਚ ਈਂਧਨ ਭਰਨ ਲਈ ਲਗਪਗ 250,000 ਡਾਲਰ (ਲਗਪਗ 2.2 ਕਰੋੜ



ਰੁਪਏ) ਨਗਦ ਅਦਾ ਕਰਨੇ ਪਏ।ਤੁਹਾਨੂੰ ਦੱਸ ਦੇਈਏ ਕਿ ਜਦੋਂ ਪੁਤਿਨ 15 ਅਗਸਤ ਨੂੰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਇੱਕ ਮਹੱਤਵਪੂਰਨ ਮੁਲਾਕਾਤ ਲਈ ਅਲਾਸਕਾ ਪਹੁੰਚੇ ਸਨ, ਤਾਂ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ ਸੀ। ਰੂਬੀਓ ਨੇ ਕਿਹਾ ਕਿ ਉਨ੍ਹਾਂ ਦੇ ਵਫ਼ਦ ਨੂੰ ਜਹਾਜ਼ ਨੂੰ ਈਂਧਨ ਭਰਨ ਲਈ ਨਕਦ ਭੁਗਤਾਨ ਕਰਨਾ ਪਿਆ, ਜੋ ਕਿ ਅਮਰੀਕੀ ਪਾਬੰਦੀਆਂ ਦਾ ਸਿੱਧਾ ਨਤੀਜਾ ਸੀ।ਰੂਬੀਓ ਨੇ ਨੂੰ ਦੱਸਿਆ, ਜਦੋਂ ਰੂਸੀ ਅਲਾਸਕਾ ਵਿੱਚ ਉਤਰੇ, ਤਾਂ ਉਹ ਉੱਥੇ ਈਂਧਨ ਭਰਨ ਲਈ ਆਏ। ਉਨ੍ਹਾਂ ਨੂੰ ਆਪਣੇ ਜਹਾਜ਼ਾਂ ਨੂੰ ਈਂਧਨ ਭਰਨ ਲਈ ਨਕਦ ਭੁਗਤਾਨ ਕਰਨਾ ਪਿਆ, ਕਿਉਂਕਿ ਉਹ ਸਾਡੇ ਬੈਂਕਿੰਗ ਸਿਸਟਮ ਦੀ ਵਰਤੋਂ ਨਹੀਂ ਕਰ ਸਕਦੇ ਸਨ। ਰੂਬੀਓ ਨੇ ਕਿਹਾ, ਉਸਨੇ ਅਹੁਦਾ ਸੰਭਾਲਣ ਵਾਲੇ ਦਿਨ ਲਗਾਈਆਂ ਗਈਆਂ ਸਾਰੀਆਂ ਪਾਬੰਦੀਆਂ ਅਜੇ ਵੀ ਲਾਗੂ ਹਨ ਪੁਤਿਨ ਦੀ ਟੀਮ ਅਲਾਸਕਾ ਵਿੱਚ ਲਗਪਗ ਪੰਜ ਘੰਟੇ ਰਹੀ ਅਤੇ ਇੱਕ ਸਾਂਝੀ ਪ੍ਰੈਸ ਕਾਨਫਰੰਸ ਤੋਂ ਤੁਰੰਤ ਬਾਅਦ ਉੱਥੋਂ ਚਲੀ ਗਈ। ਹਾਲਾਂਕਿ, ਟਰੰਪ ਅਤੇ ਪੁਤਿਨ ਵਿਚਕਾਰ ਹੋਈ ਮੁਲਾਕਾਤ ਤੋਂ ਬਾਅਦ ਰੂਸ-ਯੂਕਰੇਨ ਯੁੱਧ ਦੇ ਕੋਈ ਸਮਝੌਤਾ ਨਹੀਂ ਹੋਇਆ। ਟਰੰਪ ਅਤੇ ਪੁਤਿਨ ਵਿਚਕਾਰ ਇਹ ਮੁਲਾਕਾਤ ਲਗਪਗ 3 ਘੰਟੇ ਚੱਲੀ।ਸੋਮਵਾਰ ਨੂੰ ਪੁਤਿਨ ਨਾਲ ਮੁਲਾਕਾਤ ਤੋਂ ਬਾਅਦ, ਟਰੰਪ ਨੇ ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਅਤੇ ਕਈ ਯੂਰਪੀਅਨ ਨੇਤਾਵਾਂ ਨਾਲ ਜੰਗਬੰਦੀ ਬਾਰੇ ਗੱਲਬਾਤ ਕੀਤੀ। ਟਰੰਪ ਨੇ ਉਮੀਦ ਜਤਾਈ ਹੈ ਕਿ ਜਲਦੀ ਹੀ ਪੁਤਿਨ, ਜ਼ੇਲੇਂਸਕੀ ਅਤੇ ਉਨ੍ਹਾਂ ਦੀ ਇੱਕ ਤਿਕੋਣੀ ਮੀਟਿੰਗ ਹੋਵੇਗੀ ਅਤੇ ਯੁੱਧ ਤੇ ਕੁਝ ਨਤੀਜਾ ਜ਼ਰੂਰ ਨਿਕਲੇਗਾ।



'ਪਦਮ ਸ੍ਰੀ' ਡਾ. ਜਗਜੀਤ ਸਿੰਘ ਦਰਦੀ ਨਾਲ ਹਰਿਆਣਾ ਦੇ ਮੁੱਦਿਆਂ 'ਤੇ ਵਿਚਾਰ ਵਟਾਂਦਰਾ ਕਰਦੇ ਹੋਏ ਸਾਬਕਾ ਮੁੱਖ ਮੰਤਰੀ ਸ੍ਰੀ ਮਨੋਹਰ ਲਾਲ ਖੱਟੜ।

## ਟਰੰਪ ਰੂਸ-ਯੂਕ੍ਰੇਨ ਜੰਗ ਨੂੰ ਖ਼ਤਮ ਹੁੰਦਾ ਦੇਖਣਾ ਚਾਹੁੰਦੇ ਨੇ: ਲੈਵਿਟ

ਨਿਊਯਾਰਕ, 21 ਅਗਸਤ (ਚ.ਨ.ਸ.) : ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਰੂਸ ਅਤੇ ਯੂਕਰੇਨ ਦਰਮਿਆਨ ਚੱਲ ਰਹੀ ਜੰਗ ਨੂੰ ਖ਼ਤਮ ਕਰਨ ਲਈ ਭਾਰਤ 'ਤੇ ਪਾਬੰਦੀਆਂ ਲਗਾਈਆਂ ਹਨ। ਇਹ ਜਾਣਕਾਰੀ ਵ੍ਹਾਈਟ ਹਾਊਸ ਦੀ ਪ੍ਰੈੱਸ ਸਕੱਤਰ ਕੈਰੋਲਿਨ ਲੈਵਿਟ ਨੇ ਦਿੱਤੀ।ਲੈਵਿਟ ਨੇ ਦੱਸਿਆ ਕਿ ਟਰੰਪ ਨੇ ਭਾਰਤ 'ਤੇ ਕੁੱਲ 50 ਫੀਸਦ ਟੈਕਸ ਲਗਾਏ ਹਨ, ਜਿਸ ਵਿੱਚ ਰੂਸੀ ਤੇਲ ਦੀ ਖਰੀਦ ਕਾਰਨ ਲਗਾਇਆ 25 ਫੀਸਦੀ ਜੁਰਮਾਨਾ ਵੀ ਸ਼ਾਮਲ ਹੈ। ਇਹ ਟੈਰਿਫ 27 ਅਗਸਤ ਤੋਂ ਲਾਗੂ ਹੋਣਗੇ। ਮੰਗਲਵਾਰ ਨੂੰ ਪ੍ਰੈੱਸ ਬ੍ਰੀਫਿੰਗ ਦੌਰਾਨ ਲੈਵਿਟ ਨੇ ਕਿਹਾ ਕਿ ਟਰੰਪ ਨੇ ਲਗਪਗ ਚਾਰ ਸਾਲ ਤੋਂ ਚੱਲ ਰਹੀ ਇਸ ਜੰਗ ਨੂੰ ਖਤਮ ਕਰਨ ਲਈ ਬਹੁਤ ਦਬਾਅ ਪਾਇਆ ਹੈ। ਉਨ੍ਹਾਂ ਕਿਹਾ, "ਜਿਵੇਂ ਕਿ ਤੁਸੀਂ ਦੇਖਿਆ ਹੈ, ਉਨ੍ਹਾਂ ਨੇ ਭਾਰਤ 'ਤੇ ਪਾਬੰਦੀਆਂ ਲਗਾਈਆਂ ਅਤੇ ਹੋਰ ਕਾਰਵਾਈਆਂ ਵੀ ਕੀਤੀਆਂ ਹਨ। ਉਨ੍ਹਾਂ ਇਹ ਬਹੁਤ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਇਸ ਜੰਗ ਨੂੰ ਖ਼ਤਮ ਹੁੰਦਾ ਦੇਖਣਾ ਚਾਹੁੰਦੇ ਹਨ।" ਲੈਵਿਟ ਨੇ ਅੱਗੇ ਕਿਹਾ, "ਰਾਸ਼ਟਰਪਤੀ ਇਸ ਜੰਗ ਨੂੰ ਜਲਦੀ ਤੋਂ ਜਲਦੀ ਖ਼ਤਮ ਕਰਨਾ ਚਾਹੁੰਦੇ ਹਨ।" ਜ਼ਿਕਰਯੋਗ ਹੈ ਕਿ ਰੂਸ ਨੇ ਫਰਵਰੀ 2022 ਵਿੱਚ ਯੂਕਰੇਨ 'ਤੇ ਹਮਲਾ ਕੀਤਾ ਸੀ। ਇਸ ਤੋਂ ਪਹਿਲਾਂ, ਸੀਐੱਨਬੀਸੀ ਨੂੰ ਦਿੱਤੇ ਇੱਕ ਇੰਟਰਵਿਊ ਵਿੱਚ, ਅਮਰੀਕੀ ਖ਼ਜ਼ਾਨਾ ਮੰਤਰੀ ਸਕੌਟ ਬੇਸੈਂਟ ਨੇ ਭਾਰਤ 'ਤੇ ਰੂਸੀ ਤੇਲ ਨੂੰ ਮੁੜ ਵੇਚ ਕੇ ਮੁਨਾਫਾ ਕਮਾਉਣ ਦਾ ਦੋਸ਼ ਲਗਾਇਆ ਸੀ।



## ਰਣਜੀ ਟਰਾਫ਼ੀ ਤੋਂ ਪਹਿਲਾਂ ਰਹਾਣੇ ਨੇ ਮੁੰਬਈ ਦੀ ਕਪਤਾਨੀ ਛੱਡੀ

ਮੁੰਬਈ, 21 ਅਗਸਤ (ਚ.ਨ.ਸ.) : ਤਜਰਬੇਕਾਰ ਭਾਰਤੀ ਬੱਲੇਬਾਜ਼ ਅਜਿੰਕਿਆ ਰਹਾਣੇ ਨੇ ਵੀਰਵਾਰ ਨੂੰ ਆਉਣ ਵਾਲੇ ਰਣਜੀ ਟਰਾਫੀ ਸੀਜ਼ਨ ਤੋਂ ਪਹਿਲਾਂ ਮੁੰਬਈ ਦੇ ਕਪਤਾਨ ਵਜੋਂ ਅਸਤੀਫਾ ਦੇ ਦਿੱਤਾ, ਇਹ ਕਹਿੰਦੇ ਹੋਏ ਕਿ ਇਹ ਇੱਕ ਨਵਾਂ ਅਗਵਾਈਕਾਰ ਤਿਆਰ ਕਰਨ ਦਾ ਸਹੀ ਸਮਾਂ ਹੈ। ਹਾਲਾਂਕਿ, 37 ਸਾਲਾ ਖਿਡਾਰੀ ਇੱਕ ਬੱਲੇਬਾਜ਼ ਵਜੋਂ ਟੀਮ ਵਿੱਚ ਰਹੇਗਾ। ਰਹਾਣੇ ਨੇ ਹੁਣ ਤੱਕ 201 ਪਹਿਲੇ ਦਰਜੇ ਦੇ ਮੈਚ ਖੇਡੇ ਹਨ ਜਿਨ੍ਹਾਂ ਵਿੱਚ ਉਸਨੇ 14,000 ਤੋਂ ਵੱਧ ਦੌੜਾਂ ਬਣਾਈਆਂ ਹਨ। ਰਣਜੀ ਸੀਜ਼ਨ 15 ਅਕਤੂਬਰ ਨੂੰ ਸ਼ੁਰੂ ਹੋਵੇਗਾ ਅਤੇ ਮੁੰਬਈ ਆਪਣੇ ਪਹਿਲੇ ਮੈਚ ਵਿੱਚ ਜੰਮੂ ਅਤੇ ਕਸ਼ਮੀਰ ਨਾਲ ਭਿੜੇਗੀ। ਰਹਾਣੇ ਨੇ ਇੰਸਟਾਗ੍ਰਾਮ 'ਤੇ ਲਿਖਿਆ, ਮੁੰਬਈ ਟੀਮ ਦੀ ਕਪਤਾਨੀ ਕਰਨਾ ਅਤੇ ਚੈਂਪੀਅਨਸ਼ਿਪ ਜਿੱਤਣਾ ਮੇਰੇ ਲਈ ਸਨਮਾਨ ਦੀ ਗੱਲ ਹੈ। ਆਉਣ ਵਾਲੇ ਨਵੇਂ ਘਰੇਲੂ ਸੀਜ਼ਨ ਨੂੰ ਦੇਖਦੇ ਹੋਏ, ਮੇਰਾ ਮੰਨਣਾ ਹੈ ਕਿ ਇਹ ਇੱਕ ਨਵੇਂ ਕਪਤਾਨ ਨੂੰ ਤਿਆਰ ਕਰਨ ਦਾ ਸਹੀ ਸਮਾਂ ਹੈ ਅਤੇ ਇਸ ਲਈ ਮੈਂ ਕਪਤਾਨੀ ਛੱਡਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ, ਮੈਂ ਇੱਕ ਖਿਡਾਰੀ ਦੇ ਤੌਰ ਤੇ ਆਪਣਾ ਸਰਵੋਤਮ ਪ੍ਰਦਰਸ਼ਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ ਅਤੇ ਐਮ.ਸੀ.ਏ. (ਮੁੰਬਈ ਕ੍ਰਿਕਟ ਐਸੋਸੀਏਸ਼ਨ) ਨਾਲ ਆਪਣਾ ਸਫ਼ਰ ਜਾਰੀ ਰੱਖਾਂਗਾ ਤਾਂ ਜੋ ਸਾਨੂੰ ਹੋਰ ਟਰਾਫੀਆਂ ਜਿੱਤਣ ਵਿੱਚ ਮਦਦ ਮਿਲ ਸਕੇ।



## ਰੂਸ ਵੱਲੋਂ ਯੂਕਰੇਨ 'ਤੇ ਸਾਲ ਦਾ ਸਭ ਤੋਂ ਵੱਡਾ ਹਵਾਈ ਹਮਲਾ

ਕੀਵ, 21 ਅਗਸਤ (ਚ.ਨ.ਸ.) : ਯੂਕ੍ਰੇਨ ਦੀ ਹਵਾਈ ਸੈਨਾ ਨੇ ਵੀਰਵਾਰ ਨੂੰ ਕਿਹਾ ਕਿ ਰੂਸ ਨੇ ਇਸ ਸਾਲ ਯੂਕ੍ਰੇਨ 'ਤੇ ਆਪਣਾ ਸਭ ਤੋਂ ਵੱਡਾ ਹਵਾਈ ਹਮਲਾ ਕੀਤਾ, ਜਿਸ ਵਿਚ 574 ਡਰੋਨ ਅਤੇ 40 ਮਿਜ਼ਾਈਲਾਂ ਦਾਗੀਆਂ ਗਈਆਂ। ਉਨ੍ਹਾਂ ਕਿਹਾ ਕਿ ਹਮਲੇ ਜ਼ਿਆਦਾਤਰ ਦੇਸ਼ ਦੇ ਪੱਛਮੀ ਖੇਤਰਾਂ ਨੂੰ ਨਿਸ਼ਾਨਾ ਬਣਾ ਕੇ ਕੀਤੇ ਗਏ। ਅਧਿਕਾਰੀਆਂ ਦੇ ਅਨੁਸਾਰ, ਇਨ੍ਹਾਂ ਹਮਲਿਆਂ ਵਿੱਚ ਘੱਟੋ-ਘੱਟ ਇੱਕ ਵਿਅਕਤੀ ਮਾਰਿਆ ਗਿਆ ਅਤੇ 15 ਹੋਰ ਜ਼ਖ਼ਮੀ ਹੋਏ। ਯੂਕ੍ਰੇਨ ਦੇ ਵਿਦੇਸ਼ ਮੰਤਰੀ ਆਂਦਰੇਈ ਸਿਬੀਹਾ ਨੇ ਕਿਹਾ ਕਿ ਰੂਸ ਨੇ ਪੱਛਮੀ ਯੂਕ੍ਰੇਨ ਵਿੱਚ ਇੱਕ ਪ੍ਰਮੁੱਖ ਅਮਰੀਕੀ ਇਲੈਕਟ੍ਰਾਨਿਕਸ ਨਿਰਮਾਤਾ ਤੇ ਹਮਲਾ ਕੀਤਾ। ਉਨ੍ਹਾਂ ਹੋਰ ਕੋਈ ਵੇਰਵਾ ਨਹੀਂ ਦਿੱਤਾ। ਅਧਿਕਾਰਤ ਅੰਕੜਿਆਂ ਦੇ ਅਨੁਸਾਰ, ਇਹ ਰੂਸ ਦਾ ਇਸ ਸਾਲ ਡਰੋਨਾਂ ਦੀ ਗਿਣਤੀ ਦੇ ਮਾਮਲੇ ਵਿੱਚ ਤੀਜਾ ਸਭ ਤੋਂ ਵੱਡਾ ਹਵਾਈ ਹਮਲਾ ਸੀ ਅਤੇ ਮਿਜ਼ਾਈਲਾਂ ਦੇ ਮਾਮਲੇ ਵਿੱਚ 3ਵਾਂ ਸਭ ਤੋਂ ਵੱਡਾ ਸੀ। ਇਹ ਹਮਲੇ ਅਮਰੀਕਾ ਦੀ ਅਗਵਾਈ ਵਾਲੇ ਨਵੇਂ ਜੰਗਬੰਦੀ ਯਤਨਾਂ ਦੇ ਵਿਚਕਾਰ ਹੋਏ ਹਨ। ਇਨ੍ਹਾਂ ਯਤਨਾਂ ਦਾ ਉਦੇਸ਼ ਰੂਸ ਦੇ ਗੁਆਂਢੀ ਦੇਸ਼ ਤੇ ਹਮਲੇ ਤੋਂ ਬਾਅਦ ਸ਼ੁਰੂ ਹੋਏ ਤਿੰਨ ਸਾਲ ਪੁਰਾਣੇ ਯੁੱਧ ਵਿੱਚ ਸ਼ਾਂਤੀ ਸਮਝੌਤੇ 'ਤੇ ਪਹੁੰਚਣਾ ਹੈ।

## ਪਾਕਿਸਤਾਨ ਸੁਪਰੀਮ ਕੋਰਟ ਨੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੂੰ ਦਿੱਤੀ ਜ਼ਮਾਨਤ

ਲਾਹੌਰ, 21 ਅਗਸਤ (ਚ.ਨ.ਸ.): ਪਾਕਿਸਤਾਨ ਦੀ ਸੁਪਰੀਮ ਕੋਰਟ ਨੇ ਵੀਰਵਾਰ ਨੂੰ ਸਾਬਕਾ ਪ੍ਰਧਾਨ ਮੰਤਰੀ ਅਤੇ ਪੀਟੀਆਈ ਦੇ ਸੰਸਥਾਪਕ ਇਮਰਾਨ ਖਾਨ ਨੂੰ 9 ਮਈ ਦੇ ਦੰਗਿਆਂ ਨਾਲ ਸਬੰਧਤ ਅੱਠ ਮਾਮਲਿਆਂ ਵਿੱਚ ਜ਼ਮਾਨਤ ਦੇ ਦਿੱਤੀ। ਅਦਾਲਤ ਨੇ ਲਾਹੌਰ ਹਾਈ ਕੋਰਟ ਦੇ ਉਸ ਫੈਸਲੇ ਨੂੰ ਪਲਟ ਦਿੱਤਾ ਜਿਸ ਨੇ ਪਹਿਲਾਂ ਉਨ੍ਹਾਂ ਨੂੰ ਰਾਹਤ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਪਾਕਿਸਤਾਨ ਦੀ ਸੁਪਰੀਮ ਕੋਰਟ ਦੇ ਚੀਫ ਜਸਟਿਸ ਯਾਹੀਆ ਅਫਰੀਦੀ ਦੀ ਅਗਵਾਈ ਵਾਲੇ ਤਿੰਨ ਜੱਜਾਂ ਦੇ ਬੈਂਚ ਨੇ ਦੋਵਾਂ ਪਾਸਿਆਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਇਹ ਫੈਸਲਾ ਸੁਣਾਇਆ।ਬੈਂਚ ਦਾ ਗਠਨ ਦਿਨ ਦੇ ਸ਼ੁਰੂ ਵਿੱਚ ਕੀਤਾ ਗਿਆ ਸੀ, ਜਿਸ ਵਿੱਚ ਜਸਟਿਸ ਹਸਨ ਅਜ਼ਹਰ ਰਿਜ਼ਵੀ ਨੇ ਜਸਟਿਸ ਮੀਆਂ ਗੁਲ ਹਸਨ ਔਰੰਗਜ਼ੇਬ ਦੀ ਜਗ੍ਹਾ ਲਈ ਸੀ। ਸੁਣਵਾਈ ਦੌਰਾਨ, ਚੀਫ ਜਸਟਿਸ ਨੇ ਇਸਤਗਾਸਾ ਪੱਖ ਤੋਂ ਦੋ ਮੁੱਖ ਨੁਕਤਿਆਂ 'ਤੇ ਸਵਾਲ ਪੁੱਛੇ: ਕੀ ਜ਼ਮਾਨਤ ਮਾਮਲੇ ਵਿੱਚ ਅੰਤਿਮ ਫੈਸਲਾ ਦਿੱਤਾ ਜਾ ਸਕਦਾ ਹੈ, ਅਤੇ ਕੀ ਇਕਸਾਰਤਾ ਦਾ ਸਿਧਾਂਤ ਲਾਗੂ ਹੁੰਦਾ ਹੈ, ਕਿਉਂਕਿ ਸੁਪਰੀਮ ਕੋਰਟ ਨੇ ਪਹਿਲਾਂ 9 ਮਈ ਦੇ ਸਮਾਨ ਸਾਜ਼ਿਸ਼ ਮਾਮਲਿਆਂ ਵਿੱਚ ਜ਼ਮਾਨਤ ਦਿੱਤੀ ਸੀ। ਵਿਸ਼ੇਸ਼ ਵਕੀਲ ਜ਼ੁਲਫਿਕਾਰ ਨਕਵੀ ਨੇ ਇੱਕ ਦਿਨ ਦੀ ਮੁਲਤਵੀ ਤੋਂ ਬਾਅਦ ਦਲੀਲਾਂ ਦੁਬਾਰਾ ਸ਼ੁਰੂ ਕੀਤੀਆਂ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜ਼ਮਾਨਤ ਦੇ ਹੁਕਮ ਹਮੇਸ਼ਾ ਅੰਤਰਿਮ ਹੁੰਦੇ ਹਨ ਅਤੇ ਮੁਕੱਦਮੇ ਦੀ ਕਾਰਵਾਈ ਨੂੰ ਪ੍ਰਭਾਵਤ ਨਹੀਂ ਕਰਦੇ।

## ਸਮਾਜ ਭਲਾਈ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਦਿਵਯਾਂਗਜਨਾਂ ਲਈ ਮੁਲਾਂਕਣ ਕੈਂਪ

### ਯੋਗ ਲਾਭਪਾਤਰੀਆਂ ਨੂੰ ਸਹਾਇਕ ਉਪਕਰਨ ਪ੍ਰਦਾਨ ਕੀਤੇ



ਚੰਡੀਗੜ੍ਹ, 21 ਅਗਸਤ (ਅੰਮ੍ਰਿਤਪਾਲ ਸਿੰਘ) : ਸਮਾਜ ਭਲਾਈ, ਮਹਿਲਾ ਅਤੇ ਬਾਲ ਵਿਕਾਸ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਨੇ ਆਰਟੀਫੀਸ਼ੀਅਲ ਲਿੰਬਸ ਮੈਨੂਫੈਕਚਰਿੰਗ ਕਾਰਪੋਰੇਸ਼ਨ ਚੰਡੀਗੜ੍ਹ ਦੇ ਸਹਿਯੋਗ ਨਾਲ ਅੱਜ ਆਸ਼ਾ ਕਿਰਨ, ਵੋਕੇਸ਼ਨਲ ਟ੍ਰੇਨਿੰਗ ਸੈਂਟਰ, ਸੈਕਟਰ-46, ਚੰਡੀਗੜ੍ਹ ਵਿਖੇ ਦਿਵਯਾਂਗਜਨਾਂ ਲਈ ਇੱਕ ਮੁਲਾਂਕਣ ਕੈਂਪ ਦਾ ਆਯੋਜਨ ਕੀਤਾ।ਇਸ ਮੌਕੇ 'ਤੇ,ਸ੍ਰੀਮਤੀ ਅਨੁਰਾਧਾ ਐਸ. ਚਗਤੀ, ਸਕੱਤਰ, ਸਮਾਜ ਭਲਾਈ, ਮਹਿਲਾ ਅਤੇ ਬਾਲ ਵਿਕਾਸ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਮੁੱਖ ਮਹਿਮਾਨ ਵਜੋਂ ਮੌਜੂਦ ਸਨ। ਸ੍ਰੀਮਤੀ ਪਾਲਿਕਾ ਅਰੋੜਾ, ਡਾਇਰੈਕਟਰ, ਸਮਾਜ ਭਲਾਈ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੀ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਦਿਵਯਾਂਗਜਨਾਂ ਨੂੰ ਸਹਾਇਕ ਉਪਕਰਣ ਪ੍ਰਦਾਨ ਕਰਨ ਲਈ ਯੋਜਨਾ ਤਹਿਤ ਆਯੋਜਿਤ ਇਸ ਕੈਂਪ ਵਿੱਚ ਲਗਭਗ 70 ਦਿਵਯਾਂਗਜਨਾਂ ਨੇ ਹਿੱਸਾ ਲਿਆ। ਮੁਲਾਂਕਣ ਤੋਂ ਬਾਅਦ, ਯੋਗ ਲਾਭਪਾਤਰੀਆਂ ਨੂੰ ਬੈਸਾਖੀਆਂ, ਸੁਣਨ ਵਾਲੇ ਯੰਤਰ, ਵ੍ਹੀਲਚੇਅਰ, ਸਮਾਰਟ ਕੈਨ ਆਦਿ ਵਰਗੇ ਸਹਾਇਕ ਉਪਕਰਣ ਪ੍ਰਦਾਨ ਕੀਤੇ ਗਏ।ਮਾਹਰ ਟੀਮ ਨੇ ਵੱਖ-ਵੱਖ ਕਿਸਮਾਂ ਦੀਆਂ ਅਪੰਗਤਾਵਾਂ ਤੋਂ ਪੀੜਤ ਵਿਅਕਤੀਆਂ ਦਾ ਮੁਲਾਂਕਣ ਕੀਤਾ ਅਤੇ ਢੁਕਵੇਂ ਸਹਾਇਕ ਉਪਕਰਣਾਂ ਦੀ ਸਿਫ਼ਾਰਸ਼ ਕੀਤੀਮੌਜੂਦ ਲਾਭਪਾਤਰੀਆਂ ਨੂੰ ਵਿਭਾਗ ਦੁਆਰਾ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਸਕੀਮਾਂ ਬਾਰੇ ਜਾਣਕਾਰੀ ਵੀ ਪ੍ਰਦਾਨ ਕੀਤੀ ਗਈ।

## ਸੀਸੀਏ ਪੰਜਾਬ ਨੇ ਰਾਸ਼ਟਰੀ ਸੀਨੀਅਰ ਨਾਗਰਿਕ ਦਿਵਸ ਮਨਾਇਆ



ਚੰਡੀਗੜ੍ਹ, 21 ਅਗਸਤ (ਅੰਮ੍ਰਿਤਪਾਲ ਸਿੰਘ) : ਭਾਰਤ ਸਰਕਾਰ ਦੀ ਅਗਵਾਈ ਹੇਠ ਸੰਚਾਰ ਮੰਤਰਾਲਾ, ਦੂਰਸੰਚਾਰ ਵਿਭਾਗ ਦੇ ਪੰਜਾਬ ਟੈਲੀਕੌਮ ਸਰਕਲ ਦੇ ਕੰਟਰੋਲਰ ਸੰਚਾਰ ਲੇਖਾ ਦਫ਼ਤਰ ਨੇ ਵਿਭਾਗ ਵਿੱਚ ਆਪਣੇ ਕਾਰਜਕਾਲ ਦੌਰਾਨ ਪ੍ਰਦਾਨ ਕੀਤੀਆਂ ਗਈਆਂ ਸੇਵਾਵਾਂ ਦੇ ਸਨਮਾਨ ਵਿੱਚ ਰਾਸ਼ਟਰੀ ਸੀਨੀਅਰ ਨਾਗਰਿਕ ਦਿਵਸ ਮਨਾਇਆ।ਪ੍ਰੋਗਰਾਮ ਦੀ ਸ਼ੁਰੂਆਤ ਡਿਪਟੀ ਕੰਟਰੋਲਰ ਸ਼੍ਰੀ ਅਕਸ਼ੈ ਗੁਪਤਾ ਦੇ ਸੁਆਗਤ ਭਾਸ਼ਣ ਨਾਲ ਹੋਈ। ਸ਼੍ਰੀ ਗੁਪਤਾ ਨੇ ਦੱਸਿਆ ਕਿ ਸੀਸੀਏ ਪੰਜਾਬ ਚੰਡੀਗੜ੍ਹ ਦਫ਼ਤਰ ਵੱਲੋਂ ਪ੍ਰੋਗਰਾਮ ਆਯੋਜਿਤ ਕੀਤੇ ਗਏ। ਜਿਸ ਵਿੱਚ ਫੋਰਟਿਸ ਮੈਡਸੈਂਟਰ, ਚੰਡੀਗੜ੍ਹ ਦੇ ਐੱਮਡੀ ਡਾ. ਮਨਜੀਤ ਸਿੰਘ ਤ੍ਰੇਹਾਨ ਵੱਲੋਂ ਮੈਂਟਲ ਹੈਲਥ ਅਤੇ ਬਿਹਤਰ ਜੀਵਨ ਸ਼ੈਲੀ 'ਤੇ ਲੈਕਚਰ ਦਿੱਤਾ ਗਿਆ। ਜੀਵਨ ਪ੍ਰਮਾਣ ਐਪ ਅਤੇ ਸੰਪਨ ਐਪ ਦਾ ਉਪਯੋਗ ਕਿਵੇਂ ਕਰੀਏ, ਇਸ ਬਾਰੇ ਵੀਡੀਓ ਪੇਸ਼ਕਾਰੀ ਪੇਸ਼ ਕੀਤੀ ਗਈ। ਸੱਭਿਆਚਾਰਕ ਪ੍ਰੋਗਰਾਮ ਦੇ ਤਹਿਤ ਕਵਿਤਾਵਾਂ ਦਾ ਆਯੋਜਨ ਕੀਤਾ ਗਿਆ। ਪੈਨਸ਼ਨਰਜ਼ ਵੱਲੋਂ ਸੰਵਾਦਾਤਮਕ ਸੈਸ਼ਨ ਅਤੇ ਅਨੁਭਵਾਂ ਦਾ ਅਦਾਨ-ਪ੍ਰਦਾਨ ਕੀਤਾ ਗਿਆ ਅਤੇ ਇਸ ਮੌਕੇ 'ਤੇ ਸੁਪਰ ਸੀਨੀਅਰ ਨਾਗਰਿਕਾਂ ਦਾ ਸਨਮਾਨ ਕੀਤਾ। ਸੁਸ਼੍ਰੀ ਦਿਵਯਾ ਏ.ਬੀ.ਪੈਨਸ਼ਨ ਅਤੇ ਪੈਨਸ਼ਨਰਜ਼ ਵੈਲਫੇਅਰ ਡਿਪਾਰਟਮੈਂਟ, ਨਵੀਂ ਦਿੱਲੀ ਦੀ ਡਾਇਰੈਕਟਰ ਨੇ ਪ੍ਰੋਗਰਾਮ ਦੀ ਪ੍ਰਧਾਨਗੀ ਕਰਦੇ ਹੋਏ ਵਾਤਾਵਰਣ ਨੂੰ ਸਵੱਛ ਬਣਾਉਣ ਦੀ ਜਾਗਰੂਕਤਾ ਫੈਲਾਉਣ ਲਈ ਪੌਦੇ ਵੰਡੇ।ਪੈਨਸ਼ਨਰਜ਼ ਨੂੰ ਸੰਬੋਧਿਤ ਕਰਦੇ ਹੋਏ, ਸੰਯੁਕਤ ਸੀਸੀਏ ਡਾ. ਮਨਦੀਪ ਸਿੰਘ ਨੇ ਰਾਸ਼ਟਰੀ ਸੀਨੀਅਰ ਨਾਗਰਿਕ ਦਿਵਸ 2025 ਦੀ ਥੀਮ, ਸਮਾਵੇਸ਼ੀ ਭਵਿੱਖ ਲਈ ਬਜ਼ੁਰਗਾਂ ਦੀ ਆਵਾਜ਼ ਨੂੰ ਸਸ਼ਕਤ ਬਣਾਉਣਾ ਨੂੰ ਉਜਾਗਰ ਕੀਤਾ। ਮਾਣਯੋਗ ਪ੍ਰਧਾਨ ਮੰਤਰੀ ਦੁਆਰਾ ਦਿੱਤੇ ਗਏ ਵਿਸ਼ੇ 'ਏਕ ਪੇੜ ਮਾਂ ਕੇ ਨਾਮ' ਨੂੰ ਉਜਾਗਰ ਕਰਦੇ ਹੋਏ, ਹਿੱਸਾ ਲੈਣ ਵਾਲੇ ਸਾਰੇ ਪੈਨਸ਼ਨਰਜ਼ ਨੂੰ ਪੌਦੇ ਵੀ ਵੰਡੇ ਗਏ।

## ਸਦਨ ਵਿੱਚ ਨਾਅਰੇਬਾਜ਼ੀ ਅਤੇ ਵਿਘਨਾਂ ਤੋਂ ਬਚ ਕੇ ਗੰਭੀਰ ਅਤੇ ਅਰਥਪੂਰਨ ਚਰਚਾਵਾਂ ਨੂੰ ਵਧਾਇਆ ਜਾਣਾ ਚਾਹੀਦੈ: ਬਿਰਲਾ

ਨਵੀਂ ਦਿੱਲੀ, 21 ਅਗਸਤ (ਅੰਮ੍ਰਿਤਪਾਲ ਸਿੰਘ) :18ਵੀਂ ਲੋਕ ਸਭਾ ਦਾ ਪੰਜਵਾਂ ਸੈਸ਼ਨ, ਜੋ 21 ਜੁਲਾਈ, 2025 ਨੂੰ ਸ਼ੁਰੂ ਹੋਇਆ ਸੀ, ਅੱਜ ਸਮਾਪਤ ਹੋ ਗਿਆ।ਸੈਸ਼ਨ ਦੇ ਸਮਾਪਤੀ ਦਿਨ, ਲੋਕ ਸਭਾ ਸਪੀਕਰ, ਸ਼੍ਰੀ ਓਮ ਬਿਰਲਾ ਨੇ ਆਪਣੇ ਸਮਾਪਤੀ ਭਾਸ਼ਣ ਵਿੱਚ ਸਦਨ ਵਿੱਚ ਲਗਾਤਾਰ ਅਤੇ ਯੋਜਨਾਬੱਧ ਤਰੀਕੇ ਨਾਲ ਹੋ ਰਹੇ ਵਿਘਨਾਂ 'ਤੇ ਦੁੱਖ ਪ੍ਰਗਟ ਕੀਤਾ। ਇਹ ਦੇਖਦੇ ਹੋਏ ਕਿ ਲੋਕ ਸਭਾ ਜਾਂ ਸੰਸਦ ਕੰਪਲੈਕਸ ਵਿੱਚ ਨਾਅਰੇਬਾਜ਼ੀ ਅਤੇ ਤਖ਼ਤੀਆਂ ਦਾ ਪ੍ਰਦਰਸ਼ਨ ਅਤੇ ਯੋਜਨਾਬੱਧ ਤਰੀਕੇ ਨਾਲ ਵਿਘਨ ਸੰਸਦੀ ਮਰਿਆਦਾ ਦੀ ਉਲੰਘਣਾ ਹੈ, ਸ਼੍ਰੀ ਬਿਰਲਾ ਨੇ ਕਿਹਾ ਕਿ ਲੋਕਾਂ ਨੂੰ ਆਪਣੇ ਪ੍ਰਤੀਨਿਧੀਆਂ ਤੋਂ ਬਹੁਤ ਉਮੀਦਾਂ ਹਨ ਅਤੇ ਇਸ ਲਈ ਉਨ੍ਹਾਂ ਨੂੰ ਸਦਨ ਵਿੱਚ ਆਪਣਾ ਸਮਾਂ ਜਨਤਕ ਹਿੱਤ ਦੀਆਂ ਸਮੱਸਿਆਵਾਂ ਅਤੇ ਮੁੱਦਿਆਂ ਨੂੰ ਉਠਾਉਣ ਅਤੇ ਮਹੱਤਵਪੂਰਨ ਬਿੱਲਾਂ ਤੇ ਗੰਭੀਰ ਅਤੇ ਅਰਥਪੂਰਨ ਚਰਚਾ ਕਰਨ ਲਈ ਵਰਤਣਾ ਚਾਹੀਦਾ ਹੈ।ਸਪੀਕਰ ਨੇ ਇਹ ਵੀ ਕਿਹਾ ਕਿ ਮਾਨਸੂਨ ਸੈਸ਼ਨ ਵਿੱਚ ਜਿਸ ਤਰ੍ਹਾਂ ਦੀ ਭਾਸ਼ਾ ਅਤੇ ਵਿਵਹਾਰ ਦੇਖਿਆ ਗਿਆ ਉਹ ਸੰਸਦ ਦੀ ਮਰਿਆਦਾ ਦੇ ਅਨੁਸਾਰ ਨਹੀਂ ਸੀ। ਉਨ੍ਹਾਂ ਮੈਂਬਰਾਂ ਨੂੰ ਯਾਦ ਦਿਵਾਇਆ ਕਿ ਉਹ ਸਦਨ ਦੇ ਅੰਦਰ ਅਤੇ ਬਾਹਰ ਆਪਣੀ ਭਾਸ਼ਾ ਵਿੱਚ ਹਮੇਸ਼ਾ ਸੰਜਮ ਅਤੇ ਸ਼ਿਸ਼ਟਾਚਾਰ ਬਣਾਈ ਰੱਖਣ। ਉਨ੍ਹਾਂ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਇਹ ਯਕੀਨੀ ਬਣਾਉਣ ਕਿ ਉਨ੍ਹਾਂ ਦਾ ਕੰਮ ਅਤੇ ਆਚਰਣ ਦੇਸ਼ ਅਤੇ ਦੁਨੀਆ ਲਈ ਇੱਕ ਉਦਾਹਰਣ ਪੇਸ਼ ਕਰੇ।ਸ਼੍ਰੀ ਬਿਰਲਾ ਨੇ ਇਹ ਵੀ ਦੱਸਿਆ ਕਿ ਸੈਸ਼ਨ ਦੌਰਾਨ 14 ਸਰਕਾਰੀ ਬਿੱਲ ਪੇਸ਼ ਕੀਤੇ ਗਏ ਸਨ ਅਤੇ ਬਾਰਾਂ ਬਿੱਲ ਪਾਸ ਕੀਤੇ ਗਏ ਸਨ।



## ਸੜਕ ਸੁਰੱਖਿਆ ਸਾਂਝੀ ਜ਼ਿੰਮੇਵਾਰੀ; ਨਿਸ਼ਾਂਤ ਕੁਮਾਰ ਯਾਦਵ

ਚੰਡੀਗੜ੍ਹ, 21 ਅਗਸਤ (ਅੰਮ੍ਰਿਤਪਾਲ ਸਿੰਘ) : ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਅੱਜ ਡਿਪਟੀ ਕਮਿਸ਼ਨਰ, ਚੰਡੀਗੜ੍ਹ, ਸ਼੍ਰੀ ਨਿਸ਼ਾਂਤ ਕੁਮਾਰ ਯਾਦਵ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪਿਛਲੀ ਮੀਟਿੰਗ ਵਿੱਚ ਦਿੱਤੇ ਗਏ ਨਿਰਦੇਸ਼ਾਂ 'ਤੇ ਹੋਈ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ। ਮੀਟਿੰਗ ਵਿੱਚ ਸਾਰੇ ਸਬੰਧਤ ਵਿਭਾਗਾਂ ਦੇ ਨੁਮਾਇੰਦੇ, ਸੀਨੀਅਰ ਪੁਲਿਸ ਸੁਪਰਡੈਂਟ (ਟ੍ਰੈਫ਼ਿਕ ਅਤੇ ਸੁਰੱਖਿਆ) ਅਤੇ ਸਾਰੇ ਉਪ ਮੰਡਲ ਮੈਜਿਸਟ੍ਰੇਟ ਮੌਜੂਦ ਸਨ।ਵਿਚਾਰ-ਵਟਾਂਦਰੇ ਦੌਰਾਨ, ਚੇਅਰਮੈਨ ਨੇ ਸੜਕ ਸੁਰੱਖਿਆ ਮਾਪਦੰਡਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਅਤੇ ਨਿਰਦੇਸ਼ ਦਿੱਤੇ ਕਿ ਸਾਰੇ ਵਿਭਾਗ ਨਿਰਧਾਰਤ ਮਾਪਦੰਡਾਂ ਅਨੁਸਾਰ ਸੜਕ ਸੰਕੇਤਾਂ ਨੂੰ ਬਦਲਣ ਅਤੇ ਲਗਾਉਣ ਲਈ ਇੱਕ ਸਮਾਂਬੱਧ ਪ੍ਰੋਗਰਾਮ ਤਿਆਰ ਕਰਨ।ਮੁੱਖ ਇੰਜੀਨੀਅਰ ਨੂੰ ਇੱਕ ਸਰਟੀਫਿਕੇਟ ਜਮ੍ਹਾ ਕਰਨ ਲਈ ਕਿਹਾ ਗਿਆ ਸੀ ਕਿ ਸ਼ਹਿਰ ਦੇ ਸਾਰੇ ਬੱਸ ਕਤਾਰ ਸ਼ੈਲਟਰ ਅਪਾਹਜਾਂ ਲਈ ਅਨੁਕੂਲ ਹਨ ਤਾਂ ਜੋ ਯਾਤਰੀਆਂ, ਖਾਸ ਕਰਕੇ ਦਿਵਯਾਂਗਜਨਾਂ ਦੀ ਸਹੂਲਤ ਨੂੰ ਯਕੀਨੀ ਬਣਾਇਆ ਜਾ ਸਕੇ।ਡਿਪਟੀ ਕਮਿਸ਼ਨਰ ਨੇ ਸਾਰੇ ਮਹੱਤਵਪੂਰਨ ਸਥਾਨਾਂ 'ਤੇ ਬੋਲਾਰਡ ਲਗਾਉਣ ਤੇ ਸੰਤੁਸ਼ਟੀ ਪ੍ਰਗਟ ਕੀਤੀ ਅਤੇ ਕਿਹਾ ਕਿ ਇਹ ਕਦਮ ਟ੍ਰੈਫਿਕ ਪ੍ਰਬੰਧਨ ਨੂੰ ਸੁਚਾਰੂ ਬਣਾਉਣ ਅਤੇ ਪੈਦਲ ਯਾਤਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ।ਅੰਤ ਵਿੱਚ, ਡਿਪਟੀ ਕਮਿਸ਼ਨਰ ਨੇ ਦੁਹਰਾਇਆ ਕਿ ਸੜਕ ਸੁਰੱਖਿਆ ਇੱਕ ਸਾਂਝੀ ਜ਼ਿੰਮੇਵਾਰੀ ਹੈ, ਜਿਸ ਲਈ ਸਾਰੇ ਹਿੱਸੇਦਾਰਾਂ ਵਿਚਕਾਰ ਸਰਗਰਮ ਤਾਲਮੇਲ ਦੀ ਲੋੜ ਹੈ।



## ਕੇਂਦਰੀ ਸੰਚਾਰ ਮੰਤਰੀ ਜਯੋਤੀਰਾਦਿੱਤਿਆ ਦੇ ਮਾਰਗਦਰਸ਼ਨ ਵਿੱਚ ਏਪੀਟੀ ਡਿਜੀਟਲ ਯੁੱਗ ਦੀ ਸ਼ੁਰੂਆਤ

ਚੰਡੀਗੜ੍ਹ, 21 ਅਗਸਤ (ਅੰਮ੍ਰਿਤਪਾਲ ਸਿੰਘ) :ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਡਿਜੀਟਲ ਵਿਜ਼ਨ ਨੂੰ ਗਤੀ ਦਿੰਦੇ ਹੋਏ ਕੇਂਦਰੀ ਸੰਚਾਰ ਅਤੇ ਉੱਤਰ-ਪੂਰਬ ਖੇਤਰ ਵਿਕਾਸ ਮੰਤਰੀ ਸ਼੍ਰੀ ਜਯੋਤੀਰਾਦਿੱਤਿਆ ਐੱਮ.ਸਿੰਧਿਆ ਦੇ ਮਾਰਗਦਰਸ਼ਨ ਵਿੱਚ ਡਾਕ ਵਿਭਾਗ (ਡੀਓਪੀ) ਨੇ ਆਈਟੀ 2.0-ਐਡਵਾਂਸਡ ਡਾਕ ਟੈਕਨੋਲੋਜੀ (ਏਪੀਟੀ) ਨੂੰ ਸਫਲਤਾਪੂਰਵਕ ਲਾਗੂ ਕੀਤਾ ਹੈ। ਇਹ ਇਤਿਹਾਸਿਕ ਡਿਜੀਟਲ ਅਪਗ੍ਰੇਡ ਡਿਪਾਰਟਮੈਂਟ ਦੇ 1.65 ਲੱਖ ਡਾਕਘਰਾਂ ਵਿੱਚੋਂ ਹਰੇਕ ਦੇ ਆਧੁਨਿਕੀਕਰਣ ਦੀ ਯਾਤਰਾ ਵਿੱਚ ਮੀਲ ਪੱਥਰ ਸਾਬਤ ਹੋਵੇਗੀ, ਜਿਸ ਨਾਲ ਭਾਰਤ ਸਰਕਾਰ ਦੇ ਡਿਜੀਟਲ ਇੰਡੀਆ ਅਤੇ ਮੇਕ ਇਨ ਇੰਡੀਆ ਵਿਜ਼ਨ ਨੂੰ ਹੁਲਾਰਾ ਮਿਲੇਗਾ। ਆਈਟੀ-2.0 ਦੇਸ਼ ਦੇ ਹਰ ਕੋਨੇ ਵਿੱਚ ਤੇਜ਼, ਵਧੇਰੇ ਭਰੋਸੇਯੋਗ ਅਤੇ ਨਾਗਰਿਕ-ਕੇਂਦ੍ਰਿਤ ਡਾਕ ਅਤੇ ਵਿੱਤੀ ਸੇਵਾਵਾਂ ਵਿੱਚ ਕਾਰਗਰ ਸਾਬਤ ਹੋਵੇਗਾ, ਜੋ ਸਮਾਵੇਸ਼ਿਤਾ ਅਤੇ ਸੇਵਾ ਉੱਤਮਤਾ ਲਈ ਭਾਰਤੀ ਡਾਕ ਦੀ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ।ਆਈਟੀ ਆਧੁਨਿਕੀਕਰਣ ਪ੍ਰੋਜੈਕਟ 1.0 ਦੀ ਸਫ਼ਲਤਾ ਦੇ ਅਧਾਰ 'ਤੇ ਨਵੀਂ ਪੇਸ਼ ਕੀਤੀ ਗਈ ਐਡਵਾਂਸਡ ਪੋਸਟਲ ਟੈਕਨੋਲੋਜੀ ਪਲੈਟਫਾਰਮ ਇੱਕ ਮਾਈਕ੍ਰੋਸਰਵਿਸਿਸ-ਅਧਾਰਿਤ ਐਪਲੀਕੇਸ਼ਨ ਦੇ ਅਨੁਕੂਲ ਤੁਰੰਤ, ਭਰੋਸੇਯੋਗ ਅਤੇ ਉਪਯੋਗਕਰਤਾ-ਅਨੁਕੂਲ ਨਾਗਰਿਕ ਕੇਂਦ੍ਰਿਤ ਸੇਵਾਵਾਂ ਪ੍ਰਦਾਨ ਕਰਦਾ ਹੈ। ਡਾਕ ਟੈਕਨੋਲੋਜੀ ਉਤਕ੍ਰਿਸ਼ਟਤਾ ਕੇਂਦਰ (ਸੀਈਪੀਟੀ) ਦੁਆਰਾ ਸਵਦੇਸ਼ੀ ਤੌਰ 'ਤੇ ਡਿਜ਼ਾਈਨ ਅਤੇ ਵਿਕਸਿਤ ਕੀਤੀ ਗਈ, ਕੇਂਦਰੀ ਮੰਤਰੀ ਸਿੰਧਿਆ ਦਾ ਕਹਿਣਾ ਹੈ ਕਿ ਏਪੀਟੀ ਭਾਰਤੀ ਡਾਕ ਨੂੰ ਵਿਸ਼ਵ-ਪੱਧਰੀ ਜਨਤਕ ਲੌਜਿਸਟਿਕਸ ਸੰਗਠਨ ਵਿੱਚ ਬਦਲ ਦੇਵੇਗਾ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਵਿਜ਼ਨ ਅਨੁਸਾਰ ਆਤਮਨਿਰਭਰ ਭਾਰਤ ਵੱਲ ਵੱਡਾ ਯੋਗਦਾਨ ਪਾਵੇਗਾ।




## ਜਨਮ ਦਿਨ ਮੁਬਾਰਕ



ਉਕਾਬ ਸਿੰਘ



ਗੁਰਫਤਿਹ ਸਿੰਘ



ਤੇਜਸ

## ਇਟਲੀ'ਚ ਬਣ ਰਹੇ ਸਭ ਤੋਂ ਲੰਬੇ ਪੁਲ ਦਾ ਵਿਰੋਧ ਸ਼ੁਰੂ, ਪੁਲ ਦੀ ਉਸਾਰੀ ਦੀ ਯੋਜਨਾ ਦੇ ਖ਼ਿਲਾਫ਼ ਮਾਰਚ

ਰੋਮ ਇਟਲੀ 21 ਅਗਸਤ (ਗੁਰਸ਼ਰਨ ਸਿੰਘ ਸੋਨੀ) ਸਿਸੀਲੀਅਨ ਸ਼ਹਿਰ ਮੈਸੀਨਾ ਵਿੱਚ ਸ਼ਨੀਵਾਰ ਨੂੰ ਹਜ਼ਾਰਾਂ ਲੋਕਾਂ ਨੇ ਇੱਕ ਪੁਲ ਬਣਾਉਣ ਦੀ ਸਰਕਾਰੀ ਯੋਜਨਾ ਦਾ ਵਿਰੋਧ ਕਰਨ ਲਈ ਮਾਰਚ ਕੀਤਾ ਜੋ ਇਟਲੀ ਦੀ ਮੁੱਖ ਭੂਮੀ ਨੂੰ ਸਿਸਲੀ ਨਾਲ ਜੋੜੇਗਾ , ਇੱਕ ਵਿਸ਼ਾਲ 13.5-ਬਿਲੀਅਨ-ਯੂਰੋ (£15.5 ਬਿਲੀਅਨ) ਬੁਨਿਆਦੀ ਢਾਂਚਾ ਪ੍ਰੋਜੈਕਟ ਵਿੱਚ।ਪ੍ਰਦਰਸ਼ਨਕਾਰੀ ਮੈਸੀਨਾ ਸਟ੍ਰੇਟ ਬ੍ਰਿਜ ਪ੍ਰੋਜੈਕਟ ਦੇ ਪੈਮਾਨੇ, ਭੂਚਾਲ ਦੇ ਖਤਰਿਆਂ, ਵਾਤਾਵਰਣ ਪ੍ਰਭਾਵ ਅਤੇ ਮਾਫੀਆ ਦਖਲਅੰਦਾਜ਼ੀ ਦੇ ਡਰ ਨੂੰ ਲੈ ਕੇ ਇਸਦਾ ਸਖ਼ਤ ਵਿਰੋਧ ਕਰਦੇ ਹਨ।ਸਿਸਲੀ ਨੂੰ ਇਟਲੀ ਦੇ ਬਾਕੀ ਹਿੱਸਿਆਂ ਨਾਲ ਜੋੜਨ ਲਈ ਇੱਕ ਪੁਲ ਬਣਾਉਣ ਦੇ ਵਿਚਾਰ ਤੇ ਦਹਾਕਿਆਂ ਤੋਂ ਬਹਿਸ ਹੁੰਦੀ ਰਹੀ ਹੈ ਪਰ ਇਹਨਾਂ ਚਿੰਤਾਵਾਂ ਕਾਰਨ ਹਮੇਸ਼ਾ ਦੇਰੀ ਹੁੰਦੀ ਰਹੀ ਹੈ। ਹਾਲਾਂਕਿ, ਇਸ ਪ੍ਰੋਜੈਕਟ ਨੇ ਇੱਕ ਵੱਡਾ ਕਦਮ ਚੁੱਕਿਆ ਜਦੋਂ ਰਣਨੀਤਕ ਜਨਤਕ ਨਿਵੇਸ਼ਾਂ ਦੀ ਨਿਗਰਾਨੀ ਕਰਨ ਵਾਲੀ ਇੱਕ ਸਰਕਾਰੀ ਕਮੇਟੀ ਨੇ ਇਸ ਹਫ਼ਤੇ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ।ਟਰਾਂਸਪੋਰਟ ਮੰਤਰੀ ਸਾਲਵਿਨੀ, ਜੋ ਕਿ ਇਸ ਪ੍ਰੋਜੈਕਟ ਦੇ ਮੁੱਖ ਰਾਜਨੀਤਿਕ ਸਮਰਥਕ ਹਨ, ਨੇ ਇਸਨੂੰ ਪੱਛਮ ਵਿੱਚ ਸਭ ਤੋਂ ਵੱਡਾ ਬੁਨਿਆਦੀ ਢਾਂਚਾ ਪ੍ਰੋਜੈਕਟ ਕਿਹਾ।ਸਾਲਵਿਨੀ ਨੇ ਅਧਿਐਨਾਂ ਦਾ ਹਵਾਲਾ ਦਿੱਤਾ ਜਿਸ ਵਿੱਚ ਅਨੁਮਾਨ ਲਗਾਇਆ ਗਿਆ ਹੈ ਕਿ ਇਹ ਪ੍ਰੋਜੈਕਟ ਸਾਲਾਨਾ 120,000 ਨੌਕਰੀਆਂ ਪੈਦਾ ਕਰੇਗਾ ਅਤੇ ਆਰਥਿਕ ਤੌਰ ਤੇ ਪਛੜ ਰਹੇ ਦੱਖਣੀ ਇਟਲੀ ਵਿੱਚ ਆਰਥਿਕ ਵਿਕਾਸ ਨੂੰ ਉਤੇਜਿਤ ਕਰਨ ਵਿੱਚ ਮਦਦ ਕਰੇਗਾ, ਕਿਉਂਕਿ ਆਲੇ ਦੁਆਲੇ ਦੀਆਂ ਸੜਕਾਂ ਅਤੇ ਬੁਨਿਆਦੀ ਢਾਂਚੇ ਦੇ ਸੁਧਾਰਾਂ ਵਿੱਚ ਅਰਬਾਂ ਹੋਰ ਨਿਵੇਸ਼ ਕੀਤੇ ਜਾ ਰਹੇ ਹਨ।ਵਿਰੋਧੀਆਂ ਨੂੰ ਇਹਨਾਂ ਦਲੀਲਾਂ ਨਾਲ ਯਕੀਨ ਨਹੀਂ ਹੋ ਰਿਹਾ। ਉਹ ਇਸ ਗੱਲ ਤੋਂ ਵੀ ਨਾਰਾਜ਼ ਹਨ ਕਿ ਪੁਲ ਬਣਾਉਣ ਲਈ ਲਗਭਗ 500 ਪਰਿਵਾਰਾਂ ਨੂੰ ਬੇਦਖਲ ਕਰਨਾ ਪਵੇਗਾ।ਮੈਸੀਨਾ ਦੇ ਜਲਡਮਰੂ ਨੂੰ ਛੂਹਿਆ ਨਹੀਂ ਜਾ ਸਕਦਾ, ਪ੍ਰਦਰਸ਼ਨਕਾਰੀਆਂ ਨੇ ਮੈਸੀਨਾ ਵਿੱਚ ਮਾਰਚ ਕਰਦੇ ਹੋਏ ਨਾਅਰੇ ਲਗਾਏ। ਕਈਆਂ ਨੇ ਬੈਨਰ ਫੜੇ ਹੋਏ ਸਨ ਜਿਨ੍ਹਾਂ ਤੇ ਲਿਖਿਆ ਸੀ ਨੋ ਪੋਂਟੇ (ਨੋ ਬ੍ਰਿਜ)। ਪ੍ਰਬੰਧਕਾਂ ਨੇ ਭੀੜ ਦਾ ਆਕਾਰ 10,000 ਲੋਕਾਂ ਦਾ ਅਨੁਮਾਨ ਲਗਾਇਆ।ਪ੍ਰਸਤਾਵਿਤ ਪੁਲ ਲਗਭਗ 3.7 ਕਿਲੋਮੀਟਰ (2.2 ਮੀਲ) ਤੱਕ ਫੈਲਿਆ ਹੋਵੇਗਾ ਜਿਸ ਦਾ ਸਸਪੈਂਡਡ ਸੈਕਸ਼ਨ 3.3 ਕਿਲੋਮੀਟਰ (2 ਮੀਲ ਤੋਂ ਵੱਧ) ਹੋਵੇਗਾ। ਇਹ ਤੁਰਕੀ ਦੇ ਕੈਨਾਕਕੇਲ ਪੁਲ ਨੂੰ 1,277 ਮੀਟਰ (4,189 ਫੁੱਟ) ਨਾਲ ਪਛਾੜ ਕੇ ਦੁਨੀਆ ਦਾ ਸਭ ਤੋਂ ਲੰਬਾ ਸਸਪੈਂਸ਼ਨ ਪੁਲ ਬਣ ਜਾਵੇਗਾ।



# ਜ਼ਿੰਬਾਬਵੇ ਦੇ ਵਿਦਿਆਰਥੀ ਦੀ ਹੋਈ ਮੌਤ, ਗੁਰੂ ਕਾਸ਼ੀ ਯੂਨੀਵਰਸਿਟੀ ਦੇ ਸੁਰੱਖਿਆ ਗਾਰਡ ਨੇ ਕੀਤਾ ਸੀ ਹਮਲਾ

ਬਠਿੰਡਾ, 21 ਅਗਸਤ (ਦੀਪਕ ਸ਼ਰਮਾ)ਤਲਵੰਡੀ ਸਾਬੋ ਸਥਿਤ ਗੁਰੂ ਕਾਸ਼ੀ ਯੂਨੀਵਰਸਿਟੀ ਵਿੱਚ ਪੜ੍ਹ ਰਹੇ ਜ਼ਿੰਬਾਬਵੇ ਦੇ ਵਿਦਿਆਰਥੀ ਜ਼ਿਵੀਆ ਲੀਰਾਏ ਦੀ ਏਮਜ਼, ਬਠਿੰਡਾ ਵਿਖੇ ਇਲਾਜ ਦੌਰਾਨ ਮੌਤ ਹੋ ਗਈ। ਲੀਰਾਏ ’ਤੇ ਬੀਤੀ 12 ਅਗਸਤ ਨੂੰ ਯੂਨੀਵਰਸਿਟੀ ਦੇ ਹੀ ਸੁਰੱਖਿਆ ਗਾਰਡ ਅਤੇ ਉਸਦੇ ਸਾਥੀਆਂ ਨੇ ਜਾਨਲੇਵਾ ਹਮਲਾ ਕੀਤਾ ਸੀ, ਜਿਸ ਤੋਂ ਬਾਅਦ ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ ਸੀ ।ਇਹ ਘਟਨਾ ਉਦੋਂ ਵਾਪਰੀ ਜਦੋਂ ਯੂਨੀਵਰਸਿਟੀ ਦੇ ਸੁਰੱਖਿਆ ਗਾਰਡ ਦਿਲਪ੍ਰੀਤ ਸਿੰਘ ਅਤੇ ਜ਼ਿੰਬਾਬਵੇ ਦੇ ਵਿਦਿਆਰਥੀ ਲੀਰਾਏ ਵਿਚਕਾਰ ਕਾਰ ਬੈਕ ਕਰਨ ਨੂੰ ਲੈ ਕੇ ਬਹਿਸ ਹੋ ਗਈ ਸੀ। ਬਹਿਸ ਇੰਨੀ ਵਧ ਗਈ ਕਿ ਦਿਲਪ੍ਰੀਤ ਸਿੰਘ (ਹਸੂ, ਸਿਰਸਾ) ਨੇ ਆਪਣੇ ਸਾਥੀਆਂ ਲਵਪ੍ਰੀਤ ਸਿੰਘ (ਹਸੂ, ਸਿਰਸਾ), ਮੰਗੂ ਸਿੰਘ ਅਤੇ ਮਨਪ੍ਰੀਤ ਸਿੰਘ (ਫਤਿਹਗੜ੍ਹ ਨੌਂਆਬਾਦ) ਨਾਲ ਮਿਲ ਕੇ ਲੀਰਾਏ ’ਤੇ ਲਾਠੀਆਂ, ਬੇਸਬਾਲ ਬੈਟ ਅਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ।ਹਮਲੇ ਵਿੱਚ ਬੁਰੀ ਤਰ੍ਹਾਂ ਜ਼ਖਮੀ ਹੋਏ ਲੀਰਾਏ ਨੂੰ ਹਮਲਾਵਰ ਸੜਕ ’ਤੇ ਹੀ ਛੱਡ ਕੇ ਭੱਜ ਗਏ। ਉਨ੍ਹਾਂ ਦੀ ਕਾਰ (ਸਕੌਡਾ) ਵੀ ਭੱਜਦੇ ਸਮੇਂ ਇੱਕ ਦਰੱਖਤ ਨਾਲ ਟਕਰਾ ਗਈ, ਜਿਸ ਨੂੰ ਉਹ ਮੌਕੇ ’ਤੇ ਹੀ ਛੱਡ ਕੇ ਫਰਾਰ ਹੋ ਗਏ। ਜ਼ਖਮੀ ਵਿਦਿਆਰਥੀ ਨੂੰ ਇਲਾਜ ਲਈ ਤੁਰੰਤ ਏਮਜ਼, ਬਠਿੰਡਾ ਵਿੱਚ ਭਰਤੀ ਕਰਵਾਇਆ ਗਿਆ ਸੀ, ਜਿੱਥੇ 8 ਦਿਨਾਂ ਤੱਕ ਮੌਤ ਨਾਲ ਜੱਦੋ-ਜਹਿਦ ਕਰਦਿਆਂ ਵੀਰਵਾਰ ਨੂੰ ਉਸਨੇ ਆਖਰੀ ਸਾਹ ਲਿਆ ।ਵਿਦਿਆਰਥੀ ਦੀ ਮੌਤ ਤੋਂ ਬਾਅਦ ਪੁਲਿਸ ਨੇ ਇਸ ਮਾਮਲੇ ਵਿੱਚ ਕਤਲ ਦੀ ਧਾਰਾ ਜੋੜ ਦਿੱਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸਪੀਡੀ ਜਸਮੀਤ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਕੁੱਲ 8 ਲੋਕਾਂ ਨੂੰ ਨਾਮਜ਼ਦ ਕੀਤਾ ਗਿਆ ਸੀ, ਜਿਨ੍ਹਾਂ ਵਿੱਚੋਂ 7 ਮੁਲਜ਼ਮਾਂ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਪੁਲਿਸ ਹੁਣ ਬਾਕੀ ਬਚੇ ਇੱਕ ਮੁਲਜ਼ਮ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕਰ ਰਹੀ ਹੈ। ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਯੂਨੀਵਰਸਿਟੀ ਅਧਿਕਾਰੀਆਂ ਵੱਲੋਂ ਮ੍ਰਿਤਕ ਵਿਦਿਆਰਥੀ ਦੇ ਪਰਿਵਾਰ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ।

# ਮਾਤਾ ਗੁਜਰੀ ਕਾਲਜ ਵਿਖੇ ਵਿਦਿਆਰਥੀ ਇੰਡਕਸ਼ਨ ਪ੍ਰੋਗਰਾਮ ਦਾ ਆਯੋਜਨ



ਫ਼ਤਹਿਗੜ੍ਹ ਸਾਹਿਬ, 21 ਅਗਸਤ (ਹਰਪ੍ਰੀਤ ਕੌਰ ਟਿਵਾਣਾ) ਮਾਤਾ ਗੁਜਰੀ ਕਾਲਜ ਵਿਖੇ ਅੰਡਰ ਗ੍ਰੈਜੂਏਟ ਬੀ.ਏ. ਭਾਗ ਪਹਿਲਾ ਦੇ ਵਿਦਿਆਰਥੀਆਂ ਲਈ ਵਿਸ਼ੇਸ਼ ਇੰਡਕਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਲਗਭਗ 500 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੂੰ ਕਾਲਜ ਦੇ ਵਿਜ਼ਨ, ਉਦੇਸ਼, ਕੋਡ ਆਫ਼ ਕੰਡਕਟ ਅਤੇ ਹੋਰ ਅਹਿਮ ਨਿਯਮਾਂ ਬਾਰੇ ਜਾਣੂ ਕਰਵਾਇਆ ਗਿਆ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਇੰਡਕਸ਼ਨ ਪ੍ਰੋਗਰਾਮ ਦੁਆਰਾ ਵਿਦਿਆਰਥੀਆਂ ਨੂੰ ਜਿੱਥੇ ਅਨੁਸ਼ਾਸਨੀ ਵਿਦਿਆਰਥੀ ਜੀਵਨ ਦੀ ਮਹੱਤਤਾ ਬਾਰੇ ਪਤਾ ਚੱਲਦਾ ਹੈ, ਉੱਥੇ ਨਾਲ ਹੀ ਮਹੱਤਵਪੂਰਨ ਕਦਰਾਂ-ਕੀਮਤਾਂ ਅਤੇ ਕਾਲਜ ਦੀਆਂ ਅਕਾਦਮਿਕ ਤੇ ਸਹਿ ਵਿੱਦਿਅਕ ਗਤੀਵਿਧੀਆਂ ਬਾਰੇ ਜਾਣਕਾਰੀ ਵੀ ਪ੍ਰਾਪਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਿੱਖਿਆ ਭਰਪੂਰ ਸਮਾਗਮ ਵਿਦਿਆਰਥੀਆਂ ਨੂੰ ਆਪਣੇ ਸਕੂਲੀ ਜੀਵਨ ਤੋਂ ਕਾਲਜ ਜੀਵਨ ਵਿੱਚ ਸੁਚਾਰੂ ਤਬਦੀਲੀ ਕਰਨ ਵਿੱਚ ਵੀ ਵਿਸ਼ੇਸ਼ ਸਹਿਯੋਗ ਦਿੰਦੇ ਹਨ। ਬੀ.ਏ. ਆਨਰਜ਼ ਮਲਟੀਡਿਸਪਲੀਨਰੀ ਭਾਗ-ਪਹਿਲਾ ਦੇ ਕਲਾਸ ਇੰਚਾਰਜ ਡਾ. ਗੁਰਬਾਜ ਸਿੰਘ ਨੇ ਨਵੇਂ ਵਿਦਿਆਰਥੀਆਂ ਦਾ ਕਾਲਜ ਵਿੱਚ ਸਵਾਗਤ ਕਰਦਿਆਂ ਹੋਇਆ ਕਾਲਜ ਦੀਆਂ ਸ਼ਾਨਦਾਰ ਪ੍ਰਾਪਤੀਆਂ ’ਤੇ ਚਾਨਣਾ ਪਾਇਆ ਅਤੇ ਕਾਲਜ ਵਿੱਚ ਉਪਲਬਧ ਐਨ.ਸੀ.ਸੀ., ਐਨ.ਐਸ.ਐਸ., ਯੂ.ਬੀ.ਏ., ਰੈੱਡ ਕਰਾਸ, ਖੇਡ ਸੁਵਿਧਾਵਾਂ, ਲਾਇਬ੍ਰੇਰੀ, ਸਰਕਾਰੀ ਅਤੇ ਗੈਰ-ਸਰਕਾਰੀ ਸਕਾਲਰਸ਼ਿਪ, ਮਾਤਾ ਗੁਜਰੀ ਸਟੱਡੀ ਸਰਕਲ, ਰਿਕਾਰਡਿੰਗ ਰੂਮ, ਮੀਡੀਆ ਸੈਂਟਰ ਆਦਿ ਦੀ ਜਾਣਕਾਰੀ ਵੀ ਸਾਂਝੀ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਨੇ ਕਾਲਜ ਦੀਆਂ ਖੇਤਰੀ, ਅੰਤਰ-ਖੇਤਰੀ, ਰਾਜ ਅਤੇ ਰਾਸ਼ਟਰੀ ਪੱਧਰ ’ਤੇ ਹੋਏ ਵੱਖ-ਵੱਖ ਸੱਭਿਆਚਾਰਕ ਸਮਾਗਮਾਂ ਵਿੱਚ ਸ਼ਾਨਾਮੱਤੀਆਂ ਪ੍ਰਾਪਤੀਆਂ ਬਾਰੇ ਦੱਸਦਿਆਂ ਵਿਦਿਆਰਥੀਆਂ ਨੂੰ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਕਾਲਜ ਦੇ ਐੱਨ.ਸੀ.ਸੀ. ਅਫ਼ਸਰ ਲੈਫ. ਡਾ. ਪੁਸ਼ਪਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਐਨ.ਸੀ.ਸੀ. ਵਿੱਚ ਸ਼ਾਮਲ ਹੋਣ, ਸ਼ਖ਼ਸੀਅਤ ਉਸਾਰੀ ਅਤੇ ਕਰੀਅਰ ਨਿਰਮਾਣ ਸਬੰਧੀ ਵਿਸਥਾਰ ਨਾਲ ਦੱਸਿਆ। ਇਸ ਮਗਰੋਂ ਡੀਨ ਸੋਸ਼ਲ ਸਾਇੰਸਜ਼ ਅਤੇ ਅਰਥ ਸ਼ਾਸਤਰ ਵਿਭਾਗ ਦੇ ਮੁਖੀ ਪ੍ਰੋ. ਨਵਜੀਤ ਕੌਰ ਅਤੇ ਅੰਗਰੇਜ਼ੀ ਵਿਭਾਗ ਦੇ ਡਾ. ਗੌਰੀ ਹਾਂਡਾ ਨੇ ਵੀ ਵਿਦਿਆਰਥੀਆਂ ਨੂੰ ਕਾਲਜ ਵਿਖੇ ਵੱਖ-ਵੱਖ ਅਕਾਦਮਿਕ ਅਤੇ ਸਹਿਪਾਠੀ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮਗਰੋਂ ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਪ੍ਰੋ. ਹਰਬਿੰਦਰ ਸਿੰਘ ਨੇ ਵਿਦਿਆਰਥੀਆਂ ਨਾਲ ਐਨ.ਐਸ.ਐਸ. ਸਬੰਧੀ ਵਡਮੁੱਲੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਵਿਦਿਆਰਥੀਆਂ ਵੱਲੋਂ ਕਾਲਜ ਕੈਂਪਸ ਨੂੰ ਰੈਗਿੰਗ ਮੁਕਤ ਬਣਾਉਣ ਲਈ ਐਂਟੀ ਰੈਗਿੰਗ ਦੀ ਸਹੁੰ ਵੀ ਚੁੱਕੀ ਗਈ। ਇਸ ਮੌਕੇ ਕਾਲਜ ਦੇ ਪੰਜਾਬੀ ਅਤੇ ਅੰਗਰੇਜ਼ੀ ਵਿਭਾਗ ਦੇ ਪ੍ਰੋਫ਼ੈਸਰ ਸਾਹਿਬਾਨ ਅਤੇ ਹੋਰ ਸਟਾਫ਼ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਲਗਾਏ ਬੂਟੇ



ਫਤਿਹਗੜ੍ਹ ਸਾਹਿਬ, 21 ਅਗਸਤ (ਹਰਪ੍ਰੀਤ ਕੌਰ ਟਿਵਾਣਾ)ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੇ ਖੇਤੀਬਾੜੀ ਵਿਭਾਗ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਬਾਗ ਵਿੱਚ ਇੱਕ ਨਵੇਂ ਵਾਧੇ ਵਜੋਂ ਇੱਕ ਏਕੜ ਵਿੱਚ ਅਮਰੂਦ ਦੇ ਬੂਟੇ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ, ਇਸ ਬਾਗ ਦਾ ਨਾਮ ਸ੍ਰੀ ਗੁਰੂ ਗੋਬਿੰਦ ਸਿੰਘ ਬਾਗ ਜੀ ਦੇ ਨਾਮ ਤੇ ਰੱਖਿਆ ਗਿਆ ਹੈ। ਇਸ ਮੁਹਿੰਮ ਦੀ ਸ਼ੁਰੂਆਤ ਮਾਣਯੋਗ ਵਾਈਸ ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਨੇ ਕੀਤੀ। ਇਸ ਮੌਕੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ (ਡੀਨ ਅਕਾਦਮਿਕ ਮਾਮਲੇ), ਪ੍ਰੋ. ਤੇਜਬੀਰ ਸਿੰਘ (ਰਜਿਸਟਰਾਰ), ਪ੍ਰੋ. ਨਵਦੀਪ ਕੌਰ (ਡੀਨ ਰਿਸਰਚ), ਪ੍ਰੋ. ਸਿਕੰਦਰ ਸਿੰਘ (ਡੀਨ ਵਿਦਿਆਰਥੀ ਭਲਾਈ), ਡਾ. ਜਸਪ੍ਰੀਤ ਕੌਰ ਢਿੱਲੋਂ (ਮੁਖੀ, ਖੇਤੀਬਾੜੀ ਵਿਭਾਗ), ਫੈਕਲਟੀ ਮੈਂਬਰ ਅਤੇ ਖੇਤੀਬਾੜੀ ਵਿਭਾਗ ਦੇ ਵਿਦਿਆਰਥੀਆਂ ਹਾਜਰ ਸਨ। ਇਹ ਪਹਿਲ ਬਾਗ ਦੀ ਵਿਭਿੰਨਤਾ ਨੂੰ ਅਮੀਰ ਬਣਾਉਣ ਅਤੇ ਵਿਦਿਆਰਥੀਆਂ ਨੂੰ ਫਲਾਂ ਦੀ ਕਾਸ਼ਤ ਵਿੱਚ ਕੀਮਤੀ ਹੱਥੀਂ ਸਿਖਲਾਈ ਪ੍ਰਦਾਨ ਕਰਨ ਲਈ ਕੀਤੀ ਗਈ ਹੈ। ਇਹ ਮੁਹਿੰਮ ਯੂਨੀਵਰਸਿਟੀ ਦੇ ਹਰਿਆਵਲ ਕੈਂਪਸ ਦੇ ਦ੍ਰਿਸ਼ਟੀਕੋਣ ਨੂੰ ਉਤਸ਼ਾਹਿਤ ਕਰਨ ਲਈ ਕੀਤਾ ਗਿਆ ਹੈ। ਵਾਇਸ-ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ ਅਤੇ ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਪੌਦੇ ਲਗਾਉਣ ਦੀ ਮੁਹਿੰਮ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਬਾਗ ਨੂੰ ਮਜ਼ਬੂਤ ਕਰਨ ਲਈ ਵਿਭਾਗ ਨੂੰ ਵਧਾਈ ਦਿੱਤੀ।

# ਪਿੰਡ ਗੁਪਾਲੋ ਵਿਖੇ ਜਗਦੀਪ ਚੀਮਾ ਦਾ ਸਨਮਾਨ



ਫਤਿਹਗੜ੍ਹ ਸਾਹਿਬ, 21 ਅਗਸਤ (ਹਰਪ੍ਰੀਤ ਕੌਰ ਟਿਵਾਣਾ)ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਬਸੀ ਪਠਾਣਾਂ ਅਧੀਨ ਪੈਂਦੇ ਪਿੰਡ ਗੁਪਾਲੋਂ ਵਿਖੇ ਜਗਦੀਪ ਸਿੰਘ ਚੀਮਾ ਦਾ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਜਨਰਲ ਸਕੱਤਰ ਬਣਨ ਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਮਹਾਂਪੁਰਖਾਂ ਦੇ ਆਸ਼ੀਰਵਾਦ ਨਾਲ ਸਨਮਾਨ ਕੀਤਾ ਗਿਆ। ਇਸ ਮੌਕੇ ਬੋਲਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਵਤਾਰ ਸਿੰਘ ਰਿਆ ਨੇ ਕਿਹਾ ਕਿ ਹਲਕਾ ਬਸੀ ਪਠਾਣਾ ਵਿੱਚ ਆਪਣਾ ਵਡਮੁੱਲਾ ਰਸੂਖ਼ ਰੱਖਣ ਵਾਲੇ ਜਗਦੀਪ ਸਿੰਘ ਚੀਮਾ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਜਗਦੀਪ ਸਿੰਘ ਚੀਮਾ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਜਨਰਲ ਸਕੱਤਰ ਥਾਪ ਕੇ ਜ਼ਿਲਾ ਫਤਿਹਗੜ੍ਹ ਸਾਹਿਬ ਨੂੰ ਵੱਡਾ ਮਾਣ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿੱਚ ਜਥੇਦਾਰ ਚੀਮਾ ਪਰਿਵਾਰ ਦਾ ਜ਼ਿਲਾ ਫਤਿਹਗੜ੍ਹ ਸਾਹਿਬ ਅਧੀਨ ਪੈਂਦੇ ਤਿੰਨੋਂ ਵਿਧਾਨ ਸਭਾ ਹਲਕਿਆਂ ਵਿੱਚ ਹੈ, ਜਿੱਥੋਂ ਜਿੱਥੋਂ ਸ਼੍ਰੋਮਣੀ ਅਕਾਲੀ ਦਲ ਦੇ ਵੱਡੀ ਗਿਣਤੀ ਵਿੱਚ ਵਰਕਰ ਦਿਲੋਂ ਜੁੜ ਕੇ ਸ਼੍ਰੋਮਣੀ ਅਕਾਲੀ ਦਲ ਨੂੰ ਮਜਬੂਤ ਕਰ ਰਹੇ ਹਨ ।ਇਸ ਮੌਕੇ ਤੇ ਸ਼੍ਰੋਮਣੀ ਅਕਾਲੀ ਦਲ ਦੇ ਨਵ ਨਿਯੁਕਤ ਜਰਨਲ ਸਕੱਤਰ ਜਥੇਦਾਰ ਜਗਦੀਪ ਸਿੰਘ ਚੀਮਾ ਨੇ ਉਨਾਂ ਦਾ ਸਨਮਾਨ ਕਰਨ ਤੇ ਸਮੂਹ ਨਗਰ ਨਿਵਾਸੀਆਂ ਦਾ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਜਥੇਦਾਰ ਅਵਤਾਰ ਸਿੰਘ ਰਿਆ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਗੁਰਮੀਤ ਸਿੰਘ ਸਨ੍ਹੇ ਚੀਮਾ, ਬਾਬਾ ਗੁਰਬਚਨ ਸਿੰਘ ਗੁਪਾਲੋਂ ,ਜਗਦੀਸ਼ ਸਿੰਘ ਲੰ ਸਰਪੰਚ ,ਸੁੱਖਵਿੰਦਰ ਸਿੰਘ ਜੈਲਦਾਰ, ਤਰਨਜੀਤ ਸਿੰਘ ਤਰਨੀ ਬਸੀ ਪਠਾਣਾ ਸਵਰਨ ਸਿੰਘ ਗੁਪਾਲੋਂ ,ਸੁਖਵਿੰਦਰ ਸਿੰਘ ਲੰਬੜਦਾਰ, ਜਗਤ ਸਿੰਘ, ਪ੍ਰੀਤਮ ਸਿੰਘ ,ਕੁਲਦੀਪ ਸਿੰਘ, ਬਲਵੀਰ ਸਿੰਘ ਰਾਜਾ ਲੰਬੜਦਾਰ ਗੁਰਮੇਲ ਸਿੰਘ ਕੋਟਲਾ ,ਰਜਿੰਦਰ ਸਿੰਘ ਕੋਟਲਾ ,ਚਰਨਜੀਤ ਸਿੰਘ ਕੋਟਲਾ, ਅਮਰਜੀਤ ਸਿੰਘ ਮਾਰਵਾ ,ਪਰਮਿੰਦਰ ਸਿੰਘ ਮਾਰਵਾ ਬਿੱਲੂ ,ਕਮਲਜੀਤ ਸਿੰਘ ਚੀਮਾ ਸਰਪੰਚ, ਅਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ ।

# ਪੰਜਾਬ ਸਰਕਾਰ ਨੇ ਕਿਰਤੀ ਲਈ ਸਕੀਮਾਂ ਨੂੰ ਸਰਲ ਬਣਾਇਆ : ਜਗਰੂਪ ਸਿੰਘ ਸੇਖਵਾਂ



ਗੁਰਦਾਸਪੁਰ 21 ਅਗਸਤ ( ਜਸਵਿੰਦਰ ਸਿੰਘ ) - ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਰਤੀਆਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਰਾਜ ਸਰਕਾਰ ਨੇ ਕਿਰਤ ਵਿਭਾਗ ਵੱਲੋਂ ਕਿਰਤੀਆਂ ਲਈ ਚਲਾਈਆਂ ਜਾ ਰਹੀਆਂ ਕਈ ਸਕੀਮਾਂ ਨੂੰ ਸਰਲ ਬਣਾਇਆ ਗਿਆ ਹੈ ਤਾਂ ਜੋ ਇਨ੍ਹਾਂ ਸਕੀਮਾਂ ਤੱਕ ਕਿਰਤੀਆਂ ਦੀ ਸੁਖਾਲੀ ਪਹੁੰਚ ਨੂੰ ਯਕੀਨੀ ਬਣਾਇਆ ਜਾ ਸਕੇ ਇਹ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਕਾਦੀਆਂ ਤੋਂ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਪੰਜਾਬ ਬਿਲਡਿੰਗ ਵਰਕਰਜ਼ ਵੈੱਲਫੇਅਰ ਬੋਰਡ ਦੀ 'ਸ਼ਗਨ ਸਕੀਮ' ਵਿੱਚ ਤਹਿਸੀਲਦਾਰ ਦੁਆਰਾ ਵਿਆਹ ਸਰਟੀਫਿਕੇਟ ਜਾਰੀ ਕਰਨ ਦੀ ਲੋੜ ਨੂੰ ਹਟਾ ਦਿੱਤਾ ਗਿਆ ਹੈ ਅਤੇ ਹੁਣ ਇਸ ਸਬੰਧੀ ਧਾਰਮਿਕ ਸੰਸਥਾ, ਜਿੱਥੇ ਵਿਆਹ ਹੋਇਆ ਹੋਵੇ ਦੀ ਤਸਵੀਰ ਅਤੇ ਦੋਵਾਂ ਪਰਿਵਾਰਾਂ ਵੱਲੋਂ ਦਿੱਤਾ ਸਵੈ-ਘੋਸ਼ਣਾ ਪੱਤਰ ਕਾਫ਼ੀ ਹੋਵੇਗਾ ।ਸ. ਸੇਖਵਾਂ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸਰਕਾਰ ਵੱਲੋਂ 51,000 ਰੁਪਏ ਦੀ ਰਾਸ਼ੀ ਪ੍ਰਦਾਨ ਕੀਤੀ ਜਾਂਦੀ ਹੈ। ਇਸੇ ਤਰ੍ਹਾਂ ਹੁਣ ਸਿਰਫ਼ ਬੱਚੇ ਦਾ ਜਨਮ ਸਰਟੀਫਿਕੇਟ ਜਮਾਂ ਕਰਵਾਉਣ ’ਤੇ ਮਹਿਲਾ ਉਸਾਰੀ ਕਿਰਤੀਆਂ ਲਈ 21,000 ਰੁਪਏ ਅਤੇ ਪੁਰਸ਼ਾਂ ਲਈ 5,000 ਰੁਪਏ ਦੇ ਜਣੇਪਾ ਲਾਭ ਪ੍ਰਦਾਨ ਕੀਤੇ ਜਾਂਦੇ ਹਨ। ਇਸ ਤੋਂ ਪਹਿਲਾਂ ਬੱਚੇ ਦਾ ਆਧਾਰ ਕਾਰਡ ਜਮਾਂ ਕਰਵਾਉਣਾ ਪੈਂਦਾ ਸੀ ਪਰ ਹੁਣ ਇਹ ਪੁਰਾਣੀ ਸ਼ਰਤ ਨੂੰ ਹਟਾ ਦਿੱਤਾ ਗਿਆ ਹੈ। ਇਸੇ ਤਰ੍ਹਾਂ ਪੰਜਾਬ ਕਿਰਤ ਭਲਾਈ ਬੋਰਡ ਵਿੱਚ ਸ਼ਗਨ ਸਕੀਮ ਦਾ ਲਾਭ ਲੈਣ ਲਈ ਰਜਿਸਟਰਡ ਮੈਰਿਜ ਸਰਟੀਫਿਕੇਟ ਦੀ ਸ਼ਰਤ ਵੀ ਖ਼ਤਮ ਕਰ ਦਿੱਤੀ ਗਈ ਹੈ ਅਤੇ ਹੁਣ ਕਿਰਤੀ ਧਾਰਮਿਕ ਸਥਾਨਾਂ ਅਤੇ ਵਿਆਹ ਕਰਵਾਉਣ ਵਾਲੀਆਂ ਧਾਰਮਿਕ ਸ਼ਖ਼ਸੀਅਤਾਂ ਦੀਆਂ ਫ਼ੋਟੋਆਂ ਜਮਾਂ ਕਰਵਾ ਕੇ ਸ਼ਗਨ ਸਕੀਮ ਦਾ ਲਾਭ ਲੈ ਸਕਦੇ ਹਨ ਸ. ਜਗਰੂਪ ਸਿੰਘ ਸੇਖਵਾਂ ਨੇ ਅੱਗੇ ਦੱਸਿਆ ਕਿ ਪੰਜਾਬ ਕਿਰਤ ਭਲਾਈ ਬੋਰਡ ਨੇ ਬੱਚਿਆਂ ਲਈ ‘ਵਜ਼ੀਫ਼ਾ ਯੋਜਨਾ’ ਅਧੀਨ ਮਜ਼ਦੂਰਾਂ ਦੀ ਦੋ ਸਾਲ ਦੀ ਸੇਵਾ ਸ਼ਰਤ ਵੀ ਖ਼ਤਮ ਕਰ ਦਿੱਤੀ ਹੈ ਅਤੇ ਮਜ਼ਦੂਰ ਆਪਣਾ ਯੋਗਦਾਨ ਪਾਉਣ ਦੇ ਦਿਨ ਤੋਂ ਹੀ ਵਜ਼ੀਫ਼ਾ ਯੋਜਨਾ ਦਾ ਲਾਭ ਪ੍ਰਾਪਤ ਕਰ ਸਕਦੇ ਹਨ ਸ. ਸੇਖਵਾਂ ਨੇ ਅੱਗੇ ਦੱਸਿਆ ਕਿ 90 ਦਿਨਾਂ ਤੋਂ ਵੱਧ ਕੰਮ ਕਰ ਚੁੱਕੇ ਮਨਰੇਗਾ ਮਜ਼ਦੂਰਾਂ ਨੂੰ ਸਾਰੇ ਸਬੰਧਿਤ ਲਾਭ ਪ੍ਰਾਪਤ ਕਰਨ ਲਈ ਬਿਲਡਿੰਗ ਅਤੇ ਹੋਰ ਉਸਾਰੀ ਕਿਰਤੀ ਭਲਾਈ ਬੋਰਡ ਨਾਲ ਰਜਿਸਟਰ ਕਰਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ

# ਪੰਜਾਬ ਜਲਦੀ ਹੀ ਕੈਂਸਰ ਅਤੇ ਨਸ਼ਾ ਮੁਕਤ ਬਣ ਜਾਵੇਗਾ : ਡਾ. ਬਲਬੀਰ ਸਿੰਘ



ਸੰਗਰੂਰ, 21 ਅਗਸਤ(ਹਰਕੰਵਲ ਸਿੰਘ ਹੈਪੀ) ਹੋਮੀ ਭਾਬਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਸੰਗਰੂਰ ਵਿਖੇ ਅੱਜ ਪੰਜਾਬ ਸਰਕਾਰ ਅਤੇ ਹੋਮੀ ਭਾਬਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਪੰਜਾਬ ਨੇ ਆਪਣੇ ਸਮਝੌਤੇ (ਐਮਓਯੂ) ਨੂੰ ਅਧਿਕਾਰਤ ਤੌਰ ’ਤੇ ਨਵਿਆਇਆ ਹੈ। ਇਸ ਸਾਂਝੇਦਾਰੀ ਦਾ ਉਦੇਸ਼ ਰਾਜ ਭਰ ਦੇ ਕੈਂਸਰ ਮਰੀਜ਼ਾਂ ਲਈ ਸਿਹਤ ਸੰਭਾਲ ਬੁਨਿਆਦੀ ਢਾਂਚੇ ਅਤੇ ਸੇਵਾਵਾਂ ਨੂੰ ਮਜ਼ਬੂਤ ਕਰਨਾ ਹੈ ।ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਹੋਮੀ ਭਾਬਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਪੰਜਾਬ ਦੇ ਡਾਇਰੈਕਟਰ ਡਾ. ਅਸ਼ੀਸ਼ ਗੁਲੀਆ ਦੀ ਮੌਜੂਦਗੀ ਵਿੱਚ, ਸਮਝੌਤੇ ਦੇ ਵਿਸਥਾਰ ’ਤੇ ਹਸਪਤਾਲ ਦੇ ਡਾਇਰੈਕਟਰ (ਪ੍ਰਸ਼ਾਸਨ) ਸ਼੍ਰੀ ਮਾਧੋ ਸਿੰਘ ਅਤੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਡਾਇਰੈਕਟਰ ਡਾ. ਅਨਿਲ ਕੁਮਾਰ ਨੇ ਦਸਤਖਤ ਕੀਤੇ ।ਇਸ ਮੌਕੇ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਉਮੀਦ ਪ੍ਰਗਟ ਕੀਤੀ ਕਿ ਪੰਜਾਬ ਜਲਦੀ ਹੀ ਕੈਂਸਰ ਅਤੇ ਨਸ਼ਾ ਮੁਕਤ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ ਦੇ ਮਾਮਲੇ ਵਿੱਚ ਪੰਜਾਬ ਦੇਸ਼ ਦਾ ਨੰਬਰ ਇੱਕ ਸੂਬਾ ਬਣ ਜਾਵੇਗਾ। ਹਾਲਾਂਕਿ, ਉਨ੍ਹਾਂ ਮੰਨਿਆ ਕਿ ਦੇਸ਼ ਨੂੰ ਖੁਰਾਕ ਪੱਖੋਂ ਆਤਮ ਨਿਰਭਰ ਬਣਾਉਣ ਦੀ ਕੋਸ਼ਿਸ਼ ਵਿੱਚ ਪੰਜਾਬ ਦੇ ਪਾਣੀ ਅਤੇ ਹਵਾ ਦੀ ਗੁਣਵੱਤਾ ਨਾਲ ਸਮਝੌਤਾ ਕੀਤਾ ਗਿਆ ਹੈ, ਜਿਸ ਦੇ ਨਤੀਜੇ ਵਜੋਂ ਕੈਂਸਰ ਵਰਗੀਆਂ ਜਾਨਲੇਵਾ ਬਿਮਾਰੀਆਂ ਪੈਦਾ ਹੋਈਆਂ ਹਨ। ਇਨ੍ਹਾਂ ਚੁਣੌਤੀਆਂ ਦੇ ਬਾਵਜੂਦ, ਪੰਜਾਬ ਦੇ ਲੋਕ ਨਸ਼ਿਆਂ ਅਤੇ ਕੈਂਸਰ ਵਿਰੁੱਧ ਲੜਨ ਲਈ ਦ੍ਰਿੜ ਹਨ ।ਡਾ. ਬਲਬੀਰ ਸਿੰਘ ਨੇ ਇਸ ਯਤਨ ਵਿੱਚ ਪੰਜਾਬ ਸਰਕਾਰ ਨਾਲ ਸਹਿਯੋਗ ਕਰਨ ਲਈ ਟਾਟਾ ਦਾ ਧੰਨਵਾਦ ਕੀਤਾ। ਉਨ੍ਹਾਂ ਸਿਹਤ ਸੰਭਾਲ ਵਿੱਚ ਰਾਜ ਦੀ ਪ੍ਰਗਤੀ ’ਤੇ ਚਾਨਣਾ ਪਾਇਆ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਕਦੇ ਡਾਕਟਰੀ ਇਲਾਜ ਲਈ ਦੂਜੇ ਰਾਜਾਂ ਵਿੱਚ ਜਾਂਦੇ ਸਨ, ਪਰ ਪੰਜਾਬ ਹੁਣ ਸਿਹਤ ਸੰਭਾਲ ਸੇਵਾਵਾਂ ਦਾ ਕੇਂਦਰ ਬਣਦਾ ਜਾ ਰਿਹਾ ਹੈ ਤੇ ਦੇਸ਼ ਭਰ ਤੋਂ ਮਰੀਜ਼ ਇਲਾਜ ਲਈ ਇੱਥੇ ਆਉਂਦੇ ਹਨ ।ਸਿਹਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ 02 ਅਕਤੂਬਰ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸ਼ੁਰੂ ਕਰੇਗੀ, ਜਿਸ ਵਿੱਚ ਪ੍ਰਤੀ ਪਰਿਵਾਰ 10 ਲੱਖ ਰੁਪਏ ਤੱਕ ਦੀ ਕਵਰੇਜ ਮਿਲੇਗੀ, ਜਿਸ ਵਿੱਚ ਕੈਂਸਰ ਦਾ ਇਲਾਜ ਵੀ ਸ਼ਾਮਲ ਹੈ। ਸਰਕਾਰ ਸ਼ੁਰੂਆਤੀ ਪੜਾਅ ’ਤੇ ਕੈਂਸਰ ਦਾ ਪਤਾ ਲਗਾਉਣ ਲਈ ਰੋਕਥਾਮ ਉਪਾਵਾਂ ’ਤੇ ਵੀ ਧਿਆਨ ਕੇਂਦਰਿਤ ਕਰ ਰਹੀ ਹੈ। ਇਸ ਤੋਂ ਇਲਾਵਾ, ਸਰਕਾਰੀ

# ਪ੍ਰਸ਼ਾਸਨਿਕ ਹੁਕਮਾਂ ਦੇ ਬਾਵਜੂਦ ਮੋੜਾ ਟੋਲ ਪਲਾਜ਼ਾ ’ਤੇ ਕੀਤੀ ਜਾ ਰਹੀ ਸੀ ਟੋਲ ਵਸੂਲੀ,ਵਾਹਨ ਚਾਲਕਾਂ ਵੱਲੋਂ ਕੀਤਾ ਰੋਸ਼ ਪ੍ਰਦਰਸ਼ਨ,

ਸ੍ਰੀ ਕੀਰਤਪੁਰ ਸਾਹਿਬ, 21 ਅਗਸਤ (ਬੀ ਐਸ ਰਾਣਾ) ਕੌਮੀ ਮਾਰਗ ਨੰਬਰ 21(205) ਕੀਰਤਪੁਰ-ਨੇਰਚੌਕ ਫੋਰਲੇਨ ਸੜਕ ‘ਤੇ ਪਿੰਡ ਮੋੜਾ ਵਿਖੇ ਲੱਗਾ ਟੋਲ ਪਲਾਜ਼ਾ ਇੱਕ ਵਾਰ ਫਿਰ ਵਿਵਾਦਾਂ ਵਿੱਚ ਆ ਗਿਆ ਹੈ। ਅੱਜ ਸਥਾਨਕ ਟਰੱਕ ਸੁਸਾਇਟੀ ਦੇ ਕਾਰਜਕਾਰੀ ਅਹੁਦੇਦਾਰਾਂ ਦੀ ਅਗਵਾਈ ਹੇਠ ਸਥਾਨਕ ਵਾਹਨ ਚਾਲਕਾਂ ਵੱਲੋਂ ਟੋਲ ਵਸੂਲੀ ਦੇ ਖਿਲਾਫ਼ ਜ਼ਬਰਦਸਤ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਦਾ ਕਹਿਣਾ ਸੀ ਕਿ ਟੋਲ ਪਲਾਜ਼ਾ ਉਪਰ ਪ੍ਰਸ਼ਾਸਨ ਵੱਲੋਂ ਟੋਲ ਵਸੂਲੀ ‘ਤੇ ਰੋਕ ਦੇ ਹੁਕਮ ਜਾਰੀ ਕੀਤੇ ਗਏ ਹਨ ਪਰ ਇਸ ਦੇ ਬਾਵਜੂਦ ਟੋਲ ਪਲਾਜ਼ਾ ਵੱਲੋਂ ਟੋਲ ਵਸੂਲੀ ਕੀਤੀ ਜਾ ਰਹੀ ਹੈ ।ਇਸ ਦੌਰਾਨ ਟਰਾਂਸਪੋਰਟ ਸੋਸਾਇਟੀ ਕੀਰਤਪੁਰ ਸਾਹਿਬ ਦੇ ਕਾਰਜਕਾਰੀ ਪ੍ਰਧਾਨ ਬਲਬੀਰ ਸਿੰਘ ਅਤੇ ਹਿਮਾਚਲ ਮੋਟਰ ਚਾਲਕ ਸੰਘ ਦਾਲਡਾਘਾਟ ਦੇ ਪ੍ਰਧਾਨ ਦੀ ਅਗਵਾਈ ਵਿੱਚ ਇਕੱਠੇ ਹੋਏ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਦਰਜਨਾਂ ਵਾਹਨ ਚਾਲਕਾਂ ਵੱਲੋਂ ਮੋੜਾ ਟੋਲ ਪਲਾਜ਼ਾ ‘ਤੇ ਕਰੀਬ ਦੋ ਘੰਟੇ ਤੱਕ ਧਰਨਾ ਪ੍ਰਦਰਸ਼ਨ ਕਰਦੇ ਹੋਏ ਟੋਲ ਪਲਾਜ਼ਾ ਪ੍ਰਬੰਧਕਾਂ ਦੇ ਖ਼ ?ਲਾਫ਼ ਭਾਰੀ ਨਾਰੇਬਾਜ਼ੀ ਕੀਤੀ ਗਈ। ਜਿਸ ਕਾਰਨ ਕੌਮੀ ਮਾਰਗ ਦੇ ਦੇ ਦੋਹਾਂ ਪਾਸਿਆਂ ‘ਤੇ ਜਾਮ ਲੱਗ ਗਿਆ ਅਤੇ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ। ਉੱਥੇ ਹੀ ਮੌਕੇ ‘ਤੇ ਪੁੱਜੀ ਥਾਣਾ ਸ਼੍ਰੀ ਕੀਰਤਪੁਰ ਸਾਹਿਬ ਦੀ ਪੁਲਿਸ ਪਾਰਟੀ ਵੱਲੋਂ ਸਥਿਤੀ ‘ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ ਗਈ ।ਪ੍ਰਦਰਸ਼ਨਕਾਰੀਆਂ ਦਾ ਕਹਿਣਾ ਸੀ ਕਿ ਹਾਲ ਹੀ ਵਿੱਚ ਹਿਮਾਚਲ ਪ੍ਰਦੇਸ਼ ਵਿੱਚ ਹੋ ਰਹੀ ਭਾਰੀ ਬਾਰਿਸ਼ ਕਾਰਨ ਪਹਾੜੀਆਂ ਤੋਂ ਪੱਥਰ ਅਤੇ ਮਲਬਾ ਸੜਕ ‘ਤੇ ਡਿੱਗ ਰਿਹਾ ਹੈ। ਜਿਸ ਕਾਰਨ ਫੋਰਲੇਨ ਸੜਕ ਦੀ ਹਾਲਤ ਬਹੁਤ ਹੀ ਬਦਤਰ ਹੋ ਗਈ ਹੈ। ਕਈ ਥਾਵਾਂ ‘ਤੇ ਵਾਹਨ ਘੰਟਿਆਂ ਤੱਕ ਜਾਮ ਵਿੱਚ ਫਸੇ ਰਹਿੰਦੇ ਹਨ ਅਤੇ ਕੁਝ ਥਾਵਾਂ ‘ਤੇ ਇਕ-ਪਾਸੇ ਟ$ਰੈਫਿਕ ਚਲਾਇਆ ਜਾ ਰਿਹਾ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਇਸ ਕਾਰਨ ਕਈ ਵਾਹਨ ਖਰਾਬ ਵੀ ਹੋਏ ਹਨ ।ਫੋਰਲੇਨ ਦੀ ਖਰਾਬ ਹਾਲਤ ਨੂੰ ਵੇਖਦੇ ਹੋਏ ਡਿਪਟੀ ਕਮਿਸ਼ਨਰ ਬਿਲਾਸਪੁਰ ਵੱਲੋਂ ਇੱਕ ਮਹੀਨੇ ਲਈ ਟੋਲ ਵਸੂਲੀ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਪਰ ਇਸ ਦੇ ਬਾਵਜੂਦ ਟੋਲ ਪਲਾਜ਼ਾ ਮੋੜਾ ‘ਤੇ ਵਾਹਨ ਚਾਲਕਾਂ ਤੋਂ ਟੋਲ ਵਸੂਲਿਆ ਜਾ ਰਿਹਾ ਹੈ। ਜਿਸ ਨਾਲ ਲੋਕਾਂ ਵਿੱਚ ਭਾਰੀ ਗੁੱਸਾ ਹੈ। ਵਾਹਨ ਚਾਲਕਾਂ ਨੇ ਸਵਾਲ ਚੁੱਕਿਆ ਕਿ ਜਦੋਂ ਸੜਕਾਂ ਟੁੱਟੀਆਂ ਹੋਈਆਂ ਹਨ, ਆਵਾਜਾਈ ਵਿਚ ਰੁਕਾਵਟ ਹੈ ਅਤੇ ਸੁਵਿਧਾਵਾਂ ਨਹੀਂ ਮਿਲ ਰਹੀਆਂ ਤਾਂ ਫਿਰ ਟੋਲ ਪਲਾਜ਼ਾ ਕੰਪਨੀ ਵੱਲੋਂ ਟੋਲ ਕਿਉਂ ਵਸੂਲਿਆ ਜਾ ਰਿਹਾ ਹੈ ।ਇਸ ਮੌਕੇ ਪ੍ਰਦਰਸ਼ਨਕਾਰੀਆਂ ਨੇ ਪ੍ਰਸ਼ਾਸਨ ਅਤੇ ਟੋਲ ਪਲਾਜ਼ਾ ਕੰਪਨੀ ਤੋਂ ਤੁਰੰਤ ਟੋਲ ਵਸੂਲੀ ‘ਤੇ ਰੋਕ ਲਗਾਉਣ ਅਤੇ ਫੋਰਲੇਨ ਸੜਕ ਦੀ ਜਲਦ ਮੁਰੰਮਤ ਕਰਨ ਦੀ ਮੰਗ ਕੀਤੀ ਹੈ। ਰ ਇਸ ਦੇ ਬਾਵਜੂਦ ਟੋਲ ਪਲਾਜ਼ਾ ਮੋੜਾ ‘ਤੇ ਵਾਹਨ ਚਾਲਕਾਂ ਤੋਂ ਟੋਲ ਵਸੂਲਿਆ ਜਾ ਰਿਹਾ ਹੈ। ਜਿਸ ਨਾਲ ਲੋਕਾਂ ਵਿੱਚ ਭਾਰੀ ਗੁੱਸਾ ਹੈ। ਵਾਹਨ ਚਾਲਕਾਂ ਨੇ ਸਵਾਲ ਚੁੱਕਿਆ ਕਿ ਜਦੋਂ ਸੜਕਾਂ ਟੁੱਟੀਆਂ ਹੋਈਆਂ ਹਨ, ਆਵਾਜਾਈ ਵਿਚ ਰੁਕਾਵਟ ਹੈ ਅਤੇ ਸੁਵਿਧਾਵਾਂ ਨਹੀਂ ਮਿਲ ਰਹੀਆਂ ਤਾਂ ਫਿਰ ਟੋਲ ਪਲਾਜ਼ਾ ਕੰਪਨੀ ਵੱਲੋਂ ਟੋਲ ਕਿਉਂ ਵਸੂਲਿਆ ਜਾ ਰਿਹਾ ਹੈ ।ਇਸ ਮੌਕੇ ਪ੍ਰਦਰਸ਼ਨਕਾਰੀਆਂ ਨੇ ਪ੍ਰਸ਼ਾਸਨ ਅਤੇ ਟੋਲ ਪਲਾਜ਼ਾ ਕੰਪਨੀ ਤੋਂ ਤੁਰੰਤ ਟੋਲ ਵਸੂਲੀ ‘ਤੇ ਰੋਕ ਲਗਾਉਣ ਅਤੇ ਫੋਰਲੇਨ ਸੜਕ ਦੀ ਜਲਦ ਮੁਰੰਮਤ ਕਰਨ ਦੀ ਮੰਗ ਕੀਤੀ ਹੈ ।ਉਹਨਾਂ ਦਾ ਕਹਿਣਾ ਹੈ ਕਿ ਜਦ ਤੱਕ ਸੜਕ ਪੂਰੀ ਤਰ੍ਹਾਂ ਠੀਕ ਨਹੀਂ ਹੋ ਜਾਂਦੀ ਅਤੇ ਸੁਵਿਧਾਵਾਂ ਨਹੀਂ ਦਿੱਤੀਆਂ ਜਾਂਦੀਆਂ, ਤਦ ਤੱਕ ਕਿਸੇ ਵੀ ਕਿਸਮ ਦੀ ਟੋਲ ਵਸੂਲੀ ਨਿਯਮਾਂ ਦੇ ਖ਼ ?ਲਾਫ਼ ਹੈ ।ਇਸ ਬਾਰੇ ਥਾਣਾ ਸ੍ਰੀ ਕੀਰਤਪੁਰ ਸਾਹਿਬ ਦੇ ਐਸਐਚਓ ਇੰਸਪੈਕਟਰ ਜਤਿਨ ਕਪੂਰ ਨੇ ਧਰਨਾਕਾਰੀਆਂ ਦੀ ਗੱਲ ਸੁਣੀ ਅਤੇ ਉਹਨਾਂ ਤੋਂ ਪ੍ਰਸ਼ਾਸਨ ਵੱਲੋਂ ਜਾਰੀ ਕੀਤੀ ਚਿੱਠੀ ਪ੍ਰਾਪਤ ਕਰਕੇ ਟੋਲ ਪਲਾਜਾ ਪ੍ਰਬੰਧਕਾਂ ਨਾਲ ਗੱਲਬਾਤ ਕੀਤੀ ਅਤੇ ਜਿਸ ਤੋਂ ਬਾਅਦ ਟੋਲ ਪਲਾਜਾ ਪ੍ਰਬੰਧਕਾਂ ਵੱਲੋਂ ਆਪਣੇ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਟੋਲ ਪਲਾਜਾ ਬੰਦ ਕਰ ਦਿੱਤਾ ਗਿਆ ।**ਕੀ ਕਹਿਣਾ ਹੈ ਟੋਲ ਮੈਨੇਜਰ ਦਾ** - ਇਸ ਬਾਰੇ ਜਦੋਂ ਮੋੜਾ ਟੋਲ ਪਲਾਜਾ ਦੇ ਮੈਨੇਜਰ ਸੁਮਿਤ ਚੌਧਰੀ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਡੀਸੀ ਬਿਲਾਸਪੁਰ ਵੱਲੋਂ ਐਨਐਚਆਈ ਨੂੰ ਟੋਲ ਬੰਦ ਕਰਨ ਦੇ ਲਈ ਇੱਕ ਮੇਲ ਕੀਤੀ ਗਈ ਸੀ, ਪਰ ਟੋਲ ਪਲਾਜ਼ਾ ਨੂੰ ਐਨਐਚਆਈ ਵੱਲੋਂ ਹੁਣ ਤੱਕ ਟੋਲ ਬੰਦ ਕਰਨ ਲਈ ਕੋਈ ਹੁਕਮ ਨਹੀਂ ਮਿਲੇ ਸਨ ਪਰ ਹੁਣ ਐਨਐਚਆਈ ਵੱਲੋਂ ਟੋਲ ਬੰਦ ਕਰਨ ਦੇ ਹੁਕਮ ਆ ਗਏ ਹਨ ਟੋਲ ਪਲਾਜ਼ਾ ਉਦੋਂ ਤੱਕ ਬੰਦ ਰਹੇਗਾ ਜਦੋਂ ਤੱਕ ਕੌਮੀ ਮਾਰਗ ਦੀ ਮੁਰੰਮਤ ਨਹੀਂ ਹੋ ਜਾਂਦੀ।

# ਕੈਂਟਰ ਅਤੇ ਸਕੂਟਰੀ ਦੀ ਟੱਕਰ ’ਚ ਸਕੂਟਰੀ ਸਵਾਰ ਦੋ ਵਿਅਕਤੀਆਂ ਦੀ ਮੌਤ।



ਸ੍ਰੀ ਕੀਰਤਪੁਰ ਸਾਹਿਬ, 21 ਅਗਸਤ (ਬੀ ਐਸ ਰਾਣਾ) ਅੱਜ ਸਵੇਰੇ ਕਰੀਬ 11:00 ਵਜੇ ਕੌਮੀ ਮਾਰਗ ਨੰਬਰ 21 (205) ਚੰਡੀਗੜ੍ਹ-ਮਨਾਲੀ ਮੁੱਖ ਮਾਰਗ ’ਤੇ ਇੱਕ ਬੇਕਾਬੂ ਕੈਂਟਰ ਵੱਲੋਂ ਸਕੂਟਰੀ ਨੂੰ ਟੱਕਰ ਮਾਰਨ ਕਾਰਨ ਸਕੂਟਰੀ ਸਵਾਰ ਦੋ ਵਿਅਕਤੀਆਂ ਦੀ ਘਟਨਾ ਸਥਾਨ ’ਤੇ ਹੀ ਮੌਤ ਹੋਣ ਜਾਣ ਦੀ ਸੂਚਨਾ ਪ੍ਰਾਪਤ ਹੋਈ ਹੈ ।ਇਸ ਸਬੰਧੀ ਜਾਣਕਾਰੀ ਦਿੰਦਿਆਂ ਘਟਨਾ ਸਥਾਨ ’ਤੇ ਇਕੱਠੇ ਹੋਏ ਲੋਕਾਂ ਨੇ ਦੱਸਿਆ ਕਿ ਰੇਲਵੇ ਕੰਪਨੀ ਦੇ ਕਰੈਸ਼ਰ ’ਤੇ ਕੰਮ ਕਰਦੇ ਰਫ਼ੀਕ ਮੁਹੰਮਦ (47) ਪੁੱਤਰ ਸਦੀਕ ਦੀਨ ਨਿਵਾਸੀ ਪਿੰਡ ਜ਼ਕਾਤ ਖ਼ਾਨਾ ਜ਼ਿਲ੍ਹਾ ਬਿਲਾਸਪੁਰ (ਹਿਮਾਚਲ ਪ੍ਰਦੇਸ਼) ਆਪਣੇ ਸਾਥੀ ਸੁਨੀਲ ਕੁਮਾਰ (32) ਪੁੱਤਰ ਕਮਲ ਦੇਵ ਨਿਵਾਸੀ ਪਿੰਡ ਬਰੂਆ ਜ਼ਿਲ੍ਹਾ ਹਮੀਰਪੁਰ (ਹਿਮਾਚਲ ਪ੍ਰਦੇਸ਼) ਦੇ ਨਾਲ ਸਕੂਟਰੀ ਨੰਬਰ ਐਚਪੀ 91-4056 ’ਤੇ ਸਵਾਰ ਹੋ ਕੇ ਜਾ ਰਹੇ ਸਨ। ਇਸੇ ਦੌਰਾਨ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਸਰਹੱਦੀ ਪਿੰਡ ਗਰਾ ਮੋੜਾ ਦੇ ਨੇੜੇ ਸੜਕ ਦੀ ਉਤਰਾਈ ’ਚ ਹਿਮਾਚਲ ਪ੍ਰਦੇਸ਼ ਤੋਂ ਸੇਬ ਲੋਡ ਕਰਕੇ ਪੰਜਾਬ ਵੱਲ ਆ ਰਿਹਾ ਇਕ ਤੇਜ਼ ਰਫ਼ਤਾਰ ਕੈਂਟਰ ਨੰਬਰ ਯੂਪੀ 90 ਈਟੀ 5462 ਬੇਕਾਬੂ ਹੋ ਕੇ ਸਕੂਟਰੀ ਨੂੰ ਆਪਣੀ ਲਪੇਟ ਵਿੱਚ ਲੈ ਲਿਆ, ਜਿਸ ਕਾਰਨ ਸਕੂਟਰੀ ਸਵਾਰ ਦੋਵੇਂ ਵਿਅਕਤੀ ਸੜਕ ’ਤੇ ਡਿੱਗ ਕੇ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਅਤੇ ਘਟਨਾ ਸਥਾਨ ’ਤੇ ਹੀ ਉਨ੍ਹਾਂ ਦੀ ਮੌਤ ਹੋ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਟੱਕਰ ਤੋਂ ਤੁਰੰਤ ਬਾਅਦ ਸਕੂਟਰੀ ਨੂੰ ਭਿਆਨਕ ਅੱਗ ਲੱਗ ਗਈ ਅਤੇ ਸਕੂਟਰੀ ਪੂਰੀ ਤਰ੍ਹਾਂ ਨਾਲ ਸੜ ਗਈ। ਉੱਧਰ ਹਾਦਸੇ ਦੌਰਾਨ ਉਕਤ ਕੈਂਟਰ ਵੀ ਸੜਕ ਦੇ ਵਿਚਕਾਰ ਹੀ ਪਲਟ ਗਿਆ। ਜਦਕਿ ਕੈਂਟਰ ਚਾਲਕ ਬਾਲ ਬਾਲ ਬਚ ਗਿਆ ਅਤੇ ਉਸ ਨੂੰ ਕੇਵਲ ਮਾਮੂਲੀ ਸੱਟਾਂ ਲੱਗੀਆਂ। ਇਸ ਦੌਰਾਨ ਚੰਡੀਗੜ੍ਹ-ਮਨਾਲੀ ਮੁੱਖ ਮਾਰਗ ’ਤੇ ਆਵਾਜਾਈ ਪ੍ਰਭਾਵਿਤ ਹੋ ਗਈ। ਜਿਸ ਤੋਂ ਬਾਅਦ ਮੌਕੇ ’ਤੇ ਪਹੁੰਚੀ ਥਾਣਾ ਸਵਾਰਘਾਟ ਦੀ ਪੁਲਿਸ ਵੱਲੋਂ ਹਾਦਸਾਗ੍ਰਸਤ ਵਾਹਨਾਂ ਨੂੰ ਸੜਕ ਤੋਂ ਹਟਾ ਕੇ ਟ$ਰੈਫ਼ ?ਕ ਮੁੜ ਬਹਾਲ ਕਰਵਾਇਆ ਗਿਆ। ਪੁਲਿਸ ਵੱਲੋਂ ਦੋਵੇਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਏਮਸ ਕੋਠੀਪੁਲਾ ਬਿਲਾਸਪੁਰ ਭੇਜ ਦਿੱਤਾ ਗਿਆ ਹੈ। ਪੁਲਿਸ ਨੇ ਕੈਂਟਰ ਚਾਲਕ ਰਮੇਸ਼ ਚੰਦ ਨਿਵਾਸੀ ਪਿੰਡ ਚਮਰੌਲੀ, ਜ਼ਿਲ੍ਹਾ ਬਿਲਾਸਪੁਰ (ਹਿਮਾਚਲ ਪ੍ਰਦੇਸ਼) ਖ਼ ?ਲਾਫ਼ ਬੀਐਨਐਸ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਪੀਰ ਬਾਬਾ ਪੰਜ ਪੀਰ ਦੀ ਦਰਗਾਹ ਤੇ ਸਾਲਾਨਾ ਸੱਭਿਆਚਾਰਕ ਮੇਲਾ ਕਰਵਾਇਆ



ਚੋਗਾਵਾਂ, 21 ਅਗੱਸਤ (ਸੁਬੇਗ ਸਿੰਘ ਸੋਨਾ) ਜਿਲਾ ਅੰਮ੍ਰਿਤਸਰ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਪੰਡੋਰੀ ਵਿਖੇ ਪੀਰ ਬਾਬਾ ਪੰਜ ਪੀਰ ਦੀ ਦਰਗਾਹ ’ਤੇ ਸਾਲਾਨਾ ਸੱਭਿਆਚਾਰਕ ਮੇਲਾ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਦੇ ਨਾਲ ਕਰਵਾਇਆ ਗਿਆ। ਸਵੇਰ ਤੋਂ ਹੀ ਵੱਡੀ ਗਿਣਤੀ ਵਿਚ ਸੰਗਤਾਂ ਨੇ ਦਰਗਾਹ ਉਪਰ ਸ਼ਰਧਾ ਨਾਲ ਮੱਥਾ ਟੇਕਿਆ ਤੇ ਮਨੋਕਾਮਨਾਵਾਂ ਪੂਰੀਆਂ ਹੋਣ ’ਤੇ ਦਰਗਾਹ ’ਤੇ ਫਲ ਮਠਿਆਈਆਂ ਅਤੇ ਚੂਰਮਿਆਂ ਦੇ ਪ੍ਰਸ਼ਾਦ ਚੜਾਏ। ਜ਼ਿਕਰ ਯੋਗ ਹੈ ਕਿ ਬਾਬਾ ਪੰਜ ਪੀਰ ਦੀ ਦਰਗਾਹ ਤੇ ਜਿਹੜੀਆਂ ਵੀ ਸੰਗਤਾਂ ਆਪਣੀਆਂ ਅਰਦਾਸਾਂ ਬੇਨਤੀਆਂ ਲੈ ਕੇ ਆਉਂਦੀਆਂ ਹਨ ਉਹ ਝੋਲੀਆਂ ਭਰ ਕੇ ਘਰਾਂ ਨੂੰ ਵਾਪਸ ਜਾਂਦੀਆਂ ਹਨ। ਇਸ ਉਪਰੰਤ ਲੱਗੇ ਖੁੱਲੇ ਅਖਾੜੇ ਦੇ ਵਿੱਚ ਪੰਜਾਬ ਦੀ ਪ੍ਰਸਿੱਧ ਗਾਇਕ ਜੋੜੀ ਸਰਬਜੀਤ ਬੁੱਗਾ ਤੇ ਮਨਪ੍ਰੀਤ ਨੇ ਆਏ ਹੋਏ ਸਰੋਤਿਆਂ ਨੂੰ ਆਪਣੇ ਨਵੇਂ ਪੁਰਾਣੇ ਗੀਤਾਂ ਦੀ ਝੜੀ ਲਗਾ ਕੇ ਉਹਨਾਂ ਦਾ ਖੂਬ ਮਨੋਰੰਜਨ ਕੀਤਾ। ਇਸ ਮੌਕੇ ਤੇ ਸਰਪੰਚ ਦਿਲਬਾਗ ਸਿੰਘ ਅਤੇ ਮੇਲਾ ਪ੍ਰਬੰਧਕਾਂ ਵੱਲੋਂ ਆਏ ਹੋਏ ਕਲਾਕਾਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸੇਵਾਦਾਰ ਵੱਲੋਂ ਸੰਗਤਾਂ ਦੇ ਲਈ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਕਈ ਸਵਾਦੀ ਪਕਵਾਨਾਂ ਦੇ ਲੰਗਰ ਵੀ ਵਰਤਾਏ ਗਏ। ਇਸ ਮੌਕੇ ਤੇ ਸਰਪੰਚ ਦਿਲਬਾਗ ਸਿੰਘ, ਮੈਂਬਰ ਬਲਜੀਤ ਸਿੰਘ, ਮੈਂਬਰ ਰੇਸ਼ਮ ਸਿੰਘ, ਮੈਂਬਰ ਅਨੋਖ ਸਿੰਘ, ਲਾਲ ਸਿੰਘ, ਦਰਸ਼ਨ ਸਿੰਘ, ਸੂਰਪ ਸਿੰਘ, ਝਿੰਮਾ ਮਸੀਹ, ਸੁਰਜੀਤ ਸਿੰਘ ਸਮੇਤ ਸਮੂਹ ਪਿੰਡ ਇਲਾਕੇ ਦੀਆਂ ਸੰਗਤਾਂ ਹਾਜਰ ਸਨ।

# ਜ਼ਿਲ੍ਹਾ ਸਿਹਤ ਵਿਭਾਗ ਦੇ ਅਧਿਕਾਰੀਆਂ ਵਲੋਂ ਹੜ੍ਹ ਪ੍ਰਭਾਵਿਤ ਖੇਤਰ ਦੇ ਪਿੰਡਾਂ ਦਾ ਕੀਤਾ ਦੌਰਾ



ਫ਼ਾਜ਼ਿਲਕਾ 21 ਅਗਸਤ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਡਾਕਟਰ ਰਾਜ ਕੁਮਾਰ ਸਿਵਲ ਸਰਜਨ ਫ਼ਾਜ਼ਿਲਕਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾਕਟਰ ਰੋਹਿਤ ਗੋਇਲ ਸਹਾਇਕ ਸਿਵਲ ਸਰਜਨ, ਡਾਕਟਰ ਅਰਪਿਤ ਗੁਪਤਾ ਜਿਲ੍ਹਾ ਟੀਕਾਕਰਣ ਅਫ਼ਸਰ, ਡਾਕਟਰ ਏਰਿਕ ਸੀਨੀਅਰ ਮੈਡੀਕਲ ਅਫ਼ਸਰ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ। ਇਸ ਸਮੇਂ ਉਹਨਾਂ ਨਾਲ ਮਾਸ ਮੀਡੀਆ ਤੋਂ ਵਿਨੋਦ ਖੁਰਾਣਾ ਅਤੇ ਦਿਵੇਸ਼ ਕੁਮਾਰ ਵੀ ਹਨ। ਸਿਹਤ ਵਿਭਾਗ ਵਲੋਂ ਚੱਲ ਰਹੇ ਪਿੰਡ ਗੁਲਾਬ ਭੈਣੀ, ਪਤਨ ਪੋਸਟ ਅਤੇ ਰੇਤੇ ਵਾਲੀ ਭੈਣੀ ਵਿਖੇ ਮੈਡੀਕਲ ਕੈਂਪਾਂ ਅਤੇ ਨੈਸ਼ਨਲ ਵੈਕਟਰ ਬੌਰਨ ਡਜ਼ੀਜ਼ ਕੰਟਰੋਲ ਟੀਮਾਂ ਦਾ ਜ਼ਾਇਜਾ ਲਿਆ। ਇਸ ਸਮੇਂ ਉਹ ਲੋਕਾਂ ਨੂੰ ਮਿਲੇ ਅਤੇ ਸਿਹਤ ਸਬੰਧੀ ਆ ਰਹੀਆਂ ਮੁਸ਼ਕਿਲਾਂ ਸਬੰਧੀ ਜਾਣਕਾਰੀ ਹਾਸਿਲ ਕੀਤੀ। ਅੱਜ ਵਿਖੇ ਮੈਡੀਕਲ ਕੈਂਪ ਦਾ ਦੌਰਾ ਕੀਤਾ। ਇਸ ਸਮੇਂ ਡਾਕਟਰ ਰੋਹਿਤ ਗੋਇਲ ਨੇ ਬਰਸਾਤਾਂ ਦੇ ਮੌਸਮ ਦੌਰਾਨ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਣ ਲਈ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ। ਪੀਣ ਵਾਲੇ ਪਾਣੀ ਨੂੰ ਉਬਾਲ ਕਰਕੇ ਠੰਡਾ ਕਰਕੇ ਪੀਣ ਲਈ ਵਰਤਿਆ ਜਾਵੇ ਜਾਂ ਕਲੋਰੀਨੇਟ ਕਰਕੇ ਵਰਤਿਆ ਜਾਵੇ। ਇਸ ਲਈ ਲੋਕਾਂ ਨੂੰ ਕਲੋਰੀਨ ਦੀਆਂ ਗੋਲੀਆਂ ਘਰ ਘਰ ਮੁਫਤ ਵੰਡੀਆਂ ਜਾ ਰਹੀਆਂ ਹਨ। 20 ਲੀਟਰ ਪਾਣੀ ਵਿੱਚ ਇੱਕ ਗੋਲੀ ਕਲੋਰੀਨ ਦੀ ਪਾ ਕੇ 8 ਘੰਟਿਆਂ ਬਾਅਦ ਪਾਣੀ ਪੀਣ ਲਈ ਸੇਵਨ ਕਰੋ। ਇਨਫੈਕਸ਼ਨ ਤੋਂ ਬਚਣ ਲਈ ਵਾਰ ਵਾਰ ਸਾਬਣ ਅਤੇ ਪਾਣੀ ਨਾਲ ਹੱਥ ਧੋਤੇ ਜਾਣ। ਜੇਕਰ ਕਿਸੇ ਨੂੰ ਬੁਖਾਰ ਜਾਂ ਦਸਤ ਦੀ ਸਮੱਸਿਆ ਆਉਂਦੀ ਹੈ ਤਾਂ ਤੁਰੰਤ ਨੇੜੇ ਦੀ ਸਰਕਾਰੀ ਸਿਹਤ ਸੰਸਥਾ ਦੇ ਮਾਹਿਰ ਡਾਕਟਰ ਦੀ ਸਲਾਹ ਲਈ ਜਾਵੇ। ਜੇਕਰ ਕਿਸੇ ਇੱਕ ਏਰੀਏ ਵਿੱਚ ਤਿੰਨ ਤੋਂ ਵੱਧ ਇਨਫੈਕਸ਼ਨ ਵਾਲੇ ਕੇਸਾਂ ਬਾਰੇ ਪਤਾ ਲੱਗਦਾ ਹੈ ਤਾਂ ਤੁਰੰਤ ਨੇੜੇ ਦੀ ਸਰਕਾਰੀ ਸਿਹਤ ਸੰਸਥਾ ਨੂੰ ਸੂਚਿਤ ਕੀਤਾ ਜਾਵੇ। ਹੜ੍ਹਾਂ ਦੌਰਾਨ ਦੂਸ਼ਿਤ ਪਾਣੀ ਅਤੇ ਕੀੜਿਆਂ ਦੇ ਕੱਟਣ ਨਾਲ ਚਮੜੀ ਤੇ ਬੈਕਟੀਰੀਅਲ ਇਨਫੈਕਸ਼ਨ ਹੋ ਸਕਦੀ ਹੈ, ਇਸ ਲਈ ਪੂਰੀ ਬਾਂਹ ਵਾਲੇ ਕੱਪੜੇ ਪਾਏ ਜਾਣ। ਹੜ੍ਹਾਂ ਦੌਰਾਨ ਸੱਪ ਦੇ ਕੱਟਣ ਦੀਆ ਘਟਨਾਵਾਂ ਆਮ ਹੋ ਜਾਂਦੀਆਂ ਹਨ, ਇਸ ਲਈ ਕੋਸ਼ਿਸ਼ ਕੀਤੀ ਜਾਵੇ ਕਿ ਖੜ੍ਹੇ ਪਾਣੀ ਵਿੱਚ ਨਾ ਜਾਓ ਅਤੇ ਜੇਕਰ ਪਾਣੀ ਵਿਚ ਜਾਣਾ ਜਰੂਰੀ ਹੋਵੇ ਤਾਂ ਲੰਬੇ ਬੂਟ ਪਾ ਕੇ ਜਾਓ। ਜੇਕਰ ਸੱਪ ਕੱਟ ਲੈਂਦਾ ਹੈ ਤਾਂ ਤੁਰੰਤ ਨੇੜੇ ਦੀ ਸਿਹਤ ਸੰਸਥਾ ਨਾਲ ਸੰਪਰਕ ਕੀਤਾ ਜਾਵੇ। ਡਾਕਟਰ ਅਰਪਿਤ ਨੇ ਦੱਸਿਆ ਕਿ ਬਰਸਾਤਾਂ ਦੌਰਾਨ ਉਲਟੀਆਂ ਜਾਂ ਦਸਤ ਹੋਣ ਦੀ ਸੂਰਤ ਵਿੱਚ ਓ.ਆਰ.ਐਸ. (ਜੀਵਨ ਰੱਖਿਅਕ ਘੋਲ) ਦੀ ਵਰਤੋਂ ਕਰਨੀ ਚਾਹੀਦੀ ਹੈ, ਜੋ ਸਿਹਤ ਵਿਭਾਗ ਦੀਆਂ ਸਾਰੀਆਂ ਸੰਸਥਾਵਾਂ ਵਿੱਚ ਮੁਫ਼ਤ ਮਿਲਦਾ ਹੈ। ਆਪਣੀ ਨਿੱਜੀ ਸਫ਼ਾਈ ਦਾ ਖਾਸ ਧਿਆਨ ਰੱਖਿਆ ਜਾਵੇ। ਖਾਣ ਪੀਣ ਵਾਲੀਆਂ ਵਸਤਾਂ ਹਮੇਸ਼ਾ ਢੱਕ ਕੇ ਰੱਖੋ। ਜ਼ਿਆਦਾ ਪੱਕੇ ਹੋਏ, ਕੱਟੇ ਹੋਏ ਫ਼ਲ ਜਾਂ ਸਬਜ਼ੀਆਂ ਨਹੀਂ ਖਰੀਦਣੀਆਂ ਚਾਹੀਦੀਆਂ। ਬਜ਼ਾਰਾਂ ਦੀਆਂ ਬਣੀਆਂ ਚੀਜਾਂ ਖਾਣ ਤੋਂ ਪ੍ਰਹੇਜ਼ ਕੀਤਾ ਜਾਵੇ, ਘਰ ਦਾ ਬਣਿਆ ਹੋਇਆ ਤਾਜ਼ਾ ਖਾਣਾ ਹੀ ਖਾਣਾ ਚਾਹੀਦਾ ਹੈ। ਮੱਖੀਆਂ ਤੋਂ ਬਚਾਅ ਲਈ ਖਾਣ ਪੀਣ ਵਾਲੀਆਂ ਵਸਤੂਆਂ ਨੂੰ ਢੱਕ ਕੇ ਰੱਖਣਾ ਚਾਹੀਦਾ ਹੈ। ਖਾਣਾ ਬਣਾਉਣ, ਖਾਣਾ ਖਾਣ, ਖਾਣਾ ਵਰਤਾਉਣ ਤੋਂ ਪਹਿਲਾਂ ਅਤੇ ਸੌਚ ਜਾਣ ਤੋਂ ਬਾਅਦ ਆਪਣੇ ਹੱਥ ਸਾਬਣ ਨਾਲ ਚੰਗੀ ਤਰ੍ਹਾਂ ਧੋਣੇ ਚਾਹੀਦੇ ਹਨ। ਕੋਈ ਵੀ ਸਿਹਤ ਸਮੱਸਿਆ ਹੋਣ ਦੀ ਸੂਰਤ ਵਿੱਚ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕੀਤਾ ਜਾਵੇ।

# ਹੜ੍ਹ ਪੀੜਤਾਂ ਦੀ ਮਦਦ ਲਈ ਕੌਂਸਲਰ ਪੂਜਾ ਲੂਥਰਾ ਅਤੇ ਸਮਾਜ ਸੇਵੀ ਅਜੈ ਸਚਦੇਵਾ ਦੀ ਟੀਮ ਦਾ ਸ਼ਲਾਘਾਯੋਗ ਯਤਨ



ਫਾਜ਼ਿਲਕਾ 21 ਅਗਸਤ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਸਰਹਦੀ ਖੇਤਰ ਦੇ ਪਿੰਡਾਂ ਵਿੱਚ ਹੜ੍ਹ ਵਰਗੀਆਂ ਕੁਦਰਤੀ ਆਫਤਾਂ ਨੇ ਜਿੱਥੇ ਲੋਕਾਂ ਦੀਆਂ ਜ਼ਿੰਦਗੀਆਂ ਨੂੰ ਝੰਬਿਆ ਹੈ, ਉੱਥੇ ਸਮਾਜਿਕ ਸਰਗਰਮੀਆਂ ਅਤੇ ਮਾਨਵਤਾ ਦੀ ਸੇਵਾ ਵਿੱਚ ਜੁਟੇ ਲੋਕਾਂ ਨੇ ਹੌਸਲੇ ਨਾਲ ਅੱਗੇ ਵਧ ਕੇ ਪੀੜਤਾਂ ਦੀ ਮਦਦ ਕਰਨ ਦਾ ਬੀੜਾ ਚੁੱਕਿਆ ਹੈ। ਇਸੇ ਦਿਸ਼ਾ ਵਿੱਚ ਕੌਂਸਲਰ ਪੂਜਾ ਲੂਥਰਾ ਅਤੇ ਸਮਾਜਸੇਵੀ ਅਜੈ ਸਚਦੇਵਾ ਦੀ ਅਗਵਾਈ ਹੇਠ ਇੱਕ ਸਰਗਰਮ ਟੀਮ ਨੇ ਹੜ੍ਹ ਪ੍ਰਭਾਵਿਤ ਖੇਤਰਾਂ, ਖਾਸਕਰ ਢਾਣੀ ਮੋਹਣਾ ਰਾਮ, ਢਾਣੀ ਸੱਦਾ ਸਿੰਘ (ਵਾਰਡ 5) ਅਤੇ ਰੇਤੇ ਵਾਲੀ ਭੈਣੀ ਵਿੱਚ ਰਾਹਤ ਸਮੱਗਰੀ ਅਤੇ ਰਾਸ਼ਨ ਵੰਡਣ ਦੀ ਸੇਵਾ ਨੂੰ ਲਗਾਤਾਰ ਜਾਰੀ ਰੱਖਿਆ ਹੈ। ਇਹਨਾਂ ਸਰਹਦੀ ਪਿੰਡਾਂ ਦੇ ਲੋਕ, ਜੋ ਕੁਦਰਤੀ ਆਫਤ ਦੀ ਮਾਰ ਹੇਠ ਆਪਣੀ ਰੋਜ਼ਮਰ੍ਹਾ ਦੀ ਜ਼ਿੰਦਗੀ ਚਲਾਉਣ ਵਿੱਚ ਮੁਸ਼ਕਿਲਾਂ ਦਾ ਸਾਹਮਣਾ ਕਰ ਰਹੇ ਹਨ, ਲਈ ਇਹ ਯਤਨ ਕਿਸੇ ਵਰਦਾਨ ਤੋਂ ਘੱਟ ਨਹੀਂ। ਕੌਂਸਲਰ ਪੂਜਾ ਲੂਥਰਾ, ਜੋ ਆਪਣੇ ਸਮਾਜ ਪ੍ਰਤੀ ਸਮਰਪਿਤ ਭਾਵਨਾ ਅਤੇ ਨੇਕ ਨੀਅਤ ਲਈ ਜਾਣੇ ਜਾਂਦੇ ਹਨ, ਨੇ ਇਸ ਮੌਕੇ ਸੰਬੋਧਨ ਕਰਦਿਆਂ ਕਿਹਾ, ਸਾਡੇ ਸਰਹਦੀ ਪਿੰਡਾਂ ਦੇ ਲੋਕ ਹਮੇਸ਼ਾ ਤੋਂ ਹੀ ਮੁਸੀਬਤਾਂ ਦਾ ਸਾਹਮਣਾ ਕਰਨ ਵਿੱਚ ਮਜ਼ਬੂਤ ਰਹੇ ਹਨ, ਪਰ ਅਜਿਹੇ ਮੁਸ਼ਕਿਲ ਸਮੇਂ ਵਿੱਚ ਸਾਨੂੰ ਇਕੱਠੇ ਹੋ ਕੇ ਉਹਨਾਂ ਦੀ ਮਦਦ ਕਰਨੀ ਜ਼ਰੂਰੀ ਹੈ। ਅਸੀਂ ਨਾ ਸਿਰਫ ਰਾਸ਼ਨ ਅਤੇ ਪਸ਼ੂਆਂ ਲਈ ਪੱਠਿਆਂ ਦੀ ਸੇਵਾ ਕਰ ਰਹੇ ਹਾਂ, ਸਗੋਂ ਪੀੜਤ ਪਰਿਵਾਰਾਂ ਨੂੰ ਇਹ ਅਹਿਸਾਸ ਵੀ ਦਿਵਾ ਰਹੇ ਹਾਂ ਕਿ ਉਹ ਇਸ ਮੁਸੀਬਤ ਵਿੱਚ ਇਕੱਲੇ ਨਹੀਂ। ਸਾਡੀ ਟੀਮ ਹਰ ਸੰਭਵ ਯਤਨ ਕਰ ਰਹੀ ਹੈ ਕਿ ਕੋਈ ਵੀ ਪਰਿਵਾਰ ਭੁੱਖਾ ਨਾ ਰਹੇ ਅਤੇ ਮੁਢਲੀਆਂ ਜ਼ਰੂਰਤਾਂ ਦੀ ਪੂਰਤੀ ਹੋ ਸਕੇ। ਇਸ ਸੇਵਾ ਕਾਰਜ ਵਿੱਚ ਸਮਾਜਸੇਵੀ ਅਜੈ ਸਚਦੇਵਾ ਦੀ ਭੂਮਿਕਾ ਵੀ ਨਿਵੇਕਲੀ ਰਹੀ। ਅਜੈ ਸਚਦੇਵਾ, ਜੋ ਲੰਬੇ ਸਮੇਂ ਤੋਂ ਸਮਾਜ ਸੇਵਾ ਵਿੱਚ ਸਰਗਰਮ ਹਨ, ਨੇ ਆਪਣੇ ਸੰਬੋਧਨ ਵਿੱਚ ਕਿਹਾ, ਹੜ੍ਹ ਵਰਗੀ ਆਫਤ ਨੇ ਸਾਡੇ ਪਿੰਡਾਂ ਦੇ ਲੋਕਾਂ ਦੀਆਂ ਜ਼ਿੰਦਗੀਆਂ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਅਸੀਂ ਸਿਰਫ ਰਾਸ਼ਨ ਜਾਂ ਸਮੱਗਰੀ ਨਹੀਂ ਵੰਡ ਰਹੇ, ਸਗੋਂ ਉਹਨਾਂ ਦੇ ਹੌਸਲੇ ਨੂੰ ਵੀ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰ ਰਹੇ ਹਾਂ। ਸਾਡੀ ਟੀਮ ਦਾ ਹਰ ਮੈਂਬਰ ਦਿਨ-ਰਾਤ ਇਸ ਸੇਵਾ ਵਿੱਚ ਜੁਟਿਆ ਹੋਇਆ ਹੈ, ਅਤੇ ਅਸੀਂ ਇਹ ਯਕੀਨੀ ਬਣਾਉਣਾ ਚਾਹੁੰਦੇ ਹਾਂ ਕਿ ਸਰਹਦੀ ਖੇਤਰ ਦਾ ਹਰ ਪੀੜਤ ਪਰਿਵਾਰ ਸੁਰੱਖਿਅਤ ਅਤੇ ਸਵੈ-ਨਿਰਭਰ ਹੋ ਸਕੇ। ਅਜੈ ਸਚਦੇਵਾ ਦੀ ਇਸ ਪ੍ਰੇਰਣਾਦਾਇਕ ਗੱਲ ਨੇ ਸਥਾਨਕ ਲੋਕਾਂ ਵਿੱਚ ਇੱਕ ਨਵਾਂ ਜੋਸ਼ ਭਰ ਦਿੱਤਾ ।ਇਸ ਸੇਵਾ ਮੁਹਿੰਮ ਦੌਰਾਨ ਪੂਜਾ ਲੂਥਰਾ ਅਤੇ ਅਜੈ ਸਚਦੇਵਾ ਦੀ ਟੀਮ ਨੇ ਨਾ ਸਿਰਫ ਰਾਸ਼ਨ ਦੀ ਵੰਡ ਕੀਤੀ, ਸਗੋਂ ਪੀੜਤ ਪਰਿਵਾਰਾਂ ਨੂੰ ਪਸ਼ੂਆਂ ਲਈ ਪੱਠੇ ਅਤੇ ਹੋਰ ਜ਼ਰੂਰੀ ਵਸਤਾਂ ਵੀ ਮੁਹੱਈਆ ਕਰਵਾਈਆਂ। ਢਾਣੀ ਮੋਹਣਾ ਰਾਮ ਅਤੇ ਢਾਣੀ ਸੱਦਾ ਸਿੰਘ ਵਿੱਚ, ਜਿੱਥੇ ਹੜ੍ਹ ਦਾ ਪ੍ਰਭਾਵ ਸਭ ਤੋਂ ਵੱਧ ਸੀ, ਟੀਮ ਨੇ ਘਰ-ਘਰ ਜਾ ਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਤੁਰੰਤ ਸਹਾਇਤਾ ਪ੍ਰਦਾਨ ਕੀਤੀ। ਰੇਤੇ ਵਾਲੀ ਭੈਣੀ ਵਿੱਚ ਵੀ, ਜਿੱਥੇ ਪਾਣੀ ਦੀ ਤਬਾਹੀ ਨੇ ਖੇਤਾਂ ਅਤੇ ਘਰਾਂ ਨੂੰ ਨੁਕਸਾਨ ਪਹੁੰਚਾਇਆ, ਸੇਵਾ ਟੀਮ ਨੇ ਰਾਤ-ਦਿਨ ਇੱਕ ਕਰਕੇ ਲੋਕਾਂ ਦੀ ਮਦਦ ਕੀਤੀ। ਪਿੰਡ ਵਾਸੀਆਂ ਨੇ ਇਸ ਮੁਹਿੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੂਜਾ ਲੂਥਰਾ ਅਤੇ ਅਜੈ ਸਚਦੇਵਾ ਦੀ ਟੀਮ ਦੀਆਂ ਕੋਸ਼ਿਸ਼ਾਂ ਨੇ ਉਹਨਾਂ ਦੇ ਜੀਵਨ ਵਿੱਚ ਨਵੀਂ ਆਸ ਜਗਾਈ ਹੈ। ਇੱਕ ਪੀੜਤ ਪਰਿਵਾਰ ਦੇ ਮੁਖੀ ਨੇ ਕਿਹਾ, ਅਸੀਂ ਸੋਚਿਆ ਸੀ ਕਿ ਸਾਡੀਆਂ ਮੁਸੀਬਤਾਂ ਨੂੰ ਕੋਈ ਨਹੀਂ ਸੁਣੇਗਾ, ਪਰ ਪੂਜਾ ਜੀ ਅਤੇ ਅਜੈ ਜੀ ਦੀ ਟੀਮ ਨੇ ਸਾਡੇ ਲਈ ਦਿਨ-ਰਾਤ ਕੰਮ ਕੀਤਾ। ਉਹਨਾਂ ਦੀ ਮਦਦ ਨਾਲ ਅਸੀਂ ਮੁੜ ਆਪਣੇ ਪੈਰਾਂ ’ਤੇ ਖੜ੍ਹੇ ਹੋਣ ਦੀ ਉਮੀਦ ਕਰ ਰਹੇ ਹਾਂ।

## ਐਸ.ਬੀ.ਆਈ.ਬ੍ਰਾਂਚ ਭਦੌੜ 'ਚ ਨਵੀਨ ਸ਼ਰਮਾ ਨੇ ਮੈਨੇਜਰ ਵਜੋਂ ਚਾਰਜ ਸੰਭਾਲਿਆ



ਭਦੌੜ, 21 ਅਗਸਤ (ਸੁਖਵਿੰਦਰ ਪਲਾਹਾ): ਐਸ.ਬੀ.ਆਈ.ਬ੍ਰਾਂਚ ਭਦੌੜ 'ਚ ਨਵੀਨ ਕੁਮਾਰ ਸ਼ਰਮਾ ਨੇ ਬਤੌਰ ਮੈਨੇਜਰ ਵਜੋਂ ਆਪਣਾ ਚਾਰਜ ਸੰਭਾਲ ਲਿਆ ਹੈ। ਭਦੌੜ ਬ੍ਰਾਂਚ ਪਹੁੰਚਣ 'ਤੇ ਉੱਘੇ ਸਮਾਜਸੇਵੀ ਜਵਾਹਰ ਲਾਲ ਸਿੰਗਲਾ (ਆੜਤੀਆ) ਨੇ ਫੁੱਲਾਂ ਦਾ ਬੁੱਕਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਅਤੇ ਬੈਂਕ ਦੇ ਸਮੂਹ ਸਟਾਫ ਵੱਲੋਂ ਜੀ ਆਇਆਂ ਨੂੰ ਕਿਹਾ ਗਿਆ। ਇਸ ਸਮੇ ਜਵਾਹਰ ਲਾਲ ਸਿੰਗਲਾ ਨੇ ਕਿਹਾ ਕਿ ਮੈਨੇਜਰ ਨਵੀਨ ਕੁਮਾਰ ਸ਼ਰਮ ਐਸ.ਬੀ.ਆਈ. ਬ੍ਰਾਂਚ ਨਵਾਂ ਸ਼ਹਿਰ ਤੋਂ ਬਦਲ ਕੇ ਐਸ.ਬੀ.ਆਈ.ਬ੍ਰਾਂਚ ਭਦੌੜ ਵਿਖੇ ਆਏ ਹਨ ਅਤੇ ਮੈਂ ਇੰਨਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਭਦੌੜ ਦਾ ਸਮੂਹ ਵਪਾਰੀ ਵਰਗ ਇੰਨਾਂ ਨੂੰ ਪੂਰਨ ਸਹਿਯੋਗ ਦੇਵੇਗਾ। ਮੈਨੇਜਰ ਨਵੀਨ ਕੁਮਾਰ ਸ਼ਰਮਾਂ ਨੇ ਜਵਾਹਰ ਲਾਲ ਸਿੰਗਲਾ ਆੜਤੀਆ ਅਤੇ ਸਮੂਹ ਸਟਾਫ ਵੱਲੋਂ ਸਤਿਕਾਰ ਦੇਣ ਲਈ ਧੰਨਵਾਦ ਕੀਤਾ । ਇਸ ਸਮੇਂ ਮੈਨੇਜਰ ਨਵੀਨ ਕੁਮਾਰ ਸ਼ਰਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਭਦੌੜ ਬ੍ਰਾਂਚ ਵਿਖੇ ਆਪਣੇ ਕੰਮਾਂ ਸਬੰਧੀ ਆਏ ਲੋਕਾਂ ਨੂੰ ਕੋਈ ਵੀ ਮੁਸ਼ਕਿਲ ਪੇਸ਼ ਨਹੀਂ ਆਉਣ ਦੇਣਗੇ ਅਤੇ ਹਰ ਇੱਕ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਸਮੇ ਉਨ੍ਹਾਂ ਨੇ ਬੈਂਕ ਦੇ ਸਮੁੱਚੇ ਸਟਾਫ ਨੂੰ ਆਪਣਾ ਕੰਮ ਪੂਰੀ ਇਮਾਨਦਾਰੀ ਅਤੇ ਪਾਰਦਰਸ਼ੀ ਢੰਗ ਨਾਲ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਫੀਲਡ ਅਫ਼ਸਰ ਭੋਪਾਲੀ ਮਿੱਤਲ, ਡਿਪਟੀ ਮੈਨੇਜਰ ਅਕਸ਼ਿਤ ਅਨੇਜਾ, ਹੈੱਡ ਕੈਸ਼ੀਅਰ ਰੋਹਿਤ ਕੁਮਾਰ, ਕਲੈਰੀਕਲ ਸਟਾਫ 'ਚ ਅਜੇ ਦੇਵ ਕੌਸ਼ਿਕ, ਜਸਵਿੰਦਰ ਸਿੰਘ, ਜਸਵੰਤ ਸਿੰਘ, ਸੁਖਦੇਵ ਸਿੰਘ, ਹਿਮਾਂਸ਼ੂ ਸਿੰਗਲਾ, ਹਰਮਨਦੀਪ ਕੌਰ, ਬਲਵਿੰਦਰ ਸਿੰਘ ਆਦਿ ਸਟਾਫ ਹਾਜ਼ਰ ਸੀ।

## ਟਰੱਕ ਯੂਨੀਅਨ ਵਿੱਚ ਭ੍ਰਿਸ਼ਟਾਚਾਰ ਦਾ ਬੋਲਬਾਲਾ : ਖੰਨਾ



ਭਵਾਨੀਗੜ੍ਹ, 21 ਅਗਸਤ (ਅਮਨਦੀਪ ਸਿੰਘ ਮਾਝਾ) : ਪੰਜਾਬ ਵਿਚ ਵਧ ਰਿਹਾ ਭ੍ਰਿਸ਼ਟਾਚਾਰ ਅਤੇ ਗੁੰਡਾਗਰਦੀ ਕਿਸੇ ਤੋਂ ਲੁਕਿਆ ਹੋਇਆ ਹੈ, ਕੁਝ ਸਮਾਂ ਪਹਿਲਾਂ ਜੋ ਪਿੰਡ ਫੱਗੂਵਾਲਾ ਦੇ ਕਾਕਾ ਸਿੰਘ ਪ੍ਰਧਾਨਗੀ ਨਾ ਦੇਣ ਬਦਲੇ ਮੋਟੀ ਰਕਮ ਵਸੂਲੀ ਦੇ ਵਿਧਾਇਕਾ 'ਤੇ ਦੋਸ਼ ਲੱਗ ਰਹੇ ਸਨ ਉਹਨਾਂ ਦੀ ਕੋਈ ਨਿਰਪੱਖ ਜਾਂਚ ਨਹੀਂ ਹੋਈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਭਾਜਪਾ ਦੇ ਸੂਬਾਈ ਆਗੂ ਅਰਵਿੰਦ ਖੰਨਾ ਨੇ ਭਵਾਨੀਗੜ੍ਹ ਵਿਖੇ ਗੁਰਦਰਸ਼ਨ ਸਿੰਘ ਸਿੱਧੂ ਨੂੰ ਸੰਯੁਕਤ ਪ੍ਰੈਸ ਕਲੱਬ ਭਵਾਨੀਗੜ੍ਹ ਦਾ ਪ੍ਰਧਾਨ ਬਣਨ ਮੁਬਾਰਕਵਾਦ ਦਿੰਦਿਆਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਖੰਨਾ ਨੇ ਕਿਹਾ ਕਿ ਭਵਾਨੀਗੜ੍ਹ ਟਰੱਕ ਯੂਨੀਅਨ ਵਿਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ, ਜੋ ਪ੍ਰਧਾਨ 'ਤੇ ਪਰਚਾ ਹੋਇਆ ਹੈ ਇਹ ਵੀ ਭ੍ਰਿਸ਼ਟਾਚਾਰ ਦੇ ਮਾਮਲੇ ਨਾਲ ਜੁੜਿਆ ਹੋਇਆ ਹੈ। ਉਹਨਾਂ ਕਿਹਾ ਕਿ ਜੋ ਦੋਸ਼ ਕਾਕਾ ਫੱਗੂਵਾਲਾ ਨੇ ਲਗਾਏ ਸਨ ਅੱਜ ਉਹੀ ਦੋਸ਼ ਸੱਚ ਹੋਏ ਜਿਸਦੇ ਨਤੀਜੇ ਵਜੋਂ ਪ੍ਰਧਾਨ ਨੂੰ ਜੇਲ੍ਹ ਜਾਣਾ ਪਿਆ। ਭਾਜਪਾ ਆਗੂ ਖੰਨਾ ਨੇ ਕਿਹਾ ਕਿ ਜੋ ਪੰਜਾਬ ਸਰਕਾਰ ਨੇ ਹੁਣ ਮੌਜੂਦਾ ਪ੍ਰਧਾਨ 'ਤੇ ਪਰਚਾ ਦਿੱਤਾ ਹੈ, ਇਸਨੂੰ ਨਤੀਜੇ 'ਤੇ ਲੈ ਕੇ ਜਾਣਾ ਚਾਹੀਦਾ ਹੈ, ਇਹ ਨਾ ਹੋਵੇ ਕਿ ਪਿਛਲੇ ਪਰਚਿਆਂ ਵਾਂਗ ਇਹ ਵੀ ਅੱਧ ਵਿਚਕਾਰ ਹੀ ਰੋਲ ਦਿੱਤਾ ਜਾਵੇ। ਭਾਵੇਂ ਪ੍ਰਧਾਨ ਦੋਸ਼ੀ ਹੈ ਜਾਂ ਨਾ ਪਰੰਤੂ ਪਰਚਾ ਦਰਜ ਕੀਤਾ ਗਿਆ ਹੈ ਉਸਨੂੰ ਨਿਰਪੱਖਤਾ ਨਾਲ ਜਾਂਚ ਕਰਕੇ ਦੁੱਧ ਦਾ ਦੁੱਧ ਅਤ ਪਾਣੀ ਦਾ ਪਾਣੀ ਕਰਨਾ ਚਾਹੀਦਾ ਹੈ। ਉਹਨਾਂ ਕਿਹਾ ਕਿ ਪਿਛਲੇ ਪ੍ਰਧਾਨ 'ਤੇ ਘਪਲੇ ਦੇ ਦੋਸ਼ ਲੱਗ ਰਹੇ ਹਨ, ਜਿਸ ਕਰਕੇ ਮਨਜੀਤ ਸਿੰਘ ਕਾਕਾ ਨੂੰ ਪ੍ਰਧਾਨਗੀ ਤੋਂ ਦੂਰ ਰੱਖਿਆ ਗਿਆ। ਉਹਨਾਂ ਕਿਹਾ ਜੋ ਦੋਸ਼ ਕਾਕਾ ਫੱਗੂਵਾਲਾ ਵੱਲੋਂ ਲਗਾਏ ਗਏ ਸਨ ਉਸਦਾ ਨਤੀਜਾ ਸਰਕਾਰ ਨੇ ਅਜੇ ਤੱਕ ਨਹੀਂ ਕੱਢਿਆ। ਉਹਨਾਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਜੇਕਰ ਪ੍ਰਧਾਨ 'ਤੇ ਪਰਚਾ ਦਰਜ ਕੀਤਾ ਗਿਆ ਹੈ, ਤਾਂ ਇਸਨੂੰ ਨੇਪਰੇ ਚਾੜ੍ਹਿਆ ਜਾਵੇਗਾ। ਉਹਨਾਂ ਮੌਜੂਦਾ ਧਿਰ ਵੱਲੋਂ ਲਗਾਏ ਦੋਸ਼ਾਂ ਦਾ ਜਵਾਬ ਦਿੰਦਿਆਂ ਕਿਹਾ ਕਿ ਇਸਦੀ ਵੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਦੂਸਰੀਆਂ ਸਰਕਾਰਾਂ ਵਿਚ ਵੀ ਪ੍ਰਧਾਨ ਬਣਦੇ ਸਨ ਪਰੰਤੂ ਚੋਣ ਕਰਵਾਈ ਜਾਂਦੀ ਸੀ। 'ਆਪ' ਸਰਕਾਰ ਨੇ ਜੋ ਸਿੱਧੇ ਪ੍ਰਧਾਨ ਲਗਾਉਣ ਦਾ ਸਿਸਟਮ ਬਣਾਇਆ ਇਹ ਤਾਂ ਫਿਰ ਪਤਾ ਹੀ ਹੈ ਕਿ ਜਦੋਂ ਸਿੱਧਾ ਪ੍ਰਧਾਨ ਬਣਦਾ ਹੈ ਤਾਂ ਕੀ ਹੋਵੇਗਾ। ਆਉਣ ਵਾਲੀਆਂ ਬਲਾਕ ਸੰਮਤੀ ਚੋਣਾਂ ਸਬੰਧੀ ਉਹਨਾਂ ਕਿਹਾ ਕਿ ਭਾਜਪਾ ਸਾਰੀਆਂ ਸੀਟਾਂ 'ਤੇ ਚੋਣਾਂ ਲੜੇਗੀ। ਭਾਵੇਂ ਚੋਣ ਨਿਸ਼ਾਨ 'ਤੇ ਭਾਵੇਂ ਆਜ਼ਾਦ, ਜਿਵੇਂ ਪਾਰਟੀ ਹਾਈਕਮਾਂਡ ਦਾ ਫੈਸਲਾ ਹੋਵੇਗਾ, ਪਰੰਤੂ ਸੰਗਰੂਰ ਵਿਚ ਧੱਕਾ ਨਹੀਂ ਹੋਣ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਮੈਂ ਅਕਾਲੀ ਭਾਜਪਾ ਗੱਠਜੋੜ ਦੇ ਹੱਕ ਵਿਚ ਹਾਂ ਕਿਉਂਕਿ ਸੂਬੇ ਦੀ ਤਰੱਕੀ ਲਈ ਦੋਵੇਂ ਪਾਰਟੀਆਂ ਦਾ ਹੋਣਾ ਜ਼ਰੂਰੀ ਹੈ ਪਰੰਤੂ ਗੱਠਜੋੜ ਬਾਰੇ ਫੈਸਲਾ ਪਾਰਟੀ ਹਾਈਕਮਾਂਡ ਦੇ ਹੱਥ ਵਿਚ ਹੈ।

## 24 ਦੀ ਸਮਰਾਲਾ ਰੈਲੀ ਸਬੰਧੀ ਭਾਕਿਯੂ ਡਕੌਂਦਾ ਦੀ ਮੀਟਿੰਗ ਹੋਈ



ਭਵਾਨੀਗੜ੍ਹ, 21 ਅਗਸਤ (ਅਮਨਦੀਪ ਸਿੰਘ ਮਾਝਾ) : ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਮੀਟਿੰਗ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ ਦੀ ਅਗਵਾਈ ਵਿਚ ਹੋਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਕਰਮ ਸਿੰਘ ਬਲਿਆਲ ਅਤੇ ਬਲਾਕ ਪ੍ਰਧਾਨ ਚਮਕੌਰ ਸਿੰਘ ਭੱਟੀਵਾਲ ਵੀ ਸ਼ਾਮਿਲ ਹੋਏ। ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਦਿੱਤੇ ਗਏ ਸੱਦੇ 'ਤੇ 24 ਅਗਸਤ ਨੂੰ ਸਮਰਾਲਾ ਅਨਾਜ ਮੰਡੀ ਵਿੱਚ ਰੈਲੀ ਹੋਣ ਵਾਲੀ ਰੈਲੀ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਸੂਬਾ ਮੀਤ ਪ੍ਰਧਾਨ ਸ. ਗੁਰਮੇਤ ਸਿੰਘ ਭੱਟੀਵਾਲ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਾਪਸ ਲਈ ਗਈ ਲੈਂਡ ਪੂਲਿੰਗ ਨੀਤੀ ਪੱਖੋਂ ਕਿਸਾਨ ਜਥੇਬੰਦੀਆਂ ਸੰਤੁਸ਼ਟ ਨਹੀਂ ਹਨ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਜਿਨ੍ਹਾਂ ਚਿਰ ਵਿਧਾਨ ਸਭਾ ਸੈਸ਼ਨ ਸੱਦ ਕੇ ਨੋਟੀਫਿਕੇਸ਼ਨ ਜਾਰੀ ਨਹੀਂ ਕਰਦੀ ਉਨ੍ਹਾਂ ਚਿਰ ਭਾਰਤੀ ਕਿਸਾਨ ਯੂਨੀਅਨ ਵੱਲੋਂ ਇਸ ਨੀਤੀ ਦਾ ਵਿਰੋਧ ਕੀਤਾ ਜਾਂਦਾ ਰਹੇਗਾ ਅਤੇ ਡੋਨਲਡ ਟਰੰਪ ਵੱਲੋਂ ਭਾਰਤੀ ਕਿਸਾਨ ਵਿਰੋਧੀ ਨੀਤੀਆਂ ਅਪਣਾਉਣ ਤੇ ਵੀ ਜ਼ਿਕਰ ਕੀਤਾ ਅਤੇ ਕਿਸਾਨਾਂ ਨੂੰ ਆਉਣ ਵਾਲੇ ਸਮੇਂ ਵਿੱਚ ਲਾਮਬੰਦ ਹੋ ਕੇ ਰਹਿਣ ਦਾ ਸੱਦਾ ਦਿੱਤਾ। 24 ਅਗਸਤ ਨੂੰ ਸਮਰਾਲਾ ਰੈਲੀ ਦੀਆਂ ਤਿਆਰੀਆਂ ਸਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਵੱਧ ਤੋਂ ਵੱਧ ਕਿਸਾਨ ਹੁੰਮ ਹੁੰਮਾ ਕੇ ਕਿਸਾਨ ਰੈਲੀ ਵਿੱਚ ਪਹੁੰਚਣ। ਮੀਟਿੰਗ ਵਿੱਚ ਬਲਾਕ ਕਿਸਾਨ ਆਗੂਆਂ ਤੋਂ ਇਲਾਵਾ ਗੁਰਧਿਆਨ ਸਿੰਘ ਭੱਟੀਵਾਲ, ਜਰਨੈਲ ਸਿੰਘ ਘਰਾਚੋ, ਲੱਖਾ ਸਿੰਘ ਕਪਿਆਲ, ਟਹਿਲ ਸਿੰਘ, ਹਾਕਮ ਸਿੰਘ ਨਦਾਮਪੁਰ ਵੀ ਸ਼ਾਮਿਲ ਹੋਏ।

## ਪੀਐਮ ਮੋਦੀ ਦੀਆਂ ਲੋਕ ਭਲਾਈ ਸਕੀਮਾਂ 'ਚ 'ਆਪ' ਬਣੀ ਰੋੜਾ : ਦੁੱਲਟ



ਸੰਗਰੂਰ,21 ਅਗਸਤ (ਹਰਕੰਵਲ ਸਿੰਘ ਹੈਪੀ): ਆਮ ਆਦਮੀ ਪਾਰਟੀ ਆਪਣੀ ਰਾਜਨੀਤਿਕ ਖੁੰਦਕ ਅਤੇ ਰੜਕਾਂ ਕਾਰਨ ਕੇਂਦਰ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਵਿੱਚ ਰਾਹ ਦਾ ਰੋੜਾ ਬਣ ਗਈ ਹੈ ਇਹ ਵਿਚਾਰ ਭਾਜਪਾ ਜ਼ਿਲ੍ਹਾ ਪ੍ਰਧਾਨ ਧਰਮਿੰਦਰ ਸਿੰਘ ਦੁੱਲਟ ਵੱਲੋਂ ਬੀਜੇਪੀ ਦੇ ਸੇਵਾਦਾਰ ਆਪ ਦੇ ਦੁਆਰਮੁਹਿਮ ਉੱਤੇ ਰੋਕ ਲਗਾਉਣ ਅਤੇ ਪੁਲਸ ਵੱਲੋਂ ਭਾਜਪਾ ਲੀਡਰਾਂ ਅਤੇ ਵਰਕਰਾਂ ਨੂੰ ਗ੍ਰਿਫਤਾਰ ਕਰਨ ਦੀ ਸਖਤ ਨਿਖੇਧੀ ਤੋਂ ਬਾਅਦ ਵਿਅਕਤ ਕੀਤੇ ਗਏ। ਦੁੱਲਟ ਨੇ ਅੱਗੇ ਕਿਹਾ ਕਿ ਭਾਜਪਾ ਦੇ ਕੈਂਪਾਂ ਉੱਤੇ ਰੋਕ ਲਗਾਉਣਾ ਅਤੇ ਪੁਲਿਸ ਵੱਲੋਂ ਜਬਰਨ ਭਾਜਪਾ ਆਗੂਆਂ ਅਤੇ ਵਰਕਰਾਂ ਨੂੰ ਗ੍ਰਿਫਤਾਰ ਕਰਨਾ 'ਆਪ' ਪਾਰਟੀ ਦਾ ਗੈਰ ਸੰਵਿਧਾਨਿਕ ਅਤੇ ਤਾਨਾਸ਼ਾਹੀ ਵਾਲਾ ਵਰਤਾਰਾ ਹੈ, ਜੋ ਜਮਹੂਰੀਅਤ ਲਈ ਬਹੁਤ ਜਿਆਦਾ ਘਾਤਕ ਹੈ। ਉਹਨਾਂ ਕਿਹਾ ਕਿ ਇਸ ਵਰਤਾਰੇ ਕਾਰਨ ਆਮ ਆਦਮੀ ਪਾਰਟੀ ਪੰਜਾਬ ਦੇ ਗਰੀਬਾਂ ਕਿਸਾਨਾਂ ਮਜ਼ਦੂਰਾਂ ਦੇ ਹੱਕਾਂ ਉੱਤੇ ਸਿੱਧਾ ਡਾਕਾ ਮਾਰ ਰਹੀ ਹੈ ਕਿਉਂਕਿ ਭਾਜਪਾ ਦੇ ਇਨਾਂ ਕੈਂਪਾਂ ਦੌਰਾਨ ਪੰਜਾਬ ਦੇ ਬਹੁਤ ਸਾਰੇ ਲੋੜਵੰਦ ਲੋਕਾਂ ਨੂੰ ਕੇਂਦਰੀ ਯੋਜਨਾਵਾਂ ਦਾ ਲਾਭ ਮਿਲਣਾ ਸੀ ਪਰ ਸਰਕਾਰ ਵੱਲੋਂ ਪੁੱਠੇ ਸਿੱਧੇ ਹੱਥਕੰਡੇ ਵਰਤ ਕੇ ਇਨ੍ਹਾਂ ਕੈਂਪਾਂ ਉੱਤੇ ਰੋਕ ਲਗਾਈ ਜਾ ਰਹੀ ਹੈ, ਜਿਸ ਨਾਲ ਉਹ ਪੰਜਾਬ ਦੇ ਗਰੀਬਾਂ ਦਾ ਹੱਕ ਮਾਰ ਰਹੀ ਹੈ। ਦੁੱਲਟ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਮੋਰਚੇ ਉੱਤੇ ਫੇਲ ਸਾਬਤ ਹੋ ਰਹੀ ਹੈ ਅਤੇ ਜਨਤਾ ਦੀ ਭਲਾਈ ਲਈ ਕੁਝ ਨਹੀਂ ਕੀਤਾ ਜਾ ਰਿਹਾ ਅਤੇ ਜੇਕਰ ਕੇਂਦਰ ਸਰਕਾਰ ਲੋਕਾਂ ਨੂੰ ਫਾਇਦਾ ਪਹੁੰਚਾਉਣਾ ਚਾਹੁੰਦੀ ਹੈ ਤਾਂ ਉਸ ਵਿੱਚ ਆਮ ਆਦਮੀ ਪਾਰਟੀ ਰਾਹ ਦਾ ਰੋੜਾ ਬਣ ਜਾਂਦੀ ਹੈ। ਪੰਜਾਬ ਸਰਕਾਰ ਦੀ ਬੇਧਿਆਨੀ ਅਤੇ ਰਾਜਨੀਤੀਕ ਖਹਿਬਾਜ਼ੀ ਕਾਰਨ ਪੰਜਾਬ ਅੰਦਰ ਪਹਿਲਾਂ ਹੀ ਵੱਡੇ ਵੱਡੇ ਕੇਂਦਰੀ ਪ੍ਰੋਜੈਕਟ ਰੱਦ ਹੋ ਚੁੱਕੇ ਹਨ ਪਰ ਪੰਜਾਬ ਸਰਕਾਰ ਦਾ ਇਸ ਤੋਂ ਵੀ ਮਨ ਨਹੀਂ ਸੀ ਭਰਿਆ ਕਿ ਉਹ ਹੁਣ ਗਰੀਬਾਂ ਨੂੰ ਮਿਲਣ ਵਾਲੀਆਂ ਕੇਂਦਰੀ ਸਹੂਲਤਾਂ ਵਿੱਚ ਵੀ ਅੜੰਗੇ ਲਾ ਰਹੀ ਹੈ, ਜਿਸ ਨੂੰ ਪੰਜਾਬ ਦੇ ਵਾਸੀ ਕਿਸੇ ਕੀਮਤ ਉੱਤੇ ਬਰਦਾਸ਼ਤ ਨਹੀਂ ਕਰਨਗੇ ਅਤੇ ਭਾਜਪਾ ਦਾ ਕੋਈ ਵੀ ਵਰਕਰ ਸਰਕਾਰ ਦੀ ਇਸ ਹਿਟਲਰਸ਼ਾਹੀ ਅੱਗੇ ਨਹੀਂ ਝੁਕੇਗਾ ਅਤੇ ਸਰਕਾਰ ਨੂੰ ਮੂੰਹਤੋੜ ਜਵਾਬ ਦਿੱਤਾ ਜਾਵੇਗਾ।

## ਢਾਈ ਕੁਇੰਟਲ ਭੁੱਕੀ ਸਮੇਤ 2 ਕਾਬੂ



ਤਪਾ ਮੰਡੀ, 21 ਅਗਸਤ (ਰਾਜੂ ਮਹਿਰਾਂ/ਭੂਸ਼ਨ ਘੜੈਲਾ):ਤਪਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦ ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਤੇ ਪਟਿਆਟਾ ਰੇਂਜ ਦੇ ਡੀ ਆਈ ਜੀ.ਕੁਲਦੀਪ ਸਿੰਘ ਚਹਿਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਯੁੱਧ ਨਸ਼ਿਆਂ ਦੇ ਵਿਰੁੱਧ ਚਲਾਈ ਮੁਹਿੰਮ ਤਹਿਤ 250 ਕਿੱਲੋ ਚੂਰਾ ਪੋਸਤ, ਬਲੈਰੋ ਪਿੱਕਅਪ ਗੱਡੀ ਅਤੇ ਕਾਰ ਸਵਿਫਟ ਸਣੇ 4 ਨਸ਼ਾ ਤਸਕਰਾਂ 'ਚੋਂ ਨੂੰ ਕਾਬੂ ਕਰ ਲਿਆ ਅਤੇ 2 ਸਗੇ ਭਰਾ ਫਰਾਰ ਹੋਣ ਦੀ ਜਾਣਕਾਰੀ ਮਿਲੀ ਹੈ ਪ੍ਰੈਸ ਕਾਨਫਰੰਸ਼ ਨੂੰ ਸੰਬੋਧਨ ਕਰਦਿਆਂ ਐਸ.ਪੀ(ਐਚ) ਰਾਜੇਸ਼ ਛਿੱਬਰ ਨੇ ਦੱਸਿਆ ਕਿ ਉਪ ਕਪਤਾਨ ਸਬ ਡਵੀਜਨ ਗੁਰਬਿੰਦਰ ਸਿੰਘ ਦੀ ਅਗਵਾਈ ਹੇਠ ਥਾਣਾ ਤਪਾ ਦੇ ਐਸ.ਐਚ.ਓ ਸਰੀਫ ਖਾਂ ਨੂੰ ਗੁਪਤ ਸੂਚਨਾ ਦੇ ਆਧਾਰ 'ਤੇ ਦਰਜ ਰੋਡ ਸਥਿਤ ਪਟਿਆਲਾ ਹਸਪਤਾਲ ਵਾਲੀ ਗਲੀ 'ਚ ਬਾਹਰਲੇ ਗੁਆਂਢੀ ਸੂਬਿਆਂ ਵਿੱਚੋਂ ਸਸਤੇ ਭਾਅ ਭੁੱਕੀ ਖਰੀਦ ਕਰਕੇ ਤਪਾ ਇਲਾਕੇ ਅੰਦਰ ਮਹਿੰਗੇ ਭਾਅ ਵੇਚਕੇ ਵੱਡਾ ਮੁਨਾਫਾ ਕਮਾ ਰਹੇ ਹਨ,ਅਗਰ ਕਾਰਵਾਈ ਕੀਤੀ ਜਾਵੇ ਤਾਂ ਕਾਬੂ ਆ ਸਕਦੇ ਹਨ ਤਾਂ ਧੱਕੜ ਥਾਣਾ ਮੁਖੀ ਸਰੀਫ ਖਾਂ ਨੇ ਪੁਲਸ ਪਾਰਟੀ ਨਾਲ ਕਾਰਵਾਈ ਕਰਦਿਆਂ ਲਵਪ੍ਰੀਤ ਲਵੀ ਅਤੇ ਕੁਲਦੀਪ ਕੀਪਾ,ਸੁਖਬੀਰ ਸਿੰਘ ਅਤੇ ਲਖਵੀਰ ਸਿੰਘ 250 ਕਿੱਲੋ ਭੁੱਕੀ( 10 ਗੱਟਿਆਂ 'ਚ 25-25 ਕਿੱਲੋ ਦੀ ਭਰਤੀ) ਸਣੇ ਕਾਬੂ ਕਰ ਲਿਆ ਪਰ ਇਸ ਗਿਰੋਹ ਦੇ ਮੁਖੀ ਸੁਖਵੀਰ ਸਿੰਘ ਅਤੇ ਲਖਵੀਰ ਸਿੰਘ ਜੋ ਆਪਸ 'ਚ ਸਗੇ ਭਰਾ ਹਨ ਮੌਕਾ ਵਾਰਦਾਤ ਤੋਂ ਫਰਾਰ ਹੋ ਗਏ।

## ਝੋਨੇ ਦੀ ਖਰੀਦ: ਡਿਪਟੀ ਕਮਿਸ਼ਨਰ ਵੱਲੋਂ ਆੜ੍ਹਤੀ ਐਸੋਸੀਏਸ਼ਨ ਨਾਲ ਮੀਟਿੰਗ



ਬਰਨਾਲਾ, 21 ਅਗਸਤ (ਬਘੇਲ ਸਿੰਘ ਧਾਲੀਵਾਲ): ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਵੱਲੋਂ ਝੋਨੇ ਦੀ ਖਰੀਦ ਸਬੰਧੀ ਵੱਖ ਵੱਖ ਧਿਰਾਂ ਨਾਲ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਸਮੂਹ ਆੜ੍ਹਤੀ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਖਰੀਫ ਸੀਜ਼ਨ 2025-26 ਦੌਰਾਨ ਝੋਨੇ ਦੀ ਖਰੀਦ ਸਬੰਧੀ ਗੱਲਬਾਤ ਕੀਤੀ ਗਈ। ਇਸ ਮੌਕੇ ਡੀ.ਐਫ.ਐਸ.ਸੀ ਬਰਨਾਲਾ ਹਰਸ਼ਰਨਜੀਤ ਸਿੰਘ ਵੱਲੋਂ ਮੀਟਿੰਗ ਦੇ ਵਿਸ਼ੇ ਸਬੰਧੀ ਜਾਣੂੰ ਕਰਵਾਇਆ ਗਿਆ। ਇਸ ਤੋਂ ਬਾਅਦ ਡਿਪਟੀ ਕਮਿਸ਼ਨਰ ਬਰਨਾਲਾ ਵੱਲੋਂ ਜ਼ਿਲ੍ਹਾ ਬਰਨਾਲਾ ਦੀਆਂ ਸਮੂਹ ਆੜ੍ਹਤੀ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੂੰ ਕਿਸਾਨਾਂ ਨੂੰ ਅਪੀਲ ਕਰਨ ਲਈ ਕਿਹਾ ਗਿਆ ਕਿ ਸੀਜ਼ਨ ਦੌਰਾਨ ਮੰਡੀਆਂ ਵਿਚ ਝੋਨਾ ਸੁੱਕਾ (ਨਿਰਧਾਰਿਤ ਨਮੀ ਦੀ ਮਾਤਰਾ ਤੱਕ) ਹੀ ਲਿਆਂਦਾ ਜਾਵੇ। ਇਸ ਸਬੰਧੀ ਆੜ੍ਹਤੀਆ ਐਸੋਸੀਏਸ਼ਨਬਰਨਾਲਾ ਦੇ ਪ੍ਰਧਾਨ ਦਰਸ਼ਨ ਸਿੰਘ ਵੱਲੋਂ ਦੱਸਿਆ ਗਿਆ ਕਿ ਉਹਨਾਂ ਵੱਲੋਂ ਹਰ ਸਾਲ ਦੀ ਤਰ੍ਹਾਂ ਕਿਸਾਨਾਂ ਨੂੰ ਬੈਨਰ ਲਗਾ ਕੇ, ਅਨਾਊਸਮੈਂਟ ਕਰਵਾ ਕੇ ਅਤੇ ਸੋਸ਼ਲ ਮੀਡੀਆ ਰਾਹੀਂ ਝੋਨਾ ਸੁੱਕਾ ਲਿਆਉਣ ਲਈ ਪ੍ਰੇਰਿਤ ਕੀਤਾ ਜਾਵੇਗਾ। ਐਸੋਸੀਏਸ਼ਨ ਵੱਲੋਂ ਕਿਹਾ ਗਿਆ ਕਿ ਪ੍ਰਸ਼ਾਸਨ ਵੱਲੋਂ ਦੇਰ ਰਾਤ ਤੱਕ ਕੰਬਾਇਨਾਂ ਵੱਲੋਂ ਝੋਨੇ ਦੀ ਕਟਾਈ 'ਤੇ ਰੋਕ ਲਗਾਈ ਜਾਵੇ। ਇਸ ਸਬੰਧੀ ਡਿਪਟੀ ਕਮਿਸ਼ਨਰ ਬਰਨਾਲਾ ਵੱਲੋਂ ਕਿਹਾ ਗਿਆ ਕਿ ਇਸ ਸਬੰਧੀ ਹੁਕਮ ਜਾਰੀ ਕੀਤੇ ਜਾਣਗੇ ਅਤੇ ਸੀਜ਼ਨ ਦੌਰਾਨ ਫੀਲਡ ਵਿਚ ਚੈਕਿਗਾਂ ਕਰਕੇ ਦੇਰ ਰਾਤ ਤੱਕ ਕੰਬਾਇਨਾਂ ਵੱਲੋਂ ਝੋਨੇ ਦੀ ਕਟਾਈ ਨੂੰ ਰੋਕਿਆ ਜਾਵੇਗਾ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਮੰਡੀ ਵਿਚੋਂ ਨਾਜਾਇਜ਼ ਕਬਜ਼ਿਆਂ ਨਾਲ ਰੋਕੀ ਜਗਾ ਖਾਲੀ ਕਰਾਉਣ ਲਈ ਵੀ ਪੁਲਿਸ ਨੂੰ ਹਦਾਇਤ ਕੀਤੀ ਜਾਵੇਗੀ।

## ਅਸ਼ਲੀਲ ਵੀਡਿਓ ਬਣਾ ਕੇ ਬਲੈਕਮੇਲ ਕਰਨ ਵਾਲੇ ਗਿਰੋਹ ਦੇ ਦੋ ਮੈਂਬਰ ਗ੍ਰਿਫਤਾਰ

ਧਨੌਲਾ, 21 ਅਗਸਤ (ਚਮਕੌਰ ਸਿੰਘ ਗੱਗੀ): ਸਥਾਨਕ ਨਗਰ ਧਨੌਲਾ ਦੀ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਅਸ਼ਲੀਲ ਵੀਡਿਓ ਬਣਾ ਕੇ ਬਲੈਕਮੇਲ ਕਰਨ ਵਾਲੇ ਗਿਰੋਹ ਦੇ ਦੋ ਮੈਂਬਰਾਂ ਨੂੰ ਗ੍ਰਿਫਤਾਰ ਕੀਤਾ, ਜਾਣਕਾਰੀ ਦਿੰਦਿਆਂ ਪੀੜਤ ਹਰਿੰਦਰ ਸਿੰਘ ਪੁੱਤਰ ਭਜਨ ਸਿੰਘ ਵਾਸੀ ਸੁਨਾਮ ਨੇ ਦੱਸਿਆ ਨੇ ਕਿ ਉਸ ਨੂੰ ਕੁਝ ਦਿਨ ਪਹਿਲਾਂ ਇੱਕ ਵਟਸਐਪ ਨੰਬਰ ਤੋਂ ਇੱਕ ਹੈਲੋ ਦਾ ਮੈਸਿਜ ਆਇਆ, ਜਦੋਂ ਮੈਂ ਪੁੱਛਿਆ ਕਿ ਕੌਣ ਤਾਂ ਉਸ ਨੇ ਵਟਸਐਪ ਕਾਲ ਕੀਤੀ ਤੇ ਇੱਕ ਵਿਅਕਤੀ ਬੋਲਿਆ ਜਿਸਨੇ ਕਿਹਾ ਕਿ ਗੌਰਮਿੰਟ ਵੱਲੋਂ ਬਹੁਤ ਜ਼ਿਆਦਾ ਐਪਾਂ ਚਲਾ ਦਿੱਤੀਆਂ ਹਨ, ਤੁਸੀਂ ਘਰ ਬੈਠੇ ਕਮਾਈ ਕਰ ਸਕਦੇ ਹੋ ਤਾਂ ਮੇਰੀ ਉਸ ਵਿਅਕਤੀ ਨਾਲ ਕਈ ਵਾਰ ਵਟਸਐਪ ਰਾਹੀਂ ਗੱਲਬਾਤ ਹੋਈ। ਉਸ ਵਿਅਕਤੀ ਦੀਆ ਗੱਲਾਂ ਵਿੱਚ ਆ ਕੇ ਮਿਤੀ 14 ਜੁਲਾਈ ਨੂੰ ਬੱਸ ਸਟੈਂਡ ਧਨੌਲਾ ਵਿਖੇ ਐਪਾਂ ਸਬੰਧੀ ਜਾਣਕਾਰੀ ਹਾਸਲ ਕਰਨ ਲਈ ਆ ਗਿਆ ਸੀਤੇ ਉਸ ਦੇ ਕਹਿਣ 'ਤੇ ਬੱਸ ਸਟੈਂਡ ਧਨੌਲਾ ਉੱਤਰ ਗਿਆ ਤੇ ਕਾਲ ਵਾਲਾ ਇੱਕ ਵਿਅਕਤੀ ਆਪਣੀ ਗੱਡੀ ਨੰਬਰੀ PB AIV 2838 ਮਾਰਕਾ ਸਵਿਫਟ ਡਿਜਾਇਰ ਪਰ ਸਵਾਰ ਹੋ ਕੇ ਆਇਆ ਜੋ ਮੈਨੂੰ ਆਪਣੀ ਗੱਡੀ ਵਿੱਚ ਬਿਠਾ ਕੇ ਆਪਣੇ ਨਾਲ ਕਿਸੇ ਅਣਜਾਣ ਜਗਾ 'ਤੇ ਇੱਕ ਕਮਰੇ ਵਿੱਚ ਲਿਜਾ ਕੇ ਉਸਨੇ ਮੈਨੂੰ ਕਿਹਾ ਕਿ ਗਰਮੀ ਜ਼ਿਆਦਾ ਹੈ, ਤੁਸੀਂ ਅਰਾਮ ਕਰ ਲਉ। ਗਰਮੀ ਜ਼ਿਆਦਾ ਹੋਣ ਕਰਕੇ ਮੈਂ ਉਸ ਵਿਅਕਤੀ ਦੇ ਝਾਸੇ ਵਿੱਚ ਆ ਕੇ ਆਪਣੇ ਪਹਿਨਿਆ ਹੋਇਆ ਕੁੜਤਾ ਉਤਾਰ ਕੇ ਬੈਠ ਗਿਆ ਤਾਂ ਇੰਨੇ ਵਿੱਚ ਉਹ ਨਾਮਲੂਮ ਵਿਅਕਤੀ ਮੇਰੇ ਸਰੀਰ ਨੂੰ ਟੱਚ ਕਰਨ ਦੀ ਕੋਸ਼ਿਸ਼ ਕਰਨ ਲੱਗਾ ਤਾਂ ਮੈਂ ਰੌਲਾ ਪਾਉਣ ਲੱਗ ਪਿਆ। ਇਤਨੇ ਵਿੱਚ ਇੱਕ ਹੋਰ ਨਾਮਲੂਮ ਵਿਅਕਤੀ ਕਮਰੇ ਵਿੱਚ ਆਇਆ। ਜਿਸਨੇ ਕਿਹਾ ਕਿ ਹੁਣ ਕੀ ਕਰ ਰਹੇ ਹੋ ਤਾਂ ਉਹ ਮੇਰੀ ਵੀਡਿਓ ਬਣਾਉਣ ਲੱਗ ਪਿਆ ਅਤੇ ਮੈਨੂੰ ਕਹਿ ਰਿਹਾ ਸੀ ਕਿ ਤੂੰ ਜਗਸੀਰ ਸਿੰਘ ਨਾਲ ਮਾੜਾ ਕੰਮ ਕਰ ਰਿਹਾ ਹੈ, ਤਾਂ ਦੋਵੇਂ ਜਾਣੇ ਮੈਨੂੰ ਡਰਾਉਣ ਧਮਕਾਉਣ ਲੱਗੇ ਕਿ ਅਸੀਂ ਤੇਰੀ ਵੀਡਿਓ ਬਣਾ ਲਈ ਹੈ, ਜੇਕਰ ਤੂੰ ਸਾਨੂੰ [illegible] ਲੱਖ ਰੁਪਏ ਨਾ ਦਿੱਤੇ ਤਾਂ ਅਸੀਂ ਤੇਰੀ ਵੀਡਿਓ ਵਾਇਰਲ ਕਰ ਦੇਵਾਂਗੇ। ਆਪਣੀ ਇੱਜ਼ਤ ਨੂੰ ਬਰਕਰਾਰ ਰੱਖਣ ਲਈ ਮੈਂ ਇਹਨਾਂ ਵਿਅਕਤੀਆ ਨੂੰ 01 ਲੱਖ ਰੁਪਏ ਦੇਣ ਲਈ ਸਹਿਮਤ ਹੋ ਗਿਆ ਸੀ।

## ਥਰਮਲ ਦੇ ਠੇਕਾ ਮੁਲਾਜ਼ਮਾਂ ਨੇ ਸਰਕਾਰ ਦਾ ਪੁਤਲਾ ਫੂਕਿਆ

ਭੁੱਚੋ ਮੰਡੀ ਨਥਾਣਾ 21 ਅਗਸਤ (ਹਰਬੰਸ ਸਿੰਘ ਭੋਲਾ)ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ (ਪੰਜਾਬ) ਦੇ ਬੈਨਰ ਹੇਠ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗਾਂ ਕਰਨ ਦੇ ਲਿਖਤੀ ਪੱਤਰ ਜਾਰੀ ਕਰਕੇ ਮੀਟਿੰਗਾਂ ਕਰਨ ਤੋਂ ਭੱਜਣ ਦੇ ਰੋਸ਼ ਵਜੋਂ ਅੱਜ ਸਮੁੱਚੇ ਪੰਜਾਬ ਵਿੱਚ ਪੰਜਾਬ ਸਰਕਾਰ ਦਾ ਪੁਤਲੇ ਫੂਕਣ ਦੇ ਸੰਘਰਸ਼ ਸੱਦੇ ਤਹਿਤ ਅੱਜ ਗੁਰੂ ਹਰਗੋਬਿੰਦ ਥਰਮਲ ਪਲਾਂਟ ਦੇ ਠੇਕਾ ਮੁਲਾਜ਼ਮਾਂ ਨੇ ਪਲਾਂਟ ਦੇ ਮੁੱਖ ਗੇਟ ਤੇ ਰੋਸ਼ ਰੈਲੀ ਕਰਕੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ,ਇਸ ਸਮੇਂ ਹਾਜ਼ਿਰ 'ਮੋਰਚੇ' ਦੇ ਸੂਬਾਈ ਆਗੂਆਂ ਜਗਰੂਪ ਸਿੰਘ ਲਹਿਰਾ,ਜਗਸੀਰ ਸਿੰਘ ਭੰਗੂ,ਹਰਦੀਪ ਸਿੰਘ ਤੱਗੜ ਅਤੇ ਲਛਮਣ ਸਿੰਘ ਰਾਮਪੁਰਾ ਨੇ ਕਿਹਾ ਕਿ ਸਰਕਾਰੀ ਵਿਭਾਗਾਂ ਦੇ ਆਊਟਸੋਰਸ਼ਡ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ 'ਆਪ ਸਰਕਾਰ' ਵੀ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਠੇਕਾ ਮੁਲਾਜ਼ਮਾਂ ਨੂੰ ਲਾਰੇ-ਲੱਪਿਆਂ ਵਿੱਚ ਰੱਖਕੇ ਆਪਣਾ ਸਮਾਂ ਲੰਘਾ ਰਹੀ ਹੈ,ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵਿਧਾਨ ਸਭਾ ਵਿੱਚ ਠੇਕੇਦਾਰਾਂ ਅਤੇ ਕੰਪਨੀਆਂ ਵੱਲੋਂ ਆਊਟਸੋਰਸ਼ਡ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਦੀ ਕਿਰਤ ਦੀ ਕੀਤੀ ਜਾ ਰਹੀ ਅੰਨੀ-ਲੁੱਟ ਨੂੰ ਬੰਦ ਕਰਨ ਦੇ ਐਲਾਨ ਮਗਰੋਂ ਵੀ ਠੇਕਾ ਮੁਲਾਜ਼ਮਾਂ ਨੂੰ ਠੇਕਾ ਪ੍ਰਣਾਲੀ ਦੀ ਚੱਕੀ ਵਿੱਚ ਪਿਸਣ ਲਈ ਮਜ਼ਬੂਰ ਕੀਤਾ ਹੋਇਆ ਹੈ ਅਤੇ ਵੱਖ-ਵੱਖ ਸਰਕਾਰੀ ਵਿਭਾਗਾਂ ਜਿਵੇਂ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ,ਪਾਵਰਕਾਮ ਅਤੇ ਟ$ਰਾਂਸਕੋ ਸਮੇਤ ਸਮੂਹ ਸਰਕਾਰੀ ਥਰਮਲ ਪਲਾਂਟਾਂ ਅਤੇ ਹਾਈਡਲ ਪ੍ਰਾਜੈਕਟਾਂ,ਵਾਟਰ ਸਪਲਾਈ ਅਤੇ ਸੀਵਰੇਜ਼ ਬੋਰਡ,ਵੇਰਕਾ ਮਿਲਕ ਅਤੇ ਕੈਟਲ ਫੀਡ ਪਲਾਂਟਾਂ,ਲੋਕ ਨਿਰਮਾਣ ਵਿਭਾਗ(ਬਿਜਲੀ ਵਿੰਗ) ਆਦਿ ਵਿੱਚ ਪਿਛਲੇ ਲੰਬੇ ਅਰਸੇ ਤੋਂ ਲਗਾਤਾਰ ਨਿਗੁਣੀਆਂ ਤਨਖਾਹਾਂ 'ਤੇ ਤਨਦੇਹੀ ਨਾਲ ਸੇਵਾਵਾਂ ਦਿੰਦੇ ਆ ਰਹੇ ਆਊਟਸੋਰਸ਼ਡ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਮਰਜ਼ ਕਰਕੇ ਪੱਕਾ ਕਰਨ ਲਈ 'ਆਪ ਸਰਕਾਰ' ਵੱਲੋਂ ਆਪਣੇ ਸਾਢੇ ਤਿੰਨ ਸਾਲਾਂ ਦੇ ਕਾਰਜ਼ਕਾਲ ਵਿੱਚ ਹਜ਼ੇ ਤੱਕ ਕੋਈ ਵੀ ਨੀਤੀ ਨਹੀਂ ਬਣਾਈ,ਜਿਸ ਤੋਂ ਸਾਫ਼ ਜ਼ਾਹਿਰ ਹੈ ਕਿ 'ਆਪ ਸਰਕਾਰ' ਵੀ ਪਿਛਲੀਆਂ ਸਰਕਾਰਾਂ ਦੀ ਤਰਾਂ ਆਊਟਸੋਰਸ਼ਡ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨਾਲ਼ ਨੰਗਾ-ਚਿੱਟਾ ਧੋਖਾ ਕਰ ਰਹੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਕੇਂਦਰ ਸਰਕਾਰ ਅਤੇ ਵਿਸ਼ਵ ਵਪਾਰ ਸੰਸਥਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਲੋਕਾਂ ਨੂੰ ਸਸਤੀਆਂ ਸੇਵਾਵਾਂ ਦੇਣ ਵਾਲੇ ਸਮੂਹ ਸਰਕਾਰੀ ਅਦਾਰਿਆਂ ਤੇ ਨਿੱਜੀਕਰਨ ਦਾ ਹੱਲਾ ਵਿੱਢਿਆ ਹੋਇਆ ਹੈ ਅਤੇ ਇਸ ਹੱਲੇ ਤਹਿਤ ਸਮੂਹ ਸਰਕਾਰੀ ਵਿਭਾਗਾਂ ਵਿੱਚੋਂ ਕੰਮ-ਭਾਰ ਨੀਤੀ ਮੁਤਾਬਿਕ ਤਹਿ ਕੀਤੀਆਂ ਪੱਕੀਆਂ ਅਸਾਮੀਆਂ ਦਾ ਲਗਾਤਾਰ ਖਾਤਮਾ ਕੀਤਾ ਜਾ ਰਿਹਾ ਹੈ ਅਤੇ ਆਊਟਸੋਰਸ਼ਡ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਨਹੀਂ ਕੀਤਾ ਜਾ ਰਿਹਾ ਅਤੇ ਮੋਰਚੇ ਦੀ ਸੂਬਾ ਕਮੇਟੀ ਨੂੰ ਪੰਜਾਬ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗ ਦਾ ਸਮਾਂ ਦੇਕੇ ਮੀਟਿੰਗ ਨਹੀਂ ਕੀਤੀ ਜਾ ਰਹੀ,ਜਿਸ ਤੋਂ ਸਿੱਧ ਹੁੰਦਾ ਹੈ ਕਿ ਪੰਜਾਬ ਸਰਕਾਰ ਠੇਕਾ ਮੁਲਾਜ਼ਮਾਂ ਨੂੰ ਲਾਰੇ-ਲੱਪਿਆਂ ਵਿੱਚ ਰੱਖਕੇ ਆਪਣੇ ਕਾਰਜ਼ਕਾਲ ਦਾ ਸਮਾਂ ਲੰਘਾ ਰਹੀ ਹੈ,ਜਿਸ ਦੇ ਵਿਰੋਧ ਵਜੋਂ 'ਮੋਰਚੇ' ਦੇ ਬੈਨਰ ਹੇਠ ਅੱਜ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਵੱਲੋ ਸਮੁੱਚੇ ਪੰਜਾਬ ਵਿੱਚ ਰੈਲੀਆਂ/ਮੁਜ਼ਾਹਰੇ ਕਰਕੇ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜ਼ਾ ਰਹੇ ਹਨ ਅਤੇ 11 ਸਤੰਬਰ 2025 ਨੂੰ ਸੰਗਰੂਰ ਵਿਖੇ ਪਰਿਵਾਰਾਂ ਅਤੇ ਬੱਚਿਆਂ ਸਮੇਤ ਸੂਬਾ ਪੱਧਰੀ ਰੈਲੀ ਕਰਕੇ ਰੋਸ਼ ਪ੍ਰਦਰਸ਼ਨ ਕੀਤਾ ਜਾਵੇਗਾ,

## ਵਾਈ.ਐਸ. ਸਕੂਲ ਨੇ 'ਸਾਹਿਤ ਕਲਾ ਉਤਸਵ ਸੀਜ਼ਨ 5.0' ਦਾ ਉਦਘਾਟਨ ਬੜੇ ਉਤਸ਼ਾਹ ਨਾਲ ਕੀਤਾ



ਬਰਨਾਲਾ, 21 ਅਗਸਤ (ਬਘੇਲ ਸਿੰਘ ਧਾਲੀਵਾਲ): ਪਹਿਲੇ ਦਿਨ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ 162 ਕਵਿਤਾਵਾਂ ਸੁਣਾਈਆਂ ਗਈਆਂ। ਇਸ ਮੌਕੇ, ਮੁੱਖ ਮਹਿਮਾਨ ਸੋਨਮ (ਆਈ.ਏ.ਐਸ.), ਐਸ.ਡੀ.ਐਮ. ਬਰਨਾਲਾ ਨੇ ਆਪਣੀ ਪ੍ਰੇਰਨਾਦਾਇਕ ਮੌਜੂਦਗੀ ਅਤੇ ਉਤਸ਼ਾਹਜਨਕ ਸ਼ਬਦਾਂ ਨਾਲ ਵਿਦਿਆਰਥੀਆਂ ਦਾ ਮਨੋਬਲ ਵਧਾਇਆ। ਇਸ ਸਮਾਗਮ ਦੀ ਮੁੱਖ ਗੱਲ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਤਿੰਨ ਭਾਸ਼ਾਵਾਂ - ਅੰਗਰੇਜ਼ੀ (78), ਪੰਜਾਬੀ (53) ਅਤੇ ਹਿੰਦੀ (31) ਵਿੱਚ ਰਚੀਆਂ ਅਤੇ ਪੇਸ਼ ਕੀਤੀਆਂ ਗਈਆਂ 162 ਮੂਲ ਕਵਿਤਾਵਾਂ ਸਨ।ਇੰਨੀ ਵੱਡੀ ਗਿਣਤੀ ਵਿੱਚ ਭਾਗੀਦਾਰੀ ਸਕੂਲ ਦੇ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਨੂੰ ਪਾਲਣ-ਪੋਸ਼ਣ ਅਤੇ ਉਨ੍ਹਾਂ ਦੇ ਪ੍ਰਗਟਾਵੇ ਦੇ ਹੁਨਰ ਨੂੰ ਵਧਾਉਣ ਦੇ ਨਿਰੰਤਰ ਯਤਨਾਂ ਦਾ ਨਤੀਜਾ ਹੈ। ਦਿਨ ਲਈ ਸਮੀਖਿਆ ਪੈਨਲਿਸਟ ਸਨੇਹਲਤਾ ਅਤੇ ਪਿੰਕੀ ਸ਼ਰਮਾ ਸਨ ਜਿਨ੍ਹਾਂ ਨੇ ਬੱਚਿਆਂ ਦੀ ਕਲਪਨਾ, ਭਾਸ਼ਾ ਉੱਤੇ ਕਾਬੂ ਅਤੇ ਭਾਵਨਾਤਮਕ ਪ੍ਰਗਟਾਵੇ ਦੀ ਸ਼ਲਾਘਾ ਕੀਤੀ।ਇਸ ਸਾਹਿਤਕ ਕਲਾ ਉਤਸਵ ਨੂੰ ਹੋਰ ਵੀ ਖਾਸ ਬਣਾਉਣ ਵਾਲੀ ਗੱਲ ਇਹ ਸੀ ਕਿ ਸਕੂਲ ਨੇ ਵਿਦਿਆਰਥੀਆਂ ਦੁਆਰਾ ਲਿਖੀਆਂ 143 ਈ-ਕਿਤਾਬਾਂ ਅਤੇ 24 ਛਪੀਆਂ ਕਿਤਾਬਾਂ ਪ੍ਰਕਾਸ਼ਿਤ ਕੀਤੀਆਂ। ਇਹ ਪ੍ਰਾਪਤੀ ਸਕੂਲ ਦੇ ਵਿਦਿਆਰਥੀਆਂ ਦੀ ਕਲਪਨਾ ਨੂੰ ਖੰਭ ਦੇਣ ਦੇ ਦ੍ਰਿਸ਼ਟੀਕੋਣ ਨੂੰ ਪੂਰਾ ਕਰਦੀ ਹੈ।ਵਾਈ.ਐਸ. ਸਕੂਲ ਬਰਨਾਲਾ ਆਪਣੇ ਵਿਦਿਆਰਥੀਆਂ ਨੂੰ ਇੱਕ ਪਲੇਟਫਾਰਮ ਪ੍ਰਦਾਨ ਕਰਨ ਦੀ ਆਪਣੀ ਵਚਨਬੱਧਤਾ 'ਤੇ ਦ੍ਰਿੜ ਹੈ। ।

## ਹਲਵਾਈ ਯੂਨੀਅਨ ਤੇ ਮੰਦਿਰ ਪ੍ਰਬੰਧਕ ਵਿਵਾਦ ਸੁਲਝਿਆ ਵੀਹ ਲੱਖ ਰੁਪਏ 'ਚ ਹੋਇਆ ਸਮਝੌਤਾ

ਧਨੌਲਾ, 21 ਅਗਸਤ (ਚਮਕੌਰ ਸਿੰਘ ਗੱਗੀ): ਪਿਛਲੇ ਦਿਨੀਂ ਸਥਾਨਕ ਨਗਰ ਦੇ ਪ੍ਰਸਿੱਧ ਹਨੂੰਮਾਨ ਮੰਦਿਰ ਵਿੱਚ ਲੱਗੀ ਅੱਗ ਨਾਲ ਝੁਲਸੇ ਵਿਅਕਤੀਆਂ ਦੀ ਮੌਤ ਤੋਂ ਬਾਅਦ ਮੰਦਿਰ ਪ੍ਰਬੰਧਕਾਂ ਵਿੱਚ ਪੈਦਾ ਹੋਏ ਵਿਵਾਦ ਦੇ ਚਲਦਿਆਂ ਅੱਜ ਅੱਜ ਹਲਵਾਈਆਂ ਦੇ ਵੱਡੇ ਇਕੱਠ ਅਤੇ ਰੋਹ ਨੂੰ ਦੇਖਦੇ ਹੋਏ ਮੰਦਿਰ ਪ੍ਰਬੰਧਕਾਂ ਨੂੰ ਆਖਰ ਝੁਕਣਾ ਪਿਆ ਅਤੇ ਮ੍ਰਿਤਕਾ ਦੇ ਮੁਆਵਜੇ ਅਤੇ ਜ਼ਖਮੀਆਂ ਦੇ ਇਲਾਜ ਦੀ ਸਹਿਮਤੀ ਪ੍ਰਗਟ ਕੀਤੀ। ਜਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਮੰਦਿਰ ਵਿੱਚ ਅਚਾਨਕ ਅੱਗ ਦੀ ਘਟਨਾ ਵਾਪਰੀ ਸੀ , ਜਿਸ ਨਾਲ 16 ਮਰਦ ਅਤੇ ਔਰਤਾਂ ਝੁਲਸ ਗਈਆਂ ਸਨ, ਜਿਨਾਂ ਵਿੱਚੋਂ ਤਿੰਨ ਹਲਵਾਈਆਂ ਦੀ ਇਲਾਜ ਦੌਰਾਨ ਮੌਤ ਹੋ ਗਈ ਸੀ, ਤੇ ਪਰਵਾਰਿਕ ਮੈਂਬਰ ਆਪਣਿਆਂ ਲਈ ਮੁਆਵਜੇ ਦੀ ਮੰਗ ਕਰ ਰਹੇ ਸਨ, ਪਰ ਮੰਦਿਰ ਪ੍ਰਬੰਧਕ ਇਲਾਜ ਕਰਵਾਉਣ ਅਤੇ ਮੁਆਵਜੇ ਤੋਂ ਮੁਨਕਰ ਹੋ ਗਏ ਸਨ, ਤੇ ਦੂਜੀ ਮੌਤ ਤੋਂ ਬਾਅਦ ਆਪਣੇ ਹੱਕ ਮੰਗ ਰਹੇ ਹਲਵਾਈਆਂ 'ਤੇ ਪੁਲਿਸ ਵੱਲੋਂ ਕੁੱਟਮਾਰ ਅਤੇ ਪਰਚੇ ਦਰਜ ਕੀਤੇ ਗਏ ਸਨ, ਜਿਸ ਕਾਰਨ ਗੁੱਸੇ ਵਿਚ ਆਏ ਹਲਵਾਈਆਂ ਵੱਲੋਂ ਕਪਿਲ ਪੈਲੇਸ ਵਿੱਚ ਵੱਡਾ ਇਕੱਠ ਰੱਖਿਆ ਗਿਆ, ਪਰ ਇਸ ਦੌਰਾਨ ਇੱਕ ਹੋਰ ਮੌਤ ਹੋ ਗਈ ਮੌਤ ਤੋਂ ਬਾਅਦ ਹਲਵਾਈਆਂ ਵੱਲੋਂ ਮ੍ਰਿਤਕ ਦੇ ਮੁਆਵਜੇ ਦੀ ਮੰਗ ਕੀਤੀ ਪਰ ਮੰਦਿਰ ਪਰਬੰਧਕਾਂ ਵੱਲੋਂ ਮੁਆਵਜਾ ਤਾਂ ਕੀ ਦੇਣਾ ਸੀ ਤੇ ਇਲਾਜ ਕਰਾਉਣ ਤੋਂ ਵੀ ਪਿਛਾਂਹ ਹੋ ਗਏ, ਜਿਸ ਕਾਰਨ ਅੱਜ ਹਲਵਾਈਆਂ ਦੇ ਵੱਡੇ ਇਕੱਠ ਨੇ ਇਕੱਠੇ ਹੋ ਕੇ ਡੀਸੀ ਦਫਤਰ ਅੱਗੇ ਧਰਨਾ ਲਗਾ ਦਿੱਤਾ ਜਿੱਥੇ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਵੱਲੋਂ ਮੰਦਿਰ ਪ੍ਰਬੰਧਕ ਅਤੇ ਪ੍ਰਸ਼ਾਸਨ ਖਿਲਾਫ ਨਾਅਰੇਬਾਜ਼ੀ ਕੀਤੀ, ਜਿਸ ਨੂੰ ਦੇਖਦੇ ਹੋਏ ਐਸ ਪੀ ਐੱਚ ਸ਼੍ਰੀ ਰਾਜੇਸ਼ ਕੁਮਾਰ ਛਿੱਬਰ ਵੱਲੋਂ ਦੋਹਾਂ ਪਾਰਟੀਆਂ ਨੂੰ ਬੁਲਾਇਆ ਗਿਆ, ਅਤੇ ਲੰਮੀ ਜੱਦੋ ਜਹਿਦ ਮੰਗਰੋ ਵੀਹ ਲੱਖ ਵਿੱਚ ਸਮਝੌਤਾ ਹੋ ਗਿਆ।

## ਨਗਰ ਨਿਗਮ ਵਿਭਾਗ ਵਿੱਚ ਗਵਾਂਢੀ ਸੂਬੇ ਦੇ ਲੋਕਾਂ ਦੀ ਭਰਤੀ ਕਰ ਸਰਕਾਰ ਨੇ ਧ੍ਰੋਹ ਕਮਾਇਆ : ਹਰਪਾਲ ਸੋਨੂੰ

ਸੰਗਰੂਰ, 21 ਅਗਸਤ (ਹਰਕੰਵਲ ਸਿੰਘ ਹੈਪੀ): ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਓ.ਬੀ.ਸੀ. ਡਿਪਾਰਟਮੈਂਟ ਦੇ ਵਾਈਸ ਚੇਅਰਮੈਨ ਅਤੇ ਸੰਗਰੂਰ ਤੋਂ ਪਾਰਟੀ ਦੇ ਮੁੱਖ ਬੁਲਾਰੇ ਹਰਪਾਲ ਸਿੰਘ ਸੋਨੂੰ ਨੇ ਅੱਜ ਪ੍ਰੈਸ ਨਾਲ ਵਾਰਤਾ ਕਰਦਿਆਂ ਪੰਜਾਬ ਸਰਕਾਰ 'ਤੇ ਦੋਸ਼ ਲਗਾਇਆ ਕਿ ਮੁੱਖ ਮੰਤਰੀ ਵੱਲੋਂ ਪੰਜਾਬ ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਨੌਕਰੀਆਂ ਦੇਣ ਦਾ ਦਾਅਵਾ ਕੀਤਾ ਜਾਂਦਾ ਹੈ, ਜਦਕਿ ਹੁਣੇ ਨਗਰ ਨਿਗਮ ਵਿਭਾਗ ਅਧੀਨ ਭਰਤੀ ਕੀਤੇ ਜੂਨੀਅਰ ਇੰਜੀਨੀਅਰਾਂ ਵਿੱਚ ਜ਼ਿਆਦਾਤਰ ਮੁਲਾਜ਼ਮ ਹਰਿਆਣਾ ਅਤੇ ਰਾਜਸਥਾਨ ਨਾਲ ਸਬੰਧਤ ਹਨ। ਉਹਨਾਂ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਅਸਲ ਵਿੱਚ ਆਹ ਪੰਜਾਬ ਸਰਕਾਰ ਦਾ ਅਸਲੀ ਚਿਹਰਾ ਹੈ, ਸਾਡੀ ਨੌਜਵਾਨ ਪੀੜ੍ਹੀ ਜਿਹੜੀ ਕਿ ਡਿਗਰੀਆਂ ਲੈਕੇ ਨੌਕਰੀਆਂ ਲਈ ਦਰ ਦਰ ਭਟਕ ਰਹੀ ਹੈ ਤੇ ਸਾਡੀ ਪੰਜਾਬ ਦੀ ਸਰਕਾਰ ਬਾਹਰਲੀਆਂ ਸਟੇਟਾਂ ਦੇ ਮੁਲਾਜ਼ਮ ਭਰਤੀ ਕਰ ਰਹੀ ਹੈ। ਸੋਨੂੰ ਨੇ ਕਿਹਾ ਕਿ ਕੀ ਇਹ ਉਹੀ ਪੰਜਾਬ ਸਰਕਾਰ ਹੈ, ਜਿਹੜੀ ਕਹਿੰਦੀ ਹੁੰਦੀ ਸੀ ਕਿ ਅਸੀਂ ਪੰਜਾਬ ਦੇ ਨੌਜਵਾਨਾਂ ਨੂੰ ਨੌਕਰੀਆਂ ਦੇਵਾਂਗੇ ਰੋਜ਼ਗਾਰ ਦੇਵਾਂਗੇ। ਪਰ ਅੱਜ ਸਾਡੇ ਸੂਬੇ ਦੇ ਬੇਰੋਜਗਾਰ ਨੌਜਵਾਨਾਂ ਦੇ ਹੱਕਾਂ 'ਤੇ ਡਾਕੇ ਮਾਰੇ ਜਾ ਰਹੇ ਹਨ। ਉਹਨਾਂ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਸਮੇਤ ਪੂਰੀ ਸਰਕਾਰ ਨੂੰ ਸ਼ਰਮ ਆਉਣੀ ਚਾਹੀਦੀ ਹੈ, ਜੋ ਕਿ ਦਿੱਲੀ ਵਾਲੇ ਆਕਾਵਾਂ ਦੇ ਕਹਿਣ 'ਤੇ ਬਾਹਰਲੀਆਂ ਸਟੇਟਾਂ ਵਾਲਿਆਂ ਨੂੰ ਰਿਉੜੀਆਂ ਦੀ ਤਰ੍ਹਾਂ ਸਰਕਾਰੀ ਨੌਕਰੀਆਂ ਵੰਡ ਰਹੇ ਹਨ ਅਤੇ ਸਾਡੇ ਸੂਬੇ ਦੇ ਲੋੜਵੰਦ ਅਤੇ ਯੋਗ ਨੌਜਵਾਨਾਂ ਦੇ ਹੱਕਾਂ ਉੱਤੇ ਸ਼ਰੇਆਮ ਡਾਕਾ ਮਾਰਿਆ ਜਾ ਰਿਹਾ ਹੈ। ਉਹਨਾਂ ਪੰਜਾਬ ਸਰਕਾਰ ਨੂੰ ਹੁਣ ਤੱਕ ਦੀ ਸਭ ਤੋਂ ਨਿਕੰਮੀ ਅਤੇ ਸੂਬੇ ਦੇ ਹੱਕਾਂ 'ਤੇ ਡਾਕਾ ਮਾਰਨ ਵਾਲੀ ਸਰਕਾਰ ਘੋਸ਼ਿਤ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਸਰਕਾਰ ਦੇ ਇਸ ਜਬਰ ਅਤੇ ਧੱਕੇ ਖ਼ਿਲਾਫ਼ ਬੇਰੋਜਗਾਰ ਨੌਜਵਾਨਾਂ ਦੇ ਹੱਕਾਂ ਉੱਤੇ ਮਾਰੇ ਜਾ ਰਹੇ ਡਾਕੇ ਦੇ ਵਿਰੋਧ ਵਿੱਚ ਸਰਕਾਰ ਵਿਰੁੱਧ ਪ੍ਰਦਰਸ਼ਨ ਕਰਨਗੇ।

## ਭਾ.ਕਿ.ਯੂ. ਉਗਰਾਹਾਂ ਵੱਲੋਂ ਸਮਰਾਲਾ ਰੈਲੀ ਵਿੱਚ 20 ਬੱਸਾਂ ਦੇ ਕਾਫ਼ਲੇ ਦੀ ਤਿਆਰੀ



ਲਹਿਰਾਗਾਗਾ, 21 ਅਗਸਤ (ਰਾਮੇਸ਼ਵਰ ਸ਼ਰਮਾ/ ਖੁਸਵਿੰਦਰ ਸ਼ਰਮਾ): ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਲਹਿਰਾ ਗਾਗਾ ਦੀ ਵਧਵੀ ਮੀਟਿੰਗ ਕਾਰਜਕਾਰੀ ਆਗੂ ਗੁਰਪ੍ਰੀਤ ਸਿੰਘ ਸੰਗਤਪੁਰਾ ਦੀ ਅਗਵਾਈ ਅਧੀਨ ਲਹਿਰਾ ਦਫਤਰ ਵਿਖੇ ਹੋਈ,ਇਸ ਮੀਟਿੰਗ ਵਿੱਚ ਜਿਲਾ ਪ੍ਰਧਾਨ ਅਮਰੀਕ ਸਿੰਘ ਗੰਢੂਆਂ, ਪਾਲ ਸਿੰਘ ਦੌਲੇਵਾਲ, ਦਰਸ਼ਨ ਸਿੰਘ ਚੰਗਲੀਵਾਲਾ ਹਾਜ਼ਰ ਹੋਏ ਮੀਟਿੰਗ ਵਿੱਚ ਆਉਣ ਵਾਲੀ 24 ਤਰੀਕ ਨੂੰ ਇਸ ਐਸ ਕੇ ਐਮ ਦੇ ਸੱਦੇ ਤੇ ਸਮਰਾਲਾ ਸ਼ਹਿਰ ਵਿਖੇ ਕੀਤੀ ਜਾ ਰਹੀ ਜੇਤੂ ਰੈਲੀ ਵਿੱਚ ਸ਼ਾਮਿਲ ਹੋਣ ਲਈ ਪਿੰਡ ਇਕਾਈਆਂ ਨਾਲ ਵਿਚਾਰ ਚਰਚਾ ਕੀਤੀ ਗਈ ਇਸ ਮੌਕੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ 24 ਅਗਸਤ ਨੂੰ ਸਮਰਾਲਾ ਵਿਖੇ ਬਹੁਤ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ, ਇਸ ਰੈਲੀ ਵਿੱਚ ਲਹਿਰਾ ਬਲਾਕ ਵੱਲੋਂ 20 ਬੱਸਾਂ ਦਾ ਕਾਫਲਾ ਰਵਾਨਾ ਕੀਤਾ ਜਾਵੇਗਾ ਅਤੇ ਇਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ ਇਸ ਤੋਂ ਇਲਾਵਾ ਪਿੰਡ ਗਾਗਾ ਦੀਆਂ ਮਜ਼ਦੂਰ ਔਰਤਾਂ ਜੋ ਨਰੇਗਾ ਵਿੱਚ ਕੰਮ ਕਰਦੀਆਂ ਹਨ ਅਤੇ ਕੁਝ ਮਾਤਾਵਾਂ ਦੀ ਬੁਢਾਪਾ ਪੈਨਸ਼ਨ ਖਾਤੇ ਵਿੱਚ ਆਉਂਦੀ ਹੈ ਉਸ ਉੱਪਰ ਪੀਐਨਬੀ ਬੈਂਕ ਗਾਗਾ ਵੱਲੋਂ ਖਾਤੇ ਫਰੀਜ ਕਰਕੇ ਉਹਨਾਂ ਨੂੰ ਕੋਈ ਵੀ ਪੈਨਸ਼ਨ ਦਾ ਜਾਂ ਨਰੇਗਾ ਦਾ ਪੈਸਾ ਨਹੀਂ ਮਿਲ ਰਿਹਾ। ਇਸ ਸਬੰਧੀ ਮਨੇਜਰ ਨਾਲ ਗੱਲਬਾਤ ਕੀਤੀ ਗਈ ਪਰ ਮੈਨੇਜਰ ਨੇ ਕੋਈ ਲੜ ਪੱਲਾ ਨਹੀਂ ਫੜਾਇਆ,ਮੀਟਿੰਗ ਵਿੱਚ ਵਿਚਾਰਿਆ ਗਿਆ ਜੇਕਰ ਬੈਂਕ ਮਜ਼ਦੂਰ ਔਰਤਾਂ ਦੇ ਖਾਤੇ ਚਾਲੂ ਨਹੀਂ ਕਰਦੀ ਤਾਂ ਜਥੇਬੰਦੀ ਵੱਲੋਂ ਪੀਐਨਬੀ ਬੈਂਕ ਗਾਗਾ ਅੱਗੇ ਧਰਨਾ ਦਿੱਤਾ ਜਾਵੇਗਾ ਜਿਸ ਦੀ ਜੁੰਮੇਵਾਰੀ ਬੈਂਕ ਮੈਨੇਜਰ ਦੀ ਹੋਵੇਗੀ।ਇਸ ਤੋਂ ਇਲਾਵਾ ਜੋ ਪਿਛਲੇ ਸਾਲ ਦੇ ਪਰਾਲੀ ਦੇ ਪਰਚੇ ਕਿਸਾਨਾਂ ਉਪਰ ਕੀਤੇ ਗਏ ਹਨ,ਜਥੇਬੰਦੀ ਓਹਨਾਂ ਦਾ ਸ਼ਖਤ ਵਿਰੋਧ ਕਰਦੀ ਹੈ,ਹੈ ਜੇਕਰ ਪੁਲਸ ਜਬਰੀ ਕਿਸਾਨਾਂ ਨੂੰ ਗਿਰਫਤਾਰ ਕਰਦੀ ਹੈ ਤਾਂ ਪੁਲਸ ਸਟੇਸ਼ਨਾਂ ਦਾ ਘਰਿਓ ਕਿੱਤਾ ਜਾਵੇਗਾ ਤੇ ਮਸਲੇ ਨੂੰ ਸੂਬਾ ਲੈਵਲ ਤਕ ਲੜਿਆ ਜਾਵੇਗਾ,ਅੱਜ ਦੀ ਇਸ ਮੀਟਿੰਗ ਵਿੱਚ 18 ਪਿੰਡਾਂ ਇਕਾਈਆਂ ਦੇ ਆਗੂ ਹਾਜ਼ਰ ਹੋਏ ਅਤੇ ਦਰਸ਼ਨ ਸਿੰਘ ਕੋਟੜਾ, ਰਾਮ ਚੰਦ ਚੋਟੀਆਂ, ਪ੍ਰੀਤਮ ਸਿੰਘ ਲਹਿਲ ਕਲਾਂ, ਬਿੰਦਰ ਖੋਖਰ, ਕਰਨੈਲ ਸਿੰਘ ਗਨੋਟਾ, ਭੁਪਿੰਦਰ ਪਾਲ ਸ਼ਰਮਾ ਬਲਾਕ ਆਗੂ ਹਾਜ਼ਰ ਸਨ।

## 24 ਅਗਸਤ ਨੂੰ ਸਮਰਾਲਾ ਦੀ ਧਰਤੀ 'ਤੇ ਕੀਤਾ ਜਾਵੇਗਾ ਕਿਸਾਨਾਂ ਦਾ ਵੱਡਾ ਇਕੱਠ : ਗੰਢੂਆਂ



ਮੂਨਕ,21 ਅਗਸਤ(ਸਮਸ਼ੇਰ ਸਿੰਘ):ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਮੂਣਕ ਦੀ ਮੀਟਿੰਗ ਬਲਾਕ ਪ੍ਰਧਾਨ ਸੁਖਦੇਵ ਸਿੰਘ ਕੜੈਲ ਦੀ ਪ੍ਰਧਾਨਗੀ ਹੇਠ ਪਿੰਡ ਮਕੋਰੜ ਸਾਹਿਬ ਵਿਖੇ ਕੀਤੀ ਗਈ ਬਲਾਕ ਦੇ ਕਿਸਾਨ ਆਗੂਆਂ ਦੀ ਮੀਟਿੰਗ ਕਰਵਾਉਣ ਲਈ ਵਿਸ਼ੇਸ਼ ਤੌਰ 'ਤੇ ਪੁੱਜੇ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੁੰਢੂਆ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ 24 ਅਗਸਤ ਨੂੰ ਲੁਧਿਆਣਾ ਜ਼ਿਲੇ ਦੇ ਸਮਰਾਲਾ ਵਿਖੇ ਲੱਖਾਂ ਕਿਸਾਨਾਂ ਦਾ ਵੱਡਾ ਇਕੱਠ ਕਰਕੇ ਜੈਤੋਂ ਰੈਲੀ ਕੀਤੀ ਜਾਵੇਗੀ, ਕਿਉਂਕਿ ਪਿਛਲੇ ਦਿਨੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀਆ ਜ਼ਮੀਨਾਂ ਖੋਹਣ ਲਈ ਲੈਂਡ ਪੁਲਿੰਗ ਪਾਲਿਸੀ ਨੀਤੀ ਲੈ ਕੇ ਆਈ ਸੀ, ਜਿਸ ਦਾ ਸਾਰੀਆਂ ਕਿਸਾਨ ਜਥੇਬੰਦੀਆਂ ਅਤੇ ਆਮ ਕਿਸਾਨਾਂ ਵੱਲੋਂ ਵੀ ਜ਼ੋਰਦਾਰ ਵਿਰੋਧ ਕੀਤਾ ਗਿਆ ਸੀ ਵਿਰੋਧ ਇਸ ਕਦਰ ਵਧ ਗਿਆ ਸੀ ਕਿ ਲੋਕਾਂ ਨੇ ਸਰਕਾਰ ਦੇ ਸਾਰੇ ਨੁਮਾਇੰਦਿਆਂ ਦਾ ਪਿੰਡਾਂ ਵਿੱਚ ਵੜਨ 'ਤੇ ਪੂਰਨ ਪਾਬੰਦੀ ਲਾ ਦਿੱਤੀ ਗਈ ਸੀ, ਜਿਸ ਦੇ ਦਬਾਅ ਸਦਕਾ ਸਰਕਾਰ ਨੂੰ ਅਪਣੇ ਕਦਮ ਪਿੱਛੇ ਕਰਨਾ ਪਏ ਤੇ ਤੁਰੰਤ ਜ਼ਮੀਨ ਅਕਵਾਇਰ ਕਰਨ ਵਾਲੀ ਪਾਲਿਸੀ ਦਾ ਨੋਟੀਫ਼ ?ਕੇਸ਼ਨ ਵੀ ਰੱਦ ਕਰਨਾ ਪਿਆ ਕਿਸਾਨ ਆਗੂ ਨੇ ਕਿਹਾ ਕਿ ਇਹ ਕਿਸਾਨਾਂ ਦੀ ਏਕਤਾ ਦੀ ਵੱਡੀ ਜਿੱਤ ਹੈ ਇਸ ਜਿੱਤ ਨੂੰ ਸਮਰਾਲਾ ਦੀ ਧਰਤੀ ਤੇ ਲੱਖਾਂ ਕਿਸਾਨਾਂ ਦਾ ਇਕੱਠ ਕਰਕੇ ਮਨਾਇਆ ਜਾਵੇਗਾ ਤੇ ਨਾਲ ਹੀ ਸਰਕਾਰ ਨੂੰ ਚਿਤਾਵਨੀ ਦਿੱਤੀ ਜਾਵੇਗੀ ਕਿ ਸਰਕਾਰ ਖ਼ਬਰਦਾਰ ਰਹੇ ਪੰਜਾਬ ਦੇ ਲੋਕ ਧੱਕੇ ਨਾਲ ਕਦੇ ਵੀ ਜ਼ਮੀਨਾਂ ਨਹੀਂ ਖੋਹਣ ਦੇਣਗੇ। ਇਸ ਦੇ ਲਈ ਚਾਰੇ ਜੋ ਮਰਜ਼ੀ ਕੀਮਤ ਤਾਰਨੀ ਪਵੇ ਇਸ ਮੌਕੇ ਜ਼ਿਲ੍ਹਾ ਆਗੂ ਦਰਸ਼ਨ ਸਿੰਘ ਚੰਗਾਲੀ ਵਾਲਾ ਬਲਾਕ ਜਰਨਲ ਸਕੱਤਰ ਰਿੰਕੂ ਮੂਣਕ ਰੋਸ਼ਨ ਮੂਣਕ ਬੰਟੀ ਢੀਂਡਸਾ ਬੱਬੂ ਚੱਠਾ ਤੇ ਕੁਲਦੀਪ ਗੁਲਾੜੀ ਨੇ ਵੀ ਕਿਸਾਨਾਂ ਨੂੰ ਸੰਬੋਧਨ ਕੀਤਾ ।

## ਬਠਿੰਡਾ 'ਚ ਬੇਖ਼ੌਫ ਹੋਏ ਝਪਟਮਾਰ, ਲੁੱਟਣ ਤੋਂ ਬਾਅਦ ਕਰਦੇ ਨੇ ਜ਼ਖਮੀ



ਬਠਿੰਡਾ, 21 ਅਗਸਤ (ਦੀਪਕ ਸ਼ਰਮਾ):ਬਠਿੰਡਾ ਜ਼ਿਲ੍ਹੇ ਵਿੱਚ ਲੁਟੇਰਿਆਂ ਅਤੇ ਝਪਟਮਾਰਾਂ ਦੇ ਹੌਸਲੇ ਇੰਨੇ ਬੁਲੰਦ ਹੋ ਗਏ ਹਨ ਕਿ ਹੁਣ ਉਹ ਨਾ ਸਿਰਫ਼ ਲੁੱਟ-ਖੋਹ ਕਰਦੇ ਹਨ, ਬਲਕਿ ਪੀੜਤ ਨੂੰ ਜ਼ਖਮੀ ਵੀ ਕਰ ਰਹੇ ਹਨ। ਸ਼ਹਿਰ ਦੇ ਪਾਸ਼ ਇਲਾਕਿਆਂ ਵਿੱਚ ਵੀ ਰਾਤ 8 ਵਜੇ ਤੋਂ ਬਾਅਦ ਲੋਕਾਂ ਵਿੱਚ ਡਰ ਦਾ ਮਾਹੌਲ ਹੈ। ਹਾਲ ਹੀ ਵਿੱਚ, ਝਪਟਮਾਰਾਂ ਨੇ ਇੱਕ ਨਵਾਂ ਤਰੀਕਾ ਅਪਣਾਇਆ ਹੈ, ਜਿਸ ਵਿੱਚ ਉਹ ਪਰਸ ਖੋਹਣ ਤੋਂ ਬਾਅਦ ਸਕੂਟਰੀ ਸਵਾਰ ਔਰਤਾਂ ਨੂੰ ਧੱਕਾ ਮਾਰ ਕੇ ਸੁੱਟ ਦਿੰਦੇ ਹਨ, ਜਿਸ ਨਾਲ ਉਹ ਜ਼ਖਮੀ ਹੋ ਜਾਂਦੀਆਂ ਹਨ। ਤਾਜ਼ਾ ਮਾਮਲੇ ਵਿੱਚ, ਵਿਸ਼ਾਲ ਨਗਰ ਦੀ ਰਹਿਣ ਵਾਲੀ ਸੁਮਨ ਗੋਇਲ ਨੇ ਪੁਲਿਸ ਨੂੰ ਸ਼ਿਕਾਇਤ ਦਿੱਤੀ ਕਿ ਉਹ ਆਪਣੀ ਨਣਦ ਕਿਰਨ ਬਾਂਸਲ ਨਾਲ ਸਬਜ਼ੀ ਲੈ ਕੇ ਘਰ ਪਰਤ ਰਹੀ ਸੀ। ਇਸ ਦੌਰਾਨ ਮੋਟਰਸਾਈਕਲ ਸਵਾਰ ਦੋ ਅਣਪਛਾਤੇ ਲੁਟੇਰੇ ਪਿੱਛੋਂ ਆਏ ਅਤੇ ਕਿਰਨ ਬਾਂਸਲ ਦੇ ਮੋਢੇ 'ਤੇ ਟੰਗਿਆ ਪਰਸ ਖੋਹ ਲਿਆ। ਪਰਸ ਖੋਹਣ ਤੋਂ ਬਾਅਦ ਉਨ੍ਹਾਂ ਨੇ ਸਕੂਟਰੀ ਨੂੰ ਧੱਕਾ ਮਾਰ ਕੇ ਉਨ੍ਹਾਂ ਨੂੰ ਡੇਗ ਦਿੱਤਾ, ਜਿਸ ਕਾਰਨ ਕਿਰਨ ਬਾਂਸਲ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਈ ਅਤੇ ਉਸਨੂੰ ਇਲਾਜ ਲਈ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਹਾਲਾਂਕਿ ਪਰਸ ਵਿੱਚ ਸਿਰਫ਼ 250 ਰੁਪਏ ਹੀ ਸਨ, ਪਰ ਇਸ ਘਟਨਾ ਨੇ ਸ਼ਹਿਰ ਦੀ ਸੁਰੱਖਿਆ 'ਤੇ ਵੱਡੇ ਸਵਾਲ ਖੜ੍ਹੇ ਕਰ ਦਿੱਤੇ ਹਨ। ਇਸੇ ਤਰ੍ਹਾਂ ਦੋ ਦਿਨ ਪਹਿਲਾਂ ਵੀ ਇੱਕ ਦਰਦਨਾਕ ਘਟਨਾ ਵਾਪਰੀ ਸੀ, ਜਦੋਂ ਸੋਨੇ ਚਾਂਦੀ ਦੇ ਵਪਾਰੀ ਰਾਜ ਕੁਮਾਰ ਸੋਨੀ ਅਤੇ ਉਨ੍ਹਾਂ ਦੀ ਪਤਨੀ ਸੁਸ਼ੀਲਾ ਸੋਨੀ ਨਾਲ ਲੁੱਟ ਦੀ ਵਾਰਦਾਤ ਹੋਈ। ਉਹ ਮੰਦਿਰ ਤੋਂ ਵਾਪਸ ਆ ਰਹੇ ਸਨ, ਜਦੋਂ ਮੋਟਰਸਾਈਕਲ ਸਵਾਰ ਦੋ ਵਿਅਕਤੀਆਂ ਨੇ ਉਨ੍ਹਾਂ ਦਾ ਬੈਗ ਖੋਹ ਲਿਆ। ਬੈਗ ਵਿੱਚ ਮੋਬਾਈਲ ਫੋਨ, 10,000 ਰੁਪਏ ਨਕਦ, ਸੱਤ ਤੋਲੇ ਚਾਂਦੀ ਦੇ ਗਹਿਣੇ ਅਤੇ ਜ਼ਰੂਰੀ ਕਾਗਜ਼ਾਤ ਸਨ।ਇਲਾਕਾ ਨਿਵਾਸੀਆਂ ਰਾਹੁਲ, ਗੋਬਿੰਦ ਅਤੇ ਸੰਜੀਵ ਗਰਗ ਨੇ ਦੱਸਿਆ ਕਿ ਪਿਛਲੇ ਛੇ ਮਹੀਨਿਆਂ ਵਿੱਚ ਇਸ ਖੇਤਰ ਵਿੱਚ ਦਰਜਨਾਂ ਲੁੱਟਾਂ-ਖੋਹਾਂ ਹੋ ਚੁੱਕੀਆਂ ਹਨ। ਉਨ੍ਹਾਂ ਮੁਤਾਬਕ ਲੁਟੇਰੇ ਜ਼ਿਆਦਾਤਰ ਸ਼ਾਮ 8 ਵਜੇ ਤੋਂ ਸਵੇਰੇ 6 ਵਜੇ ਤੱਕ ਸਰਗਰਮ ਹੁੰਦੇ ਹਨ। ਇਸ ਖੇਤਰ ਵਿੱਚ ਵਿਸ਼ਾਲ ਨਗਰ, ਸ਼ਕਤੀ ਨਗਰ ਅਤੇ ਟੈਗੋਰ ਨਗਰ ਵਰਗੇ ਪਾਸ਼ ਇਲਾਕੇ ਹਨ, ਜਿੱਥੇ ਕਾਰੋਬਾਰੀ ਰਹਿੰਦੇ ਹਨ, ਪਰ ਪੁਲਿਸ ਸੁਰੱਖਿਆ ਪ੍ਰਦਾਨ ਕਰਨ ਵਿੱਚ ਨਾਕਾਮ ਰਹੀ ਹੈ। ਪੀਸੀਆਰ ਟੀਮਾਂ ਦੀ ਘਾਟ ਕਾਰਨ ਅਪਰਾਧੀਆਂ ਦੇ ਹੌਸਲੇ ਬੁਲੰਦ ਹਨ। ਥਾਣਾ ਕੋਤਵਾਲੀ ਦੇ ਇੰਚਾਰਜ ਇੰਸਪੈਕਟਰ ਪਰਵਿੰਦਰ ਸਿੰਘ ਨੇ ਦੱਸਿਆ ਕਿ ਪੀੜਤਾ ਦੀ ਸ਼ਿਕਾਇਤ 'ਤੇ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਮੁਲਜ਼ਮਾਂ ਦੀ ਭਾਲ ਲਈ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਦੌਰਾਨ, ਵਿਧਾਇਕ ਜਗਰੂਪ ਸਿੰਘ ਗਿੱਲ ਨੇ ਵੀ ਪੀੜਤ ਪਰਿਵਾਰ ਨਾਲ ਮੁਲਾਕਾਤ ਕਰਕੇ ਇਨਸਾਫ਼ ਦਾ ਭਰੋਸਾ ਦਿੱਤਾ ਹੈ ਅਤੇ ਪੁਲਿਸ ਨੂੰ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸੇ ਤਰ੍ਹਾਂ ਦੀ ਇੱਕ ਹੋਰ ਘਟਨਾ ਪਿੰਡ ਲਹਿਰਾ ਬੇਗਾਂ ਵਿੱਚ ਵੀ ਵਾਪਰੀ ਹੈ, ਜਿੱਥੇ ਤਿੰਨ ਅਣਪਛਾਤੇ ਲੁਟੇਰਿਆਂ ਨੇ ਇੱਕ ਵਿਅਕਤੀ ਤੋਂ ਮੋਟਰਸਾਈਕਲ ਅਤੇ 10,000 ਰੁਪਏ ਦੀ ਨਕਦੀ ਖੋਹ ਲਈ। ਪੀੜਤ ਹਰਦੇਵ ਸਿੰਘ (ਲਹਿਰਾ ਮੁਹੱਬਤ) ਨੇ ਦੱਸਿਆ ਕਿ ਲੁਟੇਰਿਆਂ ਨੇ ਹਥਿਆਰਾਂ ਦੀ ਨੋਕ 'ਤੇ ਉਸਨੂੰ ਘੇਰਿਆ ਅਤੇ ਵਾਰਦਾਤ ਨੂੰ ਅੰਜਾਮ ਦਿੱਤਾ। ਥਾਣਾ ਨਥਾਣਾ ਪੁਲਿਸ ਨੇ ਇਸ ਸਬੰਧੀ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸੰਤ ਲੌਂਗੋਵਾਲ ਇੰਸਟੀਟਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨੋਲੋਜੀ, ਲੌਂਗੋਵਾਲ ਵੱਲੋਂ ਸੰਤ ਹਰਚੰਦ ਸਿੰਘ ਲੌਂਗੋਵਾਲ ਨੂੰ 40ਵੇਂ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਕੀਤੀ ਭੇਟ



ਲੌਂਗੋਵਾਲ, 21 ਅਗਸਤ ( ਭਗਵੰਤ ਸ਼ਰਮਾ) : ਪੰਜਾਬ ਅਤੇ ਭਾਰਤ ਦੇ ਮਹਾਨ ਸਪੁੱਤਰ ਸੰਤ ਹਰਚੰਦ ਸਿੰਘ ਜੀ ਲੌਂਗੋਵਾਲ ਨੂੰ ਉਨ੍ਹਾਂ ਦੇ 40ਵੇਂ ਸ਼ਹੀਦੀ ਦਿਵਸ ਮੌਕੇ ਸਲਾਈਟ, ਲੌਂਗੋਵਾਲ ਵਿੱਚ ਯਾਦ ਕੀਤਾ ਗਿਆ। ਕੈਂਪਸ ਵਿੱਚ ਇੱਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸੰਤ ਜੀ ਦੇ ਯੋਗਦਾਨ ਨੂੰ ਯਾਦ ਕੀਤਾ ਗਿਆ, ਜਿਨ੍ਹਾਂ ਨੇ 20 ਅਗਸਤ 1985 ਨੂੰ ਸ਼ਾਂਤੀ, ਕੌਮੀ ਏਕਤਾ ਅਤੇ ਪੰਜਾਬ ਦੇ ਲੋਕਾਂ ਦੇ ਹੱਕਾਂ ਲਈ ਆਪਣੀ ਸ਼ਹਾਦਤ ਦਿੱਤੀ ਸੀ।ਇਸ ਮੌਕੇ ਡਾਇਰੈਕਟਰ ਇੰਚਾਰਜ ਪ੍ਰੋ. ਕਮਲੇਸ਼ ਪ੍ਰਸਾਦ ਨੇ ਸੰਤ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਨੇ ਕਿਹਾ ਕਿ ਸੰਤ ਲੌਂਗੋਵਾਲ ਜੀ ਸਿਰਫ਼ ਧਾਰਮਿਕ ਨੇਤਾ ਹੀ ਨਹੀਂ ਸਨ, ਸਗੋਂ ਰਾਜਨੇਤਾ, ਦੂਰਦਰਸ਼ੀ ਅਤੇ ਸਭ ਤੋਂ ਵੱਧ ਸ਼ਾਂਤੀ ਤੇ ਭਾਈਚਾਰੇ ਦੇ ਸਨੇਹੀ ਸਨ।ਇਸ ਮੌਕੇ ਮਾਨਯੋਗ ਡਾਇਰੈਕਟਰ, ਸਲਾਈਟ ਪ੍ਰੋ. ਮਣਿਕਾਂਤ ਪਾਸਵਾਨ, ਜੋ ਪਹਿਲਾਂ ਤੋਂ ਨਿਧਾਰਤ ਕਾਰਨਾਂ ਕਰਕੇ ਹਾਜ਼ਰ ਨਹੀਂ ਹੋ ਸਕੇ, ਨੇ ਆਪਣਾ ਸੰਦੇਸ਼ ਭੇਜਿਆ। ਆਪਣੇ ਬਿਆਨ ਵਿੱਚ ਉਨ੍ਹਾਂ ਕਿਹਾ— ਸੰਤ ਹਰਚੰਦ ਸਿੰਘ ਜੀ ਲੌਂਗੋਵਾਲ ਸਾਦਗੀ, ਨਿਮਰਤਾ ਅਤੇ ਹਿੰਮਤ ਦੇ ਪ੍ਰਤੀਕ ਸਨ। ਉਨ੍ਹਾਂ ਦੀ ਸ਼ਹਾਦਤ ਇਤਿਹਾਸ ਦਾ ਕੇਵਲ ਇੱਕ ਪਲ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਜੀਵੰਤ ਪ੍ਰੇਰਣਾ ਹੈ। ਸੰਤ ਲੌਂਗੋਵਾਲ ਜੀ ਨੂੰ ਸੱਚੀ ਸ਼ਰਧਾਂਜਲੀ ਇਹੀ ਹੈ ਕਿ ਅਸੀਂ ਉਨ੍ਹਾਂ ਦੇ ਸ਼ਾਂਤੀ, ਭਰਾਤਰਵਾਦ ਅਤੇ ਨਿਸ਼ਕਾਮ ਸੇਵਾ ਦੇ ਆਦਰਸ਼ਾਂ ਨੂੰ ਅਪਨਾਈਏ।ਉਨ੍ਹਾਂ ਯਾਦ ਕੀਤਾ ਕਿ ਸੰਤ ਜੀ ਨੇ ਧੀਰਜ, ਸਮਝਦਾਰੀ ਅਤੇ ਬਲਿਦਾਨ ਨਾਲ ਪੰਜਾਬ ਨੂੰ ਮੁਸ਼ਕਲ ਸਮਿਆਂਵਿੱਚ ਮਾਰਗਦਰਸ਼ਨ ਦਿੱਤਾ। ਇਹ ਵੀ ਉਜਾਗਰ ਕੀਤਾ ਗਿਆ ਕਿ ਮਹਾਨ ਨੇਤਾ ਨੂੰ ਸੱਚੀ ਸ਼ਰਧਾਂਜਲੀ ਇਹੀ ਹੈ ਕਿ ਉਨ੍ਹਾਂ ਦੇ ਮਿਸ਼ਨ ਨੂੰ ਅੱਗੇ ਵਧਾਉਂਦਿਆਂ ਸਮਾਜ ਵਿੱਚ ਏਕਤਾ, ਇਨਸਾਫ਼ ਅਤੇ ਦਯਾ ਦਾ ਵਿਕਾਸ ਕੀਤਾ ਜਾਵੇ।

# ਭਾਜਪਾ ਆਗੂਆਂ ਅਤੇ ਵਰਕਰਾਂ ਨੂੰ ਗ੍ਰਿਫ਼ਤਾਰ ਕਰਨਾ ਮਾਨ ਸਰਕਾਰ ਦੇ ਘਬਰਾਹਟ ਦੀ ਨਿਸ਼ਾਨੀ : ਵਿਨੋਦ ਸਿੰਗਲਾ

ਲਹਿਰਾਗਾਗਾ, 21 ਅਗਸਤ (ਗੁਰਦੀਪ ਸਿੰਘ): ਵਿਧਾਨ ਸਭਾ ਹਲਕਾ ਲਹਿਰਾਗਾਗਾ ਤੋਂ ਭਾਜਪਾ ਦੇ ਕਨਵੀਨਰ ਤੇ ਸੂਬਾ ਕਮੇਟੀ ਮੈਂਬਰ ਵਿਨੋਦ ਸਿੰਗਲਾ ਵੱਲੋਂ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਨਰਿੰਦਰ ਮੋਦੀ ਦੀ ਕੇਂਦਰ ਸਰਕਾਰ ਦੀਆਂ ਸਕੀਮਾਂ ਨੂੰ ਘਰ-ਘਰ ਪਹੁਚਾਉਣ ਲਈ ਤੇ ਇਨ੍ਹਾਂ ਸਕੀਮਾਂ ਦਾ ਪਿੰਡਾਂ ਵਿੱਚ ਗਰੀਬ ਲੋਕਾਂ ਨੂੰ ਲਾਭ ਮਿਲੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ, ਕਿਸਾਨ ਸਨਮਾਨ ਨਿਧਿ ਮਕਾਨ ਬਣਾਉਣ ਲਈ ਫਾਰਮ ਅਤੇ ਪੈਨਸ਼ਨ ਸਕੀਮ ਅਤੇ ਗਰੀਬਾਂ ਲਈ ਪਖਾਨੇ ਬਣਾਉਣ ਲਈ, ਗਰੀਬਾਂ ਲਈ ਗੈਸ ਕੁਨੈਕਸ਼ਨ ਅਤੇ ਕਈ ਹੋਰ ਸਕੀਮਾਂ ਦੇ ਇਹਨਾਂ ਕੈਂਪਾਂ ਰਾਹੀਂ ਲੋਕਾਂ ਦੇ ਫਾਰਮ ਭਰ ਕੇ ਕਾਰਡ ਬਣਾਉਣ ਦਾ ਕੰਮ ਕੀਤਾ ਜਾ ਰਿਹਾ ਹੈ, ਪਰੰਤੂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਜੋ ਭਗਵੰਤ ਮਾਨ ਦੀ ਅਗਵਾਈ ਹੇਠ ਚਲ ਰਹੀ ਹੈ, ਉਹਨਾਂ ਵੱਲੋਂ ਜਾਣ ਬੁੱਝ ਕੇ ਬਿਨ੍ਹਾਂ ਕਿਸੇ ਕਾਰਨ ਤੋਂ ਭਾਜਪਾ ਆਗੂਆਂ ਅਤੇ ਵਰਕਰਾਂ ਨੂੰ ਗਿਫ਼ਤਾਰ ਕੀਤਾ ਗਿਆ ਹੈ, ਜੋ ਕਿ ਬੁਹਤ ਹੀ ਨਿੰਦਣਯੋਗ ਹੈ, ਭਾਜਪਾ ਆਗੂ ਸਿੰਗਲਾ ਨੇ ਕਿਹਾ ਕਿ ਮਾਨ ਸਰਕਾਰ ਦਾ ਉਹ ਹਾਲ ਹੈ,ਜਿਵੇਂ ਪੰਜਾਬ ਵਿੱਚ ਇੱਕ ਕਹਾਵਤ ਹੈ, ਕਿ ਉਠਿਆ ਨਾ ਜਾਵੇ ਆਪ ਤੋਂ ਫਿਟੇ ਮੂੰਹ ਗੋਡਿਆਂ ਦੇ, ਕਿਉਂਕਿ ਪੰਜਾਬ ਸਰਕਾਰ ਨੇ ਗਰੀਬ ਲੋਕਾਂ ਦੇ ਹਿੱਤਾਂ ਲਈ ਸਕੀਮਾਂ ਦਾ ਲਾਭ ਤਾਂ ਕੀ ਦੇਣਾ ਹੈ, ਸਗੋਂ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਜੋ ਸਕੀਮਾਂ ਦਾ ਲਾਭ ਗਰੀਬਾਂ ਨੂੰ ਮਿਲ ਰਿਹਾ ਹੈ, ਉਸ ਨੂੰ ਰੋਕਣ ਦਾ ਕੰਮ ਪੰਜਾਬ ਸਰਕਾਰ ਖੁਦ ਆਪ ਕਰ ਰਹੀ ਹੈ, ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਦੀ ਸਰਕਾਰ ਹੰਕਾਰ ਵਿੱਚ ਆ ਗਏ ਹਨ, ਇਹਨਾਂ ਨੇ ਤਾਂ ਭਾਜਪਾ ਆਗੂਆਂ ਨੂੰ ਜੇਲ ਵਿੱਚ ਭੇਜ ਕੇ ਹਿਟਲਰ ਦੀ ਯਾਦ ਕਰਵਾ ਦਿੱਤੀ ਹੈ, ਪਰੰਤੂ ਪੰਜਾਬ ਦੇ ਲੋਕ ਇਨ੍ਹਾਂ ਵੱਲੋਂ ਕੀਤੇ ਜਾ ਰਹੀ ਹਰ ਤਰਾਂ ਦੀ ਧੱਕੇਸ਼ਾਹੀ ਦਾ ਜਵਾਬ ਜ਼ਰੂਰ ਦੇਣਗੇ,ਕਿਉਂਕਿ ਪੰਜਾਬੀ ਕੇਂਦਰ ਸਰਕਾਰ ਅਤੇ ਭਾਰਤੀ ਜਨਤਾ ਪਾਰਟੀ ਨਾਲ ਮੋਢੇ ਨਾਲ ਮੋਢਾ ਲਗਾ ਕੇ ਖੜੀ ਹਨ।



# ਜ਼ਿਲ੍ਹਾ ਪੱਧਰੀ ਸਕੂਲੀ ਖੇਡਾਂ ਵਿੱਚ ਤਲਵੰਡੀ ਸਾਬੋ ਜ਼ੋਨ ਦੀ ਝੰਡੀ



ਮੌੜ ਮੰਡੀ, 21 ਅਗਸਤ (ਭੋਲਾ ਸਿੰਘ ਮਾਨ) : ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਮਮਤਾ ਖੁਰਾਣਾ ਸੇਠੀ ਦੀ ਅਗਵਾਈ ਵਿੱਚ ਚੱਲ ਰਹੀਆਂ 69 ਵੀਆਂ ਜ਼ਿਲ੍ਹਾ ਸਕੂਲ ਗਰਮ ਰੁੱਤ ਖੇਡਾਂ ਦੇ ਦੂਜੇ ਦਿਨ ਦਾ ਉਦਘਾਟਨ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਸਵੀਰ ਸਿੰਘ ਗਿੱਲ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਮਨਗਰ ਵਿਖੇ ਕੀਤਾ ਗਿਆ।

ਇਸ ਮੌਕੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਜਸਵੀਰ ਸਿੰਘ ਗਿੱਲ ਨੇ ਖਿਡਾਰੀਆਂ ਨੂੰ ਕਿਹਾ ਕਿ ਕਬੱਡੀ ਜੋ ਕਿ ਪੰਜਾਬ ਦੀ ਧਰਤੀ ਦੀ ਪਹਿਚਾਣ ਹੈ, ਸਿਰਫ਼ ਇੱਕ ਖੇਡ ਨਹੀਂ, ਸਗੋਂ ਸਾਡੀ ਰੂਹਾਨੀ ਜੜ੍ਹਾਂ ਨਾਲ ਜੁੜੀ ਹੋਈ ਵਿਰਾਸਤ ਹੈ। ਆਖਰ 'ਚ, ਮੈਨੂੰ ਪੂਰਾ ਯਕੀਨ ਹੈ ਕਿ ਇੱਥੋਂ ਦੇ ਕਬੱਡੀ ਖਿਡਾਰੀ ਸਿਰਫ਼ ਸਕੂਲ ਪੱਧਰ ਤੱਕ ਸੀਮਿਤ ਨਹੀਂ ਰਹਿਣਗੇ, ਸਗੋਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਵੀ ਆਪਣਾ ਲੋਹਾ ਮਨਵਾਉਣਗੇ।

ਅੱਜ ਹੋਏ ਮੁਕਾਬਲਿਆਂ ਵਿੱਚ ਕਬੱਡੀ ਅੰਡਰ 14 ਕੁੜੀਆਂ ਵਿੱਚ ਤਲਵੰਡੀ ਸਾਬੋ ਨੇ ਪਹਿਲਾ, ਮੰਡੀ ਕਲਾਂ ਨੇ ਦੂਜਾ, ਮੌੜ ਮੰਡੀ ਜੋਨ ਨੇ ਤੀਜਾ, ਅੰਡਰ 17 ਕੁੜੀਆ ਵਿੱਚ ਤਲਵੰਡੀ ਸਾਬੋ ਨੇ ਪਹਿਲਾ, ਮੌੜ ਮੰਡੀ ਨੇ ਦੂਜਾ, ਮੰਡੀ ਕਲਾਂ ਨੇ ਤੀਜਾ,ਬੈਡਮਿੰਟਨ ਅੰਡਰ 14 ਕੁੜੀਆਂ ਵਿੱਚ ਬਠਿੰਡਾ 1 ਜੋਨ ਨੇ ਪਹਿਲਾ, ਮੌੜ ਮੰਡੀ ਨੇ ਦੂਜਾ, ਮੰਡੀ ਫੂਲ ਨੇ ਤੀਜਾ, ਅੰਡਰ 17 ਕੁੜੀਆ ਵਿੱਚ ਬਠਿੰਡਾ 2 ਨੇ ਪਹਿਲਾ, ਤਲਵੰਡੀ ਸਾਬੋ ਨੇ ਦੂਜਾ ਅਤੇ ਬਠਿੰਡਾ 1 ਨੇ ਪਹਿਲਾ,ਟੇਬਲ ਟੈਨਿਸ ਅੰਡਰ 14 ਲੜਕੀਆਂ ਵਿੱਚ ਮੌੜ ਮੰਡੀ ਜੋਨ ਨੇ ਪਹਿਲਾ, ਬਠਿੰਡਾ 1 ਜੋਨ ਨੇ ਦੂਜਾ, ਅੰਡਰ 17 ਵਿੱਚ ਮੰਡੀ ਕਲਾਂ ਜ਼ੋਨ ਨੇ ਪਹਿਲਾ, ਬਠਿੰਡਾ 1 ਨੇ ਦੂਜਾ, ਫੁੱਟਬਾਲ ਅੰਡਰ 14 ਲੜਕੀਆਂ ਵਿੱਚ ਬਠਿੰਡਾ 1 ਨੇ ਪਹਿਲਾ, ਬਠਿੰਡਾ 02 ਨੇ ਦੂਜਾ ਅਤੇ ਮੰਡੀ ਫੂਲ ਨੇ ਤੀਜਾ ਸਥਾਨ,ਗੱਤਕਾ ਅੰਡਰ 14 ਲੜਕੇ ਸਿੰਗਲ ਸੋਟੀ ਟੀਮ ਵਿੱਚ ਤਲਵੰਡੀ ਸਾਬੋ ਨੇ ਪਹਿਲਾ, ਭੁੱਚੋ ਮੰਡੀ ਨੇ ਦੂਜਾ,ਫਰੀ ਸੋਟੀ ਟੀਮ ਵਿੱਚ ਤਲਵੰਡੀ ਸਾਬੋ ਨੇ ਪਹਿਲਾ, ਮੌੜ ਮੰਡੀ ਨੇ ਦੂਜਾ, ਅੰਡਰ 17 ਲੜਕੇ ਫਰੀ ਸੋਟੀ ਟੀਮ ਵਿੱਚ ਤਲਵੰਡੀ ਸਾਬੋ ਨੇ ਪਹਿਲਾ, ਮੌੜ ਮੰਡੀ ਨੇ ਦੂਜਾ, ਸਿੰਗਲ ਸੋਟੀ ਟੀਮ ਵਿੱਚ ਭੁੱਚੋ ਮੰਡੀ ਨੇ ਪਹਿਲਾ, ਤਲਵੰਡੀ ਸਾਬੋ ਨੇ ਦੂਜਾ, ਅੰਡਰ 19 ਸਿੰਗਲ ਸੋਟੀ ਟੀਮ ਵਿੱਚ ਮੰਡੀ ਕਲਾਂ ਨੇ ਪਹਿਲਾ, ਤਲਵੰਡੀ ਸਾਬੋ ਨੇ ਦੂਜਾ, ਵੇਟ ਲਿਫਟਿੰਗ ਅੰਡਰ 17 ਮੁੰਡੇ 49 ਕਿੱਲੋ ਭਾਰ ਵਰਗ ਵਿੱਚ ਗੌਰਵ ਸਸਸਸ ਪਰਸ ਰਾਮ ਨਗਰ ਨੇ ਪਹਿਲਾ, ਭੂਵਨ ਭਾਰਤੀ ਮਾਡਲ ਸਕੂਲ ਰਾਮਪੁਰਾ ਨੇ ਦੂਜਾ, 55 ਕਿੱਲੋ ਭਾਰ ਵਰਗ ਵਿੱਚ ਦਿਲਖੁਸ਼ ਕੁਮਾਰ ਗਿੱਲ ਪੱਤੀ ਨੇ ਪਹਿਲਾ, ਗਗਨਪ੍ਰੀਤ ਭਾਰਤੀ ਮਾਡਲ ਸਕੂਲ ਰਾਮਪੁਰਾ ਨੇ ਦੂਜਾ,ਸ਼ਤਰੰਜ ਅੰਡਰ 19 ਮੁੰਡੇ ਵਿੱਚ ਬਠਿੰਡਾ 1 ਜ਼ੋਨ ਨੇ ਪਹਿਲਾ, ਬਠਿੰਡਾ 2 ਜ਼ੋਨ ਨੇ ਦੂਜਾ, ਮੰਡੀ ਫੂਲ ਨੇ ਤੀਜਾ, ਅੰਡਰ 14 ਵਿੱਚ ਬਠਿੰਡਾ 1 ਜ਼ੋਨ ਨੇ ਪਹਿਲਾ , ਤਲਵੰਡੀ ਸਾਬੋ ਨੇ ਦੂਜਾ, ਬਠਿੰਡਾ 2 ਜ਼ੋਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਰਜਿੰਦਰ ਸਿੰਘ, ਮੁੱਖ ਅਧਿਆਪਕ ਹਰਸ਼ ਦੇਵ ਸ਼ਰਮਾ, ਲੈਕਚਰਾਰ ਵਰਿੰਦਰ ਸਿੰਘ, ਗੁਰਮੀਤ ਸਿੰਘ ਰਾਮਗੜ੍ਹ ਭੂੰਦੜ, ਪੁਨੀਤ ਵਰਮਾ,ਇਸਟਪਾਲ ਸਿੰਘ, ਰੇਸ਼ਮ ਸਿੰਘ, ਹਰਭਗਵਾਨ ਦਾਸ, ਹਰਪਾਲ ਸਿੰਘ, ਭੁਪਿੰਦਰ ਸਿੰਘ ਤੱਗੜ ਗੁਰਜੀਤ ਸਿੰਘ ਝੱਬਰ, ਅਵਤਾਰ ਸਿੰਘ ਮਾਨ, ਰਜਿੰਦਰ ਸਿੰਘ ਢਿੱਲੋਂ,ਜਗਦੀਪ ਸਿੰਘ, ਸੁਖਪ੍ਰੀਤ ਸਿੰਘ, ਸੁਰਿੰਦਰ ਕੁਮਾਰ, ਇੰਦਰਜੀਤ ਸਿੰਘ, ਸਤਵੀਰ ਸਿੰਘ, ਸੁਖਪਾਲ ਸਿੰਘ, ਮਹਿੰਦਰ ਸਿੰਘ, ਸੰਦੀਪ ਕੌਰ, ਮੋਨਿਕਾ ਰਾਣੀ, ਕੁਲਦੀਪ ਕੁਮਾਰ, ਜਗਦੇਵ ਸਿੰਘ, ਗੁਰਜੰਟ ਸਿੰਘ ਚੱਠੇਵਾਲਾ, ਮਨਦੀਪ ਸਿੰਘ, ਹਰਪਾਲ ਸਿੰਘ ਨੱਤ, ਰਣਜੀਤ ਸਿੰਘ, ਰੁਪਿੰਦਰ ਕੌਰ, ਅੰਗਰੇਜ਼ ਸਿੰਘ, ਹਰਪ੍ਰੀਤ ਸਿੰਘ, ਚਰਨਜੀਤ ਸਿੰਘ, ਅਮ੍ਰਿਤਪਾਲ ਸਿੰਘ, ਕਰਨੀ ਸਿੰਘ, ਈਸ਼ਾਨ ਕੁਮਾਰ, ਸੈਲਵਿੰਦਰ ਕੌਰ, ਸੰਦੀਪ ਸਿੰਘ ਰਾਮੂਵਾਲਾ, ਸੁਖਵੀਰ ਕੌਰ ਆਦਿ ਮੌਜੂਦ ਸਨ।

# ਜੈਕ ਤੇ ਫੈਪ ਵਫ਼ਦ ਵੱਲੋਂ ਪਾਰਲੀਮੈਂਟ ਦਾ ਦੌਰਾ



ਧੂਰੀ, 21 ਅਗਸਤ (ਰਾਜੇਸ਼ਵਰ ਪਿੰਟੂ, ਅਮਨ ਗਰਗ):ਪੰਜਾਬ ਦੀਆਂ ਸਮੂਹ ਯੂਨੀਵਰਸਿਟੀਆਂ ਅਤੇ ਕਾਲਜਾਂ ਦੀ ਸੰਬੰਧੀ ਜੈਕ ਅਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ (ਫੈਪ) ਦੇ ਮੈਂਬਰਾਂ ਦੇ ਵਫਦ ਨੇ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਦੀ ਅਗਵਾਈ ਹੇਠ ਪਾਰਲੀਮੈਂਟ ਦਾ ਦੌਰਾ ਕੀਤਾ। ਜਾਣਕਾਰੀ ਦਿੰਦੇ ਹੋਏ ਜੈਕ ਅਤੇ ਫੈਪ ਦੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਨੇ ਦੱਸਿਆ ਕਿ ਵੱਖ-ਵੱਖ ਸੰਸਥਾਵਾਂ ਅਤੇ ਸਮਾਜਿਕ ਖੇਤਰ ਵਿੱਚੋਂ 15 ਬੁੱਧੀਜੀਵੀਆਂ ਦੇ ਵਫਦ ਵੱਲੋਂ ਸ੍ਰੀ ਅਸ਼ੋਕ ਮਿੱਤਲ, ਮੈਂਬਰ ਰਾਜ ਸਭਾ ਨੂੰ ਮਿਲਣ ਉਪਰੰਤ 19 ਅਗਸਤ ਨੂੰ ਰਾਸ਼ਟਰਪਤੀ ਭਵਨ ਦਾ ਦੌਰਾ ਕੀਤਾ। ਇਸ ਦੌਰੇ ਉਪਰੰਤ ਵਫਦ ਸ. ਸਤਨਾਮ ਸਿੰਘ ਸੰਧੂ ਦੀ ਦਿੱਲੀ ਰਿਹਾਇਸ਼ ਉੱਪਰ ਪਹੁੰਚਿਆ, ਜਿੱਥੇ ਉਹਨਾਂ ਵੱਲੋਂ ਸਤਨਾਮ ਸਿੰਘ ਸੰਧੂ ਨੂੰ ਲੋਈ ਭੇਟ ਕਰਕੇ ਅਤੇ ਸਨਮਾਨ ਚਿੰਨ ਦਿੰਦੇ ਹੋਏ ਉਹਨਾਂ ਦਾ ਸਤਿਕਾਰ ਕੀਤਾ। ਸਮੂਹ ਮੈਂਬਰਾਂ ਵੱਲੋਂ ਖੁਸ਼ੀ ਪ੍ਰਗਟਾਈ ਗਈ ਕਿ ਇੱਕ ਸੂਝਵਾਨ ਅਤੇ ਹੋਣਹਾਰ ਵਿਅਕਤੀ ਨੂੰ ਮੈਂਬਰ ਪਾਰਲੀਮੈਂਟ ਵਜੋਂ ਨਿਯੁਕਤ ਕੀਤਾ ਗਿਆ ਹੈ। ਅਗਲੇ ਦਿਨ ਸਤਨਾਮ ਸਿੰਘ ਸੰਧੂ ਵੱਲੋਂ ਵਫਦ ਨੂੰ ਪਾਰਲੀਮੈਂਟ ਹਾਊਸ ਦਿਖਾਇਆ ਗਿਆ। ਮੈਂਬਰਾਂ ਵੱਲੋਂ ਰਾਜ ਸਭਾ ਦੇ ਪਾਰਲੀਮੈਂਟ ਦੇ ਸੈਸ਼ਨ ਵਿੱਚ ਹਾਜ਼ਰੀ ਲਗਵਾਈ। ਇਸ ਉਪਰੰਤ ਵਫਦ ਧਰਮਿੰਦਰ ਪ੍ਰਧਾਨ ਮਿਨਿਸਟਰ ਆਫ ਐਜੂਕੇਸ਼ਨ ਇੰਡੀਆ ਨਾਲ ਮੁਲਾਕਾਤ ਕੀਤੀ ਗਈ। ਉਹਨਾਂ ਨੂੰ ਕਾਲਜਾਂ ਅਤੇ ਸਕੂਲਾਂ ਦੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਉਂਦੇ ਹੋਏ ਮੰਗ ਪੱਤਰ ਦਿੱਤੇ ਗਏ। ਇਸ ਮੀਟਿੰਗ ਉਪਰੰਤ ਵਫਦ ਸ੍ਰੀ ਜੇ.ਪੀ. ਨੱਢਾ, ਯੂਨੀਅਨ ਮਿਨਿਸਟਰ ਹੈਲਥ ਐਂਡ ਫੈਮਲੀ ਵੈਲਫੇਅਰ ਨੂੰ ਮਿਲਿਆ ਜਿੱਥੇ ਉਹਨਾਂ ਨਾਲ ਪੰਜਾਬ ਦੇ ਲੋਕਾਂ ਦੀ ਸਿਹਤ ਅਤੇ ਵਾਤਾਵਰਨ ਸਬੰਧੀ ਖੁੱਲ੍ਹ ਕੇ ਵਿਚਾਰਾਂ ਹੋਈਆਂ। ਵਫਦ ਵੱਲੋਂ ਚੰਗੇ ਸੁਝਾਅ ਸਾਂਝੇ ਕੀਤੇ ਗਏ ਅਤੇ ਸ੍ਰੀ ਜੇ.ਪੀ. ਨੱਢਾ ਨੂੰ ਪੰਜਾਬ ਵਿੱਚ ਸਿਹਤ ਅਤੇ ਵਾਤਾਵਰਨ ਸਬੰਧੀ ਰੱਖੇ ਜਾਣ ਵਾਲੇ ਪ੍ਰੋਗਰਾਮ ਵਿੱਚ ਆਉਣ ਦਾ ਸੱਦਾ ਦਿੱਤਾ ਗਿਆ। ਸ. ਸਤਨਾਮ ਸਿੰਘ ਸੰਧੂ ਵੱਲੋਂ ਇਸ ਲੜੀ ਨੂੰ ਜਾਰੀ ਰੱਖਦਿਆਂ ਅਗਲੀ ਮੁਲਾਕਾਤ ਸ੍ਰੀ ਜਯੰਤ ਚੌਧਰੀ, ਮਿਨਿਸਟਰ ਫਾਰ ਸਕਿਲ ਡਿਵੈਲਪਮੈਂਟ ਨਾਲ ਕਰਵਾਈ ਜਿੱਥੇ ਵਫਦ ਨੇ ਉਹਨਾਂ ਦਾ ਸਨਮਾਨ ਕਰਨ ਉਪਰੰਤ ਸਕਿਲ ਕੋਰਸਾਂ ਨੂੰ ਸਹੀ ਦਿਸ਼ਾ ਦੇਣ ਲਈ ਆਪਣੇ ਸੁਝਾਅ ਦਿੱਤੇ। ਮਾਣਯੋਗ ਮਿਨਿਸਟਰ ਵੱਲੋਂ ਚੰਡੀਗੜ੍ਹ ਆਉਣ ਦਾ ਸੱਦਾ ਕਬੂਲ ਕੀਤਾ ਗਿਆ ਜਿੱਥੇ ਸਕਿੱਲ ਡਿਵੈਲਪਮੈਂਟ ਲਈ ਵੱਡਾ ਪ੍ਰੋਗਰਾਮ ਉਲੀਕਿਆ ਜਾਣਾ ਹੈ। ਮੁਲਾਕਾਤਾਂ ਦਾ ਸਿਲਸਿਲਾ ਚਲਦਾ ਰਿਹਾ ਜਿੱਥੇ ਵਫਦ ਦੀਆਂ ਹੋਰ ਵੱਖ-ਵੱਖ ਮੀਟਿੰਗਾਂ ਹੋਈਆਂ। ਡਾ. ਧੂਰੀ ਨੇ ਦੱਸਿਆ ਕਿ ਇਸ ਵਫਦ ਵਿੱਚ ਸ. ਮਨਜੀਤ ਸਿੰਘ ਸਰਪ੍ਰਸਤ ਜੈਕ, ਡਾ. ਗੁਰਮੀਤ ਸਿੰਘ ਧਾਲੀਵਾਲ ਚੇਅਰਮੈਨ ਜੈਕ ਤੋਂ ਇਲਾਵਾ ਜੈਕ ਦੇ ਸਮੂਹ ਉੱਚ ਅਹੁਦੇਦਾਰਾਂ ਵਿੱਚੋਂ ਡਾ. ਅੰਸ਼ੂ ਕਟਾਰੀਆ, ਸ. ਨਿਰਮਲ ਸਿੰਘ, ਸ. ਸੁਖਮੰਦਰ ਸਿੰਘ ਚੱਠਾ, ਸ. ਰਜਿੰਦਰ ਸਿੰਘ ਧਨੋਆ, ਸ੍ਰੀ ਬੁੱਟਰ ਤੋਂ ਇਲਾਵਾ ਸ. ਭੁਪਿੰਦਰ ਸਿੰਘ ਅਤੇ ਹੋਰ ਐਸੋਸੀਏਸ਼ਨ ਮੈਂਬਰ ਵੀ ਹਾਜ਼ਰ ਸਨ।

# ਜ਼ਿੰਬਾਬਵੇ ਦੇ ਵਿਦਿਆਰਥੀ ਦੀ ਹੋਈ ਮੌਤ, ਗੁਰੂ ਕਾਸ਼ੀ ਯੂਨੀਵਰਸਿਟੀ ਦੇ ਸੁਰੱਖਿਆ ਗਾਰਡ ਨੇ ਕੀਤਾ ਸੀ ਹਮਲਾ

ਬਠਿੰਡਾ, 21 ਅਗਸਤ (ਦੀਪਕ ਸ਼ਰਮਾ):ਤਲਵੰਡੀ ਸਾਬੋ ਸਥਿਤ ਗੁਰੂ ਕਾਸ਼ੀ ਯੂਨੀਵਰਸਿਟੀ ਵਿੱਚ ਪੜ੍ਹ ਰਹੇ ਜ਼ਿੰਬਾਬਵੇ ਦੇ ਵਿਦਿਆਰਥੀ ਜ਼ਿਵੀਆ ਲੀਰਾਏ ਦੀ ਏਮਜ਼, ਬਠਿੰਡਾ ਵਿਖੇ ਇਲਾਜ ਦੌਰਾਨ ਮੌਤ ਹੋ ਗਈ। ਲੀਰਾਏ 'ਤੇ ਬੀਤੀ 12 ਅਗਸਤ ਨੂੰ ਯੂਨੀਵਰਸਿਟੀ ਦੇ ਹੀ ਸੁਰੱਖਿਆ ਗਾਰਡ ਅਤੇ ਉਸਦੇ ਸਾਥੀਆਂ ਨੇ ਜਾਨਲੇਵਾ ਹਮਲਾ ਕੀਤਾ ਸੀ, ਜਿਸ ਤੋਂ ਬਾਅਦ ਉਹ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ ਸੀ।ਇਹ ਘਟਨਾ ਉਦੋਂ ਵਾਪਰੀ, ਜਦੋਂ ਯੂਨੀਵਰਸਿਟੀ ਦੇ ਸੁਰੱਖਿਆ ਗਾਰਡ ਦਿਲਪ੍ਰੀਤ ਸਿੰਘ ਅਤੇ ਜ਼ਿੰਬਾਬਵੇ ਦੇ ਵਿਦਿਆਰਥੀ ਲੀਰਾਏ ਵਿਚਕਾਰ ਕਾਰ ਬੈਕ ਕਰਨ ਨੂੰ ਲੈ ਕੇ ਬਹਿਸ ਹੋ ਗਈ ਸੀ। ਬਹਿਸ ਇੰਨੀ ਵਧ ਗਈ ਕਿ ਦਿਲਪ੍ਰੀਤ ਸਿੰਘ (ਹਸੂ, ਸਿਰਸਾ) ਨੇ ਆਪਣੇ ਸਾਥੀਆਂ ਲਵਪ੍ਰੀਤ ਸਿੰਘ (ਹਸੂ, ਸਿਰਸਾ), ਮੰਗੂ ਸਿੰਘ ਅਤੇ ਮਨਪ੍ਰੀਤ ਸਿੰਘ (ਫਤਿਹਗੜ੍ਹ ਨੌ ਆਬਾਦ) ਨਾਲ ਮਿਲ ਕੇ ਲੀਰਾਏ 'ਤੇ ਲਾਠੀਆਂ, ਬੇਸਬਾਲ ਬੈਟ ਅਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ।ਹਮਲੇ ਵਿੱਚ ਬੁਰੀ ਤਰ੍ਹਾਂ ਜ਼ਖ਼ਮੀ ਹੋਏ ਲੀਰਾਏ ਨੂੰ ਹਮਲਾਵਰ ਸੜਕ 'ਤੇ ਹੀ ਛੱਡ ਕੇ ਭੱਜ ਗਏ। ਉਨ੍ਹਾਂ ਦੀ ਕਾਰ (ਸਕੌਡਾ) ਵੀ ਭੱਜਦੇ ਸਮੇਂ ਇੱਕ ਦਰੱਖਤ ਨਾਲ ਟਕਰਾ ਗਈ, ਜਿਸ ਨੂੰ ਉਹ ਮੌਕੇ ਤੇ ਹੀ ਛੱਡ ਕੇ ਫਰਾਰ ਹੋ ਗਏ। ਜ਼ਖਮੀ ਵਿਦਿਆਰਥੀ ਨੂੰ ਇਲਾਜ ਲਈ ਤੁਰੰਤ ਏਮਜ਼, ਬਠਿੰਡਾ ਵਿੱਚ ਭਰਤੀ ਕਰਵਾਇਆ ਗਿਆ ਸੀ, ਜਿੱਥੇ 8 ਦਿਨਾਂ ਤੱਕ ਮੌਤ ਨਾਲ ਜੱਦੋ-ਜਹਿਦ ਕਰਦਿਆਂ ਵੀਰਵਾਰ ਨੂੰ ਉਸਨੇ ਆਖਰੀ ਸਾਹ ਲਿਆ।ਵਿਦਿਆਰਥੀ ਦੀ ਮੌਤ ਤੋਂ ਬਾਅਦ ਪੁਲਿਸ ਨੇ ਇਸ ਮਾਮਲੇ ਵਿੱਚ ਕਤਲ ਦੀ ਧਾਰਾ ਜੋੜ ਦਿੱਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸਪੀਡੀ ਜਸਮੀਤ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਕੁੱਲ 8 ਲੋਕਾਂ ਨੂੰ ਨਾਮਜ਼ਦ ਕੀਤਾ ਗਿਆ ਸੀ, ਜਿਨ੍ਹਾਂ ਵਿੱਚੋਂ 7 ਮੁਲਜ਼ਮਾਂ ਨੂੰ ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਪੁਲਿਸ ਹੁਣ ਬਾਕੀ ਬਚੇ ਇੱਕ ਮੁਲਜ਼ਮ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕਰ ਰਹੀ ਹੈ। ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਯੂਨੀਵਰਸਿਟੀ ਅਧਿਕਾਰੀਆਂ ਵੱਲੋਂ ਮ੍ਰਿਤਕ ਵਿਦਿਆਰਥੀ ਦੇ ਪਰਿਵਾਰ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ।

# ਡਾ.ਅੰਬੇਡਕਰ ਸਟੂਡੈਂਟ ਫਰੰਟ ਆਫ਼ ਇੰਡੀਆ ਵੱਲੋਂ ਯੂਨੀਵਰਸਿਟੀ ਕਾਲਜ ਮੂਣਕ ਦੇ ਪ੍ਰਿੰਸੀਪਲ ਨੂੰ ਮਨੀਸ਼ਾ ਨੂੰ ਇਨਸਾਫ ਦਿਵਾਉਣ ਲਈ ਦਿੱਤਾ ਮੰਗ




ਅਰਨੋ ,21 ਅਗਸਤ (ਕਰਮਵੀਰ ਸਿੰਘ ): ਡਾ.ਅੰਬੇਡਕਰ ਸਟੂਡੈਂਟ ਫਰੰਟ ਆਫ਼ ਇੰਡੀਆ ਵੱਲੋਂ ਯੂਨੀਵਰਸਿਟੀ ਕਾਲਜ ਮੂਣਕ ਦੇ ਵਿਦਿਆਰਥੀਆਂ ਨੂੰ ਆ ਰਹੀ ਸਮੱਸਿਆਵਾਂ ਨੂੰ ਦੇਖਦੇ ਹੋਏ ਰੋਸ ਪ੍ਰਦਰਸ਼ਨ ਕੀਤਾ ਗਿਆ, ਕਿਉਂਕਿ ਕਾਫ਼ੀ ਸਮੇਂ ਤੋਂ ਇਹ ਸਮੱਸਿਆਵਾਂ ਬਣੀ ਹੋਈਆਂ ਹਨ, ਪਰ ਇਨ੍ਹਾਂ ਵੱਲ ਕਾਲਜ ਪ੍ਰਸ਼ਾਸਨ ਦਾ ਕੋਈ ਧਿਆਨ ਨਹੀਂ ਹੈ। 2025-26 ਸ਼ੈਸ਼ਨ ਦੇ ਲਗਭਗ ਦਾਖਲੇ ਪੂਰੇ ਹੋ ਗਏ ਹਨ,ਕਾਲਜ ਵਿੱਚ ਕਲਾਸਾਂ ਸ਼ੁਰੂ ਹਨ । ਵਿਦਿਆਰਥੀਆਂ ਦੇ ਹਿੱਤ ਦੀ ਗੱਲ ਕਰਕੇ ਹੋਏ ਡਾ.ਅੰਬੇਡਕਰ ਸਟੂਡੈਂਟ ਫਰੰਟ ਆਫ਼ ਇੰਡੀਆ ਵੱਲੋਂ ਯੂਨੀਵਰਸਿਟੀ ਕਾਲਜ ਮੂਣਕ ਦੇ ਪ੍ਰਿੰਸੀਪਲ ਸਾਹਿਬ ਨੂੰ ਮੰਗ ਪੱਤਰ ਦਿੱਤਾ ਗਿਆ, ਜਿਸ ਵਿੱਚ ਕਾਲਜ ਦੇ ਖੇਡ ਗਰਾਊਂਡ ਨੂੰ ਠੀਕ ਕਰਵਾਉਣ ਦੀ ਮੰਗ, ਜੋ 2023 ਵਿੱਚ ਹੜ੍ਹ ਕਾਰਣ ਖਰਾਬ ਹੋ ਗਿਆ ਸੀ,ਹੁਣ ਤੱਕ ਇਸੇ ਤਰ੍ਹਾਂ ਹੀ ਪਿਆ। ਕਾਲਜ ਵਿੱਚ ਵਿਦਿਆਰਥੀਆਂ ਲਈ ਕੰਟੀਨ ਦੀ ਸੁਵਿਧਾ ਹੋਏ। ਯੂਨੀਵਰਸਿਟੀ ਕਾਲਜ ਮੂਣਕ ਦੀ ਪਈ ਅਧੂਰੀ ਬਿਲਡਿੰਗ ਦੇ ਕੰਮ ਨੂੰ ਪੂਰਾ ਕੀਤਾ ਜਾਵੇ।ਇਨ੍ਹਾਂ ਸਮੱਸਿਆਵਾਂ ਲਈ ਹਲਕਾ ਲਹਿਰਾ ਦੇ ਐਮ.ਐੱਲ.ਏ ਬਰਿੰਦਰ ਗੋਇਲ ਨੂੰ ਚਾਹੀਦਾ ਹੈ,ਕਿ ਯੂਨੀਵਰਸਿਟੀ ਕਾਲਜ ਮੂਣਕ ਲਈ ਪੰਜਾਬ ਸਰਕਾਰ 'ਤੇ ਦਬਾਅ ਪਾ ਕੇ ਫੰਡ ਜਾਰੀ ਕਰਵਾਏ । ਕਿਉਂਕਿ ਯੂਨੀਵਰਸਿਟੀ ਕਾਲਜ ਮੂਣਕ ਸਾਡੇ ਇਲਾਕੇ ਦੀ ਇੱਕੋ ਇੱਕ ਅਜਿਹੀ ਸੰਸਥਾ ਹੈ,ਜਿਸ ਵਿੱਚ ਗਰੀਬ-ਮਜ਼ਦੂਰਾਂ ਤੇ ਪਿੱਛੜੇ ਇਲਾਕੇ ਦੇ ਵਿਦਿਆਰਥੀ ਪੜ੍ਹਦੇ ਹਨ। ਇਨ੍ਹਾਂ ਦੇ ਬੇਹਤਰ ਭਵਿੱਖ ਲਈ ਦੇ ਸੰਗਰੂਰ ਦੇ ਮੌਜੂਦਾ ਐੱਮ.ਪੀ ,ਐੱਮ.ਐੱਲ.ਏ ਵੱਲੋਂ ਐੱਲ.ਡੀ.ਏ ਫੰਡ ਯੂਨੀਵਰਸਿਟੀ ਕਾਲਜ ਮੂਣਕ ਤੇ ਲਗਾਇਆ ਜਾਵੇ ਅਤੇ ਮੂਣਕ ਦੇ ਐੱਮ.ਸੀ ਭਰਾਵਾਂ ਵੱਲੋਂ ਵੀ ਜਿੰਨਾ ਹੋ ਸਕਦਾ ਸਹਿਯੋਗ ਦੇਣਾ ਚਾਹੀਦਾ ਹੈ ।ਜਿਸ ਕਰਕੇ ਨਾ ਹੀ ਵਿਦਿਆਰਥੀਆਂ ਦੇ ਡੀ.ਐਮ.ਸੀ ਸਰਟੀਫਿਕੇਟ ਸਮੇਂ 'ਤੇ ਮਿਲਦੇ ਨਾ ਹੀ ਡਿਗਰੀ ਮਿਲਦੀ ਹੈ। ਕਾਲਜ ਵਿੱਚ ਵਿਦਿਆਰਥੀਆਂ ਦੀ ਸੁਰੱਖਿਆ ਲਈ ਜੋ ਕੈਮਰੇ ਲੱਗੇ ਹਨ, ਉਹ ਕੰਮ ਨਹੀਂ ਕਰ ਰਹੇ, ਉਨ੍ਹਾਂ ਦੀ ਜਗ੍ਹਾ ਨਵੇਂ ਕੈਮਰੇ ਲਗਾਏ ਜਾਣ ਜਾਂ ਠੀਕ ਕੀਤੇ ਜਾਣ । ਇਨ੍ਹਾਂ ਸਮੱਸਿਆਵਾਂ ਦੇ ਹੱਲ ਕਰਵਾਉਣ ਲਈ ਡਾ.ਅੰਬੇਡਕਰ ਸਟੂਡੈਂਟ ਫਰੰਟ ਆਫ਼ ਇੰਡੀਆ ਸੰਗਠਨ ਨੇ ਪਹਿਲ ਕੀਤੀ ਅਤੇ ਯੂਨੀਵਰਸਿਟੀ ਕਾਲਜ ਮੂਣਕ ਦੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਜਲਦ ਤੋਂ ਜਲਦ ਇਨ੍ਹਾਂ ਸਾਰੀ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ। ਪੰਜਾਬ ਸੂਬਾ ਪ੍ਰਧਾਨ ਗਗਨਦੀਪ ਸਿੰਘ ਵੱਲੋਂ ਕਿਹਾ ਗਿਆ,ਕਿ ਜੇਕਰ ਕਾਲਜ ਪ੍ਰਸ਼ਾਸਨ ਵੱਲੋਂ ਇਨ੍ਹਾਂ ਸਮੱਸਿਆਵਾਂ 'ਤੇ ਕੰਮ ਨਾ ਕੀਤਾ ਗਿਆ, ਤਾਂ ਡਾ.ਅੰਬੇਡਕਰ ਸਟੂਡੈਂਟ ਫਰੰਟ ਆਫ਼ ਇੰਡੀਆ ਵੱਲੋਂ ਯੂਨੀਵਰਸਿਟੀ ਕਾਲਜ ਮੂਣਕ ਦੇ ਗੇਟ ਬੰਦ ਕਰਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ । ਇਸ ਮੌਕੇ 'ਤੇ ਪਹੁੰਚੇ ਸਾਡੇ ਰਾਸ਼ਟਰੀ ਪ੍ਰਧਾਨ ਪ੍ਰੀਤ ਕਾਸ਼ੀ ਵੱਲੋਂ ਕਾਲਜ ਦੇ ਵਿਦਿਆਰਥੀਆਂ ਨੂੰ ਆਪਣੇ ਹੱਕ ਅਧਿਕਾਰਾਂ ਪ੍ਰਤੀ ਜਾਗਰੂਕ ਕੀਤਾ ਗਿਆ। ਹਰਿਆਣਾ ਦੇ ਭਿਵਾਨੀ ਜ਼ਿਲ੍ਹੇ ਵਿੱਚ ਹੋਏ ਮਨੀਸ਼ਾ ਦੇ ਹੱਤਿਆਕਾਂਡ ਦੇ ਵਿਰੁੱਧ ਆਵਾਜ਼ ਉਠਾਈ ਅਤੇ ਹਰਿਆਣਾ ਪੁਲਿਸ ਪ੍ਰਸ਼ਾਸਨ, ਹਰਿਆਣਾ ਮਨੂਵਾਦੀ ਸਰਕਾਰ ਦੇ ਵਿਰੁੱਧ ਨਾਅਰੇ ਲਗਾਏ ਗਏ। ਜਲਦ ਤੋਂ ਜਲਦ ਮਨੀਸ਼ਾ ਭੈਣ ਨੂੰ ਇਨਸਾਫ਼ ਮਿਲੇ ਅਤੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲੇ ।

# ਇੱਕ ਹੋਰ ਨੌਜਵਾਨ ਦੀ ਨਸ਼ੇ ਦੀ ਓਵਰਡੋਜ਼ ਕਾਰਨ ਮੌਤ

ਬਠਿੰਡਾ, 21 ਅਗਸਤ (ਦੀਪਕ ਸ਼ਰਮਾ):ਨਸ਼ਿਆਂ ਨੇ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਕਿਵੇਂ ਆਪਣੀ ਗ੍ਰਿਫ਼ਤ ਵਿੱਚ ਲਿਆ ਹੋਇਆ ਹੈ, ਇਸ ਦੀ ਇੱਕ ਹੋਰ ਦੁਖਦਾਈ ਮਿਸਾਲ ਲੰਘੇ ਦਿਨ ਬਠਿੰਡਾ ਦੇ ਬੀੜ ਤਾਲਾਬ ਬਸਤੀ ਨੰਬਰ ਦੋ ਵਿੱਚ ਦੇਖਣ ਨੂੰ ਮਿਲੀ, ਜਿੱਥੇ ਇੱਕ ਨੌਜਵਾਨ ਦੀ ਨਸ਼ੇ ਦੀ ਓਵਰਡੋਜ਼ ਕਰਨ ਨਾਲ ਮੌਤ ਹੋ ਗਈ।ਉਕਤ ਨੌਜਵਾਨ ਦੀ ਲਾਸ਼ ਸ਼ਮਸ਼ਾਨ ਘਾਟ ਦੇ ਬਾਹਰ ਮਿਲੀ। ਇੱਥੇ ਦੱਸਣਾ ਬਣਦਾ ਹੈ ਕਿ ਉਕਤ ਨੌਜਵਾਨ ਨੂੰ ਘਰਦਿਆਂ ਨੇ ਬੇਦਖਲ ਕੀਤਾ ਹੋਇਆ ਸੀ, ਜਿਸ ਦੇ ਚਲਦਿਆਂ ਸ਼ਹਿਰ ਦੀ ਸਮਾਜ ਸੇਵੀ ਸੰਸਥਾ ਸਹਾਰਾ ਜਨ ਸੇਵਾ ਵੱਲੋਂ ਲਾਸ਼ ਨੂੰ ਸਥਾਨਕ ਸਰਕਾਰੀ ਹਸਪਤਾਲ ਦੇ ਮੁਰਦਾ ਘਰ ਵਿੱਚ ਪਹੁੰਚਾਇਆ।ਇਹ ਘਟਨਾ ਸਿਰਫ਼ ਇੱਕ ਮੌਤ ਨਹੀਂ, ਸਗੋਂ ਉਸ ਸਮਾਜਿਕ ਤ੍ਰਾਸਦੀ ਦਾ ਪ੍ਰਤੀਕ ਹੈ, ਜਿਸ ਵਿੱਚ ਨੌਜਵਾਨ ਆਪਣੀ ਜ਼ਿੰਦਗੀ ਗੁਆ ਰਹੇ ਹਨ ਅਤੇ ਪਰਿਵਾਰ ਟੁੱਟ ਰਹੇ ਹਨ।ਦੂਜੇ ਪਾਸੇ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਛੇੜਿਆ ਹੋਇਆ ਹੈ। ਪੁਲਿਸ ਦਾ ਦਾਅਵਾ ਹੈ ਕਿ ਹੁਣ ਤੱਕ ਕਈ ਵੱਡੇ ਮਗਰਮੱਛ ਫੜ ਕੇ ਜੇਲ੍ਹਾਂ ਵਿੱਚ ਡੱਕੇ ਜਾ ਚੁੱਕੇ ਹਨ। ਪੁਲਿਸ ਵੱਲੋਂ ਨਸ਼ਾ ਤਸਕਰਾਂ ਨੂੰ ਫੜਨ ਲਈ ਲਗਾਤਾਰ ਸਰਚ ਅਭਿਆਨ ਵੀ ਚਲਾਏ ਜਾ ਰਹੇ ਹਨ ਪਰ ਇਸ ਦੇ ਬਾਵਜੂਦ ਨਸ਼ੇ ਦੇ ਸੇਵਨ ਨਾਲ ਨੌਜਵਾਨਾਂ ਦੀਆਂ ਮੌਤਾਂ ਹੋਣਾ ਆਪਣੇ ਆਪ ਵਿੱਚ ਇੱਕ ਸਵਾਲ ਖੜ੍ਹਾ ਕਰਦਾ ਹੈ ਮਰਨ ਵਾਲਿਆਂ ਵਿੱਚ ਨਜ਼ਦੀਕੀ ਪਿੰਡ ਹਰਰਾਏਪੁਰ ਦਾ ਇੱਕ ਨੌਜਵਾਨ ਕਬੱਡੀ ਅਤੇ ਬਾਸਕਟਬਾਲ ਦਾ ਚੰਗਾ ਖਿਡਾਰੀ ਸੀ। ਨਸ਼ੇ ਨਾਲ ਮਾਰੇ ਗਏ ਨੌਜਵਾਨਾਂ ਵਿੱਚੋਂ ਕੁਝ ਕੇਸ ਇਸ ਤਰ੍ਹਾਂ ਦੇ ਵੀ ਹਨ, ਜਿਨ੍ਹਾਂ ਵਿੱਚ ਉਕਤ ਨੌਜਵਾਨਾਂ ਦੇ ਪਰਿਵਾਰ ਵਾਲਿਆਂ ਵੱਲੋਂ ਸਮਾਜਿਕ ਬਦਨਾਮੀ ਦੇ ਚਲਦਿਆਂ ਪੁਲਿਸ ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਲਈ ਨਸ਼ੇ ਨਾਲ ਹੋਈਆਂ ਇਹ ਮੌਤਾਂ ਸਰਕਾਰੀ ਆਂਕੜਿਆਂ ਦੀ ਗਿਣਤੀ ਨਹੀਂ ਬਣੀਆਂ।ਤਾਜ਼ਾ ਮਾਮਲੇ ਦੀ ਗੱਲ ਕਰੀਏ ਤਾਂ ਬੁੱਧਵਾਰ ਦੇਰ ਰਾਤ, ਸਹਾਰਾ ਜਨ ਸੇਵਾ ਨੂੰ ਸੂਚਨਾ ਮਿਲੀ ਸੀ ਕਿ ਬੀੜ ਤਲਾਬ ਬਸਤੀ ਦੇ ਸ਼ਮਸ਼ਾਨ ਘਾਟ ਕੋਲ ਇੱਕ ਨੌਜਵਾਨ ਬੇਹੋਸ਼ੀ ਦੀ ਹਾਲਤ ਵਿੱਚ ਪਿਆ। ਸੂਚਨਾ ਮਿਲਣ 'ਤੇ ਸੰਸਥਾ ਮੁਖੀ ਵੱਲੋਂ ਪੁਲਿਸ ਨੂੰ ਸੂਚਿਤ ਕੀਤਾ ਗਿਆ ਅਤੇ ਸੰਸਥਾ ਦੇ ਵਰਕਰਾਂ ਨੇ ਮੌਕੇ 'ਤੇ ਪਹੁੰਚ ਕੇ ਉਕਤ ਨੌਜਵਾਨ ਨੂੰ ਦੇਖਿਆ ਤਾਂ ਉਸ ਦੀ ਮੌਤ ਹੋ ਚੁੱਕੀ ਸੀ।ਇਸ ਮੌਕੇ ਸੰਸਥਾ ਦੇ ਮੈਂਬਰ ਵਿੱਕੀ ਕੁਮਾਰ ਨੇ ਦੱਸਿਆ ਕਿ ਉੱਥੇ ਇੱਕ ਨੌਜਵਾਨ ਦੀ ਲਾਸ਼ ਪਈ ਸੀ। ਦੂਜੇ ਪਾਸੇ ਥਾਣਾ ਸਦਰ ਬਠਿੰਡਾ ਦੀ ਪੁਲਿਸ ਟੀਮ ਵੀ ਮੌਕੇ 'ਤੇ ਮੌਜੂਦ ਸੀ ਅਤੇ ਜਾਂਚ ਕਰ ਰਹੀ ਸੀ। ਪੁਲਿਸ ਅਨੁਸਾਰ, ਮੁੱਢਲੀ ਜਾਂਚ ਵਿੱਚ ਇਹ ਮੌਤ ਨਸ਼ੇ ਦੀ ਓਵਰਡੋਜ਼ ਕਾਰਨ ਹੋਈ ਜਾਪਦੀ ਹੈ।ਪੁਲਿਸ ਦੀ ਜਾਂਚ ਵਿੱਚ ਇਹ ਗੱਲ ਸਾਹਮਣੇ ਆਈ ਕਿ ਮ੍ਰਿਤਕ ਨੌਜਵਾਨ ਨਸ਼ੇ ਦਾ ਆਦੀ ਸੀ, ਜਿਸ ਕਾਰਨ ਉਸ ਦੇ ਪਰਿਵਾਰ ਨੇ ਉਸ ਨੂੰ ਘਰੋਂ ਬਾਹਰ ਕੱਢ ਦਿੱਤਾ ਸੀ।

# ਰੁੱਖ ਲਗਾਉਣ ਅਤੇ ਵਾਤਾਵਰਨ ਨੂੰ ਸਾਫ ਸੁਥਰਾ ਬਣਾਉਣ ਵਿੱਚ ਯੋਗਦਾਨ ਪਾਉਣ ਵਾਲੇ ਗੁਰਸੇਵਕ ਸਿੰਘ ਮਾਖਾ ਸਨਮਾਨਿਤ



ਸਰਦੂਲਗੜ, 21 ਅਗਸਤ ( ਲਛਮਣ ਸਿੱਧੂ ):ਬੀਤੇ ਕੱਲ ਵਣ ਉਤਸਵ ਦੇ ਮੌਕੇ, ਜ਼ਿਲ੍ਹਾ ਪ੍ਰਸ਼ਾਸਨ ਮਾਨਸਾ ਅਤੇ ਪੰਜਾਬ ਵਣ ਵਿਭਾਗ ਦੇ ਸਾਂਝੇ ਯਤਨਾਂ ਸਦਕਾ ਰੁੱਖ ਲਗਾਉਣ ਮੁਹਿੰਮ ਸੁਰੂਆਤ ਕੀਤੀ ਗਈ। ਇਸ ਮੁਹਿੰਮ ਦੀ ਸ਼ੁਰੂਆਤ ਮਾਨਸਾ ਦੇ ਡਿਪਟੀ ਕਮੀਸ਼ਨਰ ਕੁਲਵੰਤ ਸਿੰਘ, ਜ਼ਿਲ੍ਹਾ ਵਣ ਅਧਿਕਾਰੀ ਅਤੇ ਜ਼ਿਲ੍ਹਾ ਪੁਲਿਸ ਮੁਖੀ ਸ੍ਰੀ ਭਗੀਰਥ ਮੀਨਾ ਸਮੇਤ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਹੋਈ।ਇਸ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਰੁੱਖ ਲਗਾਉਣ ਅਤੇ ਵਾਤਾਵਰਨ ਨੂੰ ਸਾਫ-ਸੁਥਰਾ ਬਣਾਉਣ ਵਿੱਚ ਯੋਗਦਾਨ ਪਾਉਣ ਵਾਲੇ ਸਮਾਜ ਸੇਵੀ ਗੁਰਸੇਵਕ ਸਿੰਘ ਮਾਖਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਸੇਵਕ ਸਿੰਘ ਰਾਏਪੁਰ ( ਮਾਖਾ ) ਨੇ ਆਪਣੇ ਇਲਾਕੇ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਆਪਣਾ ਹਰ ਇੱਕ ਫਰਜ਼ ਬਣਦਾ ਹੈ ਕਿ ਜ਼ਿਆਦਾ ਤੋਂ ਜ਼ਿਆਦਾ ਨਵੇਂ ਪੌਦੇ ਲਗਾਏ ਜਾਣ ਤਾਂ ਕਿ ਦੂਸਿਤ ਹੋ ਰਹੇ ਵਾਤਾਵਰਨ ਬਚਾਉਣ ਦੇ ਨਾਲ-ਨਾਲ ਵੱਧ ਰਹੇ ਤਾਪਮਾਨ ਵੀ ਘਟਾਇਆ ਜਾ ਸਕੇ ।

# ਵੱਖ-ਵੱਖ ਜਥੇਬੰਦੀਆਂ ਦੇ ਕਾਰਕੁੰਨਾਂ ਨੇ ਇਜ਼ਰਾਈਲ ਵੱਲੋਂ ਫ਼ਲਸਤੀਨੀ ਲੋਕਾਂ ਦੀ ਨਸਲਕੁਸ਼ੀ ਬੰਦ ਕਰਨ ਦੀ ਮੰਗ ਕੀਤੀ



ਲਹਿਰਾਗਾਗਾ, 21 ਅਗਸਤ (ਰਾਮੇਸ਼ਵਰ ਸ਼ਰਮਾ/ ਖੁਸਵਿੰਦਰ ਸ਼ਰਮਾ): ਅੱਜ ਇੱਥੇ ਵੱਖ-ਵੱਖ ਜਨਤਕ ਜਥੇਬੰਦੀਆਂ ਦੇ ਕਾਰਕੁੰਨਾਂ ਨੇ ਇਜ਼ਰਾਈਲੀ ਧਾੜਵੀਆਂ ਵੱਲੋਂ ਫ਼ਲਸਤੀਨੀ ਲੋਕਾਂ ਦੀ ਕੀਤੀ ਜਾ ਰਹੀ ਨਸਲਕੁਸ਼ੀ ਖਿਲਾਫ਼ ਜਨਤਕ ਮੀਟਿੰਗ ਕੀਤੀ ਅਤੇ ਅੱਜ 21 ਅਗਸਤ 2025 ਦੁਨੀਆਂ ਭਰ ਵਿੱਚ ਜਮਹੂਰੀ ਤੇ ਅਮਨਪਸੰਦ ਜਥੇਬੰਦੀਆਂ ਵੱਲੋਂ ਫ਼ਲਸਤੀਨੀ ਲੋਕਾਂ ਦੇ ਹੱਕ ਵਿੱਚ ਕੀਤੇ ਜਾ ਰਹੇ ਰੋਸ ਸਮਾਗਮਾਂ ਵਿੱਚ ਆਪਣੀ ਆਵਾਜ਼ ਸ਼ਾਮਲ ਕੀਤੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਲੋਕ ਚੇਤਨਾ ਮੰਚ, ਲਹਿਰਾਗਾਗਾ ਦੇ ਪ੍ਰੈਸ ਸਕੱਤਰ ਰਣਜੀਤ ਲਹਿਰਾ, ਰਤਨਪਾਲ ਡੂਡੀਆਂ, ਪਸਸਫ ਦੇ ਆਗੂ ਸੁਖਦੇਵ ਚੰਗਾਲੀਵਾਲਾ, ਅਮਰੀਕ, ਫੀਲਡ ਵਰਕਰਜ਼ ਯੂਨੀਅਨ ਦੇ ਪ੍ਰਧਾਨ ਭੋਲਾ ਸਿੰਘ ਭੱਠਲ ਤੇ ਨਰਿੰਦਰਪਾਲ ਚੰਗਾਲੀਵਾਲਾ ਨੇ ਕਿਹਾ ਕਿ ਇਜ਼ਰਾਈਲ ਵੱਲੋਂ ਮਹੀਨਿਆਂ ਤੋਂ ਅਮਰੀਕੀ ਸਾਮਰਾਜੀਆਂ ਦੀ ਸ਼ਹਿ 'ਤੇ ਗਾਜ਼ਾ ਦੇ ਮਜ਼ਲੂਮ ਲੋਕਾ ਤੇ ਨਾ ਸਿਰਫ਼ ਬੇਕਿਰਕ ਬੰਬਾਰੀ ਕੀਤੀ ਜਾ ਰਹੀ ਹੈ ਸਗੋਂ ਗਾਜ਼ਾ ਦੇ ਮਾਸੂਮੀ ਬੱਚਿਆਂ ਤੱਕ ਨੂੰ ਭੁੱਖੇ-ਪਿਆਸੇ ਮਰਨ ਲਈ ਮਜ਼ਬੂਰ ਕੀਤਾ ਜਾ ਰਿਹਾ ਹੈ। ਹੁਣ ਤੱਕ 80,000 ਦੇ ਕਰੀਬ ਫ਼ਲਸਤੀਨੀ, ਜਿਨ੍ਹਾਂ ਵਿੱਚ ਹਜ਼ਾਰਾਂ ਬੱਚੇ ਵੀ ਸ਼ਾਮਲ ਹਨ, ਮਾਰੇ ਜਾ ਚੱਕੇ ਹਨ।ਉਨ੍ਹਾਂ ਕਿਹਾ ਕਿ ਅੱਜ 21 ਅਗਸਤ ਨੂੰ ਜਮਹੂਰੀ ਤੇ ਅਮਨਪਸੰਦ ਜਥੇਬੰਦੀਆਂ ਵੱਲੋਂ ਫ਼ਲਸਤੀਨੀਆਂ ਦੇ ਹੱਕ ਵਿੱਚ ਆਲਮੀ ਸਟਰਾਈਕ ਦਾ ਸੱਦਾ ਹੈ। ਅਸੀਂ ਵੀ ਇਸ ਸੱਦੇ ਦੀ ਹਮਾਇਤ ਕਰਦੇ ਹਾਂ ਅਤੇ ਫ਼ਲਸਤੀਨੀਂ ਲੋਕਾਂ ਦੀ ਨਸਲਕੁਸ਼ੀ ਵਿਰੁੱਧ ਆਵਾਜ਼ ਵਿੱਚ ਆਪਣੀ ਆਵਾਜ਼ ਸ਼ਾਮਲ ਕਰਦੇ ਹਾਂ। ਆਲਮੀ ਕਾਫ਼ਲੇ ਵਿਚ ਰਲ਼ ਕੇ ਅਮਰੀਕੀ-ਇਜ਼ਰਾਇਲੀ ਨਸਲੀ ਦਹਿਸ਼ਤਵਾਦ ਦਾ ਵਿਰੋਧ ਕਰਦੇ ਹਾਂ ਅਤੇ ਭਾਰਤ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਉਹ ਫਲਸਤੀਨੀ ਲੋਕਾਂ ਦੇ ਹੱਕ ਵਿੱਚ ਸਟੈਂਡ ਲਵੇ ਤੇ ਇਜ਼ਰਾਇਲ ਨਾਲੋਂ ਸਬੰਧ ਖ਼ਤਮ ਕਰੇ।

# ਸ਼੍ਰੋਮਣੀ ਅਕਾਲੀ ਦਲ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ 'ਚ ਆਸਾਂ 'ਤੇ ਉਮੀਦਾਂ 'ਤੇ ਖਰਾ ਉਤਰੇਗਾ : ਜਥੇਦਾਰ ਲੇਹਲ ਖੁਰਦ, ਕਿਰਪਾਲ ਨਾਥਾ




ਲਹਿਰਾਗਾਗਾ, 21 ਅਗਸਤ (ਗੁਰਦੀਪ ਸਿੰਘ): ਸ੍ਰੀ ਅਕਾਲ ਤਖਤ ਸਾਹਿਬ ਦੇ ਦਿਸ਼ਾ ਨਿਰਦੇਸ਼ਾਂ 'ਤੇ ਬਣੀ ਪੰਜ ਮੈਂਬਰੀ ਕਮੇਟੀ ਵੱਲੋਂ ਕੀਤੀ ਭਰਤੀ ਵਿੱਚੋਂ ਨਿਕਲੇ ਸੂਬਾ ਪੱਧਰੀ ਡੈਲੀਗੇਟਾਂ ਵੱਲੋਂ ਸਰਬ ਸੰਮਤੀ ਨਾਲ ਗਿਆਨੀ ਹਰਪ੍ਰੀਤ ਸਿੰਘ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ ਚੁਣਿਆ ਗਿਆ, ਹੁਣ ਉਨ੍ਹਾਂ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਪੰਜਾਬ ਅਤੇ ਪੰਜਾਬੀਆਂ ਦੀਆਂ ਆਸਾਂ ਤੇ ਉਮੀਦਾਂ 'ਤੇ ਖਰਾ ਉਤਰੇਗਾ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਸੁਰਜੀਤ ਸਿੰਘ ਲਹਿਲ ਖੁਰਦ ਸਰਕਲ ਪ੍ਰਧਾਨ ਅਤੇ ਯੂਥ ਆਗੂ ਕਿਰਪਾਲ ਸਿੰਘ ਨਾਥਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕੀਤਾ, ਉਹਨਾਂ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਪੁਨਰ ਸੁਰਜੀਤੀ ਸੂਬੇ ਦੀ ਸਿਆਸਤ ਅੰਦਰ ਨਵੀਂ ਸਵੇਰ ਦਾ ਆਗਾਜ਼ ਹੈ ਤੇ ਇਹ ਪਾਰਟੀ ਨਾ ਕੇਵਲ ਸੂਬੇ ਦੀ ਸਿਆਸਤ ਨੂੰ ਨਵੀ ਦਿਸ਼ਾ ਦੇਵੇਗੀ, ਬਲਕਿ ਰਾਜ ਦੇ ਲੋਕਾਂ ਦੀਆਂ ਆਸਾਂ ਤੇ ਉਮੀਦਾਂ ਨੂੰ ਵੀ ਨਵੇਂ ਖੰਭ ਲਾਵੇਗੀ।ਉਨ੍ਹਾਂ ਕਿਹਾ ਗਿਆਨੀ ਹਰਪ੍ਰੀਤ ਸਿੰਘ ਇੱਕ ਪੜ੍ਹੇ ਲਿਖੇ, ਗੁਣੀ ਗਿਆਨੀ,ਤੇ ਪੰਥਕ ਸੋਚ ਰੱਖਣ ਵਾਲੀ ਸ਼ਖਸੀਅਤ ਦੇ ਮਾਲਿਕ ਹਨ,ਉਨ੍ਹਾਂ ਦੀ ਅਗਵਾਈ ਹੇਠ ਪਾਰਟੀ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਦੀ ਤਰਜਮਾਨੀ ਕਰਦੀ ਹੋਈ ਪੰਥ ਤੇ ਪੰਜਾਬ ਦੇ ਹਿੱਤਾਂ ਲਈ ਪੂਰੇ ਜੋਸ਼ ਨਾਲ ਕੰਮ ਕਰੇਗੀ, ਅੱਜ ਚੜ੍ਹਦੀ ਕਲਾ ਨਾਲ ਵਿਸ਼ੇਸ਼ ਮੁਲਾਕਾਤ ਦੌਰਾਨ ਜਥੇਦਾਰ ਲਹਿਲ ਖੁਰਦ ਅਤੇ ਕਿਰਪਾਲ ਸਿੰਘ ਨਾਥਾ ਨੇ ਕਿਹਾ ਕਿ ਗਿਆਨੀ ਜੀ ਦੀ ਅਗਵਾਈ ਵਾਲੇ ਸ਼੍ਰੋਮਣੀ ਅਕਾਲੀ ਦਲ ਲਈ ਪੰਥ ਅਤੇ ਪੰਜਾਬ ਦੇ ਹਿੱਤ ਸਭ ਤੋਂ ਉੱਪਰ ਹੋਣਗੇ ਅਤੇ ਜਿੱਥੇ ਪਾਰਟੀ ਸੂਬੇ ਅੰਦਰ ਸਾਫ-ਸੁਥਰੀ, ਇਮਾਨਦਾਰ ਤੇ ਪਰਿਵਾਰਵਾਦ ਤੋਂ ਮੁਕਤ ਸਿਆਸਤ ਦਾ ਮੁੱਢ ਬੰਨੇਗੀ, ਉੱਥੇ ਸਾਰੇ ਵਰਗਾਂ ਦੇ ਲੋਕਾਂ ਨੂੰ ਨਾਲ ਲੈ ਕੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦਿਆਂ ਆਪਣੇਪਣ ਦਾ ਅਹਿਸਾਸ ਕਰਾਏਗੀ। ਉਹਨਾਂ ਪੰਜਾਬ ਦੇ ਲੋਕਾਂ ਨੂੰ ਇੱਕਜੁੱਟ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਪੰਥ ਤੇ ਪੰਜਾਬ ਨੂੰ ਦਰਪੇਸ਼ ਚੁਣੌਤੀਆਂ ਦਾ ਮੁਕਾਬਲਾ ਸਾਰਿਆਂ ਵੱਲੋਂ ਮਿਲ ਕੇ ਹੀ ਕੀਤਾ ਜਾ ਸਕਦਾ ਹੈ।

# ਸੋਮਣੀ ਅਕਾਲੀ ਦਲ ਦੇ ਹਲਕਾ ਲਹਿਰਾ ਦੇ ਇੰਚਾਰਜ ਦੀ ਭੈਣ ਦੀ ਬੇ-ਵਕਤੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

ਮੂਨਕ, 21ਅਗਸਤ (ਸਮਸ਼ੇਰ ਸਿੰਘ ਭੁਟਾਲ): ਬੀਤੇ ਦਿਨੀਂ ਮੁਹਾਲੀ ਵਿਖੇ ਗਊਸ਼ਾਲਾ ਵਿੱਚ ਗਊਆਂ ਦੀ ਸੇਵਾ ਕਰਦੇ ਸਮੇਂ ਅਮਨਦੀਪ ਕੌਰ ਦੀ ਹਾਦਸੇ ਦੌਰਾਨ ਮੌਤ ਹੋਣ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਚੌਧਰੀ ਸੁਰਿੰਦਰ ਸਿੰਘ ਬਾਹਮਣੀ ਵਾਲਾ ਨੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ ,ਵਰਨਣਯੋਗ ਹੈ ਕਿ ਅਮਨਦੀਪ ਕੌਰ(52) ਮਰਹੂਮ ਜੱਥੇਦਾਰ ਗਰਜਾ ਸਿੰਘ ਖੰਡੇਬਾਦ ਦੀ ਪੁੱਤਰੀ ਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਵਿਧਾਨ ਸਭਾ ਹਲਕਾ ਲਹਿਰਾ ਦੇ ਇੰਚਾਰਜ ਐਡਵੋਕੇਟ ਗਗਨਦੀਪ ਖੰਡੇਬਾਦ ਦੀ ਭੈਣ ਸਨ।ਅਮਨਦੀਪ ਕੌਰ ਦੀ ਦਰਦਨਾਕ ਮੌਤ ਹੋਣ ਕਰਕੇ ਹਲਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਇਸ ਮੰਦਭਾਗੀ ਘਟਨਾ 'ਤੇ ਹਲਕੇ ਦੇ ਸਮੂਹ ਵਰਕਰਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਹੈ। ਇਸ ਸਮੇਂ ਰਾਮਹੇਰ ਸਿੰਘ, ਡਾਕਟਰ ਦਰਸ਼ਨ ਮਹਾ ਸਿੰਘ ਵਾਲਾ, ਰਾਕੇਸ਼ ਗਿੱਲ ਆਦਿ ਆਗੂ ਵੀ ਹਾਜ਼ਰ ਸਨ।

# ਸਕੂਲ ਦੇ ਸਥਾਪਨਾ ਦਿਵਸ ਮੌਕੇ 'ਤੇ ਕਰਵਾਏ ਵਿੱਦਿਅਕ ਮੁਕਾਬਲੇ

ਲਹਿਰਾਗਾਗਾ, 21 ਅਗਸਤ (ਰਾਮੇਸ਼ਵਰ ਸ਼ਰਮਾ, ਖੁਸ਼ਵਿੰਦਰ ਸ਼ਰਮਾ ): ਪੋਸਟ ਗ੍ਰੈਜੂਏਟ ਐਜੂਕੇਸ਼ਨਲ ਸੁਸਾਇਟੀ (ਰਜਿ.) ਲਹਿਰਾਗਾਗਾ ਦੀ ਯੋਗ ਅਗਵਾਈ ਵਿੱਚ ਚਲਾਏ ਜਾ ਰਹੇ ਡਾ. ਦੇਵ ਰਾਜ ਡੀ.ਏ.ਵੀ. ਪਬਲਿਕ ਸਕੂਲ ਲਹਿਰਾਗਾਗਾ ਨੇ ਅੱਜ ਆਪਣਾ 36ਵਾਂ ਸਥਾਪਨਾ ਦਿਵਸ ਬੜ੍ਹੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ । ਇਸ ਸਮੇਂ ਵਿਦਿਆਰਥੀਆਂ, ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਸਕੂਲ ਪ੍ਰਬੰਧਕ ਪ੍ਰਵੀਨ ਖੋਖਰ, ਲੱਕੀ ਖੋਖਰ, ਅਨਿਰੁੱਧ ਕੌਸ਼ਲ ਨੇ ਕਿਹਾ ਕਿ 21 ਅਗਸਤ 1989 ਨੂੰ ਡਾ. ਦੇਵ ਰਾਜ ਡੀ.ਏ.ਵੀ. ਪਬਲਿਕ ਸਕੂਲ/ਖੋਖਰ ਪਬਲਿਕ ਸਕੂਲ ਨੇ ਵਿੱਦਿਆ ਦੇ ਖੇਤਰ ਵਿੱਚ ਪ੍ਰਵੇਸ਼ ਕੀਤਾ ਸੀ, ਆਪਣੇ ਹੁਣ ਤੱਕ ਦੇ ਤੈਅ ਕੀਤੇ ਸਫ਼ਰ ਦੌਰਾਨ ਇਸ ਸੰਸਥਾ ਨੇ ਅਨੇਕਾਂ ਔਕੜਾਂ, ਖੁਸ਼ੀਆਂ-ਗਮੀਆਂ, ਤੰਗੀਆਂ-ਤੁਰਸ਼ੀਆਂ ਸੰਗ ਭਿੜਦਿਆਂ ਨਾ ਸਿਰਫ਼ ਵਿੱਦਿਆ ਦੇ ਖੇਤਰ ਵਿੱਚ ਵੱਡੀਆਂ ਸਫ਼ਲਤਾਵਾਂ ਇਲਾਕੇ ਦੇ ਲੋਕਾਂ ਨੂੰ ਦਿੱਤੀਆਂ ਸਗੋਂ ਵਿਗਿਆਨ, ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਵੀ ਵੱਡੀਆਂ ਪ੍ਰਾਪਤੀਆਂ ਕਰਕੇ ਸਿਰਫ਼ ਪੰਜਾਬ ਵਿੱਚ ਹੀ ਨਹੀਂ ਸਗੋਂ ਦੇਸ਼ ਵਿੱਚ ਵੀ ਨਾਮ ਰੋਸ਼ਨ ਕੀਤਾ ਹੈ । ਇਸ ਸਮੇਂ ਕਰਵਾਏ ਬਾਲ ਵਿੱਦਿਅਕ ਮੁਕਾਬਲੇ ਦੇ ਲੇਖ-ਲੇਖਣੀ ਮੁਕਾਬਲੇ ਦੇ ਜੂਨੀਅਰ ਵਰਗ ਵਿੱਚੋਂ ਹਰਪ੍ਰੀਤ ਕੌਰ ਨੇ ਪਹਿਲਾ ਨੇ ਦੂਸਰਾ ਤੇ ਕਾਰਤਿਕ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ ਜਦੋਂ ਕਿ ਸੀਨੀਅਰ ਵਰਗ ਵਿੱਚੋਂ ਕਰਮਨਪ੍ਰੀਤ ਕੌਰ ਨੇ ਪਹਿਲਾ ਪ੍ਰਨੀਤ ਕੌਰ ਨੇ ਦੂਸਰਾ ਅਤੇ ਹੁਸਨਪ੍ਰੀਤ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ । ਸ਼ੁੱਧ ਅਤੇ ਸਾਫ਼ ਲਿਖਾਈ ਵਿੱਚੋਂ ਜਸ਼ਮੀਤ ਕੌਰ ਅਤੇ ਤਮੰਨਾ ਰਾਣੀ ਨੇ ਪਹਿਲਾ, ਆਕਾਂਸ਼ਾ ਤੇ ਬਲਕਰਨ ਸਿੰਘ ਨੇ ਦੂਸਰਾ, ਰਹਿਮਾਨ ਖਾਨ ਅਤੇ ਜਸਨੂਰ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ । ਕਵਿਤਾ ਉਚਾਰਨ ਮੁਕਾਬਲੇ ਵਿੱਚੋਂ ਗੁਰਨਕਸ਼ ਸਿੰਘ, ਗੁਰਲੀਨ ਕੌਰ ਤੇ ਯਸ਼ ਕੁਮਾਰ ਨੇ ਪਹਿਲਾ, ਮੋਨਿਕਾ ਰਾਣੀ, ਸ਼ਹਿਨਾਜ਼ ਤੇ ਵਿਸ਼ਵਪ੍ਰੀਤ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਸ਼ਬੀਰ ਮੁਹੰਮਦ, ਦੀਵਾਂਸ਼ੀ ਰਾਣੀ ਤੇ ਨਵਦੀਪ ਸਿੰਘ ਤੀਸਰੇ ਸਥਾਨ ਤੇ ਰਹੇ । ਪ੍ਰਸ਼ਨ-ਉੱਤਰ ਮੁਕਾਬਲੇ ਵਿੱਚੋਂ ਮਨਜੋਤ ਕੌਰ ਦੇ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਸੁਖਵਿੰਦਰ ਸਿੰਘ ਦੀ ਟੀਮ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ । ਇਸ ਸਮੇਂ ਸਕੂਲ ਦੇ ਸਮੁੱਚੇ ਅਧਿਆਪਕ ਵੀ ਹਾਜ਼ਰ ਸਨ ।

# ਭਾਜਪਾ ਨੂੰ ਪਿੰਡਾਂ ਵਿੱਚ ਕੈਂਪ ਲਗਾਉਣ ਤੋਂ ਰੋਕਣਾ ਮੰਦਭਾਗਾ : ਗਗਨਦੀਪ ਸ਼ਰਮਾ



ਬਰੇਟਾ, 21 ਅਗਸਤ (ਨਰਿੰਦਰ ਬਾਂਸਲ, ਵਿਨੋਦ ਸਿੰਗਲਾ): ਭਾਰਤੀ ਜਨਤਾ ਪਾਰਟੀ ਵੱਲੋਂ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਦੀਆਂ ਸਕੀਮਾਂ ਨੂੰ ਲੋਕਾਂ ਦੇ ਘਰਾਂ ਤੱਕ ਪਹੁੰਚਾਉਣ ਲਈ ਪਿੰਡਾਂ ਵਿੱਚ ਹਰ ਬੂਥ 'ਤੇ ਕੈਂਪ ਲਗਾਏ ਜਾ ਰਹੇ ਸਨ, ਜਿਸ ਨਾਲ ਪਿੰਡਾਂ ਵਿੱਚ ਭਾਜਪਾ ਦਾ ਗਰਾਫ ਵੱਧ ਰਿਹਾ ਸੀ ਪਰ ਪੰਜਾਬ ਸਰਕਾਰ ਵੱਲੋਂ ਪੰਜਾਬ ਪੁਲਿਸ ਦਾ ਸਹਾਰਾ ਲੈ ਕੇ ਇਹਨਾਂ ਕੈਂਪਾਂ ਨੂੰ ਰੋਕਿਆ ਜਾ ਰਿਹਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਮੰਡਲ ਬਰੇਟਾ ਦੇ ਪ੍ਰਧਾਨ ਗਗਨਦੀਪ ਸ਼ਰਮਾ ਨੇ ਕਿਹਾ ਕਿ ਇਸ ਨਾਲ ਆਮ ਆਦਮੀ ਪਾਰਟੀ ਦਾ ਚਿਹਰਾ ਬੇਨਕਾਬ ਹੋਇਆ ਹੈ, ਕਿਉਂਕਿ ਪਿਛਲੇ ਦਿਨੀਂ ਆਪ ਦੇ ਇੰਚਾਰਜ ਮੁਨੀਸ਼ ਸਿਸੋਦੀਆ ਵੱਲੋਂ ਬਿਆਨ ਦਿੱਤਾ ਸੀ ਕਿ ਸਾਨੂੰ ਚੋਣਾਂ ਜਿੱਤਣ ਲਈ ਹਰ ਹਿੱਲਾ ਵਰਤਨਾ ਪਵੇਗਾ। ਅੱਜ ਆਮ ਆਦਮੀ ਪਾਰਟੀ ਉਸੇ ਬਿਆਨ ਮੁਤਾਬਕ ਭਾਜਪਾ ਦੇ ਕੈਂਪ ਰੋਕ ਰਹੀ ਹੈ। ਉਹਨਾਂ ਕਿਹਾ ਕਿ ਇਹਨਾਂ ਕੈਂਪਾਂ ਵਿੱਚ 5 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਲਈ ਆਯੁਸ਼ਮਾਨ ਕਾਰਡ, ਕਿਸਾਨ ਸਨਮਾਨ ਨਿਧੀ ਯੋਜਨਾ, ਅਵਾਸ ਯੋਜਨਾ, ਈ-ਸ਼ਰਮ ਕਾਰਡ, ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ, ਪੈਨਸ਼ਨ, ਪ੍ਰਧਾਨ ਮੰਤਰੀ ਸੂਰਜ ਯੋਜਨਾ ਘਰ ਯੋਜਨਾ, ਮੁਫ਼ਤ ਬਿਜਲੀ ਯੋਜਨਾ, ਟੂਲ ਕਿੱਟ ਵੰਡ ਪ੍ਰੋਗਰਾਮ ਅਧੀਨ ਸਕੀਮਾਂ ਅਧੀਨ ਲੋਕਾਂ ਦੇ ਮੁਫਤ ਫਾਰਮ ਭਰੇ ਜਾਂਦੇ ਸਨ ਅਤੇ ਮੌਕੇ 'ਤੇ ਲੋਕਾਂ ਨੂੰ ਲਾਭ ਦਿੱਤੇ ਜਾਂਦੇ ਸਨ। ਉਹਨਾਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਉਹਨਾਂ ਇਸ ਕਰਵਾਈ ਨੂੰ ਨਾ ਰੋਕਿਆ ਗਿਆ ਤਾਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।



# ਪਟਿਆਲਾ-ਆਸ/ਪਾਸ



## 9 ਕਰੋੜ 10 ਲੱਖ ਦੀ ਲਾਗਤ ਨਾਲ ਦੇਵੀਗੜ੍ਹ ਤੋਂ ਨਨਿਓਲਾ ਸੜਕ ਦਾ ਹੋਵੇਗਾ ਮਜ਼ਬੂਤੀਕਰਨ: ਵਿਧਾਇਕ ਪਠਾਣਮਾਜਰਾ



ਦੇਵੀਗੜ੍ਹ, 21 ਅਗਸਤ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਅਧੀਨ ਆਉਂਦੀਆਂ ਮੁੱਖ ਅਤੇ ਲਿੰਕ ਸੜਕਾਂ ਨੂੰ ਮਜ਼ਬੂਤ ਕਰਨ ਅਤੇ ਨਵੀਆਂ ਬਣਾਉਣ ਦਾ ਕੰਮ ਜੰਗੀ ਪੱਧਰ 'ਤੇ ਸ਼ੁਰੂ ਕੀਤਾ ਜਾਵੇਗਾ ਤਾਂ ਜੋ ਕਿ ਪਿਛਲੇ ਹੜ੍ਹਾਂ ਦੌਰਾਨ ਟੁੱਟੀਆਂ ਸੜਕਾਂ ਜਲਦੀ ਠੀਕ ਹੋ ਸਕਣ ਅਤੇ ਪਿੰਡਾਂ ਦੇ ਲੋਕਾਂ ਨੂੰ ਆਉਣ ਜਾਣ ਵਿੱਚ ਸਹੂਲਤ ਮਿਲ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਅੱਜ ਦੇਵੀਗੜ੍ਹ ਨੇੜੇ ਛੰਨਾਂ ਮੋੜ ਵਿਖੇ ਦੇਵੀਗੜ੍ਹ ਤੋਂ ਨਨਿਓਲਾ ਮੁੱਖ ਸੜਕ ਨੂੰ ਮਜ਼ਬੂਤੀ ਕਰਨ ਅਤੇ ਨਵਾਂ ਬਣਾਉਣ ਦਾ ਨੀਂਹ ਪੱਥਰ ਰੱਖਣ ਸਮੇਂ ਪੱਤਰਕਾਰਾਂ ਨਾਲ ਗੱਲ ਕਰਦਿਆਂ ਕੀਤਾ। ਵਿਧਾਇਕ ਪਠਾਣਮਾਜਰਾ ਨੇ ਕਿਹਾ ਕਿ ਦੇਵੀਗੜ੍ਹ ਤੋਂ ਨਨਿਓਲਾ ਹਰਿਆਣਾ ਬਾਰਡਰ ਤੱਕ ਜਾਂਦੀ ਸੜਕ ਇੱਕ ਅਹਿਮ ਸੜਕ ਹੈ ਜਿਸ ਨਾਲ ਇਲਾਕੇ ਦੇ ਵਪਾਰੀ ਵਰਗ ਦੇ ਲੋਕਾਂ ਦਾ ਰੋਜ਼ਾਨਾ ਆਉਣਾ ਜਾਣਾ ਬਣਿਆ ਰਹਿੰਦਾ ਹੈ, ਜੋ ਕਿ ਦੇਵੀਗੜ੍ਹ ਕਸਬੇ ਨੂੰ ਅੰਬਾਲਾ ਸ਼ਹਿਰ ਨਾਲ ਜੋੜਦੀ ਹੈ ਅਤੇ ਇਸ ਉੱਤੇ ਭਾਰੀ ਆਵਾਜਾਈ ਰਹਿੰਦੀ ਹੈ। ਇਹ ਸੜਕ ਇਸ ਵੇਲੇ ਬਹੁਤ ਜ਼ਿਆਦਾ ਟੁੱਟੀ ਹੋਈ ਹੈ, ਜਿਸ ਕਾਰਨ ਲੋਕਾਂ ਨੂੰ ਆਉਣ ਜਾਣ ਵਿੱਚ ਕਾਫੀ ਦਿੱਕਤ ਪੇਸ਼ ਆਉਂਦੀ ਸੀ। ਇਸ ਸੜਕ ਦੀ ਮੁਰੰਮਤ ਲਈ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਰਾਹੀਂ 910.90 ਲੱਖ ਰੁਪਏ ਲਿਆਏ ਹਨ। ਇਹ 8.12 ਕਿਲੋਮੀਟਰ ਲੰਮੀ ਸੜਕ 6 ਮਹੀਨਿਆਂ ਵਿੱਚ ਤਿਆਰ ਹੋ ਜਾਵੇਗੀ। ਇਸ ਮੌਕੇ ਨਗਰ ਪੰਚਾਇਤ ਦੇਵੀਗੜ੍ਹ ਦੇ ਪ੍ਰਧਾਨ ਸਵਿੰਦਰ ਕੌਰ ਧੰਜੂ, ਗੁਰਪ੍ਰੀਤ ਗੁਰੀ ਪੀ.ਏ., ਡਾ. ਗੁਰਮੀਤ ਸਿੰਘ ਬਿੱਟੂ ਉਪ ਚੇਅਰਮੈਨ, ਰਾਜਾ ਧੰਜੂ, ਅਮਰ ਸੰਘੇੜਾ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ, ਵੇਦ ਪ੍ਰਕਾਸ਼ ਗਰਗ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਗੌਰਵ ਬੱਬਾ, ਸਿਮਰਜੀਤ ਸਿੰਘ ਸੋਹਲ, ਬਲਜਿੰਦਰ ਸਿੰਘ ਨੰਦਗੜ੍ਹ, ਵਿਭਾਗ ਦੇ ਅਧਿਕਾਰੀ ਐਕਸੀਅਨ ਪਿਊਸ਼ ਅਗਰਵਾਲ, ਐਸ. ਡੀ. ਓ ਸਤਨਾਮ ਸਿੰਘ, ਜੇ ਈ ਪੁਨੀਤ ਮਿੱਤਲ, ਰੋਡ ਠੇਕੇਦਾਰ ਵਰਿੰਦਰ ਕੁਮਾਰ, ਕਿਰਪਾ ਸਿੰਘ ਸਰੋਆ ਡਾਇਰੈਕਟਰ ਪੀ.ਏ.ਡੀ. ਬੀ ਬੈਂਕ, ਮਨਿੰਦਰ ਫਰਾਂਸਵਾਲਾ, ਲਖਵੀਰ ਸਿੰਘ ਲੱਖੀ ਸੀਨੀ. ਮੀਤ ਪ੍ਰਧਾਨ, ਗੁਰਮੀਤ ਭੂੰਨ੍ਹਾਂ, ਸੱਜਣ ਸਵਿੰਦਰ ਸਿੰਘ ਸਰੋਆ, ਸੁਖਵਿੰਦਰ ਸਿੰਘ ਅਦਾਲਤੀਵਾਲਾ, ਬੂਟਾ ਸਿੰਘ ਥਿੰਦ ਛੰਨਾਂ, ਗੁਰਮੀਤ ਵਿਰਕ ਸਰਪੰਚ, ਰੂਪੀ ਕਕੇਪੁਰ, ਰਾਜਵੀਰ ਸਿੰਘ ਸੰਧੂ ਬੁਧਮੋਰ, ਪਰਮਜੀਤ ਸਿੰਘ ਸ਼ਰਮਾ ਆਦਿ ਹਾਜ਼ਰ ਸਨ।

## ਜੱਸੀ ਸੋਹੀਆਂ ਵਾਲਾ ਨੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਬਰਸਟ ਤੇ ਪੰਨੂ ਦੀ ਮੌਜੂਦਗੀ 'ਚ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਦਾ ਅਹੁਦਾ ਸੰਭਾਲਿਆ



ਨਾਭਾ, 21 ਅਗਸਤ (ਗੁਰਚਰਨ ਸਿੰਘ ਚੌਧਰੀਮਾਜਰਾ/ਬਲਜਿੰਦਰ ਮਾਨ): ਇੰਪਰੂਵਮੈਂਟ ਟਰੱਸਟ ਨਾਭਾ ਦੇ ਨਵਨਿਯੁਕਤ ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂ ਵਾਲਾ ਨੇ ਅੱਜ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਸੰਤ ਦਾਰਾ ਸਿੰਘ, 'ਆਪ' ਦੇ ਨਸ਼ਾ ਮੁਕਤੀ ਮੋਰਚੇ ਦੇ ਮੁੱਖ ਬੁਲਾਰੇ ਬਲਤੇਜ ਪੰਨੂ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਜ਼ਿਲ੍ਹਾ ਯੋਜਨਾ ਕਮੇਟੀ ਦੇ ਮਨੋਨੀਤ ਚੇਅਰਮੈਨ ਤੇਜਿੰਦਰ ਮਹਿਤਾ ਤੇ ਹੋਰ ਸ਼ਖ਼ਸੀਅਤਾਂ ਦੀ ਮੌਜੂਦਗੀ 'ਚ ਆਪਣਾ ਅਹੁਦਾ ਸੰਭਾਲ ਲਿਆ। ਇਸ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੂੰ ਵਧਾਈ ਦਿੰਦਿਆਂ ਪੇਂਡੂ ਵਿਕਾਸ ਤੇ ਪੰਚਾਇਤ, ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ, ਕਿਰਤ ਤੇ ਪ੍ਰਾਹੁਣਚਾਰੀ ਵਿਭਾਗਾਂ ਦੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਜੱਸੀ ਸੋਹੀਆਂ ਵਾਲਾ ਜ਼ਮੀਨ ਨਾਲ ਜੁੜੇ ਹੋਏ ਇੱਕ ਸੀਨੀਅਰ ਆਗੂ ਹਨ ਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਨ੍ਹਾਂ ਨੂੰ ਦੋ ਵਾਰ ਅਹਿਮ ਚੇਅਰਮੈਨ ਦੇ ਅਹੁਦੇ ਦੇ ਕੇ ਨਿਵਾਜਿਆ ਹੈ। ਸ. ਸੌਂਦ ਨੇ ਕਿਹਾ ਕਿ ਇਮਾਨਦਾਰ ਆਗੂ ਜੱਸੀ ਸੋਹੀਆਂ ਵਾਲਾ ਨੇ ਪਾਰਟੀ ਹਾਈ ਕਮਾਂਡ, ਪੰਜਾਬ ਇੰਚਾਰਜ ਮੁਨੀਸ਼ ਸਿਸੋਦੀਆ ਤੇ ਸੂਬਾ ਪ੍ਰਧਾਨ ਅਮਨ ਅਰੋੜਾ ਦਾ ਵਿਸ਼ਵਾਸ ਜਿੱਤਿਆ ਹੈ, ਜਿਸ ਲਈ ਉਨ੍ਹਾਂ ਨੂੰ ਉਮੀਦ ਹੈ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਹਲਕਾ ਨਾਭਾ ਦੇ ਵਿਧਾਇਕ ਦੇਵ ਮਾਨ ਸਮੇਤ ਸਾਰੇ ਆਗੂਆਂ ਤੇ ਵਰਕਰਾਂ ਨੂੰ ਨਾਲ ਲੈਕੇ, ਆਮ ਲੋਕਾਂ ਤੇ ਪੰਜਾਬ ਤੇ ਪਾਰਟੀ ਦੀ ਸੇਵਾ ਵਧ ਚੜ੍ਹਕੇ ਕਰਦੇ ਰਹਿਣਗੇ। ਇਸ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਸ੍ਰੀ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਪਾਰਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਤੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਉਪਰ ਪ੍ਰਗਟਾਏ ਗਏ ਭਰੋਸੇ ਉਪਰ ਪੂਰੀ ਤਰ੍ਹਾਂ ਖਰ੍ਹਾ ਉਤਰਨਗੇ ਅਤੇ ਆਪਣੇ ਲੋਕਾਂ ਦੀ ਸੇਵਾ ਵਿੱਚ ਸਦਾ ਹਾਜ਼ਰ ਰਹਿਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪਹਿਲਾਂ ਤਿੰਨ ਸਾਲ ਜ਼ਿਲ੍ਹਾ ਯੋਜਨਾ ਕਮੇਟੀ ਦਾ ਚੇਅਰਮੈਨ ਥਾਪਿਆ ਅਤੇ ਹੁਣ ਉਨ੍ਹਾਂ ਨੂੰ ਇੰਪਰੂਵਮੈਂਟ ਟਰੱਸਟ ਦਾ ਚੇਅਰਮੈਨ ਬਣਾਇਆ ਅਤੇ ਸ਼ਹਿਰ ਦੀ ਬਿਹਤਰੀ ਲਈ ਸਾਰਿਆਂ ਦੇ ਸਹਿਯੋਗ ਨਾਲ ਕੰਮ ਕੀਤੇ ਜਾਣਗੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਕੇਂਦਰ ਦੀ ਭਾਜਪਾ ਦੀ ਅਗਵਾਈ ਹੇਠ ਰਾਜ ਕਰਦੀ ਡੀਪ ਸਟੇਟ ਵੱਲੋਂ ਘੱਟ ਗਿਣਤੀਆਂ ਤੇ ਖਾਸ ਤੌਰ 'ਤੇ ਸਿੱਖਾਂ ਨੂੰ ਦਬਾਉਣ ਦੀ ਕੀਤੀ ਜਾ ਰਹੀ ਕੋਸ਼ਿਸ਼ ਦੀ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਆਜ਼ਾਦੀ ਦਿਹਾੜੇ ਮੌਕੇ ਸੱਦੇ ਇੱਕ ਅੰਮ੍ਰਿਤਧਾਰੀ ਸਿੱਖ ਨੂੰ ਕ੍ਰਿਪਾਨ ਪਾਉਣ ਕਰਕੇ ਦਿੱਲੀ ਦੇ ਲਾਲ ਕਿਲੇ ਵਿੱਚ ਜਾਣ ਤੋਂ ਰੋਕੇ ਜਾਣਾ ਵੀ ਮੰਦਭਾਗਾ ਅਤੇ ਅਜਿਹੇ ਮਾਮਲੇ ਸਾਡੀ ਆਜ਼ਾਦੀ ਤੇ ਇੱਜ਼ਤ-ਮਾਣ ਉਪਰ ਹਮਲਾ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਆਪਣਾ ਅਹੁਦਾ ਸੰਭਾਲਣ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਨਮੁੱਖ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾ ਕੇ ਅਰਦਾਸ ਕੀਤੀ ਅਤੇ ਪਰਮਾਤਮਾ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਏ.ਡੀ.ਸੀ. ਨਵਰੀਤ ਕੌਰ ਸੇਖੋਂ, ਐਸ.ਡੀ.ਐਮ ਇਸਮਤ ਵਿਜੈ ਸਿੰਘ, ਡੀ.ਐਸ.ਪੀ ਮਨਦੀਪ ਕੌਰ ਚੀਮਾ, ਲੋਕ ਸਭਾ ਹਲਕਾ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ, ਇੰਪਰੂਵਮੈਂਟ ਟਰੱਸਟ ਪਟਿਆਲਾ ਦੇ ਚੇਅਰਮੈਨ ਮੇਘ ਚੰਦ ਸ਼ੇਰਮਾਜਰਾ, ਜ਼ਿਲ੍ਹਾ ਯੋਜਨਾ ਕਮੇਟੀ ਸੰਗਰੂਰ ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਪੰਜਾਬ ਸਿਹਤ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਵਿੱਕੀ ਘਨੌਰ, ਮਾਰਕਿਟ ਕਮੇਟੀ ਚੇਅਰਮੈਨ ਗੁਰਦੀਪ ਸਿੰਘ ਟਿਵਾਣਾ, ਯੂਥ ਆਗੂ ਲਾਲੀ ਫ਼ਤਹਿਪੁਰ, ਸਾਬਕਾ ਚੇਅਰਮੈਨ ਸੁਰਿੰਦਰਪਾਲ ਸ਼ਰਮਾ, ਸਾਬਕਾ ਚੇਅਰਮੈਨ ਅਮਰਦੀਪ ਖੰਨਾ, ਚਰਨ ਸਿੰਘ ਮਲਕੀਤ ਐਗਰੋਟੈਕ, ਗੁਰਪ੍ਰੀਤ ਸਿੰਘ ਪ੍ਰੀਤ ਗਰੁੱਪ, ਅਸ਼ੋਕ ਅਰੋੜਾ, ਕੌਂਸਲਰ ਗੁਰਬਖਸ਼ੀਸ਼ ਸਿੰਘ ਭੱਟੀ, ਰੋਜ਼ੀ ਨਾਗਪਾਲ, ਗੌਤਮ ਬਾਤਿਸ਼, ਹਰਪ੍ਰੀਤ ਸਿੰਘ, ਦਵਿੰਦਰ ਸਿੰਘ ਕੂਕਾਲ, ਸੋਮ ਨਾਥ ਢੱਲ, ਸੁਭਾਸ਼ ਸਹਿਗਲ, ਬਾਬੂ ਰਾਜ ਕੁਮਾਰ, ਸੰਦੀਪ ਸ਼ਰਮਾ, ਐਡਵੋਕੇਟ ਨਰਿੰਦਰ ਸ਼ਰਮਾ, ਅਸ਼ੋਕ ਕਿੰਗਰ, ਰਾਮ ਕ੍ਰਿਸ਼ਨ ਭੱਲਾ, ਸੁਨੀਲ ਗੁਪਤਾ, ਵਿਕਾਸ ਗੁਪਤਾ, ਅਨਿਲ ਗੁਪਤਾ, ਪ੍ਰਿੰਸੀਪਲ ਅਸ਼ਵਨੀ ਮੈਦਾਨ, ਆਂਗਨਵਾੜੀ ਮੁਲਾਜ਼ਮ ਯੂਨੀਅਨ ਦੇ ਪ੍ਰਧਾਨ ਸ਼ਾਂਤੀ ਦੇਵੀ ਤੇ ਪ੍ਰਧਾਨ ਸੰਜੀਆ ਰਾਣੀ, ਜੀਵਨ ਬਾਂਸਲ, ਅਸ਼ੋਕ ਅਰੋੜਾ ਸਵੀਟਸ, ਖ਼ੁਸ਼ੀ ਮੁਹੰਮਦ, ਅਜ਼ੀਜ਼ ਮੁਹੰਮਦ, ਲਾਡੀ ਖਹਿਰਾ, ਸੁਖਜੀਤ ਸਿੰਘ ਹਾਂਸ, ਹਰਵਿੰਦਰ ਸਿੰਘ ਖਹਿਰਾ, ਜਸਕਰਨਵੀਰ ਸਿੰਘ ਤੇਜੇ, ਹਨੀ ਪਹਾੜਪੁਰ, ਗਾਮਾ ਅਜੀਜ਼, ਰਜਨੀਸ਼ ਗੋਇਲ, ਭਗਵੰਤ ਸਿੰਘ ਮਟਕਾ, ਬੁੱਧ ਸਿੰਘ ਸੱਧਨੌਲੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਤੇ ਹਲਕੇ ਦੇ ਵੱਖ ਵੱਖ ਸਮਾਜ ਸੇਵੀ ਤੇ ਧਾਰਮਿਕ, ਪੰਚਾਂ ਸਰਪੰਚਾਂ ਤੇ ਹਲਕੇ ਦੇ ਹਰ ਵਰਗ ਨਾਲ ਸਬੰਧਤ ਲੋਕਾਂ ਨੇ ਸ਼ਮੂਲੀਅਤ ਕਰਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੂੰ ਮੁਬਾਰਕਬਾਦ ਦਿੱਤੀ।

## 'ਆੜ੍ਹਤ ਵਧਾਓ, ਈ.ਪੀ.ਐਫ. ਹਟਾਓ, ਆੜ੍ਹਤੀ ਬਚਾਓ' ਮੁਹਿੰਮ ਦੀ ਸ਼ੁਰੂਆਤ : ਪੰਜਾਬ ਪ੍ਰਧਾਨ ਰਾਣਾ

☛ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕੋਈ ਪ੍ਰੇਸ਼ਾਨੀ ਨਹੀਂ ਆਉਣ ਦੇਵਾਂਗੇ : ਬੈਦਵਾਨ



ਭੁਨਰਹੇੜੀ, 21 ਅਗਸਤ (ਗੁਰਜੀਤ ਸਿੰਘ ਢੋਟ) : ਆੜ੍ਹਤੀ ਐਸੋਸੀਏਸ਼ਨ, ਪੰਜਾਬ ਦੇ ਪ੍ਰਧਾਨ ਸ. ਕਮਲ ਜੀਤ ਸਿੰਘ ਅਲੋਂਹਰਾਂ ਦੀ ਅਗਵਾਈ ਹੇਠ ਜ਼ਿਲ੍ਹਾ ਦੀ ਸਾਰੀ ਅਨਾਜ ਮੰਡੀਆਂ ਦੀ ਕੈਬਨਿਟ ਦੀ ਮੀਟਿੰਗ, ਰੋਟਰੀ ਕਲੱਬ ਨਾਭਾ ਵਿਖੇ ਬੁਲਾਈ ਗਈ। ਮੀਟਿੰਗ ਦੇ ਮੁੱਖ ਮਹਿਮਾਨ ਪੰਜਾਬ ਪ੍ਰਧਾਨ ਸ. ਜਸਵਿੰਦਰ ਸਿੰਘ ਰਾਣਾ ਨੇ ਆੜ੍ਹਤੀਆਂ ਦੇ ਹੱਕ ਦੀ ਗੱਲ ਕਰਦੇ ਹੋਏ ਆੜ੍ਹਤ ਵਧਾਓ, ਈ ਪੀ ਐਫ ਹਟਾਓ, ਆੜ੍ਹਤੀ ਬਚਾਓ! ਮੁਹਿੰਮ ਦੀ ਸ਼ੁਰੂਆਤ ਕੀਤੀ, ਜਿਸ ਵਿੱਚ ਰਾਣਾ ਨੇ ਸਰਕਾਰ ਵੱਲੋਂ ਆੜ੍ਹਤੀਆਂ ਦੀ ਆੜ੍ਹਤ ਮੁੜ 2.5% ਕਰਨ ਦੀ ਮੰਗ, ਈ ਪੀ ਐਫ ਦੀ ਕਟੌਤੀ ਹਟਾਉਣ ਦੀ ਮੰਗ ਬਾਰੇ ਦੱਸਿਆ ਅਤੇ ਹੋਰ ਵਿਸ਼ਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ 'ਤੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਬੈਦਵਾਨ ਨੇ ਜ਼ਿਲ੍ਹਾ ਦੇ ਆੜ੍ਹਤੀਆਂ ਨੂੰ ਭਰੋਸਾ ਦਿਵਾਇਆ ਕਿ ਆਉਣ ਵਾਲੇ ਸੀਜ਼ਨ ਵਿਚ ਜ਼ਿਲ੍ਹੇ ਦੀ ਮੰਡੀਆਂ ਵਿਚ ਕੋਈ ਪਰੇਸ਼ਾਨੀ ਨਹੀ ਆਉਣ ਦੇਵਾਂਗੇ। ਪੰਜਾਬ ਜਰਨਲ ਸਕੱਤਰ ਰਜਿੰਦਰ ਨਿਰੰਕਾਰੀ ਨੇ ਦੱਸਿਆ ਕਿ 2023-24 ਦੀ ਜੀਰੀ ਦੀ ਬਕਾਇਆ ਬਚਦੀ ਆੜ੍ਹਤ ਜੋ ਕਿ ਪੂਰੇ ਪੰਜਾਬ ਦੇ ਆੜ੍ਹਤੀਆਂ ਦੀ ਲਗਭਗ 9 ਕਰੋੜ ਰੁਪਏ ਬਣਦੀ ਸੀ, ਉਹ ਸਰਕਾਰ ਤੋਂ ਲੈਣ ਵਿੱਚ ਸਫ਼ਲ ਹੋਏ ਹਾਂ। ਇਸ ਮੌਕੇ 'ਤੇ ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਸੀਨੀਅਰ ਵਾਈਸ ਪ੍ਰਧਾਨ ਇ. ਸਤਵਿੰਦਰ ਸਿੰਘ ਸੈਣੀ, ਸੀਨੀਅਰ ਵਾਈਸ ਪ੍ਰਧਾਨ ਨਰਿੰਦਰ ਕੁਮਾਰ ਗਰਗ, ਸਕੱਤਰ ਗੁਰਦਰਸ਼ਨ ਸਿੰਘ, ਸਕੱਤਰ ਪ੍ਰਿਥੀ ਸਿੰਘ ਧਾਲੀਆਂ, ਸਹਾਇਕ ਸਕੱਤਰ ਪ੍ਰਦੀਪ ਕੁਮਾਰ ਸਿੰਗਲਾ, ਪ੍ਰੈਸ ਸਕੱਤਰ ਰਵੀ ਆਹੂਜਾ, ਅਤੇ ਉਹਨਾਂ ਦੇ ਨਾਲ ਆੜ੍ਹਤੀ ਐਸੋਸੀਏਸ਼ਨ ਜ਼ਿਲ੍ਹਾ ਪਟਿਆਲਾ ਦੇ ਚੇਅਰਮੈਨ ਪਵਨ ਸਿੰਗਲਾ, ਵਾਇਸ ਚੇਅਰਮੈਨ ਸੁਰਿੰਦਰ ਗੁਪਤਾ, ਜਨਰਲ ਸਕੱਤਰ ਦੀਪਕ ਬਾਂਸਲ ਡਕਾਲਾ, ਸੀਨੀਅਰ ਵਾਈਸ ਪ੍ਰਧਾਨ ਸੁਨੀਲ ਗਰਗ, ਵਾਈਸ ਪ੍ਰਧਾਨ ਗੁਰਮੇਲ ਸਿੰਘ, ਵਾਈਸ ਪ੍ਰਧਾਨ ਮਹਿੰਦਰ ਸਿੰਘ, ਸਕੱਤਰ ਸੰਜੇ ਨਾਗਪਾਲ, ਸਕੱਤਰ ਧਰਮਿੰਦਰ ਸਿੰਘ, ਸਕੱਤਰ ਭੁਪਿੰਦਰ ਸਿੰਘ, , ਪ੍ਰੈਸ ਸਕੱਤਰ ਗੌਰਵ ਥੰਮਣ, ਸਲਾਹਕਾਰ ਪਵਨ ਘਈ ਤੋਂ ਇਲਾਵਾ ਜ਼ਿਲੇ ਦੀਆਂ ਸਭ ਮੰਡੀਆਂ ਦੇ ਪ੍ਰਧਾਨ ਅਤੇ ਅਹੁਦੇਦਾਰ ਸ਼ਾਮਲ ਸਨ।

## ਡਾ.ਬੀ. ਐਸ. ਸੰਧੂ ਸਕੂਲ ਦੇ ਸ਼ਤਰੰਜ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ



ਦੇਵੀਗੜ੍ਹ, 21 ਅਗਸਤ (ਗੁਰਜੀਤ ਸਿੰਘ ਢੋਟ) : ਡਾ. ਬੀ. ਐਸ. ਸੰਧੂ ਮੈਮੋਰੀਅਲ ਪਬਲਿਕ ਸਕੂਲ ਘੜਾਮ ਰੋਡ ਜੁਲਾਹ ਖੇੜੀ ਵਿਖੇ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ 69ਵੀਆਂ ਜੋਨਲ ਇੰਡੋਰ ਖੇਡਾਂ (ਬਲਾਕ ਭੁਨਰਹੇੜੀ) ਦਾ ਆਯੋਜਨ ਕੀਤਾ ਗਿਆ ਸੀ। ਇਹਨਾਂ ਖੇਡਾਂ ਵਿੱਚ ਭੁਨਰਹੇੜੀ ਬਲਾਕ ਦੇ ਅਲੱਗ ਅਲੱਗ ਸਕੂਲਾਂ ਵੱਲੋਂ ਹਿੱਸਾ ਲਿਆ ਗਿਆ ਸੀ ਜਿਸ ਵਿੱਚ ਡਾ. ਬੀ ਐਸ ਸੰਧੂ ਸਕੂਲ ਦੇ ਖਿਡਾਰੀਆਂ ਨੇ ਵੀ ਹਿੱਸਾ ਲਿਆ ਸੀ। ਜਿਸ ਵਿੱਚ ਸ਼ਤਰੰਜ ਖੇਡ ਮੁਕਾਬਲਿਆਂ ਵਿੱਚ ਸਕੂਲ ਦੇ ਖਿਡਾਰੀਆਂ ਨੇ ਹਿੱਸਾ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਜ਼ਿਕਰਯੋਗ ਹੈ ਕਿ ਅੰਡਰ 14 ਦੇ ਲੜਕਿਆਂ ਨੇ ਤੀਸਰਾ ਸਥਾਨ, ਅੰਡਰ 17 ਲੜਕੀਆਂ ਨੇ ਤੀਸਰਾ ਸਥਾਨ, ਅਤੇ ਅੰਡਰ 19 ਲੜਕੀਆਂ ਨੇ ਵੀ ਤੀਸਰਾ ਸਥਾਨ ਸ਼ਤਰੰਜ ਖੇਡ ਮੁਕਾਬਲੇ ਵਿੱਚ ਹਾਸਿਲ ਕੀਤਾ ਹੈ। ਮੌਕੇ 'ਤੇ ਮੌਜੂਦ ਅਧਿਕਾਰੀਆਂ ਅਤੇ ਕੋਚ ਸਾਹਿਬਾਨਾਂ ਵੱਲੋਂ ਖਿਡਾਰੀਆਂ ਨੂੰ ਜਿੱਤ ਦੀਆਂ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ। ਸਕੂਲ ਚੇਅਰਮੈਨ ਹਰਦੀਪ ਸਿੰਘ ਸੰਧੂ ਅਤੇ ਪ੍ਰਿੰਸੀਪਲ ਰਜਿੰਦਰ ਕੌਰ ਸੰਧੂ ਵੱਲੋਂ ਵੀ ਸਪੋਰਟਸ ਕੋਆਰਡੀਨੇਟਰ ਅਵਤਾਰ ਸਿੰਘ ਅਤੇ ਬੱਚਿਆਂ ਨੂੰ ਜਿੱਤ ਦੀ ਵਧਾਈ ਦਿੰਦੇ ਹੋਏ ਸੁਨਹਿਰੇ ਭਵਿੱਖ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

## ਮੰਗਾਂ ਸਬੰਧੀ ਯੂਨੀਵਰਸਿਟੀ ਦੇ ਮੇਨ ਗੇਟ 'ਤੇ ਧਰਨਾ



ਪਟਿਆਲਾ, 21 ਅਗਸਤ (ਰੁਪਾਣਾ) : ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਗੈਰ-ਅਧਿਆਪਕ ਕਰਮਚਾਰੀਆਂ, ਅਧਿਆਪਕਾਂ ਤੇ ਹੋਰ ਸਟਾਫ ਨੇ ਆਪਣੀਆਂ 20 ਦਿਨਾਂ ਤੋਂ ਲਟਕ ਰਹੀਆਂ ਤਨਖਾਹਾਂ ਨਾ ਮਿਲਣ ਅਤੇ ਨਾਨ-ਟੀਚਿੰਗ ਦੀਆਂ ਚੋਣਾਂ ਬਹਾਲ ਕੀਤੀਆਂ ਜਾਣ । ਇਸ ਮਸਲੇ ਕਰਕੇ ਅੱਜ ਯੂਨੀਵਰਸਿਟੀ ਦਾ ਮੇਨ ਗੇਟ 'ਤੇ ਧਰਨਾ ਦਿੱਤਾ ਗਿਆ। ਕਰਮਚਾਰੀਆਂ ਨੇ ਨਾਰੇਬਾਜ਼ੀ ਕਰਦੇ ਹੋਏ ਪੰਜਾਬ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਤੇ ਦੋਸ਼ ਲਗਾਇਆ ਕਿ ਸਰਕਾਰ ਪੰਜਾਬੀ ਯੂਨੀਵਰਸਿਟੀ ਵਰਗੇ ਮਾਂ ਬੋਲੀ ਦੇ ਸਭ ਤੋਂ ਵੱਡੇ ਸਿੱਖਿਆ ਕੇਂਦਰ ਨੂੰ ਬਰਬਾਦ ਕਰਨ 'ਤੇ ਤੁਲੀ ਹੋਈ ਹੈ।ਪ੍ਰਦਰਸ਼ਨ ਦੀ ਅਗਵਾਈ ਕਰਦੇ ਹੋਏ ਗੁਰਜੀਤ ਸਿੰਘ ਗੋਪਾਲਪੁਰੀ ਨੇ ਕਿਹਾ ਕਿ ਕਰਮਚਾਰੀ ਆਪਣੇ ਘਰਾਂ ਦੇ ਖਰਚ, ਬੱਚਿਆਂ ਦੀ ਫੀਸ ਤੇ ਰੋਜ਼ਮਰਾ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਸੰਘਰਸ਼ ਕਰ ਰਹੇ ਹਨ। ਪਰ ਸਰਕਾਰ ਨੂੰ ਕਰਮਚਾਰੀਆਂ ਦੇ ਦੁੱਖ ਦਰਦ ਨਾਲ ਕੋਈ ਲੈਣਾ ਦੇਣਾ ਨਹੀਂ।ਧਰਨਾ ਵਿੱਚ ਸ਼ਾਮਲ ਹੋਏ ਸਾਬਕਾ ਯੂਨੀਅਨ ਪ੍ਰਧਾਨ ਰਜਿੰਦਰ ਸਿੰਘ ਭਾਗੜੀਆ ਨੇ ਆਪਣੇ ਸਮੂਹ ਸਾਥੀਆਂ ਸਮੇਤ ਸਰਕਾਰ ਦੀਆਂ ਨੀਤੀਆਂ 'ਤੇ ਸਵਾਲ ਖੜ੍ਹੇ ਕੀਤੇ ਤੇ ਕਿਹਾ ਕਿ ਯੂਨੀਵਰਸਿਟੀ ਨੂੰ ਵਿੱਤੀ ਸੰਕਟ ਵਿੱਚ ਧੱਕਣ ਦੀ ਸਾਜ਼ਿਸ਼ੀ ਖੇਡ ਖੇਡੀ ਜਾ ਰਹੀ ਹੈ। ਇਸ ਮੌਕੇ ਗੋਪਾਲਪੁਰੀ ਨੇ ਸਭ ਗੈਰ-ਅਧਿਆਪਕ ਕਰਮਚਾਰੀਆਂ, ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਮਾਂ ਬੋਲੀ ਦੇ ਹੱਕ ਵਿੱਚ ਚਲ ਰਹੇ ਇਸ ਸੰਘਰਸ਼ ਦਾ ਹਿੱਸਾ ਬਣਨ। ਕਰਮਚਾਰੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਤਨਖਾਹਾਂ ਜਾਰੀ ਨਾ ਕੀਤੀਆਂ ਗਈਆਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਵੱਡੀ ਗਿਣਤੀ ਮੁਲਾਜ਼ਮਾਂ ਤੋਂ ਇਲਾਵਾ ਜਗਤਾਰ ਸਿੰਘ ਸੈਣੀ, ਅਮਰਜੀਤ ਪਾਲਾ, ਹਰਨੇਕ ਸਿੰਘ ਗੋਲਡੀ, ਸਜੀਵ ਕੁਮਾਰ, ਪਰਕਾਸ਼ ਧਾਲੀਵਾਲ, ਸ਼ਰਨਜੀਤ ਕੌਰ, ਅਮਰਜੀਤ ਕੌਰ , ਇੰਦਰਪਾਲ ਸੋਨੀ, ਅਨੂਪ ਸਿੰਘ ਧਾਲੀਵਾਲ,ਸ਼ਿਵ ਸਰਜਨ, ਹਰਦਾਸ ਸਿੰਘ ਆਦਿ ਮੁਲਾਜ਼ਮ ਆਗੂ ਹਾਜ਼ਰ ਸਨ ।

## ਲਇਨਜ਼ ਕਲੱਬ ਸਮਾਣਾ ਰੋਜ਼ ਨੇ ਬਾਂਦਰਾਂ ਨੂੰ ਛੋਲੇ ਅਤੇ ਫਲ ਪਾਉਣ ਦੀ ਸੇਵਾ ਕੀਤੀ




ਸਮਾਣਾ, 21 ਅਗਸਤ (ਜਵੰਦਾ) : ਲਇਨਜ਼ ਕਲੱਬ ਸਮਾਣਾ ਰੋਜ਼ ਵੱਲੋਂ ਸਮਾਜ ਸੇਵੀ ਅਤੇ ਮਾਨਵਤਾ ਭਲਾਈ ਕਾਰਜਾਂ ਵਿੱਚ ਵਾਧਾ ਕਰਦੇ ਹੋਏ ਪ੍ਰਧਾਨ ਅੰਸ਼ੁਲ ਢੀਂਗੜਾ, ਸੈਕਟਰੀ ਵਿਕਾਸ ਸਿੰਗਲਾ, ਕੈਸ਼ੀਅਰ ਵਿਨੋਦ ਗਰਗ ਅਤੇ ਪੀ ਆਰ ਓ ਸੰਜੀਵ ਗੋਇਲ ਦੀ ਅਗਵਾਈ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਬਣ ਬੀੜ ਗੁਰਦਿਆਲਪੁਰਾ ਵਿਖੇ ਬਾਂਦਰਾਂ ਨੂੰ ਛੋਲੇ ਅਤੇ ਫਲ ਫਰੂਟ ਆਦਿ ਪਾਉਣ ਦੀ ਸੇਵਾ ਕੀਤੀ ਗਈ।ਇਸ ਪ੍ਰੋਜੈਕਟ ਚੇਅਰਮੈਨ ਵਰੁਨ ਬਾਂਸਲ ਸਨ। ਇਸ ਮੌਕੇ ਪ੍ਰਧਾਨ ਅੰਸ਼ੁਲ ਢੀਂਗੜਾ ਨੇ ਕਿਹਾ ਉਨ੍ਹਾਂ ਦੀ ਸਮੁੱਚੀ ਟੀਮ ਨੂੰ ਅੱਜ ਬੇਜ਼ੁਬਾਨ ਬਾਂਦਰਾਂ ਦੀ ਸੇਵਾ ਕਰਕੇ ਬਹੁਤ ਹੀ ਸਕੂਨ ਮਿਲਿਆ ਹੈ ਅਤੇ ਉਨ੍ਹਾਂ ਦੀ ਅੱਗੇ ਵੀ ਕੋਸ਼ਿਸ਼ ਰਹੇਗੀ ਕਿ ਬੇਜ਼ੁਬਾਨਾਂ ਦੀ ਭਲਾਈ ਲਈ ਹੋਰ ਵੀ ਕਾਰਜ ਕੀਤੇ ਜਾਣ।ਇਸ ਮੌਕੇ ਸੰਸਥਾ ਦੇ ਮੈਂਬਰ ਰਿਤੇਸ਼ ਸਿੰਗਲਾ, ਬੀ ਕੇ ਗਰਗ ਮੀਨਾ, ਜੀਵਨ ਬਘੌਲ ਅਤੇ ਸਮਰ ਸਿੰਘ ਆਦਿ ਵੀ ਮੌਜੂਦ ਰਹੇ।

## ਡੀ.ਸੀ.ਵੱਲੋਂ ਮਾਲ ਅਫ਼ਸਰਾਂ ਨਾਲ ਮੀਟਿੰਗ




ਪਟਿਆਲਾ, 21 ਅਗਸਤ (ਰੁਪਾਣਾ): ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਪਟਿਆਲਾ ਜ਼ਿਲ੍ਹੇ ਦੇ ਮਾਲ ਅਫ਼ਸਰਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਦਿਆਂ ਨਿਰਦੇਸ਼ ਦਿੱਤੇ ਕਿ ਉਹ ਆਪਣੀ ਜਨਰਲ ਡਿਊਟੀ ਦੇ ਨਾਲ-ਨਾਲ ਉਨ੍ਹਾਂ ਕੋਲ ਲੰਬਿਤ ਜ਼ਮੀਨੀ ਤਕਸੀਮ, ਪੈਮਾਇਸ਼, ਖਸਰਾ- ਗਿਰਦਾਵਰੀ ਤੇ ਨੰਬਰਦਾਰੀ ਦੇ ਕੇਸਾਂ ਨੂੰ ਤੈਅ ਸਮੇਂ 'ਚ ਨਿਪਟਾਉਣ। ਡਾ. ਪ੍ਰੀਤੀ ਯਾਦਵ ਨੇ ਮਾਲ ਅਧਿਕਾਰੀਆਂ ਨੂੰ ਆਪੋ-ਆਪਣੇ ਕੋਰਟ ਕੇਸਾਂ ਦੀ ਜਾਣਕਾਰੀ 'ਰੈਵੇਨਿਊ ਕੋਰਟ ਮੈਨੇਜਮੈਂਟ ਸਿਸਟਮ' 'ਤੇ ਨਾਲੋ-ਨਾਲ ਅਪਡੇਟ ਕਰਨੀ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਨੇ ਪਟਿਆਲਾ, ਰਾਜਪੁਰਾ, ਸਮਾਣਾ, ਪਾਤੜਾਂ, ਨਾਭਾ ਤੇ ਦੂਧਨ ਸਾਧਾਂ ਦੇ ਐਸ ਡੀ ਐਮਜ਼, ਤਹਿਸੀਲਦਾਰਾਂ, ਨਾਇਬ ਤਹਿਸੀਲਦਾਰਾਂ ਅਤੇ ਇਨ੍ਹਾਂ ਤਹਿਤ ਪੈਂਦੀਆਂ ਸਬ ਤਹਿਸੀਲਾਂ ਦੇ ਨਾਇਬ ਤਹਿਸੀਲਦਾਰਾਂ ਨੂੰ ਮਾਲ ਮਹਿਕਮੇ ਨਾਲ ਸਬੰਧਤ ਦਫ਼ਤਰੀ ਕੰਮਾਂ-ਕਾਰਾਂ 'ਚ ਆਮ ਲੋਕਾਂ ਨੂੰ ਕੋਈ ਮੁਸ਼ਕਿਲ ਨਾ ਆਉਣ ਦੇਣੀ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਸਰਕਾਰੀ ਦਫ਼ਤਰਾਂ 'ਚ ਆਪਣੇ ਕੰਮ ਕਰਵਾਉਣ ਆਉਂਦੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਨਾ ਆਉਣ ਦੇਣ ਦੇ ਨਿਰਦੇਸ਼ਾਂ ਦੀ ਪੂਰੀ ਤਰ੍ਹਾਂ ਪਾਲਣਾ ਕੀਤੀ ਜਾਵੇ। ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਮਾਲ ਅਧਿਕਾਰੀਆਂ ਕੋਲ ਲੰਬਿਤ ਪਏ ਇੰਤਕਾਲ ਦੇ ਕੇਸਾਂ, ਜਮ੍ਹਾਂਬੰਦੀਆਂ ਦੀ ਵੈਲੀਡੇਸ਼ਨ, ਪੜਤਾਲਾਂ, ਸੀਨੀਅਰ ਸਿਟੀਜ਼ਨਜ਼ ਦੀਆਂ ਸ਼ਿਕਾਇਤਾਂ ਨਾਲ ਸਬੰਧਤ ਅਪੀਲਾਂ, ਪੈਮਾਇਸ਼ਾਂ, ਤਕਸੀਮਾਂ, ਭਾਰ-ਮੁਕਤ ਅਰਜ਼ੀਆਂ ਤੇ ਮਾਲੀਆ ਵਸੂਲੀਆਂ ਵੱਲ ਵਿਸ਼ੇਸ਼ ਧਿਆਨ ਦੇਣ ਲਈ ਆਖਿਆ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਇਸ਼ਾ ਸਿੰਗਲ, ਐਸ ਡੀ ਐਮ ਪਟਿਆਲਾ ਹਰਜੋਤ ਕੌਰ, ਐਸ ਡੀ ਐਮ ਸਮਾਣਾ ਰਿਚਾ ਗੋਇਲ, ਐਸ ਡੀ ਐਮ ਰਾਜਪੁਰਾ ਅਵਿਕੇਸ਼ ਗੁਪਤਾ, ਐਸ ਡੀ ਐਮ ਨਾਭਾ ਡਾ. ਇਸਮਤ ਵਿਜੈ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਨਵਦੀਪ ਸਿੰਘ ਤੋਂ ਇਲਾਵਾ ਜ਼ਿਲ੍ਹੇ ਦੇ ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ ਵੀ ਮੌਜੂਦ ਸਨ।

## ਦਾਜ ਲਈ ਤੰਗ ਕਰਨ 'ਤੇ ਮਾਮਲਾ ਦਰਜ

ਪਟਿਆਲਾ, 21 ਅਗਸਤ (ਵਿਨੋਦ ਸ਼ਰਮਾ) : ਥਾਣਾ ਵੂਮੈਨ ਪਟਿਆਲਾ ਪੁਲਿਸ ਕੋਲ ਮਹਿਕਪ੍ਰੀਤ ਕੌਰ ਪੁੱਤਰੀ ਹਰਜਿੰਦਰ ਸਿੰਘ ਵਾਸੀ ਪਿੰਡ ਭਾਂਖਰ ਜ਼ਿਲ੍ਹਾ ਪਟਿਆਲਾ ਨੇ ਕਥਿਤ ਦੋਸ਼ੀਆਂ ਗੁਰਪ੍ਰੀਤ ਸਿੰਘ ਪੁੱਤਰ ਸੰਜੀਵ ਕੁਮਾਰ, ਦਲਜੀਤ ਕੌਰ ਪਤਨੀ ਸੰਜੀਵ ਕੁਮਾਰ, ਸੰਜੀਵ ਕੁਮਾਰ ਵਾਸੀ ਪਿੰਡ ਬਿਲਾਸਪੁਰ ਨੇੜੇ ਖੇੜਾ ਮੰਦਰ ਨਰੈਣਗੜ੍ਹ ਜ਼ਿਲ੍ਹਾ ਅੰਬਾਲਾ ਹਰਿਆਣਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦਾ ਵਿਆਹ ਕਥਿਤ ਦੋਸ਼ੀ ਗੁਰਪ੍ਰੀਤ ਸਿੰਘ ਨਾਲ ਹੋਇਆ ਸੀ, ਜੋ ਵਿਆਹ ਤੋ ਬਾਅਦ ਕਥਿਤ ਦੋਸ਼ੀ ਉਸ ਨੂੰ ਹੋਰ ਦਾਜ ਦਹੇਜ ਲਈ ਤੰਗ ਪ੍ਰੇਸ਼ਾਨ ਕਰਨ ਲੱਗ ਪਏ। ਉਸ ਦੇ ਦਾਜ ਦਾ ਸਮਾਨ ਵੀ ਦੋਸ਼ੀਆਨ ਦੇ ਕਜ਼ੇ ਵਿੱਚ ਹੈ। ਪੁਲਿਸ ਨੇ ਧਾਰਾ 316(2),85 ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਮਾਤਾ ਗੁਜਰੀ ਸਕੂਲ ਗੁਥਮੜਾ ਦੇ ਵਿਦਿਆਰਥੀਆਂ ਦੀ ਸ਼ਤਰੰਜ ਮੁਕਾਬਲੇ 'ਚ ਸ਼ਾਨਦਾਰ ਜਿੱਤ



ਦੇਵੀਗੜ੍ਹ, 21 ਅਗਸਤ (ਗੁਰਜੀਤ ਸਿੰਘ ਢੋਟ) : ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਗੁਥਮੜਾ (ਦੇਵੀਗੜ੍ਹ) ਦੇ ਖਿਡਾਰੀਆਂ ਨੇ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ 18 ਅਗਸਤ 2025 ਨੂੰ ਡਾ. ਬੀ. ਐੱਸ. ਸੰਧੂ ਮੈਮੋਰੀਅਲ ਸਕੂਲ, ਜੁੱਲਾਹਖੇੜੀ ਵਿਖੇ ਕਰਵਾਈ ਗਈ 69ਵੀਂ ਗਰਮ ਰੁੱਤ ਜ਼ੋਨਲ ਸਕੂਲ ਪੱਧਰੀ ਖੇਡਾਂ (ਸ਼ਤਰੰਜ) ਵਿੱਚ ਕਾਬਿਲ-ਏ-ਤਾਰੀਫ਼ ਪ੍ਰਦਰਸ਼ਨ ਕੀਤਾ। ਅੰਡਰ-19 ਸ਼ਤਰੰਜ ਮੁਕਾਬਲੇ ਵਿੱਚ ਸਕੂਲ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਅਤੇ ਖੇਤਰ ਦਾ ਨਾਂ ਰੌਸ਼ਨ ਕੀਤਾ। ਸਕੂਲ ਦੇ ਪ੍ਰੈਜ਼ੀਡੈਂਟ ਮੈਡਮ ਰਵਿੰਦਰ ਕੌਰ, ਡਾਇਰੈਕਟਰ ਸ: ਭੁਪਿੰਦਰ ਸਿੰਘ, ਪ੍ਰਿੰਸੀਪਲ ਮੈਡਮ ਮਮਤਾ ਮੱਕੜ ਅਤੇ ਕੋਚ ਸ: ਹਰਦੀਪ ਕੁਮਾਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਉਪਲੱਬਧੀ 'ਤੇ ਮੁਬਾਰਕਬਾਦ ਦਿੱਤੀ ਅਤੇ ਭਵਿੱਖ ਵਿੱਚ ਹੋਣ ਵਾਲੀਆਂ ਰਾਜ ਅਤੇ ਰਾਸ਼ਟਰੀ ਪੱਧਰੀ ਖੇਡਾਂ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ। ਡਾਇਰੈਕਟਰ ਭੁਪਿੰਦਰ ਸਿੰਘ ਨੇ ਕਿਹਾ ਕਿ ਇਹ ਉਪਲੱਬਧੀ ਵਿਦਿਆਰਥੀਆਂ ਦੀ ਮਿਹਨਤ ਅਤੇ ਲਗਨ ਦਾ ਨਤੀਜਾ ਹੈ।

## ਮਾਡਲ ਟਾਊਨ ਸਕੂਲ 'ਚ ਇੱਕ ਦਿਨਾਂ ਰੋਬੋਟਿਕਸ ਪ੍ਰਸਤੁਤੀ ਅਤੇ ਟਰੇਨਿੰਗ ਸੈਸ਼ਨ ਆਯੋਜਿਤ



ਪਟਿਆਲਾ, 21 ਅਗਸਤ (ਚ.ਨ.ਸ.) :ਸਕੂਲੀ ਵਿਦਿਆਰਥੀਆਂ ਵਿੱਚ ਵਿਗਿਆਨ ਦੀਆਂ ਵਿਸ਼ਵ ਪੱਧਰੀ ਖੋਜਾਂ ਨੂੰ ਅਮਲੀ ਜੀਵਨ ਵਿੱਚ ਸੰਚਾਰਿਤ ਕਰਨ ਲਈ 'ਅਮਰੀਕਨ ਇੰਡੀਆ ਫਾਊਂਡੇਸ਼ਨ' ਦੇ ਕਾਊਂਸਲਰ ਸ੍ਰੀਮਤੀ ਪ੍ਰਿਅੰਕਾ ਕੌਸ਼ਿਕ ਦੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਮਾਡਲ ਟਾਊਨ ਪਟਿਆਲਾ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਡਲ ਟਾਊਨ ਅਤੇ ਡਕਾਲਾ ਦੇ ਵਿਦਿਆਰਥੀਆਂ ਲਈ ਲਰਨਿੰਗ ਐਕਸਚੇਂਜ ਪ੍ਰੋਗਰਾਮ ਤਹਿਤ ਰੋਬੋਟਿਕ ਪ੍ਰਸਤੁਤੀ ਦਾ ਟਰੇਨਿੰਗ ਸੈਸ਼ਨ ਆਯੋਜਿਤ ਕੀਤਾ ਗਿਆ। ਰੋਬੋਟਿਕਸ ਟਰੇਨਿੰਗ ਇੰਚਾਰਜ ਦਲਬੀਰ ਸਿੰਘ ਡਕਾਲਾ ਕੰਪਿਊਟਰ ਫੈਕਲਟੀ ਦੀ ਮੁਖ ਭੂਮਿਕਾ ਵਾਲੀ ਇਸ ਟਰੇਨਿੰਗ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵੱਲੋਂ ਬਣਾਏ ਗਏ ਕਾਰਜਸ਼ੀਲ ਮਾਡਲਾਂ ਦੀ ਪ੍ਰਸਤੁਤੀ ਕਰਨੀ ਅਤੇ ਰੋਬੋਟਿਕਸ ਦੀ ਅਸੈਂਬਲੀ ਤੇ ਕੋਡਿੰਗ ਬਾਰੇ ਟਰੇਨਿੰਗ ਦੇਣਾ ਸੀ। ਇਸ ਵਰਕਸ਼ਾਪ ਵਿੱਚ ਵਿਦਿਆਰਥੀਆਂ ਵੱਲੋਂ ਡਰਾਇਵਰਲੈੱਸ ਕਾਰ, ਚੰਦਰਯਾਨ ਮਿਸ਼ਨ, ਇੰਡਸਟਰੀਅਲ ਰੋਬੋਟਿਕਸ , ਲੀਗੋ ਰੋਬੋਟਿਕਸ ਕਿਟ ਆਦਿ ਨਾਲ ਸੰਬੰਧਿਤ ਮਾਡਲਾਂ ਦਾ ਪ੍ਰਦਰਸ਼ਨ ਕੀਤਾ ਅਤੇ ਵਿਦਿਆਰਥੀਆਂ ਨੂੰ ਇਹਨਾਂ ਦੀ ਕਾਰਜ ਪ੍ਰਣਾਲੀ ਸਬੰਧੀ ਜਾਣੂੰ ਕਰਵਾਇਆ। ਦੋਨੋਂ ਸਕੂਲਾਂ ਵਿੱਚੋਂ 86 ਵਿਦਿਆਰਥਣਾਂ ਅਤੇ 36 ਵਿਦਿਆਰਥੀਆਂ ਦੀ ਸ਼ਮੂਲੀਅਤ ਵਾਲੇ ਇਸ ਲਰਨਿੰਗ ਐਕਸਚੇਂਜ ਪ੍ਰੋਗਰਾਮ ਰਾਹੀਂ ਦੋਨੋਂ ਸਕੂਲਾਂ ਦੇ ਵਿਦਿਆਰਥੀਆਂ ਵਿਚਕਾਰ ਆਪਸੀ ਸਾਂਝ ਨੂੰ ਮਜ਼ਬੂਤੀ ਮਿਲੀ ਅਤੇ ਵਿਦਿਆਰਥੀਆਂ ਦੇ ਰੋਬੋਟਿਕਸ ਗਿਆਨ ਵਿੱਚ ਵਾਧੇ ਦੇ ਨਾਲ ਨਾਲ ਉਨ੍ਹਾਂ ਨੂੰ ਭਵਿੱਖ ਵਿੱਚ ਨਵੀਨਤਾ ਅਤੇ ਰੋਬੋਟਿਕਸ ਕਾਰਜਕਲਾਪਾਂ ਵਿੱਚ ਭਾਗ ਲੈਣ ਲਈ ਪ੍ਰੇਰਣਾ ਮਿਲੀ। ਸਕੂਲ ਪ੍ਰਿੰਸੀਪਲ ਨਰੇਸ਼ ਚੈਨ ਦੀ ਪ੍ਰਧਾਨਗੀ ਹੇਠ ਹੋਏ ਇਸ ਲਰਨਿੰਗ ਐਕਸਚੇਂਜ ਟਰੇਨਿੰਗ ਪ੍ਰੋਗਰਾਮ ਵਿੱਚ ਮਨਜਿੰਦਰ ਟਿਵਾਣਾ, ਪ੍ਰਦੀਪ ਕੌਰ, ਨਵਨੀਤ ਕੌਰ ਐਸ.ਐਸ.ਮਿਸਟਰੈਸ, ਹਰਮਨਦੀਪ ਕੌਰ ਦਲਿਉ, ਤਰੁਨ ਅਗਰਵਾਲ, ਕੁਲਵਿੰਦਰ ਸਿੰਘ ਅਤੇ ਹਰਵਿੰਦਰ ਸਿੰਘ ਕੰਪਿਊਟਰ ਫੈਕਲਟੀ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ।

## ਵੇ ਆਫ ਵੇਅਰ ਚਰਚ ਰੇਤਗੜ੍ਹ ਵੱਲੋਂ 7 ਸਤੰਬਰ ਨੂੰ 'ਪਿਆਰ ਦਾ ਸੁਨੇਹਾ' ਦੀ ਵੱਡੀ ਮੀਟਿੰਗ ਦਾ ਐਲਾਨ

ਸਮਾਣਾ, 21 ਅਗਸਤ (ਵਿਜੇ ਕੁਮਾਰ): ਸਥਾਨਕ ਨੇੜਲੇ ਪਿੰਡ ਰੇਤਗੜ੍ਹ ਵਿਖੇ ਵੇ ਆਫ ਵੇਅਰ ਚਰਚ ਰੇਤਗੜ੍ਹ ਵਿੱਚ ਅੱਜ ਪਾਸਟਰ ਗੁਰਚਰਨ ਸਿੰਘ ਰੇਤਗੜ੍ਹ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਉਣ ਵਾਲੀ 7 ਸਤੰਬਰ ਨੂੰ ਰੇਤਗੜ੍ਹ ਚਰਚ ਵਿਖੇ ਪਿਆਰ ਦਾ ਸੁਨੇਹਾ ਦੀ ਇੱਕ ਵੱਡੀ ਮੀਟਿੰਗ ਰੱਖੀ ਗਈ ਹੈ, ਜਿਸ ਵਿੱਚ ਸਮੁੱਚੀ ਸੰਗਤ ਨੂੰ ਆਉਣ ਦਾ ਸੱਦਾ ਦਿੱਤਾ ਜਾਂਦਾ ਹੈ। ਉਹਨਾਂ ਕਿਹਾ ਕਿ ਇਸ ਦਿਨ ਦੁਖੀਆਂ ਅਤੇ ਬਿਮਾਰਾਂ ਲਈ ਖਾਸ ਪ੍ਰਾਰਥਨਾ ਕੀਤੀ ਜਾਵੇਗੀ ਅਤੇ ਪ੍ਰਭੂ ਯਿਸ਼ੂ ਮਸੀਹ ਦੀ ਹਜ਼ੂਰੀ ਵਿੱਚ ਆ ਕੇ ਵੱਡੀਆਂ ਵੱਡੀਆਂ ਅਸੀਸਾਂ ਪ੍ਰਾਪਤ ਹੋਣਗੀਆਂ, ਇਸ ਮੌਕੇ ਚਰਚ ਵਿੱਚ ਪ੍ਰਭੂ ਯਸੂ ਮਸੀਹ ਦੀ ਵਰਸ਼ਿਪ ਲਗਾਤਾਰ ਚਲਦੀ ਰਹੇਗੀ ਅਤੇ ਚਰਚ ਵਿੱਚ ਲੰਗਰ ਦਾ ਅਤੁੱਟ ਵਰਤਾਇਆ ਜਾਏਗਾ। ਇਸ ਮੌਕੇ ਉਹਨਾਂ ਦੀ ਪਤਨੀ ਪਾਸਟਰ ਰਾਜਵਿੰਦਰ ਕੌਰ ਸਮੇਤ ਸਾਰੀ ਰੇਤਗੜ੍ਹ ਚਰਚ ਦੀ ਟੀਮ ਮੌਜੂਦ ਸੀ।

## ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ ਨੇ ਕੀਤਾ 17ਵੀਂ ਵਾਰ ਖ਼ੂਨਦਾਨ



ਦੇਵੀਗੜ੍ਹ , 21 ਅਗਸਤ (ਗੁਰਜੀਤ ਸਿੰਘ ਢੋਟ) : ਲੋੜਵੰਦ ਮਰੀਜ਼ਾਂ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਅਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਕੈਂਪ ਮਨੀ ਟੌਹੜਾ ਦੀ ਅਗਵਾਈ ਹੇਠ 328ਵਾਂ ਰੈਗੂਲਰ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਵਿਚ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਗਮਛਾ ਦੇ ਕੇ ਸਨਮਾਨਤ ਕੀਤਾ ਗਿਆ। ਕੈਂਪ ਦਾ ਉਦਘਾਟਨ ਅਮਨਦੀਪ ਸਿੰਘ ਰਾਮਗੜ੍ਹ ਨੇ ਖੁਦ ਖ਼ੂਨਦਾਨ ਕਰਕੇ ਕੀਤਾ। ਕੈਂਪ ਵਿਚ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਨੇ 17ਵੀਂ ਵਾਰ, ਮਿਸ਼ਨਰੀ ਆਗੂ ਅਾਂ ਰਵਿੰਦਰ ਸਿੰਘ ਭਾਂਖਰ ਨੇ 36ਵੀਂ ਵਾਰ, ਅਵਤਾਰ ਸਿੰਘ ਬਲਬੇੜਾ ਨੇ 34ਵੀਂ ਵਾਰ, ਕਿਰਪਾਲ ਸਿੰਘ ਪੰਜੌਲਾ, ਪਿਆਰਾ ਸਿੰਘ ਬਿਸ਼ਨਗੜ੍ਹ, ਦਵਿੰਦਰ ਕੁਮਾਰ ਤੇ ਸਮਨਦੀਪ ਸਿੰਘ ਨੇ ਵੀ ਖ਼ੂਨਦਾਨ ਕੀਤਾ। ਇਸ ਮੌਕੇ ਪ੍ਰਿਤਪਾਲ ਸਿੰਘ, ਯੂਥ ਆਗੂ ਹਰਮੀਤ ਸਿੰਘ ਬਡੂੰਗਰ, ਸੁਖਦੀਪ ਸਿੰਘ ਸੋਹਲ, ਭਾਈ ਜਰਨੈਲ ਸਿੰਘ ਝੰਡੀ, ਕੁਲਦੀਪ ਸਿੰਘ, ਸੁਰਜਨ ਸਿੰਘ, ਗੋਲਡੀ, ਸੁਖਦੇਵ ਸਿੰਘ ਖਾਕਟਾਂ ਕਲਾਂ, ਰਣਜੀਤ ਸਿੰਘ ਝੰਡੀ ਵੀ ਹਾਜ਼ਰ ਸਨ।

## ਮਿਲੇਨੀਅਮ ਵਰਲਡ ਸਕੂਲ 'ਚ ਵਿਸ਼ਵ ਬਜ਼ੁਰਗ ਦਿਵਸ ਮਨਾਇਆ

### ਬਜ਼ੁਰਗ ਹਰ ਪਰਿਵਾਰ ਦੀ ਅਸਲੀ ਦੌਲਤ: ਡਾ. ਕੇ.ਕੇ. ਜੌਹਰੀ



ਸਮਾਣਾ, 21 ਅਗਸਤ (ਵਿਜੇ ਕੁਮਾਰ): ਮਿਲੇਨਿਅਮ ਵਰਲਡ ਸਕੂਲ ਸਮਾਣਾ 'ਚ ਵਿਸ਼ਵ ਬਜ਼ੁਰਗ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ। ਇਸ ਨੂੰ ਮਨਾਉਣ ਦਾ ਮਕਸਦ ਵਿਦਿਆਰਥੀਆਂ ਵਿੱਚ ਬਜ਼ੁਰਗਾਂ ਪ੍ਰਤੀ ਸਤਿਕਾਰ ਅਤੇ ਆਗਿਆਕਾਰੀ ਹੋਣ ਦੀ ਭਾਵਨਾ ਪੈਦਾ ਕਰਨਾ ਹੈ। ਚੇਅਰਮੈਨ ਡਾ. ਕੇ.ਕੇ. ਜੌਹਰੀ ਨੇ ਕਿਹਾ ਕਿ ਬਜ਼ੁਰਗਾਂ ਦਾ ਸਤਿਕਾਰ ਕਰਨਾ ਮਜ਼ਬੂਤ ਕਿਰਦਾਰ ਦੀ ਨੀਂਹ ਹੈ। ਉਨ੍ਹਾਂ ਦੀਆਂ ਅਸੀਸਾਂ ਹੀ ਸਾਡੀ ਅਸਲੀ ਦੌਲਤ ਹਨ।ਉਨ੍ਹਾਂ ਅੱਗੇ ਕਿਹਾ ਕਿ ਹਮੇਸ਼ਾਂ ਬਜ਼ੁਰਗਾਂ ਦਾ ਸਤਿਕਾਰ ਕਰੋ, ਉਨ੍ਹਾਂ ਦੀ ਸਲਾਹ ਮੰਨੋ ਅਤੇ ਮਾਤਾ-ਪਿਤਾ ਦੇ ਕੰਮਾਂ ਵਿੱਚ ਸਹਾਇਤਾ ਕਰੋ। ਪ੍ਰਿੰਸੀਪਲ ਮਿਸਿਜ਼ ਸ਼ਾਲਿਨੀ ਕਾਜਲਾ ਨੇ ਕਿਹਾ, ਇਹੋ ਜਿਹੀਆਂ ਮਨਾਵਾਂ ਰਾਹੀਂ ਅਸੀਂ ਵਿਦਿਆਰਥੀਆਂ ਨੂੰ ਯਾਦ ਦਿਵਾਉਂਦੇ ਹਾਂ ਕਿ ਬਜ਼ੁਰਗਾਂ ਪ੍ਰਤੀ ਕ੍ਰਿਤਗਤਾ ਅਤੇ ਸੇਵਾ ਸਿਰਫ਼ ਇੱਕ ਦਿਨ ਦੀ ਗੱਲ ਨਹੀਂ, ਸਗੋਂ ਜੀਵਨ ਦਾ ਹਿੱਸਾ ਹੋਣਾ ਚਾਹੀਦਾ ਹੈ। ਵਾਈਸ ਪ੍ਰਿੰਸੀਪਲ ਮਿਸਿਜ਼ ਹਰਵਿੰਦਰ ਕੌਰ ਨੇ ਕਿਹਾ, ਸਾਡੇ ਬਜ਼ੁਰਗ ਸਾਡੇ ਜੀਵਨ ਦੀ ਰਾਹਦਾਰੀ ਦੀ ਰੌਸ਼ਨੀ ਹਨ, ਉਨ੍ਹਾਂ ਦੇ ਤਜਰਬੇ ਅਜਿਹੇ ਪਾਠ ਸਿਖਾਉਂਦੇ ਹਨ, ਜੋ ਕੋਈ ਵੀ ਕਿਤਾਬ ਨਹੀਂ ਦੇ ਸਕਦੀ।ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਜਿਵੇਂ ਭਾਸ਼ਣ, ਰੋਲਪਲੇ ਅਤੇ ਚਰਚਾਵਾਂ ਵਿੱਚ ਹਿੱਸਾ ਲੈ ਕੇ ਬਜ਼ੁਰਗਾਂ ਦੀ ਸੰਭਾਲ ਅਤੇ ਮਹੱਤਤਾ ਨੂੰ ਉਜਾਗਰ ਕੀਤਾ। ਕਾਰਜਕ੍ਰਮ ਦਾ ਸਮਾਪਨ ਵਿਦਿਆਰਥੀਆਂ ਦੇ ਇਸ ਵਚਨ ਨਾਲ ਹੋਇਆ ਕਿ ਉਹ ਹਮੇਸ਼ਾਂ ਆਪਣੇ ਬਜ਼ੁਰਗਾਂ ਦਾ ਸਤਿਕਾਰ ਕਰਨਗੇ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਜੀਵੰਤ ਰੱਖਣਗੇ।

## ਮੋਟਰਸਾਈਕਲ ਸਵਾਰ ਨੌਜਵਾਨ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

ਸਮਾਣਾ, 21 ਅਗਸਤ (ਵਿਜੇ ਕੁਮਾਰ) : ਸਦਰ ਪੁਲਿਸ ਨੇ ਇੱਕ ਮੋਟਰਸਾਈਕਲ ਸਵਾਰ ਨੌਜਵਾਨ ਨੂੰ 250 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਪਿੰਡ ਮਰੋੜੀ ਦੇ ਵਾਸੀ ਗੁਰਚਰਨ ਸਿੰਘ ਪੁੱਤਰ ਹੰਸਾ ਸਿੰਘ ਵਜੋਂ ਹੋਈ ਹੈ।ਸਦਰ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ, ਏ.ਐਸ.ਆਈ. ਸਰਬਜੀਤ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਬੱਸ ਅੱਡਾ ਜੌੜਾਮਾਜਰਾ ਵਿਖੇ ਮੌਜੂਦ ਸਨ। ਇਸ ਦੌਰਾਨ, ਹਰਿਆਣਾ ਨੰਬਰ ਦੇ ਇੱਕ ਮੋਟਰਸਾਈਕਲ ਸਵਾਰ ਨੌਜਵਾਨ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਗਿਆ ਅਤੇ ਤਲਾਸ਼ੀ ਲੈਣ ਤੇ ਉਸ ਕੋਲੋਂ 250 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ, ਜਿਸ ਤੋਂ ਬਾਅਦ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।ਅਧਿਕਾਰੀ ਅਨੁਸਾਰ, ਮੁਲਜ਼ਮ ਖ਼ਿਲਾਫ਼ ਪਹਿਲਾਂ ਵੀ ਕਈ ਮਾਮਲੇ ਦਰਜ ਹਨ। ਉਸ ਨੂੰ ਪੁੱਛਗਿੱਛ ਲਈ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ 'ਤੇ ਲਿਆ ਗਿਆ ਹੈ।

## 12 ਬੋਤਲਾਂ ਸ਼ਰਾਬ ਬ੍ਰਾਮਦ

ਪਟਿਆਲਾ, 21 ਅਗਸਤ (ਵਿਨੋਦ ਸ਼ਰਮਾ) : ਥਾਣਾ ਘੱਗਾ ਪੁਲਿਸ ਨੇ ਕਥਿਤ ਦੋਸੀ ਤੇਲੂ ਰਾਮ ਵਾਸੀ ਪਿੰਡ ਦੇਧਨਾ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ ਖੇਮ ਚੰਦ ਸਮੇਤ ਪੁਲਿਸ ਪਾਰਟੀ ਸੂਆ ਪੁਲੀ ਦੇਧਨਾ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ 12 ਬੋਤਲਾ ਸ਼ਰਾਬ ਨਜੈਜ ਦੀਆ ਬ੍ਰਾਮਦ ਹੋਈਆਂ।

ਖ਼ਾਲਸਾ ਪ੍ਰਚਾਰ ਮਿਸ਼ਨ ਪਟਿਆਲਾ ਵੱਲੋਂ ਚੌਥਾ ਮਹਾਨ
21 ਰੋਜ਼ਾ ਗੁਰੂ ਮਾਨਿਓ ਗ੍ਰੰਥ ਚੇਤਨਾ ਸਮਾਗਮ
**22 ਅਗਸਤ 2025 ਦਿਨ ਸ਼ੁੱਕਰਵਾਰ**
**ਗੁਰਦੁਆਰਾ ਦਰਸ਼ਨੀ ਦਰਬਾਰ, ਹੋਤੀ ਮਰਦਾਨ, ਸਰਹੰਦੀ ਗੇਟ, ਪਟਿਆਲਾ**
ਵਿਖੇ ਸ਼ਾਮ 7 ਤੋਂ 9 ਵਜੇ ਤੱਕ ਹੋਵੇਗਾ।



# ਪਟਿਆਲਾ-ਆਸ/ਪਾਸ



# ਪੁਲਿਸ ਵੱਲੋਂ 24 ਘੰਟਿਆਂ ਅੰਦਰ ਮੁਲਜ਼ਮ ਕਾਬੂ

## ☛ਗਹਿਣੇ ਤੇ ਨਗਦੀ ਸਮੇਤ ਚੋਰੀ ਨੂੰ ਅੰਜਾਮ ਦੇਣ ਵਾਲਾ ਮੁਲਜ਼ਮ ਕਾਬੂ

## ☛ਨਗਦੀ ਤੇ ਕਾਰ ਖੋਹ ਕੇ ਫ਼ਰਾਰ ਹੋਣ ਵਾਲੇ ਚਾਰ ਮੁਲਜ਼ਮ ਕਾਬੂ



ਸਮਾਣਾ, 21 ਅਗਸਤ (ਵਿਜੇ ਕੁਮਾਰ/ਸੁਖਜਿੰਦਰ ਕੁਲਾਰਾਂ/ਵਿਜੇ ਕੁਮਾਰ/ਅਮਿਤ) : ਪੁਲਿਸ ਨੇ ਮੰਗਲਵਾਰ ਰਾਤ ਨੂੰ ਇੱਕ ਘਰ 'ਚੋਂ 25 ਤੋਲੇ ਸੋਨੇ ਦੇ ਗਹਿਣੇ ਤੇ 5.50 ਲੱਖ ਰੁਪਏ ਨਕਦੀ ਚੋਰੀ ਦੇ ਇੱਕ ਵੱਡੇ ਮਾਮਲੇ ਵਿੱਚ ਕਾਰਵਾਈ ਕਰਦੇ ਹੋਏ ਮੁਲਜ਼ਮ ਰਾਕੇਸ਼ ਕੁਮਾਰ ਉਰਫ ਮਨੀ ਪੁੱਤਰ ਸੁਭਾਸ਼ ਚੰਦ ਵਾਸੀ ਗੜ੍ਹ ਮੁਹੱਲਾ, ਸਮਾਣਾ ਨੂੰ ਨਕਦੀ ਤੇ ਸੋਨੇ ਦੇ ਗਹਿਣਿਆਂ ਸਮੇਤ ਕਾਬੂ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ, ਜਦਕਿ ਕਿਰਾਏ 'ਤੇ ਟੈਕਸੀ ਲੈ ਕੇ ਡਰਾਈਵਰ ਨੂੰ ਬੰਧਕ ਬਣਾ ਕੇ ਉਸ ਕੋਲੋਂ ਮੋਬਾਈਲ ਫੋਨ, ਨਕਦੀ ਤੇ ਕਾਰ ਖੋਹ ਕੇ ਡਰਾਈਵਰ ਨੂੰ ਸੜਕ 'ਤੇ ਸੁੱਟ ਕੇ ਫਰਾਰ ਹੋਣ ਦੇ ਮਾਮਲੇ ਵਿੱਚ ਚਾਰ ਨੌਜਵਾਨਾਂ ਨੂੰ ਕਾਬੂ ਕੀਤਾ ਗਿਆ ਹੈ।ਇਸ ਸਬੰਧੀ ਐਸ.ਪੀ. ਪਟਿਆਲਾ ਵੈਭਵ ਚੌਧਰੀ ਤੇ ਡੀ.ਐਸ.ਪੀ. ਸਮਾਣਾ ਫਤਿਹ ਸਿੰਘ ਬਰਾੜ ਵੱਲੋਂ ਕੀਤੀ ਗਈ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਗਿਆ ਕਿ 20 ਅਗਸਤ ਦੀ ਰਾਤ ਨੂੰ ਜਦੋਂ ਜੋਗਿੰਦਰ ਪਾਲ ਅਰੋੜਾ ਪੁੱਤਰ ਰਾਮਦਾਸ ਵਾਸੀ ਮਨਿਆਰਾ ਮੁਹੱਲਾ, ਸਮਾਣਾ ਪਰਿਵਾਰ ਸਮੇਤ ਘਰੋਂ ਬਾਹਰ ਗਏ ਹੋਏ ਸਨ, ਤਾਂ ਮੁਲਜ਼ਮ ਨੇ ਛੱਤ ਦੇ ਰਸਤਿਓਂ ਪੌੜੀਆਂ ਰਾਹੀਂ ਅੰਦਰ ਆ ਕੇ ਤਾਲੇ ਤੋੜੇ ਅਤੇ 5.50 ਲੱਖ ਰੁਪਏ ਦੀ ਨਕਦੀ ਤੇ ਸੋਨੇ ਦੇ ਗਹਿਣਿਆਂ ਸਮੇਤ 30 ਲੱਖ ਰੁਪਏ ਦੀ ਚੋਰੀ ਦੀ ਘਟਨਾ ਨੂੰ ਅੰਜਾਮ ਦਿੱਤਾ। ਉਨ੍ਹਾਂ ਦੱਸਿਆ ਕਿ ਸਿਟੀ ਪੁਲਿਸ, ਸੀ.ਆਈ.ਏ. ਤੇ ਸਦਰ ਪੁਲਿਸ ਨੇ ਤਕਨੀਕੀ ਤੌਰ 'ਤੇ ਕੀਤੀ ਗਈ ਕਾਰਵਾਈ ਦੌਰਾਨ ਮੁਲਜ਼ਮ ਰਾਕੇਸ਼ ਕੁਮਾਰ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ ਲਗਭਗ 20 ਤੋਲੇ ਸੋਨੇ ਦੇ ਗਹਿਣੇ ਤੇ 2.36 ਲੱਖ ਰੁਪਏ ਦੇ ਨੋਟ ਬਰਾਮਦ ਕਰਵਾਏ ਹਨ। ਮੁਲਜ਼ਮ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ 'ਤੇ ਲੈ ਕੇ ਪੁੱਛਗਿੱਛ ਕੀਤੀ ਜਾਵੇਗੀ। ਅਧਿਕਾਰੀਆਂ ਅਨੁਸਾਰ ਮੁਲਜ਼ਮ ਰਾਕੇਸ਼ ਕੁਮਾਰ 'ਤੇ ਐਨ.ਡੀ.ਪੀ.ਐਸ. ਐਕਟ, ਆਬਕਾਰੀ ਐਕਟ ਤੇ ਚੋਰੀ ਦੇ ਕੁੱਲ 7 ਮਾਮਲੇ ਪਹਿਲਾਂ ਵੀ ਦਰਜ ਹਨ।ਅਧਿਕਾਰੀਆਂ ਨੇ ਦੱਸਿਆ ਕਿ ਇੱਕ ਹੋਰ ਮਾਮਲੇ ਵਿੱਚ ਕਿਰਾਏ 'ਤੇ ਟੈਕਸੀ ਲੈ ਕੇ ਉਸ ਦੇ ਡਰਾਈਵਰ ਰਾਕੇਸ਼ ਕੁਮਾਰ ਵਾਸੀ ਉੱਤਰ ਪ੍ਰਦੇਸ਼ ਨੂੰ ਬੰਧਕ ਬਣਾ ਕੇ ਮੋਬਾਈਲ, 79400 ਰੁਪਏ ਲੁੱਟਣ ਤੇ ਉਸਨੂੰ ਕਾਰ 'ਚੋਂ ਸੁੱਟ ਕੇ ਉਸਦੀ ਕਾਰ ਲੈ ਕੇ ਫਰਾਰ ਹੋਣ ਦੇ ਮਾਮਲੇ ਵਿੱਚ ਪੁਲਿਸ ਨੇ ਚਾਰ ਨੌਜਵਾਨਾਂ ਨੂੰ ਕਾਬੂ ਕੀਤਾ ਹੈ। ਕਾਬੂ ਕੀਤੇ ਗਏ ਮੁਲਜ਼ਮਾਂ ਵਿੱਚ ਤਿੰਨ ਨੌਜਵਾਨ ਧੂਰੀ ਤੇ ਇੱਕ ਸੰਗਰੂਰ ਨਾਲ ਸਬੰਧਤ ਹੈ, ਜਿਨ੍ਹਾਂ ਨੂੰ ਪੁਲਿਸ ਟੀਮ ਨੇ ਟਰੇਸ ਕਰਕੇ ਕੁਲੂ ਤੋਂ ਗ੍ਰਿਫ਼ਤਾਰ ਕੀਤਾ। ਇਨ੍ਹਾਂ ਵਿੱਚ ਪ੍ਰਿੰਸ ਕੁਮਾਰ ਵਾਸੀ ਰਚਨਾ ਬਸਤੀ ਧੂਰੀ, ਰਾਮ ਉਰਫ ਸ਼ੁਭਮ ਵਾਸੀ ਕੱਕੜ ਚੌਂਕ ਧੂਰੀ, ਜਤਿਨ ਵਾਸੀ ਕੱਕੜਵਾਲ ਚੌਂਕ ਧੂਰੀ, ਅਭੀ ਕੁਮਾਰ ਪੁੱਤਰ ਵਿਪਨ ਕੁਮਾਰ ਸਿੰਗਲਾ ਸੰਤ ਅਤਰ ਸਿੰਘ ਨਗਰ ਸੰਗਰੂਰ ਸ਼ਾਮਲ ਹਨ। ਕਾਬੂ ਕੀਤੇ ਗਏ ਮੁਲਜ਼ਮਾਂ ਨੇ ਦੱਸਿਆ ਕਿ ਉਨ੍ਹਾਂ ਨੇ ਵੈੱਬ ਸੀਰੀਜ਼ ਤੋਂ ਪ੍ਰਭਾਵਿਤ ਹੋ ਕੇ ਲੁੱਟ ਦੀ ਇਸ ਘਟਨਾ ਨੂੰ ਅੰਜਾਮ ਦਿੱਤਾ।ਅਧਿਕਾਰੀਆਂ ਨੇ ਦੱਸਿਆ ਕਿ ਮੁੱਢਲੀ ਪੁੱਛਗਿੱਛ ਦੌਰਾਨ ਕਾਬੂ ਕੀਤੇ ਗਏ ਮੁਲਜ਼ਮਾਂ ਨੇ ਅੰਬਾਲਾ ਤੋਂ ਇੱਕ ਟੈਕਸੀ ਕਿਰਾਏ 'ਤੇ ਲੈ ਕੇ ਭਾਖੜਾ ਨਹਿਰ ਪੁਲ ਸਮਾਣਾ ਕੋਲ ਆ ਕੇ ਕਾਰ ਡਰਾਈਵਰ ਬਬਨਦੀਪ ਸਿੰਘ ਵਾਸੀ ਭੁੱਟਾ (ਜ਼ਿਲ੍ਹਾ ਲੁਧਿਆਣਾ) ਨਾਲ ਕੁੱਟਮਾਰ ਕਰਕੇ ਉਸ ਕੋਲੋਂ ਕਾਰ ਤੇ ਪੈਸੇ ਖੋਹ ਕੇ ਫਰਾਰ ਹੋਣ ਦੀ ਘਟਨਾ ਵਿੱਚ ਸ਼ਾਮਲ ਹੋਣ ਬਾਰੇ ਵੀ ਦੱਸਿਆ, ਜਿਸਦੀ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਇਸ ਮੌਕੇ ਸਿਟੀ ਥਾਣਾ ਮੁਖੀ ਵਿਨਰਪ੍ਰੀਤ ਸਿੰਘ, ਸਦਰ ਥਾਣਾ ਮੁੱਖੀ ਅਜੇ ਕੁਮਾਰ ਪਰੋਚਾ, ਸੀ.ਆਈ.ਏ ਸਟਾਫ ਮੁਖੀ ਅੰਕੁਰਦੀਪ ਸਿੰਘ ਤੋਂ ਇਲਾਵਾ ਸਟਾਫ ਮੌਜੂਦ ਸੀ।

## ਆਂਡਿਆਂ ਦੀਆਂ ਟਰੇਆਂ ਨਾਲ ਭਰਿਆ ਪਿਕਅੱਪ ਟਰੱਕ ਚੋਰੀ

ਸਮਾਣਾ, 21 ਅਗਸਤ (ਸੁਖਜਿੰਦਰ ਕੁਲਾਰਾਂ/ਵਿਜੇ ਕੁਮਾਰ) : ਸਮਾਣਾ ਦੀ ਜੈਲਦਾਰ ਕਲੋਨੀ ਤੋਂ ਆਂਡਿਆਂ ਦੀਆਂ ਟਰੇਆਂ ਨਾਲ ਭਰਿਆ ਇੱਕ ਪਿਕਅੱਪ ਟਰੱਕ ਚੋਰੀ ਹੋਣ ਦੀ ਸੂਚਨਾ ਮਿਲੀ ਹੈ। ਸ਼ਹਿਰ ਦੇ ਮਟੀਆ ਬਾਜ਼ਾਰ ਦੇ ਰਹਿਣ ਵਾਲੇ ਭੀਮਸੇਨ ਦੇ ਪੁੱਤਰ ਮਨੀਸ਼ ਅਰੋੜਾ ਨੇ ਪੁਲਿਸ ਕੋਲ ਦਰਜ ਕਰਵਾਈ ਸ਼ਿਕਾਇਤ ਵਿੱਚ ਕਿਹਾ ਹੈ ਕਿ ਪਿਛਲੇ ਦਿਨ ਉਸਨੇ ਆਪਣੇ ਪਿਕਅੱਪ ਟਰੱਕ ਵਿੱਚ 1400 ਆਂਡਿਆਂ ਦੀਆਂ ਟਰੇਆਂ ਲੱਦੀਆਂ ਸਨ ਅਤੇ ਇਸਨੂੰ ਸਮਾਣਾ ਦੇ ਕਾਨਗੜ੍ਹ ਰੋਡ 'ਤੇ ਸਥਿਤ ਜੈਲਦਾਰ ਕਲੋਨੀ ਵਿੱਚ ਆਪਣੇ ਗੋਦਾਮ ਵਿੱਚ ਖੜ੍ਹਾ ਕੀਤਾ ਸੀ, ਜਦੋਂ ਉਹ ਅਗਲੇ ਦਿਨ ਗੋਦਾਮ ਵਿੱਚ ਗਿਆ ਤਾਂ ਉਸਨੇ ਦੇਖਿਆ ਕਿ ਟਰੱਕ ਉੱਥੇ ਨਹੀਂ ਸੀ। ਜਾਂਚ ਕਰਨ 'ਤੇ ਪਤਾ ਲੱਗਾ ਕਿ ਕਿਸੇ ਅਣਪਛਾਤੇ ਵਿਅਕਤੀਆਂ ਨੇ ਉਸਦਾ ਟਰੱਕ ਚੋਰੀ ਕਰ ਲਿਆ ਹੈ। ਪੁਲਿਸ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰ ਲਿਆ ਹੈ।

# ਪਟਿਆਲਾ ਨੂੰ ਕਬਜ਼ਾ ਮੁਕਤ ਬਣਾਉਣ ਲਈ ਮੇਅਰ ਤੇ ਕਮਿਸ਼ਨਰ ਦੀ ਅਗਵਾਈ 'ਚ ਮੁਹਿੰਮ ਜਾਰੀ

## ☛ ਮੁਹਿੰਮ ਨਾਲ ਆਮ ਜਨਤਾ ਨੂੰ ਸੁਵਿਧਾ ਮਿਲੇਗੀ: ਵਿਸ਼ਾਲ ਵਰਮਾ



ਪਟਿਆਲਾ, 21 ਅਗਸਤ (ਰੁਪਾਣਾ) : ਪਟਿਆਲਾ ਨੂੰ ਕਬਜ਼ਾ ਮੁਕਤ ਬਣਾਉਣ ਲਈ ਨਗਰ ਨਿਗਮ ਵੱਲੋਂ ਲਗਾਤਾਰ ਤੀਬਰ ਕਾਰਵਾਈ ਕੀਤੀ ਜਾ ਰਹੀ ਹੈ। ਮੇਅਰ ਕੁੰਦਨ ਗੋਗੀਆ ਅਤੇ ਨਗਰ ਨਿਗਮ ਕਮਿਸ਼ਨਰ ਪਰਮਵੀਰ ਸਿੰਘ ਦੀ ਅਗਵਾਈ ਹੇਠ ਨਿਗਮ ਦੀ ਟੀਮ ਨੇ ਅੱਜ ਕਈ ਇਲਾਕਿਆਂ ਵਿੱਚ ਵੱਡੇ ਪੱਧਰ 'ਤੇ ਸੜਕਾਂ ਉੱਪਰ ਲੱਗੀਆਂ ਰੇਹੜੀਆਂ ਅਤੇ ਦੁਕਾਨਦਾਰਾਂ ਵੱਲੋਂ ਸੜਕਾਂ ਨੂੰ ਕਾਬਜ਼ ਕਰ ਕੇ ਰੱਖਿਆ ਸਮਾਨ ਪਿੱਛੇ ਹਟਵਾਇਆ। ਇਸ ਦੌਰਾਨ ਜਿੱਥੇ ਵਪਾਰੀਆਂ ਨੂੰ ਕਾਨੂੰਨੀ ਨਿਯਮਾਂ ਦੀ ਪਾਲਣਾ ਕਰਨ ਲਈ ਸਚੇਤ ਕੀਤਾ ਗਿਆ, ਉੱਥੇ ਹੀ ਸੜਕਾਂ 'ਤੇ ਪਿਆ ਸਮਾਨ ਜਬਤ ਵੀ ਕੀਤਾ ਗਿਆ। ਕਾਰਵਾਈ ਕਰਨ ਪੁੱਜੇ ਇੰਸਪੈਕਟਰ ਵਿਸ਼ਾਲ ਵਰਮਾ ਅਤੇ ਨਿਗਮ ਟੀਮ ਨੇ ਸਭ ਤੋਂ ਪਹਿਲਾਂ ਤ੍ਰਿਪੜੀ ਇਲਾਕੇ ਵਿੱਚ ਕਾਰਵਾਈ ਕੀਤੀ। ਇੱਥੇ ਜਿਨ੍ਹਾਂ ਦੁਕਾਨਦਾਰਾਂ ਨੇ ਆਪਣਾ ਸਮਾਨ ਸੜਕਾਂ 'ਤੇ ਰੱਖਿਆ ਹੋਇਆ ਸੀ, ਉਨ੍ਹਾਂ ਦਾ ਸਮਾਨ ਤੁਰੰਤ ਜਬਤ ਕਰ ਲਿਆ ਗਿਆ, ਨਾਲ ਹੀ, ਜਿਨ੍ਹਾਂ ਦੁਕਾਨਦਾਰਾਂ ਦੇ ਟੇਬਲ, ਮੇਜ਼, ਕੁਰਸੀਆਂ ਤੇ ਮੰਜੇ ਬਾਹਰ ਪਏ ਸਨ, ਉਨ੍ਹਾਂ ਨੂੰ ਮੌਕੇ 'ਤੇ ਹੀ ਅੰਦਰ ਕਰਵਾਇਆ ਗਿਆ। ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਸੜਕਾਂ ਅਤੇ ਫੁਟਪਾਥ ਲੋਕਾਂ ਲਈ ਹਨ, ਨਾ ਕਿ ਨਿੱਜੀ ਵਪਾਰਕ ਵਰਤੋਂ ਲਈ। ਵਿਸ਼ਾਲ ਵਰਮਾ ਨੇ ਦੱਸਿਆ ਕਿ ਇਸ ਕਾਰਵਾਈ ਦੌਰਾਨ ਸਟਰੀਟ ਵੈਂਡਿੰਗ ਕਾਰਡ ਵੀ ਚੈੱਕ ਕੀਤੇ ਗਏ, ਜਿਨ੍ਹਾਂ ਵੈਂਡਰਾਂ ਕੋਲ ਵੈਧ ਕਾਰਡ ਸਨ, ਉਨ੍ਹਾਂ ਨੂੰ ਤਰਤੀਬ ਨਾਲ ਕੰਮ ਕਰਨ ਲਈ ਕਿਹਾ ਗਿਆ, ਜਦਕਿ ਬਿਨਾਂ ਕਾਰਡ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਗਈ। ਉਨ੍ਹਾਂ ਕਿਹਾ ਕਿ ਥਾਪਰ ਕਾਲਜ ਦੇ ਬਾਹਰ ਵੀ ਰੇਹੜੀਆਂ ਦੀ ਚੈਕਿੰਗ ਕੀਤੀ ਗਈ। ਸਾਰੀ ਰੇਹੜੀਆਂ ਨੂੰ ਇੱਕ ਕਤਾਰ ਵਿੱਚ ਤਰਤੀਬ ਨਾਲ ਖੜ੍ਹਾਇਆ ਗਿਆ ਤਾਂ ਜੋ ਆਵਾਜਾਈ ਵਿੱਚ ਕੋਈ ਰੁਕਾਵਟ ਨਾ ਪੈ ਸਕੇ। ਅਧਿਕਾਰੀਆਂ ਨੇ ਦੱਸਿਆ ਕਿ ਕਾਲਜ ਖੇਤਰ ਦੇ ਬਾਹਰ ਵੱਡੀ ਗਿਣਤੀ ਵਿੱਚ ਵਿਦਿਆਰਥੀ ਆਉਂਦੇ-ਜਾਂਦੇ ਹਨ, ਇਸ ਕਰਕੇ ਇੱਥੇ ਟ੍ਰੈਫਿਕ ਪ੍ਰਬੰਧ ਸਭ ਤੋਂ ਵੱਡੀ ਚੁਣੌਤੀ ਹੈ। ਇਸ ਮੁਹਿੰਮ ਨਾਲ ਵਿਦਿਆਰਥੀਆਂ ਤੇ ਆਮ ਜਨਤਾ ਦੋਹਾਂ ਨੂੰ ਸੁਵਿਧਾ ਮਿਲੇਗੀ।ਜਨਤਾ ਵੱਲੋਂ ਵੀ ਨਿਗਮ ਦੀ ਇਸ ਮੁਹਿੰਮ ਦੀ ਸਰਾਹਨਾ ਕੀਤੀ ਗਈ ਹੈ।

# ਲੈਂਡ ਪੂਲਿੰਗ ਸਬੰਧੀ 24 ਦੀ ਰੱਖੀ ਮੀਟਿੰਗ 'ਚ ਕਿਸਾਨਾਂ ਨੂੰ ਪਹੁੰਚਣ ਦਾ ਸੱਦਾ



ਨਾਭਾ, 21 ਅਗਸਤ (ਗੁਰਚਰਨ ਸਿੰਘ ਚੌਧਰੀਮਾਜਰਾ) : ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਬਲਾਕ ਨਾਭਾ ਦੇ ਪ੍ਰਧਾਨ ਜਰਨੈਲ ਸਿੰਘ ਦੇਦਾ ਦੀ ਪ੍ਰਧਾਨਗੀ ਹੇਠ ਨਾਭਾ ਦਫਤਰ ਵਿਖੇ ਮੀਟਿੰਗ ਹੋਈ, ਜਿਸ ਵਿੱਚ ਜ਼ਿਲ੍ਹਾ ਮੁੱਖ ਬੁਲਾਰਾ ਦਰਸ਼ਨ ਸਿੰਘ ਗੁਦਾਈਆ ਜ਼ਿਲ੍ਹਾ ਮੀਤ ਪ੍ਰਧਾਨ ਕਰਮਜੀਤ ਸਿੰਘ ਕੋਟ ਜਰਨਲ ਸਕੱਤਰ ਸੁਰਜੀਤ ਸਿੰਘ ਗੁਰਦਿੱਤਪੁਰਾ ਮੀਤ ਪ੍ਰਧਾਨ ਹਰਬੰਸ ਸਿੰਘ ਮੱਲੇਵਾਲ ਅਤੇ ਬਹੁਤ ਸਾਰੇ ਕਿਸਾਨਾਂ ਨੇ ਭਾਗ ਲਿਆ ਵਿੱਚ ਐਸ ਕੇ ਐਮ ਵੱਲੋਂ 24 ਅਗਸਤ ਨੂੰ ਸਮਰਾਲਾ ਵਿਖੇ ਲੈਂਡ ਪੂਲਿੰਗ ਦੇ ਸੰਬੰਧ 'ਚ ਭਾਰੀ ਇਕੱਠ ਕਰਨ ਦੀ ਦਿੱਤੀ ਕਾਲ ਦੇ ਸੰਬੰਧ ਵਿੱਚ ਖੁੱਲ੍ਹਕੇ ਵਿਚਾਰਾਂ ਹੋਈਆਂ। ਕਿਸਾਨਾਂ ਅਤੇ ਮਜ਼ਦੂਰਾਂ ਨੂੰ ਰੈਲੀ ਵਿਚ ਸ਼ਾਮਲ ਹੋਣ ਲਈ ਅਪੀਲ ਕੀਤੀ। ਬਲਾਕ ਦੇ ਹਰ ਪਿੰਡ ਵਿੱਚੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਜਥੇਬੰਦੀ ਨੇ ਆਮ ਆਦਮੀ ਪਾਰਟੀ ਦੇ ਆਗੂ ਮੁਨੀਸ਼ ਸਿਸੋਦੀਆ ਵੱਲੋਂ ਦਿੱਤੇ ਗਏ ਲੋਕਤੰਤਰ ਵਿਰੋਧੀ ਬਿਆਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਮੀਟਿੰਗ ਵਿੱਚ ਸੱਤਗੁਰ ਸਿੰਘ ਅਲੋਹਰਾ, ਮਹਿੰਦਰ ਸਿੰਘ ਦੰਦਰਾਲਾ ਢੀਂਡਸਾ ਇੰਦਰਜੀਤ ਸਿੰਘ ਲੌਪੇ ਨਾਭਾ, ਦਵਿੰਦਰ ਸਿੰਘ ਧੀਰੋਮਾਜਰਾ, ਨੋਨੀ ਮਿੱਤਲ ਨਾਭਾ, ਕਰਮ ਸਿੰਘ ਖੁਰਦ ਹਾਜ਼ਰ ਸਨ।

# ਡੀ.ਸੀ. ਨੇ ਐਸ.ਡੀ.ਐਮਜ਼ ਤੇ ਤਹਿਸੀਲਦਾਰਾਂ ਵੱਲੋਂ ਨਿਪਟਾਏ ਜਾਂਦੇ ਅਦਾਲਤੀ ਮਾਮਲਿਆਂ ਦਾ ਜਾਇਜ਼ਾ ਲਿਆ



ਪਟਿਆਲਾ, 21 ਅਗਸਤ (ਚ.ਨ.ਸ) : ਪਟਿਆਲਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟ੍ਰੇਟ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹੇ ਦੇ ਸਮੂਹ ਐਸ.ਡੀ.ਐਮਜ, ਤਹਿਸੀਲਦਾਰਾਂ ਤੇ ਨਾਇਬ ਤਹਿਸੀਲਦਾਰਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਨ੍ਹਾਂ ਅਧੀਨ ਲੰਬਿਤ ਅਦਾਲਤਾਂ ਵਿੱਚ ਮਾਮਲਿਆਂ ਦੀਆਂ ਤਰੀਕਾਂ ਅੱਗੇ ਪਾਉਣ ਦੀ ਪ੍ਰਵਿਰਤੀ ਬੰਦ ਕੀਤੀ ਜਾਵੇ ਅਤੇ ਅਜਿਹਾ ਕੀਤਾ ਜਾਣਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਜ਼ਿਲ੍ਹੇ ਦੇ ਸਮੂਹ ਐਸ.ਡੀ.ਐਮਜ, ਤਹਿਸੀਲਦਾਰ ਤੇ ਨਾਇਬ ਤਹਿਸੀਲਦਾਰ-ਕਮ-ਕਾਰਜਕਾਰੀ ਮੈਜਿਸਟ੍ਰੇਟਸ ਦੀਆਂ ਮਾਲ ਅਦਾਲਤਾਂ ਵਿੱਚ ਨਿਪਟਾਏ ਜਾਂਦੇ ਕੰਮ ਕਾਜ ਦਾ ਜਾਇਜ਼ਾ ਲੈ ਰਹੇ ਸਨ। ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਐਸ.ਡੀ.ਐਮਜ ਤੇ ਤਹਿਸੀਲਦਾਰ ਅਧਿਕਾਰੀ ਜੋ ਕਿ ਕੁਇਸੀ ਜੁਡੀਸ਼ੀਅਲ ਸ਼ਕਤੀਆਂ ਰੱਖਦੇ ਹਨ, ਦੇ ਰੀਡਰਾਂ ਜਾਂ ਹੋਰ ਅਦਾਲਤੀ ਅਮਲੇ ਵੱਲੋਂ ਨਿਆਂ ਲੈਣ ਆਉਣ ਵਾਲੇ ਲੋਕਾਂ ਦੇ ਮਾਮਲਿਆਂ ਨੂੰ ਕਿਸੇ ਨਾ ਕਿਸੇ ਕਾਰਨ ਲਮਕਾਉਣ ਲਈ ਬਿਨ੍ਹਾਂ ਵਜ੍ਹਾ ਤਰੀਕਾਂ ਅੱਗੇ ਪਾਉਣ ਦੇ ਕੁਝ ਮਾਮਲੇ ਉਨ੍ਹਾਂ ਦੇ ਧਿਆਨ ਵਿੱਚ ਆਏ ਹਨ, ਇਸ ਲਈ ਅਜਿਹੇ ਕਰਮਚਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਕੇ ਉਨ੍ਹਾਂ ਵਿਰੁੱਧ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਭਵਿੱਖ ਵਿੱਚ ਅਜਿਹਾ ਕੁਝ ਨਾ ਹੋਣ ਦੇਣ ਲਈ ਸਮੂਹ ਐਸ.ਡੀ.ਐਮਜ਼ ਨੂੰ ਵੀ ਆਪਣੀਆਂ ਸਬ ਡਵੀਜਨਾਂ ਅੰਦਰ ਆਪਣੇ ਅਧੀਨ ਮਾਲ ਅਦਾਲਤਾਂ ਦੇ ਨਿਰੰਤਰ ਰੀਵਿਊ ਕਰਨ ਦੀ ਵੀ ਸਖ਼ਤ ਹਦਾਇਤ ਕੀਤੀ। ਡਿਪਟੀ ਕਮਿਸ਼ਨਰ ਨੇ ਸਮੂਹ ਕੁਇਸੀ ਜੁਡੀਸ਼ੀਅਲ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਨ੍ਹਾਂ ਦੀਆਂ ਮਾਲ ਅਦਾਲਤਾਂ ਵਿੱਚ ਲੰਬਿਤ ਮਾਮਲਿਆਂ ਦੇ ਤੁਰੰਤ ਨਿਪਟਾਰੇ ਲਈ ਠੋਸ ਕਦਮ ਉਠਾਏ ਜਾਣ। ਉਨ੍ਹਾਂ ਕਿਹਾ ਕਿ ਜ਼ਮੀਨ ਦੀ ਵੰਡ, ਨਿਸ਼ਾਨਦੇਹੀ, ਮਾਪ, ਖਸਰਾ-ਗਿਰਦਾਵਰੀ, ਨੰਬਰਦਾਰੀ, ਚੌਕੀਦਾਰੀ ਅਤੇ ਇੰਤਕਾਲ ਵਰਗੇ ਸਾਰੇ ਮਾਲ ਮਾਮਲਿਆਂ ਦਾ ਨਿਪਟਾਰਾ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਕੀਤਾ ਜਾਵੇ। ਉਨ੍ਹਾਂ ਸਖ਼ਤੀ ਨਾਲ ਦਿਸ਼ਾ ਨਿਰਦੇਸ਼ ਦਿੱਤੇ ਕਿ ਬੇਲੋੜੀ ਦੇਰੀ ਦੀ ਸੂਰਤ ਵਿੱਚ ਸਬੰਧਤ ਅਧਿਕਾਰੀ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ।

## ਸੜਕ ਹਾਦਸੇ 'ਚ ਇੱਕ ਦੀ ਮੌਤ, ਮਾਮਲਾ ਦਰਜ

ਪਟਿਆਲਾ, 21 ਅਗਸਤ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਕੋਲ ਸਿਉਪਾਲ ਪੁੱਤਰ ਸਰੂਪ ਚੰਦ ਵਾਸੀ ਸ਼ੁਤਰਾਣਾ ਥਾਣਾ ਪਾਤੜਾਂ ਨੇ ਗੱਡੀ ਦੇ ਅਣਪਛਾਤੇ ਡਰਾਈਵਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਦੀ ਮਾਸੀ ਦਾ ਪੋਤਾ ਰਵੀ ਕੁਮਾਰ ਆਪਣੀ ਪਤਨੀ ਰਜਨੀ ਰਾਣੀ ਅਤੇ ਲੜਕੇ ਲਕਸ਼ ਉਮਰ 02 ਸਾਲ ਨਾਲ ਮੋਟਰਸਾਇਕਲ 'ਤੇ ਸਵਾਰ ਹੋ ਕੇ ਸੰਗਰੂਰ-ਪਟਿਆਲਾ ਬਾਈਪਾਸ ਰੋਡ ਨੇੜੇ ਭਾਈ ਰਾਮ ਸਿੰਘ ਸਕੂਲ ਪਾਸ ਜਾ ਰਿਹਾ ਸੀ, ਜੋ ਅੱਗੇ ਜਾ ਰਹੀ ਗੱਡੀ ਦੇ ਡਰਾਈਵਰ ਨੇ ਲਾਪ੍ਰਵਾਹੀ ਨਾਲ ਇੱਕਦਮ ਬ੍ਰੇਕ ਲਗਾ ਦਿੱਤੀ, ਜਿਸ ਕਾਰਨ ਰਵੀ ਕੁਮਾਰ ਦਾ ਮੋਟਰਸਾਇਕਲ ਉਕਤ ਗੱਡੀ ਨਾਲ ਜਾ ਟਕਰਾਇਆ, ਜੋ ਐਕਸੀਡੈਂਟ ਵਿੱਚ ਰਵੀ ਕੁਮਾਰ ਦੀ ਮੌਤ ਹੋ ਗਈ ਅਤੇ ਉਸਦੀ ਪਤਨੀ ਤੇ ਲੜਕਾ ਜੇਰੇ ਇਲਾਜ ਹਨ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

# ਡਾ. ਕਾਂਸਲ ਨੇ ਦਿੱਲੀ-ਕੱਟੜਾ ਵੰਦੇ ਭਾਰਤ ਟ੍ਰੇਨ ਦੇ ਰਾਜਪੁਰਾ ਵਿਖੇ ਸਟਾਪ ਲਈ ਪ੍ਰਨੀਤ ਕੌਰ ਨੂੰ ਦਿੱਤਾ ਮੰਗ ਪੱਤਰ



ਪਟਿਆਲਾ, 21 ਅਗਸਤ (ਚ.ਨ.ਸ.) : ਭਾਜਪਾ ਸੀਨੀਅਰ ਯੁਵਾ ਨੇਤਾ ਡਾ.ਗੁਰਵਿੰਦਰ ਕਾਂਸਲ ਨੇ ਸਾਬਕਾ ਕੇਂਦਰੀ ਰਾਜ ਮੰਤਰੀ ਮਹਾਰਾਣੀ ਪ੍ਰਨੀਤ ਕੌਰ ਨਾਲ ਅਹਿਮ ਮੁਲਾਕਾਤ ਦੌਰਾਨ ਰੇਲਵੇ ਮੰਤਰਾਲੇ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਉੱਤੇ ਦਿੱਲੀ ਤੋਂ ਫਿਰੋਜ਼ਪੁਰ ਵੰਦੇ ਭਾਰਤ ਟ੍ਰੇਨ ਸ਼ੁਰੂ ਕੀਤੀ ਜਾ ਰਹੀ ਹੈ, ਜਿਸਦਾ ਸਟਾਪ ਪਟਿਆਲਾ ਵੀ ਹੋਵੇਗਾ ਉਸਦੀ ਮੁਬਾਰਕਬਾਦ ਦਿੱਤੀ ਅਤੇ ਕਿਹਾ ਇਸ ਟ੍ਰੇਨ ਦੇ ਸ਼ੁਰੂ ਹੋਣ ਨਾਲ ਪਟਿਆਲਾ ਵਾਸੀਆਂ ਵਿੱਚ ਉਤਸ਼ਾਹ ਅਤੇ ਖੁਸ਼ੀ ਦੀ ਲਹਿਰ ਹੈ। ਡਾ. ਕਾਂਸਲ ਵੱਲੋਂ ਮੁਲਾਕਾਤ ਦੌਰਾਨ ਮਹਾਰਾਣੀ ਪ੍ਰਨੀਤ ਕੌਰ ਨਾਲ ਗੱਲਬਾਤ ਕਰਦੇ ਹੋਏ ਦਿੱਲੀ ਕਟਰਾ ਵੰਦੇ ਭਾਰਤ ਟ੍ਰੇਨ ਨੰਬਰ 22439 ਤੇ 22440 ਦੇ ਰਾਜਪੁਰਾ ਵਿਖੇ ਸਟਾਪ ਨੂੰ ਵੀ ਲੈਕੇ ਚਰਚਾ ਕੀਤੀ ਗਈ ਅਤੇ ਇਸ ਸੰਬੰਧੀ ਮੰਗ ਪੱਤਰ ਵੀ ਦਿੱਤਾ। ਡਾ. ਕਾਂਸਲ ਨੇ ਕਿਹਾ ਕਿ ਵੰਦੇ ਭਾਰਤ ਟ੍ਰੇਨ ਦਾ ਸਟਾਪ ਰਾਜਪੁਰਾ, ਪੰਜਾਬ ਵਿਖੇ ਹੋਣ ਨਾਲ ਪਟਿਆਲਾ ਅਤੇ ਨਾਲ ਦੇ ਹੋਰ ਜ਼ਿਲ੍ਹਿਆਂ ਦੇ ਸ਼ਰਧਾਲੂਆਂ ਨੂੰ ਮਾਤਾ ਦੇ ਦਰਸ਼ਨ ਕਰਨ ਵਿੱਚ ਹੋਰ ਵੀ ਆਸਾਨੀ ਹੋਵੇਗੀ ਤੇ ਜਿਹੜਾ ਓਹਨਾਂ ਨੂੰ ਲੁਧਿਆਣਾ ਯਾ ਅੰਬਾਲਾ ਤੋਂ ਟ੍ਰੇਨ ਵਿੱਚ ਬੈਠਣਾ ਪੈਂਦਾ ਸੀ ਤਾਂ ਰਾਜਪੁਰਾ ਤੋਂ ਟ੍ਰੇਨ ਵਿੱਚ ਬੈਠਣ ਨਾਲ ਸਫ਼ਰ ਕਰਨਾ ਹੋਰ ਆਸਾਨ ਹੋਵੇਗਾ। ਇਸ ਮੌਕੇ ਭਾਜਪਾ ਪਟਿਆਲਾ ਜ਼ਿਲ੍ਹਾ ਪ੍ਰਧਾਨ ਸ਼੍ਰੀ ਵਿਜੇ ਕੁਮਾਰ ਕੂਕਾ ਜੀ, ਐੱਸ ਕੇ ਪਾਠੀ ਅਤੇ ਇਸ਼ਾਂਤ ਭਸੀਨ ਮੌਜੂਦ ਸਨ।

# ਸਰਕਾਰੀ ਐਲੀਮੈਂਟਰੀ ਸਕੂਲ ਮਹਿਮਦਪੁਰ 'ਚ ਆਜ਼ਾਦੀ ਦਿਵਸ ਮਨਾਇਆ



ਪਟਿਆਲਾ, 21 ਅਗਸਤ (ਚ.ਨ.ਸ.) : ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਮਹਿਮਦਪੁਰ ਵਿਖੇ ਆਜ਼ਾਦੀ ਦਿਵਸ ਮੌਕੇ ਤਿਰੰਗਾ ਲਹਿਰਾਇਆ ਗਿਆ। ਇਸ ਮੌਕੇ 'ਤੇ ਨਵੀਂ ਚੁਣੀ ਕਮੇਟੀ (ਐਸ.ਐਮ.ਸੀ.), ਪਿੰਡ ਦੀ ਪੰਚਾਇਤ ਅਤੇ ਬੱਚਿਆਂ ਦੇ ਮਾਪਿਆਂ ਵੱਲੋਂ ਭਰਵੀਂ ਸ਼ਮੂਲੀਅਲ ਕੀਤੀ। ਇਸ ਮੌਕੇ ਸਕੂਲੀ ਬੱਚਿਆਂ ਨੇ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤਾ। ਸ.ਭਰਪੂਰ ਸਿੰਘ ਵਲੋਂ ਬੱਚਿਆਂ ਨੂੰ ਰਿਫਰੈਸ਼ਮੈਂਟ ਦਿੱਤੀ। ਇਸ ਤੋਂ ਉਪਰੰਤ ਇੰਚਾਰਜ ਅਧਿਆਪਿਕਾ ਨਵਤੇਜ ਕੌਰ ਅਤੇ ਸਕੂਲ ਸਟਾਫ ਹਾਜ਼ਰ ਸਨ।

# ਪਿੰਡ ਅਸਮਾਨਪੁਰ ਦੀਆਂ ਪੰਚਾਇਤੀ ਚੋਣਾਂ ਦੀ ਦੁਬਾਰਾ ਹੋਈ ਗਿਣਤੀ 'ਚ ਲਖਵਿੰਦਰ ਸਿੰਘ ਬਣੇ ਸਰਪੰਚ



ਸਮਾਣਾ, 21 ਅਗਸਤ (ਵਿਜੇ ਕੁਮਾਰ) : ਮਾਨਯੋਗ ਪੰਜਾਬ-ਹਰਿਆਣਾ ਹਾਈ ਕੋਰਟ ਦੀਆਂ ਹਦਾਇਤਾਂ 'ਤੇ ਪਿਛਲੇ ਸਮੇਂ ਦੌਰਾਨ ਹੋਈਆਂ ਪੰਚਾਇਤੀ ਚੋਣਾਂ ਵਿੱਚ ਵੋਟਾਂ ਦੀ ਗਿਣਤੀ ਦੇ ਫਰਕ ਨੂੰ ਲੈ ਕੇ ਬਲਾਕ ਸਮਾਣਾ ਦੇ ਪਿੰਡ ਅਸਮਾਨਪੁਰ ਦੀਆਂ ਵੋਟਾਂ ਦੀ ਗਿਣਤੀ ਐਸ.ਡੀ.ਐਮ ਦਫਤਰ ਵਿਖੇ ਏ.ਡੀ.ਸੀ. ਦੀ ਨਿਗਰਾਨੀ ਹੇਠ ਵੀਡੀਓ ਗ੍ਰਾਫੀ ਰਾਹੀਂ ਹੋਈ, ਜਿਸ ਵਿੱਚ ਲਖਵਿੰਦਰ ਸਿੰਘ ਨੂੰ ਕਾਨੂੰਨ 1994 ਅਨੁਸਾਰ ਟਾਸ ਕਰਨ 'ਤੇ ਇੱਕ ਵੋਟ ਨਾਲ ਜੇਤੂ ਕਰਾਰ ਦਿੱਤਾ ਗਿਆ। ਜਾਣਕਾਰੀ ਦਿੰਦਿਆਂ ਐਸ.ਡੀ.ਐਮ ਰੀਚਾ ਗੋਇਲ ਨੇ ਦੱਸਿਆ ਕਿ ਪੰਚਾਇਤੀ ਚੋਣਾਂ ਸਮੇਂ ਹੋਈ ਵੋਟਾਂ ਦੀ ਗਿਣਤੀ ਅਨੁਸਾਰ ਦੋ ਵੋਟਾਂ ਨਾਲ ਗੁਰਜੰਟ ਸਿੰਘ ਨੂੰ ਜੇਤੂ ਕਰਾਰ ਦਿੱਤਾ ਗਿਆ ਸੀ, ਜਿਸ ਦੀ ਲਖਵਿੰਦਰ ਸਿੰਘ ਨੇ ਮਾਨਯੋਗ ਹਾਈਕੋਰਟ ਵਿੱਚ ਅਪੀਲ ਦਾਇਰ ਕੀਤੀ ਸੀ, ਜਿਸ ਅਨੁਸਾਰ ਆਜ਼ਾਦਾਨਾ ਤੌਰ 'ਤੇ ਡੀ.ਸੀ ਪਟਿਆਲਾ ਦੀ ਦੇਖਰੇਖ ਅਤੇ ਏ.ਡੀ.ਸੀ. ਦੀ ਹਾਜ਼ਰੀ ਵਿੱਚ ਵੋਟਾਂ ਦੀ ਗਿਣਤੀ ਕੀਤੀ ਗਈ, ਜਿਸ ਵਿੱਚ ਦੋਵਾਂ ਉਮੀਦਵਾਰਾਂ ਨੂੰ 240-240 ਵੋਟਾਂ ਮਿਲੀਆਂ। ਜਿਸ ਤੋਂ ਬਾਅਦ ਪੰਚਾਇਤੀ ਰਾਜ ਕਾਨੂੰਨ 1994 ਅਨੁਸਾਰ ਟਾਸ ਕਰਵਾ ਕੇ ਲਖਵਿੰਦਰ ਸਿੰਘ ਵਾਸੀ ਪਿੰਡ ਅਸਮਾਨਪੁਰ ਨੂੰ ਜੇਤੂ ਕਰਾਰ ਦਿੱਤਾ ਗਿਆ। ਇਸ ਮੌਕੇ ਲਖਵਿੰਦਰ ਸਿੰਘ ਨੇ ਮਾਨਯੋਗ ਪੰਜਾਬ ਹਰਿਆਣਾ ਹਾਈਕੋਰਟ ਦੇ ਫੈਸਲੇ ਦੀ ਹਦਾਇਤਾਂ ਅਨੁਸਾਰ ਹੋਈ ਗਿਣਤੀ 'ਤੇ ਭਰੋਸਾ ਜਤਾਇਆ ਤੇ ਪ੍ਰਸ਼ਾਸਨ ਦਾ ਧੰਨਵਾਦ ਕੀਤਾ।

# ਰੈੱਡ ਰਿਬਨ ਕਲੱਬ ਨੇ ਸਦਭਾਵਨਾ ਦਿਵਸ ਮੌਕੇ ਅੱਖਰਕਾਰੀ ਅਤੇ ਲੇਖ ਮੁਕਾਬਲੇ ਕਰਵਾਏ




ਦੇਵੀਗੜ੍ਹ, 21 ਅਗਸਤ (ਗੁਰਜੀਤ ਸਿੰਘ ਢੋਟ) : ਯੂਨੀਵਰਸਿਟੀ ਕਾਲਜ ਮੀਰਾਂਪੁਰ ਵਿਖੇ ਰੈੱਡ ਰਿਬਨ ਕਲੱਬ ਵੱਲੋਂ ਸਦਭਾਵਨਾ ਦਿਵਸ ਬੜੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਇੰਚਾਰਜ ਡਾ. ਮਨਪ੍ਰੀਤ ਕੌਰ ਸੋਢੀ ਨੇ ਵਿਦਿਆਰਥੀਆਂ ਨੂੰ ਸਦਭਾਵਨਾ, ਭਾਈਚਾਰੇ ਅਤੇ ਰਾਸ਼ਟਰੀ ਏਕਤਾ ਦੇ ਮਹੱਤਵ ਬਾਰੇ ਸੰਬੋਧਨ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਆਪਸੀ ਮਿਲਵਰਤਨ ਬਣਾਈ ਰੱਖਣ ਦੀ ਪ੍ਰੇਰਨਾ ਵੀ ਦਿੱਤੀ। ਇਸ ਮੌਕੇ ਰੈੱਡ ਰਿਬਨ ਕਲੱਬ ਦੇ ਨੋਡਲ ਅਫਸਰ, ਅਸਿਸਟੈਂਟ ਪ੍ਰੋ. ਡਾ. ਤੇਜਿੰਦਰ ਪਾਲ ਸਿੰਘ ਨੇ ਕਿਹਾ ਕਿ ਸਾਰਾ ਸੰਸਾਰ ਇਕ ਰੱਬ ਦੀ ਰਚਨਾ ਹੈ, ਇਸ ਲਈ ਸਾਨੂੰ ਕਿਸੇ ਨਾਲ ਭੇਦ-ਭਾਵ ਨਹੀਂ ਕਰਨਾ ਚਾਹੀਦਾ। ਪ੍ਰੇਮ, ਦਇਆ ਅਤੇ ਕਰੁਣਾ ਨਾਲ ਹੀ ਮਨੁਖ ਅੰਦਰ ਸਦਭਾਵਨਾ ਪੈਦਾ ਹੋ ਸਕਦੀ ਹੈ। ਇਸ ਮੌਕੇ ਕਰਵਾਏ ਗਏ ਨਿਬੰਧ ਲਿਖਣ ਅਤੇ ਅੱਖਰਕਾਰੀ ਦੇ ਮੁਕਾਬਲਿਆਂ ਵਿਚ ਵਿਦਿਆਰਥੀਆਂ ਨੇ ਸਦਭਾਵਨਾ ਦੇ ਸੁਨੇਹੇ ਨੂੰ ਪ੍ਰਗਟਾਇਆ। ਨਿਬੰਧ ਲਿਖਣ ਦੇ ਮੁਕਾਬਲੇ ਵਿਚ ਬੀ. ਏ. (ਭਾਗ ਦੂਜਾ) ਦੀ ਵਿਦਿਆਰਥਣ ਸੁਮਨ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਬੀ. ਏ. (ਭਾਗ ਦੂਜਾ) ਦੀ ਵਿਦਿਆਰਥਣ ਗੀਤੀਕਾ ਸ਼ਰਮਾ ਨੇ ਦੂਜਾ ਅਤੇ ਬੀ. ਏ. (ਭਾਗ ਪਹਿਲਾ) ਦੀ ਵਿਦਿਆਰਥਣ ਮਨਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਅੱਖਰਕਾਰੀ ਮੁਕਾਬਲੇ ਵਿਚ ਬੀ. ਏ. (ਭਾਗ ਪਹਿਲਾ) ਦੀ ਵਿਦਿਆਰਥਣ ਸਾਨੀਆ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਬੀ. ਏ. (ਭਾਗ ਤੀਜਾ) ਦੀ ਵਿਦਿਆਰਥਣ ਹਰਮਨਦੀਪ ਕੌਰ ਨੇ ਦੂਜਾ ਅਤੇ ਬੀ. ਏ. (ਭਾਗ ਪਹਿਲਾ) ਦੀ ਵਿਦਿਆਰਥਣ ਮਨਜੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਨਾਂ ਰੌਸ਼ਣ ਕੀਤਾ। ਇਸ ਮੌਕੇ ਧਰਮ ਅਧਿਐਨ ਮੰਚ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਸਮਾਜਕ ਇਨਾਮ ਤਕਸੀਮ ਕੀਤੇ ਗਏ। ਡਾ. ਨਿਸ਼ੂ ਗਰਗ ਅਤੇ ਡਾ. ਪੂਨਮ ਅਸਿਸਟੈਂਟ ਪ੍ਰੋ. ਜਸਵੀਰ ਕੌਰ ਸ਼ਾਮਿਲ ਸਨ। ਧੰਨਵਾਦ ਦੀ ਰਸਮ ਅਸਿਸਟੈਂਟ ਪ੍ਰੋ. ਜਸਵੀਰ ਕੌਰ ਨੇ ਨਿਭਾਈ।

# ਪੰਜਾਬ ਪਬਲਿਕ ਸਕੂਲ ਨਾਭਾ ਰਿਹਾਇਸ਼ੀ ਬੋਰਡਿੰਗ ਸਕੂਲ ਵਜੋਂ ਸਨਮਾਨਤ




ਨਾਭਾ, 21 ਅਗਸਤ (ਗੁਰਚਰਨ ਸਿੰਘ ਚੌਧਰੀਮਾਜਰਾ) : ਪੰਜਾਬ ਪਬਲਿਕ ਸਕੂਲ, ਨਾਭਾ ਨੂੰ 3 ਅਗਸਤ 2025 ਨੂੰ ਨਵੀਂ ਦਿੱਲੀ ਦੇ ਰੈਡੀਸਨ ਬਲੂ ਹੋਟਲ ਵਿਖੇ ਆਯੋਜਿਤ ਵੱਕਾਰੀ ਨੈਸ਼ਨਲ ਸਕੂਲ ਕਾਨਫਰੰਸ ਅਤੇ ਅਵਾਰਡਾਂ ਵਿੱਚ ਪੰਜਾਬ ਰਾਜ ਵੱਲੋਂ 2025 ਦੇ ਸਰਵੋਤਮ ਰਿਹਾਇਸ਼ੀ ਬੋਰਡਿੰਗ ਸਕੂਲ ਵਜੋਂ ਸਨਮਾਨਿਤ ਕੀਤਾ ਗਿਆ ਹੈ। ਇਹ ਪੁਰਸਕਾਰ ਪੀਪੀਐਸ ਨਾਭਾ ਦੀ ਸੰਪੂਰਨ ਸਿੱਖਿਆ, ਪੇਸਟੋਰਲ ਕੇਅਰ ਅਤੇ ਚਰਿੱਤਰ ਨਿਰਮਾਣ ਵਿੱਚ ਉੱਤਮਤਾ ਦੀ ਵਿਰਾਸਤ ਦੀ ਪੁਸ਼ਟੀ ਕਰਦਾ ਹੈ। ਪੰਜਾਬ ਪਬਲਿਕ ਸਕੂਲ, ਨਾਭਾ ਨੂੰ ਰਾਸ਼ਟਰੀ ਪੱਧਰ 'ਤੇ ਸਨਮਾਨਿਤ ਕੀਤਾ ਗਿਆ ਹੈ। ਸਕੂਲ ਸੰਪੂਰਨ ਸਿੱਖਿਆ 'ਤੇ ਜ਼ੋਰ ਦਿੰਦਾ ਹੈ, ਜਿਸ ਵਿੱਚ ਅਕਾਦਮਿਕ, ਖੇਡਾਂ ਅਤੇ ਹੋਰ ਗਤੀਵਿਧੀਆਂ ਸ਼ਾਮਲ ਹਨ। ਸਕੂਲ ਵਿੱਚ ਵਿਦਿਆਰਥੀਆਂ ਦੀ ਦੇਖਭਾਲ ਅਤੇ ਸਹਾਇਤਾ ਲਈ ਇੱਕ ਮਜ਼ਬੂਤ ਪ੍ਰਣਾਲੀ ਹੈ। ਸਕੂਲ ਵਿੱਚ ਮੁੰਡਿਆਂ ਅਤੇ ਕੁੜੀਆਂ ਲਈ ਵੱਖਰੇ ਹੋਸਟਲ ਹਨ। ਸਕੂਲ ਆਈ ਸੀ ਐਸ ਸੀ ਅਤੇ ਆਈ ਐਸ ਸੀ ਪਾਠਕ੍ਰਮ ਦੀ ਪਾਲਣਾ ਕਰਦਾ ਹੈ। ਹੈੱਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਇਸ ਸਨਮਾਨ ਲਈ ਚੇਅਰਮੈਨ, ਬੋਰਡ ਆਫ਼ ਗਵਰਨਰਜ਼, ਬੋਰਡ ਮੈਂਬਰਾਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਸਨਮਾਨ ਸਕੂਲ ਦੀ ਸਮੂਹਿਕ ਮਿਹਨਤ ਦਾ ਨਤੀਜਾ ਹੈ।

# ਜਨ ਹਿੱਤ ਸੰਮਤੀ ਵੱਲੋਂ ਦੂਸ਼ਿਤ ਹੁੰਦੇ ਜਾ ਰਹੇ ਵਾਤਾਵਰਨ ਨੂੰ ਬਚਾਉਣ ਲਈ ਬੂਟੇ ਲਗਾਉਣੇ ਸ਼ਲਾਘਾਯੋਗ : ਅੱਛਰੂ ਰਾਮ ਸ਼ਰਮਾ



ਪਟਿਆਲਾ, 21 ਅਗਸਤ (ਚ.ਨ.ਸ): ਪਟਿਆਲਾ ਦੀ ਨਾਮਵਰ ਸਮਾਜ ਸੇਵੀ ਸੰਸਥਾ ਜਨ ਹਿੱਤ ਸੰਮਤੀ ਵੱਲੋਂ ਪ੍ਰਧਾਨ ਐਸ ਕੇ ਗੌਤਮ ਅਤੇ ਜਰਨਲ ਸਕੱਤਰ ਸਟੇਟ ਐਵਾਰਡੀ ਵਿਨੋਦ ਸ਼ਰਮਾ ਦੀ ਅਗਵਾਈ ਹੇਠ ਦੂਸ਼ਿਤ ਹੁੰਦੇ ਜਾ ਰਹੇ ਵਾਤਾਵਰਨ ਨੂੰ ਬਚਾਉਣ ਲਈ ਪੁਲਿਸ ਲਾਈਨ ਵਿਖੇ ਵੱਖ-ਵੱਖ ਥਾਵਾਂ ਉਪਰ ਵਿਖੇ ਬੂਟੇ ਲਗਾਏ ਗਏ। ਇਸ ਮੌਕੇ ਮੁੱਖ ਮਹਿਮਾਨ ਵਜੋਂ ਐਸ ਪੀ ਟ੍ਰੈਫਿਕ ਅੱਛਰੂ ਰਾਮ ਸ਼ਰਮਾ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਪ੍ਰਧਾਨਗੀ ਡੀ ਐਸ ਪੀ ਹੈਡਕੁਆਰਟਰ ਨੇਹਾ ਅਗਰਵਾਲ ਨੇ ਕੀਤੀ।ਵਿਸ਼ੇਸ਼ ਤੌਰ 'ਤੇ ਸੀਨੀਅਰ ਐਡਵੋਕੇਟ ਐਚ ਐਨ ਮੈਹਸਮਪੁਰੀ, ਅਬਦੁਲ ਵਾਹਿਦ , ਬਲਜਿੰਦਰ ਸ਼ਰਮਾ ਪੰਜੋਲਾ ਕੋਆਰਡੀਨੇਟਰ ਜੱਗ ਬਾਣੀ ਪੰਜਾਬ ਕੇਸਰੀ ਪਟਿਆਲਾ, ਪ੍ਰੋਫੈਸਰ ਅਸ਼ੋਕ ਵਰਮਾ, ਸਟੇਟ ਐਵਾਰਡੀ ਪਰਮਿੰਦਰ ਭਲਵਾਨ ਪ੍ਰਧਾਨ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪ੍ਰੈਸ ਸਕੱਤਰ ਜਨ ਹਿੱਤ ਸੰਮਤੀ, ਵਰਿੰਦਰ ਆਹਲੂਵਾਲੀਆ, ਸਤੀਸ਼ ਜੋਸ਼ੀ, ਐਡਵੋਕੇਟ ਹਰਜਿੰਦਰ ਸਿੰਘ ਜਰਮਨੀ,ਐਸ ਪੀ ਪਰਾਸ਼ਰ, ਰਣਜੀਤ ਸਿੰਘ, ਇੰਸਪੈਕਟਰ ਊਧਮ ਸਿੰਘ, ਮੰਗਲ ਸਿੰਘ ਖੰਨਾ,ਹਰਨਾਮ ਸਿੰਘ ਏ ਐਸ ਆਈ,ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਗੁਰਜੀਤ ਸਿੰਘ ਲੱਕੀ ਹਰਦਾਸਪੁਰ ਨੇ ਭਰਪੂਰ ਸਹਿਯੋਗ ਦਿੱਤਾ । ਇਸ ਮੌਕੇ ਐਸ ਪੀ ਟ੍ਰੈਫਿਕ ਅੱਛਰੂ ਰਾਮ ਸ਼ਰਮਾ ਅਤੇ ਡੀ ਐਸ ਪੀ ਹੈਡਕੁਆਰਟਰ ਨੇਹਾ ਅਗਰਵਾਲ ਨੇ ਕਿਹਾ ਕਿ ਜਨ ਹਿੱਤ ਸੰਮਤੀ ਵੱਲੋਂ ਵਾਤਾਵਰਨ ਸ਼ੁੱਧਤਾ ਲਈ ਬੂਟੇ ਲਗਾਕੇ ਉਹਨਾਂ ਦੀ ਸਾਭ ਸੰਭਾਲ ਲਈ ਅੱਗੇ ਆਉਣਾ ਸ਼ਲਾਘਾਯੋਗ ਹੈ। ਉਹਨਾਂ ਕਿਹਾ ਕਿ ਅੱਜ ਹਰ ਦਿਨ ਵੱਧਦੇ ਤਾਪਮਾਨ ਲਈ ਇਨਸਾਨ ਖੁਦ ਜ਼ਿੰਮੇਵਾਰ ਹੈ।ਮਨੁੱਖ ਨੇ ਆਪਣੀਆਂ ਲੋੜਾਂ ਪੂਰੀਆਂ ਕਰਨ ਲਈ ਰੁੱਖਾਂ ਨੂੰ ਕੱਟਣਾ ਸ਼ੁਰੂ ਕਰ ਦਿੱਤਾ ਅਤੇ ਨਵੇਂ ਬੂਟੇ ਨਹੀਂ ਲਗਾਏ, ਜਿਸ ਕਾਰਨ ਗੋਲਬਲ ਵਾਰਮਿੰਗ ਕਾਰਨ ਮਨੁੱਖ ਨੂੰ ਕੀਤੇ ਅੱਜ ਹੜਾਂ,ਸੋਕਾ,ਕੀਤੇ ਭਿਆਨਕ ਗਰਮੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾਂ ਕਿਸਾਨ ਭਰਾਵਾਂ ਨੂੰ ਵੀ ਅਪੀਲ ਕੀਤੀ ਕਿ ਉਹ ਖੇਤਾ ਵਿੱਚ ਅੱਗ ਲਗਾਉਣੀ ਬੰਦ ਕਰਨ ਨਹੀਂ ਤਾਂ ਕੁਦਰਤ ਆਪਣਾ ਪ੍ਰਕੋਪ ਜ਼ਰੂਰ ਦਿਖਾਵੇਗੀ। ਉਹਨਾਂ ਪਬਲਿਕ ਨੂੰ ਵੀ ਅਪੀਲ ਕੀਤੀ ਕਿ ਦੂਸ਼ਿਤ ਹੁੰਦੇ ਵਾਤਾਵਰਨ ਨੂੰ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਕੇ ਉਹਨਾਂ ਦੀ ਸਾਂਭ ਸੰਭਾਲ ਕਰਨੀ ਵੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਹਰ ਇੱਕ ਮਨੁੱਖ ਨੂੰ ਸਾਲ ਵਿੱਚ ਪੰਜ ਰੁੱਖ ਲਗਾਕੇ ਉਹਨਾਂ ਦੀ ਸਾਂਭ ਸੰਭਾਲ ਕਰਨੀ ਚਾਹੀਦੀ ਹੈ, ਤਾਂ ਹੀ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸ਼ੁੱਧ ਵਾਤਾਵਰਨ ਦੇ ਸਕਾਂਗੇ। ਇਸ ਮੌਕੇ ਵੱਖ-ਵੱਖ ਥਾਵਾਂ ਉਪਰ ਬੂਟੇ ਅਤੇ ਟ੍ਰੀ ਗਾਰਡ ਲਗਾਏ ਗਏ।

# ਐਮਰਜੈਂਸੀ ਖੂਨਦਾਨ ਕੈਂਪ ਲਗਾਇਆ



ਪਟਿਆਲਾ, 21 ਅਗਸਤ (ਚ.ਨ.ਸ): ਹਿਊਮਨ ਰਾਈਟਸ ਮਿਸ਼ਨ ਪ੍ਰੋਟੈਕਸ਼ਨ ਦੇ ਸਹਿਯੋਗ ਨਾਲ ਆਰਟ ਆਫ ਲਿਵਿੰਗ ਸੰਸਥਾ ਸ੍ਰੀ ਰਵੀ ਰਵੀ ਸ਼ੰਕਰ ਜੀ ਦੀ ਸੰਗਤ ਵੱਲੋਂ ਬਲੱਡ ਸੈਂਟਰਾਂ 'ਚ ਖੂਨ ਦੀ ਭਾਰੀ ਕਮੀ ਹੋਣ ਕਰਕੇ ਐਮਰਜਸੀ ਖੂਨ ਦੇ ਕੈਂਪ ਲਗਾਏ ਜਾ ਰਹੇ ਹਨ। ਅੱਜ ਵੀ ਪ੍ਰੋਫੈਸਰ ਮਨਜੀਤ ਸਿੰਘ ਆਰਕੀਟੈਕਚਰ ਹਰੀਸ਼ ਮੰਗਲਾ ਤੇ ਸੰਦੀਪ ਸਿੰਘ ਨੇ ਅਤੇ ਹਿਊਮਨ ਰਾਇਟਸ ਮਿਸ਼ਨ ਪ੍ਰੋਟੈਕਸ਼ਨ ਦੇ ਮੈਂਬਰਾਂ ਨੇ ਸੁਰਵਿੰਦਰ ਸਿੰਘ ਛਾਬੜਾ ਸਾਹਿਬ ਦੀ ਪ੍ਰਧਾਨਗੀ ਹੇਠ ਡਾ. ਅਰਸ਼ਦੀਪ ਕੌਰ ਅਤੇ ਸਾਗਰ ਅਰੋੜਾ ਦੀ ਰਹਿਨੁਮਾਈ ਵਿੱਚ ਖੂਨਦਾਨ ਕੀਤਾ ਗਿਆ। ਅੰਗਰੇਜ ਸਿੰਘ ਵਿਰਕ ਪ੍ਰਧਾਨ ਹਿਊਮਨ ਰਾਇਟਸ ਮਿਸ਼ਨ ਪ੍ਰੋਟੈਕਸ਼ਨ ਨੇ ਥੋੜੇ ਸ਼ਬਦਾਂ ਵਿੱਚ ਬੋਲਦੇ ਹੋਏ ਕਿਹਾ ਕਿ ਖੂਨ ਦੀ ਇਸ ਭਾਰੀ ਕਮੀ ਵਿੱਚ ਆਦਮੀ ਦੇ ਖੂਨ ਦਾ ਹੋਰ ਕੋਈ ਬਦਲ ਨਹੀਂ ਸਾਨੂੰ ਵੱਧ ਚੜ੍ਹ ਕੇ ਖੂਨਦਾਨ ਕਰਨਾ ਚਾਹੀਦਾ ਹੈ, ਜਿਸ ਨਾਲ ਬਿਮਾਰ ਪਰਿਵਾਰਾਂ ਦੀ ਜ਼ਿੰਦਗੀ ਬਚਾਈ ਜਾ ਸਕੇ।ਅਖੀਰ ਵਿੱਚ ਜਗਤਾਰ ਸਿੰਘ ਜੱਗੀ ਨੇ ਖੂਨਦਾਨੀ ਲੋਕਾਂ ਨੂੰ ਸਰਟੀਫਕੇਟ ਦੇ ਕੇ ਸਨਮਾਨਿਤ ਕੀਤਾ।

# ਵਿਜੈਇੰਦਰ ਸਿੰਗਲਾ ਨੂੰ ਚਾਰ ਰਾਜਾਂ ਦੀ ਜ਼ਿੰਮੇਵਾਰੀ ਮਿਲਣਾ ਸੰਗਰੂਰ ਲਈ ਵੱਡੇ ਮਾਣ ਵਾਲੀ ਗੱਲ : ਟਿੱਕਾ ਗਾਜੇਵਾਸ



ਸਮਾਣਾ, 21 ਅਗਸਤ (ਜਵੰਦਾ) : ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸਾਬਕਾ ਕੈਬਨਿਟ ਮੰਤਰੀ ਵਿਜੈ ਇੰਦਰ ਸਿੰਗਲਾ ਦੇ ਕਰੀਬੀ ਸਮਾਣਾ ਤੋਂ ਕੌਂਸਲਰ ਟਿੱਕਾ ਗਾਜੇਵਾਸ ਨੇ ਪਾਰਟੀ ਹਾਈਕਮਾਂਡ ਵੱਲੋਂ ਸਿੰਗਲਾ ਨੂੰ ਇੱਕ ਹੋਰ ਵੱਡੀ ਜ਼ਿੰਮੇਵਾਰੀ ਸੌਂਪੇ ਜਾਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਾਂਗਰਸ ਪਾਰਟੀ ਦੇ ਕੌਮੀ ਪ੍ਰਧਾਨ ਮਲਿਕ ਅਰਜਨ ਖੜਗੇ ਅਤੇ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦਾ ਧੰਨਵਾਦ ਕੀਤਾ।ਇਸ ਮੌਕੇ ਟਿੱਕਾ ਗਾਜੇਵਾਸ ਨੇ ਦੱਸਿਆ ਕਿ ਕਾਂਗਰਸ ਹਾਈਕਮਾਂਡ ਵੱਲੋਂ ਸਿੰਗਲਾ ਨੂੰ ਸੰਗਠਨ ਸਿਰਜਣ ਮੁਹਿੰਮ ਤਹਿਤ ਜ਼ਿਲ੍ਹਾ ਕਾਂਗਰਸ ਕਮੇਟੀ ਪ੍ਰਧਾਨ ਚੁਣਨ ਅਤੇ ਚਾਰ ਸੂਬੇ ਪੰਜਾਬ, ਉਤਰਾਖੰਡ, ਝਾਰਖੰਡ ਤੇ ਉੜੀਸਾ ਵਰਗੀ ਤਾਕਤਵਰ ਕਮੇਟੀ ਵਿਚ ਸ਼ਾਮਲ ਕੀਤਾ ਗਿਆ ਹੈ।

# ਮੰਗਾਂ ਨੂੰ ਲੈ ਕੇ ਫੂਕਿਆ ਸਰਕਾਰ ਦਾ ਪੁਤਲਾ

ਸਮਾਣਾ, 21 ਅਗਸਤ (ਵਿਜੇ ਕੁਮਾਰ) : ਠੇਕਾ ਸੰਘਰਸ਼ ਮੋਰਚਾ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੱਦੇ ਅਨੁਸਾਰ ਤਹਿਸੀਲ ਕੰਪਲੈਕਸ ਅੱਗੇ ਪੰਜਾਬ ਸਰਕਾਰ ਦਾ ਪੁਤਲਾ ਸਾੜ ਕੇ ਸਰਕਾਰ ਖਿਲਾਫ ਨਾਅਰੇਬਾਜ਼ੀ ਕਰਦਿਆਂ ਉਹਨਾਂ ਦੀਆਂ ਮੰਗਾਂ ਜਲਦ ਮੰਨਣ ਦੀ ਮੰਗ ਕੀਤੀ। ਇਸ ਮੌਕੇ ਬੁਲਾਰਿਆਂ ਨੇ ਪੰਜਾਬ ਸਰਕਾਰ ਦੀ ਆਲੋਚਨਾ ਕਰਦਿਆਂ ਦੱਸਿਆ ਕਿ ਉਹ ਕਾਫੀ ਲੰਮੇ ਸਮੇਂ ਤੋਂ ਵੱਖ- ਵੱਖ ਮਹਿਕਮਿਆਂ ਵਿੱਚ ਕੰਟਰੈਕਟ 'ਤੇ ਕੰਮ ਕਰ ਰਹੇ ਹਨ। 'ਆਪ' ਸਰਕਾਰ ਨੇ ਚੋਣਾਂ ਸਮੇਂ ਉਹਨਾਂ ਨੂੰ ਪੱਕਾ ਕਰਨ ਦਾ ਭਰੋਸਾ ਦਿੱਤਾ ਸੀ, ਜਿਸ ਤਹਿਤ ਉਹਨਾਂ ਦੀਆਂ ਸਮੂਹ ਜਥੇਬੰਦੀਆਂ ਦੇ ਆਗੂਆਂ ਨਾਲ ਸਰਕਾਰੀ ਨੁਮਾਇੰਦਿਆਂ ਵੱਲੋਂ ਕਈ ਵਾਰ ਮੀਟਿੰਗਾਂ ਦੀਆਂ ਮਿਤੀਆਂ ਤੈਅ ਕੀਤੀਆਂ ਗਈਆਂ ਹਨ, ਪਰ ਉਹਨਾਂ ਨਾਲ ਹਾਲੇ ਤੱਕ ਕੋਈ ਮੀਟਿੰਗ ਨਹੀਂ ਹੋਈ। ਉਹਨਾਂ ਦੱਸਿਆ ਕਿ 20 ਅਗਸਤ ਦੀ ਮੀਟਿੰਗ ਰੱਖੀ ਹੋਈ ਸੀ, ਪਰ ਉਹ ਕੈਂਸਲ ਹੋਣ ਕਾਰਨ ਉਹਨਾਂ ਨੂੰ ਅੱਜ ਮਜਬੂਰਨ ਸਰਕਾਰ ਦਾ ਪੁਤਲਾ ਸਾੜਨਾ ਪਿਆ।

# ਜੱਜ ਮਾਡਰਨ ਸਕੂਲ ਦੇ ਵਿਦਿਆਰਥੀਆਂ ਨੇ ਧਾਰਮਿਕ ਪ੍ਰੀਖਿਆ 'ਚ ਜਿੱਤੇ ਇਨਾਮ



ਦੇਵੀਗੜ੍ਹ, 21 ਅਗਸਤ (ਗੁਰਜੀਤ ਸਿੰਘ ਢੋਟ) : ਜੱਜ ਮਾਡਰਨ ਸੀਨੀਅਰ ਸੈਕਡਰੀ ਸਕੂਲ ਦੇ ਵਿਦਿਆਰਥੀ ਜਿੱਥੇ ਪੜ੍ਹਾਈ ਅਤੇ ਖੇਡ ਮੁਕਾਬਲਿਆਂ ਵਿੱਚ ਮੱਲਾਂ ਮਾਰ ਰਹੇ ਹਨ ਉੱਥੇ ਨਾਲ-ਨਾਲ ਸਮੇਂ-ਸਮੇਂ 'ਤੇ ਅਲੱਗ-ਅਲੱਗ ਸੰਸਥਾਵਾਂ ਵੱਲੋਂ ਕਰਵਾਏ ਜਾਂਦੇ ਗੁਰਮਤਿ ਮੁਕਾਬਲਿਆਂ ਵਿੱਚ ਵੀ ਭਾਗ ਲੈ ਕੇ ਇਨਾਮ ਹਾਸਿਲ ਕਰਦੇ ਹਨ। ਇਸੇ ਤਹਿਤ ਸਤਿਨਾਮ ਸਰਬ ਗਿਆਨ ਟਰੱਸਟ ਚੰਡੀਗੜ੍ਹ ਵੱਲੋਂ ਲਈ ਜਾਣ ਵਾਲੀ ਸਾਲਾਨਾ ਧਾਰਮਿਕ ਪ੍ਰੀਖਿਆ ਵਿੱਚੋਂ ਜੱਜ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਦੇ ਤੀਜੀ ਜਮਾਤ ਤੋਂ ਲੈ ਕੇ ਦਸਵੀਂ ਜਮਾਤ ਦੇ 22 ਵਿਦਿਆਰਥੀਆਂ ਨੇ ਇਨਾਮ ਹਾਸਿਲ ਕੀਤੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨਵਤੇਜ ਸਿੰਘ ਨੇ ਦੱਸਿਆ ਸਤਿਨਾਮ ਸਰਬ ਕਲਿਆਣ ਟਰੱਸਟ ਦਾ ਅਸੀਂ ਧੰਨਵਾਦ ਕਰਦੇ ਹਾਂ, ਜੋ ਬੱਚਿਆਂ ਨੂੰ ਨੈਤਿਕ ਸਿੱਖਿਆ ਦੇ ਨਾਲ-ਨਾਲ ਧਾਰਮਿਕ ਸਿੱਖਿਆ ਵੀ ਦੇ ਰਹੇ ਹਨ, ਜੋ ਅੱਜ ਦੇ ਸਮੇਂ ਬੱਚਿਆਂ ਦੇ ਬਹੁਪੱਖੀ ਵਿਕਾਸ ਵਾਸਤੇ ਬਹੁਤ ਜ਼ਰੂਰੀ ਹੈ, ਤਾਂ ਜੋ ਬੱਚੇ ਆਪਣੇ ਵਿਰਸੇ ਨਾਲ ਵੀ ਜੁੜੇ ਰਹਿਣ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਤੋਂ ਸੇਧ ਲੈ ਕੇ ਆਉਣ ਵਾਲੇ ਸਮੇਂ ਵਿੱਚ ਚੰਗੇ ਸਮਾਜ ਦੀ ਸਿਰਜਣਾ ਲਈ ਆਪਣਾ ਯੋਗਦਾਨ ਪਾ ਸਕਣ । ਉਹਨਾਂ ਨੇ ਇਨਾਮ ਜਿੱਤਣ ਵਾਲੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਅੱਗੇ ਤੋਂ ਵੀ ਗੁਰਮਤਿ ਮੁਕਾਬਲੇ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ 'ਤੇ ਗੁਰਮਤਿ ਟੀਚਰ ਮਨਦੀਪ ਕੌਰ ਮੈਡਮ ਅਮਰਦੀਪ ਕੌਰ ਵੀ ਮੌਜੂਦ ਸਨ ।